20-JUNE-PAGE-1.qxd 6/19/2025 10:38 PM Page 1

ਸ਼ੁੱਕਰਵਾਰ, 20 ਜੂਨ, 2025

6 ਹਾੜ੍ਹ { ਨਾਨਕਸ਼ਾਹੀ 557 / ਬਿਕਰਮੀ 2082 }

ਜਿਲਦ/VOL. : 74

ਅੰਕ/NO. : 19

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • FRIDAY, 20 JUNE, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਈਰਾਨੀ ਮਿਜ਼ਾਈਲਾਂ ਨੇ ਤਬਾਹੀ ਮਚਾਈ

**ਦੁਬਈ** : ਟਕਰਾਅ ਦੇ ਸੱਤਵੇਂ ਦਿਨ ਵੀਰਵਾਰ ਇਜ਼ਰਾਈਲ ਨੇ ਜਿੱਥੇ ਈਰਾਨ ਦੇ ਅਰਾਕ ਭਾਰੀ ਜਲ ਰਿਐਕਟਰ 'ਤੇ ਹਮਲਾ ਕੀਤਾ, ਉੱਥੇ ਈਰਾਨ ਨੇ ਇਜ਼ਰਾਈਲ ਦੇ ਦੱਖਣ ਵਿਚ ਪ੍ਰਮੁੱਖ ਹਸਪਤਾਲ 'ਤੇ ਮਿਜ਼ਾਈਲ ਹਮਲੇ ਕੀਤੇ।

ਈਰਾਨ ਦੇ ਸਰਕਾਰੀ ਟੈਲੀਵਿਜ਼ਨ ਚੈਨਲ ਮੁਤਾਬਕ ਇਜ਼ਰਾਈਲ ਨੇ ਅਰਾਕ ਭਾਰੀ ਜਲ ਰਿਐਕਟਰ ਨੂੰ ਨਿਸ਼ਾਨਾ ਬਣਾਇਆ। ਚੈਨਲ ਨੇ ਦੱਸਿਆ ਕਿ ਹਮਲੇ ਕਰਕੇ ਕਿਸੇ ਤਰ੍ਹਾਂ ਦੀ ਰੇਡੀਓ ਐਕਟਿਵ ਰੇਡੀਏਸ਼ਨ ਦਾ ਖ਼ਤਰਾ ਨਹੀਂ ਹੈ। ਹਮਲੇ ਤੋਂ ਪਹਿਲਾਂ ਹੀ ਕੇਂਦਰ ਨੂੰ ਖਾਲੀ ਕਰਵਾ ਲਿਆ ਗਿਆ ਸੀ ਤੇ ਰਿਐਕਟਰ ਦੇ ਆਲੇ-ਦੁਆਲੇ ਗੈਰ-ਫੌਜੀ ਇਲਾਕਿਆਂ ਨੂੰ ਕੋਈ ਨੁਕਸਾਨ ਨਹੀਂ ਪੁੱਜਾ। ਇਜ਼ਰਾਈਲ ਨੇ ਵੀਰਵਾਰ ਸਵੇਰੇ ਪਹਿਲਾਂ ਹੀ ਚੇਤਾਵਨੀ ਦਿੱਤੀ ਸੀ ਕਿ ਉਹ ਰਿਐਕਟਰ 'ਤੇ ਹਮਲਾ ਕਰੇਗਾ ਤੇ ਉਸ ਨੇ ਲੋਕਾਂ ਨੂੰ ਇਹ ਥਾਂ ਛੱਡਣ ਲਈ ਕਿਹਾ ਸੀ।

ਉਧਰ, ਬੀਰਸ਼ੇਬਾ 'ਚ ਸੋਰੋਕਾ ਮੈਡੀਕਲ ਸੈਂਟਰ ਦੇ ਬੁਲਾਰੇ ਨੇ ਦੱਸਿਆ ਕਿ ਈਰਾਨੀ ਹਮਲੇ ਨਾਲ ਹਸਪਤਾਲ ਨੂੰ ਭਾਰੀ ਨੁਕਸਾਨ ਪੁੱਜਾ ਤੇ ਲੋਕ ਜ਼ਖਮੀ ਹੋ ਗਏ। ਹਸਪਤਾਲ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਇਲਾਜ ਲਈ ਨਾ ਆਉਣ। ਹਸਪਤਾਲ ਦੀ ਵੈੱਬਸਾਈਟ ਮੁਤਾਬਕ



ਇਜ਼ਰਾਈਲ ਦੇ ਸੋਰੋਕਾ ਮੈਡੀਕਲ ਸੈਂਟਰ 'ਚੋਂ ਨਿਕਲਦਾ ਧੂੰਆਂ।

ਇਸ ਹਸਪਤਾਲ ਵਿਚ 1000 ਤੋਂ ਵੱਧ ਬਿਸਤਰੇ ਹਨ ਤੇ ਇਹ ਇਜ਼ਰਾਈਲ ਦੇ ਦੱਖਣ ਵਿਚ ਕਰੀਬ 10 ਲੱਖ ਲੋਕਾਂ ਨੂੰ ਸੇਵਾਵਾਂ ਪ੍ਰਦਾਨ ਕਰਦਾ ਹੈ। ਹਮਲੇ ਨੂੰ ਲੈ ਕੇ ਭਾਵੇਂ ਤਫ਼ਸੀਲੀ ਜਾਣਕਾਰੀ ਨਹੀਂ ਮਿਲ ਸਕੀ, ਪਰ ਅੱਗ ਬੁਝਾਊ ਦਸਤੇ ਨੇ ਕਿਹਾ ਕਿ ਅਜਿਹਾ ਲੱਗਦਾ ਹੈ ਕਿ ਹਸਪਤਾਲ ਦੀ ਇਮਾਰਤ ਤੇ ਕੁਝ ਅਪਾਰਟਮੈਂਟ ਦੀਆਂ ਇਮਾਰਤਾਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ।

ਇਜ਼ਰਾਈਲੀ ਫੌਜ ਨੇ ਕਿਹਾ ਕਿ ਈਰਾਨ ਨੇ ਇਜ਼ਰਾਈਲ 'ਤੇ ਕਈ ਮਿਜ਼ਾਈਲਾਂ ਦਾਗੀਆਂ। ਉਸ ਨੇ ਲੋਕਾਂ ਨੂੰ ਸੁਰੱਖਿਅਤ ਟਿਕਾਣਿਆਂ 'ਤੇ ਪਨਾਹ ਲੈਣ ਨੂੰ ਕਿਹਾ ਹੈ। ਈਰਾਨ ਨੇ ਇਜ਼ਰਾਈਲ ਦੇ ਚਾਰ ਸ਼ਹਿਰਾਂ ਤੇਲ ਅਵੀਵ, ਬੀਰਸ਼ੇਬਾ, ਰਮਤ ਗਾਨ ਤੇ ਹੋਲੋਨ 'ਤੇ 30 ਮਿਜ਼ਾਈਲਾਂ ਦਾਗੀਆਂ। ਇਨ੍ਹਾਂ ਵਿੱਚੋਂ 7 ਨੂੰ ਇਜ਼ਰਾਈਲੀ ਡਿਫੈਂਸ ਸਿਸਟਮ ਰੋਕਣ ਵਿੱਚ ਨਾਕਾਮ ਰਿਹਾ। ਇਨ੍ਹਾਂ ਹਮਲਿਆਂ ਵਿੱਚ 176 ਲੋਕ ਜ਼ਖ਼ਮੀ ਹੋ ਗਏ, ਜਿਨ੍ਹਾਂ ਵਿੱਚੋਂ 6 ਦੀ ਹਾਲਤ ਗੰਭੀਰ ਸੀ। ਇਜ਼ਰਾਈਲੀ ਪ੍ਰਧਾਨ ਮੰਤਰੀ ਨੇਤਨਯਾਹੂ ਨੇ ਕਿਹਾ ਕਿ ਈਰਾਨ ਜਾਣਬੁੱਝ ਕੇ ਇਜ਼ਰਾਈਲੀ ਨਾਗਰਿਕਾਂ ਤੇ ਹਸਪਤਾਲਾਂ ਨੂੰ ਨਿਸ਼ਾਨਾ ਬਣਾ ਰਿਹਾ ਹੈ। ਇਜ਼ਰਾਈਲ ਇਸ ਦਾ ਬਦਲਾ ਲਵੇਗਾ। ਇਜ਼ਰਾਈਲੀ ਰੱਖਿਆ ਮੰਤਰੀ ਇਸਰਾਈਲ ਕਜ਼ ਨੇ ਤੇਲ ਅਵੀਵ ਨੇੜੇ ਹੋਲੋਨ ਸ਼ਹਿਰ ਵਿੱਚ ਕਿਹਾ ਕਿ ਈਰਾਨੀ ਸੁਪਰੀਮ ਲੀਡਰ ਖਾਮੇਨੀ ਨੇ ਹਸਪਤਾਲ 'ਤੇ ਹਮਲਾ ਕਰਵਾਇਆ ਹੈ ਤੇ ਇਜ਼ਰਾਈਲ ਹੁਣ ਉਸ ਨੂੰ ਛੱਡੇਗਾ ਨਹੀਂ। ਖਾਮੇਨੀ ਇਜ਼ਰਾਈਲ ਨੂੰ ਖ਼ਤਮ ਕਰਨਾ ਚਾਹੁੰਦਾ ਹੈ।

ਇਸੇ ਦੌਰਾਨ ਵਾਸ਼ਿੰਗਟਨ ਸਥਿਤ ਇੱਕ ਮਨੁੱਖੀ ਅਧਿਕਾਰ ਗਰੁੱਪ ਨੇ ਕਿਹਾ ਹੈ ਕਿ ਜੰਗ ਵਿੱਚ ਹੁਣ ਤੱਕ ਈਰਾਨ ਦੇ 639 ਤੇ ਇਜ਼ਰਾਈਲ ਦੇ 24 ਲੋਕ ਮਾਰੇ ਜਾ ਚੁੱਕੇ ਹਨ।

## ਲੁਧਿਆਣਾ ਪੱਛਮੀ ਹਲਕੇ 'ਚ ਲੱਗਭੱਗ 50 ਫੀਸਦੀ ਪੋਲਿੰਗ

**ਲੁਧਿਆਣਾ** : ਪੰਜਾਬ ਅਸੈਂਬਲੀ ਦੇ ਲੁਧਿਆਣਾ ਪੱਛਮੀ ਹਲਕੇ ਦੀ ਜ਼ਿਮਨੀ ਚੋਣ ਲਈ ਵੀਰਵਾਰ ਸ਼ਾਮ 5 ਵਜੇ ਤੱਕ 49.07 ਫੀਸਦੀ ਪੋਲਿੰਗ ਹੋਈ।

ਜ਼ਿਮਨੀ ਚੋਣ 'ਚ ਲੜ ਰਹੇ 'ਆਪ' ਉਮੀਦਵਾਰ ਸੰਜੀਵ ਅਰੋੜਾ ਦੀ ਇਹ ਪਹਿਲੀ ਵਿਧਾਨ ਸਭਾ ਚੋਣ ਹੈ, ਜਦੋਂ ਕਿ ਕਾਂਗਰਸੀ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਦੇ ਵਾਰ ਪਹਿਲਾਂ ਵੀ ਚੋਣ ਜਿੱਤ ਚੁੱਕੇ ਹਨ। 'ਆਪ' ਲਈ ਇਹ ਚੋਣ ਕਿਸੇ ਅਗਨੀ ਪ੍ਰੀਖਿਆ ਤੋਂ ਘੱਟ ਨਹੀਂ। ਇਸ ਲਈ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਸਮੇਤ ਪਾਰਟੀ ਦੀ ਕੌਮੀ ਲੀਡਰਸ਼ਿਪ ਨੇ ਪੂਰਾ ਤਾਣ ਲਾਇਆ। ਸੰਜੀਵ ਅਰੋੜਾ ਤੇ ਆਸ਼ੂ ਤੋਂ ਇਲਾਵਾ ਭਾਜਪਾ ਦੇ ਜੀਵਨ ਗੁਪਤਾ ਤੇ ਸ਼੍ਰੋਮਣੀ ਅਕਾਲੀ ਦਲ ਦੇ ਪਰਉਪਕਾਰ ਸਿੰਘ ਘੁੰਮਣ ਆਪੋ-ਆਪਣੇ ਪਰਵਾਰਾਂ ਨਾਲ ਵੋਟ ਪਾਉਣ ਲਈ ਪੋਲਿੰਗ ਬੂਥਾਂ 'ਤੇ ਪੁੱਜੇ। ਦੂਜੇ ਪਾਸੇ ਪੰਜਾਬ ਕਾਂਗਰਸ ਦੀ ਆਪਸੀ ਧੜੇਬੰਦੀ ਵਿਚਾਲੇ ਕਾਂਗਰਸੀ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਲਈ ਰਾਹ ਸੁਖਾਲਾ ਨਹੀਂ ਹੈ। ਇਸ ਜ਼ਿਮਨੀ ਚੋਣ ਦੇ ਨਤੀਜੇ ਦਾ ਸਿੱਧਾ ਅਸਰ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ 'ਤੇ ਪੈਣਾ ਹੈ, ਜਿਸ ਕਰਕੇ ਕਿਸੇ ਵੀ ਸਿਆਸੀ ਧਿਰ ਨੇ ਕਸਰ ਬਾਕੀ ਨਹੀਂ ਛੱਡੀ ਹੈ।

ਲੁਧਿਆਣਾ ਪੱਛਮੀ ਨਿਰੋਲ ਸ਼ਹਿਰੀ ਸੀਟ ਹੈ। ਇਸ ਹਲਕੇ ਤੋਂ ਛੇ ਵਾਰ ਕਾਂਗਰਸ ਪਾਰਟੀ ਜੇਤੂ ਰਹੀ ਹੈ। ਕੇਂਦਰੀ ਮੰਤਰੀ ਰਵਨੀਤ ਬਿੱਟੂ ਦਾ ਵੱਕਾਰ ਵੀ ਹਲਕੇ ਨਾਲ ਜੁੜਿਆ ਹੋਇਆ ਹੈ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਵੀ ਪ੍ਰਚਾਰ ਦੇ ਆਖਰੀ ਦਿਨਾਂ ਵਿੱਚ ਘੁੰਮਣ ਦੀ ਹਮਾਇਤ



ਵਿੱਚ ਹੰਭਲਾ ਮਾਰਿਆ। ਹਲਕੇ ਵਿੱਚ ਇੱਕ ਮਹਿਲਾ ਸਮੇਤ ਕੁੱਲ 14 ਉਮੀਦਵਾਰਾਂ ਦੇ ਕਿਸਮਤ ਅਜ਼ਮਾਈ ਹੈ।

ਭਖੇ ਹੋਏ ਮਾਹੌਲ ਦੇ ਮੱਦੇਨਜ਼ਰ ਕੇਂਦਰੀ ਬਲਾਂ ਦੀਆਂ ਪੰਜ ਕੰਪਨੀਆਂ ਤੋਂ ਇਲਾਵਾ ਕਾਫ਼ੀ ਪੁਲਸ ਤਾਇਨਾਤ ਕੀਤੀ ਗਈ ਸੀ।

ਵੋਟਾਂ ਪੈਣ ਤੋਂ ਪਹਿਲਾਂ ਬੁੱਧਵਾਰ ਮਾਹੌਲ ਤਣਾਅਪੂਰਨ ਹੋ ਗਿਆ ਸੀ। ਜਵਾਹਰ ਨਗਰ ਇਲਾਕੇ ਵਿੱਚ ਕਾਂਗਰਸੀ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਅਤੇ ਪੁਲਸ ਦਰਮਿਆਨ ਆਪਸੀ ਖਿੱਚੋਤਾਣ ਦੀ ਘਟਨਾ ਸਾਹਮਣੇ ਆਈ। ਆਸ਼ੂ ਨੇ ਕਿਹਾ ਕਿ ਉਨ੍ਹਾਂ ਦੇ ਵਰਕਰਾਂ ਨੇ ਰਾਸ਼ਨ ਵੰਡ ਰਹੇ ਇੱਕ ਵਿਅਕਤੀ ਨੂੰ ਫੜਿਆ ਅਤੇ ਪੁਲਸ ਨੇ 'ਆਪ' ਸਰਕਾਰ ਦੇ ਇਸ਼ਾਰੇ 'ਤੇ ਧੱਕੇਸ਼ਾਹੀ ਸ਼ੁਰੂ ਕਰ ਦਿੱਤੀ। ਲੁਧਿਆਣਾ ਪੱਛਮੀ ਤੋਂ ਇਲਾਵਾ ਕੇਰਲਾ ਦੀ ਨੀਲਾਂਬੂਰ, ਪੱਛਮੀ ਬੰਗਾਲ ਦੀ ਕਾਲੀਗੰਜ ਅਤੇ ਗੁਜਰਾਤ ਦੀਆਂ ਵਿਸਾਵਦਾਰ ਤੇ ਕਾਦੀ ਅਸੈਂਬਲੀ ਸੀਟਾਂ ਲਈ ਵੀ ਵੋਟਾਂ ਪਈਆਂ। ਨਤੀਜਿਆਂ ਦਾ ਐਲਾਨ 23 ਜੂਨ ਨੂੰ ਕੀਤਾ ਜਾਵੇਗਾ।

## ਮੁਨੀਰ ਨਾਲ ਲੰਚ ਕਰਕੇ ਟਰੰਪ ਖੁਸ਼

**ਵਾਸ਼ਿੰਗਟਨ** : ਅਮਰੀਕਾ ਦੇ ਦੌਰੇ 'ਤੇ ਆਏ ਪਾਕਿਸਤਾਨੀ ਫੌਜ ਮੁਖੀ ਅਸੀਮ ਮੁਨੀਰ ਨੂੰ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਦੁਪਹਿਰ ਦੇ ਖਾਣੇ ਨਾਲ ਨਿਵਾਜਿਆ। ਇਸ ਦੌਰਾਨ ਟਰੰਪ ਨੇ ਭਾਰਤ ਅਤੇ ਪਾਕਿਸਤਾਨ ਵਿਚਕਾਰ ਟਕਰਾਅ ਨੂੰ ਰੋਕਣ ਲਈ ਅਸੀਮ ਮੁਨੀਰ ਦੀ ਪ੍ਰਸ਼ੰਸਾ ਵੀ ਕੀਤੀ। ਉਨ੍ਹਾਂ ਕਿਹਾ, 'ਮੈਂ ਮੁਨੀਰ ਨੂੰ ਇੱਥੇ ਇਸ ਲਈ ਬੁਲਾਇਆ, ਕਿਉਂਕਿ ਮੈਂ ਭਾਰਤ ਨਾਲ ਜੰਗ ਰੋਕਣ ਤੇ ਇਸ ਨੂੰ ਖ਼ਤਮ ਕਰਨ ਲਈ ਪਾਕਿਸਤਾਨੀ ਫੌਜ ਮੁਖੀ ਦਾ ਧੰਨਵਾਦ ਕਰਨਾ ਚਾਹੁੰਦਾ ਸੀ।' ਮੁਨੀਰ ਨੇ ਭਾਰਤ-ਪਾਕਿਸਤਾਨ ਜੰਗ



ਰੁਕਵਾਉਣ 'ਤੇ ਟਰੰਪ ਨੂੰ ਨੋਬਲ ਅਮਨ ਇਨਾਮ ਦੇਣ ਦੀ ਮੰਗ ਕੀਤੀ।

ਇਹ ਪਹਿਲੀ ਵਾਰ ਸੀ, ਜਦੋਂ ਕਿਸੇ ਅਮਰੀਕੀ ਰਾਸ਼ਟਰਪਤੀ ਨੇ ਪਾਕਿਸਤਾਨੀ ਫੌਜ ਮੁਖੀ ਨਾਲ ਦੁਪਹਿਰ ਦੇ ਖਾਣੇ 'ਤੇ ਮੀਟਿੰਗ ਕੀਤੀ। ਮੁਨੀਰ ਦਾ ਪਾਕਿਸਤਾਨ ਦੀਆਂ ਰਾਸ਼ਟਰੀ ਸੁਰੱਖਿਆ ਨੀਤੀਆਂ 'ਤੇ ਵਿਆਪਕ ਪ੍ਰਭਾਵ ਮੰਨਿਆ ਜਾਂਦਾ ਹੈ। ਇਸਲਾਮਾਬਾਦ ਤਹਿਰਾਨ ਨਾਲ ਆਪਣੇ ਨੇੜਲੇ ਸੰਬੰਧਾਂ ਲਈ ਵੀ ਜਾਣਿਆ ਜਾਂਦਾ ਹੈ। ਟਰੰਪ ਨੇ ਕਿਹਾ ਕਿ ਉਹ ਮੁਨੀਰ ਨੂੰ ਮਿਲ ਕੇ ਸਨਮਾਨਤ ਮਹਿਸੂਸ ਕਰ ਰਹੇ ਹਨ ਅਤੇ ਦੋਵਾਂ ਨੇ ਈਰਾਨ ਬਾਰੇ ਚਰਚਾ ਕੀਤੀ, ਜਿਸ ਬਾਰੇ ਉਨ੍ਹਾਂ ਕਿਹਾ ਕਿ ਪਾਕਿਸਤਾਨ ਜ਼ਿਆਦਾਤਰ ਲੋਕਾਂ ਨਾਲੋਂ ਬਿਹਤਰ ਜਾਣਦਾ ਹੈ। ਪਾਕਿਸਤਾਨੀ ਫੌਜ ਮੁਖੀ ਦੇ ਨਾਲ ਮੀਟਿੰਗ ਵਿੱਚ ਆਈ ਐੱਸ ਆਈ ਮੁਖੀ ਲੈਫਟੀਨੈਂਟ ਜਨਰਲ ਅਸੀਮ ਮਲਿਕ ਵੀ ਸਨ।

## ਚੀਨ ਤੇ ਰੂਸ ਵੱਲੋਂ ਅਮਰੀਕਾ ਨੂੰ ਤਾੜਨਾ

**ਬੀਜਿੰਗ** : ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਈਰਾਨ-ਇਜ਼ਰਾਈਲ ਜੰਗ ਵਿੱਚ ਕੁੱਦਣ ਦੀ ਸੋਚਣ ਦੀਆਂ ਰਿਪੋਰਟਾਂ ਦਰਮਿਆਨ ਚੀਨ ਨੇ ਅਮਰੀਕਾ ਨੂੰ ਤਾਕਤ ਦੀ ਵਰਤੋਂ ਖ਼ਿਲਾਫ਼ ਖ਼ਬਰਦਾਰ ਕੀਤਾ ਹੈ। ਚੀਨੀ ਵਿਦੇਸ਼ ਮੰਤਰਾਲੇ ਦੇ ਤਰਜਮਾਨ ਗੁਓ ਜਿਆਕੁਨ ਨੇ ਵੀਰਵਾਰ ਪ੍ਰੈੱਸ ਬ੍ਰੀਫਿੰਗ 'ਚ ਕਿਹਾ ਕਿ ਅਮਰੀਕਾ ਵੱਲੋਂ ਤਾਕਤ ਦੀ ਵਰਤੋਂ ਈਰਾਨ ਦੀ ਪ੍ਰਭੂਸੱਤਾ ਤੇ ਸੁਰੱਖਿਆ ਦੀ ਉਲੰਘਣਾ ਸਮਝੀ ਜਾਵੇਗੀ। ਚੀਨ ਕਿਸੇ ਹੋਰ ਦੇਸ਼ ਦੀ ਪ੍ਰਭੂਸੱਤਾ, ਸੁਰੱਖਿਆ ਤੇ ਖੇਤਰੀ ਅਖੰਡਤਾ ਦੀ ਉਲੰਘਣਾ ਦੀ ਕਿਸੇ ਵੀ ਕਾਰਵਾਈ ਅਤੇ ਕੌਮਾਂਤਰੀ ਰਿਸ਼ਤਿਆਂ ਵਿੱਚ ਤਾਕਤ ਦੀ ਵਰਤੋਂ ਜਾਂ ਵਰਤਣ ਦੀ ਧਮਕੀ ਦਾ ਵਿਰੋਧ ਕਰਦਾ ਹੈ। ਇਸ ਤੋਂ ਪਹਿਲਾਂ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਪਿਛਲੇ ਹਫ਼ਤੇ ਇਜ਼ਰਾਈਲ ਦੇ ਈਰਾਨ 'ਤੇ ਹਮਲੇ 'ਤੇ ਡੂੰਘੀ ਚਿੰਤਾ ਪ੍ਰਗਟਾਈ ਸੀ। ਉਨ੍ਹਾਂ ਕਜ਼ਾਕਿਸਤਾਨ ਵਿੱਚ ਪੰਜ ਕੇਂਦਰੀ ਏਸ਼ੀਆਈ ਦੇਸ਼ਾਂ ਦੇ ਸਿਖਰ ਸੰਮੇਲਨ ਦੌਰਾਨ ਫੌਰੀ ਜੰਗਬੰਦੀ ਦਾ ਸੱਦਾ ਦਿੱਤਾ ਸੀ। ਇਸੇ ਦੌਰਾਨ ਰੂਸ ਨੇ ਵੀ ਕਿਹਾ ਹੈ ਕਿ ਅਮਰੀਕਾ ਦਾ ਦਖ਼ਲ ਸਥਿਤੀ ਨੂੰ ਹੋਰ ਵਿਗਾੜੇਗਾ।

## ਜਿਨਪਿੰਗ ਤੇ ਪੂਤਿਨ ਵਿਚਾਲੇ ਲੰਮੀ ਫੋਨ ਵਾਰਤਾ

**ਸੇਂਟ ਪੀਟਰਸਬਰਗ** : ਰੂਸੀ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਅਤੇ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਨੇ ਫੋਨ ਕਾਲ 'ਤੇ ਇਸ ਹਫਤੇ ਹੋਏ 7 ਜੀ ਸਿਖਰ ਸੰਮੇਲਨ ਦੌਰਾਨ ਨੇਤਾਵਾਂ ਵਿਚਕਾਰ ਟਕਰਾਅ ਦੀ ਸਥਿਤੀ ਬਾਰੇ ਚਰਚਾ ਕੀਤੀ। ਕੈਨੇਡਾ ਵਿੱਚ ਹੋਈ ਮੀਟਿੰਗ ਦੌਰਾਨ ਅਮੀਰ ਦੇਸ਼ਾਂ ਦੇ ਸਮੂਹ ਨੂੰ ਯੂਕਰੇਨ ਵਿੱਚ ਜੰਗ ਸੰਬੰਧੀ ਏਕਤਾ ਦਿਖਾਉਣ ਲਈ ਜੱਦੋਜਹਿਦ ਕਰਨੀ ਪਈ।

ਇਸ ਮੌਕੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਪੂਤਿਨ ਦਾ ਸਮਰਥਨ ਕੀਤਾ ਅਤੇ ਇਜ਼ਰਾਈਲ-ਈਰਾਨ ਵਿਚਕਾਰ ਜੰਗ ਦੀ ਸਥਿਤੀ ਨਾਲ ਨਜਿੱਠਣ ਲਈ ਕੈਨੇਡਾ ਤੋਂ ਇੱਕ ਦਿਨ ਪਹਿਲਾਂ ਪਰਤ ਗਏ ਸਨ। ਟਰੰਪ ਦੇ ਉੱਥੋਂ ਜਾਣ ਕਾਰਨ ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਂਸਕੀ ਹੱਥੋਂ ਅਮਰੀਕਾ ਤੋਂ ਹੋਰ ਹਥਿਆਰ ਮੰਗਣ ਦਾ ਮੌਕਾ ਖੁੱਸ ਗਿਆ।

ਕਰੇਮਲਿਨ ਦੇ ਸਹਾਇਕ ਯੂਰੀ ਉਸ਼ਾਕੋਵ ਨੇ ਜਾਣਕਾਰੀ ਦਿੱਤੀ ਕਿ ਪੂਤਿਨ ਅਤੇ ਸ਼ੀ ਨੇ ਕੈਨੇਡਾ ਵਿੱਚ ਹਾਲ ਹੀ 'ਚ ਹੋਏ ਜੀ-7 ਸਿਖਰ ਸੰਮੇਲਨ ਦੇ ਨਤੀਜਿਆਂ ਬਾਰੇ ਚਰਚਾ ਕੀਤੀ। ਇਸ ਦੌਰਾਨ ਉਨ੍ਹਾਂ ਜੀ-7 ਦੇ ਨੇਤਾਵਾਂ ਵਿਚਕਾਰ ਪੈਦਾ ਹੋਈ ਟਕਰਾਅ ਦੀ ਸਥਿਤੀ ਬਾਰੇ ਗੱਲਬਾਤ ਕੀਤੀ। ਲਗਭਗ ਇੱਕ ਘੰਟਾ ਚੱਲੀ ਗੱਲਬਾਤ ਦੌਰਾਨ ਦੋਵਾਂ ਨੇ ਇਜ਼ਰਾਈਲ-ਈਰਾਨ ਸੰਕਟ, ਦੁਵੱਲੇ ਸੰਬੰਧ ਅਤੇ ਬ੍ਰਿਕਸ ਸਮੂਹ ਅੰਦਰ ਸਹਿਯੋਗ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ।

## ਅਮਰੀਕਾ ਸ਼ਰਤਾਂ ਨਾਲ ਸਟੂਡੈਂਟ ਵੀਜ਼ਾ ਦੇਵੇਗਾ

**ਵਾਸ਼ਿੰਗਟਨ** : ਅਮਰੀਕੀ ਵਿਦੇਸ਼ ਵਿਭਾਗ ਨੇ ਬੁੱਧਵਾਰ ਕਿਹਾ ਕਿ ਉਹ ਵਿਦੇਸ਼ੀ ਵਿਦਿਆਰਥੀਆਂ ਲਈ ਵੀਜ਼ਾ ਅਰਜ਼ੀਆਂ ਦੀ ਮੁਅੱਤਲ ਪ੍ਰਕਿਰਿਆ ਨੂੰ ਮੁੜ ਸ਼ੁਰੂ ਕਰ ਰਿਹਾ ਹੈ, ਪਰ ਹੁਣ ਸਾਰੇ ਬਿਨੈਕਾਰਾਂ ਨੂੰ ਸਰਕਾਰੀ ਸਮੀਖਿਆ ਲਈ ਆਪਣੇ ਸੋਸ਼ਲ ਮੀਡੀਆ ਖਾਤਿਆਂ ਨੂੰ ਅਨਲਾਕ (ਜਨਤਕ) ਕਰਨ ਦੀ ਲੋੜ ਹੋਵੇਗੀ। ਵਿਭਾਗ ਨੇ ਕਿਹਾ ਕਿ ਕੌਂਸਲਰ ਅਧਿਕਾਰੀ ਅਜਿਹੀਆਂ ਪੋਸਟਾਂ ਅਤੇ ਸੰਦੇਸ਼ਾਂ 'ਤੇ ਨਜ਼ਰ ਰੱਖਣਗੇ, ਜਿਨ੍ਹਾਂ ਨੂੰ ਸੰਯੁਕਤ ਰਾਜ, ਸਰਕਾਰ, ਸੱਭਿਆਚਾਰ, ਸੰਸਥਾਵਾਂ ਜਾਂ ਬੁਨਿਆਦੀ ਸਿਧਾਂਤਾਂ ਪ੍ਰਤੀ ਪ੍ਰਤੀਕੂਲ ਮੰਨਿਆ ਜਾ ਸਕਦਾ ਹੈ। ਇੱਕ ਨੋਟਿਸ ਵਿੱਚ ਵਿਭਾਗ ਨੇ ਕਿਹਾ ਕਿ ਉਸ ਨੇ ਵਿਦਿਆਰਥੀ ਵੀਜ਼ਾ ਪ੍ਰਕਿਰਿਆ ਦੀ ਮੁਅੱਤਲੀ ਨੂੰ ਰੱਦ ਕਰ ਦਿੱਤਾ ਹੈ।

ਇਸ ਤੋਂ ਇਲਾਵਾ ਵਿਭਾਗ ਨੇ ਕਿਹਾ ਹੈ ਕਿ ਨਵੇਂ ਬਿਨੈਕਾਰ, ਜੋ ਆਪਣੇ ਸੋਸ਼ਲ ਮੀਡੀਆ ਖਾਤਿਆਂ ਨੂੰ ਪਬਲਿਕ ਕਰਨ ਅਤੇ ਉਨ੍ਹਾਂ ਦੀ ਸਮੀਖਿਆ ਕਰਨ ਦੀ ਇਜਾਜ਼ਤ ਦੇਣ ਤੋਂ ਇਨਕਾਰ ਕਰਦਾ ਹੈ, ਦੀ ਬੇਨਤੀ ਨੂੰ ਰੱਦ ਕੀਤਾ ਜਾ ਸਕਦਾ ਹੈ।

## ਦਿੱਲੀ ਤੋਂ ਲੇਹ ਜਾ ਰਿਹਾ ਜਹਾਜ਼ ਅੱਧਵਾਟਿਓਂ ਪਰਤਿਆ



**ਨਵੀਂ ਦਿੱਲੀ** : ਲੇਹ ਜਾਣ ਵਾਲੀ ਇੰਡੀਗੋ ਦੀ ਉਡਾਣ ਜਹਾਜ਼ ਵਿਚ ਤਕਨੀਕੀ ਨੁਕਸ ਕਾਰਨ ਦੋ ਘੰਟਿਆਂ ਤੋਂ ਵੱਧ ਸਮੇਂ ਤੱਕ ਹਵਾ ਵਿੱਚ ਰਹਿਣ ਤੋਂ ਬਾਅਦ ਵੀਰਵਾਰ ਸਵੇਰੇ ਕੌਮੀ ਰਾਜਧਾਨੀ ਪਰਤ ਆਈ। ਏਅਰਲਾਈਨ ਦੇ ਬੁਲਾਰੇ ਨੇ ਕਿਹਾ ਕਿ 19 ਜੂਨ ਨੂੰ ਦਿੱਲੀ ਤੋਂ ਲੇਹ ਜਾਣ ਵਾਲੀ ਇੰਡੀਗੋ ਫਲਾਈਟ 6-ਈ 2006 ਤਕਨੀਕੀ ਸਮੱਸਿਆ ਕਾਰਨ ਮੂਲ ਸਥਾਨ 'ਤੇ ਵਾਪਸ ਆ ਗਈ। ਇਸ ਦੌਰਾਨ ਹਵਾਈ ਯਾਤਰੀਆਂ ਨੂੰ ਲੇਹ ਭੇਜਣ ਲਈ ਬਦਲਵੇਂ ਜਹਾਜ਼ ਦਾ ਪ੍ਰਬੰਧ ਕੀਤਾ ਗਿਆ।

## ਰਾਹੁਲ 56ਵੇਂ ਸਾਲ 'ਚ ਦਾਖਲ

**ਨਵੀਂ ਦਿੱਲੀ** : ਰਾਹੁਲ ਗਾਂਧੀ ਵੀਰਵਾਰ 55 ਸਾਲ ਦੇ ਹੋ ਗਏ। ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ, ਸਮਾਜਵਾਦੀ ਪਾਰਟੀ ਦੇ ਮੁਖੀ ਅਖਿਲੇਸ਼ ਯਾਦਵ ਸਣੇ ਹੋਰਨਾਂ ਪ੍ਰਮੁੱਖ ਸਿਆਸੀ ਆਗੂਆਂ ਨੇ ਰਾਹੁਲ ਗਾਂਧੀ ਨੂੰ ਜਨਮ ਦਿਨ ਦੀ ਵਧਾਈ ਦਿੱਤੀ। ਰਾਹੁਲ ਗਾਂਧੀ ਦਾ ਜਨਮ 19 ਜੂਨ, 1970 ਨੂੰ ਨਵੀਂ ਦਿੱਲੀ ਵਿੱਚ ਹੋਇਆ ਸੀ। ਉਹ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਅਤੇ ਸਾਬਕਾ ਕਾਂਗਰਸ ਪ੍ਰਧਾਨ ਸੋਨੀਆ ਗਾਂਧੀ ਦੇ ਵੱਡੇ ਪੁੱਤਰ ਹਨ। ਵਰਤਮਾਨ ਵਿੱਚ, ਉਹ ਯੂ ਪੀ ਦੇ ਰਾਏਬਰੇਲੀ ਤੋਂ ਲੋਕ ਸਭਾ ਮੈਂਬਰ ਅਤੇ ਵਿਰੋਧੀ ਧਿਰ ਦੇ ਨੇਤਾ ਹਨ।

## ਸੋਨੀਆ ਨੂੰ ਹਸਪਤਾਲੋਂ ਛੁੱਟੀ

**ਨਵੀਂ ਦਿੱਲੀ** : 78 ਸਾਲਾ ਸੋਨੀਆ ਗਾਂਧੀ ਨੂੰ ਪੇਟ ਨਾਲ ਸੰਬੰਧਤ ਸਮੱਸਿਆ ਲਈ ਦਾਖਲ ਹੋਣ ਤੋਂ ਚਾਰ ਦਿਨ ਬਾਅਦ ਵੀਰਵਾਰ ਸਰ ਗੰਗਾ ਰਾਮ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਹਸਪਤਾਲ ਦੇ ਚੇਅਰਮੈਨ ਡਾ. ਅਜੇ ਸਵਰੂਪ ਅਨੁਸਾਰ ਸੋਨੀਆ ਗਾਂਧੀ ਦੀ ਹਾਲਤ ਹੁਣ ਸਥਿਰ ਹੈ। ਹੁਣ ਬਾਹਰੀ ਮਰੀਜ਼ ਵਜੋਂ ਨੇੜਿਓਂ ਨਿਗਰਾਨੀ ਕੀਤੀ ਜਾਵੇਗੀ।

## ਜਸਟਿਸ ਵਰਮਾ ਤੇ ਪਰਵਾਰ ਦੀ ਨੋਟਾਂ ਤੱਕ ਪਹੁੰਚ ਸੀ

**ਨਵੀਂ ਦਿੱਲੀ** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ ਜਸਟਿਸ ਸ਼ੀਲ ਨਾਗੂ ਦੀ ਅਗਵਾਈ ਵਾਲੇ ਤਿੰਨ ਜੱਜਾਂ ਦੇ ਪੈਨਲ ਦੀ ਜਾਂਚ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਦਿੱਲੀ ਹਾਈ ਕੋਰਟ ਦੇ ਵੇਲੇ ਦੇ ਜੱਜ ਯਸ਼ਵੰਤ ਵਰਮਾ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਦਾ ਉਸ ਸਟੋਰ ਰੂਮ 'ਤੇ 'ਗੁਪਤ ਜਾਂ ਸਰਗਰਮ ਕੰਟਰੋਲ' ਸੀ, ਜਿੱਥੇ ਵੱਡੀ ਮਾਤਰਾ ਵਿੱਚ ਅੱਧਸੜੇ ਨੋਟ ਬਰਾਮਦ ਹੋਏ ਸਨ, ਜਿਸ ਤੋਂ ਜਸਟਿਸ ਵਰਮਾ ਦਾ ਗਲਤ ਵਤੀਰਾ ਸਾਬਤ ਹੁੰਦਾ ਹੈ ਤੇ ਇਹ ਕਾਫੀ ਗੰਭੀਰ ਹੈ। ਇਸ ਬਾਰੇ ਪੈਨਲ ਨੇ 10 ਦਿਨਾਂ ਤੱਕ ਜਾਂਚ ਕੀਤੀ, 55 ਗਵਾਹਾਂ ਤੋਂ ਪੁੱਛਗਿੱਛ ਕੀਤੀ ਅਤੇ ਹਾਦਸੇ ਵਾਲੀ ਉਸ ਥਾਂ ਦਾ ਦੌਰਾ ਕੀਤਾ, ਜੋ 14 ਮਾਰਚ ਨੂੰ ਰਾਤ 11.35 ਵਜੇ ਦੇ ਕਰੀਬ ਜਸਟਿਸ ਵਰਮਾ ਦੀ ਸਰਕਾਰੀ ਰਿਹਾਇਸ਼ ਸੀ। ਰਿਪੋਰਟ 'ਤੇ ਕਾਰਵਾਈ ਕਰਦਿਆਂ ਭਾਰਤ ਦੇ ਸਾਬਕਾ ਚੀਫ ਜਸਟਿਸ ਸੰਜੀਵ ਖੰਨਾ ਨੇ ਰਾਸ਼ਟਰਪਤੀ ਦਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਜੱਜ 'ਤੇ ਮਹਾਂਦੋਸ਼ ਚਲਾਉਣ ਦੀ ਸਿਫਾਰਸ਼ ਕਰਦਿਆਂ ਲਿਖਿਆ ਹੈ। ਪੈਨਲ ਨੇ ਆਪਣੀ 64 ਪੰਨਿਆਂ ਦੀ ਰਿਪੋਰਟ ਵਿੱਚ



ਕਿਹਾ, 'ਇਸ ਕਮੇਟੀ ਨੇ ਮੰਨਿਆ ਹੈ ਕਿ ਨਕਦੀ/ਪੈਸੇ ਜਸਟਿਸ ਵਰਮਾ ਦੇ ਅਧਿਕਾਰਤ ਕਬਜ਼ੇ ਵਾਲੇ 30 ਤੁਗਲਕ ਕ੍ਰੇਸੈਂਟ, ਨਵੀਂ ਦਿੱਲੀ ਦੇ ਸਟੋਰ ਰੂਮ ਵਿੱਚੋਂ ਮਿਲੇ ਸਨ। ਇਹ ਤਾਂ ਹੋਰ ਸਟੋਰ ਰੂਮ ਤੱਕ ਪਹੁੰਚ ਜਸਟਿਸ ਵਰਮਾ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਦੇ ਗੁਪਤ ਜਾਂ ਸਰਗਰਮ ਕੰਟਰੋਲ ਵਿੱਚ ਪਾਈ ਗਈ ਹੈ ਅਤੇ ਮਜ਼ਬੂਤ ਅਨੁਮਾਨਤ ਸਬੂਤਾਂ ਰਾਹੀਂ ਇਹ ਸਥਾਪਤ ਕੀਤਾ ਗਿਆ ਹੈ ਕਿ ਸੜਿਆ ਹੋਇਆ ਨਕਦ/ਪੈਸਾ 15.3.2025 ਦੀ ਸਵੇਰ ਦੇ ਸ਼ੁਰੂਆਤੀ ਘੰਟਿਆਂ ਦੌਰਾਨ 30 ਤੁਗਲਕ ਕ੍ਰੇਸੈਂਟ ਨਵੀਂ ਦਿੱਲੀ ਤੋਂ ਸਟੋਰ ਰੂਮ ਵਿੱਚੋਂ ਕੱਢਿਆ ਗਿਆ ਸੀ।'

ਰਿਪੋਰਟ ਵਿੱਚ ਅੱਗੇ ਕਿਹਾ ਗਿਆ ਹੈ, 'ਰਿਕਾਰਡ 'ਤੇ ਮੌਜੂਦ ਸਿੱਧੇ ਅਤੇ ਇਲੈਕਟ੍ਰਾਨਿਕ ਸਬੂਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇਹ ਕਮੇਟੀ ਪੱਕੇ ਤੌਰ 'ਤੇ ਇਸ ਵਿਚਾਰ ਦੀ ਹੈ ਕਿ 22 ਮਾਰਚ ਨੂੰ ਭਾਰਤ ਦੇ ਚੀਫ ਜਸਟਿਸ ਦੇ ਪੱਤਰ ਵਿੱਚ ਚੁੱਕੇ ਗਏ ਦੋਸ਼ਾਂ ਵਿੱਚ ਕਾਫੀ ਸਾਰ ਹੈ ਅਤੇ ਸਾਬਤ ਹੋਇਆ ਵਤੀਰਾ ਏਨਾ ਗੰਭੀਰ ਹੈ ਕਿ ਜਸਟਿਸ ਵਰਮਾ ਨੂੰ ਹਟਾਉਣ ਦੀ ਕਾਰਵਾਈ ਸ਼ੁਰੂ ਕਰਨ ਲਈ ਕਿਹਾ ਜਾਵੇ।' ਪੈਨਲ ਨੇ ਜਸਟਿਸ ਵਰਮਾ ਦੇ ਬਿਆਨ ਸਮੇਤ 55 ਗਵਾਹਾਂ ਦੇ ਬਿਆਨਾਂ ਦਾ ਬਰੀਕੀ ਨਾਲ ਵਿਸ਼ਲੇਸ਼ਣ ਕੀਤਾ ਅਤੇ ਅੰਦਰੂਨੀ ਕਮੇਟੀ ਵੱਲੋਂ ਨਿਰਧਾਰਤ ਜਾਂਚ ਪ੍ਰਕਿਰਿਆ ਦੇ ਤਹਿਤ ਆਪਣੇ ਸਿੱਟੇ ਦਿੱਤੇ।

ਜਸਟਿਸ ਨਾਗੂ ਤੋਂ ਇਲਾਵਾ ਹਿਮਾਚਲ ਪ੍ਰਦੇਸ਼ ਹਾਈ ਕੋਰਟ ਦੇ ਚੀਫ ਜਸਟਿਸ ਜੀ ਐੱਸ ਸੰਧਾਵਾਲੀਆ ਅਤੇ ਕਰਨਾਟਕ ਹਾਈ ਕੋਰਟ ਦੇ ਜਸਟਿਸ ਅਨੁ ਸ਼ਿਵਰਾਮਨ ਜਾਂਚ ਪੈਨਲ ਵਿੱਚ ਸ਼ਾਮਲ ਸਨ।

## 110 ਵਿਦਿਆਰਥੀ ਪਰਤੇ

**ਨਵੀਂ ਦਿੱਲੀ** : ਈਰਾਨ ਤੋਂ ਅਰਮੀਨੀਆ ਰਸਤੇ ਸੁਰੱਖਿਅਤ ਬਾਹਰ ਕੱਢੇ 110 ਭਾਰਤੀ ਵਿਦਿਆਰਥੀਆਂ ਨੂੰ ਲੈ ਕੇ ਪਹਿਲੀ ਉਡਾਣ ਵੀਰਵਾਰ ਵੱਡੇ ਤੜਕੇ ਦਿੱਲੀ ਪਹੁੰਚੀ। ਵਿਦੇਸ਼ ਰਾਜ ਮੰਤਰੀ ਕੀਰਤੀ ਵਰਧਨ ਸਿੰਘ ਨੇ ਕਿਹਾ ਕਿ ਉਹ ਤਰਜੀਹੀ ਆਧਾਰ 'ਤੇ ਵਿਦਿਆਰਥੀਆਂ ਨੂੰ ਲੈ ਕੇ ਆਏ ਹਨ ਅਤੇ ਆਪਣੇ ਤੌਰ 'ਤੇ ਵੀ ਕੁਝ ਹੋਰ ਲੋਕਾਂ ਨੂੰ ਕੱਢ ਰਹੇ ਹਨ। ਕੁਝ ਵਿਦਿਆਰਥੀਆਂ ਦੇ ਬੇਚੈਨ ਮਾਪਿਆਂ ਨੂੰ ਹਵਾਈ ਅੱਡੇ ਦੇ ਬਾਹਰ ਉਡੀਕ ਕਰਦੇ ਦੇਖਿਆ ਗਿਆ।



## ਕੈਨੇਡਾ 'ਚ ਆਬਾਦੀ 'ਚ ਵਾਧੇ ਦੀ ਰਫ਼ਤਾਰ ਨੂੰ ਬ੍ਰੇਕ

**ਵੈਨਕੂਵਰ** : ਅੰਕੜਾ ਵਿਭਾਗ ਵੱਲੋਂ ਆਬਾਦੀ ਸੰਬੰਧੀ ਇਸ ਸਾਲ ਦੀ ਪਹਿਲੀ ਤਿਮਾਹੀ ਦੇ ਜਾਰੀ ਕੀਤੇ ਅੰਕੜਿਆਂ ਮੁਤਾਬਕ ਆਬਾਦੀ ਵਾਧੇ ਨੂੰ ਬ੍ਰੇਕ ਲੱਗਦੀ ਨਜ਼ਰ ਆਈ ਹੈ। ਰਿਪੋਰਟ ਅਨੁਸਾਰ 31 ਮਾਰਚ ਤੱਕ ਕੈਨੇਡਾ ਦੀ ਆਬਾਦੀ 41,548,787 ਹੋ ਗਈ ਹੈ। ਪਿਛਲੇ ਸਮੇਂ ਤੋਂ ਹਰੇਕ ਤਿਮਾਹੀ ਦੇਸ਼ ਦੀ ਅਬਾਦੀ ਵਿੱਚ ਹੁੰਦੇ ਆ ਰਹੇ ਲੱਖਾਂ ਦੇ ਵਾਧੇ ਦੇ ਮੁਕਾਬਲੇ ਇਸ ਵਾਰ ਸਿਰਫ 20107 ਦਾ ਵਾਧਾ ਦਰਜ ਕੀਤਾ ਗਿਆ। ਇਸ ਤਿਮਾਹੀ ਦੌਰਾਨ ਬ੍ਰਿਟਿਸ਼ ਕੋਲੰਬੀਆ ਤੇ ਓਂਟਾਰੀਓ ਸਮੇਤ ਬਹੁਤੇ ਸੂਬਿਆਂ ਦੀ ਅਬਾਦੀ 'ਚ ਗਿਰਾਵਟ ਆਈ ਹੈ, ਜਦੋਂ ਕਿ ਅਲਬਰਟਾ ਵਿੱਚ ਵਾਧਾ ਦਰਜ ਹੋਇਆ। ਇਸ ਦਾ ਕਾਰਨ ਮੰਦੀ ਦੀ ਮਾਰ ਤੋਂ ਬਚੇ ਰਹਿਣ ਅਤੇ ਘਰਾਂ ਦੀਆਂ ਘੱਟ ਕੀਮਤਾਂ ਕਾਰਨ ਹੋਰ ਸੂਬਿਆਂ ਤੋਂ ਹੋਈ ਹਿਜਰਤ ਸਮਝੀ ਜਾਂਦੀ ਹੈ। ਇਸ ਤੋਂ ਪਹਿਲਾਂ ਸਾਲ 2020 ਕਰੋਨਾ ਮਹਾਂਮਾਰੀ ਦੌਰਾਨ ਵੀ ਆਬਾਦੀ ਦਾ ਘੱਟ ਵਾਧਾ ਦਰਜ ਕੀਤਾ ਗਿਆ ਸੀ। ਇਸ ਤਿਮਾਹੀ 'ਚ ਕੱਚੇ ਰਿਹਾਇਸ਼ੀਆਂ ਦੀ 2959825 ਗਿਣਤੀ ਵਿੱਚ ਵੀ 61 ਹਜ਼ਾਰ ਦੀ ਗਿਰਾਵਟ ਦਰਜ ਹੋਈ ਹੈ। ਕੌਮਾਂਤਰੀ ਵੀਜ਼ੇ ਵਾਲਿਆਂ ਦੀ ਗਿਣਤੀ 53669 ਘਟੀ, ਪਰ ਇਸ ਦੌਰਾਨ ਵਿਦੇਸ਼ਾਂ 'ਚੋਂ ਪੀ ਆਰ ਲੈ ਕੇ ਆਉਣ ਵਾਲਿਆਂ ਦੀ ਗਿਣਤੀ 'ਚ ਕੁਝ ਵਾਧਾ ਹੋਇਆ ਹੈ। ਬ੍ਰਿਟਿਸ਼ ਕੋਲੰਬੀਆ ਤੇ ਓਂਟਾਰੀਓ ਦੀ ਅਬਾਦੀ 'ਚ 1951 ਤੋਂ ਬਾਅਦ ਪਹਿਲੀ ਵਾਰ ਐਨੀ ਗਿਰਾਵਟ ਆਈ ਹੈ।

## ਸਪੇਸਐਕਸ ਦਾ ਰਾਕੇਟ ਪਰਖ ਦੌਰਾਨ ਤਬਾਹ



**ਆਸਟਿਨ (ਅਮਰੀਕਾ)** : ਸਪੇਸਐਕਸ ਦੇ ਰਾਕੇਟ ਵਿੱਚ ਬੁੱਧਵਾਰ ਰਾਤ ਟੈਕਸਾਸ ਵਿੱਚ ਅਜ਼ਮਾਇਸ਼ ਦੌਰਾਨ ਧਮਾਕਾ ਹੋ ਗਿਆ, ਜਿਸ ਨਾਲ ਅਸਮਾਨ ਵਿਚ ਅੱਗ ਦਾ ਗੋਲਾ ਨਜ਼ਰ ਆਇਆ। ਹਾਲਾਂਕਿ ਇਸ ਘਟਨਾ 'ਚ ਕਿਸੇ ਜਾਨੀ ਨੁਕਸਾਨ ਤੋਂ ਬਚਾਅ ਰਿਹਾ।

ਕੰਪਨੀ ਨੇ ਕਿਹਾ ਕਿ ਟੈਕਸਾਸ ਦੇ ਦੱਖਣੀ ਸਿਰੇ ਸਪੇਸਐਕਸ ਦੀ ਅਜ਼ਮਾਇਸ਼ ਵਾਲੀ ਥਾਂ ਸਟਾਰਬੇਸ 'ਚ 10ਵੀਂ ਉਡਾਣ ਪ੍ਰੀਖਣ ਦੀ ਤਿਆਰੀ ਦੌਰਾਨ ਰਾਤ ਕਰੀਬ 11 ਵਜੇ ਰਾਕੇਟ ਸਟਾਰਸ਼ਿਪ ਵਿੱਚ ਇਹ ਵੱਡੇ ਨੁਕਸ ਦਾ ਪਤਾ ਲੱਗਾ। ਪ੍ਰੀਖਣ ਦੌਰਾਨ ਲਾਂਚ ਵਾਲੀ ਥਾਂ ਦੇ ਆਲੇ-ਦੁਆਲੇ ਸੁਰੱਖਿਅਤ ਖੇਤਰ ਬਣਾ ਕੇ ਰੱਖਿਆ ਗਿਆ। ਸਾਰੇ ਕਰਮੀ ਸੁਰੱਖਿਅਤ ਹਨ ਤੇ ਉਨ੍ਹਾਂ ਦੀ ਸਾਂਭ-ਸੰਭਾਲ ਕੀਤੀ ਜਾ ਰਹੀ ਹੈ।

ਐਲਨ ਮਸਕ ਦੀ ਮਾਲਕੀ ਵਾਲੀ ਸਪੇਸਐਕਸ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਧਮਾਕੇ ਵਾਲੀ ਥਾਂ ਕੋਲ ਜਾਣ ਦੀ ਕੋਸ਼ਿਸ਼ ਨਾ ਕਰਨ। ਕੰਪਨੀ ਨੇ ਕਿਹਾ ਕਿ ਉਹ ਇਸ ਘਟਨਾ ਨਾਲ ਨਜਿੱਠਣ ਲਈ ਸਥਾਨਕ ਅਧਿਕਾਰੀਆਂ ਨਾਲ ਮਿਲ ਕੇ ਕੰਮ ਕਰ ਰਹੀ ਹੈ।

## ਅੱਜ-ਨਾਮਾ

ਵੋਟਾਂ ਪੈਣ ਨਾਲ ਮੁੱਕ ਗਿਆ ਚੋਣ ਰੌਲਾ,
ਪਾਈ ਫਿਰਦੇ ਲੁਧਿਆਣੇ ਸੀ ਗਾਹ ਬੇਲੀ।
ਰੋਡ ਸ਼ੋਅ ਸੀ ਨਿੱਤ ਦਿਨ ਬਹੁਤ ਘੁੰਮਦੇ,
ਹੁੰਦੇ ਜਾਮ ਸਭ ਰਹਿੰਦੇ ਸਨ ਰਾਹ ਬੇਲੀ।
ਪਹਿਲੇ ਜਾਂਦੇ, ਬਾਜ਼ਾਰ ਦੀ ਵਿਹਲ ਹੁੰਦੀ,
ਲੱਗਦੇ ਲੋਕ ਫਿਰ ਲੈਣ ਸਨ ਸਾਹ ਬੇਲੀ।
ਲਾਉਂਦੇ ਨਾਅਰੇ ਸਨ ਦੂਜੇ ਵੀ ਆ ਜਾਂਦੇ,
ਚੱਲਦੀ ਕਿਸੇ ਦੀ ਕਦੇ ਨਹੀਂ ਵਾਹ ਬੇਲੀ।
ਪਈਆਂ ਵੋਟਾਂ ਤਾਂ ਮੁੱਕਿਆ ਕੰਮ ਪਹਿਲਾ,
ਲੱਗੀ ਹੈ ਗਿਣਤੀ ਦੀ ਹੋਣ ਉਡੀਕ ਬੇਲੀ।
ਕੋਈ ਹਾਰੇ ਜਾਂ ਜਿੱਤ ਜਾਏ ਕੋਈ ਬੇਸ਼ੱਕ,
ਵਿਗੜੀ ਤਾਣੀ ਨਾ ਹੋਣੀ ਆ ਠੀਕ ਬੇਲੀ।

-ਤੀਸ ਮਾਰ ਖਾਂ

## ਲਾਰੈਂਸ ਬਿਸ਼ਨੋਈ ਗੈਂਗ ਦੇ 5 ਗੁਰਗੇ 7 ਪਿਸਤੌਲਾਂ ਤੇ ਗੋਲੀ-ਸਿੱਕੇ ਸਮੇਤ ਕਾਬੂ

**ਪਟਿਆਲਾ (ਅਵਤਾਰ ਜਣਾਣਾ)**

ਪਟਿਆਲਾ ਪੁਲਸ ਨੇ ਲਾਰੈਂਸ ਬਿਸ਼ਨੋਈ ਗੈਂਗ ਦੇ 5 ਗੁਰਗਿਆਂ ਨੂੰ 30 ਤੇ 32 ਬੋਰ ਦੇ 3-3 ਪਿਸਤੌਲਾਂ, 315 ਬੋਰ ਦਾ ਇੱਕ ਦੇਸੀ ਕੱਟਾ ਅਤੇ 10 ਮੈਗਜ਼ੀਨ ਸਮੇਤ 11 ਜ਼ਿੰਦਾ ਕਾਰਤੂਸ ਸਮੇਤ ਗ੍ਰਿਫ਼ਤਾਰ ਕੀਤਾ ਹੈ। ਐੱਸ ਐੱਸ ਪੀ ਵਰੁਣ ਸ਼ਰਮਾ ਨੇ ਪ੍ਰੈੱਸ ਕਾਨਫਰੰਸ 'ਚ ਦੱਸਿਆ ਕਿ ਪੈਸੇ ਲਈ ਅਪਰਾਧ ਜਗਤ ਨਾਲ ਜੁੜੇ ਇਨ੍ਹਾਂ ਨੌਜਵਾਨਾਂ ਦੀ ਪਛਾਣ ਤੇਜਿੰਦਰ ਸਿੰਘ ਉਰਫ਼ ਫ਼ੌਜੀ ਵਾਸੀ ਪਿੰਡ ਦੌਣ ਕਲਾਂ, ਰਾਹੁਲ ਕੱਦੂ ਵਾਸੀ ਪਿੰਡ ਬੜਾਓਮਾ ਜ਼ਿਲ੍ਹਾ ਵਧਾਇਆ ਯੂ.ਪੀ. ਹਾਲ ਵਾਸੀ ਨੇੜੇ ਬਾਬਾ ਭਵਾਤ ਰੋਡ ਮੋਹਾਲੀ ਜ਼ੀਰਕਪੁਰ, ਵਿਪਲ ਕੁਮਾਰ ਬਿੱਟੂ ਵਾਸੀ ਪਿੰਡ ਰਾਮਨਗਰ ਮੇਰਠ ਯੂ.ਪੀ., ਸੁਖਚੈਨ ਸਿੰਘ ਉਰਫ਼ ਸੁੱਖੀ ਵਾਸੀ ਪਿੰਡ ਸਿਆਲੂ ਘਨੌਰ, ਦੇਵ ਕਰਨ ਵਾਸੀ ਪਿੰਡ ਕਲਿਆਣਪੁਰ ਮੇਰਠ ਯੂ.ਪੀ. ਵਜੋਂ ਹੋਈ, ਜਿਹੜੇ ਕੇ ਸੁਪਾਰੀ ਲੈ ਕੇ ਕਤਲ ਤੇ ਹੋਰ ਸੰਗੀਨ ਵਾਰਦਾਤਾਂ ਨੂੰ ਅੰਜਾਮ ਦਿੰਦੇ ਸਨ। ਐੱਸ ਐੱਸ ਪੀ. ਨੇ ਦੱਸਿਆ ਕਿ ਬਰਾਮਦ ਹੋਏ ਨਜਾਇਜ਼ ਹਥਿਆਰਾਂ ਦੀ ਵੀ ਉਨ੍ਹਾਂ ਦੀ ਫੈਕਟਰੀ ਤੱਕ ਜਾ ਕੇ ਗੰਭੀਰਤਾ ਨਾਲ



ਪੜਤਾਲ ਕੀਤੀ ਜਾਵੇਗੀ।

ਸ਼ਰਮਾ ਨੇ ਦੱਸਿਆ ਕਿ ਐੱਸ.ਪੀ. ਪੀ.ਬੀ.ਆਈ. ਸਰਨਜੀਤ ਕੌਰ ਤੇ ਐੱਸ.ਪੀ. ਸਿਟੀ ਪਲਵਿੰਦਰ ਸਿੰਘ ਚੀਮਾ ਦੀ ਅਗਵਾਈ ਹੇਠ ਡੀ.ਐੱਸ.ਪੀ. ਸਰਕਲ ਦਿਹਾਤੀ ਦੀ ਨਿਗਰਾਨੀ ਹੇਠ ਥਾਣਾ ਸਦਰ ਪਟਿਆਲਾ ਦੇ ਮੁਖੀ ਇੰਸਪੈਕਟਰ ਅੰਮ੍ਰਿਤਵੀਰ ਸਿੰਘ ਦੀ ਟੀਮ ਦੇ ਮੈਂਬਰ ਤੇ ਚੌਕੀ ਬਹਾਦਰਗੜ੍ਹ ਦੇ ਇੰਚਾਰਜ ਏ.ਐੱਸ.ਆਈ. ਹਰਦੀਪ ਸਿੰਘ ਦੀ ਪੁਲਸ ਪਾਰਟੀ ਨੇ ਇਨ੍ਹਾਂ ਗ੍ਰਿਫ਼ਤਾਰੀਆਂ ਕੀਤੀਆਂ ਹਨ। ਐੱਸ.ਐੱਸ.ਪੀ. ਨੇ ਦੱਸਿਆ ਕਿ 24 ਮਈ ਨੂੰ ਪਿੰਡ ਦੌਣ ਕਲਾਂ ਦੇ ਵਾਸੀ ਦਲਵਿੰਦਰ ਸਿੰਘ ਪੁੱਤਰ ਗੁਰਮੇਲ ਸਿੰਘ 'ਤੇ 7/8 ਅਣਪਛਾਤੇ ਵਿਅਕਤੀਆਂ ਨੇ ਮਾਰ ਦੇਣ ਦੀ ਨੀਅਤ ਨਾਲ ਜਾਨਲੇਵਾ ਹਮਲਾ ਕਰਕੇ ਉਸ ਦੀਆਂ ਲੱਤਾਂ ਤੇ ਬਾਹਾਂ 'ਤੇ ਤਲਵਾਰਾਂ ਤੇ ਰਾਡਾਂ ਨਾਲ ਵਾਰ ਕੀਤੇ ਸਨ। ਉਸ ਦੇ ਬਿਆਨਾਂ ਦੇ ਅਧਾਰ 'ਤੇ ਤੇਜਿੰਦਰ ਸਿੰਘ ਉਰਫ਼ ਫ਼ੌਜੀ ਤੇ ਹੋਰਨਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਸੀ।

ਫ਼ੌਜੀ, ਜੋ ਪਹਿਲਾਂ ਹੀ ਇੱਕ ਮੁਕੱਦਮੇ 'ਚ ਸਾਲ 2022 ਤੋਂ ਜੇਲ੍ਹ ਵਿੱਚ ਬੰਦ ਹੈ, ਨੂੰ ਪ੍ਰੋਡਕਸ਼ਨ ਵਾਰੰਟ ਹਾਸਲ ਕਰਕੇ 13 ਜੂਨ ਨੂੰ ਮੁਕੱਦਮੇ 'ਚ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਨੇ ਪੁੱਛਗਿੱਛ ਵਿੱਚ ਮੰਨਿਆ ਸੀ ਕਿ ਉਸ ਨੇ ਜੇਲ੍ਹ ਵਿੱਚ ਹੁੰਦੇ ਹੋਏ ਸੁਖਚੈਨ ਸਿੰਘ ਸੁੱਖੀ, ਰਾਹੁਲ ਕੱਦੂ, ਵਿਪਲ ਕੁਮਾਰ ਬਿੱਟੂ ਤੇ ਦੇਵ ਕਰਨ ਤੋਂ ਦਲਵਿੰਦਰ ਸਿੰਘ ਦੀ ਕੁੱਟਮਾਰ ਕਰਵਾਈ ਸੀ, ਜਿਸ ਦੇ ਅਧਾਰ 'ਤੇ ਇਨ੍ਹਾਂ ਨੂੰ ਵੀ ਨਾਮਜ਼ਦ ਕੀਤਾ ਗਿਆ ਅਤੇ ਉਸ ਦਿਨ ਸੁਖਚੈਨ ਸਿੰਘ ਉਰਫ਼ ਸੁੱਖੀ ਅਤੇ ਰਾਹੁਲ ਉਰਫ਼ ਕੱਦੂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਤਫ਼ਤੀਸ਼ 'ਚ ਵਿਪਲ ਕੁਮਾਰ ਬਿੱਟੂ ਅਤੇ ਦੇਵ ਕਰਨ ਨੇ ਦੱਸਿਆ ਕਿ ਲੜਾਈ ਵਾਲੇ ਦਿਨ ਉਨ੍ਹਾਂ ਕੋਲ ਇੱਕ ਪਿਸਟਲ 32 ਬੋਰ ਸਮੇਤ 3 ਕਾਰਤੂਸ ਜ਼ਿੰਦਾ, 2 ਮੈਗਜ਼ੀਨ ਅਤੇ ਇੱਕ ਦੇਸੀ ਕੱਟਾ ਨਜਾਇਜ਼ 315 ਬੋਰ ਸਮੇਤ 1 ਕਾਰਤੂਸ ਜ਼ਿੰਦਾ ਸੀ, ਜਿਨ੍ਹਾਂ ਨੂੰ ਉਨ੍ਹਾਂ ਨੇ ਝਗੜੇ ਬਾਅਦ ਰਾਜਾ ਫਾਰਮ ਬਹਾਦਰਗੜ੍ਹ ਨੇੜੇ ਕਿਸੇ ਜਗ੍ਹਾ ਦੱਬ ਦਿੱਤਾ ਸੀ, ਇਨ੍ਹਾਂ ਨੂੰ ਵੀ ਬਰਾਮਦ ਕਰ ਲਿਆ ਗਿਆ ਹੈ।

ਐੱਸ.ਐੱਸ.ਪੀ. ਨੇ ਦੱਸਿਆ ਕਿ ਪੁੱਛਗਿੱਛ ਤੋਂ ਸਾਹਮਣੇ ਆਇਆ ਕਿ ਇਹ ਅਸਲਾ ਮੱਧ ਪ੍ਰਦੇਸ਼ ਤੋਂ ਸਸਤੇ ਭਾਅ ਲਿਆ ਕੇ ਮੰਗ ਅਨੁਸਾਰ ਮਹਿੰਗੇ ਰੇਟ 'ਤੇ ਵੇਚਦੇ ਹਨ। ਇਨ੍ਹਾਂ ਨੇ ਮੰਨਿਆ ਕਿ ਲੜਾਈ ਤੋਂ ਪਹਿਲਾਂ ਉਹ 5 ਸਨ, ਉੱਥੋਂ 18 ਜੂਨ ਨੂੰ 30 ਬੋਰ ਪਿਸਟਲ, 32 ਬੋਰ ਪਿਸਟਲ ਸਮੇਤ 8 ਮੈਗਜ਼ੀਨ ਅਤੇ 3 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਹਨ ਤੇ ਇਨ੍ਹਾਂ ਦਾ ਅਦਾਲਤ ਤੋਂ ਰਿਮਾਂਡ ਲੈ ਕੇ ਪੁੱਛਗਿੱਛ ਕੀਤੀ ਜਾ ਰਹੀ ਹੈ। ਐੱਸ.ਐੱਸ.ਪੀ. ਵਰੁਣ ਸ਼ਰਮਾ ਨੇ ਕਿਹਾ ਕਿ ਭਿੰਡਾ ਕਤਲ ਕੇਸ ਵਿੱਚ ਤੇਜਿੰਦਰ ਸਿੰਘ ਉਰਫ਼ ਫ਼ੌਜੀ ਦਿਖ ਮ੍ਰਿਤਕ ਭਿੰਡਾ ਦੇ ਪਰਵਾਰ 'ਤੇ ਰਾਜ਼ੀਨਾਮਾ ਕਰਨ ਲਈ ਦਬਾਅ ਬਣਾ ਰਹੇ ਸਨ ਅਤੇ ਦਲਵਿੰਦਰ ਸਿੰਘ ਜੋ ਕਿ ਮ੍ਰਿਤਕ ਭਿੰਡਾ ਦਾ ਦੋਸਤ ਸੀ, ਭਿੰਡੇ ਦੇ ਪਰਵਾਰ ਨੂੰ ਰਾਜ਼ੀਨਾਮਾ ਕਰਨ ਸੰਬੰਧੀ ਰੋਕ ਰਿਹਾ ਸੀ, ਜਿਸ ਕਰਕੇ ਤੇਜਿੰਦਰ ਸਿੰਘ ਉਰਫ਼ ਫ਼ੌਜੀ ਨੇ ਆਪਣੇ ਦੋਸਤਾਂ ਨਾਲ ਦਲਵਿੰਦਰ ਸਿੰਘ 'ਤੇ ਹਮਲਾ ਕਰਵਾਇਆ ਸੀ। ਐੱਸ.ਐੱਸ.ਪੀ. ਨੇ ਇਹ ਵੀ ਦੱਸਿਆ ਕਿ ਤੇਜਿੰਦਰ ਸਿੰਘ ਉਰਫ਼ ਫ਼ੌਜੀ ਅਤੇ ਰਾਹੁਲ ਉਰਫ਼ ਕੱਦੂ ਇਕੱਠੇ ਜੇਲ੍ਹ ਵਿੱਚ ਰਹੇ ਹਨ, ਜਿੱਥੇ ਇਹਨਾਂ ਦੀ ਆਪਸ ਵਿੱਚ ਇੱਕ-ਦੂਜੇ ਦੇ ਜਾਣਕਾਰਾਂ ਰਾਹੀਂ ਸੰਪਰਕ ਵਿੱਚ ਆਏ ਤੇ ਲਾਰੈਂਸ ਬਿਸ਼ਨੋਈ ਗਰੁੱਪ ਨਾਲ ਸੰਬੰਧ ਰੱਖਦੇ ਹਨ ਤੇ ਜੇਲ੍ਹ 'ਚੋਂ ਹੀ ਗੱਲਬਾਤ ਕਰਕੇ, ਯੋਜਨਾ ਬਣਾ ਕੇ ਸਾਰੀਆਂ ਘਟਨਾਵਾਂ ਨੂੰ ਅੰਜਾਮ ਦਿੰਦੇ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਨੇ ਹੁਣ ਵੀ ਕੁਝ ਤੇ ਪਟਿਆਲਾ ਅਤੇ ਹੋਰ ਕਈ ਥਾਵਾਂ 'ਤੇ ਰੇਕੀ ਕੀਤੀ ਹੋਈ ਸੀ ਅਤੇ ਕਈ ਟਾਰਗੇਟ ਕਿਲਿੰਗ ਦੀਆਂ ਘਟਨਾਵਾਂ ਨੂੰ ਅੰਜਾਮ ਦੇਣਾ ਸੀ।

## ਕਿਸਾਨ ਬਲਦੇਵ ਸਿੰਘ ਪਿਛਲੇ ਅੱਠ ਸਾਲਾਂ ਤੋਂ ਕਰ ਰਿਹੈ ਝੋਨੇ ਦੀ ਸਿੱਧੀ ਬਿਜਾਈ



**ਕੋਟ ਈਸੇ ਖਾਂ (ਅਰੋੜਾ)**-ਮਾਨਯੋਗ ਡਿਪਟੀ ਕਮਿਸ਼ਨਰ ਮੋਗਾ ਸ੍ਰੀ ਸਾਗਰ ਸੇਤੀਆ ਦੀਆਂ ਹਦਾਇਤਾਂ ਤੇ ਮੁੱਖ ਖੇਤੀਬਾੜੀ ਅਫਸਰ ਮੋਗਾ ਡਾ. ਗੁਰਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਬਲਾਕ ਖੇਤੀਬਾੜੀ ਅਫਸਰ ਕੋਟ ਈਸੇ ਖਾਂ ਡਾ. ਗੁਰਬਾਜ ਸਿੰਘ ਦੀ ਯੋਗ ਅਗਵਾਈ ਹੇਠ ਡਾ. ਗੁਰਪ੍ਰੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਵੱਲੋਂ ਪਿੰਡ ਤਲਵੰਡੀ ਨੌ ਬਹਾਰ ਵਿਖੇ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨ ਬਲਦੇਵ ਸਿੰਘ ਦੇ ਖੇਤ ਦਾ ਨਿਰੀਖਣ ਕੀਤਾ ਗਿਆ। ਇਸ ਮੌਕੇ ਡਾ. ਗੁਰਪ੍ਰੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ ਵੱਲੋਂ ਦੱਸਿਆ ਗਿਆ ਕਿ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਦੀ ਪ੍ਰੋਤਸਾਹਨ ਰਾਸ਼ੀ ਦਿੱਤੀ ਜਾ ਰਹੀ ਹੈ ਤੇ ਕਿਸਾਨ 30 ਜੂਨ 2025 ਤੱਕ ਇਸ ਸਕੀਮ ਦਾ ਲਾਭ ਲੈਣ ਲਈ ਖੇਤੀਬਾੜੀ ਵਿਭਾਗ ਦੇ ਆਨਲਾਈਨ ਪੋਰਟਲ ਉੱਪਰ ਅਪਲਾਈ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਬਲਦੇਵ ਸਿੰਘ ਵੱਲੋਂ ਪਿਛਲੇ ਸੱਤ ਸਾਲਾਂ ਤੋਂ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਝੋਨੇ ਦੀਆਂ ਸਿਫਾਰਸ਼ਸ਼ੁਦਾ ਕਿਸਮਾਂ ਦੀ ਸਫਲਤਾਪੂਰਵਕ ਸਿੱਧੀ ਬਿਜਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਝੋਨੇ ਦੀ ਸਿੱਧੀ ਬਿਜਾਈ ਵਧੀਆ ਵਿਕਲਪ ਹੈ। ਇਸ ਮੌਕੇ ਬਲਦੇਵ ਸਿੰਘ ਨੇ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਕਰਨ ਨਾਲ ਲੇਬਰ, ਝਾੜ ਘਟਣ, ਨਦੀਨ ਦੀ ਕੋਈ ਸਮੱਸਿਆ ਨਹੀਂ ਆਉਂਦੀ, ਜਦਕਿ ਇਸ ਨਾਲ ਝਾੜ ਵੱਧਦਾ ਹੈ ਤੇ ਸਮੇਂ, ਪੈਸੇ ਦੀ ਬੱਚਤ ਹੁੰਦੀ ਹੈ। ਇਸ ਮੌਕੇ ਗਗਨਦੀਪ ਸਿੰਘ ਏ.ਟੀ.ਐੱਮ. ਨੇ ਦੱਸਿਆ ਕਿ ਸਿੱਧੀ ਬਿਜਾਈ ਨੂੰ ਲੈ ਕੇ ਕਿਸਾਨਾਂ ਵੱਲੋਂ ਕਾਫੀ ਦਿਲਚਸਪੀ ਦਿਖਾਈ ਜਾ ਰਹੀ ਹੈ। ਇਸ ਮੌਕੇ ਖੇਤੀਬਾੜੀ ਦਫਤਰ ਤੋਂ ਹਰਦੀਪ ਸਿੰਘ ਤੇ ਹੋਰ ਕਿਸਾਨ ਹਾਜ਼ਰ ਸਨ।

## ਸੀ ਪੀ ਆਈ ਵੱਲੋਂ ਈਰਾਨ ਤੇ ਫਲਸਤੀਨ 'ਤੇ ਇਜ਼ਰਾਈਲੀ ਹਮਲਿਆਂ ਵਿਰੁੱਧ ਪ੍ਰਦਰਸ਼ਨ

### ਗਾਜ਼ਾ 'ਚ ਇਜ਼ਰਾਈਲ ਵੱਲੋਂ ਕੀਤੀ ਜਾ ਰਹੀ ਨਸਲਕੁਸ਼ੀ ਮੰਦਭਾਗਾ ਵਰਤਾਰਾ : ਜਗਸੀਰ ਖੋਸਾ




**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਮਿਊਨਿਸਟ ਪਾਰਟੀ ਤੇ ਖੱਬੇਪੱਖੀ ਪਾਰਟੀਆਂ ਦੇ ਸੱਦੇ 'ਤੇ ਸੀ. ਪੀ. ਆਈ. ਮੋਗਾ ਨੇ ਇਜ਼ਰਾਈਲ ਵੱਲੋਂ ਈਰਾਨ ਤੇ ਫਲਸਤੀਨ 'ਤੇ ਕੀਤੇ ਜਾ ਰਹੇ ਹਮਲਿਆਂ ਵਿਰੁੱਧ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਐਗਜ਼ੈਕਟਿਵ ਮੈਂਬਰ ਜਗਸੀਰ ਖੋਸਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਦੇ ਸਕੱਤਰ ਸੁਖਵਿੰਦਰ ਸਿੰਘ ਮਲੋਟ ਨੇ ਕਿਹਾ ਕਿ ਅਸੀਂ ਗਾਜਾ ਵਿੱਚ ਫਲਸਤੀਨੀ ਲੋਕਾਂ ਵਿਰੁੱਧ ਇਜ਼ਰਾਈਲੀ ਸਰਕਾਰ ਵੱਲੋਂ ਕੀਤੀ ਜਾ ਰਹੀ ਨਸਲਕੁਸ਼ੀ ਮੰਦ ਭਾਗਾ ਵਰਤਾਰਾ ਹੈ। ਵੀਹ ਮਹੀਨਿਆਂ ਤੋਂ ਵੱਧ ਸਮੇਂ 'ਤੋਂ ਇਜ਼ਰਾਈਲ ਦੀ ਬੇਰਹਿਮ ਬੰਬਾਰੀ ਤੇ ਫੌਜੀ ਹਮਲੇ ਨੇ 55,000 ਤੋਂ ਵੱਧ ਫਲਸਤੀਨੀ ਮਾਰੇ ਹਨ, ਜਿਨ੍ਹਾਂ ਵਿੱਚੋਂ ਜ਼ਿਆਦਾਤਰ ਔਰਤਾਂ ਤੇ ਬੱਚੇ ਹਨ। ਜ਼ਰੂਰੀ ਬੁਨਿਆਦੀ ਢਾਂਚੇ, ਹਸਪਤਾਲਾਂ, ਸਕੂਲਾਂ ਤੇ ਸ਼ਰਨਾਰਥੀ ਆਸਰਾ-ਘਰਾਂ ਨੂੰ ਜਾਣਬੁੱਝ ਕੇ ਨਿਸ਼ਾਨਾ ਬਣਾਇਆ ਗਿਆ ਹੈ। ਅਸੀਂ ਅੰਤਰਰਾਸ਼ਟਰੀ ਪਾਣੀਆਂ ਵਿੱਚ ਫਰੀਡਮ ਫਲੋਟੀਲਾ ਗਾਜਾ ਦੇ ਮਾਨਵਤਾਵਾਦੀ ਜਹਾਜ਼ ਮੈਡਲੀਨ 'ਤੇ ਇਜ਼ਰਾਈਲ ਦੇ ਹਮਲੇ ਦੀ ਵੀ ਨਿੰਦਾ ਕਰਦੇ ਹਾਂ। ਭਾਰਤ ਸਰਕਾਰ ਨੂੰ ਬੇਨਤੀ ਕਰਦੇ ਹਾਂ ਕਿ ਉਹ ਸਾਰੇ ਨਜਰਬੰਦ ਅੰਤਰਰਾਸ਼ਟਰੀ ਵਲੰਟੀਅਰਾਂ ਦੀ ਰਿਹਾਈ ਦੀ ਮੰਗ ਕਰੇ, ਗਾਜਾ ਨੂੰ ਬਿਨਾਂ ਰੁਕਾਵਟ ਮਨੁੱਖੀ ਸਹਾਇਤਾ ਯਕੀਨੀ ਬਣਾਏ ਅਤੇ ਅਣਮਨੁੱਖੀ ਘੇਰਾਬੰਦੀ ਨੂੰ ਤੁਰੰਤ ਖਤਮ ਕਰਨ ਦੀ ਮੰਗ ਕਰੇ। ਸੰਯੁਕਤ ਰਾਸ਼ਟਰ ਤੇ ਅੰਤਰਰਾਸ਼ਟਰੀ ਨਿਆਂ ਅਦਾਲਤ ਸਮੇਤ ਵਧ ਰਹੇ ਵਿਸ਼ਵਵਿਆਪੀ ਰੋਸ ਦੇ ਬਾਵਜੂਦ ਨੇਤਨਯਾਹੂ ਸਰਕਾਰ ਆਪਣੀ ਬੇਰਹਿਮ ਮੁਹਿੰਮ ਨੂੰ ਅਮਰੀਕਾ ਤੇ ਉਸ ਦੇ ਕੁਝ ਸਹਿਯੋਗੀਆਂ ਦੇ ਸਮਰਥਨ ਨਾਲ ਬਿਨਾਂ ਕਿਸੇ ਸਜ਼ਾ ਦੇ ਜਾਰੀ ਰੱਖ ਰਹੀ ਹੈ। ਰਫਾਹ 'ਤੇ ਹਾਲ ਹੀ ਵਿੱਚ ਹੋਏ ਹਮਲੇ, ਜਿਸ ਨਾਲ ਪਹਿਲਾਂ ਹੀ ਵਿਸਥਾਪਤ ਸੈਂਕੜੇ ਹਜ਼ਾਰਾਂ ਫਲਸਤੀਨੀਆਂ ਨੂੰ ਦੁਬਾਰਾ ਉਜਾੜ ਦਿੱਤਾ ਗਿਆ ਹੈ, ਇਜ਼ਰਾਈਲੀ ਸਰਕਾਰ ਦੀ ਅੰਤਰਰਾਸ਼ਟਰੀ ਕਾਨੂੰਨ, ਮਨੁੱਖੀ ਅਧਿਕਾਰਾਂ ਤੇ ਬੁਨਿਆਦੀ ਮਨੁੱਖਤਾ ਪ੍ਰਤੀ ਪੂਰੀ ਤਰ੍ਹਾਂ ਅਣਦੇਖੀ ਨੂੰ ਦਰਸਾਉਂਦਾ ਹੈ।

ਅੰਤਰਰਾਸ਼ਟਰੀ ਪਾਣੀਆਂ ਤੋਂ ਫਰੀਡਮ ਫਲੋਟਿਲਾ ਨੂੰ ਅਗਵਾ ਕੀਤੇ ਜਾਣ ਦੀ ਤਾਜ਼ਾ ਘਟਨਾ ਵਿਆਪਕ ਵਿਰੋਧ ਨੂੰ ਭੜਕਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਪ੍ਰੇਸ਼ਾਨ ਕਰਨ ਵਾਲੀ ਗੱਲ ਹੈ ਕਿ ਭਾਰਤ ਸਰਕਾਰ, ਫਲਸਤੀਨੀ ਕਾਜ ਦੇ ਨਾਲ ਮਜ਼ਬੂਤੀ ਨਾਲ ਖੜ੍ਹੇ ਹੋਣ ਦੀ ਬਜਾਏ, ਜਿਸ ਦਾ ਭਾਰਤ ਨੇ ਇਤਿਹਾਸਕ ਤੌਰ 'ਤੇ ਸਮਰਥਨ ਕੀਤਾ ਹੈ, ਇਜ਼ਰਾਈਲੀ ਹਮਲਾਵਰ ਨੂੰ ਖੁਸ਼ ਕਰਨ ਦਾ ਰੁਖ਼ ਵੱਧ ਤੋਂ ਵੱਧ ਅਪਣਾ ਰਹੀ ਹੈ। ਇਹ ਭਾਰਤ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਵਿਦੇਸ਼ ਨੀਤੀ ਤੋਂ ਇੱਕ ਸ਼ਰਮਨਾਕ ਭਟਕਣਾ ਨੂੰ ਦਰਸਾਉਂਦਾ ਹੈ, ਜਿਸ ਦੀਆਂ ਜੜ੍ਹਾਂ ਬਸਤੀਵਾਦੀ ਵਿਰੋਧੀ ਏਕਤਾ ਤੇ ਰਾਸ਼ਟਰੀ ਮੁਕਤੀ ਅੰਦੋਲਨਾਂ ਦੇ ਸਮਰਥਨ ਵਿੱਚ ਹਨ। ਫਲਸਤੀਨ ਦੇ ਲੋਕਾਂ ਨਾਲ ਕੌਮੀਅਤ, ਮਾਣ ਤੇ ਆਜ਼ਾਦੀ ਲਈ ਉਨ੍ਹਾਂ ਦੇ ਜਾਇਜ਼ ਸੰਘਰਸ਼ ਵਿੱਚ ਏਕਤਾ ਦਾ ਪ੍ਰਗਟਾਵਾ ਕਰੋ। ਉਨ੍ਹਾਂ ਮੰਗ ਕੀਤੀ ਕਿ ਭਾਰਤ ਸਰਕਾਰ ਫਲਸਤੀਨੀ ਕਾਜ ਪ੍ਰਤੀ ਸਾਡੇ ਇਤਿਹਾਸਕ ਸਮਰਥਨ ਦੇ ਅਨੁਸਾਰ ਇੱਕ ਸਿਧਾਂਤਕ ਸਟੈਂਡ ਲਵੇ ਅਤੇ ਇਜ਼ਰਾਈਲ ਨਾਲ ਸਾਰੇ ਫੌਜੀ ਤੇ ਸੁਰੱਖਿਆ ਸਹਿਯੋਗ ਨੂੰ ਤੁਰੰਤ ਬੰਦ ਕਰੇ। ਅੰਤ ਵਿੱਚ ਉਨ੍ਹਾਂ ਕਿਹਾ ਕਿ ਕਿਰਤ ਕਰਨ ਵਾਲੇ ਲੋਕਾਂ ਦੀ ਬੰਦਖਲਾਸੀ ਲਈ ਸਿਰਫ ਤੇ ਸਿਰਫ ਜਮਾਤੀ ਜੰਗ ਹੀ ਜ਼ਰੂਰੀ ਹੈ ਅਤੇ ਇਸ ਨੂੰ ਤੇਜ਼ ਕਰਨਾ ਜ਼ਰੂਰੀ ਹੈ। ਇਸ ਮੌਕੇ ਪੋਹਲਾ ਸਿੰਘ ਬਰਾੜ, ਇੰਜ: ਸਵਰਨ ਸਿੰਘ ਖੋਸਾ, ਸਵਰਾਜ ਖੋਸਾ, ਗੁਰਮੇਲ ਸਿੰਘ ਨਾਹਰ, ਭੁਪਿੰਦਰ ਸਿੰਘ ਭਿੰਡਾ, ਪ੍ਰੇਮ ਕੁਮਾਰ, ਸੁਖਵਿੰਦਰ ਲਾਲ ਪੱਪੂ, ਇਕਬਾਲ ਸਿੰਘ ਰਿਟਾਇਰ ਸੂਬੇਦਾਰ, ਜਸਵਿੰਦਰ ਕੌਰ ਹਾਜ਼ਰ ਸਨ।

## ਨਗਰ ਕੌਂਸਲ ਵਿਖੇ ਹੋਈ ਬੋਲੀ 'ਚ ਘਪਲੇਬਾਜ਼ੀ ਦੀ ਮੁੱਖ ਮੰਤਰੀ ਵੱਲੋਂ ਜਾਂਚ ਦੇ ਹੁਕਮ

**ਜੈਤੋ (ਸਤੀਸ਼ ਕੁਮਾਰ ਭੀਰੀ)**-ਨਗਰ ਕੌਂਸਲ ਜੈਤੋ ਵੱਲੋਂ ਘਪਲੇਬਾਜ਼ੀ, ਬੇਈਮਾਨੀ, ਗੁੰਡਾਗਰਦੀ ਤੇ ਕਾਨੂੰਨ ਨੂੰ ਛਿੱਕੇ ਟੰਗ ਵਿੱਚ ਪਿਛਲੀਆਂ ਸਰਕਾਰਾਂ ਦੇ ਕੰਮਾਂ ਨੂੰ ਤਾਰੀਫ ਕਾਬਲ ਬਣਾ ਦਿੱਤਾ ਗਿਆ ਹੈ। ਇੱਥੇ ਦੱਸਣਯੋਗ ਹੈ ਕਿ ਮੌਜੂਦਾ ਪ੍ਰਧਾਨ ਹਰੀਸ਼ ਵੱਲੋਂ ਪਿਛਲੀਆਂ ਸਰਕਾਰਾਂ ਦੌਰਾਨ ਲਗਾਤਾਰ ਤੇ ਅਨੇਕਾਂ ਵਾਰ ਟੀ ਆਈ ਅਰਜ਼ੀਆਂ ਪਾ ਕੇ ਨਗਰ ਕੌਂਸਲ ਵੱਲੋਂ ਕੀਤੇ ਜਾਂਦੇ ਤਮਾਮ ਕੰਮਾਂ ਜਿਵੇਂ ਕਿ ਖੁੱਲ੍ਹੀ ਬੋਲੀ, ਸੜਕਾਂ ਗਲੀਆਂ ਨਾਲੀਆਂ ਦੇ ਠੇਕੇ, ਸਟਰੀਟ ਲਾਈਟਾਂ ਤੇ ਸੀਵਰੇਜ ਸਿਸਟਮ ਦੇ ਖਿਲਾਫ ਘਪਲੇਬਾਜ਼ੀ ਉਜਾਗਰ ਕਰਨ ਦਾ ਨਾਅਰਾ ਬੁਲੰਦ ਕੀਤਾ ਗਿਆ ਸੀ। ਦੱਸਣਯੋਗ ਹੈ ਕਿ ਢਿੱਡੋਂ ਪਿੱਟਣ ਵਾਲਾ ਹਰੀਸ਼ ਚੰਦਰ ਅੱਜ ਖੁਦ ਪ੍ਰਧਾਨਗੀ ਦੀ ਕੁਰਸੀ 'ਤੇ ਕਾਬਜ਼ ਹੋ ਕੇ ਖੁੱਲ੍ਹੀ ਬੋਲੀ ਹੋਣ ਸ਼ਰੇਆਮ ਘਪਲੇਬਾਜ਼ੀ ਤੇ ਧੱਕੇਸ਼ਾਹੀ ਕਰ ਰਿਹਾ ਹੈ, ਜੇਕਰ ਕਿਸੇ ਸਮਾਜਸੇਵੀ ਜਾਂ ਪੱਤਰਕਾਰ ਭਾਈਚਾਰੇ ਨੇ ਇਸ ਧੱਕੇਸ਼ਾਹੀ ਵਿਰੁੱਧ ਆਵਾਜ਼ ਉਠਾਉਣ ਦੀ ਕੋਸ਼ਿਸ਼ ਕੀਤੀ ਤਾਂ ਪ੍ਰਧਾਨ ਹਰੀਸ਼ ਪਰਿਵਾਰ ਸਮੇਤ ਬੁਖਲਾਹਟ ਵਿੱਚ ਆ ਕੇ ਸੋਸ਼ਲ ਮੀਡੀਆ ਰਾਹੀਂ ਉਨ੍ਹਾਂ ਦੀ ਕਿਰਦਾਰਕੁਸ਼ੀ ਕਰਨ ਲੱਗ ਪਿਆ ਤੇ ਆਪਣੇ ਕਿਰਦਾਰ ਦੇ ਹੇਠਲੇ ਪੱਧਰ ਨੂੰ ਛੂੰਹਦਾ ਹੋਇਆ ਪੱਤਰਕਾਰਾਂ ਨੂੰ ਧਮਕੀਆਂ ਦੇਣ ਲੱਗ ਪਿਆ। ਜੇਕਰ ਜਾਣਕਾਰੀ ਦਿੱਤੀ ਜਾਵੇ ਤਾਂ ਇਹ ਹੈ ਕਿ ਨਗਰ ਕੌਂਸਲ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਲਗਾਤਾਰ ਤੇ ਸ਼ਰੇਆਮ ਕਾਨੂੰਨ ਦੀਆਂ ਧੱਜੀਆਂ ਉਡਾਉਣ ਨੂੰ ਵੀ ਪਹਿਲ ਦਿੱਤੀ ਜਾ ਰਹੀ ਹੈ। ਨਗਰ ਕੌਂਸਲ ਜੈਤੋ ਦੇ ਪ੍ਰਧਾਨ ਹਰੀਸ਼ ਚੰਦਰ ਤੇ ਈ ਓ ਮਨਿੰਦਰ ਪਾਲ ਸਿੰਘ ਵੱਲੋਂ ਕੀਤੀ ਗਈ ਗੁੰਡਾਗਰਦੀ, ਧੱਕੇਸ਼ਾਹੀ ਤੇ ਇਸ ਦੇ ਨਾਲ ਹੀ ਨਗਰ ਕੌਂਸਲ ਨੂੰ ਭਾਰੀ ਆਰਥਿਕ ਨੁਕਸਾਨ ਪਹੁੰਚਾਉਣ ਦੀ ਜਾਂਚ ਕਰਨ ਲਈ ਐਡਵੋਕੇਟ ਸਤੀਸ਼ ਕੁਮਾਰ ਵੱਲੋਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਲਿਖਿਆ ਗਿਆ ਸੀ, ਜਿਸ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਮੁੱਖ ਮੰਤਰੀ ਨੇ ਇਸ ਘਪਲੇਬਾਜ਼ੀ ਦੀ ਜਾਂਚ ਆਈ ਏ ਐੱਸ ਤੇਜਵੀਰ ਸਿੰਘ ਪ੍ਰਮੁੱਖ ਸਕੱਤਰ ਸਥਾਨਕ ਸਰਕਾਰਾਂ ਵਿਭਾਗ ਨੂੰ ਸੌਂਪ ਦਿੱਤੀ। ਜਦੋਂ ਇਸ ਮਾਮਲੇ ਸਬੰਧੀ ਪੱਖ ਲੈਣ ਲਈ ਪ੍ਰਮੁੱਖ ਸਕੱਤਰ ਨੂੰ ਫੋਨ ਕੀਤਾ ਤਾਂ ਉਨ੍ਹਾਂ ਕਿਹਾ ਕਿ ਇਸ ਦੀ ਪੜਤਾਲ ਕਰਨ ਉਪਰੰਤ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਤੇ ਦੋਸ਼ੀਆਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮੁੱਖ ਸਕੱਤਰ ਦਫ਼ਤਰ ਵੱਲੋਂ ਇਸ ਫ਼ਰਜ਼ੀਵਾੜੇ ਦੀ ਸ਼ਿਕਾਇਤ ਦੀ ਜਾਂਚ ਕਰਨ ਲਈ ਡਾਇਰੈਕਟਰ ਸਥਾਨਕ ਸਰਕਾਰਾਂ ਵਿਭਾਗ ਨੂੰ ਭੇਜ ਦਿੱਤਾ ਗਿਆ। ਇਸ ਸਬੰਧੀ ਜਾਣਕਾਰੀ ਲੈਣ ਲਈ ਜਦੋਂ ਡਾਇਰੈਕਟਰ ਗੁਰਪ੍ਰੀਤ ਸਿੰਘ ਖਹਿਰਾ ਨੂੰ ਫੋਨ ਕੀਤਾ ਤਾਂ ਉਨ੍ਹਾਂ ਨਾਲ ਸੰਪਰਕ ਨਹੀਂ ਹੋ ਸਕਿਆ।

## ਫੋਟੋਗ੍ਰਾਫਰ ਐਸੋਸੀਏਸ਼ਨ ਦੇ ਸੂਬਾਈ ਅਜਲਾਸ ਦਾ ਪੋਸਟਰ ਰਿਲੀਜ਼



**ਭੀਖੀ (ਧਰਮਵੀਰ ਸ਼ਰਮਾ)**-ਆਲ ਇੰਡੀਆ ਫੋਟੋਗ੍ਰਾਫਰ ਫੈਡਰੇਸ਼ਨ ਦੇ ਸਹਿਯੋਗ ਨਾਲ ਪੰਜਾਬ ਫੋਟੋਗ੍ਰਾਫਰ ਐਸੋਸੀਏਸ਼ਨ ਵੱਲੋਂ ਅਗਾਮੀ ਮਹੀਨੇ ਕਰਵਾਏ ਜਾਣ ਵਾਲੇ ਸੂਬਾਈ ਅਜਲਾਸ ਦਾ ਸਥਾਨਕ ਇਕਾਈ ਵੱਲੋਂ ਪੋਸਟਰ ਰਿਲੀਜ਼ ਕੀਤਾ ਗਿਆ। ਇਸ ਮੌਕੇ ਪ੍ਰਧਾਨ ਮਨਦੀਪ ਸਿੰਗਲਾ ਨੇ ਦੱਸਿਆ ਕਿ ਇਸ ਸੂਬਾਈ ਅਜਲਾਸ ਦੌਰਾਨ ਜਿੱਥੇ ਫੋਟੋਗ੍ਰਾਫਰਾਂ ਨੂੰ ਦਰਪੇਸ਼ ਸਮੱਸਿਆਵਾਂ 'ਤੇ ਵਿਸਥਾਰਕ ਵਿਚਾਰ ਕੀਤਾ ਜਾਵੇਗਾ, ਉਥੇ ਫੋਟੋਗ੍ਰਾਫੀ ਖੇਤਰ ਵਿੱਚ ਆ ਰਹੀਆਂ ਨਵੀਆਂ ਤਕਨੀਕਾਂ, ਵੱਖ ਵੱਖ ਉਪਕਰਨਾਂ ਸਬੰਧੀ ਵੀ ਜਾਣਕਾਰੀ ਦਿੱਤੀ ਜਾਵੇਗੀ, ਜਿਸ ਨੂੰ ਲੈ ਕੇ ਫੋਟੋਗ੍ਰਾਫਰ ਭਾਈਚਾਰਾ ਉਤਸ਼ਾਹਤ ਤੇ ਉਤਸੁਕ ਹੈ। ਉਨ੍ਹਾਂ ਸਮੂਹ ਫੋਟੋਗ੍ਰਾਫਰਾਂ ਨੂੰ ਅਪੀਲ ਕੀਤੀ ਕਿ ਉਹ ਆਧੁਨਿਕ ਫੋਟੋਗ੍ਰਾਫੀ ਪ੍ਰਣਾਲੀ ਨਾਲ ਜੁੜਨ ਲਈ ਵੱਧ ਤੋਂ ਵੱਧ ਗਿਣਤੀ 'ਚ ਇਸ ਅਜਲਾਸ ਵਿੱਚ ਸ਼ਾਮਲ ਹੋ ਕੇ ਆਪਣਾ ਕਿੱਤਾਕਾਰੀ ਫਾਇਦਾ ਉਠਾਉਣ। ਇਸ ਮੌਕੇ ਜੀਵਨ ਸਿੰਗਲਾ, ਜਸਵੀਰ ਸਿੰਘ ਜੋਗਾ, ਦਲਵੀਰ ਸਿੰਘ, ਗੁਰਦੀਪ ਸਿੰਘ, ਸੁਖਵਿੰਦਰ ਸਿੰਘ ਗੋਗੀ, ਜਗਦੀਪ ਸ਼ਰਮਾ, ਰਿੱਕੀ ਸਿੰਗਲਾ, ਅੰਜੁਮ ਖਾਨ, ਅਮਨਦੀਪ ਕੁਮਾਰ, ਗੁਰਪਾਲ ਸਿੰਘ, ਸਲੀਮ ਖਾਨ, ਰਜਿੰਦਰ ਸਿੰਘ ਤੇ ਸ਼ਿੰਗਾਰਾ ਸਿੰਘ ਮੌਜੂਦ ਸਨ।

## ਸਾਈਬਰ ਫਿਜ਼ੀਕਲ ਤੇ ਆਰਟੀਫਿਸ਼ੀਅਲ ਇੰਟੈਲੀਜੈਂਸ ਲੈਬ ਜਲਦ ਸਥਾਪਤ ਹੋਵੇਗੀ : ਸੰਧਵਾਂ



**ਕੋਟਕਪੂਰਾ (ਰਛਪਾਲ ਭੁੱਲਰ)**-ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਦੇ ਦਿਸ਼ਾ-ਨਿਰਦੇਸ਼ਾਂ ਤੇ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਸੁਚੱਜੀ ਯੋਗ ਅਗਵਾਈ ਹੇਠ ਇਲਾਕੇ ਦੇ ਸਰਕਾਰੀ ਬਹੁਤਕਨੀਕੀ ਕਾਲਜ ਕੋਟਕਪੂਰਾ ਵਿਖੇ ਇਲਾਕੇ ਦੀ ਪਹਿਲੀ ਸਾਈਬਰ ਫਿਜ਼ੀਕਲ ਲੈਬ ਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਲੈਬ ਸਥਾਪਤ ਕੀਤੀ ਜਾ ਰਹੀ ਹੈ। ਪ੍ਰਿੰਸੀਪਲ ਇੰਜੀ. ਸੁਰੇਸ਼ ਕੁਮਾਰ ਨੇ ਦੱਸਿਆ ਕਿ ਕਾਲਜ ਵਿਖੇ ਇਹ ਲੈਬ ਸਥਾਪਤ ਕਰਨ ਲਈ ਸੰਧਵਾਂ ਦੀ ਰਹਿਨੁਮਾਈ ਹੇਠ ਸਕੱਤਰ ਤਕਨੀਕੀ ਸਿੱਖਿਆ ਵਿਭਾਗ, ਡਾਇਰੈਕਟਰ ਤਕਨੀਤੀ ਸਿੱਖਿਆ ਵਿਭਾਗ, ਵਧੀਕ ਡਾਇਰੈਕਟਰ ਦਰਸ਼ਨ ਸਿੰਘ ਸਿੱਧੂ ਤੇ ਰਵਿੰਦਰ ਸਿੰਘ ਹੁੰਦਲ ਅਤੇ ਵਿਭਾਗ ਦੇ ਕੋਆਰਡੀਨੇਟਰ ਨਵਨੀਤ ਵਾਲੀਆ ਦੇ ਅਣਥੱਕ ਯਤਨਾਂ ਸਦਕਾਂ ਆਈ.ਆਈ.ਟੀ., ਰੋਪੜ ਤੇ ਸਰਕਾਰੀ ਬਹੁਤਕਨੀਕੀ ਕਾਲਜ, ਕੋਟਕਪੂਰਾ ਵਿਚਕਾਰ ਮੈਮੋਰੈਂਡਮ ਆਫ ਅੰਡਰਸਟੈਂਡਿੰਗ (ਐਮ.ਓ.ਯੂ.) ਸਾਈਨ ਕੀਤਾ ਗਿਆ ਹੈ, ਜੋ ਪੂਰੇ ਜ਼ਿਲ੍ਹੇ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਦੱਸਿਆ ਕਿ ਇਸ ਲੈਬ ਨਾਲ ਸੰਸਥਾ ਦੇ ਵਿਦਿਆਰਥੀ ਤੇ ਆਮ ਲੋਕ ਆਧੁਨਿਕ ਟੈਕਨਾਲੋਜੀ ਦੇ ਰੂ-ਬ-ਰੂ ਹੋ ਸਕਣਗੇ ਤੇ ਆਪਣੇ ਭਵਿੱਖ ਨੂੰ ਉੱਜਵਲ ਕਰ ਸਕਣਗੇ ਤੇ ਨਾਲ ਹੀ ਕੋਟਕਪੂਰਾ ਹਲਕੇ ਦੇ ਵਿਦਿਆਰਥੀਆਂ ਨੂੰ ਸਕਿੱਲ, ਟ੍ਰੇਨਿੰਗ ਤੇ ਪਲੇਸਮੈਂਟ ਵਿੱਚ ਵੀ ਵੱਡੇ ਪੱਧਰ ਤੇ ਮੱਦਦ ਮਿਲੇਗੀ।

## ਦਰਬਾਰ ਸਾਹਿਬ 'ਚ ਸੇਵਾ ਕੀਤੀ




**ਬੁਢਲਾਡਾ (ਅਸ਼ੋਕ ਲਾਕੜਾ)**-ਗੁਰੂ ਨਾਨਕ ਕਾਲਜ ਵੱਲੋਂ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੀ ਅਗਵਾਈ ਵਿੱਚ ਦਰਬਾਰ ਸਾਹਿਬ ਵਿਖੇ ਸੰਗਤ ਲਈ ਜਲ ਸੇਵਾ, ਲੰਗਰ ਦੀ ਸੇਵਾ, ਬਰਤਨਾਂ ਦੀ ਸੇਵਾ, ਜੋੜਿਆਂ ਦੀ ਸੇਵਾ ਤੇ ਹੋਰ ਸੇਵਾਵਾਂ ਨਿਭਾਈਆਂ ਗਈਆਂ। ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੀ ਇਹ ਨਿਵੇਕਲੀ ਪਹਿਲਕਦਮੀ ਸਦਕਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਆਉਂਦੀਆਂ ਸਮੁੱਚੀਆਂ ਸੰਸਥਾਵਾਂ ਅੰਦਰ ਅਜਿਹੀ ਨੈਤਿਕ ਸਿੱਖਿਆ ਦਾ ਉਪਰਾਲਾ ਕਰਨਾ ਸ਼ਲਾਘਾਯੋਗ ਹੈ। ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਦੱਸਿਆ ਕਿ ਗ਼ਰਮੀ ਦੀਆਂ ਛੁੱਟੀਆਂ ਵਿਚ ਹਰ ਸਾਲ ਜੂਨ ਮਹੀਨੇ ਹਰਿਮੰਦਰ ਸਾਹਿਬ ਵਿਖੇ ਦੇਸ਼ਾਂ ਤੇ ਵਿਦੇਸ਼ਾਂ ਤੋਂ ਸੰਗਤ ਦੀ ਆਮਦ ਵਿਚ ਵਾਧਾ ਹੁੰਦਾ ਹੈ, ਜਿਸ ਤਹਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵਿੱਦਿਅਕ ਅਦਾਰਿਆਂ ਵੱਲੋਂ ਇਹ ਨਿਵੇਕਲੀ ਸੇਵਾ ਦਾ ਉਪਰਾਲਾ ਕੀਤਾ ਗਿਆ ਹੈ। ਇਸ ਤਹਿਤ ਸੰਸਥਾ ਦੇ ਵਿਦਿਆਰਥੀਆਂ ਅਤੇ ਅਧਿਆਪਨ ਤੇ ਗੈਰ ਅਧਿਆਪਨ ਅਮਲੇ ਦੇ ਮੈਂਬਰਾਂ ਨੇ ਵਧ-ਚੜ੍ਹ ਕੇ ਸ਼ਮੂਲੀਅਤ ਕੀਤੀ। ਉਨ੍ਹਾਂ ਇਸ ਸੇਵਾ ਸਬੰਧੀ ਦੱਸਿਆ ਕਿ ਇਹ ਸੇਵਾ ਨਾਲ ਜਿੱਥੇ ਵਿਦਿਆਰਥੀਆਂ ਵਿੱਚ ਸੇਵਾ ਭਾਵਨਾ ਆਉਂਦੀ ਹੈ, ਉੱਥੇ ਵਿਦਿਆਰਥੀਆਂ ਨੂੰ ਸਹਿਜ ਤੇ ਮਰਿਆਦਾ ਵਿੱਚ ਰਹਿਣ ਦੀ ਜਾਚ ਆਉਂਦੀ ਹੈ। ਇਹ ਸੇਵਾ ਵਿਦਿਆਰਥੀਆਂ ਨੇ ਸਵੇਰੇ 6 ਵਜੇ ਤੋਂ ਸ਼ੁਰੂ ਕਰਕੇ ਦੁਪਹਿਰ 2 ਵਜੇ ਤੱਕ ਕੀਤੀ।

## ਡੀ ਸੀ ਵੱਲੋਂ ਉਦਯੋਗਪਤੀਆਂ ਨਾਲ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਵੱਲੋਂ ਉਦਯੋਗਪਤੀਆਂ ਨਾਲ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਮੈਸ. ਨਵੇਤੀਆ ਇੰਡਸਟਰੀਜ਼ ਤੇ ਮੈਸ. ਏ.ਜ਼ੀ.ਐਚ. ਬਾਇਓਫੀਊਲਜ ਦੇ ਇਲੈਕਟ੍ਰਿਸਿਟੀ ਡਿਊਟੀ ਦੇ ਪ੍ਰੋਤਸਾਹਨ ਪ੍ਰਵਾਨ ਕੀਤੇ ਗਏ। ਉਨ੍ਹਾਂ ਉਦਯੋਗ ਤੇ ਵਿਕਾਸ ਪਾਲਿਸੀ 2022 ਤਹਿਤ ਦਿੱਤੇ ਜਾ ਰਹੇ ਪ੍ਰੋਤਸਾਹਨ ਜਿਵੇਂ ਸਟੇਟ ਟੈਕਸ ਵਿੱਚ ਛੋਟ, ਬਿਜਲੀ ਕਰ ਵਿੱਚ ਛੋਟ ਤੇ ਸਟੈਂਪ ਡਿਊਟੀ ਤੋਂ ਛੋਟ ਬਾਰੇ ਜਾਣਕਾਰੀ ਦਿੱਤੀ। ਡਿਪਟੀ ਕਮਿਸ਼ਨਰ ਨੇ ਉਦਯੋਗਪਤੀਆਂ ਨੂੰ ਇਸ ਪਾਲਿਸੀ ਅਧੀਨ ਮਿਲਣ ਵਾਲੇ ਪ੍ਰੋਤਸਾਹਨ ਦਾ ਲਾਭ ਲੈਣ ਲਈ ਜ਼ਿਲ੍ਹਾ ਉਦਯੋਗ ਕੇਂਦਰ, ਮਾਨਸਾ ਨਾਲ ਸੰਪਰਕ ਕਰਨ ਲਈ ਕਿਹਾ।

## ਡਾ. ਜਗਦੀਪ ਚਾਵਲਾ ਨੇ ਖ਼ੂਨਦਾਨ ਕਰਕੇ ਕੀਤੀ ਕੈਂਪ ਦੀ ਸ਼ੁਰੂਆਤ




**ਸ੍ਰੀ ਮੁਕਤਸਰ ਸਾਹਿਬ (ਕੁਲਭੂਸ਼ਨ ਚਾਵਲਾ)**-ਡਾ ਜਗਦੀਪ ਚਾਵਲਾ ਸਿਵਲ ਸਰਜਨ ਦੀ ਯੋਗ ਅਗਵਾਈ ਵਿਚ ਸਿਹਤ ਵਿਭਾਗ ਵੱਲੋਂ ਦਫਤਰ ਸਿਵਲ ਸਰਜਨ ਵਿਖੇ ਵਿਸ਼ੇਸ਼ ਖ਼ੂਨਦਾਨ ਕੈਂਪ ਲਾਇਆ ਜਾ ਰਿਹਾ ਹੈ। ਇਸ ਕੈਂਪ ਦੀ ਸ਼ੁਰੂਆਤ ਡਾ ਜਗਦੀਪ ਚਾਵਲਾ ਸਿਵਲ ਸਰਜਨ ਵਲੋਂ ਖੁਦ ਖ਼ੂਨਦਾਨ ਕਰਕੇ ਕੀਤੀ ਗਈ। ਕੈਂਪ ਵਿਚ ਸਿਹਤ ਵਿਭਾਗ ਦੇ ਸਟਾਫ ਤੋਂ ਇਲਾਵਾ ਦਫਤਰ ਜ਼ਿਲ੍ਹਾ ਉਦਯੋਗ ਕੇਂਦਰ, ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਦਫਤਰ ਉਸਾਰੀ ਮੰਡਲ ਭਵਨ ਤੇ ਇਮਾਰਤ ਸ਼ਾਖਾ ਦੇ ਸਟਾਫ ਅਤੇ ਸਮਾਜਸੇਵੀ ਸੰਸਥਾਵਾਂ ਦੇ ਮੈਂਬਰ ਅਤੇ ਆਮ ਲੋਕਾਂ ਨੇ ਸਵੈ ਇੱਛਕ ਖ਼ੂਨਦਾਨ ਕੀਤਾ। ਕੈਂਪ ਵਿਚ 42 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਡਾ. ਜਗਦੀਪ ਚਾਵਲਾ ਨੇ ਕਿਹਾ ਕਿ ਸਿਹਤ ਵਿਭਾਗ ਵਲੋਂ ਜ਼ਿਲ੍ਹੇ ਦੀਆਂ ਵੱਖ-ਵੱਖ ਸਮਾਜਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਸਮੇਂ ਸਮੇ ਤੇ ਲੋਕਾਂ ਨੂੰ ਖ਼ੂਨਦਾਨ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ ਤੇ ਲੋਕਾਂ ਨੂੰ ਖ਼ੂਨਦਾਨ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਿਵਲ ਹਸਪਤਾਲ ਵਿਖੇ ਚੱਲ ਰਿਹਾ ਬਲੱਡ ਬੈਂਕ 24 ਘੰਟੇ ਖੁੱਲ੍ਹਾ ਰਹਿੰਦਾ ਹੈ ਅਤੇ ਜ਼ਰੂਰਤਮੰਦ ਵਿਅਕਤੀ ਲਈ ਬਲੱਡ ਬੈਂਕ ਵਿਚ ਖ਼ੂਨ ਹੋਣਾ ਬਹੁਤ ਜ਼ਰੂਰੀ ਹੈ। ਇਹ ਤਾਂ ਹੀ ਸੰਭਵ ਹੋ ਸਕਦਾ ਹੈ ਜੇਕਰ ਅਸੀਂ ਖੁਦ ਖ਼ੂਨਦਾਨ ਕਰੀਏ ਤੇ ਹੋਰ ਲੋਕਾਂ ਨੂੰ ਵੀ ਵੱਧ ਤੋਂ ਵੱਧ ਖ਼ੂਨਦਾਨ ਕਰਨ ਲਈ ਪ੍ਰੇਰਿਤ ਕਰੀਏ ਤਾਂ ਬਲੱਡ ਬੈਂਕ ਪੂਰੀ ਮਾਤਰਾ ਖ਼ੂਨ ਉਪਲਬਧ ਰਹੇ ਤੇ ਲੋੜਵੰਦਾਂ ਵਿਅਕਤੀ ਨੂੰ ਮੁਸ਼ਕਲ ਪੇਸ਼ ਨਾ ਆਵੇ। ਕੈਂਪ ਵਿੱਚ 42 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ।

## ਕਾਂਗਰਸ ਨੇ 2027 ਦੀਆਂ ਚੋਣਾਂ ਲਈ ਖਿੱਚੀ ਤਿਆਰੀ, ਬੂਥ ਕਮੇਟੀਆਂ ਬਣਾਉਣ ਦਾ ਲਿਆ ਫ਼ੈਸਲਾ

### ਆਮ ਆਦਮੀ ਪਾਰਟੀ ਇਸ਼ਤਿਹਾਰਾਂ ਦੀ ਸਰਕਾਰ : ਹੈਰੀ ਮਾਨ



**ਪਟਿਆਲਾ/ਸਨੌਰ (ਰਾਜਿੰਦਰ ਥਿੰਦ)**-ਬਲਾਕ ਕਾਂਗਰਸ ਭੌਨਰਹੇੜੀ ਵੱਲੋਂ ਦੁੱਧਣ ਸਾਧਾਂ ਵਿਖੇ ਇੱਕ ਅਹਿਮ ਬੈਠਕ ਬਲਾਕ ਪ੍ਰਧਾਨ ਹਰਵੀਰ ਸਿੰਘ ਥਿੰਦ ਤੇ ਕਿਸਾਨ ਕਾਂਗਰਸ ਦੇ ਪ੍ਰਧਾਨ ਜੋਗਿੰਦਰ ਸਿੰਘ ਕਾਕੜਾ ਦੀ ਅਗਵਾਈ ਹੇਠ ਕਰਵਾਈ ਗਈ। ਮੀਟਿੰਗ ਵਿੱਚ ਸਨੌਰ ਹਲਕੇ ਦੇ ਇੰਚਾਰਜ ਹਰਿੰਦਰਪਾਲ ਸਿੰਘ ਹੈਰੀਮਾਨ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਨਾਲ ਪੀ.ਸੀ.ਸੀ. ਵੱਲੋਂ ਨਵ-ਨਿਯੁਕਤ ਕੋਆਰਡੀਨੇਟਰ ਨਿੱਪੀ ਵੀ ਸ਼ਾਮਲ ਹੋਏ, ਜਿਨ੍ਹਾਂ ਦਾ ਬੈਠਕ ਦੌਰਾਨ ਸਵਾਗਤ ਕੀਤਾ ਗਿਆ। ਬੈਠਕ ਵਿੱਚ 2027 ਦੀਆਂ ਚੋਣਾਂ ਲਈ ਤਿਆਰੀਆਂ ਸਬੰਧੀ ਰਣਨੀਤੀ ਬਣਾਈ ਗਈ। ਹਰਿੰਦਰਪਾਲ ਸਿੰਘ ਹੈਰੀਮਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਕਾਂਗਰਸ ਵਰਕਰ ਘਰ-ਘਰ ਤੱਕ ਪਹੁੰਚ ਕਰੋ। ਅਸੀਂ 30 ਜੂਨ ਤੱਕ ਬੂਥ, ਮੰਡਲ ਤੇ ਬਲਾਕ ਪੱਧਰ ਦੀਆਂ ਕਮੇਟੀਆਂ ਬਣਾ ਕੇ ਪੀ. ਸੀ. ਸੀ. ਨੂੰ ਭੇਜਾਂਗੇ। ਉਨ੍ਹਾਂ ਕਿਹਾ ਕਿ ਹਰੇਕ ਬੂਥ 'ਤੇ 21 ਮੈਂਬਰੀ, ਮੰਡਲ ਪੱਧਰ 'ਤੇ ਵੀ 21 ਮੈਂਬਰੀ ਤੇ ਬਲਾਕ ਪੱਧਰ 'ਤੇ 31 ਮੈਂਬਰੀ ਕਮੇਟੀਆਂ ਬਣਨਗੀਆਂ। ਇਹ ਕਾਰਜ ਹਰੇਕ ਵਰਕਰ ਦੀ ਜ਼ਿੰਮੇਵਾਰੀ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਹੰਤ ਹਰਵਿੰਦਰ ਸਿੰਘ ਖਨੌੜਾ, ਸਨੌਰ ਦੇ ਬਲਾਕ ਪ੍ਰਧਾਨ ਅਸ਼ਵਨੀ ਬੱਤਾ, ਯੂਥ ਕਾਂਗਰਸ ਜ਼ਿਲ੍ਹਾ ਪ੍ਰਧਾਨ ਪ੍ਰਣਵ ਗੋਇਲ, ਪੰਜਾਬ ਕੋਆਪ੍ਰੇਟਿਵ ਸੋਸਾਇਟੀ ਦੇ ਡਾਇਰੈਕਟਰ ਮਹਿਕ ਗਰੇਵਾਲ, ਜੀਤ ਸਿੰਘ ਮੀਰਾਂਪੁਰ ਸਾਬਕਾ ਚੇਅਰਮੈਨ, ਚਰਨਜੀਤ ਜੱਜ, ਸਤਵਿੰਦਰ ਸਿੰਘ ਸ਼ੈਲੀ, ਜਸਕਰਨ ਸਿੰਘ, ਦਵਿੰਦਰ ਸਿੰਘ ਪੰਜੇਟਾ, ਸਤਿੰਦਰ ਸਿੰਘ ਮੀਰਾਪੁਰ, ਸੁਖਵਿੰਦਰ ਗਿਰ, ਅਵਤਾਰ ਸਿੰਘ ਹਡਾਣਾ, ਬਲਵਿੰਦਰ ਸਿੰਘ ਖਰਾਬਗੜ, ਗੁਰਦੀਪ ਸਿੰਘ ਕਰਤਾਰਪੁਰ, ਸੁਖਚੈਨ ਸਿੰਘ ਲਾਲੀ ਬਿਜਲ ਜੱਟਾਂ ਸਮੇਤ 140 ਤੋਂ ਵੱਧ ਬੂਥ ਇੰਚਾਰਜਾਂ ਨੇ ਸ਼ਮੂਲੀਅਤ ਕੀਤੀ। ਅੰਤ ਵਿੱਚ ਸਾਰੇ ਵਰਕਰਾਂ ਨੇ ਹਰਿੰਦਰ ਸਿੰਘ ਨਿੱਪੀ ਦੀ ਰਹਿਨੁਮਾਈ ਹੇਠ ਇਕਜੁੱਟ ਹੋ ਕੇ ਪਾਰਟੀ ਦੀ ਮਜ਼ਬੂਤੀ ਲਈ ਕਮੇਟੀਆਂ ਬਣਾਉਣ ਦਾ ਪ੍ਰਣ ਲਿਆ। ਇਸ ਮੌਕੇ ਹਰਿੰਦਰਪਾਲ ਸਿੰਘ ਹੈਰੀਮਾਨ ਨੇ ਬੈਠਕ ਦੌਰਾਨ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ 'ਤੇ ਹਮਲਾ ਬੋਲਦਿਆਂ ਕਿਹਾ ਕਿ ਇਹ ਸਰਕਾਰ ਸਿਰਫ ਇਸ਼ਤਿਹਾਰਾਂ ਦੀ ਸਰਕਾਰ ਬਣ ਕੇ ਰਹਿ ਗਈ ਹੈ। ਪੰਜਾਬ ਦੀ ਜਨਤਾ ਨੂੰ ਮੁਫਤ ਦੀਆਂ ਸੇਵਾਵਾਂ ਦੇ ਝੂਠੇ ਸੁਪਨੇ ਵਿਖਾ ਕੇ ਸੱਤਾ ਵਿੱਚ ਆਏ ਸੀ, ਪਰ ਅੱਜ ਪਿੰਡ ਪਿੰਡ ਦੇ ਨੌਜਵਾਨ ਬੇਰੁਜ਼ਗਾਰੀ ਤੇ ਨਸ਼ਿਆਂ ਨਾਲ ਪੀੜਤ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਕੋਈ ਰਾਹਤ ਨਹੀਂ ਮਿਲੀ। ਉਨ੍ਹਾਂ ਕਿਹਾ ਕਿ ਕਾਂਗਰਸ ਹੀ ਇਕ ਐਸੀ ਪਾਰਟੀ ਹੈ, ਜੋ ਜ਼ਮੀਨੀ ਪੱਧਰ 'ਤੇ ਲੋਕਾਂ ਦੇ ਹੱਕਾਂ ਲਈ ਲੜਦੀ ਆਈ ਹੈ ਤੇ 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਝੂਠ ਤੇ ਧੋਖੇ ਦਾ ਜਵਾਬ ਜਨਤਾ ਦੇਵੇਗੀ। ਇਸ ਮੌਕੇ ਰਣਜੀਤ ਸਿੰਘ ਸੰਧੂ, ਗੁਰਨਾਮ ਸਿੰਘ ਮਸਿਗਣ, ਤਿਲਕ ਰਾਜ ਸ਼ਰਮਾ, ਸਮੀ ਦੇਵੀਗੜ੍ਹ, ਰਣਧੀਰ ਸਿੰਘ ਦੇਵੀਨਗਰ, ਜਰਨੈਲ ਸਿੰਘ ਉਹਟ, ਅੰਗਰੇਜ ਸਿੰਘ, ਸਤਨਾਮ ਸਿੰਘ ਆਦਿ ਹਾਜ਼ਰ ਸਨ।

## ਪੀ ਆਰ ਫੈਮਲੀ ਵੀਜ਼ੇ ਦੇ ਨਾਂਅ 'ਤੇ ਇੱਕ ਕਰੋੜ ਛਿਆਸੀ ਲੱਖ ਦੀ ਠੱਗੀ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**

ਕਾਂਗਰਸੀ ਆਗੂ ਤੇ ਸਾਬਕਾ ਨਗਰ ਪੰਚਾਇਤ ਦੇ ਪ੍ਰਧਾਨ ਨਾਲ ਇੱਕ ਇੰਮੀਗਰੇਸ਼ਨ ਸਰਵਿਸ ਸੈਂਟਰ ਵੱਲੋਂ ਕੈਨੇਡਾ ਦੀ ਪੀ.ਆਰ. ਫੈਮਲੀ ਵੀਜ਼ੇ ਦੇ ਨਾਂਅ 'ਤੇ ਇੱਕ ਕਰੋੜ ਛਿਆਸੀ ਲੱਖ ਰੁਪਏ ਦੀ ਠੱਗੀ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਮੁੱਖ ਅਫ਼ਸਰ ਪੂਰਨ ਸਿੰਘ ਧਾਲੀਵਾਲ ਨੇ ਦੱਸਿਆ ਕਿ ਨਿਹਾਲ ਸਿੰਘ ਵਾਲਾ ਦੇ ਕਾਂਗਰਸੀ ਆਗੂ ਤੇ ਸਾਬਕਾ ਨਗਰ ਪੰਚਾਇਤ ਦੇ ਪ੍ਰਧਾਨ ਇੰਦਰਜੀਤ ਜੌਲੀ ਗਰਗ ਵੱਲੋਂ ਜ਼ਿਲ੍ਹਾ ਪੁਲਸ ਮੁਖੀ ਨੂੰ ਦਿੱਤੀ ਦਰਖ਼ਾਸਤ 'ਚ ਦੱਸਿਆ ਕਿ ਬਾਘਾਪੁਰਾਣਾ ਦੇ ਡਰੀਮ ਬਿਲਡਰਜ਼ ਇਮੀਗਰੇਸ਼ਨ ਸਰਵਿਸ ਬਾਘਾਪੁਰਾਣਾ ਦੇ ਮੁੱਖ ਪ੍ਰਬੰਧਕ ਨਵਜੋਤ ਬਰਾੜ, ਪ੍ਰਿਤਪਾਲ ਕੌਰ ਬਰਾੜ ਪਤਨੀ ਨਵਜੋਤ ਬਰਾੜ ਤੇ ਨਵਜੋਤ ਬਰਾੜ ਦੇ ਪਿਤਾ ਕੁਲਦੀਪ ਸਿੰਘ ਬਰਾੜ ਨੇ ਉਸ ਦੇ ਲੜਕੇ ਅਭਿਨਵ ਗਰਗ ਸਮੇਤ ਉਸ ਦੀ ਪਤਨੀ ਤੇ ਦੋਨੋਂ ਬੱਚਿਆਂ ਦਾ ਕੈਨੇਡਾ ਦੇ ਪੀ.ਆਰ. ਫੈਮਲੀ ਵੀਜ਼ਾ ਇਨਵੈਸਟਮੈਂਟ ਪਾਲਸੀ ਤਹਿਤ ਲਵਾਉਣ ਲਈ ਇੱਕ ਕਰੋੜ ਛਿਆਸੀ ਲੱਖ ਰੁਪਏ ਦੀ ਠੱਗੀ ਮਾਰੀ ਹੈ। ਉਨ੍ਹਾਂ ਦੱਸਿਆ ਕਿ ਮੈਂ ਆਪਣੀ ਫਰਮ ਮੈਸ. ਗਲੋਬਲ ਡਰੀਮ ਬਿਲਡਰਜ਼ ਨਿਹਾਲ ਸਿੰਘ ਵਾਲਾ ਤੇ ਆਪਣੀ ਕੰਪਨੀ ਬਾਇਓ ਫਿਊਲ ਐਂਡ ਸਪੋਰਟਸ ਪ੍ਰਾਈਵੇਟ ਲਿਮ. ਦੇ ਬੈਂਕ ਖ਼ਾਤਿਆਂ ਰਾਹੀਂ ਨਵਜੋਤ ਬਰਾੜ ਦੀ ਫਰਮ ਮੈਸ. ਡ੍ਰੀਮ ਬਿਲਡਰਜ਼ ਬਾਘਾਪੁਰਾਣਾ ਦੇ ਖ਼ਾਤੇ 'ਚ ਵੱਖ-ਵੱਖ ਸਮਿਆਂ 'ਚ ਇੱਕ ਕਰੋੜ ਛਿਆਸੀ ਲੱਖ ਰੁਪਏ ਟਰਾਂਸਫਰ ਕਰ ਦਿੱਤੇ ਸਨ।

ਉਨ੍ਹਾਂ ਦੱਸਿਆ ਜਦੋਂ ਅਸੀਂ ਵੀਜ਼ੇ ਬਾਰੇ ਗੱਲਬਾਤ ਕਰਦੇ ਤਾਂ ਨਵਜੋਤ ਇਸ ਸਬੰਧੀ ਲਾਰੇ ਲਾਉਣ ਲੱਗ ਪਿਆ। ਉਨ੍ਹਾਂ ਦੱਸਿਆ ਕਿ ਨਵਜੋਤ ਬਰਾੜ ਦੀ ਪਤਨੀ ਪ੍ਰਿਤਪਾਲ ਕੌਰ ਤੇ ਉਨ੍ਹਾਂ ਦਾ ਪਿਤਾ ਕੁਲਦੀਪ ਸਿੰਘ ਬਰਾੜ, ਜੋ ਡਰੀਮ ਬਿਲਡਰਜ਼ ਇਮੀਗ੍ਰੇਸ਼ਨ ਸਰਵਿਸ ਦੇ ਦਫ਼ਤਰ 'ਚ ਮੌਜੂਦ ਹੁੰਦੇ ਸਨ, ਨਾਲ ਗੱਲਬਾਤ ਕੀਤੀ ਗਈ ਤਾਂ ਉਹ ਕਹਿਣ ਲੱਗੇ ਕਿ ਇਸ ਤਰ੍ਹਾਂ ਦੇ ਕੇਸ ਨੂੰ ਕੁਝ ਸਮਾਂ ਲੱਗਦਾ ਹੈ, ਪਰ ਤੁਹਾਡੇ ਪਰਿਵਾਰ ਦਾ ਵੀਜ਼ਾ 100 ਫ਼ੀਸਦੀ ਲਵਾ ਕੇ ਦੇਵਾਂਗੇ। ਕਾਫ਼ੀ ਸਮਾਂ ਲੰਘਣ ਬਾਅਦ ਜਦੋਂ ਅਸੀਂ ਅਭਿਨਵ ਗਰਗ ਤੇ ਉਸਦੇ ਬਾਕੀ ਪਰਿਵਾਰ ਦੀ ਵੀਜ਼ਾ ਫਾਈਲ ਦੀ ਡੀਟੇਲ ਮੰਗੀ ਤਾਂ ਉਨ੍ਹਾਂ ਨੇ ਇੱਕ ਡਾਕੂਮੈਂਟ ਦਾ ਪ੍ਰਿੰਟ ਕੱਢ ਕੇ ਦੇ ਦਿੱਤਾ, ਜਿਸ 'ਚ ਮੇਰੇ ਬੇਟੇ ਅਭਿਨਵ ਗਰਗ ਦਾ ਐਪਲੀਕੇਸ਼ਨ ਨੰਬਰ ਲਿਖਿਆ ਹੋਇਆ ਸੀ ਤੇ ਪਾਸਪੋਰਟ ਦੀ ਮੰਗ ਕੀਤੀ ਗਈ ਸੀ, ਪਰ ਬਾਕੀ ਪਰਵਾਰਕ ਮੈਂਬਰਾਂ ਬਾਰੇ ਕੋਈ ਤਸੱਲੀਬਖ਼ਸ਼ ਜਵਾਬ ਨਹੀਂ ਮਿਲਿਆ। ਉਨ੍ਹਾਂ ਦੱਸਿਆ ਕਿ ਜਦੋਂ ਅਸੀਂ ਆਪਣੇ ਤੌਰ 'ਤੇ ਇਸ ਐਪਲੀਕੇਸ਼ਨ ਦੀ ਪੜਤਾਲ ਕੀਤੀ ਤਾਂ ਪਤਾ ਲੱਗਾ ਕਿ ਅਭਿਨਵ ਗਰਗ ਦੇ ਬਾਕੀ ਪਰਵਾਰ ਦੀ ਕੋਈ ਵੀ ਵੀਜ਼ਾ ਫਾਈਲ ਉਨ੍ਹਾਂ ਨੇ ਅਪਲਾਈ ਹੀ ਨਹੀਂ ਕੀਤੀ ਤੇ ਸਾਨੂੰ ਸਿਰਫ਼ ਜਾਅਲੀ ਡਾਕੂਮੈਂਟ ਪ੍ਰਿੰਟ ਕਰਕੇ ਦੇ ਦਿੱਤਾ। ਉਨ੍ਹਾਂ ਦੱਸਿਆ ਕਿ ਉਕਤ ਵਿਅਕਤੀਆਂ ਵੱਲੋਂ ਪੂਰੀ ਸੋਚੀ ਸਮਝੀ ਸਾਜ਼ਸ ਤਹਿਤ ਸਾਨੂੰ ਧੋਖੇ 'ਚ ਰੱਖ ਕੇ ਸਾਡੇ ਨਾਲ ਠੱਗੀ ਮਾਰੀ ਗਈ ਹੈ। ਇਸ ਸਾਰੇ ਮਾਮਲੇ ਸਬੰਧੀ ਜ਼ਿਲ੍ਹਾ ਪੁਲਿਸ ਮੁਖੀ ਵੱਲੋਂ ਕਪਤਾਨ ਪੁਲਿਸ (ਇਨਵੈਸਟੀਗੇਸ਼ਨ) ਨੂੰ ਭੇਜੀ ਗਈ ਦਰਖ਼ਾਸਤ ਦੀ ਜਾਂਚ ਪੜਤਾਲ ਹੋਣ ਤੋਂ ਬਾਅਦ ਥਾਣਾ ਨਿਹਾਲ ਸਿੰਘ ਵਾਲਾ ਵਿਖੇ ਨਵਜੋਤ ਬਰਾੜ, ਪ੍ਰਿਤਪਾਲ ਕੌਰ ਪਤਨੀ ਨਵਜੋਤ ਬਰਾੜ ਅਤੇ ਨਵਜੋਤ ਬਰਾੜ ਦੇ ਪਿਤਾ ਕੁਲਦੀਪ ਸਿੰਘ ਬਰਾੜ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

## ਤੀਜਾ ਅੰਤਰਰਾਸ਼ਟਰੀ ਸਿੱਖਿਆ ਸੰਮੇਲਨ ਮਲੇਸ਼ੀਆ 'ਚ ਸਫਲਤਾਪੂਰਵਕ ਸੰਪੰਨ

### ਚੌਥਾ ਅੰਤਰਰਾਸ਼ਟਰੀ ਸਿੱਖਿਆ ਸੰਮੇਲਨ ਡਾ. ਧੂਰੀ ਦੀ ਅਗਵਾਈ 'ਚ ਕੈਨੇਡਾ ਵਿਖੇ



**ਪਟਿਆਲਾ (ਰਾਜਿੰਦਰ ਸਿੰਘ)**-ਆਪਣਾ ਪੰਜਾਬ ਫਾਊਂਡੇਸ਼ਨ ਤੇ ਫੈਪ ਵੱਲੋਂ ਅੰਤਰਰਾਸ਼ਟਰੀ ਸਿੱਖਿਆ ਸੰਮੇਲਨਾਂ ਦੀ ਲੜੀ ਵਜੋਂ ਤੀਜਾ ਸੰਮੇਲਨ ਮਲੇਸ਼ੀਆ ਦੇ ਸ਼ਹਿਰ ਕੁਆਲਾਲੰਪੁਰ ਵਿਖੇ ਸਫਲਤਾਪੂਰਵਕ ਸੰਪੰਨ ਹੋਇਆ। ਜਾਣਕਾਰੀ ਦਿੰਦੇ ਹੋਏ ਆਪਣਾ ਪੰਜਾਬ ਫਾਊਂਡੇਸ਼ਨ ਦੇ ਡਾਇਰੈਕਟਰ ਸ੍ਰ. ਭੁਪਿੰਦਰ ਸਿੰਘ ਨੇ ਦੱਸਿਆ ਕਿ ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ 2023 ਵਿੱਚ ਇਹ ਸਿੱਖਿਆ ਸੰਮੇਲਨ ਡੁਬਈ ਵਿਖੇ ਤੇ 2024 ਵਿੱਚ ਇਹ ਸੰਮੇਲਨ ਵੀਅਤਨਾਮ ਦੇ ਸ਼ਹਿਰ ਹਨੋਈ ਵਿਖੇ ਹੋਇਆ। ਉਨ੍ਹਾਂ ਦੱਸਿਆ ਕਿ ਇਸ ਵਾਰ ਭਾਰਤ ਤੇ ਬਾਹਰਲੇ ਦੇਸ਼ਾਂ ਤੋਂ ਆਏ 75 ਡੈਲੀਗੇਟਾਂ ਨੇ ਕੁਆਲਾਲੰਪੁਰ ਵਿਖੇ ਹੋਏ ਇਸ ਸੰਮੇਲਨ ਵਿੱਚ ਭਾਗ ਲਿਆ। ਇਸ ਸੰਮੇਲਨ ਦੇ ਸ਼ੁਰੂਆਤ ਵਿੱਚ ਆਪਣਾ ਪੰਜਾਬ ਫਾਊਂਡੇਸ਼ਨ ਦੇ ਡਾਇਰੈਕਟਰ ਡਾਲੀ ਸਿੰਘ ਨੇ ਸਭ ਨੂੰ ਜੀ ਆਇਆਂ ਨੂੰ ਕਿਹਾ ਤੇ ਕਾਨਫਰੰਸ ਦੇ ਵਿਸ਼ੇ ਉੱਪਰ ਚਾਨਣਾ ਪਾਇਆ। ਡਾ. ਜਗਜੀਤ ਸਿੰਘ ਧੂਰੀ ਇਸ ਸੰਮੇਲਨ ਦੇ ਮੁੱਖ ਬੁਲਾਰੇ ਸਨ, ਜਿਨ੍ਹਾਂ ਨੇ ਸੰਮੇਲਨ ਦੇ ਵਿਸ਼ੇ ਐਜੂਪਰਿਨਿਓਰਲ ਈਕੋਸਿਸਟਮ-ਫਿਊਚਰ ਪਰੂਫਿੰਗ ਦਿ ਐਜੂਕੇਸ਼ਨ ਦੇ ਸਬੰਧ ਵਿੱਚ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਦੇ ਨਾਲ ਨਾਲ ਸਿੱਖਿਆ ਸੰਸਥਾਵਾਂ ਤੇ ਮਾਪਿਆਂ ਨੂੰ ਵੀ ਸਮੇਂ ਦਾ ਹਾਣੀ ਹੋਣਾ ਪਵੇਗਾ। ਇਸ ਮੌਕੇ ਡਾ. ਐੱਚ. ਐੱਸ. ਧਾਲੀਵਾਲ ਨੇ ਸਕਿੱਲ ਐਜੂਕੇਸ਼ਨ ਉੱਪਰ ਜ਼ੋਰ ਦਿੱਤਾ। ਬੁਲਾਰਿਆਂ ਵਿੱਚ ਆਪਣਾ ਪੰਜਾਬ ਫਾਊਂਡੇਸ਼ਨ ਦੇ ਡਾਇਰੈਕਟਰ ਡਾਲੀ ਸਿੰਘ, ਅਨਿਲ ਮਿੱਤਲ, ਬਲਦੇਵ ਬਾਵਾ, ਸੰਜੈ ਗੁਪਤਾ, ਸੁਖਦੇਵ ਸਿੰਘ ਜੱਜ, ਤਰਸੇਮ ਜੋਸ਼ੀ, ਸੰਦੀਪ ਬਾਂਸਲ, ਸਤਨਾਮ ਸਿੰਘ ਬੁੱਟਰ, ਸ਼ਿਵ ਕੁਮਾਰ ਜਿੰਦਲ, ਗੁਰਮੀਤ ਕੌਰ ਨੇ ਆਪੋ ਆਪਣੇ ਸੁਝਾਅ ਦਿੱਤੇ। ਇਨ੍ਹਾਂ ਬੁਲਾਰਿਆਂ ਤੋਂ ਬਿਨਾਂ ਡੈਲੀਗੇਟ ਦੇ ਤੌਰ 'ਤੇ ਪਹੁੰਚੇ ਜਤਿੰਦਰ ਸਿੰਘ ਆਸਟਰੇਲੀਆ, ਸ਼ੀਰੂ ਬੇਦੀ, ਸਰਗਮ ਥਿੰਦ, ਦਿਵਿਆ ਜੁਲਕਾ, ਪ੍ਰਗਟ ਸਿੰਘ, ਸ਼ੁਭਕਰਮਨ ਸਿੰਘ, ਵਿਸ਼ਾਲੀ ਗੁਪਤਾ, ਕ੍ਰਿਸ਼ਾ ਮਿੱਤਲ ਤੇ ਵਰਿੰਦਾ ਮਿੱਤਲ ਨੇ ਇਸ ਸੰਮੇਲਨ ਨੂੰ ਕਾਮਯਾਬ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਓਪਨ ਮਾਇਕ ਡਿਸਕਸ਼ਨ ਦੌਰਾਨ ਗੁਰਵਿੰਦਰ ਕੌਰ, ਨੀਰੂ ਮਹਿਤਾ, ਮਨੋਰਮਾ ਸਮਾਗ, ਯਸ਼ਪਾਲ ਆਹੂਜਾ, ਤੇਜਿੰਦਰ ਗੁਪਤਾ ਨੇ ਵਧੀਆ ਸੁਝਾਅ ਦੇ ਕੇ ਇਸ ਸੰਮੇਲਨ ਦੇ ਵਿਸ਼ੇ ਨੂੰ ਅਰਥ ਭਰਪੂਰ ਬਣਾਇਆ। ਸਮੂਹ ਡੈਲੀਗੇਟਾਂ ਨੇ ਇਸ ਸੰਮੇਲਨ ਨੂੰ ਸਫਲ ਕਰਾਰ ਦਿੰਦੇ ਹੋਏ ਸੰਤੁਸ਼ਟੀ ਪ੍ਰਗਟਾਈ ਤੇ ਕਿਹਾ ਕਿ ਇਸ ਸੰਮੇਲਨ ਵਿੱਚੋਂ ਨਿਕਲੇ ਸੁਝਾਵਾਂ ਨੂੰ ਸੰਸਥਾਵਾਂ ਤੱਕ ਪਹੁੰਚਾਇਆ ਜਾਵੇਗਾ। ਅੰਤ ਵਿੱਚ ਏ ਪੀ ਐੱਫ ਦੇ ਡਾਇਰੈਕਟਰ ਸੰਦੀਪ ਮਹਿਤਾ ਨੇ ਸਾਰਿਆਂ ਦਾ ਧੰਨਵਾਦ ਕੀਤਾ ਤੇ ਸਫਲ ਪ੍ਰਬੰਧਾਂ ਲਈ ਸਾਰੇ ਅੰਤਰਰਾਸ਼ਟਰੀ ਸੰਮੇਲਨ ਕਮੇਟੀ ਦੇ ਡਾਇਰੈਕਟਰਾਂ ਦੀ ਪ੍ਰਸੰਸਾ ਕੀਤੀ ਤੇ ਚੌਥੇ ਅੰਤਰਰਾਸ਼ਟਰ ਸੰਮੇਲਨ ਲਈ ਕੈਨੇਡਾ ਦੀ ਧਰਤੀ ਨੂੰ ਚੁਣਿਆ ਗਿਆ।

## ਸੀ ਐੱਮ ਦੀ ਯੋਗਸ਼ਾਲਾ ਤਹਿਤ ਮਨਾਇਆ ਜਾਵੇਗਾ ਅੰਤਰਰਾਸ਼ਟਰੀ ਯੋਗ ਦਿਵਸ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਸੀ.ਐਮ. ਦੀ ਯੋਗਸ਼ਾਲਾ ਤਹਿਤ 21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਦੇ ਸਬੰਧ ਵਿੱਚ ਜ਼ਿਲ੍ਹਾ ਪੱਧਰੀ ਸਮਾਗਮ ਸਵੇਰੇ 5.30 ਵਜੇ ਦਰਬਾਰ ਗੰਜ ਵਿਖੇ ਹੋਵੇਗਾ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਅੰਤਰਰਾਸ਼ਟਰੀ ਯੋਗ ਦਿਵਸ ਦੀਆਂ ਤਿਆਰੀ ਸਬੰਧੀ ਮੀਟਿੰਗ ਦੌਰਾਨ ਦਿੱਤੀ। ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਜਾਣ। ਉਨ੍ਹਾਂ ਦੱਸਿਆ ਕਿ ਫਰੀਦਕੋਟ ਦੇ ਜਿਲ੍ਹਾ ਪੱਧਰੀ ਸਮਾਗਮ ਤੋਂ ਇਲਾਵਾ ਕੋਟਕਪੂਰਾ ਦੇ ਲਾਜਪਤ ਪਾਰਕ ਸਾਹਮਣੇ ਤਹਿਸੀਲ ਕੰਪਲੈਕਸ ਤੇ ਜੈਤੋ ਵਿਖੇ ਕਾਲੂ ਰਾਮ ਦੀ ਬਗੀਚੀ ਨੇੜੇ ਪੰਚਾਇਤੀ ਗਊਸ਼ਾਲਾ ਵਿਖੇ ਯੋਗ ਸਮਾਗਮ ਕਰਾਇਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਇਨ੍ਹਾਂ ਸਮਾਗਮਾਂ ਵਿੱਚ ਪਿੰਡਾਂ ਦੇ ਸਰਪੰਚਾਂ, ਪੰਚਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ। ਇਸੇ ਤਰ੍ਹਾਂ ਐਨ.ਜੀ.ਓ, ਆਮ ਲੋਕਾਂ ਤੋਂ ਇਲਾਵਾ ਖੇਡ ਵਿਭਾਗ ਨਾਲ ਸਬੰਧਤ ਖਿਡਾਰੀ ਤੇ ਸਕੂਲਾਂ ਦੇ ਬੱਚੇ ਵੀ ਇਨ੍ਹਾਂ ਸਮਾਗਮਾਂ ਵਿੱਚ ਭਾਗ ਲੈਣਗੇ। ਉਨ੍ਹਾਂ ਨੇ ਨੋਡਲ ਵਿਭਾਗ ਜਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫਸਰ ਨੂੰ ਕਿਹਾ ਕਿ ਇਸ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰਨ ਤੇ ਲੋੜ ਅਨੁਸਾਰ ਦੂਜੇ ਵਿਭਾਗਾਂ ਤੋਂ ਸਹਿਯੋਗ ਲੈਣ। ਇਸ ਮੌਕੇ ਉਨ੍ਹਾਂ ਪੀਣ ਵਾਲੇ ਪਾਣੀ, ਸਾਮੇਆਨੇ, ਸਾਊਂਡ, ਬੈਕਡਰਾਪ, ਦਰੀਆਂ ਆਦਿ ਦੇ ਪ੍ਰਬੰਧ ਵੀ ਕਰਨ ਨੂੰ ਕਿਹਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪੱਧਰੀ ਸਮਾਗਮ ਦੇ ਨੋਡਲ ਅਫਸਰ ਸਹਾਇਕ ਕਮਿਸ਼ਨਰ (ਜਨਰਲ) ਸ੍ਰੀ ਗੁਰਕਿਰਨਦੀਪ ਸਿੰਘ ਸਿੱਧੂ ਹੋਣਗੇ, ਜਦੋਂਕਿ ਕੋਟਕਪੂਰਾ ਵਿਖੇ ਐਸ.ਡੀ.ਐਮ. ਕੋਟਕਪੂਰਾ ਵਰਿੰਦਰ ਸਿੰਘ ਅਤੇ ਜੈਤੋ ਵਿਖੇ ਐਸ.ਡੀ.ਐਮ. ਸੂਰਜ ਕੁਮਾਰ ਹੋਣਗੇ।

## ਸਮਾਜਿਕ ਤੇ ਰਾਜਨੀਤਕ ਆਗੂਆਂ ਨੇ ਪੂਰਨ ਸਿੰਘ ਨੂੰ ਕੀਤੀ ਸ਼ਰਧਾਂਜਲੀ ਭੇਟ




**ਭੀਖੀ (ਧਰਮਵੀਰ ਸ਼ਰਮਾ)**-ਪਿੰਡ ਫਫੜੇ ਭਾਈਕੇ ਤੋਂ ਕੋਆਪ੍ਰੇਟਿਵ ਸੁਸਾਇਟੀ ਦੇ ਪ੍ਰਧਾਨ ਤੇ ਆਮ ਆਦਮੀ ਪਾਰਟੀ ਦੇ ਆਗੂ ਲੀਲਾ ਸਿੰਘ ਮਾਨ ਦੇ ਭਰਾ ਪੂਰਨ ਸਿੰਘ ਦਾ ਪਿਛਲੇ ਦਿਨੀਂ ਦਿਹਾਂਤ ਹੋ ਗਿਆ ਸੀ, ਜਿਨ੍ਹਾਂ ਦੀ ਅੰਤਮ ਅਰਦਾਸ ਤੇ ਭੋਗ ਸਮਾਰੋਹ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਪਾਇਆ ਗਿਆ। ਉਨ੍ਹਾਂ ਦੀ ਅੰਤਮ ਅਰਦਾਸ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮਾਤਾ ਹਰਪਾਲ ਕੌਰ ਤੋਂ ਇਲਾਵਾ ਵੱਖ-ਵੱਖ ਸਮਾਜਿਕ ਤੇ ਰਾਜਨੀਤਕ ਆਗੂਆਂ ਵੱਲੋਂ ਸ਼ਰਧਾਂਜਲੀ ਭੇਟ ਕੀਤੀ ਗਈ। ਬੁਲਾਰਿਆਂ ਨੇ ਪੂਰਨ ਸਿੰਘ ਦੇ ਨੇਕ ਸੁਭਾਅ ਤੇ ਉਨ੍ਹਾਂ ਦੀ ਜੀਵਨੀ ਬਾਰੇ ਚਾਨਣਾ ਪਾਇਆ। ਸਮਾਰੋਹ ਦੌਰਾਨ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ, ਮਾਰਕਿਟ ਕਮੇਟੀ ਬੁਢਲਾਡਾ ਦੇ ਚੇਅਰਮੈਨ ਸਤੀਸ਼ ਕੁਮਾਰ, ਮਾਰਕਿਟ ਕਮੇਟੀ ਬਰੇਟਾ ਦੇ ਚੇਅਰਮੈਨ ਚਮਕੌਰ ਸਿੰਘ, ਆਮ ਆਦਮੀ ਪਾਰਟੀ ਦੇ ਬਲਾਕ ਭੀਖੀ ਦੇ ਪ੍ਰਧਾਨ ਸਿਕੰਦਰ ਸਿੰਘ, ਸੋਸ਼ਲ ਮੀਡੀਆ ਇੰਚਾਰਜ ਇੰਦਰਜੀਤ ਸਿੰਘ ਭੀਖੀ, ਗੁਰਮੀਤ ਖੁਰਮੀ, ਇਸ਼ਵਰ ਦਾਸ ਮਾਨਸਾ, ਸੰਦੀਪ ਸਿੰਘ ਮੈਂਬਰ ਤੋਂ ਇਲਾਵਾ ਪਿੰਡ ਦੀ ਸਮੁੱਚੀ ਪੰਚਾਇਤ ਨੇ ਵੀ ਸ਼ਰਧਾ ਦੇ ਫੁੱਲ ਭੇਟ ਕੀਤੇ।

## ਸੜਕ ਹਾਦਸੇ 'ਚ ਪੁਲਸ ਮੁਲਾਜ਼ਮ ਦੀ ਮੌਤ



**ਬਰੇਟਾ (ਗੀਤਵਾਲ)**-ਬਰੇਟਾ ਜਾਖਲ ਰੋਡ 'ਤੇ ਪਿੰਡ ਬਖਸ਼ੀਵਾਲਾ ਦੇ ਬੱਸ ਅੱਡੇ ਨਜ਼ਦੀਕ ਇੱਕ ਪੁਲਸ ਮੁਲਾਜ਼ਮ ਦੀ ਸੜਕ ਹਾਦਸੇ ਦੌਰਾਨ ਮੌਤ ਹੋ ਜਾਣ ਦਾ ਦੁਖਦਾਈ ਸਮਾਚਾਰ ਹੈ। ਪੁਲਸ ਦੇ ਜਾਂਚ ਅਧਿਕਾਰੀ ਜਗਮੇਲ ਸਿੰਘ ਨੇ ਦੱਸਿਆ ਕਿ ਮ੍ਰਿਤਕ ਲਾਲ ਬਾਦਸ਼ਾਹ ਜੋ ਕਿ ਰੇਲਵੇ ਪੁਲਿਸ ਚੌਂਕੀ ਜਾਖਲ ਵਿਖੇ ਨੌਕਰੀ ਕਰਦਾ ਸੀ ਤੇ ਉਹ ਹਰ ਰੋਜ਼ ਦੀ ਤਰ੍ਹਾਂ ਜਾਖਲ ਤੋਂ ਬਰੇਟਾ ਵੱਲ ਆਪਣੇ ਪਿੰਡ ਨੂੰ ਆ ਰਿਹਾ ਸੀ ਤ ਬੁੱਧਵਾਰ ਦੀ ਸ਼ਾਮ 6.30 ਦੇ ਕਰੀਬ ਬਖਸ਼ੀਵਾਲਾ ਦੇ ਬੱਸ ਅੱਡਾ ਬਖਸ਼ੀਵਾਲਾ ਨਜ਼ਦੀਕ ਇੱਕ ਬੱਕਰੀਆਂ ਦੇ ਝੁੰਡ ਨੂੰ ਬਚਾਉਂਦੇ ਹੋਏ ਉਸ ਦਾ ਮੋਟਰਸਾਈਕਲ ਸੜਕ ਤੋਂ ਹੇਠਾਂ ਵੱਲ ਡਿੱਗ ਪਿਆ ਤੇ ਪੁਲਸ ਮੁਲਾਜ਼ਮ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਸ ਨੇ ਮ੍ਰਿਤਕ ਦੇ ਬੇਟੇ ਲਖਵਿੰਦਰ ਕੁਮਾਰ ਦੇ ਬਿਆਨਾਂ 'ਤੇ 194ਬੀ.ਐਨ.ਐਸ ਦੀ ਕਾਰਵਾਈ ਕਰਦੇ ਹੋਏ ਲਾਸ਼ ਵਾਰਸਾਂ ਨੂੰ ਸੌਂਪ ਦਿੱਤੀ ਹੈ। ਮ੍ਰਿਤਕ ਆਪਣੇ ਪਿੱਛੇ ਪਤਨੀ ਤੋਂ ਇਲਾਵਾ ਦੋ ਲੜਕੇ ਛੱਡ ਗਿਆ ਹੈ।

## ਸਬ ਇੰਸ. ਬਲੌਰ ਸਿੰਘ ਨੇ ਥਾਣਾ ਮੁਖੀ ਦਾ ਅਹੁਦਾ ਸੰਭਾਲਿਆ



**ਸ਼ੇਰਪੁਰ (ਰਵੀ ਟਿੱਬਾ)**-ਥਾਣਾ ਸ਼ੇਰਪੁਰ ਵਿਖੇ ਸਬ ਇੰਸਪੈਕਟਰ ਬਲੌਰ ਸਿੰਘ ਨੇ ਬਤੌਰ ਥਾਣਾ ਮੁਖੀ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਜ਼ਿਕਰਯੋਗ ਹੈ ਕਿ ਉਹ 2004-2005 ਵਿੱਚ ਪਹਿਲਾਂ ਵੀ ਬਤੌਰ ਮੁੱਖ ਮੁਨਸ਼ੀ ਥਾਣਾ ਵਿਖੇ ਸੇਵਾਵਾਂ ਨਿਭਾਅ ਚੁੱਕੇ ਹਨ। ਉਨ੍ਹਾਂ ਸਥਾਨਕ ਪੱਤਰਕਾਰਾਂ ਨਾਲ ਪਹਿਲੀ ਪ੍ਰੈੱਸ ਮਿਲਣੀ ਦੌਰਾਨ ਗੱਲਬਾਤ ਕਰਦਿਆਂ ਕਿਹਾ ਕਿ ਉਹ ਇਲਾਕੇ ਦੇ ਅਮਨ ਕਾਨੂੰਨ ਦੀ ਵਿਵਸਥਾ ਨੂੰ ਯਕੀਨੀ ਬਣਾਉਣ ਲਈ ਪੂਰੀ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਉਣਗੇ ਤੇ ਥਾਣਾ ਸ਼ੇਰਪੁਰ ਵਿਖੇ ਆਪਣੇ ਕੰਮਕਾਜ ਲਈ ਆਉਣ ਵਾਲੇ ਹਰ ਇੱਕ ਵਿਅਕਤੀ ਦਾ ਪੂਰਨ ਤੌਰ 'ਤੇ ਸਤਿਕਾਰ ਕੀਤਾ ਜਾਵੇਗਾ। ਉਨ੍ਹਾਂ ਸਥਾਨਕ ਪੱਤਰਕਾਰ ਭਾਈਚਾਰੇ ਨਾਲ ਇਲਾਕੇ ਦੀਆਂ ਸਮੱਸਿਆਵਾਂ ਸਬੰਧੀ ਗੱਲਬਾਤ ਕੀਤੀ ਤੇ ਉਨ੍ਹਾਂ ਨੂੰ ਦੂਰ ਕਰਨ ਲਈ ਚਰਚਾ ਵੀ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਹੁਕਮਾਂ ਤੇ ਜ਼ਿਲ੍ਹਾ ਸੰਗਰੂਰ ਦੇ ਐੱਸ ਐੱਸ ਪੀ ਸਰਤਾਜ ਸਿੰਘ ਚਾਹਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਸਬਾ ਸ਼ੇਰਪੁਰ ਤੇ ਨਾਲ ਲੱਗਦੇ ਪਿੰਡਾਂ ਅੰਦਰ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀ ਆਪਣੇ ਇਸ ਧੰਦੇ ਨੂੰ ਬੰਦ ਕਰਨ ਤੇ ਪੁਲਸ ਪ੍ਰਸ਼ਾਸਨ ਦਾ ਚੰਗੇ ਕੰਮਾਂ ਲਈ ਸਹਿਯੋਗ ਦੇਣ। ਉਨ੍ਹਾਂ ਸ਼ੇਰਪੁਰ ਵਿਖੇ ਨਸ਼ਿਆਂ ਖਿਲਾਫ ਕੰਮ ਕਰ ਰਹੀ ਨਸ਼ਾ ਰੋਕੂ ਕਮੇਟੀ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਹਰ ਪੱਖੋਂ ਸਹਿਯੋਗ ਦੇਣ ਦਾ ਭਰੋਸਾ ਵੀ ਦਿੱਤਾ ਅਤੇ ਕਸਬਾ ਸ਼ੇਰਪੁਰ ਵਿਖੇ ਟ੍ਰੈਫਿਕ ਸਮੱਸਿਆ ਤੇ ਨੌਜਵਾਨਾਂ ਵੱਲੋਂ ਕੀਤੀਆਂ ਜਾ ਰਹੀਆਂ ਹੁੱਲੜਬਾਜ਼ੀਆਂ ਨੂੰ ਵੀ ਚੇਤਾਵਨੀ ਦਿੱਤੀ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ਼ ਆ ਜਾਣ, ਨਹੀਂ ਇਨ੍ਹਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਸਮੇਂ-ਸਮੇਂ ਇਲਾਕੇ ਦੇ ਮੋਹਤਬਰ ਵਿਅਕਤੀਆਂ ਨਾਲ ਮੀਟਿੰਗਾਂ ਕਰਦੇ ਰਹਿਣਗੇ ਤੇ ਅਮਨ ਸ਼ਾਂਤੀ ਬਣਾਈ ਰੱਖਣ ਲਈ ਦਿਨ-ਰਾਤ ਮਿਹਨਤ ਕਰਨਗੇ।

## ਸੰਤ ਬਾਬਾ ਨਛੱਤਰ ਸਿੰਘ ਦੀ ਯਾਦ ਨੂੰ ਸਮਰਪਤ ਕੀਰਤਨ ਦਰਬਾਰ ਕਰਵਾਇਆ

### ਸੰਤਾਂ ਨੇ ਸੰਗਤਾਂ ਨੂੰ ਬਾਣੀ ਤੇ ਬਾਣੇ ਦੇ ਧਾਰਨੀ ਹੋ ਕੇ ਸਮਾਜ ਸੇਵਾ ਲਈ ਪ੍ਰੇਰਿਤ ਕੀਤਾ : ਗਿਆਨੀ ਗੁਰਬਚਨ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਲਵੇ ਦੇ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਚੰਦਪੁਰਾਣਾ ਵਿਖੇ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਦੀ ਯਾਦ ਨੂੰ ਸਮਰਪਤ ਕੀਰਤਨ ਦਰਬਾਰ ਤੇ ਧਾਰਮਿਕ ਸਮਾਗਮ ਗੁਰਦੁਆਰਾ ਸਾਹਿਬ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਦੀ ਅਗਵਾਈ ਹੇਠ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ।

ਸਮਾਗਮ ਦੌਰਾਨ ਪਿਛਲੇ ਕਈ ਦਿਨਾਂ ਤੋਂ ਚੱਲ ਰਹੀ ਅਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਪਾਏ ਗਏ। ਉਪਰੰਤ ਕੀਰਤਨ ਦਰਬਾਰ ਵਿੱਚ ਭਾਈ ਕਮਲਜੀਤ ਸਿੰਘ ਹਜ਼ੂਰੀ ਰਾਗੀ, ਭਾਈ ਸੋਹਨ ਸਿੰਘ, ਭਾਈ ਇਕਬਾਲ ਸਿੰਘ ਲੰਗੇਆਣਾ ਤੇ ਹੋਰ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮਾਗਮ ਦੌਰਾਨ ਉਚੇਚੇ ਤੌਰ 'ਤੇ ਪੁੱਜੇ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਨੇ ਸੰਗਤਾਂ ਦੇ ਸਨਮੁੱਖ ਹੁੰਦਿਆਂ ਕਿਹਾ ਕਿ ਸੰਤ ਬਾਬਾ ਨਛੱਤਰ ਸਿੰਘ ਜੀ ਵੱਲੋਂ ਇਸ ਅਸਥਾਨ ਦੀ ਜੋ ਸੇਵਾ ਕਰਵਾਈ ਗਈ ਹੈ, ਉਹ ਆਪਣੇ ਆਪ ਵਿੱਚ ਇੱਕ ਮੀਲ ਪੱਥਰ ਹੈ। ਉਨ੍ਹਾਂ ਕਿਹਾ ਕਿ ਬਾਬਾ ਜੀ ਵੱਲੋਂ ਜਿੱਥੇ ਸੰਗਤਾਂ ਨੂੰ ਬਾਣੀ ਤੇ ਬਾਣੇ ਦੇ ਧਾਰਨੀ ਹੋ ਕੇ ਸਮਾਜ ਸੇਵਾ ਦੇ ਕੰਮਾਂ ਲਈ ਪ੍ਰੇਰਿਤ ਕੀਤਾ, ਉੱਥੇ ਹੀ ਬਾਬਾ ਜੀ ਵੱਲੋਂ ਗੁਰੂ ਘਰਾਂ ਦੇ ਨਿਰਮਾਣ ਕਰਵਾਏ ਗਏ। ਲੋੜਵੰਦਾਂ ਨੂੰ ਉਨ੍ਹਾਂ ਦੀ ਜੀਵਿਕਾ ਚਲਾਉਣ ਲਈ ਰਾਸ਼ਨ ਵੀ ਤਕਸੀਮ ਕੀਤਾ ਜਾਂਦਾ ਸੀ, ਉਥੇ ਹੀ ਬੇਸਹਾਰਾ ਬਜ਼ੁਰਗਾਂ ਦੀ ਸੇਵਾ ਲਈ ਬਾਬਾ ਜੀ ਵੱਲੋਂ ਬਿਰਧ ਆਸ਼ਰਮ ਦਾ ਵੀ ਨਿਰਮਾਣ ਕੀਤਾ ਗਿਆ, ਜਿੱਥੇ ਵੱਡੀ ਗਿਣਤੀ ਵਿੱਚ ਬਜ਼ੁਰਗਾਂ ਦੀ ਸਾਂਭ ਸੰਭਾਲ ਕੀਤੀ ਜਾਂਦੀ ਹੈ। ਅੱਜ ਸੰਤ ਬਾਬਾ ਗੁਰਦੀਪ ਸਿੰਘ ਜੀ ਵੱਲੋਂ ਸੱਚਖੰਡ ਵਾਸੀ ਬਾਬਾ ਨਛੱਤਰ ਸਿੰਘ ਜੀ ਵੱਲੋਂ ਆਰੰਭ ਕੀਤੇ ਕਾਰਜਾਂ ਨੂੰ ਨਿਰੰਤਰ ਜਾਰੀ ਰੱਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਵਿਰਲੇ ਮਹਾਂਪੁਰਸ਼ ਹੁੰਦੇ ਹਨ, ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਜੋੜਨ ਦੇ ਨਾਲ ਨਾਲ ਸਮਾਜ ਸੇਵ ਵਿੱਚ ਵੀ ਆਪਣੀ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਸੰਤ ਬਾਬਾ ਗੁਰਦੀਪ ਸਿੰਘ ਜੀ ਨੇ ਜਿੱਥੇ ਸਮੁੱਚੀਆਂ ਸੰਗਤਾਂ ਦਾ ਇਸ ਸਮਾਗਮ 'ਚ ਪੁੱਜਣ 'ਤੇ ਧੰਨਵਾਦ ਕੀਤਾ, ਉੱਥੇ ਹੀ ਕਿਹਾ ਕਿ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਵਰਗੇ ਵਿਰਲੇ ਮਹਾਂਪੁਰਸ਼ ਹੁੰਦੇ ਹਨ, ਜੋ ਆਪਣਾ ਸਮੁੱਚਾ ਜੀਵਨ ਲੁਕਾਈ ਲਈ ਸਮਰਪਤ ਕਰ ਦਿੰਦੇ ਹਨ। ਉਨ੍ਹਾਂ ਕਿਹਾ ਕਿ ਬਾਬਾ ਜੀ ਦਾ ਮੁੱਖ ਮਨੋਰਥ ਸੰਗਤਾਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲੜ ਲਾ ਕੇ ਸੇਵਾ ਤੇ ਸਿਮਰਨ ਦੇ ਧਾਰਨੀ ਬਣਾਉਣਾ ਸੀ, ਜੋ ਸੇਵਾਵਾਂ ਉਨ੍ਹਾਂ ਵੱਲੋਂ ਆਰੰਭੀਆਂ ਗਈਆਂ ਸਨ, ਉਨ੍ਹਾਂ ਨੂੰ ਦਾਸ ਵੱਲੋਂ ਨਿਰੰਤਰ ਜਾਰੀ ਰੱਖਿਆ ਜਾ ਰਿਹਾ ਹੈ। ਇਸ ਸਮਾਗਮ ਵਿੱਚ ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆਂ (ਚੇਅਰਮੈਨ), ਇੰਦਰਜੀਤ ਸਿੰਘ ਬੀੜ ਚੜਿੱਕ (ਸਾਬਕਾ ਚੇਅਰਮੈਨ), ਭਾਈ ਵਿਰਸਾ ਸਿੰਘ (ਫੈਡਰੇਸ਼ਨ ਪ੍ਰਧਾਨ), ਲਖਵਿੰਦਰ ਸਿੰਘ, ਸਰਪੰਚ ਜਸਕਰਨ ਸਿੰਘ, ਜਥੇਦਾਰ ਜਗਸੀਰ ਸਿੰਘ (ਸਾਬਕਾ ਸਰਪੰਚ), ਜੱਗਾ ਸਿੰਘ (ਸਰਪੰਚ), ਬੰਟੀ ਢਿੱਲੋਂ (ਸਾਬਕਾ ਸੰਮਤੀ ਮੈਂਬਰ) ਸਮੇਤ ਇਲਾਕੇ ਦੀਆਂ ਅਨੇਕਾਂ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਹੋਈਆਂ। ਇਸ ਮੌਕੇ ਕੁਲਵੀਰ ਸਿੰਘ (ਪੱਤੀ ਕੋਠੇ ਮੁੱਹਬਤ), ਚੰਦ ਪੁਰਾਣਾ, ਦੋਦੇ ਪਿੰਡ ਆਦਿ ਪਾਸਿਆਂ ਦੀ ਸੰਗਤ ਵੱਲੋਂ ਛਬੀਲਾਂ ਲਾਈਆਂ ਗਈਆਂ। ਇਨ੍ਹਾਂ ਦੇ ਨਾਲ-ਨਾਲ ਦੀਪਾ ਹਸਪਤਾਲ ਜਲੰਧਰ ਵੱਲੋਂ ਮੈਡੀਕਲ ਕੈਂਪ ਲਗਾਇਆ ਗਿਆ। ਪੂਰੇ ਸਮਾਗਮ ਦੌਰਾਨ ਗੁਰੂ ਦਾ ਅਟੁੱਟ ਲੰਗਰ ਵਰਤਦਾ ਰਿਹਾ। ਇਸ ਸਮਾਗਮ ਦੌਰਾਨ ਦੀਪਕ ਹਸਪਤਾਲ ਜਲੰਧਰ ਦੇ ਡਾਕਟਰਾਂ ਦੀ ਟੀਮ ਵੱਲੋਂ ਫਰੀ ਮੈਡੀਕਲ ਕੈਂਪ ਲਗਾਇਆ ਗਿਆ।

## ਮਾਤਾ ਸੁੰਦਰੀ ਕਾਲਜ ਢੱਡੇ ਦਾ ਨਤੀਜਾ ਸ਼ਾਨਦਾਰ ਰਿਹਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਤਾ ਸੁੰਦਰੀ ਗਰਲਜ ਕਾਲਜ ਢੱਡੇ ਦਾ ਬੀ ਐਸ.ਸੀ. (ਐਫ.ਟੀ.) ਭਾਗ ਦੂਜਾ ਸਮੈਸਟਰ ਤੀਜਾ ਦਾ ਨਤੀਜਾ ਸ਼ਾਨਦਾਰ ਰਿਹਾ। ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਐੱਮ ਡੀ ਗੁਰਬਿੰਦਰ ਸਿੰਘ ਬੱਲੀ ਤੇ ਡਾਇਰੈਕਟਰ ਐਡਮਨਿਸਟਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਇਸ ਸ਼ਾਨਦਾਰ ਨਤੀਜੇ ਉੱਪਰ ਕਾਲਜ ਦੇ ਪ੍ਰਿੰਸੀਪਲ ਤੇ ਮਿਹਨਤੀ ਸਟਾਫ ਦੀ ਸਲਾਘਾ ਕਰਦਿਆਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਅੱਗੇ ਤੋਂ ਅਜਿਹੇ ਮਾਣਮੱਤੇ ਨਤੀਜੇ ਮਿਲਦੇ ਰਹਿਣ ਦੀ ਆਸ ਕੀਤੀ ਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਨਤੀਜੇ ਉੱਪਰ ਖੁਸ਼ੀ ਜ਼ਾਹਰ ਕਰਦੇ ਕਿਹਾ ਕਿ ਅਜਿਹੇ ਕੋਰਸ ਵਿਦਿਆਰਥੀਆਂ ਨੂੰ ਆਤਮ-ਨਿਰਭਰ ਬਣਾਉਂਦੇ ਹਨ। ਫੈਸ਼ਨ ਟੈਕਨਾਲੋਜੀ ਦੇ ਕੋਰਸਾਂ ਦੇ ਨਾਲ ਵਿਦਿਆਰਥੀਆਂ ਵਿੱਚ ਅਜੋਕੇ ਸਮੇਂ ਨਾਲ ਚੱਲਣ ਤੇ ਉਨ੍ਹਾਂ ਦੀ ਕਾਰਜਸ਼ੈਲੀ ਤੇ ਨਵੀਂ ਟੈਕਨਾਲੋਜੀ ਦੇ ਗਿਆਨ ਵਿੱਚ ਵਾਧਾ ਹੁੰਦਾ ਹੈ, ਕਿਉਂਕਿ ਅੱਜ ਦਾ ਯੁੱਗ ਟੈਕਨਾਲੋਜੀ ਦਾ ਯੁੱਗ ਹੈ, ਇਸ ਲਈ ਆਤਮ-ਨਿਰਭਰਤਾ ਵਾਲੇ ਕੋਰਸ ਵਿਦਿਆਰਥੀਆਂ ਲਈ ਤਰੱਕੀ ਦਾ ਰਾਹ ਖੋਲਦੇ ਹਨ। ਵਿਭਾਗ ਦੇ ਮੁਖੀ ਪ੍ਰੋ. ਅਮਨਦੀਪ ਕੌਰ ਨੇ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਤੀਜੇ ਸਮੈਸਟਰ ਦੇ ਐਲਾਨੇ ਨਤੀਜੇ ਵਿੱਚ ਸ਼ਾਨਦਾਰ ਪ੍ਰਦਰਸਨ ਕਰਦਿਆਂ ਕਾਲਜ ਵਿਦਿਆਰਥਣ ਸੈਵਨਦੀਪ ਕੌਰ ਨੇ 90 ਪ੍ਰਤੀਸਤ ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਅਰਸ਼ਦੀਪ ਕੌਰ ਨੇ 86 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਖੁਸ਼ਪ੍ਰੀਤ ਕੌਰ ਨੇ 83.4 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਸੰਸਥਾ ਦੇ ਖ਼ਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਤੇ ਪ੍ਰਸ਼ਾਸਕੀ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ ਨੇ ਸ਼ੁਭ ਇਛਾਵਾਂ ਦਿੰਦੇ ਹੋਏ ਸਮੂਹ ਸਟਾਫ ਨੂੰ ਮਾਣ ਬਖਸ਼ਿਆ। ਇਸ ਮੌਕੇ ਬੀ ਐਸ.ਸੀ. (ਐਫ.ਟੀ.) ਵਿਭਾਗ ਦੇ ਪ੍ਰੋ.ਅਮਨਦੀਪ ਕੌਰ ਤੇ ਸਮੂਹ ਸਟਾਫ ਵੱਲੋਂ ਵਿਦਿਆਰਥਣਾਂ ਨੂੰ ਸ਼ਾਨਦਾਰ ਨਤੀਜੇ ਦੀ ਵਧਾਈ ਦਿੱਤੀ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

20 Jun Page-3.qxd 6/19/2025 10:53 PM Page 1



# ਜ਼ਿਲ੍ਹਾ ਪ੍ਰਸ਼ਾਸਨ ਨੇ ਮਠੌਲਾ ਵਿਖੇ ਅਣ-ਅਧਿਕਾਰਤ ਕਲੋਨੀ ਉੱਪਰ ਚਲਾਇਆ ਪੀਲਾ ਪੰਜਾ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਹਰਜਿੰਦਰ ਸਿੰਘ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਪਹਿਲਾਂ ਵੀ ਅਣ-ਅਧਿਕਾਰਤ ਕਲੋਨੀਆਂ ਨੂੰ ਸਮੇਂ-ਸਮੇਂ 'ਤੇ ਪਾਪਰਾ ਐਕਟ 1995 ਦੀ ਉਲੰਘਣਾਂ ਤਹਿਤ ਨੋਟਿਸ ਜਾਰੀ ਕੀਤੇ ਗਏ ਅਤੇ ਸਮੇਂ-ਸਮੇਂ 'ਤੇ ਡਿਮੋਲਿਸ਼ ਕੀਤਾ ਗਿਆ। ਵਧੀਕ ਡਿਪਟੀ ਕਮਿਸ਼ਨਰ (ਜਨਰਲ) ਹਰਜਿੰਦਰ ਸਿੰਘ ਵਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਅਰੁਣ ਕੁਮਾਰ, ਡਿਊਟੀ ਮੈਜਿਸਟਰੇਟ ਦੀ ਨਿਗਰਾਨੀ ਹੇਠ ਸ੍ਰੀਮਤੀ ਗੀਤਿਕਾ ਅਰੋੜਾ ਜ਼ਿਲ੍ਹਾ ਨਗਰ ਯੋਜਨਾਕਾਰ, ਪੁਨੀਤ ਡਿਗਰਾ ਸਹਾਇਕ ਨਗਰ ਯੋਜਨਾਕਾਰ, ਪ੍ਰਭਜੋਤ ਸਿੰਘ ਸਹਾਇਕ ਨਗਰ ਯੋਜਨਾਕਾਰ, ਦਿਨੇਸ਼ ਕੁਮਾਰ ਜੂਨੀਅਰ ਇੰਜੀਨੀਅਰ ਅਤੇ ਜ਼ਿਲ੍ਹਾ ਪ੍ਰਸ਼ਾਸਨ/ ਰੈਗੂਲੇਟਰੀ ਟੀਮ ਵੱਲੋਂ ਵੱਡੀ ਕਾਰਵਾਈ ਕਰਦਿਆਂ ਪਿੰਡ ਮਠੋਲਾ ਵਿਖੇ ਪਾਪਰਾ ਐਕਟ 1995 ਦੀ ਉਲੰਘਣਾ ਕਰਦੇ ਹੋਏ ਹੋਂਦ ਵਿੱਚ ਲਿਆਂਦੀਆਂ ਅਣ-ਅਧਿਕਾਰਤ ਕਲੋਨੀ ਨੂੰ ਢਾਹ ਦਿੱਤਾ ਗਿਆ। ਵਧੀਕ ਡਿਪਟੀ ਕਮਿਸ਼ਨਰ (ਜ) ਹਰਜਿੰਦਰ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਮਠੋਲਾ ਵਿਖੇ ਵਿਕਸਿਤ ਕੀਤੀ ਗਈ ਅਣ-ਅਧਿਕਾਰਤ ਕਲੋਨੀ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਕੇ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਅਣ-ਅਧਿਕਾਰਤ ਕਲੋਨੀ ਦੇ ਮਾਲਕਾਂ ਵਲੋਂ ਸਰਕਾਰ ਦੀਆਂ ਹਦਾਇਤਾਂ ਦੀ ਪਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਵਧੀਕ ਡਿਪਟੀ ਕਮਿਸ਼ਨਰ (ਜ) ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ 'ਤੇ ਜ਼ਿਲ੍ਹਾ ਗੁਰਦਾਸਪੁਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ। ਇਸ ਮੌਕੇ ਉਹਨਾਂ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਸਰਕਾਰ ਤੋਂ ਮਨਜ਼ੂਰਸ਼ੁਦਾ ਨਹੀਂ ਹਨ, ਵਿੱਚ ਪਲਾਟ ਨਾ ਖਰੀਦਿਆ ਜਾਵੇ ਅਤੇ ਕਿਸੇ ਵੀ ਕਲੋਨੀ ਵਿੱਚ ਪਲਾਟ ਖਰੀਦਣ ਤੋਂ ਪਹਿਲਾਂ ਸਰਕਾਰ ਦੀ ਮਨਜ਼ੂਰੀ ਦੀ ਮੰਗ ਜ਼ਰੂਰ ਕਰਨ ਤਾਂ ਜੋ ਉਹਨਾਂ ਦੇ ਧਨ-ਮਾਲ ਦਾ ਨੁਕਸਾਨ ਨਾ ਹੋ ਸਕੇ ਅਤੇ ਕਿਸੇ ਵੀ ਤਰ੍ਹਾ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਪੁੱਡਾ ਦੇ ਖੇਤਰ ਵਿੱਚ 19 ਮਾਰਚ 2018 ਤੋਂ ਪਹਿਲਾਂ ਦੀਆਂ ਜੋ ਵੀ ਅਣ-ਅਧਿਕਾਰਤ ਕਲੋਨੀਆਂ ਅਪਲਾਈਡ ਹਨ, ਉਹ ਕਲੋਨਾਈਜ਼ਰ ਲੋੜੀਂਦੇ ਦਸਤਾਵੇਜ਼ ਜਮ੍ਹਾਂ ਕਰਵਾਉਂਦੇ ਹੋਏ ਤੁਰੰਤ ਆਪਣੀਆਂ ਕਲੋਨੀਆਂ ਨੂੰ ਰੈਗੂਲਰ ਕਰਵਾਉਣ ਨਹੀਂ ਤਾਂ ਉਨਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਉਨਾਂ ਕਿਹਾ ਕਿ ਜੇਕਰ ਕੋਈ ਵੀ ਕਲੋਨਾਈਜ਼ਰ/ ਪਰਮੋਟਰ ਵਿਭਾਗ ਦੀ ਬਿਨਾਂ ਪ੍ਰਵਾਨਗੀ ਲਏ ਕੋਈ ਉਸਾਰੀ ਕਰਦਾ ਹੈ ਤਾਂ ਉਹਨਾਂ ਖਿਲਾਫ ਨਿਯਮਾਂ ਅਨੁਸਾਰ ਸਖਤ ਕਾਰਵਾਈ ਕੀਤੀ ਜਾਵੇਗੀ।



# ਅਮਰਨਾਥ ਯਾਤਰਾ ਦੌਰਾਨ ਅਜਨਾਲਾ ਤੋਂ ਰਾਸ਼ਨ ਦਾ ਪਹਿਲਾ ਟਰੱਕ ਹੋਇਆ ਰਵਾਨਾ

**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**- ਸ਼ਿਵ ਪਰਵਾਰ ਲੰਗਰ ਭੰਡਾਰ ਕਮੇਟੀ ਅਜਨਾਲਾ ਵੱਲੋਂ ਅਮਰਨਾਥ ਯਾਤਰੀਆਂ ਲਈ 14ਵਾਂ ਵਿਸ਼ਾਲ ਭੰਡਾਰਾ ਅਜਨਾਲਾ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਹੈ ਜਿਸ ਵਿੱਚ ਯਾਤਰੀਆਂ ਦੀ ਸਹੂਲਤ ਲਈ ਰਹਿਣ ਦਾ ਪ੍ਰਬੰਧ ਕੀਤਾ ਗਿਆ ਹੈ। ਲੰਗਰ ਦੀ ਸੇਵਾ ਪੰਚ ਤਰਨੀ ਅਤੇ ਬਾਲਟਾਲ ਵਿਖੇ ਦੋਨਾਂ ਜਗ੍ਹਾ 'ਤੇ ਲੰਗਰ ਦੀ ਸੇਵਾ ਚੱਲੇਗੀ। ਇਹ ਸੇਵਾ 3 ਜੁਲਾਈ ਤੋਂ ਸ਼ੁਰੂ ਹੋ ਕੇ 9 ਅਗਸਤ ਤੱਕ ਚੱਲੇਗੀ। ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਅੱਜ ਪਹਿਲਾ ਜਥਾ ਰਵਾਨਾ ਕੀਤਾ ਗਿਆ। ਇਸ ਮੌਕੇ ਲੰਗਰ ਕਮੇਟੀ ਦੇ ਪ੍ਰਧਾਨ ਨੀਰਜ ਕੁਮਾਰ ਲੱਕੀ ਨੇ ਦੱਸਿਆ ਕਿ ਸਾਰੀਆਂ ਸੰਗਤਾਂ ਨੂੰ ਹੁੰਮ ਹੁਮਾ ਕੇ ਅਮਰਨਾਥ ਯਾਤਰਾ ਕਰਨ ਦੀ ਬੇਨਤੀ ਕੀਤੀ। ਉਨ੍ਹਾਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਆਪਣੇ ਨਿਰਧਾਰਤ ਕੀਤੇ ਸਰਕਾਰ ਵੱਲੋਂ ਦਿੱਤੇ ਤਰੀਕਾਂ ਅਤੇ ਟਾਈਮ 'ਤੇ ਹੀ ਆਉਣ, ਉਸ ਤੋਂ ਪਹਿਲਾਂ ਨਾ ਆਉਣ। ਇਸ ਵਿੱਚ ਹੋਰਨਾਂ ਤੋਂ ਇਲਾਵਾ ਰੂਪ ਲਾਲ ਮੈਦਾਨ, ਅਸ਼ੋਕ ਤਰਲੋਕ, ਗੋਰਾ ਫਰੂਟ ਵਾਲੇ, ਹਨੀ ਫਰੂਟ ਵਾਲੇ, ਵਿਸ਼ਾਲ ਸ਼ਰਮਾ, ਪ੍ਰਕਾਸ਼ ਬੈਂਕ ਵਾਲੇ, ਪਵਨ, ਰਮੇਸ਼ ਕੁਮਾਰ ਮੰਗੀ, ਸੁਰਜੀਤ ਕੁਮਾਰ, ਪ੍ਰਦੀਪ ਕੁਮਾਰ, ਕਾਕਾ, ਹਨੀ ਅਰੋੜਾ, ਗੋਲਡੀ ਡੇਅਰੀ ਵਾਲੇ, ਮੋਹਿਤ ਮਹਾਜਨ, ਆਸ਼ੂ ਸ਼ਰਮਾ, ਦਾਨਿਸ਼ ਸ਼ਰਮਾ, ਸੰਨੀ ਸ਼ਰਮਾ, ਸੰਨੀ ਚੋਪੜਾ, ਵਿਨੋਦ ਕੁਮਾਰ, ਰਕੇਸ਼ ਕੁਮਾਰ ਰਿੰਕੂ, ਲੱਕੀ ਬੇਦੀ ਅਤੇ ਹੋਰ ਬਹੁਤ ਸਾਰੇ ਪਤਵੰਤੇ ਸੱਜਣ ਮੌਜੂਦ ਸਨ।



# ਵੱਖ-ਵੱਖ ਨਸ਼ਾ ਤਸਕਰਾਂ ਪਾਸੋਂ ਨਸ਼ੀਲਾ ਪਦਾਰਥ ਬਰਾਮਦ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਧਾਰੀਵਾਲ ਦੇ ਏ.ਐਸ.ਆਈ. ਬਲਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਨੇ ਨਾਕਾਬੰਦੀ ਦੌਰਾਨ ਰਣੀਆ ਬਾਈਪਾਸ ਪੁਲ ਹੇਠਾਂ ਤੋਂ ਸੰਨੀ ਪੁੱਤਰ ਪ੍ਰੇਮ ਮਸੀਹ, ਸਾਜਨ ਪੁੱਤਰ ਰਫੀਕ ਮਸੀਹ ਵਾਸੀ ਤਰੀਜਾਨਗਰ ਨੂੰ ਮੋਟਰਸਾਈਕਲ ਸਮੇਤ ਕਾਬੂ ਕਰਕੇ ਉਨ੍ਹਾਂ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 10 ਗ੍ਰਾਮ ਹੈਰੋਇਨ ਅਤੇ 2500 ਰੁਪਏ ਡਰੱਗ ਮਨੀ ਬ੍ਰਾਮਦ ਹੋਈ ਹੈ। ਇਸੇ ਤਰ੍ਹਾਂ ਥਾਣਾ ਕਾਹਨੂੰਵਾਨ ਦੇ ਏ.ਐਸ.ਆਈ. ਨਿਰਮਲ ਸਿੰਘ ਨੇ ਸਮੇਤ ਪੁਲਸ ਪਾਰਟੀ ਫੋਕਲ ਪੁਆਇੰਟ ਲਾਧੂਪੁਰ ਤੋਂ ਬਚਿੱਤਰ ਸਿੰਘ ਚਿੱਤਰੂ ਪੁੱਤਰ ਸੱਤਪਾਲ ਸਿੰਘ ਵਾਸੀ ਕੋਟ ਟੋਡਰਮੱਲ ਥਾਣਾ ਕਾਦੀਆਂ ਹਾਲ ਵਾਸੀ ਭੱਟੀਆਂ ਥਾਣਾ ਕਾਹਨੂੰਵਾਨ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 9 ਗ੍ਰਾਮ ਹੈਰੋਇਨ ਅਤੇ 900 ਰੁਪਏ ਡਰੱਗ ਮਨੀ ਬਰਾਮਦ ਹੋਈ ਹੈ। ਥਾਣਾ ਸਦਰ ਗੁਰਦਾਸਪੁਰ ਪੁਲਸ ਦੇ ਏ.ਐਸ.ਆਈ. ਬਲਵਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਹਰਜੋਤ ਸਿੰਘ ਪੁੱਤਰ ਇੰਦਰਪਾਲ ਸਿੰਘ ਵਾਸੀ ਗੁਰਦਾਸਪੁਰ ਜੋ ਹੈਰੋਇਨ ਦੇ ਕੱਸ਼ ਲਗਾ ਰਿਹਾ ਸੀ, ਨੂੰ ਸ਼ੱਕ 'ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਇੱਕ ਲਾਇਟਰ, ਸਿਲਵਰ ਪੰਨੀ ਅਤੇ 10 ਰੁਪਏ ਦੇ ਨੋਟ ਦੀ ਬਣੀ ਹੋਈ ਪਾਇਪ ਬਰਾਮਦ ਕੀਤੀ ਹੈ। ਪੁਲਸ ਨੇ ਇਨ੍ਹਾਂ ਨਸ਼ਾ ਤਸਕਰਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਜ਼ਿਲ੍ਹਾ ਮੰਡੀ ਅਫਸਰ ਦੀ ਅੰਮ੍ਰਿਤਸਰ ਨਿਯੁਕਤੀ ਨਾਲ ਮੁਲਾਜ਼ਮਾਂ 'ਚ ਭਾਰੀ ਉਤਸ਼ਾਹ



**ਮਜੀਠਾ (ਸੋਇਮ ਆਨੰਦ)**- ਰਮਨਦੀਪ ਸਿੰਘ ਥਿੰਦ ਕੁਝ ਦਿਨ ਪਹਿਲਾਂ ਲੁਧਿਆਨਾ ਤੋਂ ਬਦਲ ਕੇ ਜ਼ਿਲ੍ਹਾ ਮੰਡੀ ਅਫਸਰ ਅੰਮ੍ਰਿਤਸਰ ਦਾ ਚਾਰਜ ਸੰਭਾਲ ਲਿਆ ਹੈ । ਕੁਝ ਖੇਡ ਪ੍ਰੋਗਰਾਮਾਂ ਵਿੱਚ ਰੁੱਝੇ ਹੋਣ ਕਰਕੇ ਅੱਜ ਅੰਮ੍ਰਿਤਸਰ ਸਥਿਤ ਦਫਤਰ ਵਿੱਚ ਪਹੁੰਚੇ ਤਾਂ ਮੁਲਾਜ਼ਮਾਂ ਵਿੱਚ ਉਤਸ਼ਾਹ ਵੇਖਣ ਨੂੰ ਮਿਲਿਆ। ਜ਼ਿਲ੍ਹਾ ਭਰ ਦੀਆਂ ਮਾਰਕੀਟ ਕਮੇਟੀਆਂ ਤੋਂ ਮਾਰਕੀਟ ਕਮੇਟੀਆਂ ਦੇ ਕਰਮਚਾਰੀ ਕੁਲਦੀਪ ਸਿੰਘ ਕਾਹਲੋਂ ਚੇਅਰਮੈਨ ਮਾਰਕੀਟ ਕਮੇਟੀ ਕਰਮਚਾਰੀ ਯੂਨੀਅਨ ਪੰਜਾਬ ਦੀ ਅਗਵਾਈ ਵਿੱਚ ਰਮਨਦੀਪ ਸਿੰਘ ਥਿੰਦ ਦਾ ਸਵਾਗਤ ਕਰਨ ਲਈ ਜ਼ਿਲ੍ਹਾ ਮੰਡੀ ਭਵਨ ਅੰਮ੍ਰਿਤਸਰ ਵਿਖੇ ਪਹੁੰਚੇ ਅਤੇ ਉਹਨਾਂ ਵੱਲੋਂ ਵੱਖ-ਵੱਖ ਤਰ੍ਹਾਂ ਦੇ ਸਨਮਾਨ ਚਿੰਨ੍ਹ ਦੇ ਕੇ ਰਮਨਦੀਪ ਸਿੰਘ ਥਿੰਦ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਮੰਡੀ ਅਫਸਰ ਅੰਮ੍ਰਿਤਸਰ ਵੱਲੋਂ ਕਿਹਾ ਗਿਆ ਕਿ ਮੈਨੂੰ ਤੁਹਾਡੇ ਸਾਰੇ ਮੁਲਾਜ਼ਮਾਂ ਦਾ ਸਹਿਯੋਗ ਚਾਹੀਦਾ ਹੈ ਅਤੇ ਅਸੀਂ ਮੋਢੇ ਨਾਲ ਮੋਢਾ ਜੋੜ ਕੇ ਇੱਕ ਟੀਮ ਦੀ ਤਰ੍ਹਾਂ ਜ਼ਿਲ੍ਹੇ ਵਿੱਚ ਸੁਚੱਜੇ ਮੰਡੀਕਰਨ ਲਈ ਅਤੇ ਮੰਡੀਕਰਨ ਦੇ ਕੰਮਾਂ ਦੀ ਭਲਾਈ ਲਈ ਕੰਮ ਕਰਾਂਗੇ। ਇਸ ਮੌਕੇ ਉਹਨਾਂ ਦੇ ਨਾਲ ਪਹਿਲਵਾਨ ਰਣਜੀਤ ਸਿੰਘ, ਹਰਸਿਮਰਨਜੀਤ ਸਿੰਘ, ਹਰਪਾਲ ਸਿੰਘ, ਸਰਬਜੀਤ ਸਿੰਘ ਮਹਿਤਾ, ਸੰਦੀਪ ਸਿੰਘ ਰਿਆੜ, ਹਰਦੀਪ ਸਿੰਘ ਮਜੀਠਾ, ਨੀਰਜ ਸ਼ਰਮਾ ਅਟਾਰੀ, ਹਰਜਿੰਦਰ ਸਿੰਘ ਮਜੀਠਾ, ਨਿਤੀਸ਼ ਅਗਨੀਹੋਤਰੀ , ਸ਼ਿਵ ਵਰਿੰਦਰਪਾਲ ਸਿੰਘ ਸਿੱਧਰਾ, ਕੁਲਦੀਪ ਸਿੰਘ ਕਾਹਲੋਂ, ਭਗਵੰਤਜੀਤ ਸਿੰਘ ਸੋਨੀ, ਅਜਮੇਰ ਸਿੰਘ ਗਹਿਰੀ, ਦਿਲਪ੍ਰੀਤ ਜੰਡਿਆਲਾ ਅਤੇ ਰਾਜ ਕੁਮਾਰ ਹਾਜ਼ਰ ਸਨ।

# ਡੱਲਾ ਬਲੀਮ ਮਾਰਗ ਦੇ ਨਿਰਮਾਣ ਕਾਰਜ ਦਾ ਕਟਾਰੂ ਚੱਕ ਨੇ ਰੱਖਿਆ ਨੀਂਹ ਪੱਥਰ

**ਪਠਾਨਕੋਟ (ਦਵਿੰਦਰ ਸਿੰਘ)**- ਵਿਧਾਨ ਸਭਾ ਹਲਕਾ ਭੋਆ ਦੀ ਇੱਕ 6.45 ਕਿਲੋਮੀਟਰ ਲੰਬੀ ਸੜਕ ਦੇ ਨਿਰਮਾਣ ਕਾਰਜ ਸ਼ੁਰੂ ਕੀਤੇ ਗਏ ।ਵਿਧਾਨ ਸਭਾ ਹਲਕਾ ਭੋਆ ਜਿਸ ਦੀਆਂ ਸੜਕਾਂ ਕਈ ਸਾਲਾਂ ਤੋਂ ਨਹੀਂ ਬਣਾਈਆਂ ਗਈਆਂ ਸਨ ਅਤੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਭੋਆ ਦੀਆਂ ਕਰੀਬ 74 ਸੜਕਾਂ ਦਾ ਨਵਨਿਰਮਾਣ ਕਰਨ ਦੀ ਮਨਜ਼ੂਰੀ ਦਿੱਤੀ ਗਈ ਹੈ। ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਅੱਜ ਪਿੰਡ ਡੱਲਾ ਬਲੀਮ ਵਿਖੇ ਸੜਕ ਦਾ ਨਿਰਮਾਣ ਕਾਰਜ ਸ਼ੁਰੂ ਕਰਨ ਮਗਰੋਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਕੇਸ਼ ਕੁਮਾਰ ਐਸ.ਡੀ.ਓ. ਮੰਡੀ ਬੋਰਡ, ਕੁਲਦੀਪ ਭਟਵਾਂ ਬਲਾਕ ਪ੍ਰਧਾਨ, ਸਰਪੰਚ ਅਸ਼ੋਕ ਕੁਮਾਰ, ਕੁਲਜੀਤ ਸਿੰਘ ਮੈਂਬਰ ਪੰਚਾਇਤ, ਨਿਰਮਲਾ ਦੇਵੀ ਪੰਚਾਇਤ ਮੈਂਬਰ, ਅਨੀਤਾ ਮੈਂਬਰ ਪੰਚਾਇਤ, ਪਿੰਕੀ ਮੈਂਬਰ ਪੰਚਾਇਤ, ਰੁਲਦੂ ਰਾਮ ਪੰਚਾਇਤ ਮੈਂਬਰ, ਕੇਵਲ ਕ੍ਰਿਸ਼ਨ ਇੰਸਪੈਕਟਰ, ਦਵਿੰਦਰ ਪਾਲ, ਵਿਜੈ ਕੁਮਾਰ ਸਰਪੰਚ ਡੱਲਾ ਫਾਟਕ, ਕੇਵਲ ਕ੍ਰਿਸ਼ਨ, ਜੋਗਿੰਦਰ ਪਾਲ ਨੰਬਰਦਾਰ, ਬਿਸੰਬਰ ਦਾਸ, ਸੁਰਜੀਤ ਸਿੰਘ ਸਰਪੰਚ ਨੱਕੀ, ਯਸਪਾਲ ਸਿੰਘ ਮੈਂਬਰ ਪੰਚਾਇਤ ਨੱਕੀ, ਸ਼ਾਮ ਲਾਲ, ਪ੍ਰਬੋਧ ਕੁਮਾਰ, ਤੀਰਥ ਰਾਮ ਅਤੇ ਹੋਰ ਪਿੰਡਾਂ ਦੇ ਪੰਚਾਇਤ ਮੈਂਬਰ ਵੀ ਹਾਜ਼ਰ ਸਨ।ਇਸ ਮੌਕੇ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਅੱਜ ਬਹੁਤ ਹੀ ਖੁਸ਼ੀ ਦਾ ਦਿਨ ਹੈ ਕਿ ਵਿਧਾਨ ਸਭਾ ਹਲਕਾ ਭੋਆ ਦੀ ਏ.ਪੀ.ਕੇ. ਰੋਡ ਤੋਂ ਡੱਲਾ ਬਲੀਮ, ਫੇਰੂਵਾਲ, ਅਲੀਖਾਂ ਤੋਂ ਤੰਗੋਸਾਹ ਰੋਡ ਦਾ ਨਵਨਿਰਮਾਣ ਕਾਰਜ ਦਾ ਸ਼ੁੱਭ ਅਰੰਭ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਰੋਡ 'ਤੇ 2.3 ਕਰੋੜ ਰੁਪਏ ਖਰਚ ਕਰਕੇ 6.45 ਕਿਲੋਮੀਟਰ ਲੰਬੀ ਸੜਕ ਦਾ ਨਵਨਿਰਮਾਣ ਕੀਤਾ ਜਾਣਾ ਹੈ।ਉਨ੍ਹਾਂ ਕਿਹਾ ਕਿ ਜਿਹਨਾਂ ਸੜਕਾਂ ਦਾ ਨਿਰਮਾਣ ਪਿਛਲੇ ਕਰੀਬ 20 ਸਾਲਾਂ ਤੋਂ ਨਹੀਂ ਹੋਇਆ ਸੀ ਅਤੇ ਅੱਜ ਮਾਨਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਉਪਰਾਲਿਆਂ ਸਦਕਾ ਵਿਧਾਨ ਸਭਾ ਹਲਕਾ ਭੋਆ ਦੀਆਂ 74 ਸੜਕਾਂ ਨੂੰ ਨਵਨਿਰਮਾਣ ਦੀ ਮਨਜ਼ੂਰੀ ਮਿਲੀ ਹੈ। ਉਨ੍ਹਾਂ ਕਿਹਾ ਕਿ ਉਹ ਸੜਕਾਂ ਜਿਨ੍ਹਾਂ ਦੀ ਪਿਛਲੀਆਂ ਤਿੰਨ ਸਰਕਾਰਾਂ ਨੇ ਕੋਈ ਧਿਆਨ ਨਹੀਂ ਦਿੱਤਾ ਅਤੇ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ । ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਅੰਦਰ ਹਰ ਰੋਜ਼ ਕਿਸੇ ਨਾ ਕਿਸੇ ਸੜਕ ਦਾ ਨਿਰਮਾਣ ਕਾਰਜ ਸ਼ੁਰੂ ਕੀਤਾ ਜਾ ਰਿਹਾ ਹੈ ਅਤੇ ਜਲਦੀ ਹੀ ਵਿਧਾਨ ਸਭਾ ਹਲਕਾ ਭੋਆ ਨੂੰ ਨਵੀਆਂ ਸੜਕਾਂ ਮਿਲ ਸਕਣਗੀਆਂ।



# ਹੈਰੋਇਨ ਤੇ ਡਰੱਗ ਮਨੀ ਸਮੇਤ ਦੋ ਨੌਜਵਾਨ ਕਾਬੂ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਥਾਣਾ ਧਾਰੀਵਾਲ ਦੀ ਪੁਲੀਸ ਨੇ 10 ਗ੍ਰਾਮ ਹੈਰੋਇਨ ਅਤੇ 2500 ਰੁਪਏ ਡਰੱਗ ਮਨੀ ਸਮੇਤ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਨੂੰ ਕਾਬੂ ਕਰਕੇ ਉਨ੍ਹਾਂ ਵਿਰੁੱਧ ਐੱਨ ਡੀ ਪੀ ਐੱਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ। ਥਾਣਾ ਧਾਰੀਵਾਲ ਦੇ ਮੁਖੀ ਪਰਮਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਏ ਐੱਸ ਆਈ ਬਲਬੀਰ ਸਿੰਘ ਨੇ ਸਮੇਤ ਪੁਲਸ ਪਾਰਟੀ ਦੇ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਸਹਿਰ ਦੇ ਬਾਹਰਵਾਰ ਰਣੀਆ ਬਾਈਪਾਸ ਪੁੱਲ ਹੇਠਾਂ ਲਗਾਏ ਨਾਕੇ ਦੌਰਾਨ ਬਜਾਜ ਪਲਟੀਨਾ ਮੋਟਰਸਾਈਕਲ ਨੰਬਰੀ ਪੀਬੀ 06 ਏ ਡਬਲਯੂ 5635 'ਤੇ ਸਵਾਰ ਦੋ ਨੌਜਵਾਨਾਂ ਨੂੰ ਕਾਬੂ ਕਰਕੇ ਤਲਾਸ਼ੀ ਲੈਣ 'ਤੇ ਉਨ੍ਹਾਂ ਕੋਲੋਂ ਮਿਲੇ ਮੋਮੀ ਲਿਫਾਫੇ ਵਿੱਚੋਂ 10 ਗ੍ਰਾਮ ਹੈਰੋਇਨ ਅਤੇ 2500 ਰੁਪਏ ਡਰੱਗ ਮਨੀ ਬਰਾਮਦ ਹੋਈ ਹੈ। ਮੁਲਜ਼ਮਾਂ ਦੀ ਪਛਾਣ ਸੰਨੀ ਪੁੱਤਰ ਪ੍ਰੇਮ ਮਸੀਹ ਅਤੇ ਸਾਜਨ ਪੁੱਤਰ ਰਫੀਕ ਮਸੀਹ ਵਾਸੀਆਂਨ ਤਰੀਜਾ ਨਗਰ, ਥਾਣਾ ਧਾਰੀਵਾਲ ਵਜੋਂ ਹੋਈ। ਪੁਲੀਸ ਨੇ ਦੋਵਾਂ ਮੁਲਜ਼ਮਾਂ ਨੂੰ ਹੈਰੋਇਨ ਅਤੇ ਡਰੱਗ ਮਨੀ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਵਿਰੁੱਧ ਐਨਡੀਪੀਐਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ।



# ਮਧੂ ਮੱਖੀਆਂ ਪਾਲਣ ਦੀ ਟ੍ਰੇਨਿੰਗ 23 ਤੋਂ

**ਨਵਾਂਸ਼ਹਿਰ (ਮਨੋਜ ਲਾਡੀ)** ਕਿਸਾਨਾਂ ਨੂੰ ਆਪਣੀ ਆਮਦਨ ਵਿੱਚ ਵਾਧਾ ਕਰਨ ਲਈ ਖੇਤੀਬਾੜੀ ਦੇ ਨਾਲ-ਨਾਲ ਸਹਾਇਕ ਧੰਦਿਆਂ ਨੂੰ ਵੀ ਅਪਨਾਉਣਾ ਚਾਹੀਦਾ ਹੈ।ਇਸ ਲਈ ਕਿਸਾਨਾਂ ਨੂੰ ਸ਼ਹਿਦ ਦੀਆਂ ਮੱਖੀਆਂ (ਮੱਧੂ ਮੱਖੀਆਂ) ਪਾਲਣ ਦੇ ਕਿੱਤੇ ਦੀ ਟ੍ਰੇਨਿੰਗ ਕ੍ਰਿਸ਼ੀ ਵਿਗਿਆਨ ਕੇਂਦਰ ਲੰਗੜੋਆ ਵਿਖੇ 23 ਜੂਨ ਤੋਂ 27 ਜੂਨ ਤੱਕ ਦਿੱਤੀ ਜਾਣੀ ਹੈ। ਇਹ ਜਾਣਕਾਰੀ ਸਹਾਇਕ ਡਾਇਰੈਕਟਰ ਬਾਗਬਾਨੀ ਰਾਜੇਸ਼ ਕੁਮਾਰ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿੱਚ ਸਹਾਇਕ ਧੰਦਿਆਂ ਦਾ ਵਿਸ਼ੇਸ਼ ਮਹੱਤਵ ਹੈ। ਜਿਹਨਾਂ ਵਿੱਚ ਸ਼ਹਿਦ ਦੀਆਂ ਮੱਖੀਆਂ ਪਾਲਣ ਦੇ ਧੰਦੇ ਦਾ ਅਹਿਮ ਯੋਗਦਾਨ ਹੈ ਅਤੇ ਇਸ ਕਿੱਤੇ ਨਾਲ ਕਿਸਾਨ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਜਿਹੜੇ ਕਿਸਾਨ/ਬੇਜ਼ਮੀਨੇ ਨੌਜਵਾਨ ਟ੍ਰੇਨਿੰਗ ਲੈਣਾ ਚਾਹੁੰਦੇ ਹਨ ਉਹ ਮਿਤੀ 23 ਜੂਨ ਨੂੰ ਸਵੇਰੇ 9:30 ਵਜੇ ਕ੍ਰਿਸ਼ੀ ਵਿਗਿਆਨ ਕੇਂਦਰ ਲੰਗੜੋਆ ਵਿਖੇ ਆਪਣੇ ਨਾਲ ਆਧਾਰ ਕਾਰਡ ਦੀ ਕਾਪੀ ਨਾਲ ਲੈ ਕੇ ਰਜਿਸਟ੍ਰੇਸ਼ਨ ਕਰਵਾ ਲੈਣ। ਟ੍ਰੇਨਿੰਗ ਲੈਣ ਉਪਰੰਤ ਕਿਸਾਨ ਵੀਰਾਂ ਨੂੰ ਟ੍ਰੇਨਿੰਗ ਸਰਟੀਫਿਕੇਟ ਦਿੱਤਾ ਜਾਵੇਗਾ। ਜਿਹੜੇ ਕਿਸਾਨ ਸ਼ਹਿਦ ਦੀਆਂ ਮੱਖੀਆਂ ਪਾਲਣ ਦਾ ਕੰਮ ਕਰਨਗੇ ਉਹਨਾਂ ਨੂੰ ਕੌਮੀ ਬਾਗਬਾਨੀ ਮਿਸ਼ਨ ਅਧੀਨ ਵੱਧ ਤੋਂ ਵੱਧ 50 ਬਕਸਿਆਂ ਉੱਪਰ 40% ਉਪਦਾਨ ਦਿੱਤਾ ਜਾਵੇਗਾ।

# ਕਟਾਰੂ ਚੱਕ ਨੇ ਡੇਰਾ ਬਾਬਾ ਬਸੰਤ ਪੁਰੀ ਵਿਖੇ ਕਮਿਊਨਿਟੀ ਹਾਲ ਦਾ ਰੱਖਿਆ ਨੀਂਹ ਪੱਥਰ

**ਪਠਾਨਕੋਟ (ਦਵਿੰਦਰ ਸਿੰਘ)**- ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਡੇਰਾ ਬਾਬਾ ਬਸੰਤ ਪੁਰੀ ਵਿਖੇ ਕਮਿਊਨਿਟੀ ਹਾਲ ਦਾ ਨੀਂਹ ਪੱਥਰ ਰੱਖਿਆ ਗਿਆ ਅਤੇ ਖੇਤਰ ਅੰਦਰ ਇਸ ਕਮਿਊਨਿਟੀ ਹਾਲ ਦੇ ਨਿਰਮਾਣ ਨਾਲ ਆਮ ਲੋਕਾਂ ਨੂੰ ਵੱਡਾ ਲਾਭ ਹੋਵੇਗਾ, ਕਮਿਊਨਿਟੀ ਹਾਲ ਦੇ ਨਿਰਮਾਣ ਅੰਦਰ ਕੋਈ ਕਮੀ ਨਹੀਂ ਆਉਂਣ ਦਿੱਤੀ ਜਾਵੇਗੀ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਅੱਜ ਪਿੰਡ ਡੇਰਾ ਬਾਬਾ ਬਸੰਤ ਪੁਰੀ ਵਿਖੇ ਕਮਿਊਨਿਟੀ ਹਾਲ ਦਾ ਨੀਂਹ ਪੱਥਰ ਰੱਖਣ ਮਗਰੋਂ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਕਰਨਜੀਤ ਸਿੰਘ, ਮੈਂਬਰ ਪੰਚਾਇਤ ਪਵਨ ਕੁਮਾਰ, ਮੈਂਬਰ ਪੰਚਾਇਤ ਸੁਖਵਿੰਦਰ ਰਾਣੀ, ਮੈਂਬਰ ਪੰਚਾਇਤ ਪੂਜਾ ਦੇਵੀ, ਮੈਂਬਰ ਪੰਚਾਇਤ ਸੋਨੂੰ ਮਹਾਜਨ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਵੀ ਹਾਜ਼ਰ ਸਨ।ਇਸ ਮੌਕੇ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਅੱਜ ਬਹੁਤ ਹੀ ਖੁਸ਼ੀ ਦਾ ਦਿਨ ਹੈ ਕਿ ਅੱਜ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਡੇਰਾ ਬਾਬਾ ਬਸੰਤ ਪੁਰੀ ਵਿਖੇ ਕਮਿਊਨਿਟੀ ਹਾਲ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ ਕਰੀਬ 12 ਲੱਖ ਰੁਪਏ ਕਮਿਊਨਿਟੀ ਹਾਲ ਦੇ ਨਿਰਮਾਣ ਤੇ ਖਰਚ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਇਸ ਕਮਿਊਨਿਟੀ ਹਾਲ ਦੇ ਨਿਰਮਾਣ ਨਾਲ ਆਮ ਜਨਤਾ ਨੂੰ ਵੱਡਾ ਲਾਭ ਹੋਵੇਗਾ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਜੀ ਦੇ ਉਪਰਾਲਿਆ ਸਦਕਾ ਵਿਧਾਨ ਸਭਾ ਹਲਕਾ ਭੋਆ ਦੇ ਅੰਦਰ ਜੋ ਵੀ ਵਿਕਾਸ ਕਾਰਜ ਚਲਾਏ ਜਾ ਰਹੇ ਹਨ ਉਨ੍ਹਾਂ ਕਾਰਜਾਂ ਨੂੰ ਮੁਕੰਮਲ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਭੇਦਭਾਵ ਅਤੇ ਬਿਨਾਂ ਕਿਸੇ ਪੱਖਪਾਤ ਦੇ ਵਿਕਾਸ ਕਾਰਜ ਕੀਤੇ ਜਾ ਰਹੇ। ਉਨ੍ਹਾਂ ਕਿਹਾ ਕਿ ਭਵਿੱਖ ਅੰਦਰ ਵਿਧਾਨ ਸਭਾ ਹਲਕਾ ਭੋਆ ਅੰਦਰ ਹੋਰ ਵੀ ਵੱਡੇ ਪ੍ਰੋਜੈਕਟ ਅਤੇ ਵਿਕਾਸ ਕਾਰਜਾਂ ਦਾ ਸ਼ੁੱਭ ਅਰੰਭ ਕੀਤਾ ਜਾਣਾ ਹੈ।ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਵੱਲੋਂ ਪਿੰਡ ਡੇਰਾ ਬਾਬਾ ਬਸੰਤ ਪੁਰੀ ਵਿਖੇ ਹੀ ਕਰਵਾਏ ਜਾ ਰਹੇ ਖੇਡ ਸਟੇਡੀਅਮ ਦਾ ਵੀ ਨਿਰੀਖਣ ਕੀਤਾ ਅਤੇ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਜਲਦੀ ਹੀ ਖੇਡ ਸਟੇਡੀਅਮ ਦਾ ਕੰਮ ਮੁਕੰਮਲ ਕਰਕੇ ਲੋਕਾਂ ਨੂੰ ਸਮਰਪਤ ਕੀਤਾ ਜਾਵੇਗਾ।



# ਮੱਕੀ ਦੀ ਫ਼ਸਲ ਉੱਪਰ ਕੀੜਿਆਂ ਦੀ ਰੋਕਥਾਮ ਲਈ ਨਿਰੰਤਰ ਨਿਰੀਖਣ ਦੀ ਜ਼ਰੂਰਤ : ਮੁੱਖ ਖੇਤੀਬਾੜੀ ਅਫ਼ਸਰ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਸਰਕਾਰ ਵਲੋਂ ਜ਼ਿਲ੍ਹਾ ਗੁਰਦਾਸਪੁਰ ਵਿਚ ਝੋਨੇ ਹੇਠੋ ਰਕਬਾ ਕੱਢ ਕੇ ਮੱਕੀ ਹੇਠ ਲਿਆਉਣ ਲਈ ਸ਼ੁਰੂ ਕੀਤੇ ਗਏ ਪਾਇਲਟ ਪ੍ਰੋਜੈਕਟ ਤਹਿਤ 2000 ਹੈਕ. ਰਕਬੇ ਵਿਚ ਸਾਉਣੀ ਦੀ ਮੱਕੀ ਦੀ ਕਾਸ਼ਤ ਕਰਵਾਈ ਜਾ ਰਹੀ। ਵੱਖ-ਵੱਖ ਬਲਾਕਾਂ ਵਿਚ ਬਿਜਾਈ ਗਈ ਮੱਕੀ ਦਾ ਜਾਇਜ਼ਾ ਲੈਣ ਲਈ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਵਲੋਂ ਬਲਾਕ ਧਾਰੀਵਾਲ ਅਤੇ ਕਾਹਨੂੰਵਾਨ ਦਾ ਦੌਰਾ ਕੀਤਾ ਅਤੇ ਖੇਤਾਂ ਵਿਚ ਜਾ ਕੇ ਮੱਕੀ ਦੀ ਫ਼ਸਲ ਦਾ ਕੀੜਿਆਂ ਦੇ ਹਮਲੇ ਦਾ ਜਾਇਜ਼ਾ ਲਿਆ। ਪਿੰਡ ਕਲੇਰ ਖੁਰਦ ਵਿਚ ਉਦਮੀ ਕਿਸਾਨ ਹਰਭਜਨ ਸਿੰਘ ਵਲੋਂ ਇੱਕ ਏਕੜ ਰਕਬੇ ਵਿੱਚ ਬਿਜਾਈ ਕੀਤੀ ਮੱਕੀ ਦੀ ਫ਼ਸਲ ਵਾਲੇ ਖੇਤਾਂ ਵਿਚ ਗੱਲਬਾਤ ਕਰਦਿਆਂ ਡਾਕਟਰ ਅਮਰੀਕ ਸਿੰਘ ਨੇ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੇ ਗਏ ਪਾਇਲਟ ਪ੍ਰੋਜੈਕਟ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਝੋਨੇ ਦੀ ਕਾਸ਼ਤ ਕਰਨ ਨਾਲ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਹੇਠਾਂ ਜਾ ਰਿਹਾ ਹੈ, ਜਿਸ ਕਾਰਨ ਭਵਿੱਖ ਵਿੱਚ ਖੇਤੀ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ। ਉਨ੍ਹਾਂ ਦੱਸਿਆ ਕਿ ਭਵਿੱਖ ਦੀ ਖੇਤੀ ਨੂੰ ਟਿਕਾਊ ਬਣਾਉਣ ਅਤੇ ਜ਼ਮੀਨ ਹੇਠਲੇ ਪਾਣੀ ਦੇ ਪੱਧਰ ਨੂੰ ਹੋਰ ਨੀਵਾਂ ਜਾਣ ਤੋਂ ਰੋਕਣ ਲਈ ਪੰਜਾਬ ਸਰਕਾਰ ਵਲੋਂ ਜ਼ਿਲ੍ਹਾ ਗੁਰਦਾਸਪੁਰ ਵਿਚ 2000 ਹੈਕ.ਰਕਬਾ ਝੋਨੇ ਦੀ ਖੇਤੀ ਹੇਠੋਂ ਕੱਢ ਕੇ ਮੱਕੀ ਦੀ ਕਾਸ਼ਤ ਹੇਠਾਂ ਲਿਆਉਣ ਲਈ ਪਾਇਲਟ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਅਜੋਕੇ ਸਮੇਂ ਵਿੱਚ ਮੱਕੀ ਦੀ ਫਸਲ ਉੱਪਰ ਫਾਲ ਆਰਮੀ ਵਰਮ ਨਾਮਕ ਕੀੜੇ ਦਾ ਹਮਲਾ ਦੇਖਿਆ ਗਿਆ ਹੈ, ਜਿਸ ਦੀ ਰੋਕਥਾਮ ਲਈ ਕਿਸਾਨਾਂ ਨੂੰ ਰੋਕਥਾਮ ਤਕਨੀਕਾਂ ਤੋਂ ਜਾਣੂ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਸ ਕੀੜੇ ਦੀ ਸੁੰਡੀ ਦੀ ਪਹਿਚਾਣ ਪਿਛਲੇ ਸਿਰੇ ਵੱਲ ਚਾਰ ਵਰਗ ਬਣਾਉਂਦੇ ਬਿੰਦੂਆਂ ਅਤੇ ਸਿਰ ਉੱਪਰ ਚਿੱਟੇ ਰੰਗ ਦੇ ਅੰਗ੍ਰੇਜ਼ੀ ਦੇ ਵਾਈ ਅੱਖਰ ਦੇ ਉਲਟੇ ਨਿਸ਼ਾਨ ਤੋਂ ਹੁੰਦੀ ਹੈ। ਉਨ੍ਹਾਂ ਕਿਹਾ ਕਿ ਹਮਲੇ ਦੇ ਸ਼ੁਰੂਆਤੀ ਦੌਰ ਵਿੱਚ ਛੋਟੀਆਂ ਸੁੰਡੀਆਂ ਪੱਤੇ ਦੀ ਸਤਹ ਨੂੰ ਖੁਰਚ ਕੇ ਖਾਂਦੀਆਂ ਹਨ ਜਿਸ ਕਾਰਨ ਪੱਤਿਆਂ ਉੱਪਰ ਲੰਮੇ ਆਕਾਰ ਦੇ ਕਾਗਜ਼ੀ ਨਿਸ਼ਾਨ ਬਣ ਜਾਂਦੇ ਹਨ ਅਤੇ ਵੱਡੀਆ ਸੁੰਡੀਆਂ ਪੱਤਿਆਂ ਉੱਪਰ ਬੇਤਰਤੀਬੇ, ਗੋਲ ਜਾਂ ਅੰਡਾਕਾਰ ਮੋਰੀਆਂ ਬਣਾ ਦਿੰਦੀਆਂ ਹਨ ਅਤੇ ਹਮਲੇ ਵਾਲੀ ਗੋਭ ਵਿੱਚ ਕਾਫੀ ਮਾਤਰਾ ਵਿੱਚ ਕਾਲੀਆ ਵਿੱਠਾਂ ਦੇਖਣ ਨੂੰ ਮਿਲਦੀਆਂ ਹਨ ਅਤੇ ਜੇਕਰ ਇਸ ਕੀੜੇ ਦਾ ਹਮਲਾ ਮੱਕੀ ਦੀ ਫਸਲ ਉੱਪਰ ਦਿਖਾਈ ਦੇਵੇ ਤਾਂ ਇਸ ਦੇ ਅਗਾਂਹ ਫੈਲਾਅ ਨੂੰ ਰੋਕਣ ਲਈ ਤੁਰੰਤ 40 ਮਿਲੀਲੀਟਰ ਕਲੋਰੈਂਟ੍ਰਾਨਿਲੀਪਰੋਲ 18.5 ਈ.ਸੀ. ਜਾਂ 50 ਮਿਲੀਲੀਟਰ ਸਪਾਇਨਿਟੋਰਮ 11.7 ਐਸ ਸੀ ਜਾਂ 40 ਗ੍ਰਾਮ ਐਮਾਮੈਕਟਿਨ ਬੈਂਜੋਏਟ ਪ੍ਰਤੀ ਲਿਟਰ 120 ਤੋਂ 200 ਲੀਟਰ ਪਾਣੀ ਦੇ ਘੋਲ ਵਿੱਚ ਛਿੜਕਾਅ ਕਰੋ। ਉਨ੍ਹਾਂ ਕਿਹਾ ਕਿ ਛਿੜਕਾਅ ਕਰਦੇ ਸਮੇਂ ਪੰਪ ਦੀ ਗੋਲ ਨੋਜ਼ਲ ਮੱਕੀ ਦੀ ਗੋਭ ਵੱਲ ਹੋਣੀ ਚਾਹੀਦੀ ਹੈ। ਜੇਕਰ ਇਸ ਕੀੜੇ ਦਾ ਹਮਲਾ ਧੌੜੀਆਂ ਵਿੱਚ ਜਾਂ ਫਸਲ ਵੱਡੀ ਹੋਵੇ ਤਾਂ 4 ਗ੍ਰਾਮ ਕਲੋਰੈਂਟ੍ਰਾਨਿਲੀਪਰੋਲ ਜਾਂ 5 ਮਿਲੀਲੀਟਰ ਸਪਾਈਨੋਟਰਮ ਜਾਂ 4 ਮਿਲੀਲੀਟਰ ਐਮਾਮੈਕਟਿਨ ਬੈਂਜੋਏਟ ਨੂੰ ਇਕ ਕਿਲੋ ਮਿੱਟੀ ਵਿੱਚ ਮਿਲਾ ਕੇ ਚੁਟਕੀ ਭਰ ਮਿਸ਼ਰਣ ਪ੍ਰਤੀ ਗੋਭ ਵਿੱਚ ਪਾ ਕੇ ਰੋਕਥਾਮ ਕੀਤੀ ਜਾ ਸਕਦੀ ਹੈ।



# ਸੀ ਐੱਮ ਦੀ ਯੋਗਸ਼ਾਲਾ ਤਹਿਤ ਭਲਕੇ ਜ਼ਿਲ੍ਹੇ ਭਰ 'ਚ ਮਨਾਇਆ ਜਾਵੇਗਾ ਅੰਤਰਰਾਸ਼ਟਰੀ ਯੋਗ ਦਿਵਸ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਸਰਕਾਰ ਵਲੋਂ ਨਸ਼ਾ ਮੁਕਤ ਅਤੇ ਸਿਹਤਮੰਤ ਸਮਾਜ ਦੀ ਸਿਰਜਣਾ ਲਈ ਚਲਾਈ ਗਈ 'ਸੀ.ਐਮ. ਦੀ ਯੋਗਸ਼ਾਲਾ' ਤਹਿਤ 21 ਜੂਨ ਨੂੰ ਜ਼ਿਲ੍ਹਾ ਸਬ ਡਵੀਜ਼ਨ ਅਤੇ ਬਲਾਕ ਪੱਧਰ 'ਤੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਜਾਵੇਗਾ। ਜ਼ਿਲ੍ਹਾ ਪੱਧਰ 'ਤੇ ਇਹ ਸਮਾਗਮ ਦਾ ਆਯੋਜਨ ਗੁਰਦਾਸਪੁਰ ਦੇ ਸਰਕਾਰੀ ਕਾਲਜ ਵਿਖੇ ਹੋਵੇਗਾ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਹਰਜਿੰਦਰ ਸਿੰਘ ਬੇਦੀ ਨੇ ਅੰਤਰਰਾਸ਼ਟਰੀ ਯੋਗ ਦਿਵਸ ਸਬੰਧੀ ਕੀਤੀਆਂ ਜਾਣ ਵਾਲੀਆਂ ਅਗਾਊਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਅਧਿਕਾਰੀਆਂ ਨਾਲ ਕੀਤੀ ਇਕ ਮੀਟਿੰਗ ਦੌਰਾਨ ਸਾਂਝੀ ਕੀਤੀ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਤਹਿਤ ਪਹਿਲਾਂ ਤੋਂ ਹੀ ਰੋਜ਼ਾਨਾ ਪੂਰੇ ਜ਼ਿਲ੍ਹੇ ਵਿਚ ਵੱਖ ਵੱਖ ਥਾਵਾਂ 'ਤੇ ਯੋਗ ਕਲਾਸਾਂ ਲਗਾਈਆਂ ਜਾ ਰਹੀਆਂ ਹਨ, ਜਿਸ ਵਿਚ ਵੱਡੀ ਗਿਣਤੀ ਵਿਚ ਲੋਕ ਸ਼ਮੂਲੀਅਤ ਕਰ ਰਹੇ ਨੇ। ਉਨ੍ਹਾਂ ਕਿਹਾ ਕਿ 21 ਜੂਨ ਨੂੰ ਗੁਰਦਾਸਪੁਰ ਦੇ ਸਰਕਾਰੀ ਕਾਲਜ ਵਿਖੇ ਜ਼ਿਲ੍ਹਾ ਪੱਧਰ 'ਤੇ ਮਨਾਏ ਜਾ ਰਹੇ ਅੰਤਰਰਾਸ਼ਟਰੀ ਯੋਗ ਦਿਵਸ ਵਿਚ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਕਰਵਾਈ ਜਾਵੇ ਤਾਂ ਜੋ ਵੱਧ ਤੋਂ ਵੱਧ ਲੋਕ ਯੋਗ ਨਾਲ ਜੁੜ ਸਕਣ। ਵਧੀਕ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਸਬੰਧੀ ਤਿਆਰੀਆਂ ਮੁਕੰਮਲ ਕਰਨ ਅਤੇ ਲੋਕਾਂ ਨੂੰ ਇਸ ਸਮਾਗਮ ਸਬੰਧੀ ਜਾਗਰੂਕ ਕਰਨ ਲਈ ਕਿਹਾ। ਵਧੀਕ ਡਿਪਟੀ ਕਮਿਸ਼ਨਰ ਨੇ ਵਿਸ਼ਵ ਯੋਗ ਦਿਵਸ ਮੌਕੇ ਸਮੂਹ ਵਿਭਾਗਾਂ ਦੇ ਸਾਰੇ ਅਧਿਕਾਰੀ ਤੇ ਕਰਮਚਾਰੀ ਨੂੰ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਦੀ ਹਦਾਇਤ ਕੀਤੀ। ਇਸ ਮੌਕੇ ਐੱਸ.ਡੀ. ਐੱਮ. ਗੁਰਦਾਸਪੁਰ ਮਨਜੀਤ ਸਿੰਘ ਰਾਜਲਾ, ਸਹਾਇਕ ਕਮਿਸ਼ਨਰ (ਜ) ਆਦਿੱਤਯ ਗੁਪਤਾ ਤੋਂ ਇਲਾਵਾ ਪੁਲਸ ਵਿਭਾਗ ਤੇ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।







ਗੁਰਦੁਆਰਾ ਸਾਹਿਬ ਬਾਬਾ ਬੁੜ ਸਿੰਘ ਪਿੰਡ ਜਗਦੇਵ ਕਲਾਂ ਵਿਖੇ ਇੰਦਰਜੀਤ ਸਿੰਘ ਬੱਬ ਸਮੇਤ ਹੋਰ ਸੰਗਤਾਂ ਛਬੀਲ ਦੀ ਸੇਵਾ ਕਰਦੀਆਂ ਹੋਈਆਂ।

(ਫੋਟੋ ਤੇ ਵੇਰਵਾ : ਸੁਖਵੰਤ ਚੇਤਨਪੁਰੀ)

# ਨੌਜਵਾਨ ਦੀ ਉੱਘ-ਸੁੱਘ ਨਾ ਨਿਕਲਣ 'ਤੇ ਜੀ ਟੀ ਰੋਡ ਉੱਪਰ ਲਗਾਇਆ ਜਾਮ

**ਵੇਰਕਾ (ਰਾਣਾ)**- ਇਥੋਂ ਨਜਦੀਕੀ ਪਿੰਡ ਪਾਖਰਪੁਰ ਦੀਆਂ ਕਲੋਨੀਆਂ ਦੇ ਨੌਜਵਾਨ ਜੀਵਨ ਸਿੰਘ ਪੁੱਤਰ ਸਰਬਜੀਤ ਸਿੰਘ ਮਿਸਤਰੀ ਨੂੰ ਸਾਦੇ ਕੱਪੜਿਆਂ 'ਚ ਪੁਲਸ ਵੱਲੋਂ ਚੁੱਕੇ ਜਾਣ 'ਤੇ 24 ਘੰਟੇ ਬੀਤਣ ਦੇ ਬਾਵਜੂਦ ਕੋਈ ਉੱਘ-ਸੁੱਘ ਨਾ ਨਿਕਲਣ ਕਾਰਨ ਪਰਵਾਰ ਤੇ ਪਿੰਡ ਵਾਸੀਆਂ ਵੱਲੋਂ ਪੁਲਸ ਚੌਂਕੀ ਜੈਤੀਪੁਰ ਦੇ ਬਾਹਰ ਜੀ.ਟੀ ਰੋਡ ਉੱਪਰ ਧਰਨਾ ਲਾ ਕੇ ਚੱਕਾ ਜਾਮ ਕੀਤਾ ਗਿਆ। ਜਿਸ ਕਾਰਨ ਰਾਹਗੀਰਾਂ ਨੂੰ ਬਹੁਤ ਖੱਜਲ-ਖੁਆਰ ਹੋਣਾ ਪਿਆ। ਐਸ.ਐਚ.ਓ ਕੱਥੂਨੰਗਲ ਜਸਵਿੰਦਰ ਸਿੰਘ ਤੇ ਚੌਂਕੀ ਇੰਚਾਰਜ ਅਮਨਜੀਤ ਸਿੰਘ ਵੱਲੋਂ ਪਰਵਾਰ ਨੂੰ ਭਰੋਸੇ 'ਚ ਲੈ ਕੇ ਧਰਨਾ ਚੁਕਵਾਇਆ ਗਿਆ ਅਤੇ ਨੌਜਵਾਨ ਦੀ ਮੁਸ਼ਤੈਦੀ ਨਾਲ ਭਾਲ ਕਰਨ ਲਈ ਵੱਖ-ਵੱਖ ਥਾਵਾਂ 'ਤੇ ਟੀਮਾਂ ਭੇਜੀਆਂ ਗਈਆਂ।

# ਬਾਬਾ ਬੰਦਾ ਸਿੰਘ ਬਹਾਦਰ ਸਕੂਲ ਦੇ ਵਿਦਿਆਰਥੀਆਂ ਰਾਜ ਪੱਧਰੀ ਫੈਂਸਿੰਗ ਮੁਕਾਬਲਿਆਂ 'ਚ ਮਾਰੀਆਂ ਮੱਲਾਂ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਬੱਚਿਆਂ ਨੇ ਰਾਜ ਪੱਧਰੀ ਫੈਂਸਿੰਗ ਮੁਕਾਬਲਿਆਂ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰ ਕੇ ਰਾਸ਼ਟਰ ਪੱਧਰ 'ਤੇ ਹੋਣ ਵਾਲੇ ਮੁਕਾਬਲਿਆਂ ਵਿੱਚ ਆਪਣੀ ਜਗ੍ਹਾ ਬਣਾਈ ਹੈ। ਇਸ ਸਬੰਧੀ ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਸ੍ਰੀਮਤੀ ਕਿਰਨ ਕੇਸਰ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਮਿਲੇਨੀਅਮ ਵਰਲਡ ਸਕੂਲ ਲੁਧਿਆਣਾ ਵਿਖੇ ਹੋਏ ਰਾਜ ਪੱਧਰੀ ਫੈਂਸਿੰਗ ਮੁਕਾਬਲਿਆਂ ਵਿੱਚ ਵੱਖ ਵੱਖ ਜ਼ਿਲ੍ਹਿਆਂ ਦੇ ਸਕੂਲਾਂ ਤੋਂ ਵਿਦਿਆਰਥੀਆਂ ਨੇ ਭਾਗ ਲਿਆ। ਉਨ੍ਹਾਂ ਦੇ ਸਕਲ ਦੇ ਬੱਚਿਆਂ ਨੇ ਕੋਚ ਬਲਜੀਤ ਕੌਰ ਦੀ ਨਿਗਰਾਨੀ ਹੇਠ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਤਗਮੇ ਹਾਸਲ ਕੀਤੇ ਹਨ। ਸਕੂਲ ਦੇ ਵਿਦਿਆਰਥੀ ਗੁਰਪਨ ਸਿੰਘ ਪੁੱਤਰ ਵਿਪਨਪ੍ਰੀਤ ਸਿੰਘ ਪਿੰਡ ਮੂਲਿਆਂਵਾਲ, ਨਵਜੋਤ ਕੌਰ ਪੁੱਤਰੀ ਗੁਰਪ੍ਰੀਤ ਸਿੰਘ ਪਿੰਡ ਮੂਲਿਆਂਵਾਲ ਦੀ ਚੋਣ ਰਾਸ਼ਟਰ ਪੱਧਰੀ ਫੈਂਸਿੰਗ ਮੁਕਾਬਲਿਆਂ ਲਈ ਹੋਈ ਹੈ। ਇਸ ਤੋਂ ਇਲਾਵਾ ਵਿਦਿਆਰਥਣ ਜੰਨਤ ਪੁੱਤਰੀ ਰਾਜੇਸ਼ ਕੁਮਾਰ ਅਤੇ ਰਣਵਿੰਦਰਜੀਤ ਕੌਰ ਪੁੱਤਰੀ ਹਰਭਜਨ ਸਿੰਘ ਧਾਰੀਵਾਲ ਨੇ ਵਧੀਆ ਕਾਰਗੁਜ਼ਾਰੀ ਕਰਦੇ ਹੋਏ ਪ੍ਰਸੰਸਾ ਸਰਟੀਫਿਕੇਟ ਪ੍ਰਾਪਤ ਕੀਤੇ। ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ, ਪ੍ਰਿੰਸੀਪਲ ਕਿਰਨ ਕੇਸਰ ਅਤੇ ਸਮੂਹ ਸਟਾਫ ਵੱਲੋਂ ਇਹਨਾਂ ਵਿਦਿਆਰਥੀਆਂ ਦੇ ਮਾਤਾ ਪਿਤਾ ਨੂੰ ਮੁਬਾਰਕਾਂ ਦਿੱਤੀਆਂ ਅਤੇ ਵਿਦਿਆਰਥੀਆਂ ਨੂੰ ਰਾਸ਼ਟਰ ਪੱਧਰੀ ਫੈਂਸਿੰਗ ਮੁਕਾਬਲਿਆਂ ਲਈ ਸ਼ੁੱਭਕਾਮਨਾਵਾਂ ਦਿੱਤੀਆਂ। ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਕਿ ਜੇਤੂ ਬੱਚੇ ਹੁਣ 5, 6 ਅਤੇ 7 ਜੁਲਾਈ ਨੂੰ ਨਾਸਿਕ (ਮਹਾਰਾਸ਼ਟਰ) ਵਿਖੇ ਹੋ ਰਹੇ ਰਾਸ਼ਟਰ ਪੱਧਰ 'ਤੇ ਮੁਕਾਬਲਿਆਂ ਵਿੱਚ ਜਾਣਗੇ।



# ਖਾਲਸਾ ਕਾਲਜ ਗੁਰਦਾਸ ਨੰਗਲ ਦੇ ਵਿਦਿਆਰਥੀਆਂ ਤੇ ਸਟਾਫ ਨੇ ਹਰਿਮੰਦਰ ਸਾਹਿਬ ਵਿਖੇ ਕੀਤੀ ਸੇਵਾ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਡਾਇਰੈਕਟਰ ਐਜੂਕੇਸ਼ਨ ਅਤੇ ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ ਹੇਠ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੇ ਵਿਦਿਆਰਥੀਆਂ ਅਤੇ ਸਟਾਫ ਨੇ ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਦੀ ਅਗਵਾਈ ਹੇਠ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਵਿਖੇ ਪਹੁੰਚ ਕੇ ਸੇਵਾ ਕੀਤੀ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਅਤੇ ਵਿੱਦਿਆ ਸਕੱਤਰ ਦੀ ਦੂਰ-ਅੰਦੇਸ਼ੀ ਸੋਚ ਸਦਕਾ ਪਿਛਲੇ ਸਾਲ ਤੋਂ ਸੇਵਾ ਦੀ ਇਹ ਲੜੀ ਸ਼ੁਰੂ ਕੀਤੀ ਗਈ ਹੈ। ਉਹਨਾਂ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਵਿੱਚ ਸੇਵਾ ਭਾਵਨਾ ਦੀ ਰੁਚੀ ਪ੍ਰਬਲ ਕਰਨ ਹਿੱਤ ਇਹ ਇਤਿਹਾਸਕ ਫੈਸਲਾ ਲਿਆ। ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਪ੍ਰਧਾਨ ਸਾਹਿਬ ਅਤੇ ਸਕੱਤਰ ਸਾਹਿਬ ਦੀ ਇਹ ਨਿਵੇਕਲੀ ਸੋਚ ਸਲਾਹੁਣਯੋਗ ਹੈ ਜੋ ਆਪਣੀ ਅਜੋਕੀ ਨੌਜਵਾਨ ਪੀੜ੍ਹੀ ਨੂੰ ਸਿੱਖ ਧਰਮ ਦੇ ਸੇਵਾ, ਸਿਮਰਨ ਵਰਗੇ ਮਹਾਨ ਸਿਧਾਂਤਾਂ ਅਤੇ ਫਲਸਫੇ ਨਾਲ ਜੋੜਨ ਦਾ ਕੰਮ ਕਰ ਰਹੀ ਹੈ। ਉਹਨਾਂ ਦੱਸਿਆ ਕਿ ਕਾਲਜ ਦੇ ਵਿਦਿਆਰਥੀਆਂ ਅਤੇ ਸਟਾਫ ਨੇ ਖਿੜੇ ਮੱਥੇ ਇਸ ਸੇਵਾ ਨੂੰ ਪ੍ਰਵਾਨ ਕੀਤਾ ਅਤੇ ਪੂਰੀ ਤਨਦੇਹੀ ਨਾਲ ਹਰਿਮੰਦਰ ਸਾਹਿਬ ਵਿਖੇ ਸੰਗਤਾਂ ਨੂੰ ਜਲ ਛਕਾਉਣ, ਜੂਠੇ ਬਰਤਨ ਸਾਫ ਕਰਨ ਦੇ ਨਾਲ-ਨਾਲ ਹੱਥਾਂ ਵਿੱਚ ਤਖਤੀਆਂ ਫੜ ਕੇ ਸੰਗਤਾਂ ਨੂੰ ਚੁੱਪ ਦਾ ਦਾਨ ਬਖਸ਼ਣ, ਲਾਈਨਾਂ ਵਿੱਚ ਬੈਠਣ, ਸ਼ਾਂਤ ਰਹਿਣ ਤੇ ਸਿਮਰਨ ਕਰਨ ਦੀ ਨਿਮਰਤਾ ਸਹਿਤ ਬੇਨਤੀ ਕਰਨ ਦੀ ਸੇਵਾ ਨਿਭਾਈ। ਅਜੋਕੇ ਸਮੇਂ ਵਿੱਚ ਜਿੱਥੇ ਵਿਦਿਆਰਥੀ ਅਤੇ ਨੌਕਰੀ ਪੇਸ਼ਾ ਲੋਕ ਛੁੱਟੀਆਂ ਦਾ ਅਨੰਦ ਮਾਣ ਰਹੇ ਹਨ ਉਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਆਉਂਦੇ ਸਕੂਲਾਂ, ਕਾਲਜਾਂ ਦੇ ਵਿਦਿਆਰਥੀਆਂ ਅਤੇ ਸਟਾਫ ਦਾ ਸਿੱਖ ਧਰਮ ਦੇ ਸਰਬਉੱਚ ਗੁਰਧਾਮ ਵਿਖੇ ਸੇਵਾ ਕਰ ਆਪਣਾ ਜਨਮ ਸਫਲ ਕਰਨਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਵੱਡੀ ਅਤੇ ਬਹੁਮੁੱਲੀ ਪ੍ਰਾਪਤੀ ਹੈ। ਸੇਵਾ ਦੌਰਾਨ ਡਾਇਰੈਕਟਰ ਐਜੂਕੇਸ਼ਨ ਤੇ ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਆਪ ਹਾਜ਼ਰ ਰਹੇ ਤਾਂ ਕਿ ਵਿਦਿਆਰਥੀਆਂ ਨੂੰ ਸਿੱਖੀ ਸਿਧਾਂਤਾਂ ਵਿੱਚ ਪ੍ਰਪੱਕ ਕੀਤਾ ਜਾ ਸਕੇ। ਕਾਲਜ ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਜੀ ਪੂਰਾ ਸਮਾਂ ਵਿਦਿਆਰਥੀਆਂ ਅਤੇ ਸਟਾਫ ਨਾਲ ਸੇਵਾ ਨੂੰ ਸਮਰਪਤ ਰਹੇ। ਇਸ ਮੌਕੇ ਡਾ. ਰਜਿੰਦਰ ਕੌਰ ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵੂਮੈਨ ਝਾੜ ਸਾਹਿਬ, ਡਾ. ਸਰਬਜੀਤ ਕੌਰ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਸ੍ਰੀ ਮੁਕਤਸਰ ਸਾਹਿਬ, ਡਾ. ਹਰਮਨਦੀਪ ਸਿੰਘ ਪ੍ਰਿੰਸੀਪਲ ਗੁਰੂ ਅਰਜਨ ਦੇਵ ਖਾਲਸਾ ਕਾਲਜ ਚੋਹਲਾ ਸਾਹਿਬ ਉਚੇਚੇ ਤੌਰ 'ਤੇ ਹਾਜ਼ਰ ਸਨ।



# ਲਖਵਿੰਦਰ ਸਿੰਘ ਦੀ ਦੇਹ ਨੂੰ ਲੈ ਕੇ ਲਗਾਇਆ ਧਰਨਾ ਸਮਾਪਤ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਮੋਟਰਸਾਈਕਲ ਦੁਰਘਟਨਾ ਵਿੱਚ ਜ਼ਖ਼ਮੀ ਹੋਏ ਲਖਵਿੰਦਰ ਸਿੰਘ ਪੁੱਤਰ ਕਰਨੈਲ ਸਿੰਘ ਜਿਸ ਦੀ ਕੱਲ੍ਹ ਇਲਾਜ ਦੌਰਾਨ ਮੌਤ ਹੋ ਗਈ ਸੀ, ਉਸ ਦੀ ਮਿਰਤਕ ਦੇਹ ਨੂੰ ਲੈ ਕੇ ਗੁਰਲਾਲ ਮਨਿਆਰੀ ਸਟੋਰ ਕਾਦੀਆਂ ਦੇ ਅੰਦਰ ਉਸ ਦੇ ਪਰਵਾਰਕ ਮੈਂਬਰਾਂ ਵੱਲੋਂ ਲਗਾਇਆ ਗਿਆ ਧਰਨਾ ਅੱਜ ਬਟਾਲਾ ਦੇ ਤਹਿਸੀਲਦਾਰ ਅਰਜੁਨ ਸਿੰਘ ਗੁਰਾਇਆ ਅਤੇ ਕਾਦੀਆਂ ਦੇ ਨਾਇਬ ਤਹਿਸੀਲਦਾਰ ਸਤਨਾਮ ਸਿੰਘ ਦੀਆਂ ਕੋਸ਼ਿਸ਼ਾਂ ਸਦਕਾ ਸਮਾਪਤ ਹੋ ਗਿਆ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਸਤਨਾਮ ਸਿੰਘ ਨਾਇਬ ਤਹਿਸੀਲਦਾਰ ਕਾਦੀਆਂ ਨੇ ਦੱਸਿਆ ਕਿ ਡੀ ਸੀ ਗੁਰਦਾਸਪੁਰ ਦੇ ਨਿਰਦੇਸ਼ਾਂ ਤੇ ਤਹਿਸੀਲਦਾਰ ਅਰਜੁਨ ਸਿੰਘ ਗਰੇਵਾਲ ਨੇ ਡੀ ਐਸ ਪੀ ਹਰੀਸ਼ ਬਹਿਲ, ਗੁਰਮੀਤ ਸਿੰਘ ਅਤੇ ਸ਼ਹਿਰ ਦੇ ਮੋਹਤਬਰ ਵਿਅਕਤੀਆਂ ਦੀ ਮੌਜੂਦਗੀ ਵਿੱਚ ਪ੍ਰਦਰਸ਼ਨਕਾਰੀਆਂ ਅਤੇ ਦੁਕਾਨ ਮਾਲਕ ਸੰਜੀਵ ਕੁਮਾਰ ਨਾਲ ਗੱਲਬਾਤ ਕੀਤੀ ਗਈ। ਜਿਸ ਵਿੱਚ ਕਾਮਯਾਬੀ ਮਿਲੀ ਅਤੇ ਆਪਸੀ ਰਜ਼ਾਮੰਦੀ ਨਾਲ ਗੁਰਲਾਲ ਮਨਿਆਰੀ ਦੀ ਦੁਕਾਨ ਦੇ ਅੰਦਰ ਲਖਵਿੰਦਰ ਸਿੰਘ ਦੀ ਲਾਸ਼ ਲੈ ਕੇ ਰੋਸ ਪ੍ਰਦਰਸ਼ਨ ਕਰ ਰਹੇ ਮਿਰਤਕ ਦੇ ਪਾਰਵਾਰਕ ਮੈਂਬਰਾਂ ਅਤੇ ਸਮਰਥਕਾਂ ਨੇ ਧਰਨਾ ਸਮਾਪਤ ਕਰ ਦਿੱਤਾ ਅਤੇ ਲਾਸ਼ ਨੂੰ ਸਸਕਾਰ ਲਈ ਲੈ ਗਏ। ਕੱਲ੍ਹ ਪੁਲਸ ਪ੍ਰਸ਼ਾਸਨ ਪ੍ਰਦਰਸ਼ਨਕਾਰੀਆਂ ਨੂੰ ਪ੍ਰਦਰਸ਼ਨ ਖ਼ਤਮ ਕਰਨ ਲਈ ਕੋਸ਼ਿਸ਼ਾਂ 'ਚ ਲੱਗਾ ਰਿਹਾ ਪਰ ਕਾਮਯਾਬੀ ਨਹੀਂ ਮਿਲੀ। ਬਟਾਲਾ ਦੇ ਤਹਿਸੀਲਦਾਰ ਅਰਜੁਨ ਸਿੰਘ ਗੁਰਾਇਆ ਅਤੇ ਕਾਦੀਆਂ ਦੇ ਨਾਇਬ ਤਹਿਸੀਲਦਾਰ ਮਨਜੀਤ ਸਿੰਘ ਦੀ ਸੂਝਬੂਝ ਨਾਲ ਧਰਨਾ ਆਪਸੀ ਸਹਿਮਤੀ ਨਾਲ ਸਮਾਪਤ ਹੋ ਗਿਆ। ਸਤਨਾਮ ਸਿੰਘ ਨਾਇਬ ਤਹਿਸੀਲਦਾਰ ਨੇ ਦੱਸਿਆ ਕਿ ਗੁਰਲਾਲ ਮਨਿਆਰੀ ਦੀ ਦੁਕਾਨ ਵਿਚ ਇਸ ਸਾਲ ਜਨਵਰੀ ਵਿੱਚ ਅੱਗ ਲੱਗ ਗਈ ਸੀ। ਜਿਸ 'ਤੇ ਦੁਕਾਨ ਮਾਲਕ ਸੰਜੀਵ ਕੁਮਾਰ ਨੇ ਲਖਵਿੰਦਰ ਸਿੰਘ ਅਤੇ ਉਸ ਦੇ ਕੁਝ ਨਜ਼ਦੀਕੀ ਰਿਸ਼ਤੇਦਾਰਾਂ 'ਤੇ ਕਾਦੀਆਂ ਥਾਣਾ 'ਚ ਐਫ਼ ਆਈ ਆਰ ਦਰਜ ਕੀਤੀ ਸੀ। ਹਾਈਕੋਰਟ ਤੋਂ ਇਨ੍ਹਾਂ ਨੂੰ ਜ਼ਮਾਨਤ ਮਿਲ ਗਈ ਸੀ। ਉਨ੍ਹਾਂ ਦੱਸਿਆ ਕਿ ਸੰਜੀਵ ਕੁਮਾਰ ਵੱਲੋਂ ਜੋ ਵੀ ਐਫ਼ ਆਈ ਆਰ ਦਰਜ ਕਰਵਾਈ ਸੀ, ਉਹ ਕੇਸ ਵਾਪਸ ਲੈਣ ਦਾ ਸਮਝੌਤਾ ਵੀ ਹੋ ਗਿਆ ਹੈ। ਦੂਜੇ ਪਾਸੇ ਕੁਝ ਹਫ਼ਤੇ ਪਹਿਲਾਂ ਲਖਵਿੰਦਰ ਸਿੰਘ ਆਪਣੇ ਮੋਟਰਸਾਈਕਲ 'ਤੇ ਜਾ ਰਿਹਾ ਸੀ, ਉਹ ਹਾਦਸੇ ਦਾ ਸ਼ਿਕਾਰ ਹੋ ਗਿਆ ਅਤੇ ਹਸਪਤਾਲ ਵਿੱਚ ਜ਼ੇਰੇ ਇਲਾਜ ਰਿਹਾ। ਇਲਾਜ ਦੌਰਾਨ ਕੱਲ੍ਹ ਉਸ ਦੀ ਮੌਤ ਹੋ ਗਈ ਸੀ। ਮਿਰਤਕ ਲਖਵਿੰਦਰ ਸਿੰਘ ਦੇ ਪਰਵਾਰ ਨੇ ਸੰਜੀਵ ਕੁਮਾਰ 'ਤੇ ਦੋਸ਼ ਲਗਾਇਆ ਸੀ ਕਿ ਉਸ ਨੇ ਸੱਟਾਂ ਮਰਵਾ ਕੇ ਲਖਵਿੰਦਰ ਸਿੰਘ ਨੂੰ ਜ਼ਖ਼ਮੀ ਕੀਤਾ ਹੈ। ਜਿਸ ਦੀ ਪੁਲਸ ਵੱਲੋਂ ਜਾਂਚ ਕੀਤੀ ਗਈ। ਸੰਜੀਵ ਕੁਮਾਰ ਨੇ ਦੱਸਿਆ ਕਿ ਸੇਖਵਾਂ ਪੁਲਸ ਨੇ ਇਸ ਮਾਮਲੇ ਵਿੱਚ ਸਬੂਤਾਂ ਦੇ ਆਧਾਰ 'ਤੇ ਉਨ੍ਹਾਂ ਨੂੰ ਬੇਕਸੂਰ ਦੱਸਿਆ। ਲਖਵਿੰਦਰ ਸਿੰਘ ਦੀ ਮੌਤ ਤੋਂ ਬਾਅਦ ਉਸ ਦੇ ਪਰਵਾਰ ਅਤੇ ਸਮਰਥਕਾਂ ਨੇ ਬੁੱਟਰ ਰੋਡ ਬਲਾਕ ਕਰ ਕੇ ਸੰਜੀਵ ਕੁਮਾਰ ਦੀ ਦੁਕਾਨ ਦੇ ਅੰਦਰ ਲਾਸ਼ ਰੱਖ ਕੇ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ ਸੀ।



ਨਵਾਂ ਜ਼ਮਾਨਾ

ਸ਼ੁੱਕਰਵਾਰ, 20 ਜੂਨ 2025

# ਖਤਰਨਾਕ ਯੋਜਨਾ

ਭਾਜਪਾ ਸ਼ਾਸਤ ਮਹਾਰਾਸ਼ਟਰ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਰਾਜ ਦੇ ਸਕੂਲਾਂ ਵਿੱਚ ਪਹਿਲੀ ਜਮਾਤ ਤੋਂ ਬੱਚਿਆਂ ਨੂੰ ਫੌਜੀ ਸਿੱਖਿਆ ਦਿੱਤੀ ਜਾਇਆ ਕਰੇਗੀ। ਇਸ ਯੋਜਨਾ ਅਧੀਨ ਬੱਚਿਆਂ ਨੂੰ ਦੇਸ਼ਭਗਤੀ, ਅਨੁਸ਼ਾਸਨ ਤੇ ਸਰੀਰਕ ਸਿੱਖਿਆ ਵਿੱਚ ਨਿਪੁੰਨ ਕੀਤਾ ਜਾਵੇਗਾ। ਇਸ ਲਈ ਪੜਾਅਵਾਰ ਢਾਈ ਲੱਖ ਸੇਵਾਮੁਕਤ ਫੌਜੀਆਂ ਨੂੰ ਸਕੂਲਾਂ ਵਿੱਚ ਤਾਇਨਾਤ ਕੀਤਾ ਜਾਵੇਗਾ। ਸਪੱਸ਼ਟ ਹੈ ਕਿ ਅਗਲੇ ਸਮੇਂ ਦੌਰਾਨ ਇਸ ਯੋਜਨਾ ਨੂੰ ਭਾਜਪਾ ਸ਼ਾਸਤ ਦੂਜੇ ਰਾਜਾਂ ਵਿੱਚ ਵੀ ਲਾਗੂ ਕਰ ਦਿੱਤਾ ਜਾਵੇਗਾ।

ਸਿੱਖਿਆ ਦਾ ਮੁੱਖ ਮਕਸਦ ਹੁੰਦਾ ਹੈ ਬੱਚਿਆਂ ਦੀ ਸੋਚ ਦਾ ਵਿਕਾਸ ਕਰਨਾ, ਉਨ੍ਹਾਂ ਵਿੱਚ ਉਹ ਗੁਣ ਪੈਦਾ ਕਰਨਾ, ਜਿਸ ਨਾਲ ਉਹ ਸਮਾਜ ਦਾ ਵਧੀਆ ਅੰਗ ਬਣ ਸਕਣ। ਉਹ ਹਰ ਮਸਲੇ ਬਾਰੇ ਸਵਾਲ ਕਰ ਸਕਣ ਅਤੇ ਸਮਾਜ ਤੇ ਪਰਵਾਰ ਦੀਆਂ ਰੂੜ੍ਹੀਵਾਦੀ ਪਰੰਪਰਾਵਾਂ ਨੂੰ ਤੋੜ ਕੇ ਇੱਕ ਸੁੰਦਰ ਸਮਾਜ ਦੀ ਸਿਰਜਣਾ ਕਰ ਸਕਣ। ਅਜਿਹਾ ਸਮਾਜ, ਜਿਸ ਵਿੱਚ ਨ.ਫਰਤ, ਦੁਸ਼ਮਣੀ, ਦਗਾਬਾਜ਼ੀ, ਝੂਠ ਤੇ ਫਰੇਬ ਦੀ ਕੋਈ ਥਾਂ ਨਾ ਹੋਵੇ। ਉਹ ਸਮੁੱਚੇ ਸਮਾਜ ਨੂੰ ਇੱਕ ਪਰਵਾਰ ਸਮਝਣ ਤੇ ਦੇਸ਼ ਤੋਂ ਅੱਗੇ ਵਧ ਕੇ ਸਮੁੱਚੇ ਸੰਸਾਰ ਵਿੱਚ ਦੁਸ਼ਮਣੀ-ਰਹਿਤ ਸਮਾਜ ਦੀ ਸਿਰਜਣਾ ਵਿੱਚ ਯੋਗਦਾਨ ਪਾਉਣ।

ਮਹਾਰਾਸ਼ਟਰ ਸਰਕਾਰ ਦਾ ਪਹਿਲੀ ਜਮਾਤ ਤੋਂ ਫੌਜੀ ਸਿਖਲਾਈ ਦਾ ਫੈਸਲਾ ਆਉਣ ਵਾਲੀ ਪੀੜ੍ਹੀ ਨੂੰ ਤਬਾਹ ਕਰਨ ਵਾਲਾ ਹੈ। ਇਸ ਸਿਖਲਾਈ ਨਾਲ ਬੱਚੇ ਦੇ ਮਨ ਅੰਦਰ ਇੱਕ ਅਗਿਆਤ ਦੁਸ਼ਮਣ ਦਾ ਡਰ ਪੈਦਾ ਹੋਵੇਗਾ। ਇਹ ਡਰ ਉਸ ਦੇ ਮਾਨਸਿਕ ਵਿਕਾਸ ਨੂੰ ਰੋਕ ਕੇ ਉਸ ਨੂੰ ਨ.ਫਰਤ ਨਾਲ ਭਰਿਆ ਇੱਕ ਖ਼ੂੰਖਾਰ ਵਿਅਕਤੀ ਬਣਾ ਦੇਵੇਗਾ, ਜੋ ਅੱਗੇ ਚੱਲ ਕੇ ਸਮਾਜ ਲਈ ਖ਼ਤਰਨਾਕ ਬਣ ਸਕਦਾ ਹੈ। ਉਸ ਦਾ ਦਿਮਾ.ਗ ਇੱਕ ਸੱਚੇ ਵਿੱਚ ਢਲ ਕੇ ਸੋਚਣਾ ਭੁੱਲ ਜਾਵੇਗਾ।

ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਦ.ਫਤਰ ਨੇ ਇੱਕ ਯੋਜਨਾ ਸ਼ੁਰੂ ਕੀਤੀ ਸੀ, ਜਿਸ ਅਧੀਨ ਕੇਂਦਰੀ ਤੇ ਨਵੋਦਿਆ ਸਕੂਲਾਂ ਵਿੱਚ ਸੈਨਿਕ ਸਕੂਲਾਂ ਵਾਲੀ ਸਿੱਖਿਆ ਦੇਣ ਉੱਤੇ ਜ਼ੋਰ ਦਿੱਤਾ ਗਿਆ ਸੀ। ਇਸ ਦਾ ਅਸਰ ਇਹ ਹੋਇਆ ਸੀ ਕਿ ਦੇਸ਼ ਦੇ ਦੋ-ਤਿਹਾਈ ਸੈਨਿਕ ਸਕੂਲਾਂ ਦਾ ਪ੍ਰਬੰਧ ਸੰਘ ਪਰਵਾਰ ਤੇ ਭਾਜਪਾ ਆਗੂਆਂ ਦੇ ਹੱਥਾਂ ਵਿੱਚ ਚਲਿਆ ਗਿਆ ਸੀ। ਇਸ ਤਬਦੀਲੀ ਦਾ ਕੋਈ ਸਰਕਾਰੀ ਐਲਾਨ ਨਹੀਂ ਹੋਇਆ, ਪਰ ਰਿਪੋਰਟਰਜ਼ ਕੁਲੈਕਟਿਵ ਦੀ ਰਿਪੋਰਟ ਨੇ ਇਸ ਦਾ ਖੁਲਾਸਾ ਕਰ ਦਿੱਤਾ ਸੀ। ਮਹਾਰਾਸ਼ਟਰ ਸਰਕਾਰ ਦੀ ਤਾਜ਼ਾ ਯੋਜਨਾ ਇਸੇ ਨੀਤੀ ਦਾ ਅਗਲਾ ਪੜਾਅ ਹੈ।

ਸਿੱਖਿਆ ਨੀਤੀ ਬਾਰੇ ਆਜ਼ਾਦੀ ਦੇ ਸਮੇਂ ਤੋਂ ਹੀ ਬਹਿਸ ਹੁੰਦੀ ਰਹੀ ਹੈ। ਸਮੇਂ-ਸਮੇਂ ਉੱਤੇ ਵਿਦਵਾਨ ਤੇ ਸਿੱਖਿਆ ਸ਼ਾਸਤਰੀਆਂ ਦੇ ਕਮਿਸ਼ਨ ਬਣਾ ਕੇ ਨੀਤੀਆਂ ਬਣਦੀਆਂ ਰਹੀਆਂ ਹਨ, ਪਰ ਹੁਣ ਇਸ ਕੰਮ ਦਾ ਜ਼ਿੰਮਾ ਪ੍ਰਧਾਨ ਮੰਤਰੀ ਦ.ਫਤਰ ਨੇ ਸੰਭਾਲ ਰੱਖਿਆ ਹੈ, ਜਿੱਥੇ ਨੌਕਰਸ਼ਾਹ ਹਿੰਦੂਤਵੀ ਵਿਚਾਰਧਾਰਾ ਨੂੰ ਪੱਠੇ ਪਾਉਣ ਵਾਲੀਆਂ ਨਵੀਆਂ ਨੀਤੀਆਂ ਘੜਦੇ ਰਹਿੰਦੇ ਹਨ।

ਪਿਛਲੇ ਇੱਕ ਦਹਾਕੇ ਦੇ ਮੋਦੀ ਰਾਜ ਦੌਰਾਨ ਸਕੂਲਾਂ, ਕਾਲਜਾਂ ਤੇ ਯੂਨੀਵਰਸਿਟੀਆਂ ਵਿੱਚ ਅਨੁਸ਼ਾਸਨ ਤੇ ਦੇਸ਼ਭਗਤੀ ਦੇ ਨਾਂਅ ਉੱਤੇ ਅੰਧ-ਰਾਸ਼ਟਰਵਾਦ ਫੈਲਾਇਆ ਜਾ ਰਿਹਾ ਹੈ। ਸੈਨਿਕ ਸਿੱਖਿਆ ਵੀ ਇਸੇ ਨੀਤੀ ਦਾ ਹਿੱਸਾ ਹੈ। ਜਵਾਹਰ ਨਾਲ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਜਗਦੀਸ਼ ਕੁਮਾਰ ਨੇ ਕਾਰਗਿਲ ਦਿਵਸ 'ਤੇ ਯੂਨੀਵਰਸਿਟੀ ਦੇ ਅਹਾਤੇ ਵਿੱਚ ਫੌਜੀ ਟੈਂਕ ਖੜ੍ਹਾ ਕਰਨ ਦੀ ਮੰਗ ਕੀਤੀ ਸੀ, ਤਾਂ ਜੋ ਵਿਦਿਆਰਥੀਆਂ ਵਿੱਚ ਫੌਜ ਪ੍ਰਤੀ ਪ੍ਰੇਮ ਪੈਦਾ ਕੀਤਾ ਜਾ ਸਕੇ। ਇਸ ਮੰਗ ਦਾ ਵਿਦਿਆਰਥੀਆਂ, ਅਧਿਆਪਕਾਂ ਤੇ ਜਾਗਰੂਕ ਨਾਗਰਿਕਾਂ ਨੇ ਤਿੱਖਾ ਵਿਰੋਧ ਕੀਤਾ ਸੀ ਤੇ ਕਿਹਾ ਸੀ ਕਿ ਇਹ ਮੰਗ ਯੂਨੀਵਰਸਿਟੀ ਵਿੱਚ ਅਸਹਿਮਤੀ ਦੀ ਆਵਾਜ਼ ਨੂੰ ਦਬਾਉਣ ਲਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਸੀ ਕਿ ਸਿੱਖਿਆ ਸੰਸਥਾਵਾਂ ਦਾ ਕੰਮ ਫੌਜੀ ਜਾਂ ਆਗਿਆਕਾਰੀ ਨਾਗਰਿਕ ਨਹੀਂ, ਸਗੋਂ ਜਾਗਰੂਕ ਨਾਗਰਿਕ ਪੈਦਾ ਕਰਨਾ ਹੁੰਦਾ ਹੈ, ਜਿਹੜੇ ਗਿਆਨਵਾਨ ਤੇ ਜਗਿਆਸੂ ਬਣਨ ਅਤੇ ਅਸਹਿਮਤੀ ਪ੍ਰਗਟ ਕਰ ਸਕਣ ਦਾ ਹੌਸਲਾ ਰੱਖਦੇ ਹੋਣ।

ਮਹਾਰਾਸ਼ਟਰ ਦਾ ਪਹਿਲੀ ਜਮਾਤ ਤੋਂ ਫੌਜੀ ਸਿਖਲਾਈ ਦੇਣ ਦਾ ਮਕਸਦ ਸਮਾਜ ਦੇ ਫੌਜੀਕਰਨ ਵੱਲ ਪਹਿਲਾ ਕਦਮ ਹੈ। ਇਹ ਕਦਮ ਹਿੰਦੂਤਵੀ ਵਿਚਾਰਧਾਰਾ ਦੇ ਉਸ ਏਜੰਡੇ ਦੀ ਕੜੀ ਹੈ, ਜਿਸ ਰਾਹੀਂ ਪੂਰੇ ਸਮਾਜ ਦਾ ਫੌਜੀਕਰਨ ਕਰਕੇ 'ਅੰਦਰੂਨੀ ਦੁਸ਼ਮਣਾਂ' ਨਾਲ ਲੜਨਾ ਹੈ। ਯਾਦ ਰਹੇ ਕਿ ਮਾ.ਫੀ ਮੰਗ ਕੇ ਜੇਲ੍ਹੋਂ ਬਾਹਰ ਆਉਣ ਤੋਂ ਬਾਅਦ ਸਾਵਰਕਰ ਨੇ ਦੇਸ਼ ਭਰ ਵਿੱਚ ਘੁੰਮ ਕੇ ਨੌਜਵਾਨਾਂ ਨੂੰ ਅੰਗਰੇਜ਼ੀ ਫੌਜ ਵਿੱਚ ਭਰਤੀ ਹੋਣ ਦੀ ਅਪੀਲ ਕੀਤੀ ਸੀ। ਸਾਵਰਕਰ ਦਾ ਨਾਅਰਾ ਸੀ, "ਰਾਜਨੀਤੀ ਦਾ ਹਿੰਦੂਕਰਨ ਤੇ ਹਿੰਦੂਆਂ ਦਾ ਫੌਜੀਕਰਨ"। ਮੌਜੂਦਾ ਮੋਦੀ ਸਰਕਾਰ ਉਸੇ ਰਾਹ 'ਤੇ ਚੱਲ ਰਹੀ ਹੈ, ਜਿਸ ਦੀ ਸ਼ੁਰੂਆਤ ਮਹਾਰਾਸ਼ਟਰ ਤੋਂ ਹੋ ਚੁੱਕੀ ਹੈ।

ਮਹਾਰਾਸ਼ਟਰ ਸਰਕਾਰ ਦੀ ਇਸ ਯੋਜਨਾ ਦਾ ਜਾਗਰੂਕ ਵਿਦਿਆਰਥੀਆਂ, ਸਿੱਖਿਆ ਸ਼ਾਸਤਰੀਆਂ ਤੇ ਬੁੱਧੀਜੀਵੀਆਂ ਵੱਲੋਂ ਤਿੱਖਾ ਵਿਰੋਧ ਹੋਣਾ ਚਾਹੀਦਾ ਹੈ। ਇਹ ਵਿਰੋਧ ਹੀ ਸਾਡੀਆਂ ਆਉਂਦੀਆਂ ਪੀੜ੍ਹੀਆਂ ਨੂੰ ਮਾਨਸਿਕ ਤਬਾਹੀ ਤੋਂ ਬਚਾਉਣ ਦਾ ਇੱਕੋ-ਇੱਕ ਉਪਰਾਲਾ ਹੈ।

-ਚੰਦ ਫਤਿਹਪੁਰੀ

## ਫੁਕਰਸਤਾਨ !

ਗਮਲੇ ਦਾ ਬੂਟਾ ਕਦੇ ਛਾਂ ਦਿੰਦਾ ਨ੍ਹੀਂ,
ਭਾਵੇਂ ਤੁਸੀਂ ਨਾਮ ਵੀ ਤੂ.ਫਾਨ ਰੱਖ ਲਓ।
ਇੱਕ ਪਾਸੇ ਰੱਖੋ ਤਲਵਾਰਾਂ ਤੋਲ ਕੇ,
ਦੂਜੇ ਪਾਸੇ ਤੋਲ ਕੇ ਗਿਆਨ ਰੱਖ ਲਓ।
ਗੁੰਡਿਆਂ ਤੋਂ ਸਦਾ ਰਹਿੰਦੇ ਲੋਕ ਡਰਦੇ,
ਭਾਵੇ ਕੋਲ ਖਾਲੀ ਹੀ ਮਿਆਨ ਰੱਖ ਲਓ।
ਨੈੱਟ 'ਤੇ ਜਾਲ੍ਹੀ ਇੱਕ ਦੇਸ਼ ਬਣਿਆ,
ਨਾਂਅ ਉਹਦਾ ਫੁਕਰਸਤਾਨ ਰੱਖ ਲਓ।

-ਗੁਲਪੁਰ

# ਮਿਲਾਵਟਖੋਰੀ ਦਾ ਧੰਦਾ ਜ਼ੋਰਾਂ 'ਤੇ



ਨਰਿੰਦਰ ਸਿੰਘ

ਭਾਰਤ ਵਿੱਚ ਖਾਣ-ਪੀਣ ਵਾਲੀਆਂ ਚੀਜ਼ਾਂ ਵਿੱਚ ਮਿਲਾਵਟ ਦੀ ਸਮੱਸਿਆ ਦਹਾਕਿਆਂ ਤੋਂ ਚਲੀ ਆ ਰਹੀ ਹੈ। ਮਿਲਾਵਟ ਦਾ ਮੁੱਖ ਕਾਰਨ ਮੁਨਾਫ਼ੇ ਦਾ ਵਾਧਾ ਕਰਨਾ ਹੁੰਦਾ ਹੈ। ਮਿਲਾਵਟੀ ਖ਼ੁਰਾਕੀ ਵਸਤਾਂ ਖਾਣ ਜਾਂ ਪੀਣ ਨਾਲ ਕਦੇ-ਕਦੇ ਵੱਡਾ ਹਾਦਸਾ ਵੀ ਹੋ ਜਾਂਦਾ ਹੈ । ਨਕਲੀ ਸ਼ਰਾਬ ਪੀਣ ਨਾਲ ਹੁੰਦੇ ਮਨੁੱਖੀ ਜਾਨਾਂ ਦੇ ਘਾਣ ਦੇ ਹਾਦਸੇ ਗਾਹੇ-ਬਗਾਹੇ ਸਾਹਮਣੇ ਆਉਂਦੇ ਹੀ ਰਹਿੰਦੇ ਹਨ । ਜਦੋਂ ਕਦੇ ਅਜਿਹੇ ਵੱਡੇ ਹਾਦਸੇ ਵਾਪਰਦੇ ਹਨ ਤਾਂ ਸਰਕਾਰ ਅਤੇ ਪ੍ਰਸ਼ਾਸ਼ਨ ਸਰਗਰਮ ਹੋ ਜਾਂਦਾ ਹੈ। ਕਈ ਗ੍ਰਿਫ਼ਤਾਰੀਆਂ ਕਰ ਲਈਆਂ ਜਾਂਦੀਆਂ ਹਨ । ਕਈ ਲੋਕਾਂ ਦਾ ਭਾਰੀ ਨੁਕਸਾਨ ਹੋ ਜਾਂਦਾ ਹੈ ਅਤੇ ਕੁਛ ਦੇਰ ਬਾਅਦ ਫਿਰ ਪਹਿਲਾਂ ਵਾਂਗ ਹੀ ਜੀਵਨ ਰਫ਼ਤਾਰ ਫੜ ਲੈਂਦਾ ਹੈ। ਖਾਧ ਪਦਾਰਥਾਂ ਵਿੱਚ ਮਿਲਾਲਟ ਦੀ ਸਮੱਸਿਆ ਬਹੁਤ ਗੰਭੀਰ ਹੈ । ਦੁੱਧ ਤੋਂ ਇਲਾਵਾ ਖੰਡ,ਚੌਲ, ਦਾਲਾਂ, ਚਾਹ ਪੱਤੀ, ਮਸਾਲਿਆਂ ਤੇ ਇੱਥੋਂ ਤੱਕ ਕਿ ਲੂਣ, ਹਲਦੀ ਆਦਿ ਪਦਾਰਥਾਂ ਵਿੱਚ ਵੀ ਮਿਲਾਵਟ ਕਦੇ-ਕਦੇ ਪੂਰੇ ਸਿਖ਼ਰ 'ਤੇ ਹੁੰਦੀ ਹੈ । ਸੂਬੇ ਦੀ ਮੌਜੂਦਾ ਸਰਕਾਰ ਨੇ ਅਜਿਹੇ ਕਈ ਪੀਣ ਵਾਲੇ ਪਦਾਰਥਾਂ 'ਤੇ ਪਾਬੰਦੀ ਲਗਾਉਣ ਦਾ ਵੀ ਐਲਾਨ ਕੀਤਾ ਹੈ, ਪਰ ਥੋੜ੍ਹੇ ਜਿਹੇ ਲਾਲਚ ਤੇ ਵੱਧ ਪੈਸੇ ਕਮਾਉਣ ਦੇ ਚੱਕਰ 'ਚ ਵਪਾਰੀ ਵਰਗ ਦੇ ਕੁਝ ਲੋਕ ਆਮ ਲੋਕਾਂ ਦੇ ਜੀਵਨ ਨੂੰ ਖ਼ਤਰੇ ਵਿੱਚ ਪਾਉਣ ਵਰਗੇ ਕੰਮਾਂ ਤੋਂ ਬਾਜ਼ ਨਹੀਂ ਆਉਂਦੇ । ਅਜਿਹਾ ਨਹੀਂ ਕਿ ਸਰਕਾਰਾਂ ਇਸ ਧੰਦੇ ਤੋਂ ਜਾਣੂ ਨਹੀਂ ਹੁੰਦੀਆਂ ਜਾਂ ਇਸ ਸਮੱਸਿਆਂ ਵਿਰੁੱਧ ਕੋਈ ਕਾਰਵਾਈ ਨਹੀਂ ਕਰਦੀਆਂ ।

ਸਮਾਜ ਦੀਆਂ ਅਜਿਹੀਆਂ ਕਾਲੀਆਂ ਭੇਡਾਂ 'ਤੇ ਅਕਸਰ ਕਾਰਵਾਈ ਅਤੇ ਜੁਰਮਾਨੇ ਵੀ ਹੁੰਦੇ ਹਨ, ਪਰ ਕਾਨੂੰਨ ਦੀ ਲਚਕ ਤੇ ਪ੍ਰਸ਼ਾਸਨਿਕ ਖੇਤਰ ਵਿੱਚ ਕੁਤਾਹੀਆਂ ਕਾਰਨ ਲੱਖ ਕੋਸ਼ਿਸ਼ ਕਰਨ ਦੇ ਬਾਵਜੂਦ ਮਿਲਾਵਟ ਦੇ ਇਸ ਧੰਦੇ 'ਤੇ ਪੂਰੀ ਤਰ੍ਹਾਂ ਸ਼ਿਕੰਜਾ ਨਹੀਂ ਕੱਸਿਆ ਜਾ ਸਕਿਆ । ਸਾਡੇ ਦੇਸ਼ ਅੰਦਰ ਮਿਲਾਵਟਖੋਰੀ ਦਾ ਧੰਦਾ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ। ਵੱਡੀ ਮਾਤਰਾ ਵਿੱਚ ਮਿਲਾਵਟ ਵਾਲੀਆਂ ਰੋਜ਼ਮਰ੍ਹਾ ਦੀ ਵਰਤੋਂ ਵਾਲੀਆਂ ਵਸਤਾਂ ਵਿਕਦੀਆਂ ਹਨ। ਉਸੇ ਹੀ ਤਰ੍ਹਾਂ ਦੁੱਧ ਵੀ ਮਿਲਾਵਟ ਵਾਲਾ ਖੁੱਲ੍ਹੇਆਮ ਵਿਕ ਰਿਹਾ ਹੈ । ਆਬਾਦੀ ਵੱਧ ਹੈ ਅਤੇ ਇਸ ਦੇ ਮੁਕਾਬਲੇ ਦੁਧਾਰੂ ਪਸ਼ੂਆਂ ਦੀ ਗਿਣਤੀ ਬਹੁਤ ਘੱਟ ਹੈ । ਦੁੱਧ ਦੀ ਮੰਗ ਵਧ ਹੈ, ਪਰੰਤੂ ਪੂਰਤੀ ਘੱਟ ਹੈ । ਇਸੇ ਕਾਰਨ ਹੀ ਦੁੱਧ ਦੀ ਬਹੁਤੀ ਪੂਰਤੀ ਸਿੰਥੈਟਿਕ ਦੁੱਧ ਜਾਂ ਪੈਕਟ ਵਾਲੇ ਦੁੱਧ ਰਾਹੀਂ ਹੁੰਦੀ ਹੈ । ਦੁੱਧ ਵਿੱਚ ਪਾਣੀ ਦੀ ਮਿਲਾਵਟ ਆਮ ਹੀ ਗੱਲ ਹੈ, ਪਰੰਤੂ ਅੱਜ-ਕਲ੍ਹ ਬਹੁਤ ਸਾਰੇ ਵਪਾਰੀ ਲੋਕ ਦੁੱਧ ਨੂੰ ਤਾਜ਼ਾ ਰੱਖਣ ਲਈ ਇਸ ਵਿੱਚ ਕਈ ਤਰ੍ਹਾਂ ਦੇ ਰਸਾਇਣ ਮਿਲਾ ਦਿੰਦੇ ਹਨ। ਇਸ ਨਾਲ ਦੁੱਧ ਛੇਤੀ ਖ਼ਰਾਬ ਨਹੀਂ ਹੁੰਦਾ। ਸਵੇਰ ਦਾ ਦੁੱਧ ਸ਼ਾਮ ਨੂੰ ਅਤੇ ਸ਼ਾਮ ਦਾ ਦੁੱਧ ਸਵੇਰ ਨੂੰ ਲਿਆਉਣ ਵਾਸਤੇ ਦੁੱਧ ਵਿੱਚ ਰਸਾਇਣਾਂ ਦੀ ਵਰਤੋਂ ਕੀਤੀ ਜਾਂਦੀ ਹੈ। ਦੁੱਧ ਦੀ ਕੁਆਲਿਟੀ ਵਧਾਉਣ ਲਈ ਵੀ ਇਸ ਵਿੱਚ ਆਮ ਤੌਰ 'ਤੇ ਕਾਸਟਿਕ ਸੋਡਾ, ਹਾਈਡਰੋਜਨ-ਆਕਸਾਈਡ ਆਦਿ ਤੱਕ ਦੀ ਮਿਲਾਵਟ ਕਰ ਦਿੱਤੀ ਜਾਂਦੀ ਹੈ । ਦੁੱਧ ਵਿੱਚ ਜਦੋਂ ਜ਼ਹਿਰੀਲੇ ਰਸਾਇਣ ਮਿਲਾ ਦਿੱਤੇ ਜਾਂਦੇ ਹਨ ਤਾਂ ਇਹ ਮਨੁੱਖਤਾ ਲਈ ਅੰਮ੍ਰਿਤ ਦੀ ਥਾਂ ਜ਼ਹਿਰ ਬਣ ਜਾਂਦਾ ਹੈ ।

ਨਕਲੀ ਦੁੱਧ ਤੋਂ ਤਿਆਰ ਮਠਿਆਈਆਂ ਹਜ਼ਾਰਾਂ ਲੋਕਾਂ ਨੂੰ ਭਿਆਨਕ ਬਿਮਾਰੀਆਂ ਵੰਡਦੀਆਂ ਹਨ । ਅਸਲ ਵਿੱਚ ਨਕਲੀ ਤੇ ਮਿਲਾਵਟੀ ਮਠਿਆਈਆਂ ਅਤੇ ਦੂਸਰੀਆਂ ਖ਼ੁਰਾਕੀ ਵਸਤਾਂ ਤਿਉਹਾਰਾਂ ਦੇ ਦਿਨਾਂ 'ਚ ਹੀ ਨਹੀਂ ਸਗੋਂ ਸਾਰਾ ਸਾਲ ਹੀ ਵਿਕਦੀਆਂ ਰਹਿੰਦੀਆਂ ਹਨ ਅਤੇ ਗਾਹਕਾਂ ਦੀ ਸਿਹਤ ਦਾ ਨੁਕਸਾਨ ਕਰਦੀਆਂ ਰਹਿੰਦੀਆਂ ਹਨ । ਦਹਾਕਿਆਂ ਤੋਂ ਭਾਰਤੀ ਲੋਕ ਮਿਲਾਵਟੀ ਵਸਤਾਂ ਖ਼ਰੀਦ ਅਤੇ ਖਾ ਰਹੇ ਹਨ । ਦਾਲਾਂ, ਸਰ੍ਹੋਂ ਦਾ ਤੇਲ, ਹਲਦੀ, ਮਿਰਚ, ਧਨੀਆ, ਆਈਸ ਕਰੀਮ, ਵੇਸਣ, ਡਰਾਈ ਫਰੂਟ, ਸੌਂਫ, ਚਾਕਲੇਟ, ਸੌਸ, ਬੋਤਲਾਂ ਵਿੱਚ ਪਾਣੀ, ਅਨਾਜ, ਆਟਾ. ਚਾਹ ਪੱਤੀ, ਫਲ, ਸਬਜ਼ੀਆਂ, ਮਿਠਾਈਆਂ, ਦੁੱਧ, ਪਨੀਰ, ਘਿਓ, ਖੋਆ ਆਦਿ ਸਹਿਤ ਅਨੇਕ ਖ਼ੁਰਾਕੀ ਵਕਤਾਂ ਵਿੱਚ ਮਿਲਾਵਟ ਦੀ ਖੇਡ ਵੱਡੇ ਪੱਧਰ 'ਤੇ ਜਾਰੀ ਹੈ। ਖ਼ੁਰਾਕੀ ਵਸਤਾਂ ਦੀ ਮਿਲਾਵਟ ਮਨੁੱਖੀ ਸਿਹਤ ਲਈ ਘਾਤਕ ਹੈ। ਕਦੇ-ਕਦੇ ਸਿਹਤ ਵਿਭਾਗ ਨਾਲ ਸੰਬੰਧਤ ਅਧਿਕਾਰੀ ਛਾਪੇਮਾਰੀ ਕਰਦੇ ਹਨ ਅਤ ਸੈਂਪਲ ਵਗੈਰਾ ਲੈ ਕੇ ਰਸਮੀ ਕਾਰਵਾਈ ਕਰ ਲੈਂਦੇ ਹਨ । ਖ਼ੁਰਾਕੀ ਵਸਤਾਂ ਵਿੱਚ ਮਿਲਾਵਟ ਨੂੰ ਰੋਕਣ ਲਈ ਦੇਸ਼ ਵਿੱਚ ਖ਼ੁਰਾਕ ਸੁਰੱਖਿਆ ਅਤੇ ਮਾਪਦੰਡ ਐਕਟ 2006 ਲਾਗੂ ਹੈ , ਜਿਸ ਅਨੁਸਾਰ ਮਿਲਾਵਟਖੋਰਾਂ ਨੂੰ ਦਸ ਲੱਖ ਤੱਕ ਦਾ ਜੁਰਮਾਨਾ ਅਤੇ ਛੇ ਮਹੀਨੇ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਜ਼ਾ ਦਿੱਤੀ ਜਾ ਸਕਦੀ ਹੈ । ਮਿਲਾਵਟ ਦੇ ਬਹੁਤੇ ਮਾਮਲਿਆਂ ਵਿੱਚ ਕੇਵਲ ਮਾਮੂਲੀ ਜੁਰਮਾਨਾ ਵਸੂਲ ਕੇ ਹੀ ਛੱਡ ਦਿੱਤਾ ਜਾਂਦਾ ਹੈ। ਵੱਡੀ ਗੱਲ ਇਹ ਵੀ ਹੈ ਕਿ ਮਿਲਾਵਟ ਦੀ ਜਾਂਚ ਲਈ ਸ਼ਹਿਰਾਂ ਵਿੱਚ ਅਮਲੇ-ਫੈਲੇ ਦੀ ਵੀ ਭਾਰੀ ਕਮੀ ਹੁੰਦੀ ਹੈ । ਬਾਕੀ ਸਾਡੀ ਵਿਵਸਥਾ ਦੀਆਂ ਖ਼ਾਮੀਆਂ ਤੇ ਕਮਜ਼ੋਰੀਆਂ ਹਨ, ਜੋ ਮਿਲਾਵਟ ਦੇ ਮਾਮਲੇ ਵਿੱਚ ਵੀ ਆਮ ਭਾਰਤੀਆਂ ਦੇ ਖਿਲਾ.ਫ ਹੀ ਭੁਗਤਦੀਆਂ ਹਨ। ਸੁਪਰੀਮ ਕੋਰਟ ਨੇ ਦੇਸ਼ ਵਿੱਚ ਵਧ ਰਹੀ ਇਸ ਮਿਲਾਵਟਖੋਰੀ ਨੂੰ ਰੋਕਣ ਲਈ 2016 ਵਿੱਚ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਖ਼ੁਰਾਕ ਸੁਰੱਖਿਆ ਅਤੇ ਮਾਪਦੰਡ ਐਕਟ 2006 ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਲਈ ਨਿਰਦੇਸ਼ ਦਿੱਤੇ ਹੋਏ ਹਨ । ਸਰਕਾਰਾਂ ਹਰ ਸਾਲ ਕਹਿੰਦੀਆਂ ਹਨ ਕਿ ਅਸੀਂ ਕਾਫੀ ਹੱਦ ਤੱਕ ਮਿਲਾਵਟੀ ਚੀਜ਼ਾਂ ਨੂੰ ਠੱਲ੍ਹ ਪਾ ਲਈ ਹੈ, ਪਰ ਅਗਲੇ ਸਾਲ ਫਿਰ ਪਰਨਾਲਾ ਉੱਥੇ ਦਾ ਉਥੇ ਹੁੰਦਾ ਹੈ । ਮਿਲਾਵਟ ਤੇ ਕਾਲਾ-ਬਾਜ਼ਾਰੀ ਦੇ ਧੰਦੇ ਨੂੰ ਠੱਲ੍ਹ ਪਾਉਣ ਦੀ ਲੋੜ ਹੈ । ਸਮੇਂ ਦੀਆਂ ਸਰਕਾਰਾਂ ਨੂੰ ਮਿਲਾਵਟ ਖੋਰੀ ਦੀ ਇਸ ਖੇਡ ਨੂੰ ਰੋਕਣ ਲਈ ਪ੍ਰਭਾਵੀ ਕਦਮ ਚੁੱਕਣੇ ਚਾਹੀਦੇ ਹਨ । ਭਾਵੇਂ ਵਪਾਰੀਆਂ ਵੱਲੋਂ ਭੋਜਨ ਪਦਾਰਥਾਂ ਵਿੱਚ ਮਿਲਾਵਟ ਘੱਟ ਲਾਗਤ ਤੇ ਵੱਧ ਲਾਭ ਕਮਾਉਣ ਲਈ ਕੀਤੀ ਜਾਂਦੀ ਹੈ, ਪਰ ਖਪਤਕਾਰਾਂ ਦੀ ਅਗਿਆਨਤਾ, ਜਾਗਰੂਕਤਾ ਦੀ ਕਮੀ, ਗਲਤ ਖਰੀਦ ਅਭਿਆਸਾਂ ਤੇ ਬੇਲੋੜੀਆਂ ਮੰਗਾਂ ਨੇ ਵੀ ਮਿਲਾਵਟ ਦੇ ਰੁਝਾਨ ਨੂੰ ਵਧਾਇਆ ਹੈ । ਪਹਿਲਾਂ ਲੋਕ ਸਾਬਤ ਅਨਾਜ, ਦਾਲਾਂ, ਮਸਾਲਿਆਂ ਨੂੰ ਸਾਫ਼ ਕਰਕੇ ਘਰਾਂ ਵਿੱਚ ਹੀ ਪੀਹ ਲੈਂਦੇ ਸਨ । ਘਿਓ, ਪਨੀਰ, ਆਦਿ ਘਰ ਵਿੱਚ ਹੀ ਕੱਢਣ ਜਾਂ ਕਿਸੇ ਜਾਣਕਾਰ ਤੋਂ ਲੈਣ ਨੂੰ ਤਰਜੀਹ ਦਿੱਤੀ ਜਾਂਦੀ ਸੀ । ਸੁਆਣੀਆਂ ਲੋੜ ਅਨੁਸਾਰ ਮੌਸਮੀ ਅਚਾਰ, ਚਟਣੀਆਂ ਤੇ ਮੁਰੱਬੇ ਆਦਿ ਵੀ ਘਰ ਬਣਾ ਲੈਂਦੀਆਂ ਸਨ ।

ਅੱਜ-ਕੱਲ੍ਹ ਸਾਡੀ ਆਲਸੀ ਜੀਵਨ ਸ਼ੈਲੀ ਤੇ ਬੇਲੋੜੀ ਦੌੜ-ਭੱਜ ਨੇ ਬਾਜ਼ਾਰਾਂ ਵਿੱਚ ਪ੍ਰੋਸੈੱਸ ਕੀਤੇ ਅਤੇ ਰੈਡੀ ਮਿਕਸ/ਰੈਡੀ ਟੂ ਈਟ ਖਾਦ ਪਦਾਰਥਾਂ ਦੀ ਮੰਗ ਵਧਾ ਦਿੱਤੀ ਹੈ, ਜਿਸ ਦੇ ਚਲਦਿਆ ਮਿਲਾਵਟ ਦਾ ਰੁਝਾਨ ਵਧਿਆ ਹੈ। ਖ਼ੁਰਾਕੀ ਪਦਾਰਥਾਂ ਵਿੱਚ ਮਿਲਾਵਟ ਰੋਕਣ ਲਈ ਖ਼ਪਤਕਾਰ ਦਾ ਸੁਚੇਤ ਹੋਣਾ ਜ਼ਰੂਰੀ ਹੈ । ਹੁਣ ਕੋਈ ਵੀ ਤਿਉਹਾਰ ਗ਼ਰੀਬ ਦੇ ਮਨਾਉਣ ਦਾ ਨਹੀਂ ਰਹਿ ਗਿਆ। ਹਰ ਤਿਉਹਾਰ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੋਇਆ ਪਿਆ ਹੈ। ਮਹਿੰਗਾਈ ਨੇ ਲੋਕਾਂ ਦਾ ਕਚੂੰਮਰ ਕੱਢਿਆ ਹੋਇਆ ਹੈ। ਲੋਕਾਂ ਦੀ ਸਿਹਤ ਨਾਲ ਖਿਲਵਾੜ ਹੋ ਰਿਹਾ ਹੈ। ਕੇਂਦਰ ਤੇ ਸੂਬਾ ਸਰਕਾਰਾਂ ਮੂਕ-ਦਰਸ਼ਕ ਬਣੀਆਂ ਹੋਈਆਂ ਹਨ। ਮਿਲਾਵਟ ਤੋਂ ਬਚਣ ਦਾ ਇਕ ਮਾਤਰ ਉਪਾਅ ਵੀ ਖਪਤਕਾਰ ਦੀ ਜਾਗਰੂਕਤਾ, ਸਹੀ ਮੰਗ ਅਤੇ ਗੁਣਵੱਤਾ ਵਾਲੀ ਖਰੀਦਦਾਰੀ ਵਿੱਚ ਹੈ । ਜੇਕਰ ਖਪਤਕਾਰ ਦਾ ਸ਼ੁੱਧ, ਸਾਫ਼ ਤੇ ਸਿਹਤਮੰਦ ਭੋਜਨ ਤੇ ਅਧਿਕਾਰ ਹੈ ਤਾਂ ਆਪਣੀ ਸਿਹਤ ਸੁਰੱਖਿਆ ਲਈ ਚੌਕਸ ਰਹਿਣ ਦੀ ਜ਼ਿੰਮੇਵਾਰੀ ਵੀ ਉਸ ਦੀ ਹੈ । ਰੋਜ਼ਾਨਾ ਦੀ ਖਰੀਦਦਾਰੀ ਕਰਨ ਮੌਕੇ ਚੇਤੰਨਤਾ ਤੇ ਜਾਗਰੂਕਤਾ ਨਾਲ ਮਿਲਾਵਟ ਤੋਂ ਬਚਿਆ ਜਾ ਸਕਦਾ ਹੈ । ਮਿਲਾਵਟੀਖੋਰੀ ਤੇ ਕਾਲਾ-ਬਾਜ਼ਾਰੀ ਦੇ ਗੋਰਖਧੰਦੇ ਨੂੰ ਠੱਲ੍ਹ ਪਾਉਣ ਲਈ ਲੋਕਾਂ ਨੂੰ ਖ਼ੁਦ ਵੀ ਅੱਗੇ ਆਉਣਾ ਚਾਹੀਦਾ ਹੈ ।

# ਸੰਪਰਕ : 98146-62260

# ਸਮੱਸਿਆਵਾਂ ਦਾ ਹੱਲ : ਦਸਤਕਾਰੀ ਸਿੱਖਿਆ

ਕਮਲਜੀਤ ਸਿੰਘ

ਯੂਨਾਨੀ ਦਾਰਸ਼ਨਿਕਾਂ ਦਾ ਖਿਆਲ ਹੈ ਕਿ ਜਦੋਂ ਤੋਂ ਮਨੁੱਖ ਨੇ ਆਪਣੇ ਹੱਥਾਂ ਨੂੰ ਕਿਸੇ ਆਹਰ ਵਿੱਚ ਲਾਉਣਾ ਸ਼ੁਰੂ ਕੀਤਾ, ਉਸ ਸਮੇਂ ਤੋਂ ਉਸ ਦੀ ਬੁੱਧੀ ਤੇਜ਼ੀ ਨਾਲ ਵਿਕਾਸ ਕਰਨ ਲੱਗੀ।

ਵਿੱਦਿਆ ਦਾ ਅਸਲੀ ਮਨੋਰਥ ਮਨੁੱਖ ਦੇ ਗਿਆਨ ਭੰਡਾਰ ਵਿੱਚ ਵਾਧਾ ਕਰਨਾ ਹੀ ਨਹੀਂ, ਸਗੋਂ ਉਸ ਨੂੰ ਜ਼ਿੰਦਗੀ ਦੀਆਂ ਸਰਬਪੱਖੀ ਅਤੇ ਬਹੁਪੱਖੀ ਗੁੰਝਲਾਂ ਨੂੰ ਹੱਲ ਕਰਨ ਦੇ ਯੋਗ ਬਣਾਉਣਾ ਹੈ। ਮੌਜੂਦਾ ਵਿੱਦਿਅਕ ਢਾਂਚੇ ਵਿੱਚ ਕਿੱਤੇ ਦੀ ਸਿਖਲਾਈ ਦੀ ਘਾਟ ਨੇ ਪੜ੍ਹੇ-ਲਿਖੇ ਨੌਜਵਾਨਾਂ ਵਿੱਚ ਬੇਰੁਜ਼ਗਾਰੀ ਪੈਦਾ ਕਰ ਦਿੱਤੀ ਹੈ, ਜਿਸ ਦੇ ਫਲਸਰੂਪ ਉਹ ਨਿਰਾਸ਼ਤਾ ਦੇ ਆਲਮ ਵਿੱਚ ਸਰੀਰਕ ਅਤੇ ਮਾਨਸਿਕ ਬੈਚੇਨੀ ਦਾ ਸ਼ਿਕਾਰ ਹੋ ਚੁੱਕੇ ਹਨ।

ਫਰੋਬਲ ਨੇ ਠੀਕ ਹੀ ਕਿਹਾ ਹੈ ਕਿ 'ਕੰਮ ਦੁਆਰਾ ਪੜ੍ਹਾਈ' ਦਾ ਅਸੂਲ ਇੱਕ ਵਿਗਿਆਨਕ ਅਸੂਲ ਹੈ, ਜੋ ਜ਼ਿੰਦਗੀ 'ਚ ਆਉਣ ਵਾਲੀਆਂ ਕਠਿਨਾਈਆਂ ਉੱਪਰ ਜਿੱਤ ਪ੍ਰਾਪਤ ਕਰਦਾ ਹੈ। ਦਸਤਕਾਰੀ ਦੀ ਪ੍ਰਾਚੀਨਤਾ ਮਨੁੱਖੀ ਸੱਭਿਅਤਾ ਦੇ ਅਮੀਰ ਹੋਣ ਬਾਰੇ ਵੱਲ ਸੰਕੇਤ ਕਰਦੀ ਹੈ। ਇਹ ਮਨੁੱਖ ਵਿੱਚ ਉਸਾਰੂ ਰਚਨਾਤਮਕ ਰੁਚੀ ਪੈਦਾ ਕਰਦੀ ਹੈ। ਦਸਤਕਾਰੀ ਮਨੁੱਖ ਦੀ ਮੁੱਢਲੀ ਕਿਰਿਆ ਹੈ, ਇੱਕ ਅਜਿਹਾ ਕੁਦਰਤੀ ਅਮਲ ਜਿਸ ਦੁਆਰਾ ਉਹ ਆਉਣ ਵਾਲੀਆਂ ਆਪਣੀਆਂ ਨਸਲਾਂ ਨੂੰ ਹੁਨਰ ਦੀ ਅਮਲੀ ਵਰਤੋਂ, ਸੁਹਜ ਦੀ ਪ੍ਰਸੰਸਾ ਕਰਨੀ ਸਿਖਾਉਂਦਾ ਹੈ। ਮਨੁੱਖ ਦੇ ਸਮੁੱਚੇ ਵਿਅਕਤੀਤਵ ਦਾ ਵਿਕਾਸ ਵਿੱਦਿਆ ਦੇ ਸਰਵੋਤਮ ਮਨੋਰਥਾਂ ਵਿੱਚੋਂ ਇੱਕ ਹੈ । ਮੌਜੂਦਾ ਵਿੱਦਿਅਕ ਢਾਂਚੇ ਦੀ ਵਿਸ਼ਾਲਤਾ ਵਿੱਚ ਮੁਹਾਰਤ ਦਾਮਹੱਤਵ ਵੱਧ ਗਿਆ ਹੈ । ਆਪਣੇ ਕਿੱਤੇ ਵਿੱਚ ਮੁਹਾਰਤ (ਹੁਨਰ) ਨੂੰ ਬਿਆਨਦੀ ਫਾਰਸੀ ਕਹਾਵਤ ਹੈ, 'ਕਸਬੇ ਕਮਾਲ ਕੁਨ ਕਿ ਅਜੀਜੇ ਜਹਾਂ ਸਵੀ।' (ਆਪਣੇ ਹੁਨਰ ਵਿੱਚ ਕਮਾਲ ਦਾ ਹਾਸਲ ਕਰ, ਤਾਂ ਜੋ ਸੰਸਾਰ ਵਿੱਚ ਹੁਨਰ ਪਿਆਰਾ ਹੋ ਜਾਵੇ)।

ਦਸਤਕਾਰੀ ਆਪਣੇ ਆਪ ਵਿੱਚ ਹੀ ਅਨਮੋਲ ਹੈ। ਬੱਚੇ ਅੰਦਰ ਆਪਣੇ ਹੱਥੀਂ ਕੰਮ ਕਰਨ ਦੀ ਕੁਦਰਤੀ ਇੱਛਾ ਹੈ। ਅਗਰ ਸਮਝਦਾਰੀ ਨਾਲ ਬੱਚੇ ਦੀ ਇਸ ਇੱਛਾ ਨੂੰ ਉਚਿਤ ਢੰਗ ਨਾਲ ਸਹੀ ਢਾਂਚੇ ਵਿੱਚ ਢਾਲਿਆ ਜਾਵੇ ਤਾਂ ਉਸ ਦੀ ਸਰਬਪੱਖੀ ਸ਼ਖ਼ਸੀਅਤ ਅਤੇ ਮਨੋ- ਵਿਗਿਆਨਕ ਵਿਕਾਸ ਸਹਿਜੇ ਹੀ ਕੀਤਾ ਜਾ ਸਕਦਾ ਹੈ।

ਦਸਤਕਾਰੀ ਸਿੱਖਿਆ ਦਾ ਮਨੋਰਥ ਮਨੁੱਖ ਦੀ ਬੁੱਧੀ ਤੇਜ਼ ਕਰਕੇ ਉਸ ਦੀ ਸੰਪੂਰਨ ਸ਼ਖ਼ਸੀਅਤ ਦੀ ਉਸਾਰੀ ਕਰਨਾ ਹੈ। ਦਸਤਕਾਰੀ ਦੇ ਸੰਸਾਰ ਵਿੱਚ ਵਿਚਰਦਿਆ 'ਕੁੱਝ ਸਿੱਖਣ ਅਤੇ ਸਿਖਾਉਣ' ਦਾ ਸਿਲਸਿਲਾ ਚੱਲਦਾ ਰਹਿੰਦਾ ਹੈ। ਇਸ ਖੇਤਰ ਵਿੱਚ ਸਿਖਿਆਰਥੀ ਆਪਣੇ ਆਪ ਕੀਤੇ ਗਏ ਅਮਲਾ ਯਤਨਾਂ ਦੀ ਸਫਲਤਾ ਅਤੇ ਅਸਫਲਤਾ ਨੂੰ ਦੇਖ ਕੇ ਆਪਣਾ ਮੁਲਾਂਕਣ ਕਰਨ ਦੇ ਯੋਗ ਬਣਦਾ ਹੈ।

ਹੱਥਾਂ ਦੁਆਰਾ ਕੀਤੀ ਗਈ ਕਿਰਤ ਇੱਕ ਵਿਸ਼ੇਸ ਸੁਗੰਧੀ ਬਖਸ਼ਦੀ ਹੈ। ਕਿਰਤੀ ਆਪਣੇ ਦੁਆਰਾ ਨਿਰਮਾਣਤ ਵਸਤੂ ਵੱਲ ਤੱਕ ਕੇ ਖੁਸ਼ੀ ਮਹਿਸੂਸ ਕਰਦਾ ਹੈ। ਇਹ ਹਾਸਲ ਕੀਤੀ ਖੁਸ਼ੀ ਅਤੇ ਉਤਸ਼ਾਹ ਦੇ ਜੋਸ਼ ਨਾਲ ਮਨੁੱਖ ਆਪਣੇ ਹੁਨਰ ਨੂੰ ਹੋਰ ਵਧੇਰੇ ਤਰਾਸ਼ ਕੇ ਸੰਪੂਰਨਤਾ ਦੀ ਮੰਜ਼ਲ ਵੱਲ ਵਧਦਾ ਹੈ।



ਦੁਨੀਆ ਦੇ ਵਿਕਸਤ ਦੇਸ਼ਾਂ ਵਿੱਚ ਹਰ ਕਿੱਤੇ ਦੇ ਦਸਤਕਾਰਾਂ ਨੂੰ ਸਨਮਾਨਯੋਗ ਰੁਤਬਾ ਹਾਸਲ ਹੈ। ਯੂਰਪੀ ਦੇਸ਼ ਜਰਮਨੀ ਵਿੱਚ ਸਰਕਾਰੀ ਤੌਰ ਤੇ ਮੁਲਕ ਦੇ ਨਿਪੁੰਨ ਦਸਤਕਾਰਾਂ ਨੂੰ ਆਪਣੇ ਕਿੱਤੇ ਵਿੱਚ ਹੋਰ ਪ੍ਰਬੀਨਤਾ ਹਾਸਲ ਕਰਨ ਅਤੇ ਆਧੁਨਿਕ ਤਕਨਾਲੋਜੀਆਂ ਦੀਆਂ ਬਾਰੀਕੀਆਂ ਸਿੱਖਣ ਹਿੱਤ ਦੁਨੀਆ ਦਾ ਭਰਮਣ ਕਰਨ ਲਈ ਜਰਨੀਮੈਨ ਬਣਾ ਕੇ ਭੇਜਿਆ ਜਾਂਦਾ ਹੈ। ਇਹਨਾਂ ਦੇਸ਼ਾਂ ਵਿੱਚ ਕਿਰਤੀ ਆਪਣੀ ਸਮਾਜਿਕ ਜ਼ਿੰਮੇਵਾਰੀ ਸਮਝਦਿਆ ਆਪਣੇ ਫਰਜ਼ ਨਿਭਾਉਣ ਅਤੇ ਦੇਸ਼ ਦੇ ਵਿਕਾਸ ਵਿੱਚ ਆਪਣਾ ਬਣਦਾ ਯੋਗਦਾਨ ਪਾ ਕੇ ਪ੍ਰਸੰਸਾ ਅਤੇ ਵਡਿਆਈ ਹਾਸਲ ਕਰਦਾ ਹੈ।

ਸਾਡੇ ਮਹਾਨ ਭਾਰਤ ਵਿੱਚ ਅਜਿਹੀ ਸਮਰਪਿਤ ਭਾਵਨਾ ਦੀ ਬੇਹੱਦ ਘਾਟ ਹੋਣ ਕਰਕੇ ਨੌਜਵਾਨ ਪੀੜ੍ਹੀ ਵਿੱਚ ਨਿਰਾਸ਼ਤਾ ਦਾ ਆਲਮ ਹੈ। ਸਾਡੇ ਨੁਕਸਦਾਰ ਢਾਂਚੇ ਵਿੱਚ ਗੁਣਾਤਮਕ ਸੁਧਾਰਾਂ ਅਤੇ ਇਸ ਦੇ ਪੁਨਰ-ਮੁਲਾਂਕਣ ਦੀ ਬੇਹੱਦ ਲੋੜ ਹੈ। ਆਜ਼ਾਦੀ ਦੇ ਦਹਾਕਿਆਂ ਬਾਅਦ ਵੀ ਭਾਰਤੀ ਮਾਨਸਿਕਤਾ ਸਫੈਦਪੋਸ਼ ਬਾਬੂਸ਼ਾਹੀ ਦੇ ਦਾਇਰਿਆਂ ਨੂੰ ਪਾਰ ਨਹੀਂ ਕਰ ਸਕੀ। ਸਿੱਟੇ ਵਜੋਂ ਅਜੋਕੀ ਪੀੜ੍ਹੀ ਅਰਥਹੀਣ ਡਿਗਰੀਆਂ ਦੀ ਅੰਨ੍ਹੀ ਦੌੜ ਵਿੱਚ ਮਸਰੂਫ ਹੈ। ਬੇਰੁਜ਼ਗਾਰੀ ਦੀਆਂ ਚੁਣੌਤੀਆਂ ਅਤੇ ਮੁਲਕ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਸਾਨੂੰ ਨਵੀਂ ਪੀੜ੍ਹੀ ਨੂੰ ਦਸਤਕਾਰੀ ਪਾਸੇ ਉਤਸ਼ਾਹਿਤ ਕਰਨਾ ਪਵੇਗਾ। ਇਸ ਰਸਤੇ ਚੱਲ ਕੇ ਅਸੀਂ ਕਿਰਤ ਦੀ ਸ਼ਾਨ ਬਰਕਰਾਰ ਰੱਖ ਸਕਦੇ ਹਾਂ।

ਦਸਤਕਾਰੀ ਹੀ ਸਭ ਮੂਲ ਸਮੱਸਿਆਵਾਂ ਦਾ ਸਮਾਧਾਨ ਹੈ। ਐੱਚ ਜੀ ਵੇਲਜ ਨੇ ਠੀਕ ਹੀ ਕਿਹਾ ਹੈ ਕਿ 'ਹੱਥ ਤੇ ਦਿਮਾ.ਗ ਦਾ ਮਿਲ ਕੇ ਕੰਮ ਕਰਨਾ ਸੱਭਿਅਤਾ ਦੇ ਅਮੀਰ ਹੋਣ ਦੀ ਨਿਸ਼ਾਨੀ ਹੈ।'

# ਸੰਪਰਕ : 94782-08833

# ਭਾਰਤ ਦੀ ਵਿਦੇਸ਼ ਨੀਤੀ ਦਾ ਦਿਵਾਲੀਆਪਨ

ਪੇਸ਼ਕਸ਼ : ਡਾ. ਅਜੀਤਪਾਲ ਸਿੰਘ ਐਮ ਡੀ

ਭਾਰਤ ਦੀ ਵਿਦੇਸ਼ ਨੀਤੀ ਇਸ ਕਦਰ ਦਿਵਾਲੀਆ ਹੋ ਗਈ ਹੈ ਕਿ ਇਹ ਦੋ ਘਟਨਾਵਾਂ ਨਾਲ ਸਮਝੀ ਜਾ ਸਕਦੀ ਹੈ, ਇੱਕ ਵਿਚਾਰਕ ਤੇ ਇਕ ਵਿਹਾਰਕ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਖੁਦ ਆਪਣੇ ਮੂੰਹ ਤੋਂ ਇੱਕ ਵਾਰੀ ਐਲਾਨ ਕੀਤਾ ਕਿ ਹੁਣ ਜੰਗ ਦਾ ਜ਼ਮਾਨਾ ਬੀਤ ਗਿਆ ਹੈ। ਹਾਲ ਵਿੱਚ ਉਹਨਾ ਨੇ ਇਸ ਵਿੱਚ ਇਹ ਜੋੜਿਆ ਕਿ ਇਹ ਜ਼ਮਾਨਾ ਅੱਤਵਾਦ ਦੇ ਖਿਲਾਫ ਲੜਾਈ ਦਾ ਹੈ। ਪ੍ਰਧਾਨ ਮੰਤਰੀ ਦੇ ਇਹ ਕਥਨ ਉਦੋਂ ਆਏ, ਜਦ ਖੁਦ ਯੂਰਪ ਇਕ ਲੰਮੇ ਸਮੇਂ ਬਾਅਦ ਅਜਿਹੇ ਯੁੱਧ ਵਿੱਚ ਉਲਝਿਆ ਹੈ, ਜਿਸ ਵਿੱਚ ਦੁਨੀਆ ਦੀਆਂ ਸਾਰੀਆਂ ਮੁੱਖ ਸ਼ਕਤੀਆਂ ਅਸਿੱਧੀਆਂ ਜਾਂ ਸਿੱਧੇ ਰੂਪ ਵਿੱਚ ਸ਼ਾਮਿਲ ਹਨ। ਆਪਣੇ ਤੌਰ 'ਤੇ ਯੁੱਧ ਰੂਸ ਅਤੇ ਯੂਕਰੇਨ ਦੇ ਵਿੱਚ ਹੈ, ਪਰ ਯੂਕਰੇਨ ਦੇ ਪਿੱਛੇ ਦਰਅਸਲ ਨਾਟੋ ਯਾਨੀ ਅਮਰੀਕਾ ਤੇ ਯੂਰਪ ਹੈ । ਅਸਲ ਵਿੱਚ ਯੁੱਧ ਸ਼ੁਰੂ ਹੀ ਇਸ ਲਈ ਹੋਇਆ ਕਿ ਰੂਸ ਨਹੀਂ ਚਾਹੁੰਦਾ ਸੀ ਕਿ ਨਾਟੋ ਦੀਆਂ ਫੌਜੀ ਯੂਕਰੇਨ ਵਿੱਚ ਯਾਨਿ ਰੂਸ ਦੀ ਸਰਹੱਦ ਤੇ ਨੇੜੇ ਆ ਜਾਣ। ਦੂਜੇ ਪਾਸੇ ਰੂਸ ਦੇ ਨਾਲ ਚੀਨ ਖੜ੍ਹਾ ਹੈ। ਯੁੱਧ ਸਿਰਫ ਯੂਰਪ ਤੱਕ ਸੀਮਤ ਨਹੀਂ ਹੈ, ਇਹ ਸਮੇਂ ਪੱਛਮੀ ਏਸ਼ੀਆ ਦਾ ਇੱਕ ਵੱਡਾ ਹਿੱਸਾ ਜੰਗ ਵਿੱਚ ਉਲਝਿਆ ਹੈ, ਜਿੱਥੇ ਇਜ਼ਰਾਈਲੀ ਜ਼ਾਇਨਵਾਦੀ ਹਾਕਮ ਫਲਸਤੀਨ ਵਿੱਚ ਕਤਲੇਆਮ ਕਰ ਰਹੇ ਹਨ। ਅਫਰੀਕਾ ਵਿੱਚ ਅਨੇਕਾਂ ਦੇਸ਼ਾਂ ਦੇ ਵਿੱਚ ਜੰਗ ਜਾਂ ਫਿਰ ਦੇਸ਼ ਦੇ ਅੰਦਰ ਘਰੇਲੂ ਜੰਗਾਂ ਚੱਲ ਰਹੀਆਂ ਹਨ। ਖੁਦ ਭਾਰਤ ਪਾਕਿਸਤਾਨ ਦੇ ਨਾਲ ਇੱਕ ਵਾਰ ਫਿਰ ਯੁੱਧ ਦੇ ਕਿਨਾਰੇ 'ਤੇ ਪਹੁੰਚਿਆ ਸੀ ਅਤੇ ਅਮਰੀਕੀ ਸਾਮਰਾਜਵਾਦੀਆਂ ਦੇ ਦਖਲ ਨਾਲ ਹੀ ਇਹ ਉਸ ਤੋਂ ਬਚਾ ਸਕਿਆ। ਇਸ ਜ਼ਮੀਨੀ ਹਕੀਕਤ ਦੇ ਮੱਦੇਨਜ਼ਰ ਇਹ ਦਾਆਵਾ ਕਰਨਾ ਕਿ ਯੁੱਧ ਦਾ ਜ਼ਮਾਨਾ ਬੀਤ ਗਿਆ ਹੈ ਜਾਂ ਤਾਂ ਕਬੂਤਰ ਦੀ ਤਰ੍ਹਾਂ ਅੱਖਾਂ ਬੰਦ ਰੱਖਣੀਆਂ ਜਾਂ ਫਿਰ ਕੋਈ ਖੋਟੀ ਨੀਅਤ ਹੈ । ਦੋਨਾਂ ਹੀ ਦੇਸ਼ਾਂ ਦੇ ਵਿਦੇਸ਼ ਨੀਤੀ ਦੇ ਆਧਾਰ ਦੇ ਤੌਰ 'ਤੇ ਇਹ ਖਤਰਨਾਕ ਹੈ। ਅਸਲੀਅਤ ਇਹ ਹੈ ਕਿ ਚੀਨ ਦੀ ਇੱਕ ਵੱਡੀ ਸਾਮਰਾਜੀ ਤਾਕਤ ਦੇ ਤੌਰ 'ਤੇ ਉਭਰਨ ਦੇ ਨਾਲ ਦੂਜੇ ਵਿਸ਼ਵ ਯੁੱਧ ਦੇ ਪਿੱਛੋਂ ਪਹਿਲੀ ਵਾਰ ਸਾਰੇ ਸਮੀਕਰਨ ਵੱਡੇ ਪੈਮਾਨੇ 'ਤੇ ਬਦਲਣ ਦੀ ਸੰਭਾਵਨਾ ਪੈਦਾ ਹੋ ਗਈ ਹੈ, ਜੋ ਸੰਭਵ ਹੈ ਕਿ ਵਿਸ਼ਵੀ ਅਸਥਿਰਤਾ ਅਤੇ ਯੁੱਧ ਵੱਲ ਲੈ ਜਾਂਦੀ ਹੈ । ਜਦ ਦੂਜੀ ਸੰਸਾਰ ਜੰਗ ਸਮਾਪਤ ਹੋਈ ਸੀ ਤਾਂ ਯੁੱਧ ਤੇ ਸਿੱਟੇ ਨਾਲ ਹੀ ਦੁਨੀਆ ਭਰ ਵਿੱਚ ਸ਼ਕਤੀਆਂ ਦਾ ਸੰਤੁਲਨ ਸਥਾਪਤ ਹੋ ਕੇ ਦੁਨੀਆ ਦੋ ਗੁੱਟਾਂ ਵਿੱਚ ਵੰਡੀ ਗਈ ਸੀ । ਇੱਕ ਪਾਸੇ ਅਮਰੀਕੀ ਸਾਮਰਾਜਵਾਦੀਆਂ ਦੀ ਅਗਵਾਈ ਵਿੱਚ ਸਰਮਾਏਦਾਰੀ ਸੰਸਾਰ ਸੀ ਤਾਂ ਦੂਸਰੇ ਪਾਸੇ ਸੋਵੀਅਤ ਸੰਘ ਦੀ ਅਗਵਾਈ ਵਿੱਚ ਇੱਕ ਸਮਾਜਵਾਦੀ ਖੇਮਾ ਸੀ। ਦੂਜੀ ਸੰਸਾਰ ਜੰਗ ਵਿੱਚ ਜਾਪਾਨ ਅਤੇ ਪੱਛਮੀ ਜਰਮਨੀ ਅਮਰੀਕੀ ਸਾਮਰਾਜ ਦੇ ਨਾਲ ਸਨ। ਨਵੇਂ-ਨਵੇਂ ਆਜ਼ਾਦ ਹੋ ਰਹੇ ਤੀਸਰੀ ਦੁਨੀਆ ਤੇ ਦੇਸ਼ ਵਿੱਚ ਵਿਚਾਲੇ ਸਨ, ਜੋ ਕੁੱਲ ਮਿਲਾ ਕੇ ਸੋਵੀਅਤ ਖੇਮੇ ਵੱਲ ਝੁਕੇ ਹੋਏ ਸਨ। ਦੁਨੀਆ ਭਰ ਵਿੱਚ ਸ਼ਕਤੀਆਂ ਦਾ ਸੰਤੁਲਨ 1980 ਦੇ ਦਹਾਕੇ ਤੱਕ ਬਣਿਆ ਰਿਹਾ। ਅਮਰੀਕਾ ਹਮੇਸ਼ਾ ਹੀ ਸਭ ਤੋਂ ਵੱਡੀ ਤਾਕਤ ਰਿਹਾ ਸੀ। ਸੋਵੀਅਤ ਸੰਘ ਸਿਰਫ ਫੌਜੀ ਤੌਰ 'ਤੇ ਹੀ ਚੁਣੌਤੀ ਦੇ ਪਾਉਂਦਾ ਸੀ। ਅੱਜ ਚੀਨੀ ਸਾਮਰਾਜਵਾਦ ਦੇ ਉਭਾਰ ਦੇ ਨਾਲ ਦੁਨੀਆਂ ਭਰ ਵਿੱਚ ਸ਼ਕਤੀ ਸੰਤੁਲਨ ਬਦਲ ਰਿਹਾ ਹੈ। ਆਰਥਕ ਤੇ ਸਮਰਿਕ ਦੋਨੋਂ ਪੱਧਰਾਂ 'ਤੇ ਇੱਕ ਵੱਡੀ ਤਾਕਤ ਦੇ ਤੌਰ 'ਤੇ ਚੀਨ ਸਾਹਮਣੇ ਆ ਚੁੱਕਿਆ ਹੈ, ਪਰ ਅਮਰੀਕਾ ਤੋਂ ਥੋੜ੍ਹਾ ਜਿਹਾ ਪਿੱਛੇ। ਇਸ ਵਿੱਚ ਜਲਦੀ ਹੀ ਅਮਰੀਕਾ ਤੋਂ ਅੱਗੇ ਨਿਕਲ ਜਾਣ ਦੀ ਸੰਭਾਵਨਾ ਜ਼ਾਹਿਰ ਕੀਤੀ ਜਾ ਰਹੀ ਹੈ। ਅਜਿਹੇ ਵਿੱਚ ਸੰਭਾਵਨਾ ਹੈ ਚੀਨ ਦੁਨੀਆ 'ਤੇ ਵੰਡ ਭੰਡਾਰ ਵਿੱਚ ਆਪਣੀ ਤਾਕਤ ਦੇ ਅਨੁਸਾਰ ਆਪਣਾ ਹਿੱਸਾ ਚਾਹੇਗਾ। ਇਹ ਬਿਨਾਂ ਸ਼ੀਤ ਜਾਂ ਗਰਮ ਯੁੱਧ ਦੇ ਕਿਵੇ ਸੰਭਵ ਹੋਏਗਾ। ਅਮਰੀਕਾ ਤੇ ਚੀਨੀ ਸਾਮਰਾਜੀ ਆਪਸ ਵਿੱਚ ਭਾਵੇਂ ਨਾ ਲੜਨ, ਪਰ ਦੁਨੀਆ ਭਰ ਵਿੱਚ ਪ੍ਰਾਕਸੀ ਯੁੱਧ ਵਿੱਚ ਤਾਂ ਉਹ ਉਲਝ ਹੀ ਸਕਦੇ ਹਨ। ਇਹ ਯਾਦ ਰੱਖਣਾ ਹੋਵੇਗਾ ਕਿ ਸੋਵੀਅਤ ਅਤੇ ਅਮਰੀਕੀ ਸਾਮਰਾਜਵਾਦੀ ਦੋਨੋਂ ਦਹਾਕਿਆਂ ਤੋਂ ਪ੍ਰਾਕਸੀ ਯੁੱਧ ਲੜਦੇ ਰਹੇ ਸਨ । ਅਜਿਹੇ ਵਿੱਚ ਇਹ ਐਲਾਨ ਕਰ ਦੇਣਾ ਕਿ ਜੰਗਾਂ ਦਾ ਜ਼ਮਾਨਾ ਬੀਤ ਗਿਆ ਹੈ, ਇਹ ਹੱਦ ਦਰਜੇ ਦੀ ਮੂਰਖਤਾ ਹੈ ਜਾਂ ਫਿਰ ਪੂਰਨ ਦਿਵਾਲੀਆਪਣ ਹੈ ਭਾਰਤ ਸਰਕਾਰ ਉਸ ਚੀਜ਼ ਦੇ ਲਈ ਤਿਆਰ ਨਹੀਂ ਹੋ ਸਕਦੀ, ਜੋ ਹਾਲੀਆ ਭਾਰਤ-ਪਾਕ ਝੜਪ ਸਮੇਂ ਦੇਖਣ ਨੂੰ ਮਿਲੀ। ਭਾਰਤ ਦੀ ਹਵਾਈ ਸੈਨਾ ਦੇ ਲਈ ਪਾਕਿਸਤਾਨ ਦੀ ਹਵਾਈ ਫੌਜ ਦਾ ਪ੍ਰਦਰਸ਼ਨ ਹੈਰਾਨ ਕਰਨ ਵਾਲਾ ਹੀ ਰਿਹਾ ਹੋਵੇਗਾ, ਕਿਉਂਕਿ ਉਸ ਨੂੰ ਗੁਮਾਨ ਵੀ ਨਹੀਂ ਹੋਏਗਾ ਕਿ ਉਸ ਦੇ ਪਿੱਛੇ ਚੀਨ ਖੜ੍ਹਾ ਹੈ । ਚੀਨ ਨੇ ਅੱਜ ਭਾਰਤ ਦੀ ਆਰਥਿਕ ਤੇ ਰਾਜਨੀਤਕ ਘੇਰਾਬੰਦੀ ਕਰ ਲਈ ਹੈ। ਹਾਲੀਆ ਝੜਪ ਨੇ ਦਿਖਾਇਆ ਹੈ ਕਿ ਘੱਟੋ-ਘੱਟ ਪਾਕਿਸਤਾਨ ਦੇ ਮਾਮਲੇ ਵਿੱਚ ਇਹ ਸੈਨਿਕ ਘੇਰਾਬੰਦੀ ਵੀ ਹੈ। ਭਾਰਤ ਸਰਕਾਰ ਜਿਸ ਤਰ੍ਹਾਂ ਗੁਆਂਢੀ ਮੁਲਕਾਂ ਦੇ ਨਾਲ ਸੰਬੰਧ ਚਲਾ ਰਹੀ ਹੈ, ਉਸ ਨੂੰ ਦੇਖਦੇ ਹੋਏ ਹੈਰਾਨੀ ਨਹੀਂ ਹੋਵੇਗੀ ਕਿ ਉਹ ਵੀ ਇਸੇ ਤਰ੍ਹਾਂ ਇਸ ਰਾਹ 'ਤੇ ਚੱਲ ਪਵੇ। ਮੋਦੀ ਦਾ ਕਹਿਣਾ ਹੈ ਕਿ ਇਹ ਜ਼ਮਾਨਾ ਅੱਤਵਾਦ ਦੇ ਖਿਲਾਫ ਲੜਾਈ ਦਾ ਹੈ । ਇਹ ਉਹ ਜੁਮਲਾ ਹੈ, ਜੋ 2001 ਦੇ ਬਾਅਦ ਅਮਰੀਕੀ ਸਾਮਰਾਜਵਾਦੀਆਂ ਨੇ ਉਛਾਲਿਆ ਸੀ। ਇਹ ਜੱਗ ਜ਼ਾਹਿਰ ਹੈ ਕਿ ਉਥੇ ਧੁਰ ਦੱਖਣਪੰਥੀਆਂ ਨੇ ਇਸ ਜੁਮਲੇ ਦੀ ਆੜ ਵਿੱਚ ਆਪਣੀ ਇੱਕੀਵੀਂ ਸਦੀ ਦੀ ਪ੍ਰਯੋਜਨਾ ਨੂੰ ਪ੍ਰਵਾਨ ਚੜ੍ਹਾਉਣ ਦੀ ਕੋਸ਼ਿਸ਼ ਕੀਤੀ ਸੀ। ਇਹ ਜੁਮਲਾ ਅਸਲ ਵਿੱਚ ਇਹ ਆੜ ਸੀ ਜਿਸ ਦੇ ਪਿੱਛੇ ਅਮਰੀਕੀ ਸਾਮਰਾਜੀ ਦੁਨੀਆਂ ਦੇ ਸਾਰੇ ਸਮੀਕਰਨ ਨੂੰ ਤਹਿ ਕਰਨਾ ਚਾਹੁੰਦੇ ਸਨ ਕਿ ਸਮੁੱਚੀ 21ਵੀਂ ਸਦੀ ਵਿੱਚ ਉਹਨਾਂ ਦਾ ਇੱਕੋ-ਇੱਕ ਦਬ-ਦਬਾਅ ਰਹੇ। ਮੋਦੀ ਸਰਕਾਰ ਦੀ ਅੰਦਰੂਨੀ ਨੀਤੀ ਹਿੰਦੂ ਫਾਸ਼ੀਵਾਦੀ ਨੀਤੀ ਹੈ ਇਹ ਹਿੰਦੂ ਫਾਸ਼ੀਵਾਦੀਆਂ ਦੇ ਹਿੰਦੂ ਰਾਸ਼ਟਰ ਅਤੇ ਵੱਡੇ ਅਦਾਰੇਦਾਰ ਪੂੰਜੀਪਤੀ ਜਮਾਤ ਦੀ ਬੇਲਗਾਮ ਲੁੱਟ-ਖਸੁੱਟ ਤੇ ਗਠਜੋੜ ਦੀ ਨੀਤੀ ਹੈ। ਇਹ ਨੀਤੀ ਖੁਦ ਹੀ ਅੰਨ੍ਹੇ ਰਾਸ਼ਟਰਵਾਦ ਅਤੇ ਜੰਗੀ ਜਨੂੰਨ ਵੱਲ ਲੈ ਜਾਂਦੀ ਹੈ। ਦੇਸ਼ ਦੇ ਅੰਦਰ ਮੁਸਲਮਾਨਾਂ ਤੇ ਦੇਸ਼ ਦੇ ਬਾਹਰ ਪਾਕਿਸਤਾਨ ਇਸ ਦੇ ਪ੍ਰਮੁੱਖ ਨਿਸ਼ਾਨੇ ਹੁੰਦੇ ਹਨ, ਜਿਸ ਦੇ ਜ਼ਰੀਏ ਇਹ ਨੀਤੀ ਲਈ ਜਨਤਕ ਲਾਮਬੰਦੀ ਕੀਤੀ ਜਾਂਦੀ ਹੈ । ਇੱਕ ਨਜ਼ਰ ਮਾਰਦਿਆਂ ਹੀ ਪਤਾ ਲੱਗਦਾ ਹੈ ਕਿ ਕਿਵੇਂ ਇਹ ਨੀਤੀ ਦੁਨੀਆ ਭਰ ਦੇ ਸਾਰੇ ਉਲਝੇ ਹੋਏ ਸਮੀਕਰਨਾਂ ਨਾਲ ਨਿਪਟਣ ਵਿੱਚ ਸਰਕਾਰ ਨੂੰ ਅਸਮਰਥ ਬਣਾ ਦਿੰਦੀ ਹੈ। ਨਤੀਜਾ ਇਹ ਨਿਕਲਦਾ ਕਿ ਭਾਰਤ-ਪਾਕ ਝੜਪ ਵਿੱਚ ਦੁਨੀਆ ਦਾ ਕੋਈ ਵੀ ਦੇਸ਼ ਖੁੱਲ੍ਹ ਕੇ ਭਾਰਤ ਦੇ ਨਾਲ ਨਹੀਂ ਖੜਦਾ ਅਤੇ ਮਿੱਤਰ ਦੇਸ਼ਾਂ ਨੂੰ ਸਮਝਣ ਦੇ ਲਈ ਭਾਰਤ ਸਰਕਾਰ ਨੂੰ ਇਹ ਸਭ ਜਗ੍ਹਾ ਸਰਬ ਪਾਰਟੀ ਪ੍ਰਤੀਨਿਧੀ ਮੰਡਲ ਭੇਜਣੇ ਪੈਂਦੇ ਹਨ। ਇਹੀ ਉਹ ਦੂਜੀ ਚੀਜ਼ ਹੈ, ਜਿਸ ਨਾਲ ਭਾਰਤ ਸਰਕਾਰ ਦੀ ਵਿਦੇਸ਼ੀ ਨੀਤੀ ਦਾ ਦੀਵਾਲੀਆਪਣ ਨਜ਼ਰ ਆਉਂਦਾ ਹੈ। ਦੇਸ਼ ਪਿਛਲੇ ਕਈ ਸਾਲਾਂ ਤੋਂ ਸੁਣਦਾ ਹੈ ਕਿ ਦੁਨੀਆ ਭਰ ਵਿੱਚ ਭਾਰਤ ਸਰਕਾਰ ਦਾ ਡੰਕਾ ਵੱਜ ਰਿਹਾ ਹੈ ਕਿ ਇਹ ਡੰਕਾ ਮੋਦੀ ਨੇ ਵਜਾਇਆ ਹੈ। ਹੁਣ ਸੰਕਟ ਦੇ ਸਮੇਂ ਪਤਾ ਲੱਗਾ ਕਿ ਅਜਿਹਾ ਕੁਝ ਵੀ ਨਹੀਂ ਸੀ, ਐਸਾ ਕਿਉਂ ਤੇ ਕਿਵੇਂ ਹੋਇਆ ? ਮੋਦੀ ਤੋਂ ਬਹੁਤੇ ਪਹਿਲਾਂ ਹੀ ਭਾਰਤ ਸਰਕਾਰ ਦੀ ਵਿਦੇਸ਼ ਨੀਤੀ ਖਾਸ ਦਿਸ਼ਾ ਵਿੱਚ ਲੁੜ੍ਹਕਦੀ ਚਲੀ ਗਈ। ਭਾਰਤ ਸਰਕਾਰ ਨੇ ਉਸ ਨੂੰ ਬਸ ਉਸ ਦੀ ਪ੍ਰਣੀਤੀ ਤੱਕ ਪਹੁੰਚਾਇਆ ਹੈ। ਸੋਵੀਅਤ ਖੇਮੇ ਦੇ ਪੱਤਣ ਤੇ ਸੋਵੀਅਤ ਸੰਘ ਦੇ ਬਿਖਰਨ ਸਮੇਂ ਹੀ ਭਾਰਤ ਦੀ ਸਰਮਾਏਦਾਰ ਜਮਾਤ ਤੇ ਉਸ ਦੀ ਸਰਕਾਰ ਨੇ ਤੈਅ ਕੀਤਾ ਕਿ ਉਸ ਨੂੰ ਅਮਰੀਕੀ ਸਾਮਰਾਜੀਆਂ ਨਾਲ ਵੱਧ ਤੋਂ ਵੱਧ ਖੜਣਾ ਹੈ। ਸ਼ਾਇਦ ਉਹਨਾਂ ਨੇ ਸੋਚਿਆ ਹੋਵੇ ਕਿ ਇੱਕ ਧਰੁਵੀ ਦੁਨੀਆ ਲੰਮੇ ਸਮੇਂ ਤੱਕ ਬਣੀ ਰਹੂਗੀ ਤੇ ਭਾਰਤ ਦੇ ਲਈ ਅੱਛਾ ਇਹੀ ਹੋਏਗਾ ਕਿ ਉਹ ਦੁਨੀਆਂ ਦੇ ਚੌਧਰੀ ਦੇ ਪਿੱਛੇ ਲੱਗ ਜਾਵੇ। ਨਾ ਤਾਂ ਉਹਨਾਂ ਸੋਚਿਆ ਕਿ ਦੁਨੀਆਂ ਫਿਰ ਦੋ ਧਰੁਵੀ ਜਾਂ ਬਹੁਧਰੁਵੀ ਹੋ ਸਕਦੀ ਹੈ ਅਤੇ ਨਾ ਹੀ ਉਹਨਾਂ ਇਸ ਦੀ ਕੋਈ ਤਿਆਰੀ ਕੀਤੀ। ਇਹੀ ਨਹੀਂ ਜਦ ਇਸ ਸਦੀ ਵਿੱਚ ਚੀਨ ਦਾ ਉਭਾਰ ਸਪੱਸ਼ਟ ਹੋਣ ਲੱਗਿਆ ਤਾਂ ਉਹਨਾਂ ਦੀ ਅਮਰੀਕੀ ਸਾਮਰਾਜੀਆਂ ਨਾਲ ਲਗਣ ਦੀ ਨੀਤੀ ਹੋਰ ਵੀ ਮਜ਼ਾਕ ਲੱਗਣ ਲੱਗੀ । ਉਹ ਖੁਸ਼ੀ ਖੁਸ਼ੀ ਕਵਾੜ ਤੇ ਚੀਨ ਨੂੰ ਘੇਰਨ ਦੀ ਅਮਰੀਕੀ ਸਾਮਰਾਜੀਆਂ ਦੀ ਯੋਜਨਾ ਵਿੱਚ ਸ਼ਾਮਿਲ ਹੋ ਗਏ। ਇਸ ਦੇ ਹਿੱਸੇ ਦੇ ਤੌਰ 'ਤੇ ਉਹਨਾਂ ਇਜ਼ਰਾਈਲ ਦੇ ਜ਼ਿਆਨਵਾਦੀ ਹਾਕਮਾਂ ਨਾਲ ਵਿਸ਼ੇਸ਼ ਸਬੰਧ ਕਾਇਮ ਕਰ ਲਏ । ਭਾਰਤ ਸਰਕਾਰ ਦੀ ਇਹ ਨੀਤੀ ਨਾ ਸਿਰਫ ਰੂਸ ਨਾਲ ਦੂਰੀ ਵਧਾਉਂਦੀ ਸੀ, ਬਲਕਿ ਚੀਨ ਦੇ ਨਾਲ ਟਕਰਾ ਵੱਲ ਲੈ ਜਾਂਦੀ ਸੀ। ਇਸ ਨੇ ਈਰਾਨ ਦੇ ਨਾਲ ਆਰਥਿਕ ਸਬੰਧ ਦੇ ਖਾਤਮੇ ਤੱਕ ਮਾਮਲੇ ਨੂੰ ਪਹੁੰਚਾ ਦਿੱਤਾ। ਜ਼ਿਆਦਾ ਖਰਾਬ ਗੱਲ ਇਹ ਹੋਈ ਕਿ ਇਸ ਨੇ ਦੁਨੀਆ ਭਰ 'ਚ ਭਾਰਤ ਦੀ ਸ਼ਾਖ ਨੂੰ ਬਹੁਤ ਧੱਕਾ ਪਹੁੰਚਾਇਆ। ਅਜਿਹਾ ਲਗਣ ਲਗਿਆ ਕਿਹਾ ਕਿ ਭਾਰਤ ਕੋਈ ਆਜ਼ਾਦ ਆਵਾਜ਼ ਨਹੀਂ ਰਹਿ ਗਈ । ਇਸ ਲਈ ਜਦ ਭਾਰਤ ਨੇ ਰੂਸ, ਯੂਕਰੇਨ ਯੁੱਧ ਵਿੱਚ ਵਿਚਕਾਰਲਾ ਰਾਹ ਚੁਣਿਆ ਤਾਂ ਬਹੁਤਿਆਂ ਨੂੰ ਹੈਰਾਨੀ ਹੋਈ। ਸ਼ਾਇਦ ਤੁਸੀਂ ਹਥਿਆਰਾਂ ਤੇ ਭਾਰਤ ਦੀ ਅਜੇ ਵੀ ਨਿਰਭਰਤਾ ਨੇ ਭਾਰਤ ਸਰਕਾਰ ਨੂੰ ਅਜਿਹਾ ਕਰਨ ਲਈ ਮਜਬੂਰ ਕੀਤਾ ਹੋਵੇ,ਪਰ ਇਸ ਨੇ ਸਭ ਨੂੰ ਹੈਰਾਨ ਕੀਤਾ। ਇਹ ਸਾਰੇ ਕੁਝ ਤਾਂ ਇਹੀ ਨਤੀਜਾ ਹੋਣਾ ਸੀ, ਜੋ ਭਾਰਤ-ਪਾਕਿ ਝੜਪ ਸਮੇਂ ਹੋਇਆ । ਸੱਚਾਈ ਇਹ ਹੈ ਕਿ ਦੁਨੀਆ ਭਰ ਵਿੱਚ ਅੱਜ ਭਾਰਤ ਦੀ ਉਹ ਵੀ ਹੈਸੀਅਤ ਨਹੀਂ ਹੈ, ਜੋ ਕਦੀ ਗੁੱਟ ਨਿਰਲੇਪ ਅੰਦੋਲਨ ਦੇ ਜ਼ਮਾਨੇ ਵਿੱਚ ਹੋਇਆ ਕਰਦੀ ਸੀ। ਦੇਸ਼ ਦੇ ਅੰਦਰ ਮੋਦੀ ਸਰਕਾਰ ਇਸ ਦੀ ਭਰਪਾਈ ਝੂਠੇ ਪ੍ਰਚਾਰ ਨਾਲ ਕਰ ਰਹੀ ਹੈ। ਦੋ ਸਾਲ ਪਹਿਲਾਂ ਦੇਸ਼ ਵਿੱਚ ਜੀ-20 ਦਾ ਵੱਡਾ ਆਯੋਜਨ ਇਸੇ ਪ੍ਰਚਾਰ ਦਾ ਇੱਕ ਹਿੱਸਾ ਸੀ । ਦੁਨੀਆ ਭਰ ਵਿੱਚ ਮੋਦੀ ਦੇ ਮਹਾਨ ਅਯੋਜਨ ਇਸ ਲਈ ਹੁੰਦੇ ਹਨ । ਇਹਨਾਂ ਆਯੋਜਨਾਂ ਦਾ ਮਕਸਦ ਉਹ ਦੇਸ਼ ਨਹੀਂ ਹੁੰਦੇ, ਜਿੱਥੇ ਇਹ ਅਯੋਜਨ ਹੁੰਦੇ ਹਨ। ਇਸ ਦੇ ਉਲਟ ਆਪਣੇ ਦੇਸ਼ ਦੀ ਜਨਤਾ ਉਹਨਾਂ ਦਾ ਮਕਸਦ ਹੁੰਦੀ ਹੈ । ਇਹਨਾਂ ਦੇ ਜ਼ਰੀਏ ਦੇਸ਼ ਦੀ ਜਨਤਾ ਨੂੰ ਦੱਸਿਆ ਜਾਂਦਾ ਹੈ ਕਿ ਮੋਦੀ ਸਰਕਾਰ ਸਾਰੀ ਦੁਨੀਆਂ ਵਿੱਚ ਭਾਰਤ ਦਾ ਕੱਦ ਕਿਵੇਂ ਵਧਾ ਰਹੀ ਹੈ । ਨਿਰੰਤਰ ਧੂੰਆਂਧਾਰ ਪ੍ਰਚਾਰ ਨਾਲ ਦੇਸ਼ ਦੇ ਲੋਕਾਂ ਵਿੱਚ ਇੱਕ ਹਿੱਸੇ ਨੂੰ ਇਹ ਲੱਗਣ ਵੀ ਲੱਗਿਆ ਕਿ ਦੁਨੀਆ ਭਰ 'ਚ ਭਾਰਤ ਦਾ ਡੰਕਾ ਵੱਜ ਰਿਹਾ ਹੈ ਅਤੇ ਇਸ ਦਾ ਸਿਹਰਾ ਮੋਦੀ ਨੂੰ ਜਾਂਦਾ ਹੈ ।

ਇਥੋਂ ਤੱਕ ਕਿ ਕੁਝ ਲੋਕ ਮੋਦੀ ਸਰਕਾਰ ਦੀ ਸਭ ਤੋਂ ਵੱਡੀ ਪ੍ਰਾਪਤੀ ਦੇ ਤੌਰ 'ਤੇ ਇਸ ਨੂੰ ਗਿਣਾਉਂਦੇ ਸਨ। ਜਦ ਭਾਰਤ-ਪਾਕ ਝੜਪ ਨੇ ਚਾਰ ਦਿਨ ਦੇ ਅੰਦਰ ਹੀ ਇਸ ਡੰਕੇ ਦੀ ਪੂਰੀ ਪੋਲ ਖੋਹਲ ਦਿੱਤੀ ਹੈ ਤਾਂ ਪਤਾ ਚੱਲਿਆ ਕਿ ਭਾਰਤ ਸਰਕਾਰ ਦਾ ਡੰਕਾ ਤਾਂ ਨੇਪਾਲ, ਭੂਟਾਨ ਵਿੱਚ ਵੀ ਨਹੀਂ ਵੱਜ ਰਿਹਾ। ਉਧਰ ਮੋਦੀ ਦੇ ਗੂਹੜੇ ਮਿੱਤਰ ਟਰੰਪ ਲਗਾਤਾਰ ਭਾਰਤ ਦੇਸ਼ ਅਤੇ ਮੋਦੀ ਦੀ ਬੇਇੱਜਤੀ ਕਰੀ ਜਾ ਰਹੇ ਹਨ। ਮੋਦੀ ਅਤੇ ਉਹਨਾਂ ਦੀ ਸਰਕਾਰ ਦੀ ਹਿੰਮਤ ਨਹੀਂ ਪਈ ਕਿ ਬੜਬੋਲੇ ਟਰੰਪ ਨੂੰ ਕਹਿ ਸਕਣ ਕਿ ਹਜ਼ੂਰ ਏਨਾ ਬੇਇੱਜ਼ਤ ਤਾਂ ਨਾ ਕਰੋ, ਕੁਝ ਤਾਂ ਪਰਦਾ ਰਹਿਣ ਦਿਓ। ਰਾਜਾ ਨੰਗਾ ਤਾਂ ਪਹਿਲਾਂ ਹੀ ਸੀ, ਹੁਣ ਸਾਰੀ ਦੁਨੀਆ ਨੇ ਬਿਨਾਂ ਕਹੇ ਕਹਿ ਵੀ ਦਿੱਤਾ ਹੈ । ਇਸ ਨੰਗੇਪਣ ਨੂੰ ਸਰਬ ਪਾਰਟੀ ਪ੍ਰਤੀਨਿਧੀ ਮੰਡਲ ਸਾਰੀ ਦੁਨੀਆ 'ਚ ਭੇਜ ਕੇ ਨਹੀਂ ਛੁਪਾਇਆ ਜਾ ਸਕਦਾ। ਸਾਰੇ ਦੇਸ਼ ਇਸ ਪ੍ਰਤੀਨਿਧੀ ਮੰਡਲ ਦੇ ਸਾਹਮਣੇ ਮੁਸਕਰਾਏ ਹੋਣਗੇ ।

# ਸੰਪਰਕ : 98156-29301

# ਪੁਲਸ ਨੇ ਸੱਤ ਵਿਅਕਤੀਆਂ ਨੂੰ ਜਾਲ੍ਹੀ ਕਰੰਸੀ ਸਮੇਤ ਕਾਬੂ ਕੀਤਾ



ਨਾਭਾ (ਵਰਿੰਦਰ ਵਰਮਾ)

ਪੁਲਸ ਵੱਲੋਂ ਸੱਤ ਵਿਅਕਤੀਆਂ ਨੂੰ ਜਾਅਲੀ ਕਰੰਸੀ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਦੋ ਔਰਤਾਂ ਵੀ ਸ਼ਾਮਲ ਹਨ।ਕਥਿਤ ਦੋਸ਼ੀਆਂ ਤੋਂ ਨਾਭਾ ਪੁਲਸ ਨੇ ਦੋ ਗੱਡੀਆਂ, ਇੱਕ ਲਾਇਸੰਸੀ ਪਿਸਤੌਲ ਅਤੇ 9 ਲੱਖ ਰੁਪਏ ਨਕਦ ਕਥਿਤ ਜਾਅਲੀ ਕਰੰਸੀ ਬਰਾਮਦ ਕਰਨ ਦਾ ਦਾਅਵਾ ਕੀਤਾ ਗਿਆ ਹੈ।ਥਾਣੇ ਦੇ ਐਸਐਚਓ ਐਸ.ਆਈ. ਗੁਰਪ੍ਰੀਤ ਸਿੰਘ ਸਮਰਾਓ ਨੇ ਦੱਸਿਆ ਕਿ ਗਲਵੱਟੀ ਪੁਲਿਸ ਚੌਂਕੀ ਨੂੰ ਗੁਪਤ ਸੂਚਨਾ ਪ੍ਰਾਪਤ ਹੋਈ ਸੀ ਕਿ ਇਲਾਕੇ ਵਿੱਚ ਦੋ ਗੱਡੀਆਂ ਘੁੰਮ ਰਹੀਆਂ ਹਨ, ਜਿਨ੍ਹਾਂ ਵਿੱਚ ਸਵਾਰ ਵਿਅਕਤੀਆਂ ਤੋਂ ਜਾਅਲੀ ਕਰੰਸੀ ਸਮੇਤ ਹੋਰ ਕੁਝ ਗੈਰ ਕਾਨੂੰਨੀ ਵਸਤੂਆਂ ਬਰਾਮਦ ਹੋ ਸਕਦਾ ਹੈ।ਕਾਰਵਾਈ ਕਰਦਿਆਂ ਗਲਵੱਟੀ ਪੁਲਸ ਚੌਂਕੀ ਇੰਚਾਰਜ ਤੇ ਪੁਲਸ ਪਾਰਟੀ ਵੱਲੋਂ ਇੱਕ ਬੈਸਨ ਅਤੇ ਇੱਕ ਸਵਿਫਟ ਕਾਰ ਵਿੱਚ ਸਵਾਰ ਸੱਤ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ।

ਸਦਰ ਥਾਣਾ ਐਸਐਚਓ ਗੁਰਪ੍ਰੀਤ ਸਮਰਾਓ ਨੇ ਦੱਸਿਆ ਕਿ ਉਪਰੋਕਤ ਦੋਸ਼ੀ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਨਾਲ ਸੰਬੰਧ ਰੱਖਦੇ ਹਨ, ਜੋ ਆਪਣੇ ਵਿਸ਼ਵਾਸ ਵਿੱਚ ਆਏ ਵਿਅਕਤੀ ਨੂੰ ਜਾਅਲੀ ਕਰੰਸੀ ਸਪਲਾਈ ਕਰਦੇ ਸਨ।ਉਨ੍ਹਾਂ ਨੇ ਦੱਸਿਆ ਕਿ ਮਾਮਲੇ ਵਿੱਚ ਗ੍ਰਿਫਤਾਰ ਕਥਿਤ ਦੋਸ਼ੀ ਦਿਨਾਂ ਵਿੱਚ ਅਮੀਰ ਹੋਣਾ ਚਾਹੁੰਦੇ ਸਨ, ਜਿਸ ਕਾਰਨ ਉਹ ਇਕ ਲੱਖ ਬਦਲੇ 5 ਲੱਖ ਦੀ ਜਾਅਲੀ ਕਰੰਸੀ ਲੋਕਾਂ ਤੱਕ ਪੁਚਾਉਂਦੇ ਸਨ।ਉਨ੍ਹਾਂ ਦੱਸਿਆ ਕਿ ਗ੍ਰਿਫਤਾਰੀ ਸਮੇਂ ਉਪਰੋਕਤ ਦੋਸ਼ੀਆਂ ਤੋਂ ਇੱਕ ਲਾਸਇੰਸੀ ਰਿਵਾਲਵਰ ਤੇ ਦੋ ਗੱਡੀਆਂ ਬਰਾਮਦ ਹੋਈਆਂ ਹਨ।

ਉਨ੍ਹਾਂ ਦੱਸਿਆ ਕਿ ਮਾਮਲੇ ਦੇ ਉਪਰੋਕਤ ਦੋਸ਼ੀਆਂ ਵਿੱਚ ਦੋ ਔਰਤਾਂ ਵੀ ਸ਼ਾਮਲ ਹਨ, ਜਿਨ੍ਹਾਂ ਵਿੱਚ ਇੱਕ ਦਾ ਨਾਂਅ ਕੁਲਵਿੰਦਰ ਕੌਰ ਖੰਨਾ ਅਤੇ ਦੂਜੀ ਕਰਮਜੀਤ ਕੌਰ ਬਰਨਾਲਾ ਤੋਂ ਦੱਸੀ ਜਾ ਰਹੀ ਹੈ। ਐਸਐਚਓ ਸਦਰ ਥਾਣਾ ਨੇ ਅੱਗੇ ਕਿਹਾ ਕਿ ਮਾਮਲੇ ਦੇ ਕਥਿਤ ਦੋਸ਼ੀਆਂ ਨੂੰ ਅਦਾਲਤ ਵਿਖੇ ਪੇਸ਼ ਕਰਨ ਬਾਅਦ ਉਨ੍ਹਾਂ ਤੋਂ ਵਧੇਰੇ ਪੁੱਛਗਿੱਛ ਲਈ ਪੁਲਸ ਰਿਮਾਂਡ ਦੀ ਮੰਗ ਕੀਤੀ ਜਾਵੇਗੀ ਅਤੇ ਪੁਲਿਸ ਰਿਮਾਂਡ ਲੈ ਕੇ ਕੀਤੀ ਪੁੱਛਗਿੱਛ ਦੌਰਾਨ ਜੋ ਵੀ ਇੰਕਸਾਫ ਹੋਣਗੇ, ਉਹ ਸਾਂਝੇ ਕੀਤੇ ਜਾਣਗੇ।

# ਫਿਰੋਜ਼ਪੁਰ ਕੈਂਟ ਤੋਂ ਹਰਿਦੁਆਰ ਤੱਕ ਆਸਥਾ ਦੀ ਰੇਲ ਰਵਾਨਾ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਕੈਂਟ ਰੇਲਵੇ ਸਟੇਸ਼ਨ ਤੋਂ ਹਰਿਦੁਆਰ ਲਈ ਇੱਕ ਵਿਸ਼ੇਸ਼ ਆਸਥਾ ਟਰੇਨ ਦੀ ਸ਼ੁਰੂਆਤ ਕੀਤੀ ਗਈ, ਜਿਸ ਨੂੰ ਵਿਭਿੰਨ ਧਾਰਮਿਕ ਤੇ ਸਿਆਸੀ ਅਗਵਾਈਆਂ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਟਰੇਨ ਨੂੰ ਸਵਾਮੀ ਚੰਦਰ ਸ਼ੇਖਰਾਨੰਦ (ਦਿਵਯ ਜੋਤੀ ਜਾਗ੍ਰਿਤੀ ਸੰਸਥਾਨ), ਸਵਾਮੀ ਵਿੱਦਿਆਨੰਦ (ਡੇਰਾ ਬਾਬਾ ਧਨੀ ਰਾਮ), ਆਚਾਰਯ ਪ੍ਰੇਮ ਗਿਰੀ (ਵਾਲਮੀਕ ਧਰਮ ਪ੍ਰਚਾਰਕ, ਰੇਲਵੇ ਆਸ਼ਰਮ) ਤੇ ਭਾਜਪਾ ਆਗੂ ਅਨੁਮਿਤ ਸਿੰਘ ਹੀਰਾ ਸੋਢੀ ਨੇ ਵਿਧੀਵਤ ਤੌਰ 'ਤੇ ਰਵਾਨਾ ਕੀਤਾ। ਇਨ੍ਹਾਂ ਨਾਲ ਅਸ਼ੋਕ ਬਹਿਲ ਵੀ ਮੌਜੂਦ ਸਨ। ਇਹ ਟਰੇਨ ਨੰਬਰ 14626/14625 ਹੁਣ ਹਰ ਬੁੱਧਵਾਰ ਰਾਤ 10:40 ਵਜੇ ਫਿਰੋਜ਼ਪੁਰ ਤੋਂ ਚੱਲੇਗੀ ਤੇ ਵੀਰਵਾਰ ਰਾਤ 12.35 ਵਜੇ ਵਾਪਸ ਆਏਗੀ। ਇਹ ਟਰੇਨ ਫ਼ਰੀਦਕੋਟ, ਬਠਿੰਡਾ, ਪਟਿਆਲਾ, ਅੰਬਾਲਾ, ਯਮੁਨਾਨਗਰ, ਸਹਾਰਨਪੁਰ ਰਾਹੀਂ ਹਰਿਦੁਆਰ ਤੱਕ ਪੁੱਜੇਗੀ। ਸਟੇਸ਼ਨ 'ਤੇ ਇਕ ਮੇਲੇ ਵਰਗਾ ਮਾਹੌਲ ਸੀ। ਸੈਂਕੜੇ ਭਗਤ 'ਹਰ ਹਰ ਗੰਗੇ, ਹਰ ਹਰ ਮਹਾਦੇਵ' ਦੇ ਨਾਲ਼ ਝੂਮਦੇ ਹੋਏ ਨਜ਼ਰ ਆਏ। ਅੰਮ੍ਰਿਤ ਵੇਲਾ ਪ੍ਰਭਾਤ ਸੋਸਾਇਟੀ ਦੇ ਮੈਂਬਰਾਂ ਨੇ ਸਚਿਨ ਨਾਰੰਗ, ਪੰਡਿਤ ਅਸ਼ਵਿਨੀ ਸ਼ਰਮਾ, ਰਾਜੇਸ਼ ਵਾਸੁਦੇਵ ਤੇ ਅਰੁਣ ਨੰਦਾ ਦੀ ਅਗਵਾਈ ਹੇਠ ਸਤਸੰਗ ਕੀਤਾ। ਪੰਡਿਤ ਕਰਣ ਤ੍ਰਿਪਾਠੀ ਤੇ ਵਰਿੰਦਰ ਚਾਵਲਾ ਦੇ ਨਾਚ ਨੇ ਦਰਸ਼ਨ ਲਈ ਇਕ ਵੱਖਰਾ ਰੂਹਾਨੀ ਮਾਹੌਲ ਪੈਦਾ ਕੀਤਾ।

ਇਸ ਮੌਕੇ ਸ਼੍ਰੀ ਰਾਧਾ ਕ੍ਰਿਸ਼ਨ ਮੰਦਰ ਹਨੂਮਾਨ ਧਾਮ ਵਲੋਂ ਪੰਡਿਤ ਸੂਰਜ ਪ੍ਰਕਾਸ਼ ਸ਼ਰਮਾ ਤੇ ਵਿਨੋਦ ਨਰੂਲਾ ਦੀ ਅਗਵਾਈ ਹੇਠ ਲੰਗਰ ਲਾਇਆ ਗਿਆ, ਜਿਸ ਵਿੱਚ ਚਾਹ, ਬਿਸਕਟ ਤੇ ਮਿਠਾਈ ਵੰਡੇ ਗਏ। ਸਨਾਤਨ ਧਰਮ (ਮਹਾਵੀਰ ਦਲ), ਸੀਨੀਅਰ ਸਿਟੀਜ਼ਨ ਫੋਰਮ, ਅਰੋੜ ਵੰਸ਼ ਸਭਾ ਤੇ ਫਿਰੋਜ਼ਪੁਰ ਫਾਊਂਡੇਸ਼ਨ ਵੱਲੋਂ ਲੱਡੂ, ਜਲਜ਼ੀਰਾ ਤੇ ਰਸਦ ਵੰਡ ਕੇ ਸੇਵਾ ਕੀਤੀ ਗਈ। ਬ੍ਰਾਹਮਣ ਸਭਾ ਨਮਕ ਮੰਡੀ ਵੱਲੋਂ ਪੰਡਿਤ ਨਰੇਸ਼ ਸ਼ਰਮਾ ਦੀ ਅਗਵਾਈ ਹੇਠ ਸੰਗਤ 'ਤੇ ਪੁਸ਼ਪ ਵਰਖਾ ਕੀਤੀ ਗਈ ਅਤੇ ਸਾਧੂਆਂ, ਰੇਲ ਚਾਲਕਾਂ ਨੂੰ ਸਿਰੋਪਾਓ ਭੇਟ ਕੀਤੇ ਗਏ। ਐੱਸ ਐੱਚ ਓ ਆਰ.ਪੀ.ਐੱਫ. ਐੱਮ. ਐੱਸ. ਮੀਣਾ ਤੇ ਐੱਸ ਐੱਚ ਓ ਜੀ.ਆਰ.ਪੀ. ਨਵੀਨ ਕੁਮਾਰ ਨੇ ਸੁਰੱਖਿਆ ਪ੍ਰਬੰਧਾਂ ਨੂੰ ਯਕੀਨੀ ਬਣਾਇਆ, ਜਿਨ੍ਹਾਂ ਨੂੰ ਵੀ ਸੰਸਥਾਵਾਂ ਵੱਲੋਂ ਸਨਮਾਨਤ ਕੀਤਾ ਗਿਆ।

# ਇਲੈਕਟ੍ਰੋਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ



ਮੋਗਾ (ਇਕਬਾਲ ਸਿੰਘ ਖਹਿਰਾ)

ਇਲੈਕਟ੍ਰੋਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਪੰਜਾਬ ਦੀ ਚੋਖਾ ਅੰਪਾਇਰ ਮੋਗਾ ਵਿਖੇ ਮੀਟਿੰਗ ਹੋਈ। ਮੀਟਿੰਗ ਦੌਰਾਨ ਪੰਜਾਬ, ਹਰਿਆਣਾ, ਦਿੱਲੀ, ਉੱਤਰ ਪ੍ਰਦੇਸ਼ ਤੋਂ ਲਗਭਗ 100 ਤੋਂ ਵੀ ਵਧੇਰੇ ਡਾਕਟਰਾਂ ਨੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਦਾ ਆਰੰਭ ਡਾ. ਜਗਜੀਤ ਸਿੰਘ ਗਿੱਲ ਵੱਲੋਂ ਪੁੱਜੇ ਡਾਕਟਰਾਂ ਦਾ ਸਵਾਗਤ ਕਰਕੇ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਪਿਛਲੇ ਮਹੀਨੇ ਡਾਕਟਰਾਂ ਦਾ ਇੱਕ ਵਫਦ ਇਲੈਕਟ੍ਰੋਹੋਮਿਓਪੈਥੀ ਨੂੰ ਮਾਨਤਾ ਦਵਾਉਣ ਲਈ ਪੰਜਾਬ ਦੇ ਸਿਹਤ ਮੰਤਰੀ ਬਲਬੀਰ ਸਿੰਘ ਨੂੰ ਮਿਲਿਆ ਤੇ ਮੰਗ ਪੱਤਰ ਸੌਂਪਿਆ ਗਿਆ। ਉਪਰੰਤ ਮੀਟਿੰਗ ਵਿੱਚ ਡਾ. ਜਗਤਾਰ ਸਿੰਘ ਸੇਖੋਂ ਨੇ ਨਾੜੀ ਰਾਹੀਂ ਬਿਮਾਰੀ ਦੀ ਸਮਾਂ ਅਵਿਧੀ ਨੂੰ ਜਾਂਚ ਕਰਨ ਦੀ ਨਵੀਂ ਤਕਨੀਕ ਸਬੰਧੀ ਚਾਨਣਾ ਪਾਇਆ। ਡਾ. ਪ੍ਰਮਿੰਦਰ ਪਾਠਕ ਨੇ ਇਲੈਕਟ੍ਰੋਹੋਮਿਓਪੈਥੀ ਦੀ ਵੈਨ 1 ਦਵਾਈ ਦੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਡਾ. ਸਰਿੰਦਰ ਸਿੰਘ ਨੇ ਗ੍ਰੀਨ ਇਲੈਕਟ੍ਰੀਸਿਟੀ ਦੇ ਕੰਮਾਂ ਬਾਰੇ ਜਾਣਕਾਰੀ ਦਿੱਤੀ। ਡਾ. ਕਮਲਜੀਤ ਕੌਰ ਸੇਖੋਂ ਨੇ ਇਲੈਕਟ੍ਰੋਹੋਮਿਓਪੈਥੀ ਵਿੱਚ ਵਰਤੇ ਜਾਣ ਵਾਲੇ ਦੋ ਪੌਦਿਆਂ ਦੀ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਡਾ. ਅੰਮ੍ਰਿਤਪਾਲ ਸਿੰਘ ਨੇ ਇਲੈਕਟ੍ਰੋਹੋਮਿਓਪੈਥੀ ਦੇ ਨਾਲ ਨਾਲ ਆਪਣੇ ਰੋਜ਼ਮਰਾ ਦੇ ਖਾਣ-ਪੀਣ ਨੂੰ ਸਹੀ ਕਰਕੇ ਬਹੁਤ ਸਾਰੀਆਂ ਬਿਮਾਰੀਆਂ ਤੋਂ ਬਚਣ ਦੀ ਜਾਂਚ ਦੱਸੀ। ਇਸ ਮੀਟਿੰਗ ਵਿੱਚ ਡਾ. ਪਰਮਜੀਤ ਸਿੰਘ ਨੇ ਗਠੀਆ, ਡਾ. ਰਾਜੇਸ਼ ਕੁਮਾਰ ਵੱਲੋਂ ਸ਼ੂਗਰ ਤੇ ਗੁਰਦੇ ਦੇ ਰੋਗਾਂ, ਡਾ. ਕਿਸ਼ੋਰ ਕੁਮਾਰ ਵੱਲੋਂ ਕਦ ਨੂੰ ਵਧਾਉਣ, ਡਾ. ਨਿਰਮਲਜੀਤ ਸਿੰਘ ਵੱਲੋਂ ਬੱਚੇਦਾਨੀ ਦੇ ਕੈਂਸਰ ਤੇ ਗਠੀਆ ਰੋਗ ਅਤੇ ਡਾ. ਅਵਤਾਰ ਸਿੰਘ ਦੇਵਗਨ ਨੇ ਬਾਂਝਪਨ ਦੇ ਇਲਾਜ ਸਬੰਧੀ ਆਪਣੇ ਕਲੀਨੀਕਲ ਤਜਰਬੇ ਸਾਂਝੇ ਕੀਤੇ। ਅੰਤ ਡਾ. ਜਗਜੀਤ ਸਿੰਘ ਗਿੱਲ ਨੇ ਆਏ ਹੋਏ ਡਾਕਟਰਾਂ ਦਾ ਧੰਨਵਾਦ ਕੀਤਾ ਤੇ ਅਗਲੇ ਮਹੀਨੇ ਦੀ ਮੀਟਿੰਗ ਵਿੱਚ ਆਉਣ ਦਾ ਸੱਦਾ ਦਿੱਤਾ। ਇਸ ਸਮੇਂ ਮੀਟਿੰਗ ਵਿੱਚ ਡਾ. ਜਸਵਿੰਦਰ ਸਿੰਘ, ਡਾ. ਸਮਸ਼ੇਰ ਸਿੰਘ, ਡਾ. ਸੰਤੋਖ ਸਿੰਘ, ਡਾ. ਜਸਵੀਰ ਸ਼ਰਮਾ, ਡਾ. ਸਹਿਜਾਦ ਹੁਸੈਨ, ਡਾ. ਰੌਬਿਨ ਅਰੋੜਾ, ਡਾ. ਵਰਿੰਦਰ ਸਿੰਘ, ਡਾ. ਸਤਾਰ ਮੁਹੰਮਦ, ਡਾ. ਚਮਕੌਰ ਸਿੰਘ, ਡਾ. ਗੁਰਮੀਤ ਸਿੰਘ, ਡਾ. ਜਗਜੀਤ ਸਿੰਘ, ਡਾ. ਅਨਿਲ ਅਗਰਵਾਲ, ਡਾ. ਲਵਪ੍ਰੀਤ ਸਿੰਘ, ਡਾ. ਜਸਵੀਰ ਕੌਰ, ਡਾ. ਕੰਵਰਜੀਤ ਕੌਰ, ਡਾ. ਮਨਦੀਪ ਸਿੰਘ, ਡਾ. ਪ੍ਰਿਅੰਕਾ, ਡਾ. ਇਮਰਾਨ ਕੁੰਜ, ਡਾ. ਰਣਜੀਤ ਸਿੰਘ, ਡਾ. ਗੁਰਪ੍ਰੀਤ ਸਿੰਘ, ਡਾ. ਅਮਰੀਕ ਕੌਰ, ਡਾ. ਵਰਿੰਦਰਜੀਤ ਕੌਰ, ਡਾ. ਸੁਖਮੰਦਰ ਸਿੰਘ, ਡਾ. ਕੁਲਦੀਪ ਕੌਰ, ਡਾ. ਮਨਜੀਤ ਸਿੰਘ, ਡਾ. ਪ੍ਰਦੀਪ ਕੁਮਾਰ, ਡਾ. ਮਨਦੀਪ ਸਿੰਘ, ਡਾ. ਹਰਮੰਦਰ ਸਿੰਘ ਹਾਜ਼ਰ ਸਨ।

## ਕਾਤਰਾਂ

### ਨੌਜਵਾਨ ਕਿਸਾਨ ਵੱਲੋਂ ਆਤਮਹੱਤਿਆ, 6 ਖਿਲਾਫ ਮਾਮਲਾ ਦਰਜ



ਭੀਖੀ (ਧਰਮਵੀਰ ਸ਼ਰਮਾ)-ਨੇੜਲੇ ਪਿੰਡ ਖੀਵਾ ਖੁਰਦ ਦੇ ਇੱਕ ਨੌਜਵਾਨ ਕਿਸਾਨ ਵੱਲੋਂ ਜ਼ਹਿਰੀਲੀ ਵਸਤੂ ਨਿਗਲ ਕੇ ਖ਼ੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ ਅਤੇ ਥਾਣਾ ਭੀਖੀ ਪੁਲਸ ਨੇ ਤਿੰਨ ਔਰਤਾਂ ਸਮੇਤ 6 ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਭੀਖੀ ਦੇ ਮੁਖੀ ਸੁਖਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਕਿਸਾਨ ਜੀਵਨ ਸਿੰਘ ਦੀ ਪਤਨੀ ਅਮਨਦੀਪ ਕੌਰ ਨੇ ਪੁਲਸ ਨੂੰ ਬਿਆਨ ਲਿਖਵਾਏ ਹਨ ਕਿ ਮਕਤੀ ਕੌਰ ਵਾਸੀ ਖੀਵਾ ਖੁਰਦ, ਰਣਜੀਤ ਕੌਰ, ਕਿਰਨਦੀਪ ਕੌਰ, ਅਵਤਾਰ ਸਿੰਘ, ਦੇਵਾ ਸਿੰਘ ਵਾਸੀਆਨ ਖੋਖਰ ਤੇ ਸੁਰਜੀਤ ਸਿੰਘ ਨੰਬਰਦਾਰ ਵਾਸੀ ਉੱਲਕ ਉਸ ਦੇ ਪਤੀ ਜੀਵਨ ਸਿੰਘ ਨੂੰ ਕਥਿਤ ਪ੍ਰੇਸ਼ਾਨ ਕਰਦੇ ਸਨ, ਜਿਸ ਤੋਂ ਤੰਗ ਆ ਕੇ ਉਸ ਵੱਲੋਂ ਖ਼ੁਦਕੁਸ਼ੀ ਕਰ ਲਈ ਗਈ। ਭੀਖੀ ਪੁਲਸ ਨੇ ਕਾਰਵਾਈ ਕਰਦਿਆਂ ਉਕਤ 6 ਵਿਅਕਤੀਆਂ ਖਿਲਾਫ ਬੀ ਐੱਨ ਐੱਸ. ਦੀਆਂ ਵੱਖ ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਪੜਤਾਲ ਸ਼ੁਰੂ ਕਰ ਦਿੱਤੀ ਹੈ।

### ਵਿਆਹੁਤਾ ਨੂੰ ਕੁੱਟਮਾਰ ਕਰਕੇ ਘਰੋਂ ਕੱਢਿਆ, ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਵਿਖੇ ਇੱਕ ਵਿਆਹੁਤਾ ਕੋਲੋਂ ਹੋਰ ਦਾਜ ਮੰਗਣ ਤੇ ਕੁੱਟਮਾਰ ਕਰਕੇ ਘਰੋਂ ਬਾਹਰ ਕੱਢਣ ਦੇ ਦੋਸ਼ ਵਿੱਚ ਥਾਣਾ ਵੂਮੈਨ ਫਿਰੋਜ਼ਪੁਰ ਪੁਲਸ ਨੇ ਵਿਆਹੁਤਾ ਦੇ ਸਹੁਰੇ ਪਰਿਵਾਰ ਦੇ ਤਿੰਨ ਮੈਂਬਰਾਂ ਖਿਲਾਫ 85, 316 (2) ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਪ੍ਰੇਮ ਕੁਮਾਰ ਨੇ ਦੱਸਿਆ ਕਿ ਇੱਕ ਦਰਖਾਸਤ ਰਾਹੀਂ ਸੀਮਾ ਰਾਣੀ ਪੁੱਤਰੀ ਬਲਵੀਰ ਸਿੰਘ ਵਾਸੀ ਗਣੇਸ਼ ਕਾਲੋਨੀ ਜ਼ਿਲ੍ਹਾ ਫਿਰੋਜ਼ਪੁਰ ਨੇ ਦੱਸਿਆ ਕਿ 6 ਫਰਵਰੀ 2023 ਨੂੰ ਸੁਖਵਿੰਦਰ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਪਿੰਡ ਪੰਜੇ ਕੇ ਉਤਾੜ ਗੁਰੂ ਹਰਸਹਾਏ ਜ਼ਿਲ੍ਹਾ ਫਿਰੋਜ਼ਪੁਰ ਨਾਲ ਹੋਇਆ ਸੀ। ਵਿਆਹੁਤਾ ਸੀਮਾ ਰਾਣੀ ਨੇ ਦੱਸਿਆ ਕਿ ਉਸ ਦੀ ਮਾਤਾ-ਪਿਤਾ ਨੇ ਆਪਣੀ ਹੈਸੀਅਤ ਤੋਂ ਵੱਧ ਦਾਜ ਦਹੇਜ ਦਿੱਤਾ ਸੀ, ਪਰ ਉਸ ਦਾ ਸਹੁਰਾ ਪਰਿਵਾਰ ਇਸ ਤੋਂ ਖੁਸ਼ ਨਹੀਂ ਸੀ। ਵਿਆਹੁਤਾ ਸੀਮਾ ਰਾਣੀ ਨੇ ਦੱਸਿਆ ਕਿ ਉਸ ਦਾ ਸਹੁਰਾ ਪਰਿਵਾਰ ਉਸ ਕੋਲੋਂ ਹੋਰ ਦਾਜ ਦੀ ਮੰਗ ਕਰਨ ਲੱਗੇ। ਸੀਮਾ ਰਾਣੀ ਨੇ ਦੱਸਿਆ ਕਿ ਉਸ ਵੱਲੋਂ ਇਨਕਾਰ ਕਰਨ 'ਤੇ ਉਸ ਦੇ ਸਹੁਰੇ ਪਰਿਵਾਰ ਨੇ ਉਸ ਨੂੰ ਘਰੋਂ ਕੱਢ ਦਿੱਤਾ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਪ੍ਰੇਮ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਸ ਦੇ ਪਤੀ ਸੁਖਵਿੰਦਰ ਸਿੰਘ, ਸਹੁਰਾ ਕਸ਼ਮੀਰ ਸਿੰਘ ਤੇ ਸੱਸ ਪ੍ਰਕਾਸ਼ ਕੌਰ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

### ਕੰਟੋਨਮੈਂਟ ਸਟੇਡੀਅਮ 'ਚ ਭਲਕੇ ਮਨਾਇਆ ਜਾਵੇਗਾ ਯੋਗ ਦਿਵਸ : ਡੀ ਸੀ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 21 ਜੂਨ 2025 (ਸ਼ਨੀਵਾਰ) ਨੂੰ ਸੀ ਐੱਮ ਦੀ ਯੋਗਸ਼ਾਲਾ ਤਹਿਤ 11ਵਾਂ ਅੰਤਰਰਾਸ਼ਟਰੀ ਯੋਗਾ ਦਿਵਸ ਕੰਟੋਨਮੈਂਟ ਸਟੇਡੀਅਮ ਫ਼ਿਰੋਜ਼ਪੁਰ ਛਾਉਣੀ ਵਿਖੇ ਸਵੇਰੇ 6 ਵਜੇ ਤੋਂ ਸਵੇਰੇ 7 ਵਜੇ ਤੱਕ ਜ਼ਿਲ੍ਹਾ ਪੱਧਰ 'ਤੇ ਮਨਾਇਆ ਜਾਵੇਗਾ, ਜਿਸ ਦਾ ਥੀਮ "ਯੋਗ ਫਾਰ ਵਨ ਅਰਥ, ਵਨ ਹੈੱਲਥ" ਹੋਵੇਗਾ। ਇਸੇ ਤਰ੍ਹਾਂ ਹੀ ਤਹਿਸੀਲ ਤੇ ਬਲਾਕ ਪੱਧਰ 'ਤੇ ਵੀ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ ਜਾਵੇਗਾ। ਉਨ੍ਹਾਂ ਸਮੂਹ ਜ਼ਿਲ੍ਹਾ ਵਾਸੀਆਂ ਨੂੰ 21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ ਤਾਂ ਜੋ ਉਨ੍ਹਾਂ ਨੂੰ ਸਿਹਤਮੰਦ ਜੀਵਨਸ਼ੈਲੀ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਯੋਗ ਦੇ ਫਾਇਦਿਆਂ ਬਾਰੇ ਜਾਣੂ ਕਰਵਾਇਆ ਜਾ ਸਕੇ।

# ਜ਼ਹਿਰੀਲੀ ਦਵਾਈ ਪੀ ਕੇ ਵਿਅਕਤੀ ਨੇ ਕੀਤੀ ਖੁਦਕੁਸ਼ੀ, ਦੋ ਖਿਲਾਫ ਮਾਮਲਾ ਦਰਜ

ਮਮਦੋਟ (ਹਰਪਾਲ ਸੋਢੀ)-ਸਰਹੱਦੀ ਕਸਬਾ ਮਮਦੋਟ ਵਿਖੇ ਦੋ ਵਿਅਕਤੀਆਂ ਤੋਂ ਦੁਖੀ ਹੋ ਕੇ ਇੱਕ ਵਿਅਕਤੀ ਨੇ ਜ਼ਹਿਰੀਲੀ ਦਵਾਈ ਪੀ ਕੇ ਆਪਣੀ ਜੀਵਨ ਲੀਲ੍ਹਾ ਖਤਮ ਕਰਨ ਦੇ ਮਾਮਲੇ ਵਿੱਚ ਥਾਣਾ ਮਮਦੋਟ ਪੁਲਸ ਨੇ ਉਕਤ ਵਿਅਕਤੀਆਂ ਖਿਲਾਫ 108, 3 (5) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ।ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਬੱਬਲ ਕੁਮਾਰ ਪੁੱਤਰ ਰਜਿੰਦਰ ਕੁਮਾਰ ਵਾਸੀ ਪੰਜੇ ਕੇ ਉਤਾੜ ਮਮਦੋਟ ਨੇ ਦੱਸਿਆ ਕਿ 16 ਜੂਨ 2025 ਨੂੰ ਉਹ ਤੇ ਉਸ ਦਾ ਭਰਾ ਓਮ ਪ੍ਰਕਾਸ਼ ਆਪਣੀ ਗੱਡੀ ਨੰਬਰ ਪੀਬੀ 13 ਬੀ.ਬੀ. 9438 'ਤੇ ਸਵਾਰ ਹੋ ਕੇ ਫਿਰੋਜ਼ਪੁਰ ਤੋਂ ਮਮਦੋਟ ਜਾ ਰਹੇ ਸੀ ਤਾਂ ਜਦ ਉਹ ਆਪਣੀ ਗੱਡੀ 'ਤੇ ਨੇੜੇ ਬੱਸ ਅੱਡਾ ਪਿੰਡ ਜੋਧਪੁਰ ਪੁੱਜੇ ਤਾਂ ਅੱਗੇ ਕੈਂਟਰ ਨੰਬਰ ਪੀਬੀ 13 ਜੇ 9066 ਖੜਾ ਸੀ, ਤਾਂ ਕੈਂਟਰ ਅੱਗੇ ਖੜਾ ਵੇਖ ਕੇ ਅਸੀਂ ਆਪਣੀ ਗੱਡੀ ਰੋਕ ਦਿੱਤੀ।ਬੱਬਲ ਕੁਮਾਰ ਨੇ ਦੱਸਿਆ ਕਿ ਵਕਤ ਕਰੀਬ 9 ਪੀ ਐੱਮ ਹੋਵੇਗਾ ਕਿ ਪਿੱਛੇ ਟਰੱਕ ਘੋੜਾ 4018 ਨੰਬਰ ਪੀ.ਬੀ. 04 ਐੱਸ 0219 ਆ ਵੱਜਿਆ, ਜਿਸ ਕਰਕੇ ਤਿੰਨ ਵਿਅਕਤੀ ਫੱਟੜ ਹੋ ਗਏ, ਜਿਨ੍ਹਾਂ ਨਾਲ ਸਾਡਾ ਰਾਜ਼ੀਨਾਮਾ ਹੋ ਗਿਆ ਤਾਂ ਗੁਰਮੇਜ ਸਿੰਘ ਉਰਫ ਗੇਜਾ ਪੁੱਤਰ ਸ਼ਾਮ ਸਿੰਘ ਵਾਸੀ ਬੇਟੂ ਕਦੀਮ ਨੇ ਜਾਣ-ਬੁੱਝ ਕੇ ਦਲਜੀਤ ਸਿੰਘ ਬਾਬਾ ਪੁੱਤਰ ਤਰਲੋਕ ਸਿੰਘ ਵਾਸੀ ਮਮਦੋਟ ਨੇ ਉਸ ਦੇ ਭਰਾ ਓਮ ਪ੍ਰਕਾਸ਼ ਨੂੰ ਕਿਹਾ ਕਿ ਤੁਸੀਂ ਆਪਣੀ ਗੱਡੀ ਮੇਰੇ ਕਹਿਣ 'ਤੇ ਕਣਕ ਦੇ ਸੀਜ਼ਨ ਵਿੱਚ ਢੋਆ ਢੁਆਈ ਵਾਸਤੇ ਨਹੀਂ ਦਿੱਤਾ ਸੀ, ਜਿਸ ਕਰਕੇ ਉਸ ਦਾ ਟੈਂਡਰ ਕੈਂਸਲ ਹੋ ਗਿਆ ਹੈ, ਹੁਣ ਉਸ ਨੂੰ ਗੁਰਮੇਜ ਸਿੰਘ ਪੁੱਤਰ ਸ਼ਾਮ ਸਿੰਘ ਵਾਸੀ ਬੇਟੂ ਕਦੀਮ ਨੂੰ ਦਾਖਲ ਕਰਵਾ ਕੇ ਤੁਹਾਡੇ ਉੱਪਰ ਐਕਸੀਡੈਂਟ ਨੂੰ ਲੜਾਈ ਦਾ ਰੂਪ ਦੁਆ ਕੇ 307 ਦਾ ਪਰਚਾ ਕਰਵਾ ਦੇਵਾਂਗੇ ਤਾਂ ਕਿ ਤੁਹਾਡਾ ਟਰੱਕ ਥਾਣੇ ਅੰਦਰ ਹੀ ਗਲ ਸੜ ਜਾਵੇਗਾ ਤਾਂ ਬਾਅਦ ਵਿੱਚ ਦਲਜੀਤ ਸਿੰਘ ਬਾਬਾ ਦੇ ਕਹਿਣ 'ਤੇ ਗੁਰਮੇਜ ਸਿੰਘ ਨੇ ਅਪਾਣਾ ਰਿਸ਼ਤੇਦਾਰ ਮਿਸਤਰੀ ਤੋਂ ਕਰੈਨ ਮੰਗਵਾ ਕੇ ਉਸ ਦੀ ਗੱਡੀ ਥਾਣੇ ਦੇ ਬਾਹਰ ਸਾਈਡ 'ਤੇ ਲਗਵਾ ਦਿੱਤੀ ਸੀ।ਬੱਬਲ ਨੇ ਦੱਸਿਆ ਕਿ ਜਿਸ ਤੋਂ ਦੁਖੀ ਹੋ ਕੇ ਉਸ ਦੇ ਭਰਾ ਓਮ ਪ੍ਰਕਾਸ਼ ਨੇ ਬੀਤੀ 15 ਜੂਨ 2025 ਨੂੰ ਜ਼ਹਿਰੀਲੀ ਦਵਾਈ ਪੀ ਲਈ, ਜਿਸ ਨਾਲ ਮੌਤ ਹੋ ਗਈ।ਇਸ ਮਾਮਲੇ ਵਿਚ ਥਾਣਾ ਮਮਦੋਟ ਦੀ ਪੁਲਸ ਨੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਸੱਸ ਤੇ ਪਤੀ ਤੋਂ ਦੁਖੀ ਵਿਆਹੁਤਾ ਨੇ ਅੱਗ ਲਗਾ ਕੇ ਕੀਤੀ ਆਤਮ ਹੱਤਿਆ

*ਭਰਾ ਦਾ ਦੋਸ਼ : ਦਾਜ ਦਹੇਜ ਲਈ ਤੰਗ ਕਰ ਰਿਹਾ ਸੀ ਸਹੁਰਾ ਪਰਿਵਾਰ*



ਮਾਛੀਵਾੜਾ ਸਾਹਿਬ (ਹੈਪੀ ਸ਼ਰਮਾ, ਜਗਦੀਸ਼ ਰਾਏ)-ਬੇਟ ਇਲਾਕੇ ਦੇ ਪਿੰਡ ਰੋੜ ਦੀ ਰਹਿਣ ਵਾਲੀ ਵਿਆਹੁਤਾ ਪਿੰਕੀ ਕੌਰ (29), ਜੋ ਨੇੜਲੇ ਹੀ ਪਿੰਡ ਢੰਡਵਾਲ ਵਿਖੇ ਵਿਆਹੀ ਹੋਈ ਸੀ, ਨੇ ਬੀਤੇ ਬੁੱਧਵਾਰ ਆਪਣੇ ਪਤੀ ਤੇ ਸੱਸ ਤੋਂ ਦੁਖੀ ਹੋ ਕੇ ਅੱਗ ਲਗਾ ਆਤਮ ਹੱਤਿਆ ਕਰ ਲਈ, ਜਦਕਿ ਵਿਆਹੁਤਾ ਦੇ ਭਰਾ ਨੇ ਦੋਸ਼ ਲਗਾਇਆ ਹੈ ਕਿ ਉਸ ਦੀ ਭੈਣ ਨੂੰ ਦਾਜ, ਦਹੇਜ ਘੱਟ ਲਿਆਉਣ ਲਈ ਆਤਮ ਹੱਤਿਆ ਕਰਨ ਨੂੰ ਮਜਬੂਰ ਕੀਤਾ ਹੈ। ਮ੍ਰਿਤਕਾ ਦੇ ਭਰਾ ਫਤਹਿ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਉਸ ਦੀ ਭੈਣ ਦਾ ਵਿਆਹ ਡੇਢ ਸਾਲ ਪਹਿਲਾਂ ਪਿੰਡ ਢੰਡਵਾਲ ਵਾਸੀ ਅੰਗਰੇਜ਼ ਸਿੰਘ ਨਾਲ ਹੋਇਆ ਸੀ ਅਤੇ ਉਨ੍ਹਾਂ ਪੂਰੇ ਰੀਤੀ ਰਿਵਾਜ਼ਾਂ ਅਨੁਸਾਰ ਵਿਆਹ ਕਰ ਸਹੁਰੇ ਘਰ ਤੋਰ ਦਿੱਤਾ ਸੀ। ਉਸ ਨੇ ਦੱਸਿਆ ਕਿ ਵਿਆਹ ਤੋਂ ਬਾਅਦ ਉਸ ਦੀ ਭੈਣ ਦਾ ਪਤੀ ਅੰਗਰੇਜ਼ ਸਿੰਘ ਤੇ ਉਸ ਦੀ ਸੱਸ ਕੁਲਵੰਤ ਕੌਰ ਘੱਟ ਦਹੇਜ ਲਿਆਉਣ ਕਾਰਨ ਤਾਹਨੇ ਮਿਹਣੇ ਮਾਰ ਕੇ ਤੰਗ ਪ੍ਰੇਸ਼ਾਨ ਕਰਦੇ ਸਨ ਅਤੇ ਉਸ ਨਾਲ ਕੁੱਟਮਾਰ ਵੀ ਕਰਦੇ ਸਨ। ਉਨ੍ਹਾਂ ਨੂੰ ਪਤਾ ਲੱਗਾ ਕਿ ਉਸ ਦੀ ਭੈਣ ਨੇ ਸਹੁਰੇ ਘਰ ਵਿੱਚ ਆਪਣੇ ਆਪ ਨੂੰ ਅੱਗ ਲਗਾ ਲਈ ਹੈ ਅਤੇ ਗੰਭੀਰ ਰੂਪ ਵਿੱਚ ਝੁਲਸੀ ਹੋਈ ਹੈ। ਗੰਭੀਰ ਹਾਲਤ ਵਿੱਚ ਉਸ ਨੂੰ ਸੀ ਐੱਮ ਸੀ ਹਸਪਤਾਲ ਭਰਤੀ ਕਰਵਾਇਆ ਗਿਆ, ਜਿੱਥੇ ਉਹ ਜ਼ਖ਼ਮਾਂ ਦੀ ਤਾਬ ਨਾਲ ਝੱਲਦੀ ਹੋਈ ਦਮ ਤੋੜ ਗਈ। ਫਤਹਿ ਸਿੰਘ ਅਨੁਸਾਰ ਉਨ੍ਹਾਂ ਨੂੰ ਸ਼ੰਕਾ ਹੈ ਕਿ ਉਸ ਦੀ ਭੈਣ ਨੂੰ ਅੱਗ ਲਗਾ ਕੇ ਸਾੜਿਆ ਗਿਆ ਹੈ, ਜਿਸ ਦੀ ਪੁਲਸ ਬਰੀਕੀ ਨਾਲ ਜਾਂਚ ਕਰੇ। ਇਸ ਸਬੰਧੀ ਕੂੰਮ ਕਲਾਂ ਥਾਣਾ ਦੇ ਮੁਖੀ ਜਗਦੀਪ ਸਿੰਘ ਗਿੱਲ ਨੇ ਦੱਸਿਆ ਕਿ ਵਿਆਹੁਤਾ ਪਿੰਕੀ ਕੌਰ ਵੱਲੋਂ ਅੱਗ ਲਗਾ ਕੇ ਆਤਮ ਹੱਤਿਆ ਕੀਤੀ ਗਈ ਹੈ, ਜਿਸ ਸਬੰਧੀ ਉਨ੍ਹਾਂ ਵੱਲੋਂ ਉਸ ਦੇ ਭਰਾ ਫਤਹਿ ਸਿੰਘ ਦੇ ਬਿਆਨ ਦਰਜ ਕਰ ਆਤਮ ਹੱਤਿਆ ਲਈ ਮਜਬੂਰ ਕਰਨ ਦੇ ਕਥਿਤ ਦੋਸ਼ ਹੇਠ ਸੱਸ ਤੇ ਪਤੀ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

# ਮਾਨਸਾ ਜ਼ਿਲ੍ਹੇ ਨੂੰ ਮਿਲੀ ਅਤਿ-ਆਧੁਨਿਕ ਐਂਬੂਲੈਂਸ ਨੂੰ ਝੰਡੀ ਦੇ ਕੇ ਕੀਤਾ ਰਵਾਨਾ

*ਐਮਰਜੈਂਸੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਸਹਾਈ ਹੋਵੇਗੀ ਆਧੁਨਿਕ ਉਪਕਰਨਾਂ ਨਾਲ ਲੈਸ ਐਂਬੂਲੈਂਸ : ਡਾ. ਰਾਏ*



ਮਾਨਸਾ (ਆਤਮਾ ਸਿੰਘ ਪਮਾਰ)-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਅੰਦਰ ਸਿਹਤ ਸੇਵਾਵਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਕਾਰਜਸ਼ੀਲ ਹੈ।ਸੂਬਾ ਸਰਕਾਰ ਦੇ ਉਪਰਾਲਿਆਂ ਸਦਕਾ ਲੋਕਾਂ ਨੂੰ ਐਮਰਜੈਂਸੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਪੂਰੇ ਪੰਜਾਬ ਅੰਦਰ 46 ਨਵੀਆਂ ਅਤਿ-ਆਧੁਨਿਕ ਐਂਬੂਲੈਂਸਾਂ ਦਿੱਤੀਆਂ ਗਈਆਂ ਹਨ, ਜਿਸ ਤਹਿਤ ਇਕ ਐਂਬੂਲੈਂਸ ਜ਼ਿਲ੍ਹਾ ਮਾਨਸਾ ਲਈ ਵੀ ਪ੍ਰਾਪਤ ਹੋਈ ਹੈ, ਜਿਸ ਨੂੰ ਅੱਜ ਸਿਵਲ ਸਰਜਨ ਡਾ. ਰਣਜੀਤ ਸਿੰਘ ਰਾਏ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਸਿਵਲ ਸਰਜਨ ਨੇ ਕਿਹਾ ਕਿ ਅਤਿ-ਆਧੁਨਿਕ ਮੈਡੀਕਲ ਉਪਕਰਨਾਂ ਨਾਲ ਲੈੱਸ ਇਸ ਐਂਬੂਲੈਂਸਾਂ ਦਾ ਐਮਰਜੈਂਸੀ ਦੌਰਾਨ ਮਰੀਜ਼ਾਂ ਨੂੰ ਵੱਡਾ ਫਾਇਦਾ ਹੋਵੇਗਾ, ਕਿਉਂਕਿ ਇਨ੍ਹਾਂ ਵਿੱਚ ਆਕਸੀਜਨ, ਜੀਵਨ ਰੱਖਿਅਕ ਦਵਾਈਆਂ, ਤੁਰੰਤ ਰਿਸਪਾਂਸ ਨੂੰ ਯਕੀਨੀ ਬਣਾਉਣ ਲਈ ਜੀ.ਪੀ.ਐੱਸ. ਅਧਾਰਤ ਟਰੈਕਿੰਗ ਸਿਸਟਮ ਸ਼ਾਮਲ ਹੈ।ਡਿਪਟੀ ਮੈਡੀਕਲ ਕਮਿਸ਼ਨਰ ਨੇ ਦੱਸਿਆ ਕਿ ਫਰਿਸ਼ਤੇ ਸਕੀਮ ਦੇ ਅਧੀਨ ਰੋਡ ਸਾਈਡ ਐਕਸੀਡੈਂਟ ਕੇਸ ਨੂੰ ਹਸਪਤਾਲ ਤੱਕ ਪਹੁੰਚਾਉਣ ਲਈ ਵਿੱਤੀ ਸਹਾਇਤਾ ਦੇ ਨਾਲ ਨਾਲ ਮਰੀਜ਼ ਦੀ ਸੁਰੱਖਿਆ ਲਈ ਪੰਜਾਬ ਸਰਕਾਰ ਵੱਲੋਂ ਹਰ ਤਰ੍ਹਾਂ ਦੇ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਰੋਡ ਐਕਸੀਡੈਂਟ ਵਿੱਚ ਕਿਸੇ ਵੀ ਵਿਅਕਤੀ ਦੀ ਕੀਮਤੀ ਜਾਨ ਨਾ ਜਾਵੇ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਸੀ ਐੱਚ ਸੀ ਝੁਨੀਰ ਵਿਖੇ ਵੀ ਇੱਕ ਐਂਬੂਲੈਂਸ ਨਵੀਂ ਆਈ ਹੈ।ਇਸ ਮੌਕੇ ਡਾ. ਰਵਿੰਦਰ ਸਿੰਗਲਾ ਸਹਾਇਕ ਸਿਵਲ ਸਰਜਨ, ਡਾ. ਕੰਵਲਪ੍ਰੀਤ ਬਰਾੜ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ, ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਵਿਜੇ ਕੁਮਾਰ, ਉਪ ਸਮੂਹ ਸਿੱਖਿਆ ਦੇ ਸੂਚਨਾ ਅਫ਼ਸਰ ਦਰਸ਼ਨ ਸਿੰਘ, ਪ੍ਰਤਾਪ ਸਿੰਘ ਸੁਪਰਡੈਂਟ, ਸੰਦੀਪ ਸਿੰਘ ਸੀਨੀਅਰ ਸਹਾਇਕ ਤੋਂ ਇਲਾਵਾ ਰਮੇਸ਼ਵਰ ਲਾਲ ਈ ਐੱਮ ਪੀ, ਪਾਇਲਟ ਸੁਰਿੰਦਰ ਸਿੰਘ ਤੇ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# 'ਆਪ' ਆਗੂ ਨਿਰਵੈਰ ਸਿੰਘ ਸਿੰਧੀ ਨੂੰ ਸਦਮਾ, ਮਾਤਾ ਦਾ ਦਿਹਾਂਤ



ਮਮਦੋਟ (ਹਰਪਾਲ ਸਿੰਘ ਸੋਢੀ)-ਕਸਬਾ ਮਮਦੋਟ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਜ਼ਿਲ੍ਹਾ ਮੀਡੀਆ ਇੰਚਾਰਜ ਨਿਰਵੈਰ ਸਿੰਘ ਸਿੰਧੀ ਨੂੰ ਉਸ ਸਮੇਂ ਬਹੁਤ ਵੱਡਾ ਸਦਮਾ ਲੱਗਾ, ਜਦੋਂ ਉਨ੍ਹਾਂ ਦੇ ਮਾਤਾ ਹਰਬੰਸ ਕੌਰ ਪਤਨੀ ਸਵ: ਕੁਲਦੀਪ ਸਿੰਘ ਆਪਣਾ ਸਵਾਸਾਂ ਦੀ ਪੂੰਜੀ ਪੂਰੀ ਕਰਦੇ ਹੋਏ ਪਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਗਏ।ਇਸ ਮੌਕੇ ਉਨ੍ਹਾਂ ਨਾਲ ਦੁੱਖ ਦੀ ਘੜੀ ਵਿੱਚ ਅਫਸੋਸ ਕਰਨ ਵਾਸਤੇ ਇਲਾਕੇ ਦੇ ਪਤਵੰਤੇ ਸੱਜਣਾਂ ਵੱਲੋਂ ਦੁੱਖ ਪ੍ਰਗਟ ਕੀਤਾ ਗਿਆ।ਦੁੱਖ ਪ੍ਰਗਟ ਕਰਨ ਵਾਲਿਆਂ ਵਿੱਚ ਐੱਮ. ਐੱਲ. ਏ. ਹਲਕਾ ਵਿਧਾਇਕ ਰਜਨੀਸ਼ ਕੁਮਾਰ ਦਹੀਆ, ਮਾਰਕਿਟ ਕਮੇਟੀ ਦੇ ਚੇਅਰਮੈਨ ਬਲਰਾਜ ਸਿੰਘ ਸੰਧੂ, ਨਗਰ ਪੰਚਾਇਤ ਮਮਦੋਟ ਦੇ ਪ੍ਰਧਾਨ ਉਪਿੰਦਰ ਸਿੰਘ ਸਿੰਧੀ, ਐੱਮ. ਸੀ. ਸੋਨੂੰ ਸੇਠੀ, ਐੱਮ. ਸੀ. ਲੇਖ ਰਾਜ, ਪੀ ਏ ਰੋਬੀ ਸੰਧੂ, ਐੱਮ. ਸੀ. ਬਲਵਿੰਦਰ ਸਿੰਘ ਸੇਠਾ ਵਾਲਾ, ਐੱਮ. ਸੀ. ਬਾਜ ਸਿੰਘ, ਹਰਪਾਲ ਸਿੰਘ ਸੋਢੀ ਪ੍ਰਧਾਨ ਕਾਂਗਰਸ ਕਮੇਟੀ ਮਮਦੋਟ, ਕਾਂਗਰਸੀ ਆਗੂ ਆਜ਼ੂ ਬੰਗੜ, ਗੁਰਬਚਨ ਸਿੰਘ ਕਾਲਾ ਟਿੱਬਾ ਸਾਬਕਾ ਚੇਅਰਮੈਨ, ਜੋਗਿੰਦਰ ਸਿੰਘ ਭੋਲਾ ਪ੍ਰਧਾਨ ਪ੍ਰੈੱਸ ਕਲੱਬ ਮਮਦੋਟ, ਪੱਤਰਕਾਰ ਜਸਵੰਤ ਸਿੰਘ ਕੱਕੜ, ਸੀਨੀਅਰ ਪੱਤਰਕਾਰ ਬਲਦੇਵ ਰਾਜ ਸ਼ਰਮਾ, ਪੱਤਰਕਾਰ ਬਗੀਚਾ ਸਿੰਘ, ਪੱਤਰਕਾਰ ਰਵਿੰਦਰ ਸਿੰਘ ਕਾਲਾ, ਪੱਤਰਕਾਰ ਬਲਜੀਤ ਸਿੰਘ ਕਚੂਰਾ, ਪੱਤਰਕਾਰ ਸੰਦੀਪ ਸੋਨੀ, ਪੱਤਰਕਾਰ ਹਰਪ੍ਰੀਤ ਸਿੰਘ ਹੈਪੀ, ਬਲਵਿੰਦਰ ਸਿੰਘ ਰਾਊਕੇ ਜ਼ਿਲ੍ਹਾ ਵਾਈਸ ਪ੍ਰਧਾਨ ਐੱਸ ਸੀ ਵਿੰਗ, ਯੂਥ ਆਪ ਆਗੂ ਬਲਵਿੰਦਰ ਸਿੰਘ ਲੱਡੂ, ਗੁਰਨਾਮ ਸਿੰਘ ਹਜ਼ਾਰਾ, ਸੰਜੀਵ ਕੁਮਾਰ ਚਿੰਟੂ ਧਵਨ, ਬਲਵੀਰ ਸਿੰਘ ਫੱਤੇਵਾਲਾ ਹਿਠਾੜ ਬਲਾਕ ਪ੍ਰਧਾਨ, ਬਗੀਚਾ ਸਿੰਘ ਕਾਲੂ ਅਰਾਈ ਹਿਠਾੜ, ਸਰਪੰਚ ਗੁਰਮੁਖ ਸਿੰਘ ਰਾਊਕੇ ਹਿਠਾੜ, ਜੰਗੀਰ ਸਿੰਘ, ਜਗਤਾਰ ਸਿੰਘ ਮਮਦੋਟ, ਵਿਜੈ ਕੁਮਾਰ ਮਹਿਤਾ, ਸ਼ਿੰਗਾਰਾ ਸਿੰਘ ਸਾਬਕਾ ਐੱਮ ਸੀ, ਨੰਬਰਦਾਰ ਕਿਰਪਾਲ ਸਿੰਘ ਲਖਮੀਰ ਹਿਠਾੜ, ਦੇਸਾ ਸਿੰਘ ਲੱਖਾ ਸਿੰਘ ਵਾਲਾ ਹਿਠਾੜ ਬਲਾਕ ਪ੍ਰਧਾਨ ਐੱਸ ਸੀ ਵਿੰਗ ਆਦਿ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।

# ਨਗਰ ਨਿਗਮ ਕਾਮਿਆਂ ਵੱਲੋਂ ਹੜਤਾਲ ਜਾਰੀ, ਸ਼ਹਿਰ 'ਚ ਲੱਗੇ ਗੰਦਗੀ ਦੇ ਢੇਰ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਬੁੱਧਵਾਰ ਨੂੰ ਨਗਰ ਨਿਗਮ ਪਟਿਆਲਾ ਦੇ ਕਰਮਚਾਰੀਆਂ ਵੱਲੋਂ ਬਣਾਈ ਸਾਂਝੀ ਸੰਘਰਸ਼ ਕਮੇਟੀ ਦੇ ਬੈਨਰ ਹੇਠ ਇਕੱਠੇ ਹੋ ਕੇ ਕੰਮ ਛੋੜ ਹੜਤਾਲ ਕੀਤੀ ਗਈ, ਜਿਸ ਕਾਰਨ ਸ਼ਹਿਰ 'ਚ ਕੂੜਾ ਚੁੱਕਣ ਦਾ ਕੰਮ ਬੰਦ ਰਹਿਣ ਕਾਰਨ ਸ਼ਹਿਰ ਦੇ ਡੰਪ ਸਾਈਟਾਂ 'ਤੇ ਕੂੜੇ ਦੇ ਵੱਡੇ ਵੱਡੇ ਢੇਰ ਲੱਗ ਗਏ।ਨਿਗਮ ਦੇ ਸਫਾਈ ਕਰਮੀਆਂ ਵੱਲੋਂ ਹੜਤਾਲ 'ਤੇ ਚਲੇ ਜਾਣ ਕਾਰਨ ਸਾਫ-ਸਫਾਈ ਦਾ ਮੰਦਾ ਹਾਲ ਰਿਹਾ।ਦੂਜੇ ਪਾਸੇ ਸਮੂਹ ਕਰਮਚੀਆਂ ਨੇ ਆਪਣਾ ਕੰਮ ਬੰਦ ਕਰਕੇ ਨਿਗਮ ਦਫ਼ਤਰ 'ਚ ਰੋਸ ਧਰਨਾ ਲਗਾ ਕੇ ਨਿਗਮ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਗਈ।ਨਿਗਮ ਦੇ ਅੱਠ ਸੌ ਦੇ ਕਰੀਬ ਸਫਾਈ ਸੇਵਕ ਤੇ ਸੀਵਰਮੈਨ ਇਸ ਹੜਤਾਲ 'ਚ ਸ਼ਾਮਲ ਹਨ। ਕਰਮਚਾਰੀਆਂ ਦੇ ਹੜਤਾਲ 'ਤੇ ਜਾਣ ਤੋਂ ਬਾਅਦ ਦਿਨ ਭਰ ਸ਼ਹਿਰ ਦੇ ਸੈਕੰਡਰੀ ਪੁਆਇੰਟਾਂ 'ਤੇ ਕੂੜੇ ਦੇ ਢੇਰ ਲੱਗੇ ਰਹੇ।ਹਾਲਾਂਕਿ ਨਿਗਮ ਅਧਿਕਾਰੀਆਂ ਨੇ ਹਰ ਘਰ ਤੋਂ ਕੂੜਾ ਇਕੱਠਾ ਕਰਨ ਵਾਲੇ ਰੇਹੜੀ ਚਾਲਕਾਂ ਨੂੰ ਕੂੜਾ ਸਿੱਧਾ ਡੰਪ 'ਤੇ ਲਿਜਾਣ ਦੇ ਨਿਰਦੇਸ਼ ਦਿੱਤੇ ਸਨ, ਪਰ ਕਾਫ਼ੀ ਹੱਦ ਤੱਕ ਕੂੜਾ ਸੈਕੰਡਰੀ ਪੁਆਇੰਟਾਂ 'ਤੇ ਹੀ ਪਿਆ ਰਿਹਾ।ਇੱਥੇ ਬਡੂੰਗਰ ਬਸਤੀ ਨੂੰ ਜਾਣ ਵਾਲੀ ਸੜਕ, ਸ੍ਰੀ ਕਾਲੀ ਮਾਤਾ ਮੰਦਰ ਨੂੰ ਜਾਣ ਵਾਲੀ ਸੜਕ, ਵੱਡੀ ਨਦੀ ਰੋਡ, ਰੋਜ਼ ਗਾਰਡਨ ਰੋਡ 'ਤੇ ਕੂੜਾ ਫੈਲਿਆ ਹੋਇਆ ਦੇਖਿਆ ਗਿਆ। ਦੂਜੇ ਪਾਸੇ, ਸਫਾਈ ਸੇਵਕਾਂ ਦੀ ਹੜਤਾਲ ਤੋਂ ਬਾਅਦ, ਨਿਗਮ ਅਧਿਕਾਰੀਆਂ ਵਿੱਚ ਹੜਕੰਪ ਮਚ ਗਿਆ, ਕਿਉਂਕਿ ਨਿਗਮ ਨੇ ਸ਼ਹਿਰ ਦੇ ਸੈਕੰਡਰੀ ਪੁਆਇੰਟਾਂ ਤੋਂ ਕੂੜਾ ਇਕੱਠਾ ਕਰਨ ਵਾਲੀ ਕੰਪਨੀ ਦਾ ਟੈਂਡਰ ਰੱਦ ਕਰ ਦਿੱਤਾ ਸੀ ਤੇ ਆਪਣੇ ਕਰਮਚਾਰੀਆਂ ਨੂੰ ਡਿਊਟੀ 'ਤੇ ਲਗਾ ਦਿੱਤਾ ਸੀ, ਪਰ ਹੁਣ ਇਹ ਕਰਮਚਾਰੀ ਵੀ ਹੜਤਾਲ 'ਤੇ ਚਲੇ ਗਏ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਨੀਲ ਕੁਮਾਰ ਪ੍ਰਧਾਨ ਸਫਾਈ ਕਰਮਚਾਰੀ ਯੂਨੀਅਨ ਨਗਰ ਨਿਗਮ ਨੇ ਦੱਸਿਆ ਕਿ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਪਿਛਲੇ ਲੰਬੇ ਸਮੇਂ ਤੋਂ ਲਟਕੀਆਂ ਪਈਆਂ ਹਨ, ਪਰ ਪੰਜਾਬ ਸਰਕਾਰ ਤੇ ਨਿਗਮ ਪ੍ਰਸ਼ਾਸਨ ਇਸ ਪਾਸੇ ਵੱਲ ਕੋਈ ਧਿਆਨ ਨਹੀਂ ਦੇ ਰਿਹਾ, ਜਿਸ ਕਾਰਨ ਸਮੂਹ ਕਰਮਚਾਰੀਆਂ ਵੱਲੋਂ ਸਾਂਝੀ ਸੰਘਰਸ਼ ਕਮੇਟੀ ਦੇ ਝੰਡੇ ਹੇਠ ਇਕੱਠੇ ਹੋ ਕੇ ਸੰਘਰਸ਼ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮੰਗਾਂ 'ਚ ਸਭ ਤੋਂ ਵੱਡੀ ਮੰਗ ਨਿਗਮ 'ਚ ਕੰਮ ਕਰਦੇ 350 ਮੁਲਾਜ਼ਮਾਂ ਦੇ ਪੀ ਐੱਫ ਜਮ੍ਹਾਂ ਨਾ ਹੋਣ ਦਾ ਹੈ, ਜੋ ਕਿ ਪਿਛਲੇ ਕਈ ਸਾਲਾਂ ਤੋਂ ਲਟਕਿਆ ਪਿਆ ਹੈ, ਜਿਸ ਸਬੰਧੀ ਕਈ ਵਾਰ ਸਥਾਨਕ ਐੱਮ ਐੱਲ ਏ, ਮੇਅਰ ਤੇ ਨਿਗਮ ਕਮਿਸ਼ਨਰਾਂ ਨਾਲ ਗੱਲਬਾਤ ਹੋਈ, ਪਰ ਕੋਈ ਸਿੱਟਾ ਨਹੀਂ ਨਿਕਲਿਆ।ਬਿਡਲਾਨ ਨੇ ਕਿਹਾ ਕਿ ਕਰਮਚਾਰੀਆਂ ਨੂੰ ਸਮੇਂ ਸਿਰ ਤਨਖਾਹ ਦੇਣਾ, ਤਰੱਕੀ ਦੇਣਾ, ਠੇਕੇ 'ਤੇ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਰੈਗੂਲਰ ਕਰਨਾ, ਸਟਾਫ ਦੀ ਘਾਟ ਨੂੰ ਪੂਰਾ ਕਰਨਾ ਸਮੇਤ ਹੋਰ ਮੰਗਾਂ ਨਿਗਮ ਅਧਿਕਾਰੀਆਂ ਸਾਹਮਣੇ ਰੱਖੀਆਂ ਗਈਆਂ ਸਨ, ਪਰ ਨਿਗਮ ਅਧਿਕਾਰੀਆਂ ਨੇ ਮੰਗਾਂ ਨੂੰ ਨਜ਼ਰਅੰਦਾਜ਼ ਕਰ ਦਿੱਤਾ ਤੇ ਕਰਮਚਾਰੀਆਂ ਦੀ ਗੱਲ ਵੀ ਨਹੀਂ ਸੁਣੀ।ਉਨ੍ਹਾਂ ਕਿਹਾ ਕਿ ਜੇਕਰ ਨਿਗਮ ਅਧਿਕਾਰੀ ਜਲਦੀ ਹੀ ਮੰਗਾਂ ਸਬੰਧੀ ਢੁੱਕਵੇਂ ਕਦਮ ਨਹੀਂ ਚੁੱਕਦੇ ਤਾਂ ਸਾਂਝੀ ਸੰਘਰਸ਼ ਕਮੇਟੀ ਆਪਣੇ ਸੰਘਰਸ਼ ਨੂੰ ਵੱਡਾ ਰੂਪ ਦੇਵੇਗੀ।ਉਨ੍ਹਾਂ ਕਿਹਾ ਕਿ ਹੁਣ ਇਹ ਸੰਘਰਸ਼ ਮੰਗਾਂ ਪੂਰੀਆਂ ਹੋਣ ਤੱਕ ਜਾਰੀ ਰਹੇਗਾ।

# ਗਤਕਾ ਕੋਚ ਭਾਈ ਛੀਨੀਵਾਲ ਤੇ ਹਾਕੀ ਕੋਚ ਅਰਸ਼ਦੀਪ ਦਾ ਸਨਮਾਨ ਅੱਜ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਸ੍ਰੀ ਗੁਰੂ ਨਾਨਕ ਸਲੱਮ ਸੇਵਾ ਮਿਸ਼ਨ (ਪੰਜਾਬ) ਵੱਲੋਂ ਝੁੱਗੀਆਂ 'ਚ ਰਹਿਣ ਵਾਲੇ ਗਰੀਬਾਂ ਦੇ ਬੱਚਿਆਂ ਨੂੰ ਮੁਫਤ ਪੜ੍ਹਾਉਣ ਤੇ ਲਗਾਤਾਰ 25 ਵਰ੍ਹਿਆਂ ਤੋਂ ਲੋੜਵੰਦਾਂ ਦੀ ਸੇਵਾ 'ਚ ਜੁਟੇ ਸਮਾਜ ਸੇਵੀ ਭਾਨ ਸਿੰਘ ਜੱਸੀ ਦੀ ਅਗਵਾਈ ਵਿੱਚ ਗਤਕਾ ਕੋਚ ਭਾਈ ਹਰਦੇਵ ਸਿੰਘ ਛੀਨੀਵਾਲ ਕਲਾਂ ਤੇ ਹਾਕੀ ਕੋਚ ਅਰਸ਼ਦੀਪ ਸਿੰਘ ਅਰਸ਼ੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਜਾਵੇਗਾ।ਜਾਣਕਾਰੀ ਅਨੁਸਾਰ 20 ਜੂਨ ਦੀ ਸ਼ਾਮ ਦੇ 4 ਵਜੇ ਪਿੰਡ ਛੀਨੀਵਾਲ ਕਲਾਂ ਦੇ ਖੇਡ ਗਰਾਊਂਡ ਵਿੱਚ ਹੋ ਰਹੇ ਇਸ ਸਮਾਗਮ ਵਿੱਚ ਕਿਸਾਨ ਜਥੇਬੰਦੀਆਂ ਦੇ ਨੁਮਾਇੰਦੇ, ਨਗਰ ਪੰਚਾਇਤ, ਮਨਰੇਗਾ ਮਜ਼ਦੂਰਾਂ ਤੋਂ ਇਲਾਵਾ ਵੱਡੀ ਗਿਣਤੀ ਖਿਡਾਰੀ ਸ਼ਿਰਕਤ ਕਰਨਗੇ।ਨਾਮਵਰ ਸਨਮਾਨਤ ਸ਼ਖਸੀਅਤਾਂ ਸਬੰਧੀ ਜਾਣਕਾਰੀ ਦਿੰਦਿਆਂ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਦੱਸਿਆ ਕਿ ਭਾਈ ਹਰਦੇਵ ਸਿੰਘ ਨੇ ਸਿੱਖ ਧਰਮ ਦੀ ਮਹਾਨ ਸ਼ਖਸੀਅਤ ਬਾਬਾ ਪ੍ਰਗਟ ਸਿੰਘ ਮਨੀਲਾ ਵਾਲਿਆਂ ਤੋਂ ਸਿੱਖਿਆ ਪ੍ਰਾਪਤ ਕਰਦਿਆਂ ਨੌਜਵਾਨ ਬੱਚਿਆਂ ਨੂੰ ਗਤਕੇ ਦੀ ਟ੍ਰੇਨਿੰਗ ਦਿੰਦੇ ਹੋਏ ਇਨ੍ਹਾਂ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜਨ ਦੇ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਦੂਸਰੀ ਸਨਮਾਨਤ ਸ਼ਖਸੀਅਤ ਹਾਕੀ ਦੇ ਕੋਚ ਅਰਸ਼ਦੀਪ ਸਿੰਘ ਅਰਸ਼ੀ ਜਿਹੜੇ, ਹਰ ਰੋਜ਼ 20 ਤੋਂ ਲੈ ਕੇ 25 ਤੱਕ ਬੱਚਿਆਂ ਨੂੰ ਹਾਕੀ ਖੇਡਣ ਦੀ ਟ੍ਰੇਨਿੰਗ ਦਿੰਦੇ ਹਨ। ਇਨ੍ਹਾਂ ਤੋਂ ਸਿੱਖਿਆ ਲੈ ਕੇ ਖਿਡਾਰੀ ਜ਼ਿਲ੍ਹਾ ਪੱਧਰ 'ਤੇ ਲਗਾਤਾਰ ਫਸਟ ਪੁਜ਼ੀਸ਼ਨਾਂ ਕਰ ਰਹੇ ਹਨ।ਇਹ ਖਿਡਾਰੀ ਕਈ ਵਾਰ ਸਟੇਟ ਤੇ ਨੈਸ਼ਨਲ ਪੱਧਰ 'ਤੇ ਮੱਲਾਂ ਵੀ ਮਾਰ ਚੁੱਕੇ ਹਨ।ਇਸ ਸਨਮਾਨ ਸਮਰੋਹ ਦੌਰਾਨ ਨੌਜਵਾਨ ਵਰਗ ਨੂੰ ਨਸ਼ਿਆਂ ਤੋਂ ਸੁਚੇਤ ਕਰਨ ਲਈ ਵਿਸ਼ੇਸ਼ ਵਿਚਾਰ ਚਰਚਾ ਵੀ ਕੀਤੀ ਜਾਵੇਗੀ।

# ਕੰਡਕਟਰ ਨੇ ਸੁਣਾਏ ਦੁੱਖੜੇ, ਕਹਿੰਦਾ ਮਹਿਕਮਾ ਹੁਣ ਆਖਰੀ ਸਾਹਾਂ 'ਤੇ ਆ



ਬਠਿੰਡਾ (ਰਾਜੀਵ ਗੋਇਲ) ਸਰਕਾਰੀ ਬੱਸਾਂ ਵਿੱਚ ਔਰਤਾਂ ਨੂੰ ਦਿੱਤੀ ਗਈ ਮੁਫ਼ਤ ਸਫ਼ਰ ਦੀ ਸਹੂਲਤ ਨੂੰ ਲੈ ਕੇ ਇੱਕ ਸਰਕਾਰੀ ਬੱਸ ਦੇ ਕੰਡਕਟਰ ਵੱਲੋਂ ਆਪਣੇ ਦੁੱਖੜੇ ਫਰੋਲਦੇ ਹੋਏ ਕਿਹਾ ਗਿਆ, 'ਆਖੈ ਬਾਈ! ਮਹਿਕਮਾ ਤਾਂ ਹੁਣ ਆਖਰੀ ਸਾਹਾਂ ਤੇ ਐ, ਨਾਲੇ ਤਾਂ ਅਸੀਂ ਮੁਫਤ ਲੈ ਕੇ ਜਾਂਦੇ ਆਂ ਤੇ ਨਾਲੇ ਮੁਫਤ ਦੀ ਬੇਇੱਜ਼ਤੀ ਕਰਾਉਂਦੇ ਆਂ! ਦੁੱਖੜੇ ਰੋਂਦਿਆਂ ਉਸਨੇ ਕਿਹਾ ਕਿ 17 ਜੂਨ ਹੋ ਗਈ, ਪਰ ਸਾਡੀ ਤਨਖਾਹ ਨਹੀਂ ਖਾਤਿਆਂ 'ਚ ਪਈ, ਦੱਸੋ ਅਸੀਂ ਹੁਣ ਕੀ ਕਰੀਏ। ਸਾਰਾ ਦਿਨ ਬੱਸ ਵਿੱਚ ਅਸੀਂ ਔਰਤਾਂ ਤੋਂ ਬੇਇਜ਼ਤੀ ਕਰਾਈ ਜਾਂਦੇ ਹਾਂ। ਅਸਲ ਵਿੱਚ ਇਹ ਬੱਸ ਮੋਗਾ ਤੋਂ ਬਠਿੰਡਾ ਰੂਟ 'ਤੇ ਚੱਲਦੀ ਹੈ। ਬੱਸ ਵਿੱਚ ਮਰਦ ਘੱਟ ਤੇ ਔਰਤਾਂ ਜ਼ਿਆਦਾ ਸਨ। ਇੱਕ ਔਰਤ ਨੇ ਪੁੱਛਿਆ ਕਿ 'ਕੱਚੀ ਭੁੱਚੋ ਜਾਣਾ ਐ' ਤਾਂ ਕੰਡਕਟਰ ਨੇ ਕਿਹਾ ਕਿ 'ਭਾਈ ਭੁੱਚੋ ਕੈਂਚੀਆਂ ਦੀ ਟਿਕਟ ਕੱਟ ਦਿੰਦਾ ਹਾਂ, ਉੱਥੇ ਉੱਤਰ ਜਾਈਂ, ਅਸੀਂ ਕੱਚੀ ਭੁੱਚੋ ਨਹੀਂ ਰੁਕਦੇ। ਬੱਸ ਕੰਡਕਟਰ ਨੇ ਭੁੱਚੋ ਕੈਂਚੀਆਂ ਦੀ ਟਿਕਟ ਕੱਟ ਕੇ ਉਸ ਔਰਤ ਦੇ ਹੱਥੇ ਫੜਾ ਦਿੱਤੀ, ਪਰ ਔਰਤ ਤਾਂ ਉੱਥੇ ਉੱਤਰੀ ਹੀ ਨਹੀਂ ਤੇ ਕੱਚੀ ਭੁੱਚੋ ਜਾ ਕੇ ਰੌਲਾ ਪਾ ਦਿੱਤਾ ਕਿ ਰੋਕੀਂ ਭਾਈ, ਮੈਂ ਤਾਂ ਇੱਥੇ ਉਤਰਣਾ। ਕੰਡਕਟਰ ਨੇ ਕਿਹਾ ਕਿ ਬੀਬੀ ਤੈਨੂੰ ਮੈਂ ਕਿਹਾ ਤਾਂ ਸੀ ਕਿ ਅਸੀਂ ਕੱਚੀ ਭੁੱਚੋ ਰੁਕਦੇ ਨਹੀਂ, ਤੂੰ ਭੁੱਚੋ ਕੈਂਚੀਆਂ ਉੱਤਰਨਾ ਸੀ, ਮੈਂ ਤਾਂ ਤੇਰੀ ਟਿਕਟ ਵੀ ਭੁੱਚੋ ਕੈਂਚੀਆਂ ਦੀ ਹੀ ਕੱਟੀ ਐ। ਐਂਵੇ ਕਿਵੇਂ ਨਹੀਂ ਰੁਕਦੀ ਕੱਚੀ ਭੁੱਚੋ ਤਾਂ ਤੈਨੂੰ ਹੁਣ ਉਤਾਰਨਾ ਹੀ ਪਊ। ਬੱਸ ਫੇਰ ਕੀ ਸੀ ਕੰਡਕਟਰ ਬੇਵੱਸ ਹੋਇਆ ਉਸ ਔਰਤ ਨੂੰ ਉੱਥੇ ਹੀ ਉਤਾਰਣ ਲਈ ਮਜਬੂਰ ਹੋ ਗਿਆ ਤੇ ਨਾਲੇ ਇਹ ਵੀ ਕਹਿ ਗਿਆ ਕਿ ਇਸ ਔਰਤ ਦਾ ਪਤੀ ਵੀ ਇਸ ਕੋਲੋਂ ਬਹੁਤ ਦੁਖੀ ਹੋਊ। ਟਰਾਂਸਪੋਰਟਰ ਤੇ ਸੈਨਿਕ ਬੱਸ ਦੇ ਸੰਚਾਲਕ ਤੀਰਥ ਸਿੰਘ ਸਿੱਧੂ ਦਿਆਲਪੁਰਾ ਮਿਰਜ਼ਾ ਨੇ ਕਿਹਾ ਕਿ 'ਰਾਜਸਥਾਨ ਵਿੱਚ ਡੀਜ਼ਲ ਪੰਜਾਬ ਨਾਲੋਂ 7 ਰੁਪਏ ਮਹਿੰਗਾ ਹੈ ਤੇ ਬੱਸ ਕਿਰਾਇਆ ਪੰਜਾਬ ਨਾਲੋਂ ਪ੍ਰਤੀ ਕਿਲੋਮੀਟਰ 45 ਪੈਸੇ ਸਸਤਾ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਮਿਆਂ ਵਿੱਚ ਬੱਸਾਂ ਟੂਰ 'ਤੇ ਜਾਂਦੀਆਂ ਸਨ ਪਰ ਹੁਣ ਔਰਤਾਂ ਦਾ ਸਫਰ ਮੁਫਤ ਹੋਣ ਕਰਕੇ 10-15 ਔਰਤਾਂ ਇਕੱਠੀਆਂ ਹੋ ਕੇ ਸਰਕਾਰੀ ਬੱਸ 'ਤੇ ਚੜ੍ਹ ਜਾਂਦੀਆਂ ਹਨ ਤੇ ਮੁਫਤ ਵਿੱਚ ਸਫਰ ਕਰਕੇ ਘਰ ਪਰਤ ਆਉਂਦੀਆਂ ਹਨ, ਜਿਸ ਕਾਰਨ ਬੱਸਾਂ ਨੂੰ ਟੂਰ 'ਤੇ ਭੇਜਣ ਵਾਲਾ ਕੰਮ ਵੀ ਲਗਪਗ ਬੰਦ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਜਦੋਂ ਸਰਕਾਰ ਦੀਆਂ ਆਪਣੀਆਂ ਬੱਸਾਂ ਦਾ ਚੇਅਰਮੈਨ ਹੀ ਗਲਤ ਬਿਆਨਬਾਜ਼ੀ ਕਰੇਗਾ ਤਾਂ ਫਿਰ ਦੱਸੋ ਮਹਿਕਮਾ ਤਰੱਕੀ ਕਿਵੇਂ ਕਰੇਗਾ। ਉਨ੍ਹਾਂ ਕਿਹਾ ਕਿ ਪ੍ਰਾਈਵੇਟ ਬੱਸ ਵੀ ਹੁਣ ਦਮ ਤੋੜ ਰਹੀ ਹੈ। ਜਿਹੜੇ ਰੂਟ 'ਤੇ ਸਰਕਾਰੀ ਬੱਸ ਚੱਲਦੀ ਹੈ, ਉੱਥੇ ਔਰਤਾਂ ਪ੍ਰਾਈਵੇਟ ਬੱਸ 'ਤੇ ਚੜ੍ਹਦੀਆਂ ਹੀ ਨਹੀਂ ਹਨ। ਬਠਿੰਡਾ ਬੱਸ ਅੱਡੇ ਦੀ ਜਗ੍ਹਾ ਬਦਲਣ 'ਤੇ ਵੀ ਉਨ੍ਹਾਂ ਇਤਰਾਜ਼ ਜਤਾਉਂਦੇ ਹੋਏ ਕਿਹਾ ਕਿ ਜੇਕਰ ਬੱਸ ਅੱਡਾ ਸ਼ਹਿਰ ਤੋਂ ਬਾਹਰ ਜਾਂਦਾ ਹੈ ਤਾਂ ਇਸਦਾ ਸਵਾਰੀਆਂ ਦੀ ਜੇਬ 'ਤੇ ਵੀ ਬੋਝ ਪਵੇਗਾ ਤੇ ਬੱਸ ਅੱਡੇ ਕਾਰਨ ਜਿਨ੍ਹਾਂ ਲੋਕਾਂ ਦਾ ਰੁਜ਼ਗਾਰ ਚੱਲਦਾ ਹੈ, ਉਨ੍ਹਾਂ ਨੂੰ ਬਹੁਤ ਵੱਡੀ ਮਾਰ ਪਵੇਗੀ। ਉਨ੍ਹਾਂ ਕਿਹਾ ਕਿ ਪੰਜਾਬ 'ਚ ਤਾਂ ਔਰਤਾਂ ਨੂੰ ਮੁਫ਼ਤ ਸਫ਼ਰ ਦੀ ਸਹੂਲਤ ਦੇ ਕੇ ਮਰਦਾਂ ਦਾ ਗਲਾ ਘੁੱਟਿਆ ਜਾ ਰਿਹਾ ਹੈ। ਉਨ੍ਹਾਂ ਸਰਕਾਰ ਨੂੰ ਨਸੀਹਤ ਦਿੱਤੀ ਕਿ ਇਹ ਸਹੂਲਤ ਆਮ ਔਰਤਾਂ ਲਈ ਬੰਦ ਹੋਣੀ ਚਾਹੀਦੀ ਹੈ ਤੇ ਵਿਧਵਾ ਜਾਂ ਹੋਰ ਲੋੜਵੰਦ ਔਰਤਾਂ ਨੂੰ ਹੀ ਦੇਣੀ ਚਾਹੀਦੀ ਹੈ ਤੇ ਬਾਕੀ ਔਰਤਾਂ ਲਈ ਕਿਰਾਇਆ ਮੁਫਤ ਦੀ ਥਾਂ ਘੱਟ ਕਰ ਦੇਣਾ ਚਾਹੀਦਾ ਹੈ।

# ਜਾਲ੍ਹੀ ਦਸਤਾਵੇਜ਼ ਤਿਆਰ ਕਰ ਕੇ ਨਸ਼ਾ ਤਸਕਰਾਂ ਦੀਆਂ ਜ਼ਮਾਨਤਾਂ ਕਰਵਾਉਣ ਵਾਲੇ ਗਰੋਹ ਦਾ ਪਰਦਾ ਫਾਸ਼, 5 ਮੁਲਜ਼ਮ ਕਾਬੂ



ਧੂਰੀ (ਬਿੰਨੀ ਗਰਗ)-ਐੱਸ. ਪੀ. (ਐੱਚ) ਦਿਲਪ੍ਰੀਤ ਸਿੰਘ ਨੇ ਸਥਾਨਕ ਪੁਲਸ ਲਾਈਨ ਵਿਖੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਗਗਨ ਅਜੀਤ ਸਿੰਘ ਐੱਸ.ਐੱਸ.ਪੀ. ਮਲੇਰਕੋਟਲਾ-ਕਮ-ਚਾਰਜ ਐੱਸ.ਐੱਸ.ਪੀ. ਸੰਗਰੂਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਚਲਾਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਸਦਰ ਧੂਰੀ ਦੇ ਖੇਤਰ ਵਿੱਚ ਜਾਲ੍ਹੀ ਦਸਤਾਵੇਜ਼ ਤਿਆਰ ਕਰ ਕੇ ਨਸ਼ਾ ਤਸਕਰਾਂ ਦੀਆਂ ਜਮਾਨਤਾਂ ਕਰਵਾਉਣ ਵਾਲੇ ਗਰੋਹ ਦਾ ਪਰਦਾਫਾਸ਼ ਕਰ ਕੇ 5 ਮੁਲਜ਼ਮਾਂ ਨੂੰ ਜਾਲ੍ਹੀ ਦਸਤਾਵੇਜ਼ਾਂ ਸਮੇਤ ਕਾਬੂ ਕੀਤਾ ਗਿਆ ਹੈ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਸ੍ਰੀ ਦਮਨਵੀਰ ਸਿੰਘ ਉੱਪ-ਕਪਤਾਨ ਪੁਲਸ ਸਬ ਡਵੀਜ਼ਨ ਧੂਰੀ ਦੀ ਨਿਗਰਾਨੀ ਹੇਠ ਇੰਸਪੈਕਟਰ ਕਰਨਬੀਰ ਸਿੰਘ ਸੰਧੂ ਮੁੱਖ ਅਫਸਰ ਥਾਣਾ ਸਦਰ ਧੂਰੀ ਦੀ ਅਗਵਾਈ ਹੇਠ ਪੁਲਸ ਪਾਰਟੀ ਨੂੰ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਗੁਰਦੀਪ ਸਿੰਘ ਨੰਬਰਦਾਰ ਵਾਸੀ ਕਾਂਝਲਾ ਹੋਰ ਵਿਅਕਤੀਆਂ ਨਾਲ ਹਮ-ਮਸ਼ਵਰਾ ਹੋ ਕੇ ਜਾਲ੍ਹੀ ਦਸਤਾਵੇਜ਼ ਅਧਾਰ ਕਾਰਡ/ਫਰਦਾਂ ਵਗੈਰਾ ਤਿਆਰ ਕਰ ਕੇ ਅਦਾਲਤ ਵਿੱਚ ਲਗਾ ਕੇ ਐੱਨ.ਡੀ.ਪੀ.ਐੱਸ. ਐਕਟ ਤੇ ਹੋਰ ਮੁਕੱਦਮਿਆਂ ਦੇ ਮੁਲਜ਼ਮਾਂ ਦੀਆਂ ਜ਼ਮਾਨਤਾ ਕਰਵਾ ਦਿੰਦੇ ਹਨ। ਐੱਸ.ਪੀ. (ਐੱਚ) ਦਿਲਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਕੰਮ ਦੇ ਬਦਲੇ ਉਹ ਮੁਲਜ਼ਮਾਂ ਪਾਸੋਂ ਮੋਟੀਆਂ ਰਕਮਾਂ ਵਸੂਲ ਕਰਦੇ ਹਨ, ਜਿਨ੍ਹਾਂ ਵੱਲੋਂ ਪਿਛਲੇ ਸਮੇਂ ਦੌਰਾਨ ਵੱਖ-ਵੱਖ ਮੁਕੱਦਮਿਆਂ ਵਿੱਚ ਗ੍ਰਿਫਤਾਰ ਕਥਿਤ ਦੋਸ਼ੀ ਜੀਵਨ ਸਿੰਘ ਤੇ ਬੰਟੀ ਸਿੰਘ ਵਾਸੀਆਨ ਪਿੰਡ ਸਮੁੰਦਗੜ੍ਹ ਛੰਨਾ ਦੀ ਜਮਾਨਤ ਕਰਵਾਉਣ ਲਈ ਪਿੰਡ ਕਾਂਝਲਾ ਦੇ ਵਿਅਕਤੀਆਂ ਦੇ ਜਾਲ੍ਹੀ ਅਧਾਰ ਕਾਰਡ ਬਣਾ ਕੇ, ਜ਼ਮੀਨਾਂ ਦੀਆਂ ਫਰਦਾਂ ਗਲਤ ਢੰਗ ਨਾਲ ਲਗਾ ਕੇ, ਖੁਦ ਨੂੰ ਹੋਰ ਵਿਅਕਤੀ ਦੱਸ ਕੇ ਜਮਾਨਤਾਂ ਕਰਵਾਈਆਂ ਹਨ ਤੇ ਇਸ ਦੇ ਬਦਲੇ ਇਨ੍ਹਾਂ ਪਾਸੋਂ ਮੋਟੀ ਰਕਮ ਹਾਸਲ ਕੀਤੀ ਹੈ। ਇਸ ਤਰ੍ਹਾਂ ਇਹ ਕਥਿਤ ਦੋਸ਼ੀਆਨ ਪੁਲਸ ਤੇ ਅਦਾਲਤਾਂ ਨੂੰ ਧੋਖਾ ਦੇ ਰਹੇ ਹਨ। ਇਸ ਬਾਬਤ ਮੁਕੱਦਮਾ ਥਾਣਾ ਸਦਰ ਧੂਰੀ ਵਿਖੇ ਗੁਰਦੀਪ ਸਿੰਘ ਨੰਬਰਦਾਰ ਵਾਸੀ ਕਾਂਝਲਾ, ਸੁਰਜੀਤ ਸਿੰਘ, ਮਨਜਿੰਦਰ ਵਾਸੀਆਨ ਕਾਂਝਲਾ, ਜਗਸੀਰ ਸਿੰਘ ਸੀਰਾ ਤੇ ਤੀਰਥ ਸਿੰਘ ਵਾਸੀਆਨ ਲੱਡਾ ਖਿਲਾਫ ਦਰਜ ਕਰ ਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ।

ਤਫਤੀਸ਼ ਦੌਰਾਨ ਮੁਲਜ਼ਮ ਗੁਰਦੀਪ ਸਿੰਘ, ਸੁਰਜੀਤ ਸਿੰਘ ਵਾਸੀਆਨ ਕਾਂਝਲਾ, ਤੀਰਥ ਸਿੰਘ ਵਾਸੀ ਲੱਡਾ ਨੂੰ 16 ਜੂਨ 2025 ਨੂੰ ਤੇ ਮੁਲਜ਼ਮ ਮਨਜਿੰਦਰ ਸਿੰਘ ਵਾਸੀ ਕਾਂਝਲਾ ਤੇ ਜਗਸੀਰ ਸਿੰਘ ਸੀਰਾ ਵਾਸੀ ਲੱਡਾ ਨੂੰ 17 ਜੂਨ 2025 ਨੂੰ ਗ੍ਰਿਫਤਾਰ ਕਰਨ ਉਪਰੰਤ ਇਨ੍ਹਾਂ ਦੇ ਕਬਜ਼ੇ ਵਿੱਚੋਂ ਜਾਲ੍ਹੀ ਆਧਾਰ ਕਾਰਡ ਦੀਆਂ ਕਾਪੀਆਂ ਬ੍ਰਾਮਦ ਕਰਵਾਈਆਂ ਗਈਆਂ। ਮੁਲਜ਼ਮਾਂ ਪਾਸੋਂ ਪੁੱਛਗਿੱਛ ਜਾਰੀ ਹੈ, ਹੋਰ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਰਜਿੰਦਰ ਦੀਪਾ ਦਾ ਸੁਨਾਮ ਪਹੁੰਚਣ 'ਤੇ ਕਾਂਗਰਸੀ ਵਰਕਰਾਂ ਵੱਲੋਂ ਸਵਾਗਤ



ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਅਕਾਲੀ ਦਲ ਦੇ ਹਲਕਾ ਇੰਚਾਰਜ ਸ੍ਰੀ ਰਜਿੰਦਰ ਦੀਪਾ ਵੱਲੋਂ ਮੁੜ ਤੋਂ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਸੁਨਾਮ ਵਿਖੇ ਪੁੱਜੇ ਜਿੱਥੇ ਉਨ੍ਹਾਂ ਦਾ ਪਾਰਟੀ ਵਰਕਰਾਂ ਤੇ ਸਾਥੀਆਂ ਵੱਲੋਂ ਸਵਾਗਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਸ਼ਹੀਦ ਊਧਮ ਸਿੰਘ ਜੀ ਦੇ ਬੁੱਤ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ।

ਇਸ ਮੌਕੇ ਸ੍ਰੀ ਰਜਿੰਦਰ ਦੀਪਾ ਨੇ ਕਿਹਾ ਕਿ ਇੱਕ ਤਾਂ ਕਾਂਗਰਸ ਪਰਿਵਾਰ 'ਚ ਅਤੇ ਇੱਕ ਸੁਨਾਮ ਦੇ ਪਰਿਵਾਰ 'ਚ ਪੁਰਾਣੇ ਸਾਥੀਆਂ ਵੱਲੋਂ ਬੜਾ ਪਿਆਰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਇਮਾਨਦਾਰੀ ਤੇ ਸੱਚਾਈ ਨਾਲ ਜੋ ਰਾਜਨੀਤੀ ਕਰਦੇ ਹਨ, ਉਨ੍ਹਾਂ ਨੂੰ ਇਸੇ ਤਰ੍ਹਾਂ ਪਿਆਰ ਸਦਾ ਮਿਲਦਾ ਹੈ। ਸੁਨਾਮ ਕਾਂਗਰਸ ਪਾਰਟੀ ਵਿੱਚ ਆਪਸੀ ਤਨਾਅ ਨੂੰ ਲੈ ਕੇ ਜਦੋਂ ਰਜਿੰਦਰ ਦੀਪਾ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਜਦੋਂ ਲੀਡਰਸ਼ਿਪ ਸਥਾਪਤ ਨਾ ਹੋਵੇ ਤਾਂ ਕਲੇਸ਼ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ 'ਚ 2002 ਤੋਂ 2007 ਵਾਲਾ ਕੰਮ ਤਾਂ ਸਭ ਨੇ ਦੇਖਿਆ ਹੀ ਹੈ, ਹੁਣ ਕੋਈ ਵੀ ਗਰੁੱਪਬਾਜ਼ੀ ਧੜੇਬਾਜ਼ੀ ਨਹੀਂ ਰਹੇਗੀ। ਚੋਣਾਂ ਵੇਲੇ ਸਾਰੇ ਵਰਕਰ ਇੱਕ ਹੋਣਗੇ ਤੇ ਇੱਕਮੁੱਠ ਹੋ ਕੇ ਚੋਣਾਂ ਲੜਾਂਗੇ। ਇਸ ਮੌਕੇ ਉਨ੍ਹਾਂ ਕਿਹਾ ਕਿ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਜਿਤਾਇਆ ਸੀ, ਪਰ ਅੱਜ ਪੰਜਾਬ ਵਿੱਚ ਲੋਕ ਆਮ ਆਦਮੀ ਪਾਰਟੀ ਤੋਂ ਦੁਖੀ ਹਨ। ਇਸ ਮੌਕੇ ਉਨ੍ਹਾਂ ਦੀ ਧਰਮਪਤਨੀ ਸ੍ਰੀਮਤੀ ਸੋਨੀਆ ਨੇ ਕਿਹਾ ਕਿ ਕਾਂਗਰਸ ਪਾਰਟੀ ਉਨ੍ਹਾਂ ਦਾ ਪਰਿਵਾਰ ਰਿਹਾ ਹੈ, ਹੁਣ ਉਹ ਵਾਪਸ ਆ ਚੁੱਕੇ ਹਨ। ਪੂਰੀ ਜ਼ਿੰਮੇਵਾਰੀ ਨਾਲ ਮੋਢੇ ਨਾਲ ਮੋਢਾ ਲਾ ਕੇ ਕੰਮ ਕੀਤਾ ਜਾਵੇਗਾ।ਇਸ ਮੌਕੇ ਨਗਰ ਕੌਂਸਲਰ ਮਨਪ੍ਰੀਤ ਬੜੈਚ, ਪਰਮਾਨੰਦ ਕਾਂਸਲ, ਕਰਮਜੀਤ ਕੌਰ, ਸ਼ਸ਼ੀ ਬਾਲਾ, ਪ੍ਰਵੀਨ ਖਡਿਆਲੀਆ, ਬਿੱਟੂ, ਬਲਦੇਵ ਭੋਲਾ, ਅਸ਼ਵਨੀ, ਪਾਲਾ ਸਿੰਘ, ਗੁਰਮੇਲ ਸਿੰਘ ਚੋਟੀਆਂ ਲੌਂਗੋਵਾਲ, ਬੀਬੀ ਸੁਰਜੀਤ ਕੌਰ ਭੱਠਲ, ਬਬਲੀ ਢੱਡਰੀਆਂ, ਮਦਨ ਲਾਲ ਚੀਮਾ, ਸੁਖਵਿੰਦਰ ਨੰਬਰਦਾਰ, ਦਵਾਰਕਾ ਦਾਸ, ਵਿੱਕੀ ਬਾਂਸਲ ਤੇ ਹੋਰ ਮੌਜੂਦ ਸਨ।

# ਸਟੈਲਕੋ ਫੈਕਟਰੀ ਦਾ ਨਜਾਇਜ਼ ਕਬਜ਼ਾ ਛੁਡਵਾਉਣ ਲਈ ਪ੍ਰਸ਼ਾਸਨ ਹਰਕਤ 'ਚ

# ਨਜਾਇਜ਼ ਕਬਜ਼ੇ ਵਾਲੀ ਜ਼ਮੀਨ ਦੇ ਦੁਆਲੇ ਉਸਾਰੀ ਕੰਧ ਨੂੰ ਢਾਹਿਆ




ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਸਥਾਨਕ ਸ਼ਹਿਰ ਦੀ ਵੱਡੀ ਤੇ ਪੁਰਾਣੀ ਫੈਕਟਰੀ ਸਟੈਲਕੋ ਲਿਮਟਿਡ ਦਾ ਪੰਚਾਇਤੀ ਜ਼ਮੀਨ 'ਤੇ ਕੀਤਾ ਹੋਇਆ ਨਜਾਇਜ਼ ਕਬਜ਼ਾ ਛੁਡਾਉਣ ਲਈ ਪ੍ਰਸ਼ਾਸਨ ਨੂੰ ਹਰਕਤ ਵਿੱਚ ਆਉਣਾ ਪਿਆ, ਜਿਸ ਕਰਕੇ ਨਜਾਇਜ਼ ਕਬਜ਼ੇ ਵਾਲੀ ਜ਼ਮੀਨ ਦੇ ਦੁਆਲੇ ਉਸਾਰੀ ਕੰਧ ਨੂੰ ਜੇਸੀਬੀ ਵਗੈਰਾ ਦੀ ਮਦਦ ਨਾਲ ਢਾਹ ਦਿੱਤਾ ਗਿਆ ਹੈ।ਮਾਮਲਾ ਇਸ ਤਰ੍ਹਾਂ ਹੈ ਕਿ 5-6 ਸਾਲ ਪਹਿਲਾਂ ਇਸ ਫੈਕਟਰੀ ਦੇ ਮਾਲਕਾਂ ਵੱਲੋਂ ਨਾਲ ਲਗਦੀ 8-9 ਏਕੜ ਜ਼ਮੀਨ ਖਰੀਦੀ ਗਈ ਸੀ ਤੇ ਉਸ ਸਮੇਂ ਇਸ ਫੈਕਟਰੀ ਦੇ ਪ੍ਰਬੰਧਕਾਂ ਵੱਲੋਂ ਨਹਿਰੀ ਕੋਠੀ ਤੋਂ ਮਾੜੀ ਰੋਡ ਨੂੰ ਜਾ ਰਹੇ ਰਸਤੇ 'ਤੇ ਕੈਨਾਲ ਕਲੱਬ ਦੇ ਨਾਲ ਕੁਝ ਸਰਕਾਰੀ ਰਸਤੇ 'ਤੇ ਨਜਾਇਜ਼ ਕਬਜ਼ਾ ਕਰ ਲਿਆ ਸੀ, ਜਿਸ ਨੂੰ ਛੁਡਾਉਣ ਲਈ ਸਥਾਨਕ ਨਿਵਾਸੀਆਂ ਨੇ ਫੈਕਟਰੀ ਪ੍ਰਬੰਧਕਾਂ ਤੱਕ ਪਹੁੰਚ ਕੀਤੀ, ਪ੍ਰੰਤੂ ਫੈਕਟਰੀ ਪ੍ਰਬੰਧਕਾਂ ਦਾ ਰਵੱਈਆ ਹੰਕਾਰ ਭਰਿਆ ਹੀ ਸੀ, ਪ੍ਰੰਤੂ ਬਾਅਦ ਵਿੱਚ ਪ੍ਰਸ਼ਾਸਨ ਦੀ ਮਿਣਤੀ ਦੌਰਾਨ ਕੁਝ ਰਸਤੇ ਨੂੰ ਕੰਧ ਢੁਹਾ ਕੇ ਛੁਡਾਇਆ ਵੀ ਗਿਆ ਸੀ।

ਇਸ ਦੌਰਾਨ ਜਦੋਂ ਪਤਾ ਲੱਗਾ ਕਿ ਇਹ ਰਕਬਾ ਗ੍ਰਾਮ ਪੰਚਾਇਤ ਗਿੱਲ ਕਲਾਂ ਦੇ ਅਧੀਨ ਆਉਂਦਾ ਹੈ ਤੇ ਫੈਕਟਰੀ ਦੇ ਪ੍ਰਬੰਧਕਾਂ ਵੱਲੋਂ ਚਾਰਦੀਵਾਰੀ ਦੇ ਅੰਦਰ ਇੱਕ 2 ਕਰਮਾਂ ਸਰਕਾਰੀ ਖਾਲ ਤੇ ਇੱਕ 18 ਮਰਲੇ ਸ਼ਾਮਲਾਤ ਜ਼ਮੀਨ 'ਤੇ ਨਜਾਇਜ਼ ਕਬਜ਼ਾ ਕੀਤਾ ਹੋਇਆ ਹੈ ਤਾਂ ਗੁਰਮੀਤ ਸਿੰਘ ਵਾਸੀ ਕੋਠੇ ਮਹਾਂ ਸਿੰਘ ਮਹਿਰਾਜ ਤੇ ਹਰਮੀਤ ਸਿੰਘ ਮਹਿਰਾਜ ਵੱਲੋਂ ਹਾਈਕੋਰਟ ਦਾ ਰੁੱਖ ਕੀਤਾ ਗਿਆ ਅਤੇ ਰਿੱਟ ਨੰਬਰ 5873 /2021ਰਾਹੀਂ ਕੇਸ ਲੜਿਆ, ਉਸ ਤੋਂ ਬਾਅਦ ਸੀ ਐੱਮ 19762 /2023 ਰਾਹੀਂ ਮਾਨਯੋਗ ਹਾਈਕੋਰਟ ਨੇ 22/03/2024 ਨੂੰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਬਠਿੰਡਾ ਨੂੰ ਤਿੰਨ ਮਹੀਨਿਆਂ ਦੇ ਅੰਦਰ ਅੰਦਰ ਫੈਸਲਾ ਕਰਨ ਦਾ ਹੁਕਮ ਕੀਤਾ। ਇਸ ਦੇ ਤਹਿਤ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਬਠਿੰਡਾ ਨੇ 24 ਜੁਲਾਈ 2024 ਨੂੰ ਸਾਰੀਆਂ ਧਿਰਾਂ ਨੂੰ ਸੁਣ ਕੇ ਫੈਸਲਾ ਗ੍ਰਾਮ ਪੰਚਾਇਤ ਗਿੱਲ ਕਲਾਂ ਦੇ ਹੱਕ ਵਿੱਚ ਸੁਣਾ ਦਿੱਤਾ ਤੇ ਫੈਕਟਰੀ ਪ੍ਰਬੰਧਕਾਂ ਨੂੰ ਜ਼ਮੀਨ 'ਤੇ ਨਜਾਇਜ਼ ਕਬਜ਼ਾ ਖਾਲੀ ਕਰਨ ਲਈ ਕਿਹਾ। ਇਸ ਤੋਂ ਬਾਅਦ ਪ੍ਰਸ਼ਾਸਨ ਨੇ ਕਈ ਵਾਰ ਜ਼ਿਲ੍ਹਾ ਪ੍ਰਸ਼ਾਸਨ ਤੋਂ ਪੁਲਸ ਇਮਦਾਦ ਮੰਗੀ, ਪ੍ਰੰਤੂ ਕੁਝ ਪ੍ਰਸ਼ਾਸਨਕ ਰੁਝੇਵਿਆਂ ਕਾਰਨ ਇਹ ਕਾਰਵਾਈ ਨੇਪਰੇ ਨਹੀਂ ਚੜ੍ਹ ਸਕੀ ਸੀ। ਅੱਜ ਬੀਡੀਪੀਓ ਦਫ਼ਤਰ ਰਾਮਪੁਰਾ ਦੇ ਅਧਿਕਾਰੀਆਂ ਨੇ ਪੁਲਸ ਪ੍ਰਸ਼ਾਸਨ ਦੀ ਮਦਦ ਨਾਲ ਇਸ ਨਜਾਇਜ਼ ਕੰਧ ਨੂੰ ਢਾਹ ਦਿੱਤਾ ਹੈ, ਭਾਵੇਂ ਨਹਿਰੀ ਪਾਣੀ ਦੇ ਖਾਲੇ ਵਾਲਾ ਕਬਜ਼ਾ ਲੈਣਾ ਅਜੇ ਬਾਕੀ ਹੈ। ਪੰਚਾਇਤ ਅਫ਼ਸਰ ਬਲਜੀਤ ਸਿੰਘ ਨੇ ਸੰਪਰਕ ਕਰਨ 'ਤੇ ਦੱਸਿਆ ਕਿ ਕੰਧ ਢਾਹ ਦਿੱਤੀ ਹੈ ਤੇ ਅੰਦਰ ਲੱਗੇ ਨਿਸ਼ਾਨਾਂ ਮੁਤਾਬਕ ਆਉਣ ਵਾਲੇ ਦੋ-ਤਿੰਨ ਦਿਨਾਂ ਦੌਰਾਨ ਮਹਿਕਮਾ ਮੁਕੰਮਲ ਕਬਜ਼ਾ ਕਰ ਲਵੇਗਾ। ਇਸ ਸਬੰਧੀ ਜਦੋਂ ਸ਼ਹਿਰ ਦੇ ਸਮਾਜ ਸੇਵੀ ਸੀਤਾ ਰਾਮ ਦੀਪਕ ਨਾਲ ਗੱਲ ਕੀਤੀ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਕਿਸੇ ਵੀ ਨਜਾਇਜ਼ ਕਬਜ਼ਾਧਾਰੀ ਨਾਲ ਕੋਈ ਲਿਹਾਜ਼ ਨਹੀਂ ਚਾਹੀਦਾ, ਚਾਹੇ ਉਹ ਕਿੱਡਾ ਵੀ ਰਸੂਖਦਾਰ ਕਿਉਂ ਨਾ ਹੋਵੇ।

# ਭਾਰਤ ਤੇ ਕੈਨੇਡਾ ਦਰਮਿਆਨ ਮੁੜ ਸਦਭਾਵੀ ਰਿਸ਼ਤਿਆਂ ਦੀ ਬਹਾਲੀ ਸੁਆਗਤਯੋਗ : ਧਾਲੀਵਾਲ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)- ਇਥੇ ਹਲਕਾ ਵਿਧਾਇਕ ਤੇ ਪ੍ਰਵਾਸੀ ਭਾਰਤੀ ਮਾਮਲਿਆਂ ਦੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵਲੋਂ ਆਪਣੇ ਮੁੱਖ ਦਫਤਰ ਵਿਖੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਸੁਣਨ ਤੇ ਹੱਲ ਕਰਵਾਉਣ ਲਈ ਸਬ ਡਵੀਜ਼ਨਲ ਪੱਧਰੀ ਸਿਵਲ ਤੇ ਪੁਲਸ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਹਾਜ਼ਰੀ ਯਕੀਨੀ ਬਣਾ ਕੇ ਖੁੱਲ੍ਹਾ ਜਨਤਾ ਦਰਬਾਰ ਲਗਾਇਆ, ਜਿਸ ਦੌਰਾਨ ਦਰਜਨਾਂ ਪ੍ਰਭਾਵਿਤ ਲੋਕਾਂ ਦੀਆਂ ਪੁਲਸ, ਪੰਚਾਇਤੀ ਰਾਜ, ਪਾਵਰਕਾਮ ਆਦਿ ਵਿਭਾਗਾਂ ਨਾਲ ਜੁੜੀਆਂ ਸਮੱਸਿਆਵਾਂ ਨੂੰ ਮੌਕੇ 'ਤੇ ਹੱਲ ਕਰਵਾ ਕੇ ਪ੍ਰਭਾਵਿਤ ਲੋਕਾਂ ਨੂੰ ਰਾਹਤ ਪਹੁੰਚਾਈ। ਉਪਰੰਤ ਗੱਲਬਾਤ ਦੌਰਾਨ ਕੈਬਨਿਟ ਮੰਤਰੀ ਧਾਲੀਵਾਲ ਨੇ ਭਾਰਤ ਤੇ ਕੈਨੇਡਾ ਵਲੋਂ ਦੂਰਅੰਦੇਸ਼ ਕੂਟਨੀਤੀ ਤਹਿਤ ਆਪਸੀ ਸੰਬੰਧਾਂ ਨੂੰ ਮੁੜ ਬਹਾਲ ਕਰਕੇ ਹਾਈ ਕਮਿਸ਼ਨਰਾਂ ਦੀ ਤੁਰੰਤ ਬਹਾਲੀ ਲਈ ਲਏ ਫੈਸਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਭਾਰਤ ਤੇ ਕੈਨੇਡਾ ਦਰਮਿਆਨ ਆਪਸੀ ਦੁਵੱਲੇ ਸੰਬੰਧ ਸਦਭਾਵੀ ਹੋਣ ਨਾਲ ਦੋਹਾਂ ਦੇਸ਼ਾਂ ਵਿਚਕਾਰ ਅਰਬਾਂ ਰੁਪਏ ਦੇ ਹੋਣ ਵਾਲੇ ਆਪਸੀ ਵਪਾਰ ਨਾਲ ਜਿੱਥੇ ਅਰਥਚਾਰਾ ਮਜ਼ਬੂਤ ਹੋਵੇਗਾ, ਉਥੇ ਦੋਹਾਂ ਦੇਸ਼ਾਂ ਦੇ ਨਾਗਰਿਕਾਂ ਨੂੰ ਇਕ-ਦੂਜੇ ਦੇਸ਼ ਵਿੱਚ ਸੈਰ ਸਪਾਟਾ, ਪੂੰਜੀ ਨਿਵੇਸ਼ ਕਰਨ ਨਾਲ ਭਰੋਸੇਯੋਗਤਾ ਤੇ ਸੁਰੱਖਿਆ ਨੂੰ ਬੱਲ ਮਿਲੇਗਾ। ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਪੰਜਾਬ ਧਾਲੀਵਾਲ ਨੇ ਅਮਰੀਕਾ ਦੇਸ਼ ਦੀ ਟਰੰਪ ਸਰਕਾਰ ਵਲੋਂ ਅਮਰੀਕਾ ਚੋਂ ਪ੍ਰਵਾਸੀ ਭਾਰਤੀਆਂ ਵਲੋਂ ਪੰਜਾਬ ਸਮੇਤ ਦੇਸ਼ ਦੇ ਹੋਰਨਾਂ ਹਿੱਸਿਆਂ 'ਚ ਆਪਣੇ ਪਿੱਛੇ ਘਰ ਪਰਵਾਰ ਜਾਂ ਕਾਰੋਬਾਰ ਲਈ ਭੇਜੇ ਜਾਣ ਵਾਲੇ ਪੈਸਿਆਂ ਉੱਪਰ 3.5 ਫੀਸਦੀ ਟੈਕਸ ਲਗਾਉਣ ਦੇ ਲਏ ਫੈਸਲੇ ਨੂੰ ਪ੍ਰਵਾਸੀ ਭਾਰਤੀ ਨਾਗਰਿਕਾਂ ਦੀ ਗੂੜ੍ਹੀ ਖੂਨ ਪਸੀਨੇ ਦੀ ਕਮਾਈ 'ਤੇ ਬੇਲੋੜੀ ਕਟੌਤੀ ਦਾ ਆਰਥਿਕ ਕੁਹਾੜਾ ਕਰਾਰ ਦਿੱਤਾ। ਉਨ੍ਹਾਂ ਭਾਰਤ ਦੇ ਵਿਦੇਸ਼ ਮੰਤਰਾਲੇ 'ਤੇ ਜ਼ੋਰ ਦਿਤਾ ਕਿ ਪ੍ਰਵਾਸੀ ਭਾਰਤੀਆਂ ਵਲੋਂ ਭਾਰਤ 'ਚ ਆਪਣੇ ਮਾਤਾ ਪਿਤਾ ਦੀਆਂ ਦਵਾਈਆਂ, ਪਰਵਾਰਕ ਮੈਂਬਰਾਂ ਦੀ ਉਚੇਰੀ ਪੜ੍ਹਾਈ, ਨਵੇਂ ਘਰ ਉਸਾਰਨ ਅਤੇ ਵਿਦੇਸ਼ਾਂ 'ਚ ਜਾਣ ਸਮੇਂ ਲਏ ਗਏ ਕਰਜ਼ਿਆਂ ਦੀ ਅਦਾਇਗੀ ਲਈ ਭੇਜੀ ਜਾਣ ਵਾਲੀ ਆਪਣੀ ਕਿਰਤ ਕਮਾਈ ਤੇ ਅਮਰੀਕਾ ਦੇ ਟਰੰਪ ਪ੍ਰਸ਼ਾਸਨ ਵਲੋਂ ਠੋਸੇ ਗਏ 3.5 ਫੀਸਦੀ ਟੈਕਸ ਦੇ ਮਾਮਲੇ ਨੂੰ ਟਰੰਪ ਪ੍ਰਸ਼ਾਸਨ ਕੋਲ ਉਠਾ ਕੇ ਇਹ ਫੈਸਲਾ ਵਾਪਸ ਕਰਵਾਇਆ ਜਾਵੇ, ਕਿਉਂਕਿ ਅਮਰੀਕਾ 'ਚ ਰਹਿਣ ਵਾਲੇ ਭਾਰਤੀਆਂ ਵਲੋਂ ਇਕੱਲੇ ਸਾਲ 2023 'ਚ 119 ਅਰਬ ਡਾਲਰ ਭਾਰਤ 'ਚ ਆਪਣੇ ਘਰ ਪਰਵਾਰ ਨੂੰ ਭੇਜੇ ਗਏ ਸਨ, ਅਤੇ ਇਨ੍ਹਾਂ ਪੈਸਿਆਂ ਨਾਲ ਭਾਰਤੀ ਮੁਦਰਾ ਕਰੰਸੀ ਕਈ ਗੁਣਾ ਮਜ਼ਬੂਤ ਹੋਣ ਨਾਲ ਭਾਰਤ ਦੀ ਅਰਥਵਿਵਸਥਾ ਨੂੰ ਭਰਵੀਂ ਮਜ਼ਬੂਤੀ ਮਿਲੀ ਸੀ। ਇਸ ਮੌਕੇ ਖੁਸ਼ਪਾਲ ਸਿੰਘ ਧਾਲੀਵਾਲ, ਡੀ.ਐਸ.ਪੀ. ਅਜਨਾਲਾ ਗੁਰਵਿੰਦਰ ਸਿੰਘ ਔਲਖ, ਬੀ.ਡੀ.ਪੀ.ਓ ਅਜਨਾਲਾ ਸਿਤਾਰਾ ਸਿੰਘ ਵਿਰਕ, ਐਸ.ਐਚ.ਓ. ਅਜਨਾਲਾ ਇੰਸਪੈਕਟਰ ਮੁਖਤਿਆਰ ਸਿੰਘ, ਚੇਅਰਮੈਨ ਬਲਦੇਵ ਸਿੰਘ ਬੱਬੂ ਚੇਤਨਪੁਰਾ, ਨਗਰ ਪੰਚਾਇਤ ਅਜਨਾਲਾ ਪ੍ਰਧਾਨ ਭੱਟੀ ਜਸਪਾਲ ਸਿੰਘ ਢਿਲੋਂ, ਪਾਰਟੀ ਦੇ ਸ਼ਹਿਰੀ ਪ੍ਰਧਾਨ ਅਮਿਤ ਔਲ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂੰ ਆਦਿ ਮੌਜੂਦ ਸਨ।

## ਔਰਤ ਕੋਲੋਂ ਪਰਸ ਖੋਹ ਕੇ ਲੁਟੇਰੇ ਫਰਾਰ

ਫਿਰੋਜ਼ਪੁਰ, (ਅਸ਼ੋਕ ਸ਼ਰਮਾ) : ਫਿਰੋਜ਼ਪੁਰ ਵਿਖੇ ਝਪਟਮਾਰ ਕੇ ਇੱਕ ਔਰਤ ਦਾ ਪਰਸ ਖੋਹ ਕੇ ਫਰਾਰ ਹੋਣ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਦੋ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸਾਗਰ ਮਲੋਹਤਰਾ ਪੁੱਤਰ ਸਵ. ਸਤੀਸ਼ ਕੁਮਾਰ ਮਲੋਹਤਰਾ ਵਾਸੀ ਗੋਲਡਨ ਇਨਕਲੇਵ ਫੇਸ-2 ਫਿਰੋਜ਼ਪੁਰ ਸ਼ਹਿਰ ਨੇ ਦੱਸਿਆ ਕਿ ਉਸ ਦੀ ਭੈਣ ਨੇਹਾ ਮੋਗਾ ਪਤਨੀ ਸੰਨੀ ਮੋਗਾ ਵਾਸੀ ਘੁਮਾਰ ਮੰਡੀ, ਫਿਰੋਜ਼ਪੁਰ ਕੈਂਟ ਤਹਿ. ਵਾ ਜ਼ਿਲ੍ਹਾ ਫਿਰੋਜ਼ਪੁਰ ਜੋ ਕਿ ਮਿਤੀ 17 ਜੂਨ 2025 ਨੂੰ ਉਨ੍ਹਾਂ ਦੇ ਘਰ ਮਿਲਣ ਆਈ ਹੋਈ ਸੀ ਤੇ ਸ਼ਾਮ ਕਰੀਬ 7 ਵਜੇ ਘਰ ਤੋਂ ਵਾਪਸ ਇੱਛੇਵਾਲਾ ਰੋਡ ਫਿਰੋਜ਼ਪੁਰ ਸ਼ਹਿਰ ਵਿਖੇ ਜਾ ਰਹੀ ਸੀ। ਸਾਗਰ ਮਲੋਹਤਰਾ ਨੇ ਦੱਸਿਆ ਕਿ ਜਦ ਉਹ ਇੱਛੇ ਵਾਲਾ ਚੱਕ ਮੋੜ ਦੇ ਪਾਸ ਪੁੱਜੀ ਤਾਂ ਦੋ ਅਣਪਛਾਤੇ ਬਾਈਕ ਸਵਾਰ ਹਥਿਆਰ ਬੰਦ ਕਿਰਪਾਨ ਹੱਥ ਵਿੱਚ ਫੜ ਕੇ ਉਸ ਦੀ ਭੈਣ ਨੇਹਾ ਮੋਗਾ ਦੇ ਮਗਰ ਆਏ ਤੇ ਉਸ ਨੂੰ ਰੋਕ ਕੇ ਉਸ ਦਾ ਪਰਸ ਖੋਹ ਕੇ ਲੈ ਗਏ। ਸਾਗਰ ਮਲੋਹਤਰਾ ਨੇ ਦੱਸਿਆ ਕਿ ਉਸ ਦੀ ਭੈਣ ਕੋਲੋਂ ਖੋਹੇ ਹੋਏ ਪਰਸ ਵਿਚ ਉਸ ਦਾ ਸਾਮਾਨ ਸੋਨੇ ਦੀਆਂ ਮੁੰਦਰੀਆਂ ਤੇ ਤਿੰਨ ਹਜ਼ਾਰ ਰੁਪਏ ਕੈਸ਼ ਮੌਜੂਦ ਸੀ, ਜੋ ਅਣਪਛਾਤੇ ਚੋਰ ਚੋਰੀ ਕਰਕੇ ਮੌਕੇ ਤੋਂ ਭੱਜ ਗਏ।

## ਮੁੱਖ ਖੇਤੀਬਾੜੀ ਅਫ਼ਸਰ ਨੇ ਝੋਨੇ ਦੀ ਸਿੱਧੀ ਬਿਜਾਈ ਦਾ ਕੀਤਾ ਨਿਰੀਖਣ



ਮੋਗਾ, (ਇਕਬਾਲ ਸਿੰਘ ਖਹਿਰਾ)-ਡਾ. ਗੁਰਪ੍ਰੀਤ ਸਿੰਘ ਮੁੱਖ ਖੇਤੀਬਾੜੀ ਅਫਸਰ ਮੋਗਾ ਵੱਲੋਂ ਬਲਾਕ ਨਿਹਾਲ ਸਿੰਘ ਵਾਲਾ ਵਿਖੇ ਝੋਨੇ ਦੀ ਸਿੱਧੀ ਬਿਜਾਈ ਵਾਲੇ ਖੇਤਾਂ ਦਾ ਦੌਰਾ ਕੀਤਾ। ਉਨ੍ਹਾਂ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਏ ਵਾਲੇ ਖੇਤਾਂ ਵਿੱਚ ਫਸਲ ਦੀ ਹਾਲਤ ਬਹੁਤ ਵਧੀਆ ਹੈ ਤੇ ਅਜੇ ਤੱਕ ਕਿਸੇ ਵੀ ਸੂਖਮ ਤੱਤ ਦੀ ਘਾਟ ਵੇਖਣ ਵਿੱਚ ਨਹੀਂ ਆਈ। ਫਸਲ ਵਿੱਚ ਨਦੀਨ ਵੀ ਨਹੀਂ ਵੇਖੇ ਗਏ, ਪਰ ਫਿਰ ਵੀ ਕਿਸਾਨ ਲਗਾਤਾਰ ਆਪਣੇ ਖੇਤਾਂ ਦਾ ਦੌਰਾ ਕਰਦੇ ਰਹਿਣ ਅਤੇ ਜੇਕਰ ਨਦੀਨ ਉੱਗ ਪੈਣ ਤਾਂ ਝੋਨੇ ਦੀ ਬਿਜਾਈ ਦੇ 15 ਤੋਂ 25 ਦਿਨਾਂ ਵਿਚਕਾਰ ਸਵਾਂਕ, ਝੋਨੇ ਦੇ ਮੋਥੇ ਦੀ ਰੋਕਥਾਮ ਲਈ ਜਦ ਨਦੀਨ 2 ਤੋਂ 4 ਪੱਤੇ ਦਾ ਹੋਵੇ ਤਾਂ ਨੌਮੀਨੀਗੋਲਡ 10 ਐਸ.ਸੀ 100 ਮਿਲੀਲਿਟਰ ਦੀ ਸਪਰੇ ਕਰ ਸਕਦੇ ਹਨ। ਗੁੜਤ, ਮਧਾਨਾ, ਚੀਨੀ ਘਾਹ, ਚਿੜ੍ਹੀ ਘਾਅ ਤੇ ਤੱਕੜੀ ਘਾਹ ਦੀ ਰੋਕਥਾਮ ਲਈ ਫਸਲ ਬੀਜਣ ਦੇ 20 ਤੋਂ 25 ਦਿਨਾਂ ਵਿਚਕਾਰ 400 ਮਿਲੀਲਿਟਰ ਰਾਈਸ ਸਟਾਰ 6.7 ਈ.ਸੀ ਦੀ ਸਪਰੇ ਕੀਤੀ ਜਾ ਸਕਦੀ ਹੈ। ਇਨ੍ਹਾਂ ਦਵਾਈਆਂ ਤੋਂ ਇਲਾਵਾ ਕਿਸਾਨ ਨਦੀਨਾਂ ਦੀ ਕਿਸਮ ਅਨੁਸਾਰ ਸਿਫਾਰਸ਼ਸ਼ੁਦਾ ਦਵਾਈਆਂ ਦੀ ਵਰਤੋਂ ਵੀ ਕਰ ਸਕਦੇ ਹਨ। ਕਿਸਾਨ ਨਦੀਨਾਸ਼ਕਾਂ ਸੰਬੰਧੀ ਖੇਤੀ ਮਾਹਰਾਂ ਨਾਲ ਮਸ਼ਵਰਾ ਜ਼ਰੂਰ ਕਰਨ। ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਝੋਨੇ ਦੀ ਸਿੱਧੀ ਬਿਜਾਈ ਵਾਲੇ ਖੇਤਾਂ ਵਿੱਚ ਕਈ ਵਾਰ ਲੋਹਾ ਜ਼ਿੰਕ ਦੀ ਘਾਟ ਆ ਜਾਂਦੀ ਹੈ। ਇਸ ਲਈ ਜੇਕਰ ਲੋਹਾ ਜ਼ਿੰਕ ਦੀ ਘਾਟ ਦੇ ਲੱਛਣ ਦਿਸਣ ਤਾਂ ਇਕ ਕਿਲੋ ਫੈਰਿਸ ਸਲਫੇਟ 100 ਲਿਟਰ ਪਾਣੀ ਵਿੱਚ ਘੋਲ ਕੇ ਸਪਰੇ ਕੀਤਾ ਜਾਵੇ। ਸਿੱਧੀ ਬਿਜਾਈ ਵਾਲੇ ਝੋਨੇ ਨੂੰ 130 ਕਿਲੋਗ੍ਰਾਮ ਯੂਰੀਆ ਤਿੰਨ ਬਰਾਬਰ ਕਿਸ਼ਤਾਂ ਵਿੱਚ ਵੰਡ ਕੇ 4, 6 ਤੇ 9 ਹਫ਼ਤਿਆਂ ਬਾਅਦ ਛੱਟੇ ਨਾਲ ਪਾਈ ਜਾਵੇ। ਖਾਦਾਂ ਦੀ ਵਰਤੋਂ ਜੇਕਰ ਮਿੱਟੀ ਪਰਖ ਦੇ ਅਧਾਰ 'ਤੇ ਕੀਤੀ ਜਾਵੇ ਤਾਂ ਵਧੀਆ ਨਤੀਜੇ ਪ੍ਰਾਪਤ ਕੀਤੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਹੁਣ ਬਾਸਮਤੀ ਤੇ ਝੋਨੇ ਦੀ ਕਿਸਮ ਪੀ. ਆਰ. 126 ਕਿਸਮ ਦੀ ਸਿੱਧੀ ਬਿਜਾਈ ਲਈ ਢੁੱਕਵਾਂ ਸਮਾਂ ਹੈ, ਇਸ ਲਈ ਕਿਸਾਨ ਪਾਣੀ ਦੀ ਬੱਚਤ ਤੇ ਆਰਥਿਕ ਲਾਹਾ ਲੈਣ ਲਈ ਸਿੱਧੀ ਬਿਜਾਈ ਕਰਨ।

## 8 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ ਗ੍ਰਿਫਤਾਰ

ਫਿਰੋਜ਼ਪੁਰ, (ਅਸ਼ੋਕ ਸ਼ਰਮਾ) : ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇਕ ਵਿਅਕਤੀ ਕੋਲੋਂ 8 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਕਰਕੇ ਉਸ ਖਿਲਾਫ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਰਮਨ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਚੋਕ ਚੁੰਗੀ ਨੰਬਰ 7 ਫਿਰੋਜ਼ਪੁਰ ਕੈਂਟ 'ਤੇ ਮੌਜੂਦ ਸੀ ਤਾਂ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਗਗਨਪ੍ਰੀਤ ਪੁੱਤਰ ਕੁਲਵੰਤ ਸਿੰਘ ਵਾਸੀ ਮਕਾਨ ਨੰਬਰ 356 ਗਵਾਲ ਮੰਡੀ ਫਿਰੋਜ਼ਪੁਰ ਕੈਂਟ ਜੋ ਨਾਜਾਇਜ਼ ਸ਼ਰਾਬ ਵੇਚਣ ਦਾ ਆਦੀ ਹੈ ਤੇ ਅੱਜ ਵੀ ਟਰੱਕ ਯੂਨੀਅਨ ਦੇ ਸਾਹਮਣੇ, ਜੋ ਕਿੱਕਰ ਝਾੜੀਆਂ ਹਨ, ਵਿੱਚ ਕੈਨੀ ਪਲਾਸਟਿਕ ਵਿੱਚ ਨਾਜਾਇਜ਼ ਸ਼ਰਾਬ ਰੱਖ ਕੇ ਵੇਚਣ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਕਾਬੂ ਕਰਕੇ ਉਸ ਕੋਲੋਂ 8 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਆਮ ਸੂਚਨਾ

ਮੈਂ ਹਰਭਜਨ ਸਿੰਘ ਪੁੱਤਰ ਸ੍ਰੀ ਜਗਦੀਸ਼ ਕੁਮਾਰ ਵਾਸੀ 102, ਰਜਿੰਦਰ ਨਗਰ, ਅਲਫਾ ਵਨ, ਜੀ.ਟੀ. ਰੋਡ, ਤਹਿਸੀਲ ਵਾ ਜ਼ਿਲਾ ਅੰਮ੍ਰਿਤਸਰ ਹਲਫੀਆ ਬਿਆਨ ਦਾ ਹਾਂ ਕਿ ਮੈਨੇ ਆਪਣੀ ਕੁੱਲ ਜ਼ਮੀਨ ਜਾਇਦਾਦ ਚੁੱਕਵੀਂ ਅਤੇ ਅਣਚੁੱਕਵੀਂ ਦਾ ਮੁਖਤਾਰ ਨਾਮਾ ਆਮ ਬਹੱਕ ਆਪਣੇ ਪਿਤਾ ਸ੍ਰੀ ਜਗਦੀਸ਼ ਰਾਜ ਪੁੱਤਰ ਸ੍ਰੀ ਲਾਲ ਚੰਦ ਵਾਸੀ 4/1157, ਜੱਜ ਨਗਰ, ਜੋੜਾ ਫਾਟਕ ਤਹਿਸੀਲ ਵਾ ਜ਼ਿਲਾ ਅੰਮ੍ਰਿਤਸਰ ਦੇ ਹੱਕ ਵਿੱਚ ਲਿਖਕੇ ਤਸਦੀਕ ਕਰਵਾਇਆ ਸੀ, ਜਿਸਦੀ ਤਸਦੀਕ ਮਿਤੀ: 16/08/2019 ਡਾਕੂਮੈਂਟ ਨੰਬਰ 2019-20/93/4/573 ਤਸਦੀਕ ਸੁਦਾ ਦਫਤਰ ਸਬ ਰਜਿਸਟਰਾਰ ਸਾਹਿਬ ਅੰਮ੍ਰਿਤਸਰ-2 ਹੈ। ਮੈਨੇ ਉਕਤ ਮੁਖਤਾਰ ਨਾਮਾ ਆਮ ਬਜ਼ਏ ਮਨਸੂਖੀ ਮੁਖਤਾਰ ਨਾਮਾ ਆਮ ਰਾਹੀ ਡਾਕੂਮੈਂਟ ਨੰਬਰ 2024-25/93/4/1473 ਤਸਦੀਕ ਮਿਤੀ: 16-12-2024 ਤਸਦੀਕ ਸੁਦਾ ਦਫਤਰ ਸਬ ਰਜਿਸਟਰਾਰ ਸਾਹਿਬ ਅੰਮ੍ਰਿਤਸਰ-2, ਮਨਸੂਖ ਕਰ ਦਿੱਤਾ ਹੈ। ਮੁਖਤਾਰ ਆਮ ਨੂੰ ਉਕਤ ਮੁਖਤਾਰ ਨਾਮਾ ਆਮ ਦੇ ਅਧਾਰ ਤੇ ਕੋਈ ਵੀ ਕਾਰਵਾਈ ਕਰਨ ਦਾ ਹੱਕ ਨਹੀ ਰਿਹਾ। ਜੇਕਰ ਕਰੇਗਾ ਤਾਂ ਉਹ ਕਾਨੂੰਨ ਦਾ ਭਾਗੀ ਹੋਵੇਗਾ। ਇਸ ਵਿੱਚ ਮੇਰੀ ਕੋਈ ਵੀ ਕਿਸੇ ਵੀ ਤਰਾਂ ਦੀ ਜੁੰਮੇਵਾਰੀ ਨਹੀ ਹੋਵੇਗੀ।

### PUBLIC NOTICE

I, Vijay Kumar S/o Mool Raj R/o H.No.WS61, Sattran Mohalla, Basti Sheikh, Jalandhar City. Affirming that I have lost Original Sale Deed bearing No.2018-19/187/1/1483 Dated 11.10.2018 S.R. Jalandhar anywhere at Basti Sheikh on 10.06.2025 of the property situated at Plot No.342-A, Abadi Guru Ramdas Nagar Enclave (Sher Singh Colony), Basti Peer Daad Khan, Teh & Distt. Jalandhar comprised in khasra No.46//6/2, 7/1, 14/3, 15, 16, 17/1, 24/2, 25, 28, 47//11, 19/2,20,51//4,5,47//21,22,50//1,2 etc. I have lodged the complaint S.R.No.602731/2025 Dated 19.06.2025 at PSOC Div.No.5, Jalandhar. Though if any person found or any objection regarding the same. Kindly contact me Vijay Kumar Mob: 9872329883. All please note.

### PUBLIC NOTICE

I Vijay Kumar S/o Mool Raj R/o H.No.WS61, Sattran Mohalla, Basti Sheikh, Jalandhar City. Affirming that I have lost Original Sale General Power of Attorney bearing No.447 Dated 15.7.2015 S.R Jalandhar-2 anywhere at Basti Sheikh on 10.06.2025 of the property situated at Plot No.342-A, Abadi Guru Ramdas Nagar Enclave (Sher Singh Colony), Basti Peer Daad Khan, Teh & Distt. Jalandhar comprised in khasra No. 46//6/2, 7/1, 14/3, 15, 16, 17/1, 24/2, 25, 28, 47//11, 19/2, 20, 51//4, 5, 47//21, 22, 50//1, 2 etc. I have lodged the complaint S.R.No.602734/2025 Dated 19.06.2025 at PSOC Div.No.5, Jalandhar. Though if any person found or any objection regarding the same. Kindly contact me Vijay Kumar Mob: 9872329883. All please note.

### PUBLIC NOTICE

I Vijay Kumar S/o Mool Raj R/o H.No.WS61, Sattran Mohalla, Basti Sheikh, Jalandhar City. Affirming that I have lost Original Sale Deed bearing No.2018-19/187/1/1483 Dated 11.10.2018 S.R. Jalandhar anywhere at Basti Sheikh on 10.06.2025 of the property situated at Plot No.342-A, Abadi Guru Ramdas Nagar Enclave (Sher Singh Colony), Basti Peer Daad Khan, Teh & Distt. Jalandhar comprised in khasra No.46//6/2, 7/1, 14/3, 15, 16, 17/1, 24/2, 25, 28, 47//11, 19/2,20,51//4,5,47//21,22,50//1,2 etc. I have lodged the complaint S.R.No.602731/2025 Dated 19.06.2025 at PSOC Div.No.5, Jalandhar. Though if any person found or any objection regarding the same. Kindly contact me Vijay Kumar Mob: 9872329883. All please note.

### COURT NOTICE

(U/o 5 Rule 20 CPC)
In The Court of MS. GIRISH
Principal Judge Family Court, Giddarbaha
CNR No. PBSMF2-000150-2024
Next Date:-01-08-2025
Sandeep Singh And Others
Vs.
General Public
Publication Issued To:
General Public
Giddarbaha

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 01-08-2025 at 10:00 a.m.

For details logon to https://highcourtchd.gov.in/?mod=district_notice&district=mogacourt

Principal Judge Family Court
Giddarbaha
Dated, this day of 19-06-2025

### ਅਦਾਲਤੀ ਇਸ਼ਤਿਹਾਰ

ਦਫ਼ਤਰ ਨਾਇਬ ਤਹਿਸੀਲਦਾਰ ਕਮ-ਸਰਕਲ ਰੈਵੀਨਿਊ ਅਫਸਰ, ਸਬ-ਤਹਿਸੀਲ ਤਰਸਿੱਕਾ, ਤਹਿ. ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ।

ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਵੱਸਣ ਸਿੰਘ ਪੁੱਤਰ ਇੰਦਰ ਸਿੰਘ ਪੁੱਤਰ ਸਾਧਾ ਸਿੰਘ ਵਾਸੀ ਪਿੰਡ ਚੰਨਣਕੇ, ਸਬ-ਤਹਿਸੀਲ ਤਰਸਿੱਕਾ, ਜ਼ਿਲ੍ਹਾ ਅੰਮ੍ਰਿਤਸਰ ਨੇ ਅਦਾਲਤ ਵਿਚ ਦਰਖਾਸਤ ਦਿੱਤੀ ਹੈ ਕਿ ਉਸ ਦਾ ਮਾਲ ਰਿਕਾਰਡ ਵਿਚ ਨਾਂਅ ਰਜਵੰਤ ਸਿੰਘ ਪੁੱਤਰ ਇੰਦਰ ਸਿੰਘ, ਜੋ ਕਿ ਗਲਤ ਆ ਰਿਹਾ ਹੈ, ਜਦੋਂ ਉਸ ਦਾ ਅਸਲ ਨਾਂਅ ਵੱਸਣ ਸਿੰਘ ਪੁੱਤਰ ਇੰਦਰ ਸਿੰਘ ਪੁੱਤਰ ਸਾਧਾ ਸਿੰਘ ਹੈ, ਜੋ ਦਰੁਸਤ ਕੀਤਾ ਜਾਵੇ। ਇਸ ਲਈ ਉਸ ਦਾ ਅਸਲ ਨਾਂਅ ਰਿਕਾਰਡ ਵਿਚ ਦਰੁਸਤੀ ਕਰਨ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਨੋਟਿਸ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਇਸ ਦਫ਼ਤਰ ਵਿਚ ਇਤਰਾਜ਼ ਪੇਸ਼ ਕਰ ਸਕਦਾ ਹੈ, ਵਰਨਾ ਨਾਂਅ ਦੀ ਦਰੁਸਤੀ ਕਰ ਦਿੱਤੀ ਜਾਵੇਗੀ।

ਸਹੀ/-ਜਾਇੰਟ ਰਜਿਸਟਰਾਰ, ਸਬ-ਤਹਿਸੀਲ ਤਰਸਿੱਕਾ।
ਨੰਬਰ ਰੀਡਰ 2715 ਮਿਤੀ : 19.06.2025

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਅਵਿਨਾਸ਼ ਚੰਦਰ ਸਹਾਇਕ ਕੁਲੈਕਟਰ ਦਰਜਾ ਪਹਿਲਾ ਮਮਦੋਟ

ਗੁਰਨਾਮ ਸਿੰਘ, ਮਲੂਕ ਸਿੰਘ ਪੁੱਤਰਾਨ ਸ੍ਰੀ ਬੂਟਾ ਸਿੰਘ ਪੁੱਤਰ ਸ੍ਰੀ ਉਜਾਗਰ ਸਿੰਘ ਵਾਸੀਆਨ ਪਿੰਡ ਹਜ਼ਾਰਾ ਸਿੰਘ ਵਾਲਾ, ਤਹਿਸੀਲ ਵਾ ਜ਼ਿਲ੍ਹਾ ਫਿਰੋਜ਼ਪੁਰ। ......ਫਰੀਕ ਅਵਾਲਾਨ

ਬਨਾਮ

1) ਅਰਜਨ ਸਿੰਘ ਪੁੱਤਰ ਸ੍ਰੀ ਲਾਭ ਸਿੰਘ ਪੁੱਤਰ ਸੁਦਾਗਰ ਸਿੰਘ (2) ਨੰਦ ਸਿੰਘ ਪੁੱਤਰ ਸ੍ਰੀ ਜੰਗੀਰ ਸਿੰਘ ਪੁੱਤਰ ਬੈਕਾਂ ਸਿੰਘ (3) ਕੁਲਵੰਤ ਸਿੰਘ ਪੁੱਤਰ ਸੁਰਜਨ ਸਿੰਘ ਪੁੱਤਰ ਸੁਦਾਗਰ ਸਿੰਘ (4) ਬਲਵਿੰਦਰ ਸਿੰਘ ਪੁੱਤਰ ਕੁਲਵੰਤ ਸਿੰਘ ਪੁੱਤਰ ਸੁਰਜਨ ਸਿੰਘ ਵਾਸੀਆਨ ਪਿੰਡ ਹਜ਼ਾਰਾ ਸਿੰਘ ਵਾਲਾ, ਤਹਿਸੀਲ ਵਾ ਜ਼ਿਲ੍ਹਾ ਫਿਰੋਜ਼ਪੁਰ। ..... ਫਰੀਕ ਸਾਨੀਆਨ

ਦਾਵਾ ਤਕਸੀਮ

ਦਰਖਾਸਤ ਬਾਬਤ ਕੀਤੇ ਜਾਣੇ ਤਕਸੀਮ ਐਰਾਜੀ 5 ਕਨਾਲ 18 ਮਰਲੇ ਨੰਬਰਾਨ ਖਸਰਾ ਮੁ: 10 ਕਿਲਾ 4/1(4-4) 5/1/1(1-14) ਖੇਵਟ 101 ਖਤੌਨੀ 344 ਵਾਕਿਆ ਰਕਬਾ ਪਿੰਡ ਹਜ਼ਾਰਾ ਸਿੰਘ ਵਾਲਾ, ਤਹਿਸੀਲ ਵਾ ਜ਼ਿਲ੍ਹਾ ਫਿਰੋਜ਼ਪੁਰ ਸੰਬੰਧੀ ਤਕਸੀਮ ਦਾ ਦਾਵਾ ਦਾਇਰ ਕੀਤਾ ਹੈ, ਇਸ ਸੰਬੰਧੀ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਕਿਸੇ ਧਿਰ ਜਾਂ ਵਿਅਕਤੀ ਨੂੰ ਉਕਤ ਤਕਸੀਮ ਸੰਬੰਧੀ ਇਤਰਾਜ਼ ਹੈ ਤਾਂ ਨਿਮਨਹਸਤਾਖਰ ਦੀ ਅਦਾਲਤ ਵਿਚ ਮਿਤੀ 16.7.2025 ਨੂੰ ਅਸਾਲਤਨ ਜਾਂ ਵਕਾਲਤਨ ਹਾਜ਼ਰ ਹੋ ਕੇ ਆਪਣੀ ਚਾਰਾਜੋਈ ਕਰ ਸਕਦਾ ਹੈ। ਹਾਜ਼ਰ ਨਾ ਆਉਣ ਦੀ ਸੂਰਤ ਵਿਚ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਸਹੀ/-ਸਹਾਇਕ ਕੁਲੈਕਟਰ ਦਰਜਾ ਅੱਵਲ ਮਮਦੋਟ।

### COURT NOTICE

(U/o 5 Rule 20 CPC)
In The Court of
Hasan Deep Singh Bajwa
Additional Civil Judge (Senior Division), Kharar
CNR No. PBSAA0-001870-2024
Next Date:- 02-07-2025
SUCC/36/2024
Kamal Preet W/o Bhupinder Singh R/o H.No. 79, Ambika Green Avenue, Vill. Khanpur, Kharar SAS Nagar Mohali and Bhupinder Singh S/o Mohan Singh
Vs.
General Public and others
Publication Issued To:
General Public
General Public

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 02-07-2025 at 10:00 a.m.

For details logon to https://highcourtchd.gov.in/?mod=district_notice&district=mogacourt

Additional Civil Judge (Senior Division) Kharar
Dated, this day of 03-05-2025


### ਉੱਤਰ ਰੇਲਵੇ

**ਅਨੁਬੰਧ ਦੇ ਆਧਾਰ ਉਤੇ ਅੰਸ਼ਕਾਲਿਕ ਦੰਤ ਸ਼ਲਯ ਚਿਕਿਤਸਕ ਦੀ ਭਰਤੀ**

ਅਨੁਬੰਧ ਦੇ ਆਧਾਰ ਉਤੇ ਪਾਰਟ ਟਾਈਮ ਡੈਂਟਲ ਸਰਜਨ ਦੇ 01 ਪਦ ਦੇ ਲਈ ਵਾਕ-ਇਨ-ਇੰਟਰਵਿਊ ਜੋ ਕਿ ਸ਼ੁਰੂ ਵਿਚ ਇਕ ਸਾਲ ਦੇ ਸਮੇਂ ਦੇ ਲਈ, ਸਬ-ਡਵੀਜਨਲ ਹਸਪਤਾਲ, ਅੰਮ੍ਰਿਤਸਰ ਵਿਚ ਤੈਨਾਤ ਕੀਤਾ ਜਾਵੇਗਾ, 03.07.2025 ਨੂੰ ਮੰਡਲ ਰੇਲ ਪ੍ਰਬੰਧਕ ਦਫਤਰ, ਫਿਰੋਜ਼ਪੁਰ ਦੇ ਸਮਿਤੀ ਹਾਲ ਵਿਚ ਆਯੋਜਿਤ ਕੀਤਾ ਜਾਵੇਗਾ। ਇਛੁੱਕ ਉਮੀਦਵਾਰ ਵੇਬਸਾਈਟ www.nr.indianrailways.gov.in (>ਸਮਾਚਾਰ ਅਤੇ ਭਰਤੀ ਜਾਣਕਾਰੀ>ਭਰਤੀ ਜਾਣਕਾਰੀ) ਤੋਂ ਆਵੇਦਨ ਪੱਤਰ ਅਤੇ ਸਾਰੇ ਸਬੰਧਿਤ ਨਿਯਮ ਅਤੇ ਸ਼ਰਤਾਂ ਡਾਊਨਲੋਡ ਕਰ ਸਕਦੇ ਹਨ। ਕਿਸੀ ਵੀ ਪ੍ਰਸ਼ਨ ਦੇ ਲਈ 9878823457, 9540096053 ਉਤੇ ਸੰਪਰਕ ਕਰੋ।

1824/25
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


### ਅਦਾਲਤੀ ਇਸ਼ਤਿਹਾਰ

**ਬਾ ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ-ਦੂਜਾ, ਅੰਮ੍ਰਿਤਸਰ-2**

ਕੇਸ ਨੰਬਰ: 18/ਟੀ.2 ਕਿਸਮ ਕੇਸ : ਦਰੁਸਤੀ ਗਿਰਦਾਵਰੀ ਪਿੰਡ : ਇਬਨ ਕਲਾਂ ਤਾਰੀਖ ਪੇਸ਼ੀ 08.07.2025

ਨਰਿੰਦਰ ਕੌਰ ਵਿਧਵਾ ਕਸ਼ਮੀਰ ਸਿੰਘ ਪੁੱਤਰ ਪ੍ਰੀਤਮ ਸਿੰਘ, ਵਾਸੀ ਪਿੰਡ ਇਬਨ ਕਲਾਂ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ। ....ਸਾਇਲ ਧਿਰ

ਬਨਾਮ

ਗੱਜਣ ਸਿੰਘ ਪੁੱਤਰ ਕੇਹਰ ਸਿੰਘ, ਵਾਸੀ ਪਿੰਡ ਇਬਨ ਕਲਾਂ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਅਤੇ ਹੋਰ। ... ਉੱਤਰਵਾਦੀ ਧਿਰਾਂ

ਦਰਖਾਸਤ ਦਰੁਸਤੀ ਗਿਰਦਾਵਰੀ ਭੂਮੀ ਰਕਬਾ 88 ਕਨਾਲ 0 ਮਰਲੇ, ਵਾਕਿਆ ਰਕਬਾ ਪਿੰਡ ਇਬਨ ਕਲਾਂ, ਹੱਦ ਬਸਤ ਨੰਬਰ : 275, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ।

ਉਪਰੋਕਤ ਅਨੁਵਾਨ ਕੇਸ ਵਿੱਚ ਤਾਰੀਖ ਪੇਸ਼ੀ 08.07.2025 ਨਿਸ਼ਚਿਤ ਹੋਈ ਹੈ। ਇਸ ਕੇਸ ਵਿੱਚ ਹੇਠਾਂ ਲਿਖੇ ਉੱਤਰਵਾਦੀਆਂ ਨੂੰ ਇਸ ਅਦਾਲਤੀ ਇਸ਼ਤਿਹਾਰ/ਅਖਬਾਰ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਮਿਤੀ 08.07.2025 ਨੂੰ ਸਵੇਰੇ 10:00 ਵਜੇ ਨਿਮਨਹਸਤਾਖਰ ਦੀ ਅਦਾਲਤ ਵਿੱਚ ਵਕਾਲਤਨ ਜਾਂ ਅਸਾਲਤਨ ਹਾਜ਼ਰ ਆ ਕੇ ਆਪਣਾ ਪੱਖ ਪੇਸ਼ ਕੀਤਾ ਜਾਵੇ ਅਤੇ ਕੇਸ ਦੀ ਪੈਰਵੀ ਕੀਤੀ ਜਾਵੇ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਕਾਨੂੰਨ ਅਨੁਸਾਰ ਕਰਦੇ ਹੋਏ ਇਨ੍ਹਾਂ ਦੇ ਖਿਲਾਫ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਵੀ ਉਜ਼ਰ ਨਹੀਂ ਸੁਣਿਆ ਜਾਵੇਗਾ। ਇਹ ਨੋਟਿਸ ਮੇਰੇ ਹਸਤਾਖਰਾਂ ਅਤੇ ਦਫਤਰੀ ਮੋਹਰ ਨਾਲ ਜਾਰੀ ਕੀਤਾ ਗਿਆ ਹੈ।

ਨੰਬਰ : ਰੀਡਰ/ 1660 ਮਿਤੀ : 18/6/25 ਸਹੀ/-ਸਹਾਇਕ ਕੁਲੈਕਟਰ ਦਰਜਾ-ਦੂਜਾ, ਅੰਮ੍ਰਿਤਸਰ-2

ਉੱਤਰਵਾਦੀ ਨਂ:- 1. ਗੱਜਣ ਸਿੰਘ ਪੁੱਤਰ ਕੇਹਰ ਸਿੰਘ, 3. ਜੋਗਿੰਦਰ ਸਿੰਘ ਪੁੱਤਰ ਪ੍ਰੀਤਮ ਸਿੰਘ ਪੁੱਤਰ ਨਰੈਣ ਸਿੰਘ 4. ਜਗੀਰ ਸਿੰਘ ਪੁੱਤਰ ਹਰਨਾਮ ਸਿੰਘ ਪੁੱਤਰ ਗੰਡਾ ਸਿੰਘ 5. ਸੁਰਿੰਦਰ ਕੌਰ ਵਿਧਵਾ ਜਰਨੈਲ ਸਿੰਘ ਪੁੱਤਰ ਹਰਨਾਮ ਸਿੰਘ 6. ਕੁਲਵਿੰਦਰ ਸਿੰਘ, 7. ਗੁਰਨਾਮ ਸਿੰਘ, 8. ਜਸਪਾਲ ਸਿੰਘ ਪੁੱਤਰਾਨ ਦਰਸ਼ਨ ਸਿੰਘ ਪੁੱਤਰ ਹਰਨਾਮ ਸਿੰਘ 9. ਬਲਜਿੰਦਰ ਕੌਰ, 10 ਹਰਜੀਤ ਕੌਰ 11. ਕੁਲਦੀਪ ਕੌਰ ਪੁੱਤਰੀਆਂ ਸਵਰਨ ਕੌਰ ਵਿਧਵਾ ਦਰਸ਼ਨ ਸਿੰਘ ਪੁੱਤਰ ਹਰਨਾਮ ਸਿੰਘ 12. ਲਖਵਿੰਦਰ ਸਿੰਘ ਪੁੱਤਰ ਗੱਜਣ ਸਿੰਘ ਪੁੱਤਰ ਕੇਹਰ ਸਿੰਘ 13. ਕੁਲਵਿੰਦਰ ਸਿੰਘ ਪੁੱਤਰ ਗੱਜਣ ਸਿੰਘ ਪੁੱਤਰ ਕੇਹਰ ਸਿੰਘ 14. ਜਸਵੰਤ ਕੌਰ ਵਿਧਵਾ ਕੁਲਵਿੰਦਰ ਸਿੰਘ ਪੁੱਤਰ ਗੱਜਣ ਸਿੰਘ 15. ਹਰਵਿੰਦਰ ਸਿੰਘ ਪੁੱਤਰ ਬਸੰਤ ਸਿੰਘ ਪੁੱਤਰ ਹਰਨਾਮ ਸਿੰਘ 16. ਕੁਲਵਿੰਦਰ ਸਿੰਘ ਪੁੱਤਰ ਬਸੰਤ ਸਿੰਘ ਪੁੱਤਰ ਹਰਨਾਮ ਸਿੰਘ 17. ਗੁਰਮੀਤ ਕੌਰ ਪਤਨੀ ਜਗੀਰ ਸਿੰਘ ਪੁੱਤਰ ਪ੍ਰੀਤਮ ਸਿੰਘ 18. ਸੁਰਿੰਦਰ ਸਿੰਘ ਪੁੱਤਰ ਜੋਗਿੰਦਰ ਸਿੰਘ ਪੁੱਤਰ ਹਰਨਾਮ ਸਿੰਘ 19. ਪ੍ਰਮਜੀਤ ਕੌਰ ਪੁੱਤਰੀ ਜੋਗਿੰਦਰ ਸਿੰਘ ਪੁੱਤਰ ਹਰਨਾਮ ਸਿੰਘ 20. ਪ੍ਰੀਤਮ ਕੁਮਾਰ ਪੁੱਤਰ ਨਰਿੰਦਰਪਾਲ ਸਿੰਘ ਪੁੱਤਰ ਰਾਮ ਨਾਥ 21. ਰਾਖੀ ਪਤਨੀ ਪਰਦੀਪ ਕੁਮਾਰ ਪੁੱਤਰ ਨਰਿੰਦਰਪਾਲ 22. ਨੰਦ ਸਿੰਘ ਪੁੱਤਰ ਤੇਜਾ ਸਿੰਘ ਪੁੱਤਰ ਦਿਆਲ ਸਿੰਘ 23. ਦਲਜੀਤ ਸਿੰਘ, 24. ਕੁਲਵੰਤ ਸਿੰਘ, 25. ਜਗਦੀਸ਼ ਸਿੰਘ, 26. ਪ੍ਰਮਜੀਤ ਸਿੰਘ ਪੁੱਤਰਾਨ ਸੁੰਦਰ ਸਿੰਘ ਪੁੱਤਰ ਤੇਜਾ ਸਿੰਘ, 27. ਗੁਰਮੀਤ ਕੌਰ ਪਤਨੀ ਮੋਹਨ ਸਿੰਘ, ਸਾਰੇ ਵਾਸੀਆਨ ਪਿੰਡ ਇਬਨ ਕਲਾਂ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ, 29. ਐਸਬਰੋਜ਼ ਡਿਵੈਲਪਮੈਂਟ ਪ੍ਰਾਈਵੇਟ ਲਿਮਿਟਡ।

# ਕਲਾਸੀਫਾਈਡ ਇਸ਼ਤਿਹਾਰ

### Change of Name

I, Ashish Chauhan S/o Santosh Chohan R/o 155 Shastri Nagar, Ravidass Mandir jalandhar have changed my name from Ashish to Ashish Chauhan.

I, Nassir Hassan S/o Ali Hassan R/o H. No. 4782/11-A, New Suraj Ganj, Avtar Nagar, Tehsil & Distt. Jalandhar have changed my name from Nasir Hassan to Nassir Hassan Salmani. All concerned please note.

I, Mandinder Singh S/o S.Darbara Singh R/o H. No. Chopra Colony, PO Basti Bawa Khel, Near 91 Kothi, Jalandhar, Punjab-144021, I have changed my name from Mandinder Singh to Singh Mandinder (Singh as Surname) Please note. (12148)

I, Amrit Pal Singh S/o Harbhajan Singh R/o Village Baranda, PO Garhdiwala, Tehsil Dasuya, Distt. Hoshiarpur, Punjab, India declare that i have my name Amrit Pal Singh changed to my first name Amritpal and Surname as Singh. We amended in all documents. All concerned note.

I, Manvir Singh Sehmi S/o Ravinder Singh R/o H.No.874, Gali No.2, Azad Nagar, Kot Khalsa, Amritsar, Punjab have changed my name from Manvir Singh Sehmi to Manvir Singh.

I, Gursharan Singh S/o Bhupinder Singh R/o VPO Bhilowal, Distt. Amritsar, Punjab have changed my name from Gursharan Singh to Singh is my surname and Gursharan is my given name.

I, Nirmal Dass Joggi S/o Ajit Ram,R/o H.No.63, Wadala, Jalandhar have changed my name from Nirmal Dass Joggi to Nirmal Dass Jogi.

I, Madhu W/o Prem Kumar, R/O H.No :B2-655, Gandhi Camp, Jalandhar-144008 (Punjab), have changed my name from Madhu to Nirmala. All concerned please Note.

I, Sanjot W/o Maninder Singh R/o House No. 1665, Charkharhi Mohalla, Kartarpur , Jalandhar, Punjab , India, have changed my name from Sanjot to Sanjot Kaur , in which Kaur is my surname. All concerned please note.

I, Joginder Kaur Alias Jasmeet Kaur W/o Jaswinder Singh R/o VPO Piplanwala, Tehsil and Distt. Hoshiarpur Punjab have changed my name from Joginder Kaur Alias Jasmeet Kaur to Jasmeet Kaur. Concerned note.

I, Yogesh Kumar alias Yogesh Khillan son of Gurdeep Raj resident of Ajit Nagar Near Jathere wala Gurudwara, Kapurthala have changed my name from Yogesh Kumar alias Yogesh Khillan to Yogesh Khillan.

I, Manpreet s/o Pritam Singh r/o H.No.180, New Vijay Nagar, Jalandhar, Punjab have changed my name from Manpreet to Manpreet Singh. All Please Note.

I, Rittu Verma w/o Abhishek Sharma r/o 498, Near Shehanshah Palace, New Model House, Jalandhar have changed my name to Rittu Sharma, after marriage. All Please Note.

I, Mandeep Kumar s/o Kamaljit Kumar r/o Vill. Mangat, Po. Manak, SBS Nagar Changed my name to Given name as Mandeep & Surname as Kumar. All Please Note.

I, Harpreet Singh s/o Santokh Singh r/o Vill. Bariar, Po. Ghoman, Distt. Gurdaspur have changed the spelling of my name to Harprit Singh. All Please Note.

I, John Wassley s/o Yousaf r/o H.No.513, New Jawahar Nagar, Jalandhar have changed my name from John Wassley to John Wesley. All Please Note. (R)

I, Ram Brish Rajbur s/o Biran Rajbur r/o H.No. 183, Pholriwal, Garha, Jalandhar-II, Distt. Jalandhar-144022, Punjab, India have changed my name from Ram Brish Rajbur to Ram Brish. All Please Note.

I, Gurdip Singh S/o Nirmal Singh R/o Ward No. 6, VPO. Miani, Tehsil Dasuya, Distt. Hoshiarpur have changed the spelling of my name from Gurdip Singh to Gurdeep Singh. All Please Note.

I, Prabhinderpreet Kaur W/o Karamjit Singh R/o VPO. Dholeta, Tehsil Phillaur, Distt. Jalandhar declare that Given Name as Prabhinderpreet & Surname as Kaur. All Please Note.

I, Jagjit Singh S/o Darshan Singh R/o H.No.20, Gate No. 03, PNB Bank, Park Avenue Ext. Jalandhar, Punjab have changed my name from Jagjit Singh to Singh Jagjit (Singh as Surname) All Please Note.

I, Hitherto Known as Jaspreet Kaur W/o Kiranpal Singh R/o Ward No. 1, Miani, Teh. Dasuya, (Hoshiarpur), Punjab -144202 Have changed my name and shall hereafter be known as Kaur Jaspreet. Please note.

### ਆਮ ਸੂਚਨਾ

ਮੈਂ, ਹਰਜੀਤ ਕੌਰ ਪਤਨੀ ਹਰਦੀਪ ਸਿੰਘ ਵਾਸੀ ਪਿੰਡ ਜਲਾਲਾਬਾਦ ਪੂਰਬੀ, ਤਹਿ. ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੈਨੂੰ ਮਨਜੀਤ ਕੌਰ ਦੇ ਨਾਂਅ ਨਾਲ ਵੀ ਨਾਲ ਜਾਣਿਆ ਜਾਂਦਾ ਹੈ। ਹੁਣ ਮੈਂ ਆਪਣਾ ਨਾਂਅ ਹਰਜੀਤ ਕੌਰ ਤੋਂ ਬਦਲ ਕੇ ਮਨਜੀਤ ਕੌਰ ਰੱਖ ਲਿਆ ਹੈ।

ਮੈਂ, ਗੁਰਵਿੰਦਰ ਕੌਰ ਪਤਨੀ ਚਰਨਜੀਤ ਸਿੰਘ ਵਾਸੀ ਪਿੰਡ ਮੰਦਰ ਕਲਾਂ, ਤਹਿਸੀਲ ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੈਨੂੰ ਸੁਰਜੀਤ ਕੌਰ ਦੇ ਨਾਂਅ ਨਾਲ ਵੀ ਜਾਣਿਆ ਜਾਂਦਾ ਹੈ। ਹੁਣ ਮੈਂ ਆਪਣਾ ਨਾਂਅ ਗੁਰਵਿੰਦਰ ਕੌਰ ਤੋਂ ਬਦਲ ਕੇ ਸੁਰਜੀਤ ਕੌਰ ਰੱਖ ਲਿਆ ਹੈ।

ਮੈਂ, ਗੁਰਜੀਤ ਕੌਰ ਪਤਨੀ ਗੁਰਦੀਪ ਸਿੰਘ ਵਾਸੀ ਪਿੰਡ ਜਲਾਲਾਬਾਦ ਪੂਰਬੀ, ਤਹਿ. ਧਰਮਕੋਟ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੈਨੂੰ ਰਣਜੀਤ ਕੌਰ ਦੇ ਨਾਂਅ ਨਾਲ ਵੀ ਜਾਣਿਆ ਜਾਂਦਾ ਹੈ। ਹੁਣ ਮੈਂ ਆਪਣਾ ਨਾਂਅ ਰਣਜੀਤ ਕੌਰ ਰੱਖ ਲਿਆ ਹੈ।

ਮੈਂ, ਭੁਪਿੰਦਰ ਕੌਰ ਪਤਨੀ ਗੁਰਬਖਸ਼ਇੰਦਰ ਸਿੰਘ, ਵਾਸੀ ਪਿੰਡ ਤੇ ਡਾਕਖਾਨਾ ਬਿਨਪਾਲਕੇ, ਜ਼ਿਲ੍ਹਾ ਜਲੰਧਰ, ਪੰਜਾਬ ਸੂਚਿਤ ਕਰਦੀ ਹਾਂ ਕਿ ਮੇਰਾ ਪਤੀ ਗੁਰਬਖਸ਼ਇੰਦਰ ਸਿੰਘ ਪੁੱਤਰ ਬਲਵੀਰ ਸਿੰਘ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੈ। ਇਸ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵਗਾ, ਕਿਉਂਕਿ ਸਾਡਾ ਇਸ ਨਾਲ ਕੋਈ ਸੰਬੰਧ ਵਾਸਤਾ ਨਹੀਂ ਰਿਹਾ। ਸੰਬੰਧਤ ਨੋਟ ਕਰਨ।

ਮੈਂ, ਤਲਵਿੰਦਰ ਕੌਰ ਪੁੱਤਰੀ ਕੁਲਦੀਪ ਸਿੰਘ ਵਾਸੀ ਮਿਆਦੀ ਕਲਾਂ, ਤਹਿਸੀਲ ਲੋਪੋਕੇ ਹਾਲ ਪਤਨੀ ਸ਼ਮਸ਼ੇਰ ਸਿੰਘ ਵਾਸੀ ਲੇਲੀਆਂ, ਪ੍ਰੀਤ ਨਗਰ, ਤਹਿਸੀਲ ਲੋਪੋਕੇ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੇ ਆਧਾਰ ਕਾਰਡ 'ਤੇ ਮੇਰਾ ਨਾਂਅ ਤਲਵਿੰਦਰ ਕੌਰ ਹੈ ਅਤੇ ਮਾਲ ਦੇ ਰਿਕਾਰਡ ਵਿਚ ਮੇਰਾ ਨਾਂਅ ਤਲਜਿੰਦਰ ਕੌਰ ਚਲਦਾ ਹੈ। ਮੈਨੂੰ ਤਲਵਿੰਦਰ ਕੌਰ ਤੇ ਤਲਜਿੰਦਰ ਕੌਰ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ।

### ਆਮ ਸੂਚਨਾ

[illegible]

### ਨਾਂਅ ਦੀ ਬਦਲੀ

[illegible]

### ਬੇਦਖਲੀ ਨੋਟਿਸ

[illegible]

ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਗੁਰਮੀਤ ਕੌਰ ਢਿੱਲੋਂ ਪਤਨੀ ਰਘੁਬੀਰ ਸਿੰਘ ਢਿੱਲੋਂ, ਵਾਸੀ ਗੰਡੀਵਿੰਡ, ਸਰਾਏ ਅਮਾਨਤ ਖਾਂ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਮਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਸੰਬੰਧ-ਵਾਸਤਾ ਨਹੀਂ ਹੈ।

ਅਸੀਂ, ਸੁਧੀਰ ਪੁੱਤਰ ਵਿਜੇ ਕੁਮਾਰ ਅਤੇ ਜੋਯਤੀ ਪਤਨੀ ਸੁਧੀਰ ਵਾਸੀਆਨ ਮਕਾਨ ਨੰ: 43, ਨੇੜੇ ਪ੍ਰਾਇਮਰੀ ਸਕੂਲ ਵੜਿੰਗ, ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਰਤਿੰਜੇ ਸਾਡੇ ਕਹਿਣੇ ਤੋਂ ਬਾਹਰ ਹੈ ਤੇ ਸਾਡੇ ਨਾਲ ਲੜਾਈ-ਝਗੜਾ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਹਰਮੇਸ਼ ਪਾਲ ਪੁੱਤਰ ਸਦੀਕ ਵਾਸੀ ਨੰਗਲ ਲਮੀਨ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਭੀਸ਼ੇਕ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਹੁਣ ਮੇਰਾ ਇਸ ਨਾਲ ਕੋਈ ਵੀ ਵਾਸਤਾ ਨਹੀਂ ਰਿਹਾ।

ਮੈਂ, ਅਮਰਜੀਤ ਕੌਰ ਕਲਸੀ ਪਤਨੀ ਲੇਟ ਸ. ਗੁਰਦੀਪ ਸਿੰਘ ਕਲਸੀ ਵਾਸੀ ਮਕਾਨ ਨੰ. 30, ਬੈਕਸਾਇਡ ਲਕਸ਼ਮੀ ਪੈਲੇਸ, ਪ੍ਰਤਾਪ ਰੋਡ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਕਲਸੀ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਅੰਗਰੇਜ਼ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਪਿੰਡ ਗੱਗੋਬੂਆ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਕਰਨ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

ਅਸੀਂ ਰਾਜੂ ਪੁੱਤਰ ਬਖਸ਼ੀਸ਼ ਸਿੰਘ ਅਤੇ ਪ੍ਰਵੀਨ ਪਤਨੀ ਰਾਜੂ ਵਾਸੀਆਨ ਮਕਾਨ ਨੰਬਰ 4546, ਸ੍ਰੀ ਰਾਮ ਐਵੀਨਿਊ ਮਜੀਠਾ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੀ ਨੂੰਹ ਨੀਤੂ ਪਤਨੀ ਲੇਟ ਮੰਨੀ ਕੁਮਾਰ ਅਤੇ ਸਾਡਾ ਪੋਤਰਾ ਆਸ਼ੀਸ਼ ਅਤੇ ਪੋਤਰੀ ਅੰਸ਼ਿਕਾ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੋਵੇਗਾ।

ਅਸੀਂ,ਮੇਹਰ ਸਿੰਘ ਪੁੱਤਰ ਤਾਰਾ ਸਿੰਘ ਅਤੇ ਸੁਖਵਿੰਦਰ ਕੌਰ ਪਤਨੀ ਮੇਹਰ ਸਿੰਘ ਵਾਸੀ ਮਕਾਨ ਨੰ: 42, ਗਲੀ ਨੰ: 20, ਨਿਊ ਗੁਰਨਾਮ ਨਗਰ, ਮੰਦਰ ਵਾਲਾ ਬਾਜ਼ਾਰ, ਸੁਲਤਾਨਵਿੰਡ ਰੋਡ,ਅੰਮ੍ਰਿਤਸਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਾਜਵਿੰਦਰ ਸਿੰਘ ਅਤੇ ਉਸ ਦੀ ਪਤਨੀ ਸ਼ੀਖਾ ਅਤੇ ਪੋਤਰਾ ਮਨਕੀਰਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੋਵੇਗਾ।

ਮੈਂ, ਰੇਸ਼ਮ ਕੌਰ ਵਿਧਵਾ ਭਜਨ ਲਾਲ ਵਾਸੀ ਪੱਦੀ ਜਗੀਰ, ਤਹਿ: ਫਿਲੌਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਮੀਤ ਰਾਮ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਜੀਤ ਸਿੰਘ ਪੁੱਤਰ ਦਲੀਪ ਸਿੰਘ, ਪਿੰਡ ਨੱਤ (ਸੰਗਰੂਰ) ਆਪਣੀ ਲੜਕੀ ਬਿੰਦਰ ਕੌਰ ਪਤਨੀਂ ਮੇਵਾ ਸਿੰਘ, ਦੋਹਤਾ ਕ੍ਰਿਸ਼ਨ ਸਿੰਘ ਵਾਸੀਆਨ ਧਨੌਲਾ (ਬਰਨਾਲਾ) ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਮੈਂ, ਬਲਵਿੰਦਰ ਕੌਰ ਪਤਨੀ ਵਿਧਵਾ ਲੇਟ ਸ. ਹਰਬੰਸ ਸਿੰਘ (69) ਸਾਲ ਵਾਸੀ ਪਿੰਡ ਬਸਰਾਮਪੁਰ, ਡਾਕ. ਪੱਤੜ ਕਲਾਂ, ਤਹਿਸੀਲ ਕਰਤਾਰਪੁਰ, ਜ਼ਿਲ੍ਹਾ ਜਲੰਧਰ - 144806, ਮੇਰੇ ਲੜਕੇ ਗੁਰਬਖਸ਼ ਸਿੰਘ ਦੀ ਮੌਤ ਤੋਂ ਬਾਅਦ ਮੈਂ ਆਪਣੀ ਨੂੰਹ ਸਰਬਜੀਤ ਕੌਰ ਪਤਨੀ ਗੁਰਬਖਸ਼ ਸਿੰਘ ਅਤੇ ਆਪਣੀ ਪੋਤੀ ਜਸ਼ਨਪ੍ਰੀਤ ਕੌਰ ਅਤੇ ਪੋਤਾ ਅਮਰਦੀਪ ਸਿੰਘ, ਇਹ ਤਿੰਨੋਂ ਜਣੇ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਅਗਾਂਹ ਤੋਂ ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲੇ ਤੇ ਵਾਸਤਾ ਰੱਖਣ ਵਾਲੇ ਖੁਦ ਜ਼ਿੰਮੇਵਾਰ ਹੋਣਗੇ। ਸੰਬੰਧਤ ਨੋਟ ਕਰਨ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਖਾਦਾਂ ਦੀ ਸੁਚੱਜੀ ਵਰਤੋਂ ਲਈ ਮਿੱਟੀ ਦੀ ਟੈਸਟਿੰਗ ਜ਼ਰੂਰੀ : ਮੁੱਖ ਖੇਤੀਬਾੜੀ ਅਫ਼ਸਰ



ਸ੍ਰੀ ਮੁਕਤਸਰ ਸਾਹਿਬ, (ਕੁਲਭੂਸ਼ਨ ਚਾਵਲਾ) ਖਾਦਾਂ ਦੀ ਸੁਚੱਜੀ ਵਰਤੋਂ ਲਈ ਸਾਉਣੀ 2025 ਸੀਜ਼ਨ ਦੌਰਾਨ ਚਲਾਈ ਜਾ ਰਹੀ ਮਿੱਟੀ ਪਰਖ ਮੁਹਿੰਮ ਤਹਿਤ ਡਾ. ਕਰਨਜੀਤ ਸਿੰਘ ਗਿੱਲ ਮੁੱਖ ਖੇਤੀਬਾੜੀ ਅਫਸਰ ਵੱਲੋਂ ਜ਼ਿਲ੍ਹੇ ਦੇ ਪਿੰਡ ਕਾਉਣੀ ਅਤੇ ਭੁੱਲਰ ਵਿਖੇ ਮਿੱਟੀ ਦੇ ਸੈਂਪਲ ਇਕੱਤਰ ਕਰਾਏ ਗਏ। ਉਨ੍ਹਾਂ ਦੱਸਿਆ ਕਿ ਖਾਦਾਂ ਦੀ ਸੁਚੱਜੀ ਵਰਤੋਂ ਲਈ ਮਿੱਟੀ ਦੀ ਪਰਖ ਬਹੁਤ ਜ਼ਰੂਰੀ ਹੈ। ਖਾਦਾਂ ਦੀ ਦੁਰਵਰਤੋਂ ਨਾਲ ਨਾ ਕੇਵਲ ਭੂਮੀ ਅਤੇ ਫਸਲਾਂ ਦੀ ਸਿਹਤ 'ਤੇ ਮਾੜਾ ਅਸਰ ਪੈਂਦਾ ਹੈ, ਸਗੋਂ ਵਾਤਾਵਰਨ ਅਤੇ ਪਾਣੀ ਵੀ ਦੂਸ਼ਿਤ ਹੁੰਦਾ ਹੈ। ਮਿੱਟੀ ਪਰਖ ਤੋਂ ਜ਼ਮੀਨ ਦੀ ਉਪਜਾਊ ਸ਼ਕਤੀ, ਖਾਰੀ ਅੰਗ, ਜੈਵਿਕ ਕਾਰਬਨ ਤੇ ਜ਼ਰੂਰੀ ਤੱਤਾਂ ਦੀ ਉਪਲਬਧਤਾ ਦਾ ਪਤਾ ਲਗਦਾ ਹੈ, ਜਿਸ ਅਨੁਸਾਰ ਖਾਦਾਂ ਦੀ ਲੋੜ ਅਨੁਸਾਰ ਸੁਚੱਜੀ ਵਰਤੋਂ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਨੂੰ ਸਾਲ ਦੌਰਾਨ 14000 ਮਿੱਟੀ ਦੇ ਸੈਂਪਲ ਇਕੱਤਰ ਕਰਨ ਦਾ ਟੀਚਾ ਪ੍ਰਾਪਤ ਹੋਇਆ ਹੈ ਅਤੇ ਇਸ ਸੀਜ਼ਨ ਦੌਰਾਨ ਖੇਤੀਬਾੜੀ ਵਿਭਾਗ ਵੱਲੋਂ 6500 ਸੈਂਪਲ ਇਕੱਤਰ ਕਰਨ ਉਪਰੰਤ ਮਿੱਟੀ ਪਰਖ ਪ੍ਰਯੋਗਸ਼ਾਲਾ ਵਿੱਚ ਸੈਂਪਲ ਟੈਸਟ ਕਰਨ ਲਈ ਭੇਜੇ ਜਾਣਗੇ, ਜਿਸ ਉਪਰੰਤ ਕਿਸਾਨਾਂ ਨੂੰ ਸੁਆਇਲ ਹੈਲਥ ਕਾਰਡ ਜਾਰੀ ਕੀਤੇ ਜਾਣਗੇ। ਇਸ ਕਾਰਡ ਅਨੁਸਾਰ ਕਿਸਾਨ ਵੱਲੋਂ ਆਪਣੇ ਖੇਤਾਂ ਵਿੱਚ ਖੁਰਾਕੀ ਤੱਤਾਂ ਦੀ ਪੂਰਤੀ ਲਈ ਲੋੜ ਅਨੁਸਾਰ ਖਾਦ ਦੀ ਵਰਤੋਂ ਕੀਤੀ ਜਾਵੇਗੀ। ਇਸ ਨਾਲ ਕਿਸਾਨਾਂ ਦੇ ਖੇਤੀ ਖਰਚੇ ਘਟਣਗੇ ਤੇ ਆਮਦਨ ਵਿੱਚ ਵਾਧਾ ਹੋਵੇਗਾ। ਉਨ੍ਹਾਂ ਦੱਸਿਆ ਕਿ ਜੇਕਰ ਕੋਈ ਕਿਸਾਨ ਵੀਰ ਆਪਣੇ ਖੇਤ ਦੀ ਮਿੱਟੀ ਟੈਸਟ ਕਰਾਉਣਾ ਚਾਹੁੰਦੇ ਹਨ ਤਾਂ ਉਹ ਆਪਣੇ ਖੇਤ ਵਿੱਚ ਮਿੱਟੀ ਦਾ ਸੈਂਪਲ ਇਕੱਤਰ ਕਰਨ ਲਈ ਜਮੀਨ ਦੀ ਉਪਰਲੀ ਤਹਿ ਤੋਂ ਘਾਹ ਫੂਸ ਪਾਸੇ ਕਰਕੇ ਕਹੀ ਜਾਂ ਖੁਰਪੇ ਨਾਲ ਅੰਗਰੇਜ਼ੀ ਦੇ ਅੱਖਰ 'ਵੀ'() ਦੀ ਸ਼ਕਲ ਦਾ 6 ਇੰਚ ਡੂੰਘਾ ਟੋਇਆ ਪੁੱਟੋ, ਇਸ ਦੇ ਸਿੱਧੇ ਪਾਸਿਉਂ ਇੱਕ ਇੰਚ ਮਿੱਟੀ ਦੀ ਤਹਿ ਉਪਰੋਂ-ਥੱਲੇ ਇਕਸਾਰ ਕੱਟੋ, ਇਸ ਤਰ੍ਹਾਂ ਦੇ 7 ਤੋਂ 8 ਹੋਰ ਥਾਂਵਾਂ ਤੋਂ ਮਿੱਟੀ ਦੇ ਨਮੂਨੇ ਲਵੋ। ਸਾਰੇ ਨਮੂਨੇ ਕੱਪੜੇ 'ਤੇ ਪਾ ਕੇ ਚੰਗੀ ਤਰ੍ਹਾਂ ਮਿਲਾ ਲਵੋ ਤੇ ਇਸ ਵਿੱਚੋਂ ਅੱਧਾ ਕਿੱਲੋ ਮਿੱਟੀ ਲੈ ਕੇ ਕੱਪੜੇ ਦੀ ਥੈਲੀ ਵਿੱਚ ਪਾ ਲਵੋ। ਥੈਲੀ ਉਪਰ ਖੇਤ ਨੰਬਰ, ਕਿਸਾਨ ਦਾ ਨਾਂ ਪਤਾ ਅਤੇ ਮਿਤੀ ਆਦਿ ਜ਼ਰੂਰ ਲਿਖ ਲਵੋ। ਮਿੱਟੀ ਦਾ ਸੈਂਪਲ ਇਕੱਤਰ ਕਰਨ ਉਪਰੰਤ ਸਬੰਧਤ ਕਿਸਾਨ ਵੀਰ ਜ਼ਿਲ੍ਹੇ ਅੰਦਰ ਸਥਿਤ ਭੌਂ ਪਰਖ ਪ੍ਰਯੋਗਸ਼ਾਲਾ ਸ੍ਰੀ ਮੁਕਤਸਰ ਸਾਹਿਬ ਅਤੇ ਗਿੱਦੜਬਾਹਾ ਵਿਖੇ ਆਪਣੇ ਸੈਂਪਲ ਜਮ੍ਹਾਂ ਕਰਾ ਸਕਦੇ ਹਨ ਤੇ ਰਿਪੋਰਟ ਕਾਰਡ ਹਾਸਲ ਕਰ ਸਕਦੇ ਹਨ।

### Lost and Found

ਮੈਂ, ਵਿਨੋਦ ਰਾਣੀ ਪਤਨੀ ਰਾਮਜੀ ਦਾਸ, ਵਾਸੀ ਪਿੰਡ ਤਲਵੰਡੀ ਕਲਾਂ, ਡਾਕ/ਤਹਿ. ਮੁਕੇਰੀਆਂ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਜ਼ਮੀਨ ਰਜਿਸਟਰੀ ਵਸੀਕਾ ਨੰਬਰ 285, 19/06/2020, ਜੋ ਸੰਤੋਸ਼ ਦੇਵੀ ਪਤਨੀ ਸੱਤਪਾਲ ਪੁੱਤਰ ਅਮਰਨਾਥ ਦੇ ਨਾਂਅ ਸੀ, ਮੇਰੇ ਕੋਲੋਂ ਮਿਤੀ 24/02/2025 ਨੂੰ ਸੰਤੋਸ਼ ਦੇਵੀ ਤੋਂ ਇਹ ਰਜਿਸਟਰੀ ਕਰਵਾ ਕੇ ਮੁਕੇਰੀਆਂ ਤੋਂ ਘਰ ਜਾਂਦੇ ਕਿਤੇ ਡਿੱਗ ਗਈ ਅਤੇ ਲੱਭਣ 'ਤੇ ਨਹੀਂ ਮਿਲੀ, ਇਸ ਦੀ ਸੂਚਨਾ ਸਾਂਝ ਕੇਂਦਰ ਮੁਕੇਰੀਆ LR NO.600841/2025 ਵਿਖੇ 10/06/2025 ਨੂੰ ਕੀਤੀ ਹੈ।

### Lost and Found

I, Sandeep Kumari W/o Sukhdev Singh R/o VPO. Samrai, Tehsil Phillaur, Distt. Jalandhar-144032, Punjab declare that I have lost Original Registered Sale Deed Dated 21-06-2016, Documents No. 473 & Original Registered Sale Deed Dated 27-10-2015, Documents No. 746 on dated 01-06-2025. That I tried a lot to find the said documents but I could not find it. That If anyone finds my documents then contact me at above address. All concerned please note.

### PUBLIC NOTICE

I, Pardeep Singh S/o Gurmail Singh R/o VPO Raipur Rasulpur, Jalandhar -144012, certified that I have misplaced the receipt of sold my vehicle no. PB08-AM-2512 (Make Bullet, Model 2003, Colour Silver ) to someone in 2008 , who never make transfer in his personal name still running in my name as per online record, having no contact with that person at present. If anybody found the receipt can contact me at. (M):- 75280-34490.

### ਬੇਦਖਲੀ ਨੋਟਿਸ

ਮੈਂ ਰਾਣੀ ਪਤਨੀ ਸੁਰਿੰਦਰਪਾਲ ਸਿੰਘ ਵਾਸੀ ਮਕਾਨ ਨੰਬਰ 45, ਗਲੀ ਨੰਬਰ 2, ਨੀਵੀਂ ਪੱਤੀ, ਗੁਰੂ ਰਾਮਦਾਸ ਨਗਰ, ਕੋਟ ਖਾਲਸਾ, ਅੰਮ੍ਰਿਤਸਰ, ਆਪਣੇ ਪੁੱਤਰ ਹਰਦੀਪ ਕੁਮਾਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਇਸਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਪਰਮਜੀਤ ਕੌਰ ਪਤਨੀ ਸਵਰਗਵਾਸੀ ਲੀਲਾ ਸਿੰਘ ਵਾਸੀ ਗਾਗਾ ਤਹਿਸੀਲ ਲਹਿਰਾ( ਸੰਗਰੂਰ) ਹਲਫ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਾਜਿੰਦਰ ਸਿੰਘ ਤੇ ਨੂੰਹ ਬਬਲੀ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਵਾਲਾ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ਅੱਜ ਤੋਂ ਬਾਅਦ ਮੇਰਾ ਤੇ ਮੇਰੇ ਪਰਿਵਾਰ ਦਾ ਰਾਜਿੰਦਰ ਸਿੰਘ ਅਤੇ ਬਬਲੀ ਨਾਲ ਕੋਈ ਤਾਲੁਕ ਸੰਬੰਧ ਨਹੀਂ ਹੈ। ਇਹ ਆਪਣੇ ਨਫੇ ਨੁਕਸਾਨ ਦੇ ਖੁਦ ਜ਼ਿੰਮੇਵਾਰ ਹੋਣਗੇ।

ਮੈਂ ਦਲਬੀਰ ਸਿੰਘ ਪੁੱਤਰ ਫਲੀ ਸਿੰਘ ਵਾਸੀ ਪਿੰਡ ਭਰਥਵਾਲ, ਡਾਕਖਾਨਾ ਰਿਆਲੀ, ਤਹਿਸੀਲ ਬਟਾਲਾ, ਜਿਲ੍ਹਾਂ ਗੁਰਦਾਸਪੁਰ। ਮੇਰਾ ਲੜਕਾ ਤਰਸੇਮ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੇ ਲੜਕੇ ਨੂੰ ਅਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੋਵੇਗਾ। ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬਧਤ ਨੋਟ ਕਰਨ।

ਮੈ ਪਰਮਜੀਤ ਕੌਰ ਵਿਧਵਾ ਪਤਨੀ ਕਰਮਜੀਤ ਸਿੰਘ ਪੁੱਤਰ ਫਕੀਰ ਸਿੰਘ ਪਿੰਡ ਲੋਪੋ ਮੈ ਹਲਫ਼ੀਆ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਬਲਜੀਤ ਕੌਰ ਪੁੱਤਰੀ ਕਰਮਜੀਤ ਸਿੰਘ ਬੁਰੀ ਸੰਗਤ ਵਿੱਚ ਪੈ ਗਈ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ ਇਹ ਕਿ ਮੇਰੀ ਲੜਕੀ ਨੇ ਆਪਦੀ ਮਰਜ਼ੀ ਨਾਲ ਸ਼ਾਦੀ ਕਰਵਾਈ ਹੈ ਇਸ ਲਈ ਮੈਂ ਆਪਣੀ ਲੜਕੀ ਬਲਜੀਤ ਕੌਰ ਨੂੰ ਆਪਦੀ ਚੱਲ ਅਚੱਲ ਜਾਇਦਾਦ ਤੂੰ ਬੇਦਖਲ ਕਰਦੀਆਂ ਜਿੱਥੇ ਕਿਤੇ ਵੀ ਭਾਰਤ ਵਰਸ਼ ਵਿੱਚ ਹੋਵੇ ਸਮੇਤ ਬੈਂਕ ਬੈਲੰਸ ਵਿੱਚ ਕੋਈ ਹੱਕ ਦੀ ਭਾਗੀਦਾਰ ਨਹੀਂ ਹੋਵੇਗੀ । ਇਸ ਲਈ ਜੋ ਉਹਨਾਂ ਨਾਲ ਲੈਣ ਦੇਣ ਕਰੇਗਾ ਉਹ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਯਸ਼ ਪਾਲ ਸ਼ਰਮਾ ਪੁੱਤਰ ਲੇਟ ਸ੍ਰੀ ਕਿਸ਼ਨ ਚੰਦ ਸ਼ਰਮਾ ਅਤੇ ਨਰੇਸ਼ ਕੁਮਾਰੀ ਪਤਨੀ ਯਸ਼ ਪਾਲ ਸ਼ਰਮਾ ਵਾਸੀਆਨ ਮਕਾਨ ਨੰ: 39/40, ਗਰੀਨ ਐਵੀਨਿਊ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰਿਸ਼ੀ ਸ਼ਰਮਾ ਅਤੇ ਉਸ ਦੀ ਪਤਨੀ ਰੁਚੀਰਾ ਸ਼ਰਮਾ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਇਕਬਾਲ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਵਾਰਡ ਨੰ: 12, ਆਦਰਸ਼ ਨਗਰ, ਨਿਹਾਲ ਸਿੰਘ ਵਾਲਾ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਮਨਦੀਪ ਸਿੰਘ ਅਤੇ ਨੂੰਹ ਜੋਤੀ ਕੌਰ ਪਤਨੀ ਰਮਨਦੀਪ ਸਿੰਘ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ ਹੋਵੇਗਾ।

ਮੈਂ ਮਹਿੰਦਰ ਸਿੰਘ ਪੁੱਤਰ ਗੇਸਾ ਸਿੰਘ ਵਾਸੀ ਪਿੰਡ ਗਰੰਥਗੜ੍ਹ ਤਹਿਸੀਲ ਬਟਾਲਾ ਜਿਲ੍ਹਾਂ ਗੁਰਦਾਸਪੁਰ । ਮੇਰਾ ਲੜਕਾ ਮਲਕੀਤ ਸਿੰਘ ਅਤੇ ਨੂੰਹ ਆਰਤੀ ਮੇਰੇ ਕਹਿੰਣੇ ਸੁਣਨੇ ਤੋਂ ਬਾਹਰ ਹਨ। ਮੈਂ ਆਪਣੇ ਲੜਕੇ ਮਲਕੀਤ ਸਿੰਘ ਅਤੇ ਨੂੰਹ ਆਰਤੀ ਨੂੰ ਅਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੋਵੇਗਾ। ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬਧਤ ਨੋਟ ਕਰਨ।

ਮੈਂ ਮਹਿੰਦਰ ਸਿੰਘ ਪੁੱਤਰ ਗੇਸਾ ਸਿੰਘ ਵਾਸੀ ਪਿੰਡ ਗਰੰਥਗੜ੍ਹ ਤਹਿਸੀਲ ਬਟਾਲਾ ਜਿਲ੍ਹਾਂ ਗੁਰਦਾਸਪੁਰ। ਮੇਰਾ ਲੜਕਾ ਰਵਿੰਦਰ ਸਿੰਘ ਅਤੇ ਨੂੰਹ ਰਜਨੀ ਮੇਰੇ ਕਹਿੰਣੇ ਸੁਣਨੇ ਤੋਂ ਬਾਹਰ ਹਨ। ਮੈਂ ਆਪਣੇ ਲੜਕੇ ਰਵਿੰਦਰ ਸਿੰਘ ਅਤੇ ਨੂੰਹ ਰਜਨੀ ਨੂੰ ਅਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਹੋਵੇਗਾ। ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬਧਤ ਨੋਟ ਕਰਨ।

ਮੈਂ ਪਰਮਜੀਤ ਕੌਰ ਵਿਧਵਾ ਗੁਰਮੇਜ਼ ਸਿੰਘ ਵਾਸੀ ਕਸੇਲ ਜ਼ਿਲ੍ਹਾ ਤਰਨਤਾਰਨ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੰਨੀ ਸਿੰਘ ਬੁਰੀ ਸੰਗਤ ਵਿੱਚ ਪੈ ਗਿਆਂ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸਨੂੰ ਆਪਣੀ ਚੱਲ/ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸੁਨੀਤਾ ਪਤਨੀ ਰਾਕੇਸ਼ ਕੁਮਾਰ ਵਾਸੀ ਮਕਾਨ ਨੰਬਰ 1585/40 ਰਾਮ ਤੀਰਥ ਰੋਡ ਗਵਾਲ ਮੰਡੀ ਅੰਮ੍ਰਿਤਸਰ, ਪੰਜਾਬ-143001 ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੂਰਜ ਅਤੇ ਉਸ ਦੀ ਪਤਨੀ ਹੰਨਾ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੋਵੇਗਾ।

ਮੈਂ, ਰਣਜੀਤ ਕੌਰ ਪਤਨੀਂ ਹਰੀ ਸਿੰਘ, ਪਿੰਡ ਭੁੱਲਰਹੇੜੀ (ਸੰਗਰੂਰ) ਆਪਣੀ ਲੜਕੀ ਜਸਵਿੰਦਰ ਕੌਰ ਪਤਨੀਂ ਰਾਜੂ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਮੈਂ ਪਰਮਜੀਤ ਕੌਰ ਵਿਧਵਾ ਗੁਰਮੇਜ਼ ਸਿੰਘ ਵਾਸੀ ਕਸੇਲ ਜ਼ਿਲ੍ਹਾ ਤਰਨਤਾਰਨ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੰਨੀ ਸਿੰਘ ਬੁਰੀ ਸੰਗਤ ਵਿੱਚ ਪੈ ਗਿਆਂ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸਨੂੰ ਆਪਣੀ ਚੱਲ/ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਪਵਨ ਕੁਮਾਰ ਪੁੱਤਰ ਬਾਲ ਕ੍ਰਿਸ਼ਨ ਵਾਸੀ 253/4, ਪੰਛੀ ਕਾਲੋਨੀ, ਆਈ ਟੀ ਆਈ ਗੁਰਦਾਸਪੁਰ। ਮੇਰਾ ਲੜਕਾ ਸਾਹਿਲ ਆਨੰਦ ਉਰਫ ਗੌਰਵ ਅਤੇ ਉਸ ਦੀ ਪਤਨੀ ਸੁਰਭੀ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

# ਪੈਨਸ਼ਨਰਾਂ ਦੀ ਸੋਧੀ ਹੋਈ ਲੀਵ ਇਨ ਕੈਸ਼ਮੈਂਟ ਦੇ ਬਿੱਲ ਢਾਈ ਮਹੀਨਿਆਂ ਤੋਂ ਰੁਲ ਰਹੇ ਨੇ ਖਜ਼ਾਨਾ ਦਫਤਰਾਂ 'ਚ

ਝਬਾਲ, (ਹਰਜਿੰਦਰ ਸਿੰਘ ਸੋਨੀ)- ਪੰਜਾਬ ਦੀਆਂ ਵੱਖ ਵੱਖ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਸਾਂਝੇ ਸੰਘਰਸ਼ ਅਤੇ ਅਦਾਲਤੀ ਪ੍ਰਕਿਰਿਆ ਦੇ ਦਬਾਅ ਸਦਕਾ ਵਿੱਤ ਵਿਭਾਗ ਪੰਜਾਬ ਸਰਕਾਰ ਵੱਲੋਂ 18 ਫਰਵਰੀ 2025 ਨੂੰ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਰਾਹੀਂ 1 ਜਨਵਰੀ 2016 ਤੋਂ 30 ਜੂਨ 2021 ਦਰਮਿਆਨ ਸੇਵਾ ਮੁਕਤ ਹੋਣ ਵਾਲੇ ਪੈਨਸ਼ਨਰਾਂ ਨੂੰ ਸੋਧੀ ਹੋਈ ਲੀਵ ਇਨਕੈਸ਼ਮੈਂਟ ਦੀ 25 ਫੀਸਦੀ ਪਹਿਲੀ ਕਿਸ਼ਤ ਅਪ੍ਰੈਲ 2025 ਵਿੱਚ ਅਦਾ ਕਰਨ ਬਾਰੇ ਲਿਖਿਆ ਗਿਆ ਸੀ। ਇਸ ਦੀ ਪਾਲਣਾ ਕਰਦੇ ਹੋਏ ਵੱਖ ਵੱਖ ਵਿਭਾਗਾਂ ਦੇ ਡੀ ਡੀ ਓਜ਼ ਨੇ ਵੱਡੀ ਗਿਣਤੀ ਵਿੱਚ ਸਬੰਧਤ ਪੈਨਸ਼ਨਰਾਂ ਦੇ ਬਣਦੇ ਬਿੱਲ ਪੰਜਾਬ ਦੇ ਵੱਖ-ਵੱਖ ਖਜ਼ਾਨਾ ਦਫਤਰਾਂ ਵਿੱਚ ਜਮ੍ਹਾ ਕਰਵਾਏ ਗਏ ਬਿੱਲ ਪੰਜਾਬ ਸਰਕਾਰ ਦੇ ਖਜ਼ਾਨਾ ਵਿਭਾਗ ਵੱਲੋਂ ਅਦਾਇਗੀਆਂ ਕਰਨ ਸਬੰਧੀ ਅਣਐਲਾਨੀਆਂ ਪਾਬੰਦੀਆਂ ਲਗਾਈਆਂ ਹੋਣ ਕਰਕੇ ਇਹ ਬਿੱਲ ਲਮਕ ਅਵਸਥਾ ਵਿੱਚ ਪਏ ਹਨ ਅਤੇ ਖਜ਼ਾਨਾ ਦਫਤਰਾਂ ਵਿੱਚ ਰੁਲ ਰਹੇ ਹਨ ਜਦਕਿ ਅਪ੍ਰੈਲ ਅਤੇ ਮਈ ਮਹੀਨੇ ਪੂਰੇ ਅਤੇ ਜੂਨ ਮਹੀਨੇ ਦੇ ਅੱਧੇ ਤੋਂ ਵੱਧ ਦਿਨ ਲੰਘ ਚੁੱਕੇ ਹਨ।ਪਰ ਅਜੇ ਤੱਕ ਇੱਕ ਵੀ ਪੈਨਸ਼ਨਰ ਨੂੰ ਸੋਧੀ ਹੋਈ ਲੀਵ ਇਨ ਕੈਸ਼ਮੈਂਟ ਦੀ ਅਦਾਇਗੀ ਨਹੀਂ ਹੋਈ। ਇਸ ਸਬੰਧ ਵਿੱਚ ਪੰਜਾਬ ਪੈਨਸ਼ਨਰਜ਼ ਯੂਨੀਅਨ ਸੰਬੰਧਤ ਏਟਕ ਦੇ ਸੂਬਾਈ ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾ ਕਾਰਜਕਾਰੀ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਅਤੇ ਗੁਰਜੀਤ ਸਿੰਘ ਘੋੜੇਵਾਹ ਅਤੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਤੇ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਮੰਗਵਾਲ, ਗੁਰਮੇਲ ਸਿੰਘ ਮੈਲਡੇ ਅਤੇ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਸੂਬਾ ਸਲਾਹਕਾਰ ਬਲਕਾਰ ਵਲਟੋਹਾ , ਕਾਰਜ ਸਿੰਘ ਕੈਰੋਂ ਨੇ ਕਿਹਾ ਕਿ ਇਹ ਅਣਐਲਾਨੀਆਂ ਪਾਬੰਦੀਆਂ ਇਸ ਗੱਲ ਦਾ ਸੰਕੇਤ ਹਨ ਕਿ ਪੰਜਾਬ ਦਾ ਵਿੱਤੀ ਸੰਕਟ ਦਿਨੋ ਦਿਨ ਗੰਭੀਰ ਹੁੰਦਾ ਜਾ ਰਿਹਾ ਹੈ । ਇਸ ਦੇ ਬਾਵਜੂਦ ਪੰਜਾਬ ਸਰਕਾਰ ਵੱਲੋਂ ਹਰ ਰੋਜ਼ ਫੋਕੀ ਇਸ਼ਿਤਿਹਾਰਬਾਜ਼ੀ ਰਾਹੀਂ ਲੋਕਾਂ ਦੇ ਖਜ਼ਾਨੇ ਦੇ ਕਰੋੜਾਂ ਰੁਪਏ ਬਰਬਾਦ ਕੀਤੇ ਜਾ ਰਹੇ ਹਨ। ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੰਜਾਬ ਦੇ ਖਜ਼ਾਨਾ ਦਫਤਰਾਂ ਵਿੱਚ ਅਦਾਇਗੀਆਂ ਕਰਨ ਦੇ ਹਰ ਕਿਸਮ ਦੇ ਬਿੱਲਾਂ ਦੇ ਲਾਈਆਂ ਗਈਆਂ ਪਾਬੰਦੀਆਂ ਤੁਰੰਤ ਖਤਮ ਕਰਕੇ ਲਮਕ ਅਵਸਥਾ ਵਿੱਚ ਪਏ ਸੋਧੀ ਹੋਈ ਲੀਵ ਇਨ ਕੈਸ਼ਮੈਂਟ ਦੇ ਬਿੱਲ ਅਤੇ ਹੋਰ ਵੱਖ ਵੱਖ ਕਿਸਮ ਦੇ ਬਿੱਲ ਤੁਰੰਤ ਪਾਸ ਕਰਕੇ ਸਬੰਧਤ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਬਣਦੀ ਅਦਾਇਗੀ ਕੀਤੀ ਜਾਵੇ।

# ਸਮਾਜ ਦੇ ਹਰ ਵਰਗ ਦੀ ਭਲਾਈ ਲਈ ਕੰਮ ਕਰ ਰਹੀ ਐ ਕੇਂਦਰ ਸਰਕਾਰ : ਰਾਕੇਸ਼ ਜੈਨ



ਭੀਖੀ, (ਧਰਮਵੀਰ ਸ਼ਰਮਾ)-ਕੇਂਦਰ ਸਰਕਾਰ ਦੀਆਂ ਸਕੀਮਾਂ ਨੂੰ ਜਨ ਜਨ ਤੱਕ ਪਹੁੰਚਾਉਣ ਲਈ 'ਭਾਜਪਾ ਦੇ ਸੇਵਾਦਾਰ, ਆ ਗਏ ਤੁਹਾਡੇ ਦੁਆਰ' ਮੁਹਿੰਮ ਤਹਿਤ ਲੋਕਾਂ ਨੂੰ ਯੋਜਨਾਵਾਂ ਤੋਂ ਜਾਣੂ ਕਰਵਾਉਣ ਲਈ ਭਾਜਪਾ ਮੰਡਲ ਹਮੀਰਗੜ੍ਹ ਢੈਪਈ ਵੱਲੋਂ ਪਿੰਡ ਸਮਾਉਂ ਵਿਖੇ ਵਿਸ਼ੇਸ਼ ਕੈਂਪ ਲਗਾਇਆ ਗਿਆ। ਇਸ ਦੌਰਾਨ ਜਿੱਥੇ ਲੋਕਾਂ ਨੂੰ ਕੇਂਦਰੀ ਯੋਜਨਾਵਾਂ ਪ੍ਰਤੀ ਵਿਸਥਾਰਕ ਜਾਣਕਾਰੀ ਦਿੱਤੀ ਗਈ, ਉਥੇ ਲੋੜਵੰਦ ਲੋਕਾਂ ਦੇ ਫਾਰਮ ਵੀ ਭਰੇ ਗਏ। ਇਸ ਅਵਸਰ 'ਤੇ ਜ਼ਿਲ੍ਹਾ ਪ੍ਰਧਾਨ ਰਾਕੇਸ਼ ਕੁਮਾਰ ਜੈਨ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠਲੀ ਕੇਂਦਰੀ ਸਰਕਾਰ ਪਿਛਲੇ 11 ਸਾਲਾਂ ਤੋਂ ਸਮਾਜ ਦੇ ਹਰ ਵਰਗ ਦੀ ਭਲਾਈ ਹਿੱਤ ਦ੍ਰਿੜ੍ਹਤਾ ਤੇ ਪ੍ਰਤੀਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੀਆਂ ਸਿਹਤ ਬੀਮਾ ਸਕੀਮ ਆਯੁਸ਼ਮਾਨ, ਕਿਸਾਨ ਸਨਮਾਨ ਨਿਧੀ, ਪ੍ਰਧਾਨ ਮੰਤਰੀ ਅਵਾਸ ਯੋਜਨਾ, ਈ-ਸ਼੍ਰਮ ਕਾਰਡ, ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ, ਸਮਾਜ ਸੁਰੱਖਿਆ ਅਧੀਨ ਵੱਖ ਵੱਖ ਸ਼੍ਰੇਣੀਆਂ ਲਈ ਪੈਨਸ਼ਨਾਂ ਤੇ ਪ੍ਰਧਾਨ ਮੰਤਰੀ ਸੂਰਯਾ ਘਰ ਮੁਫਤ ਬਿਜਲੀ ਯੋਜਨਾ ਸਮਾਜ ਦੇ ਹਰ ਵਰਗ ਲਈ ਲਾਹੇਵੰਦ ਸਿੱਧ ਹੋਈਆਂ ਹਨ, ਤੋਂ ਇਲਾਵਾ ਖੁਰਾਕ ਸੁਰੱਖਿਆ ਕਾਨੂੰਨ ਤਹਿਤ ਦੇਸ਼ ਦੇ 80 ਕਰੋੜ ਲੋਕ ਮੁਫਤ ਅਨਾਜ ਦੀ ਸੁਵਿਧਾ ਵੀ ਹਾਸਲ ਕਰ ਰਹੇ ਹਨ। ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਨਲਾਇਕੀ ਕਾਰਨ ਲੋਕ ਭਲਾਈ ਲਈ ਆਏ ਕੇਂਦਰੀ ਫੰਡ ਨਾ ਵਰਤਣ ਕਾਰਨ ਵਾਪਸ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਲਈ ਕੇਂਦਰ ਸਰਕਾਰ ਵੱਲੋਂ ਮੁਹੱਈਆ ਕਰਵਾਏ ਜਾਣ ਵਾਲੇ ਵੱਖ ਵੱਖ ਵਿੱਤ ਕਮਿਸ਼ਨ ਦੀਆਂ ਗਰਾਂਟਾਂ ਵੀ ਇਸ ਕਰਕੇ ਵਾਪਸ ਹੋ ਰਹੀਆਂ ਹਨ ਕਿ ਪੰਜਾਬ ਸਰਕਾਰ ਵੱਲੋਂ ਸਮੇਂ ਸਿਰ ਖਰਚੇ ਫੰਡਾਂ ਦੇ ਯੂਜੀਸੀ ਕੇਂਦਰ ਕੋਲ ਜਮ੍ਹਾਂ ਨਹੀਂ ਕਰਵਾਏ ਜਾ ਰਹੇ, ਇਸ ਤੋਂ ਇਲਾਵਾ ਸ਼ਹਿਰਾਂ ਦੀ ਸਾਫ ਸਫਾਈ ਲਈ ਸਵੱਛ ਭਾਰਤ ਮੁਹਿੰਮ ਤਹਿਤ ਆਉਣ ਵਾਲੇ ਫੰਡਾਂ ਦੀ ਵੀ ਸਹੀ ਵਰਤੋਂ ਨਹੀਂ ਹੁੰਦੀ। ਕੇਂਦਰ ਨੂੰ ਮਜਬੂਰਨ ਵੱਸ ਸੂਬੇ ਦੀਆਂ ਸਥਾਨਕ ਸਰਕਾਰਾਂ ਇਕਾਈਆਂ ਦੇ ਜੀਐੱਸਟੀ ਵਿੱਚ ਵੀ ਕਟੌਤੀ ਕਰਨੀ ਪੈ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸੂਬੇ ਦੇ ਸਰਵਪੱਖੀ ਵਿਕਾਸ ਲਈ ਪ੍ਰਤੀਬੱਧ ਹੈ ਤੇ ਪੰਜਾਬ ਸਰਕਾਰ ਨਾਲ ਕਿਸੇ ਵੀ ਤਰ੍ਹਾਂ ਦੀ ਹੀਰਖੇਬਾਜ਼ੀ ਨਹੀਂ ਕੀਤੀ ਜਾ ਰਹੀ। ਇਸ ਮੌਕੇ ਮੰਡਲ ਪ੍ਰਧਾਨ ਡਾ. ਗੁਰਤੇਜ ਸਿੰਘ ਚਹਿਲ ਨੇ ਦੱਸਿਆ ਕਿ ਭੀਖੀ ਬਲਾਕ ਦੇ ਵੱਖ ਵੱਖ ਪਿੰਡਾਂ ਵਿੱਚ ਭਾਜਪਾ ਵਰਕਰਾਂ ਵੱਲੋਂ ਲਗਾਤਾਰ ਵਿਸ਼ੇਸ਼ ਸੇਵਾ ਅਭਿਆਨ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ ਤਾਂ ਜੋ ਲੋਕ ਕੇਂਦਰੀ ਸਕੀਮਾਂ ਦਾ ਵੱਧ ਤੋਂ ਵੱਧ ਫਾਇਦਾ ਉਠਾ ਸਕਣ। ਕੈਂਪ ਦੌਰਾਨ ਦਿਲਬਾਗ ਸਿੰਘ ਫਫੜੇ ਭਾਈਕੇ, ਸੁਖਮੰਦਰ ਸਿੰਘ ਗੁੜਥੜੀ, ਬੁੱਧ ਸਿੰਘ ਹੀਰੋ ਕਲਾਂ, ਦਰਸ਼ਨ ਸਿੰਘ ਪ੍ਰੇਮੀ, ਮੱਘਰ ਸਿੰਘ ਸਾਬਕਾ ਪੰਚ, ਗੁਲਜਾਰ ਸਿੰਘ, ਮਨਜੀਤ ਕੌਰ ਮੂਲਾ ਸਿੰਘ ਵਾਲਾ, ਗੁਰਮੇਲ ਕੌਰ, ਹਰਪਾਲ ਕੌਰ, ਕੇਸਰ ਸਿੰਘ, ਕੁਲਦੀਪ ਸਿੰਘ ਅਲੀਸ਼ੇਰ, ਦਰਸ਼ਨ ਸਿੰਘ, ਹਰਬਚਨ ਸਿੰਘ ਅਤਲਾ ਖੁਰਦ ਤੋਂ ਇਲਾਵਾ ਕੈਂਪ ਦਾ ਸੰਚਾਲਨ ਕਰਨ ਵਾਲੀ ਟੀਮ ਮੌਜੂਦ ਸੀ।

# ਸੰਯੁਕਤ ਕਿਸਾਨ ਮੋਰਚੇ ਤੇ ਜ਼ਮੀਨ ਬਚਾਓ ਸੰਘਰਸ਼ ਕਮੇਟੀ ਦਾ ਵਫਦ ਡੀ ਸੀ ਨੂੰ ਮਿਲਿਆ



ਮਾਨਸਾ (ਆਤਮਾ ਸਿੰਘ ਪਮਾਰ) ਸੰਯੁਕਤ ਕਿਸਾਨ ਮੋਰਚੇ 'ਤੇ ਜ਼ਮੀਨ ਬਚਾਓ ਸੰਘਰਸ਼ ਕਮੇਟੀ ਦੇ ਵਫਦ ਨੇ ਡੀ.ਸੀ ਰਾਹੀਂ ਪੰਜਾਬ ਸਰਕਾਰ ਦੇ ਨਾਂਅ ਜ਼ਮੀਨ ਐਕੁਆਇਰ ਕਰਨ ਦੇ ਨੋਟੀਫਿਕੇਸਨ ਨੂੰ ਰੱਦ ਕਰਾਉਣ ਲਈ ਮੰਗ ਪੱਤਰ ਦਿੱਤਾ। ਮੋਰਚੇ ਦੇ ਆਗੂਆਂ ਰੁਲਦੂ ਸਿੰਘ ਮਾਨਸਾ, ਬੋਘ ਸਿੰਘ ਮਾਨਸਾ, ਕੁਲਦੀਪ ਸਿੰਘ ਚੱਕਭਾਈਕੇ, ਅਮਰੀਕ ਸਿੰਘ ਫਫੜੇ, ਮਹਿੰਦਰ ਸਿੰਘ ਭੈਣੀਬਾਘਾ, ਨਿਰਮਲ ਸਿੰਘ ਝੰਡੂਕੇ, ਭਜਨ ਸਿੰਘ ਘੁੰਮਣ, ਸੁੱਚਾ ਸਿੰਘ ਫਰੀਦਕੇ ਤੇ ਨਰਿੰਦਰ ਕੌਰ ਬੁਰਜ ਹਮੀਰਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਪਿਛਲੇ ਕੁੱਝ ਦਿਨਾਂ ਤੋਂ ਪੰਜਾਬ ਦੀ ਫ਼ਿਜ਼ਾ 'ਚ ਕਿਧਰੇ ਦਿਖਾਈ ਨਹੀਂ ਦੇ ਰਹੇ ਤੇ ਪੰਜਾਬ ਦੇ ਲੋਕ ਭਲੀਭਾਂਤ ਜਾਣਦੇ ਹਨ ਕਿ ਕਾਰਨ ਚਾਹੇ ਕੁੱਝ ਵੀ ਹੋਵੇ।

ਪੰਜਾਬ ਦੇ ਹਰੇਕ ਮਸਲੇ ਵਿੱਚ ਦਿੱਲੀ ਤੋਂ ਕੀਤੀ ਜਾ ਰਹੀ ਦਖਲਅੰਦਾਜ਼ੀ ਪੰਜਾਬ ਦੇ ਸੰਘਰਸ਼ੀ ਲੋਕਾਂ ਲਈ ਹੋਂਦ ਬਚਾਉਣ ਵਾਸਤੇ ਸਰਕਾਰ ਖ਼ਿਲਾਫ਼ ਡਟਣ ਦੀ ਵਜਾਹ ਬਣਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡ ਠੂਠਿਆਂਵਾਲੀ ਦੀ ਵਸੋਂ ਵਾਲੀ ਐਕੁਆਇਰ ਕੀਤੀ ਜਾ ਰਹੀ ਜ਼ਮੀਨ ਲੋਕ ਕਿਸੇ ਵੀ ਕੀਮਤ ਤੇ ਸਰਕਾਰ ਨੂੰ ਨਹੀਂ ਦੇਣਗੇ। ਉਨ੍ਹਾਂ ਪੰਜਾਬ ਭਰ ਵਿੱਚ ਜਮੀਨ ਐਕੁਆਇਰ ਕਰਨ ਦੇ ਨੋਟੀਫਿਕੇਸ਼ਨ ਨੂੰ ਵਾਪਸ ਲੈਣ ਦੀ ਜ਼ੋਰਦਾਰ ਮੰਗ ਕੀਤੀ।

ਆਗੂਆਂ ਨੇ ਕਿਹਾ ਕਿ ਪੰਜਾਬ 'ਚ ਮੁੱਦਿਆਂ ਦੀ ਗੱਲ ਕਰਨ ਦੀ ਬਜਾਏ ਲੋਕਾਂ ਦਾ ਧਿਆਨ ਭੜਕਾਉਣ ਲਈ ਕੁੱਝ ਕੁ ਕੁਰਾਹੇ ਪਏ ਲੋਕਾਂ ਨੂੰ ਸੋਸ਼ਲ ਮੀਡੀਆ ਪਲੇਟਫਾਰਮ ਮੁਹੱਈਆ ਕਰਾਏ ਜਾ ਰਹੇ ਹਨ ਅਤੇ ਦੇਸ ਭਰ ਵਿੱਚ ਜਨਤਾ ਦੇ ਮਸਲਿਆਂ ਨੂੰ ਸੰਕੀਰਨਤਾ ਭਰੇ ਮਾਹੌਲ ਵਿੱਚ ਰੋਲਿਆ ਜਾ ਰਿਹਾ ਹੈ।

ਮੋਰਚੇ ਦੇ ਆਗੂ ਪਰਮਜੀਤ ਸਿੰਘ ਗਾਗੋਵਾਲ, ਪ੍ਰਸ਼ੋਤਮ ਸਿੰਘ ਗਿੱਲ, ਸੁਖਚਰਨ ਦਾਨੇਵਾਲੀਆ, ਲਛਮਣ ਸਿੰਘ ਚੱਕ ਅਲੀਸ਼ੇਰ, ਮੇਜਰ ਸਿੰਘ ਦੂਲੋਵਾਲ ਸੁੱਚਾ ਸਿੰਘ ਮਲਕੋ, ਜਗਤਾਰ ਸਿੰਘ ਅਤੇ ਜ਼ਮੀਨ ਬਚਾਓ ਸੰਘਰਸ਼ ਕਮੇਟੀ ਦੇ ਆਗੂ ਜਸਵੀਰ ਸਿੰਘ, ਹਰਬੰਸ ਸਿੰਘ ਤੇ ਹਰਚਰਨ ਸਿੰਘ ਨੇ ਦੱਸਿਆ ਕਿ ਕਿ 26 ਜੂਨ ਨੂੰ ਵਿਧਾਇਕ ਡਾ. ਵਿਜੈ ਸਿੰਗਲਾ ਦੇ ਘਰ ਅੱਗੇ 3 ਘੰਟੇ ਪੀੜਤ ਕਿਸਾਨ ਰੋਸ ਧਰਨਾ ਦੇਣਗੇ। ਉਪਰੰਤ ਸ਼ਹਿਰ ਦੇ ਬਜ਼ਾਰਾਂ 'ਚ ਰੋਸ ਮੁਜਾਹਰਾ ਵੀ ਕੀਤਾ ਜਾਵੇਗਾ।

## ਪ੍ਰੋ. ਦਮਨਜੀਤ ਸੰਧੂ ਨੂੰ ਰੋਇਲ ਹਾਲੋਵੇ ਯੂਨੀਵਰਸਿਟੀ ਲੰਡਨ ਨੇ ਆਨਰੇਰੀ ਰਿਸਰਚ ਫ਼ੈਲੋ ਨਿਯੁਕਤ ਕੀਤਾ



**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਮਨੋਵਿਗਿਆਨ ਵਿਭਾਗ ਤੋਂ ਮੁਖੀ ਪ੍ਰੋ. ਦਮਨਜੀਤ ਸੰਧੂ ਨੂੰ ਯੂ ਕੇ ਦੀ ਰੋਇਲ ਹਾਲੋਵੇ ਯੂਨੀਵਰਸਿਟੀ ਲੰਡਨ ਵੱਲੋਂ ਤਿੰਨ ਸਾਲਾਂ ਲਈ ਆਨਰੇਰੀ ਰਿਸਰਚ ਫ਼ੈਲੋ ਨਿਯੁਕਤ ਕੀਤਾ ਗਿਆ ਹੈ।ਪ੍ਰੋ. ਸੰਧੂ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਵੱਲੋਂ ਬਾਲ ਵਿਕਾਸ ਤੇ ਤੰਦਰੁਸਤੀ ਦੇ ਖੇਤਰ ਵਿੱਚ ਕੀਤੇ ਗਏ ਕਾਰਜ ਸਦਕਾ ਰੋਇਲ ਹਾਲੋਵੇ ਯੂਨੀਵਰਸਿਟੀ ਲੰਡਨ ਨੇ ਉਨ੍ਹਾਂ ਨੂੰ ਇਸ ਜ਼ਿੰਮੇਵਾਰੀ ਨਾਲ ਨਿਵਾਜਿਆਂ ਯੂਨੀਵਰਸਿਟੀ ਦੀ ਖੋਜ ਤੇ ਅਧਿਆਪਨ ਖੇਤਰ ਵਿੱਚ ਸ਼ਮੂਲੀਅਤ ਵਧਾਉਣ ਲਈ ਆਪਣੀ ਮੁਹਾਰਤ ਤੇ ਅਨੁਭਵ ਸਾਂਝਾ ਕਰਨ ਹਿੱਤ ਸੱਦਾ ਦਿੱਤਾ ਹੈ।ਉਨ੍ਹਾਂ ਦੱਸਿਆ ਕਿ ਉਹ ਰੋਇਲ ਹਾਲੋਵੇ ਯੂਨੀਵਰਸਿਟੀ ਦੇ ਇੱਕ ਸਰਗਰਮ ਮੈਂਬਰ ਵਜੋਂ ਵਿਚਰਦਿਆਂ ਇਸ ਨਵੀਂ ਸਮਰੱਥਾ ਤਹਿਤ ਵੱਖ-ਵੱਖ ਸਾਂਝੇ ਖੋਜ ਪ੍ਰੋਜੈਕਟਾਂ ਵਿੱਚ ਕੰਮ ਕਰਨਗੇ, ਵਿਦਿਆਰਥੀਆਂ ਨੂੰ ਸਲਾਹਕਾਰੀ ਨਾਲ ਜੁੜੀਆਂ ਸੇਵਾਵਾਂ ਪ੍ਰਦਾਨ ਕਰਨਗੇ, ਵੱਖ-ਵੱਖ ਥਾਵਾਂ ਉੱਤੇ ਭਾਸ਼ਣ ਦੇਣਗੇ ਤੇ ਬਾਲ ਵਿਕਾਸ ਅਤੇ ਤੰਦਰੁਸਤੀ ਦੇ ਖੇਤਰ ਵਿੱਚ ਸੈਮੀਨਾਰਾਂ ਤੇ ਵਰਕਸ਼ਾਪਾਂ ਵਿੱਚ ਯੋਗਦਾਨ ਪਾਉਣਗੇ।ਉਨ੍ਹਾਂ ਦੱਸਿਆ ਕਿ ਰੋਇਲ ਹਾਲੋਵੇ ਯੂਨੀਵਰਸਿਟੀ ਲੰਡਨ ਵੱਲੋਂ ਆਨਰੇਰੀ ਫ਼ੈਲੋਸ਼ਿਪ ਉਨ੍ਹਾਂ ਵਿਅਕਤੀਆਂ ਨੂੰ ਦਿੱਤੀ ਜਾਂਦੀ ਹੈ, ਜਿਨ੍ਹਾਂ ਨੇ ਆਪਣੇ ਖੇਤਰ ਵਿੱਚ ਅਜਿਹੀਆਂ ਅਸਧਾਰਨ ਪ੍ਰਾਪਤੀਆਂ ਤੇ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ ਹੋਵੇ, ਜੋ ਉਸ ਯੂਨੀਵਰਸਿਟੀ ਦੀਆਂ ਕਦਰਾਂ ਕੀਮਤਾਂ ਤੇ ਦ੍ਰਿਸ਼ਟੀਕੋਣ ਨਾਲ ਮੇਲ ਖਾਂਦੀਆਂ ਹੋਣ।ਵਾਈਸ ਚਾਂਸਲਰ ਡਾ. ਜਗਦੀਪ ਸਿੰਘ ਨੇ ਪ੍ਰੋ. ਦਮਨਜੀਤ ਸੰਧੂ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਪੰਜਾਬੀ ਯੂਨੀਵਰਸਿਟੀ ਦੇ ਦੁਨੀਆ ਭਰ ਦੇ ਪ੍ਰਮੁੱਖ ਅਦਾਰਿਆਂ ਨਾਲ ਬਿਹਤਰ ਸਬੰਧ ਸਥਾਪਤ ਕਰਨ ਦੇ ਰਾਹ ਵਿੱਚ ਅਹਿਮ ਭੂਮਿਕਾ ਨਿਭਾ ਸਕਦੀਆਂ ਹਨ।

## ਜਵਾਹਰ ਨਵੋਦਿਆ ਵਿਦਿਆਲਿਆ 'ਚ ਦਾਖ਼ਲਿਆਂ ਲਈ ਆਨਲਾਈਨ ਰਜਿਸਟ੍ਰੇਸ਼ਨ ਖੁੱਲ੍ਹੀ

### ਅਰਜ਼ੀਆਂ ਜਮ੍ਹਾਂ ਕਰਾਉਣ ਦੀ ਆਖ਼ਰੀ ਮਿਤੀ 29 ਜੁਲਾਈ

**ਪਟਿਆਲਾ (ਰਜਿੰਦਰ ਸਿੰਘ ਥਿੰਦ)**-ਜਵਾਹਰ ਨਵੋਦਿਆ ਵਿਦਿਆਲਿਆ ਵਿੱਚ ਛੇਵੀਂ ਜਮਾਤ ਵਿੱਚ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਲਈ ਆਨਲਾਈਨ ਰਜਿਸਟ੍ਰੇਸ਼ਨ ਖੁੱਲ੍ਹ ਗਈ ਹੈ। ਇਹ ਪ੍ਰਗਟਾਵਾ ਕਰਦਿਆਂ ਜਵਾਹਰ ਨਵੋਦਿਆ ਵਿਦਿਆਲਿਆ ਦੇ ਬੁਲਾਰੇ ਨੇ ਦੱਸਿਆ ਕਿ ਜਵਾਹਰ ਨਵੋਦਿਆ ਵਿਦਿਆਲਿਆ ਵਿੱਚ 6ਵੀਂ ਜਮਾਤ ਵਿੱਚ ਦਾਖ਼ਲੇ ਲਈ ਰਜਿਸਟ੍ਰੇਸ਼ਨ ਆਨਲਾਈਨ ਕਰਵਾਈ ਜਾ ਰਹੀ ਹੈ ਤੇ ਇਸ ਸਬੰਧੀ ਵੈੱਬਸਾਈਟ www.navodaya.gov.in 'ਤੇ ਪਹੁੰਚ ਕੀਤੀ ਜਾ ਸਕਦੀ ਹੈ।ਉਨ੍ਹਾਂ ਦੱਸਿਆ ਕਿ ਅਰਜ਼ੀਆਂ ਜਮ੍ਹਾਂ ਕਰਵਾਉਣ ਦੀ ਆਖ਼ਰੀ ਮਿਤੀ 29 ਜੁਲਾਈ 2025 ਹੈ।ਇਸ ਲਈ ਗਰਮੀਆਂ ਵਿੱਚ ਸੀਟਾਂ ਭਰਨ ਲਈ ਸਾਰੇ ਦੇਸ਼ ਵਿੱਚ ਇਹ ਪ੍ਰੀਖਿਆ 13 ਦਸੰਬਰ 2025 ਨੂੰ ਹੋਵੇਗੀ ਤੇ ਸਰਦੀਆਂ ਲਈ ਭਰੀਆਂ ਜਾਣ ਵਾਲੀਆਂ ਸੀਟਾਂ ਲਈ 11 ਅਪ੍ਰੈਲ 2026 ਨੂੰ ਪ੍ਰੀਖਿਆ ਹੋਵੇਗੀ।

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਦੇਸ਼ ਭਰ ਵਿੱਚ ਜਵਾਹਰ ਨਵੋਦਿਆ ਵਿਦਿਆਲਿਆ ਵਿਦਿਆਰਥੀਆਂ ਨੂੰ ਅਤਿ-ਆਧੁਨਿਕ ਸਹੂਲਤਾਂ ਦੇ ਨਾਲ-ਨਾਲ ਮੁਫ਼ਤ, ਉੱਚ-ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕਰਨ ਲਈ ਜਾਣੇ ਜਾਂਦੇ ਹਨ, ਇਸ ਲਈ ਪਟਿਆਲਾ ਜ਼ਿਲ੍ਹੇ ਦੇ ਮਾਪੇ ਤੇ ਵਿਦਿਆਰਥੀ ਜ਼ਰੂਰ ਇਸ ਸੁਵਿਧਾ ਦਾ ਲਾਭ ਲੈਣ।ਉਨ੍ਹਾਂ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਵਿੱਚ ਸਨੌਰ ਹਲਕੇ ਦੇ ਪਿੰਡ ਫ਼ਤਹਿਪੁਰ ਰਾਜਪੂਤਾਂ ਵਿਖੇ ਜਵਾਹਰ ਨਵੋਦਿਆ ਵਿਦਿਆਲਿਆ ਸਥਾਪਤ ਹੈ।

## ਕੇਂਦਰ ਸਰਕਾਰ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਵੱਡੇ ਪੱਧਰ 'ਤੇ ਕੰਮ ਕਰ ਰਹੀ : ਡਾ. ਗਰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 2014 ਵਿੱਚ ਸੱਤਾ 'ਚ ਆਉਣ ਸਮੇਂ ਐਲਾਨ ਕੀਤਾ ਸੀ ਕਿ ਕੇਂਦਰ ਦੀ ਭਾਜਪਾ ਸਰਕਾਰ ਦੇਸ਼ ਦੇ ਗਰੀਬ ਲੋਕਾਂ, ਖਾਸ ਕਰਕੇ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਵੱਡੇ ਪੱਧਰ 'ਤੇ ਕੰਮ ਕਰ ਰਹੀ ਹੈ, ਜਿਸ ਤਹਿਤ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉੱਜਵਲਾ ਯੋਜਨਾ ਤਹਿਤ ਔਰਤਾਂ ਨੂੰ ਮੁਫ਼ਤ ਗੈਸ ਕੁਨੈਕਸ਼ਨ ਦੇਣ, ਔਰਤਾਂ ਦੇ ਕੱਚੇ ਘਰਾਂ ਨੂੰ ਪੱਕੇ ਘਰਾਂ ਵਿੱਚ ਬਦਲਣ ਲਈ ਵਿੱਤੀ ਸਹਾਇਤਾ, ਔਰਤਾਂ ਨੂੰ ਆਪਣੇ ਪੈਰਾਂ 'ਤੇ ਖੜ੍ਹਾ ਕਰਨ ਲਈ ਸਵੈ-ਸਹਾਇਤਾ ਸਮੂਹ ਬਣਾ ਕੇ ਕਰਜ਼ੇ ਦੇਣ ਆਦਿ ਦਾ ਕੰਮ ਕੀਤਾ ਹੈ ਅਤੇ ਦੇਸ਼ ਦੇ ਪਿੰਡਾਂ ਤੇ ਸ਼ਹਿਰਾਂ ਦੇ ਪੱਛੜੇ ਇਲਾਕਿਆਂ ਵਿੱਚ ਰਹਿਣ ਵਾਲੀਆਂ ਔਰਤਾਂ ਆਰਥਿਕ ਤੌਰ 'ਤੇ ਮਜ਼ਬੂਤ ਹੋਈਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਭਾਜਪਾ ਜ਼ਿਲ੍ਹਾ ਦਫ਼ਤਰ ਮੋਗਾ ਵਿਖੇ ਪਿੰਡ ਧੱਲੇਕੇ ਤੇ ਲੰਢੇਕੇ ਦੀਆਂ ਔਰਤਾਂ ਨੂੰ ਭਾਜਪਾ ਵਿੱਚ ਸ਼ਾਮਲ ਕਰਨ ਉਪਰੰਤ ਸਿਰੋਪਾਓ ਦੇ ਕੇ ਸਨਮਾਨ ਕਰਨ ਮੌਕੇ ਕੀਤਾ। ਇਹ ਮਹਿਲਾ ਪ੍ਰਧਾਨ ਅਮਨਪ੍ਰੀਤ ਕੌਰ ਤੋਂ ਪ੍ਰੇਰਿਤ ਸੀ। ਡਾ. ਸੀਮਾਂਤ ਗਰਗ ਨੇ ਕਿਹਾ ਕਿ ਪ੍ਰਧਾਨ ਮੰਤਰੀ ਦੇਸ਼ ਦੀਆਂ ਔਰਤਾਂ ਲਈ ਪ੍ਰਧਾਨ ਮੰਤਰੀ ਰਾਸ਼ਨ ਯੋਜਨਾ ਚਲਾ ਕੇ ਹਰ ਮਹੀਨੇ ਦੇਸ਼ ਦੇ 80 ਕਰੋੜ ਤੋਂ ਵੱਧ ਲੋਕਾਂ ਨੂੰ ਰਾਸ਼ਨ ਮੁਹੱਈਆ ਕਰਵਾ ਰਹੇ ਹਨ।

ਉਨ੍ਹਾਂ ਕਿਹਾ ਕਿ ਗਲੀ-ਮੁਹੱਲੇ 'ਤੇ ਵਿਕਰੇਤਾਵਾਂ ਨੂੰ ਆਪਣਾ ਕਾਰੋਬਾਰ ਸ਼ੁਰੂ ਕਰਨ ਲਈ ਦਸ ਹਜ਼ਾਰ ਤੋਂ ਇੱਕ ਲੱਖ ਰੁਪਏ ਤੱਕ ਬਿਨਾਂ ਗਰੰਟੀ ਦੇ ਕਰਜ਼ੇ ਦਿੱਤੇ ਜਾ ਰਹੇ ਹਨ। ਇਸ ਤੋਂ ਇਲਾਵਾ, ਛੋਟੇ ਦੁਕਾਨਦਾਰਾਂ ਤੇ ਛੋਟੇ ਵਪਾਰੀਆਂ ਨੂੰ ਆਪਣਾ ਕਾਰੋਬਾਰ ਵਧਾਉਣ ਲਈ ਇੱਕ ਲੱਖ ਤੋਂ ਦਸ ਲੱਖ ਰੁਪਏ ਤੱਕ ਬਿਨਾਂ ਗਰੰਟੀ ਦੇ ਕਰਜ਼ੇ ਪ੍ਰਦਾਨ ਕੀਤੇ ਗਏ ਹਨ ਅਤੇ ਉਨ੍ਹਾਂ ਨੂੰ ਵਿੱਤੀ ਤੌਰ 'ਤੇ ਮਜ਼ਬੂਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਮੱਧ ਵਰਗ ਦੇ ਲੋਕਾਂ ਨੂੰ ਆਮਦਨ ਕਰ ਵਿੱਚ ਵੱਡੀ ਰਾਹਤ ਦੇ ਕੇ ਆਰਥਿਕ ਲਾਭ ਦਿੱਤਾ ਗਿਆ ਹੈ। ਉਨ੍ਹਾਂ ਔਰਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਲਿਆਏ ਬਿਨਾਂ ਪੰਜਾਬ ਆਰਥਿਕ ਤੌਰ 'ਤੇ ਮਜ਼ਬੂਤ ਨਹੀਂ ਹੋ ਸਕਦਾ। ਇਸ ਲਈ ਪੰਜਾਬ ਵਿੱਚ ਭਾਜਪਾ ਦੀ ਡਬਲ ਇੰਜਣ ਸਰਕਾਰ ਲਿਆਉਣੀ ਜ਼ਰੂਰੀ ਹੈ। ਇਸ ਮੌਕੇ ਮੰਡਲ ਪ੍ਰਧਾਨ ਉਮਾਕਾਂਤ ਸਿੰਘ, ਆਈ.ਟੀ. ਸੈੱਲ ਇੰਚਾਰਜ ਮੁਕੇਸ਼ ਸ਼ਰਮਾ, ਦਫਤਰ ਇੰਚਾਰਜ ਜਤਿੰਦਰ ਚੱਢਾ, ਸੁੱਖਾ ਸਿੰਘ, ਸ਼ਸ਼ੀਕਾਂਤ ਆਦਿ ਤੋਂ ਇਲਾਵਾ ਭਾਜਪਾ ਵਿੱਚ ਸ਼ਾਮਲ ਹੋਈਆਂ ਔਰਤਾਂ, ਮਹਿਲਾ ਮੋਰਚਾ ਆਗੂ ਅਮਨਪ੍ਰੀਤ ਕੌਰ, ਸਰਬਜੀਤ ਕੌਰ ਧੱਲੇਕੇ, ਛਿੰਦਰਪਾਲ ਕੌਰ, ਮਨਪ੍ਰੀਤ ਕੌਰ, ਕੁਲਦੀਪ ਕੌਰ ਆਦਿ ਮੌਜੂਦ ਸਨ।

## ਸੜਕ ਹਾਦਸੇ 'ਚ ਮਾਪਿਆਂ ਦੇ ਇਕਲੌਤੇ ਪੁੱਤਰ ਦੀ ਮੌਤ

### ਗਿਆਰਵੀਂ ਜਮਾਤ ਦਾ ਵਿਦਿਆਰਥੀ ਸੀ ਮ੍ਰਿਤਕ



**ਮਾਛੀਵਾੜਾ ਸਾਹਿਬ (ਭੂਸ਼ਨ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਗੁਰਦੁਆਰਾ ਕ੍ਰਿਪਾਨ ਭੇਟ ਸਾਹਿਬ ਨੇੜੇ 2 ਮੋਟਰਸਾਈਕਲਾਂ ਦੀ ਆਹਮੋ-ਸਾਹਮਣੇ ਟੱਕਰ ਵਿੱਚ ਨੌਜਵਾਨ ਦਿਲਖੁਸ਼ (19) ਵਾਸੀ ਰੇਤਾ ਕਾਲੋਨੀ ਮਾਛੀਵਾੜਾ ਦੀ ਮੌਤ ਹੋ ਗਈ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਦਿਲਖੁਸ਼ ਮਾਛੀਵਾੜਾ ਦੇ ਸਰਕਾਰੀ ਸਕੂਲ ਵਿੱਚ ਗਿਆਰਵੀਂ ਜਮਾਤ ਦਾ ਵਿਦਿਆਰਥੀ ਸੀ, ਜੋ ਕੱਲ੍ਹ ਆਪਣੇ ਦੋਸਤ ਨਾਲ ਮੋਟਰਸਾਈਕਲ ਰਾਹੀਂ ਗੁਰਦੁਆਰਾ ਕ੍ਰਿਪਾਨ ਭੇਟ ਸਾਹਿਬ ਰੋਡ ਤੋਂ ਆਪਣੀ ਕਾਲੋਨੀ ਵੱਲ ਜਾ ਰਿਹਾ ਸੀ ਕਿ ਸਾਹਮਣੇ ਤੋਂ ਆ ਰਹੇ ਇੱਕ ਮੋਟਰਸਾਈਕਲ ਨਾਲ ਸਿੱਧਾ ਟਾਕਰਾ ਹੋ ਗਿਆ। ਇਸ ਹਾਦਸੇ ਵਿੱਚ ਦਿਲਖੁਸ਼ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ, ਜਦਕਿ ਉਸ ਦੇ ਪਿੱਛੇ ਬੈਠੇ ਸਾਥੀ ਦੇ ਮਾਮੂਲੀ ਸੱਟਾਂ ਵੱਜੀਆਂ। ਦਿਲਖੁਸ਼ ਨੂੰ ਜਦੋਂ ਇਲਾਜ ਲਈ ਹਸਪਤਾਲ ਲਿਆਂਦਾ ਗਿਆ ਤਾਂ ਉੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਦਿਲਖੁਸ਼ ਦਾ ਪਿਤਾ ਅਪਾਹਿਜ ਹੈ ਤੇ ਉਸ ਦੀ ਮਾਤਾ ਮਜ਼ਦੂਰੀ ਕਰਕੇ ਪਰਿਵਾਰ ਦਾ ਪਾਲਣ ਪੋਸ਼ਣ ਕਰ ਰਹੀ ਹੈ। ਦਿਲਖੁਸ਼ ਆਪਣੇ ਗਰੀਬ ਮਾਪਿਆਂ ਦਾ ਇਕਲੌਤਾ ਪੁੱਤ ਸੀ, ਜਿਸ ਦੇ ਜਾਣ ਨਾਲ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਇਸ ਮਾਮਲੇ ਦੀ ਕਾਨੂੰਨੀ ਕਾਰਵਾਈ ਕਰ ਰਹੇ ਸਹਾਇਕ ਥਾਣੇਦਾਰ ਹਾਕਮ ਸਿੰਘ ਨੇ ਦੱਸਿਆ ਕਿ ਸਾਹਮਣੇ ਤੋਂ ਆ ਕੇ ਟੱਕਰ ਮਾਰਨ ਵਾਲੇ ਮੋਟਰਸਾਈਕਲ ਚਾਲਕ ਘਣਸ਼ਿਆਮ ਖਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਪੁਲਸ ਵੱਲੋਂ ਦਿਲਖੁਸ਼ ਦੀ ਲਾਸ਼ ਨੂੰ ਕਬਜ਼ੇ 'ਚ ਕਰ ਪੋਸਟ ਮਾਰਟਮ ਲਈ ਭਿਜਵਾ ਦਿੱਤਾ ਹੈ।

## ਈ.ਟੀ.ਟੀ ਦਾ ਨਤੀਜਾ ਸ਼ਾਨਦਾਰ ਰਿਹਾ



**ਚੀਮਾ ਮੰਡੀ (ਰਵਿੰਦਰ ਚੀਮਾ)**-SCERT ਮੋਹਾਲੀ ਵੱਲੋਂ ਐਲਾਨੇ ਗਏ D.El.Ed ਸੈਸ਼ਨ (2023-25) ਸਾਲ ਪਹਿਲਾ ਨਤੀਜਿਆਂ ਵਿੱਚ ਮਾਡਰਨ ਕਾਲਜ ਆਫ ਐਜੂਕੇਸ਼ਨ ਬੀਰ ਕਲਾਂ (ਸੰਗਰੂਰ) ਦੇ ਸੈਸ਼ਨ (2023-25) ਵਿੱਚ ਸਾਲ ਪਹਿਲਾ ਦਾ ਨਤੀਜਾ ਸ਼ਾਨਦਾਰ ਰਿਹਾ।ਲੈਕਚਰਾਰ ਮਨਿੰਦਰ ਕੌਰ ਨੇ ਦੱਸਿਆ ਕਿ ਗੁਰਪ੍ਰੀਤ ਕੌਰ ਨੇ 90% ਅੰਕ ਪ੍ਰਾਪਤ ਕਰਕੇ ਕਰਕੇ ਪਹਿਲਾ ਸਥਾਨ, ਹਰਮਨਦੀਪ ਕੌਰ ਤੇ ਅਕਵਿੰਦਰ ਕੌਰ ਨੇ 89% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਸੁਖਵੀਰ ਕੌਰ ਨੇ 88% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ, ਅਜੇ ਜਿੰਦਲ ਨੇ 87.90% ਅੰਕ ਪ੍ਰਾਪਤ ਕਰਕੇ ਚੌਥਾ ਸਥਾਨ, ਸਨਪ੍ਰੀਤ ਕੌਰ ਨੇ 87.50% ਅੰਕ ਪ੍ਰਾਪਤ ਕਰਕੇ ਪੰਜਵਾਂ ਸਥਾਨ, ਅਮਨਦੀਪ ਕੌਰ ਨੇ 87.20% ਅੰਕ ਪ੍ਰਾਪਤ ਕਰਕੇ ਛੇਵਾਂ ਸਥਾਨ, ਸੁਖਪ੍ਰੀਤ ਕੌਰ ਨੇ 87% ਅੰਕ ਪ੍ਰਾਪਤ ਕਰਕੇ ਸੱਤਵਾਂ ਸਥਾਨ ਪ੍ਰਾਪਤ ਕਰਕੇ ਸੰਸਥਾ ਦਾ ਨਾਂਅ ਰੋਸ਼ਨ ਕੀਤਾ।ਕਾਲਜ ਦੇ ਚੇਅਰਮੈਨ ਡਾ. ਰਵਿੰਦਰ ਕੁਮਾਰ ਬਾਂਸਲ ਤੇ ਪ੍ਰਿੰਸੀਪਲ ਡਾ. ਵੀ. ਕੇ. ਰਾਏ ਦੁਆਰਾ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਕੇ ਵਧਾਈ ਦਿੱਤੀ ਤੇ ਭਵਿੱਖ ਵਿੱਚ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

## ਆਲ ਪੈਨਸ਼ਨਰਜ਼ ਵੈੱਲਫ਼ੇਅਰ ਐਸੋ. ਦਾ ਵਫ਼ਦ ਡੀ ਸੀ ਨੂੰ ਮਿਲਿਆ



**ਸੰਗਰੂਰ (ਪ੍ਰਵੀਨ ਸਿੰਘ)**-ਆਲ ਪੈਨਸ਼ਨਰਜ ਵੈਲਫੇਅਰ ਐਸੋ. ਦਾ ਇੱਕ ਵਫ਼ਦ ਸਰਪ੍ਰਸਤ ਜਗਦੀਸ਼ ਸ਼ਰਮਾ, ਪ੍ਰਧਾਨ ਸੁਰਿੰਦਰ ਕੁਮਾਰ ਬਾਲੀਆ ਅਤੇ ਜਨਰਲ ਸਕੱਤਰ ਬਲਵੰਤ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੂੰ ਮਿਲਿਆ।ਪੰਜਾਬ ਸਰਕਾਰ ਵੱਲੋਂ ਸਰਕਾਰੀ ਅਦਾਰਿਆ ਵਿੱਚ ਮਾਣ-ਸਤਿਕਾਰ ਬਹਾਲ ਰੱਖਣ ਲਈ ਜਾਰੀ ਕੀਤੀਆਂ ਹਦਾਇਤਾਂ ਨੂੰ ਲਾਗੂ ਕਰਨ ਲਈ ਪੱਤਰ ਦਿੱਤਾ, ਪਰ ਸਰਕਾਰੀ ਦਫਤਰਾਂ/ਬੈਂਕਾਂ ਵਿੱਚ ਦਾ ਸਤਿਕਾਰ ਨਹੀਂ ਕੀਤਾ ਜਾਂਦਾ।ਪੈਨਸ਼ਨਰ ਸੀਨੀਅਰ ਸਿਟੀਜ਼ਨਾਂ ਨੂੰ ਬੇਕਾਰ/ਵੇਹਲੜ ਤੇ ਸਰਕਾਰ ਉੱਪਰ ਵਾਧੂ ਭਾਰ ਆਦਿ ਬੋਲਿਆ ਜਾਂਦਾ ਹੈ।ਇਹ ਸਾਰੀ ਸਥਿਤੀ ਬਾਰੇ ਡਿਪਟੀ ਕਮਿਸ਼ਨਰ ਨੂੰ ਦੱਸਿਆ।ਪੰਜਾਬ ਸਰਕਾਰ ਵੱਲੋਂ 18 ਫਰਵਰੀ 2025 ਨੂੰ ਪੈਨਸ਼ਨਰਾਂ ਦੇ ਬਕਾਏ ਆਦਿ ਦੇਣ ਸੰਬੰਧੀ ਜਾਰੀ ਹਦਾਇਤਾਂ ਨੂੰ ਬੈਂਕਾਂ/ਖ਼ਜ਼ਾਨਿਆਂ ਤੇ ਵਿਭਾਗੀ ਅਧਿਕਾਰੀਆਂ ਵੱਲੋਂ ਹੁਣ ਤੱਕ ਲਾਗੂ ਨਹੀਂ ਕੀਤੀ ਗਈਆਂ, ਜਿਸ ਕਰਕੇ ਪੈਨਸ਼ਨਰਾਂ ਵਿੱਚ ਬਹੁਤ ਰੋਸ ਹੈ।ਡਿਪਟੀ ਕਮਿਸ਼ਨਰ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਸੰਬੰਧਤ ਅਧਿਕਾਰੀਆਂ ਨੂੰ ਬਜ਼ੁਰਗ ਪੈਨਸ਼ਨਰਾਂ ਨਾਲ ਦਫ਼ਤਰਾਂ/ਬੈਂਕਾਂ ਵਿੱਚ ਸਲੀਕੇ ਨਾਲ ਪੇਸ਼ ਆਉਣ, ਚੰਗਾ ਵਿਹਾਰ ਕਰਨ, ਉਨ੍ਹਾਂ ਦੇ ਕੰਮ ਨੂੰ ਪਹਿਲ ਦੇ ਅਧਾਰ ਤੇ ਕਰਨ ਦੇ ਆਦੇਸ਼ ਜਾਰੀ ਕਰਨ ਦਾ ਵਿਸ਼ਵਾਸ ਦਿੱਤਾ।

## ਪੰਜਾਬ ਰੋਡਵੇਜ਼ ਦੇ ਇੰਸਪੈਕਟਰਾਂ ਦੇ ਤਨਖਾਹ ਸਕੇਲ ਦੇਣ ਸੰਬੰਧੀ ਸੁਪਰੀਮ ਕੋਰਟ ਦਾ ਫ਼ੈਸਲਾ ਤੁਰੰਤ ਲਾਗੂ ਕਰੋ : ਆਗੂ

### ਪੰਜਾਬ ਪੈਨਸ਼ਨਰਜ਼ ਯੂਨੀਅਨ ਏਟਕ ਨੇ ਪ੍ਰਮੁੱਖ ਸਕੱਤਰ, ਟਰਾਂਸਪੋਰਟ ਵਿਭਾਗ, ਪੰਜਾਬ ਸਰਕਾਰ ਨੂੰ ਪੱਤਰ ਲਿਖ ਕੇ ਕੀਤੀ ਮੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਨੇ ਟਰਾਂਸਪੋਰਟ ਵਿਭਾਗ ਪੰਜਾਬ ਸਰਕਾਰ ਦੇ ਪ੍ਰਮੁੱਖ ਸਕੱਤਰ ਵਰੁਣ ਰੂਜ਼ਮ ਨੂੰ ਇੱਕ ਪੱਤਰ ਲਿਖ ਕੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਡਾਇਰੈਕਟਰ ਸਟੇਟ ਟਰਾਂਸਪੋਰਟ ਵਿਭਾਗ ਪੰਜਾਬ ਚੰਡੀਗੜ੍ਹ ਵੱਲੋਂ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿੱਚ ਦਾਇਰ ਸਿਵਲ ਰਿਟ ਪਟੀਸ਼ਨ ਨੰਬਰ 9175 ਆਫ 2000 ਕੇਸ ਵਿੱਚ ਅਦਾਲਤ ਵੱਲੋਂ 26 ਮਈ 2017 ਨੂੰ ਕੀਤੇ ਗਏ ਫੈਸਲੇ ਵਿਰੁੱਧ ਪੰਜਾਬ ਸਰਕਾਰ ਵੱਲੋਂ ਦਾਇਰ ਐੱਲ ਪੀ ਏ ਨੰਬਰ 659/2018 ਦਾ ਮਿਤੀ 27 ਫਰਵਰੀ 2019 ਨੂੰ ਮੁਲਾਜ਼ਮਾਂ ਦੇ ਹੱਕ ਵਿੱਚ ਹੋਇਆ ਫੈਸਲਾ ਤੇ ਇਸ ਉਪਰੰਤ ਪੰਜਾਬ ਸਰਕਾਰ ਵੱਲੋਂ ਸੁਪਰੀਮ ਕੋਰਟ 'ਚ ਦਾਇਰ ਸਪੈਸ਼ਲ ਲੀਵ ਪਟੀਸ਼ਨ ਨੰਬਰ 14572/ 2019 ਨੂੰ ਖਾਰਜ ਕਰਨ ਸਬੰਧੀ 17 ਜਨਵਰੀ 2025 ਨੂੰ ਕੀਤੇ ਗਏ ਫੈਸਲੇ ਨੂੰ ਪੰਜਾਬ ਰੋਡਵੇਜ਼ ਦੇ ਸਮੂਹ ਪਟੀਸ਼ਨਰ ਇੰਸਪੈਕਟਰਾਂ 'ਤੇ ਲਾਗੂ ਕਰਦੇ ਹੋਏ ਸਿਵਲ ਸਪਲਾਈ ਇੰਸਪੈਕਟਰਾਂ ਦੀ ਤਰਜ਼ 'ਤੇ 1 ਜਨਵਰੀ 1986 ਤੋਂ 1640-2925 ਦਾ ਤਨਖਾਹ ਸਕੇਲ ਦੇਣ ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਅਤੇ ਇਸ ਅਨੁਸਾਰ ਬਣਦੇ ਪੈਨਸ਼ਨਰੀ ਲਾਭ ਦੇਣ ਦੇ ਹੁਕਮ ਜਾਰੀ ਕੀਤੇ ਗਏ ਹਨ। ਇਸ ਸਬੰਧੀ ਜਥੇਬੰਦੀ ਦੇ ਸੂਬਾਈ ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਤੇ ਗੁਰਜੀਤ ਸਿੰਘ ਘੋੜੇਵਾਹ, ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ, ਮੁੱਖ ਜਥੇਬੰਧਕ ਸਕੱਤਰ ਅਵਤਾਰ ਸਿੰਘ ਤਾਰੀ, ਸੂਬਾਈ ਆਗੂ ਗੁਰਬਖਸ਼ ਸਿੰਘ ਢਿੱਲੋਂ, ਇਕਬਾਲ ਸਿੰਘ ਪਠਾਨਕੋਟ, ਗੁਰਮੇਲ ਸਿੰਘ ਮੈਲਡੇ, ਮਨਜੀਤ ਸਿੰਘ ਮਨਸੂਰਾਂ, ਬਲਰਾਜ ਸਿੰਘ ਭੰਗੂ, ਹਰਜਿੰਦਰ ਸਿੰਘ ਸੋਲੋਆਣੀ, ਮਨਜੀਤ ਸਿੰਘ ਗਿੱਲ, ਨਸੀਬ ਸਿੰਘ ਜਗੇੜਾ, ਹਰਬੰਸ ਸਿੰਘ ਸੈਣੀ, ਅੰਗਰੇਜ਼ ਸਿੰਘ ਸ੍ਰੀ ਮੁਕਤਸਰ ਸਾਹਿਬ ਤੇ ਪੇਹਲਾ ਸਿੰਘ ਬਰਾੜ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਹ ਫੈਸਲਾ ਸਿਰਫ ਪਟੀਸ਼ਨਰਾਂ 'ਤੇ ਹੀ ਲਾਗੂ ਕਰਨ ਦੀ ਬਜਾਏ ਮਾਨਯੋਗ ਸਰਵਉੱਚ ਅਦਾਲਤ ਦਾ ਫੈਸਲਾ ਤੁਰੰਤ ਜਨਰਲਾਈਜ਼ ਕਰਕੇ ਸਮੂਹ ਨਾਨ ਪਟੀਸ਼ਨਰ ਇੰਸਪੈਕਟਰਾਂ 'ਤੇ ਵੀ ਲਾਗੂ ਕੀਤਾ ਜਾਵੇ ਤਾਂ ਜੋ ਇਨਸਾਫ ਦੀ ਪ੍ਰਾਪਤੀ ਲਈ ਪੰਜਾਬ ਰੋਡਵੇਜ਼ ਵਿੱਚੋਂ ਸੇਵਾਮੁਕਤ ਹੋ ਚੁੱਕੇ ਤੇ ਮੌਜੂਦਾ ਸਮੇਂ ਦੌਰਾਨ ਕੰਮ ਕਰ ਰਹੇ ਸਮੂਹ ਨਾਨ-ਪਟੀਸ਼ਨਰ ਇੰਸਪੈਕਟਰ ਸਟਾਫ ਨੂੰ ਇਹ ਲਾਭ ਪ੍ਰਾਪਤ ਕਰਨ ਲਈ ਅਦਾਲਤਾਂ ਦਾ ਦਰਵਾਜ਼ਾ ਖੜਕਾਉਣ ਲਈ ਮਜਬੂਰ ਨਾ ਹੋਣਾ ਪਵੇ।ਆਗੂਆਂ ਨੇ ਅੱਗੇ ਕਿਹਾ ਕਿ ਜੇਕਰ ਸਬੰਧਤ ਨਾਨ ਪਟੀਸ਼ਨਰ ਇੰਸਪੈਕਟਰਾਂ ਨੂੰ ਇਹ ਲਾਭ ਪ੍ਰਾਪਤ ਕਰਨ ਲਈ ਮਾਨਯੋਗ ਅਦਾਲਤਾਂ ਵਿੱਚ ਜਾਣਾ ਪੈਂਦਾ ਹੈ ਤਾਂ ਇਸ ਨਾਲ ਟਰਾਂਸਪੋਰਟ ਵਿਭਾਗ ਲਈ ਕਾਨੂੰਨੀ ਪ੍ਰਕਿਰਿਆ ਵੀ ਵਧੇਗੀ ਤੇ ਸਬੰਧਤ ਮੁਲਾਜ਼ਮਾਂ ਦੇ ਸਮੇਂ ਤੇ ਧਨ ਦੀ ਬਰਬਾਦੀ ਵੀ ਹੋਵੇਗੀ।

## ਟ੍ਰੈਫਿਕ ਪੁਲਸ ਵੱਲੋਂ ਵਾਹਨਾਂ ਦੀ ਵਿਸ਼ੇਸ਼ ਚੈਕਿੰਗ



**ਕੋਟ ਈਸੇ ਖਾਂ (ਅਰੋੜਾ)**-ਮਾਨਯੋਗ ਐੱਸ ਐੱਸ ਪੀ ਸਾਹਿਬ ਮੋਗਾ ਦੀਆਂ ਹਦਾਇਤਾਂ ਅਨੁਸਾਰ ਤੇ ਡੀ ਐੱਸ ਪੀ ਧਰਮਕੋਟ ਰਮਨਦੀਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਮੇਨ ਚੌਕ ਕੋਟ ਈਸੇ ਖਾਂ ਵਿਖੇ ਥਾਣਾ ਮੁਖੀ ਗੁਰਵਿੰਦਰ ਸਿੰਘ ਭੁੱਲਰ ਵੱਲੋਂ ਆਪਣੀ ਪੁਲਸ ਟੀਮ ਨਾਲ ਨਾਕੇ ਦੌਰਾਨ ਆਉਂਦੇ ਜਾਂਦੇ ਵਾਹਨਾਂ ਦੀ ਚੈਕਿੰਗ ਕੀਤੀ।

ਇਸ ਮੌਕੇ ਗੱਲਬਾਤ ਕਰਦਿਆਂ ਥਾਣਾ ਮੁਖੀ ਗੁਰਵਿੰਦਰ ਭੁੱਲਰ ਨੇ ਕਿਹਾ ਕਿ ਵਹੀਕਲ ਚਾਲਕ ਆਪਣੇ ਸਾਰੇ ਦਸਤਾਵੇਜ਼ ਜਿਵੇਂ ਵਹੀਕਲ ਦੀ ਆਰਸੀ ਬੀਮਾ, ਪ੍ਰਦੂਸ਼ਣ, ਹੈਲਮਟ, ਨੰਬਰ ਪਲੇਟ ਡਰਾਈਵਿੰਗ ਲਾਈਸੈਂਸ ਆਦਿ ਕਾਗਜ਼ਾਤ ਪੂਰੇ ਰੱਖਣ ਤੇ ਜੋ ਵੀ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਦਾ ਪਾਇਆ ਜਾਵੇਗਾ, ਉਸ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਨੇ ਦੋ-ਪਹੀਆ ਵਹੀਕਲ ਤੇ ਤਿੰਨ ਸਵਾਰੀਆਂ ਬੈਠਣ ਵਾਲਿਆਂ ਨੂੰ ਸਖਤ ਤਾੜਨਾ ਕਰਦੇ ਹੋਏ ਕਿਹਾ ਕਿ ਜੇਕਰ ਕਿਸੇ ਵੀ ਸ਼ਰਾਰਤੀ ਅਨਸਰ ਨੇ ਸ਼ਹਿਰ ਦੀ ਅਮਨ ਸ਼ਾਂਤੀ ਜਾਂ ਕਾਨੂੰਨ ਭੰਗ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਸ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।

## ਮਾਤਾ ਗੁਜਰੀ ਜੀ ਭਲਾਈ ਕੇਂਦਰ ਵਲੋਂ ਪੌਦਿਆਂ ਦਾ ਲੰਗਰ



**ਬੁਢਲਾਡਾ (ਅਸ਼ੋਕ ਲਾਕੜਾ)**-ਸਮਾਜ ਸੇਵੀ ਸੰਸਥਾ ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਸੰਸਥਾ ਆਗੂ ਸੁਖਦਰਸ਼ਨ ਸਿੰਘ ਕੁਲਾਨਾ ਦੀ ਮਾਤਾ ਨਛੱਤਰ ਕੌਰ ਦੀ ਅੰਤਮ ਅਰਦਾਸ ਮੌਕੇ ਪਿੰਡ ਕੁਲਾਨਾ ਵਿਖੇ ਪੌਦਿਆਂ ਦਾ ਲੰਗਰ ਲਾਇਆ ਗਿਆ।ਸੰਸਥਾ ਆਗੂ ਮਾਸਟਰ ਕੁਲਵੰਤ ਸਿੰਘ ਤੇ ਕੁਲਦੀਪ ਸਿੰਘ ਅਨੇਜਾ ਨੇ ਦੱਸਿਆ ਕਿ ਸੰਸਥਾ ਦੇ ਖਜ਼ਾਨਚੀ ਸੁਖਦਰਸ਼ਨ ਸਿੰਘ ਕੁਲਾਨਾ ਦੇ ਮਾਤਾ ਨਛੱਤਰ ਕੌਰ ਸੁਪਤਨੀ ਨੰਬਰਦਾਰ ਗੁਰਦੇਵ ਸਿੰਘ ਪਿਛਲੇ ਦਿਨੀਂ ਅਚਾਨਕ ਸਦੀਵੀ ਵਿਛੋੜਾ ਦੇ ਗਏ ਸਨ।ਉਨ੍ਹਾਂ ਦੀ ਅੰਤਿਮ ਅਰਦਾਸ ਮੌਕੇ ਸੰਸਥਾ ਵਲੋਂ ਪਰਿਵਾਰ ਦੇ ਸਹਿਯੋਗ ਨਾਲ ਇੱਕ ਵਿਸ਼ੇਸ਼ ਉਪਰਾਲਾ ਕਰਦੇ ਹੋਏ ਮੌਸਮ ਨੂੰ ਦੇਖਦੇ ਲੰਗਰ ਲਾਇਆ ਗਿਆ। ਭੋਗ ਉਪਰੰਤ ਮਾਤਾ ਜੀ ਦੀ ਯਾਦ ਵਿੱਚ ਸਾਰਿਆਂ ਨੂੰ ਪੌਦਿਆਂ ਦਾ ਪ੍ਰਸ਼ਾਦ ਦਿੰਦੇ ਹੋਏ ਇੱਕ ਇੱਕ ਰੁੱਖ ਲਗਾਉਣ ਲਈ ਪ੍ਰੇਰਤ ਕੀਤਾ ਤਾਂ ਜੁ ਵਾਤਾਵਰਣ ਬਚਾਇਆ ਜਾ ਸਕੇ। ਸੰਸਥਾ ਮੈਂਬਰ ਕੁਲਵਿੰਦਰ ਸਿੰਘ ਈ ਓ ਤੇ ਸੁਖਦਰਸ਼ਨ ਸਿੰਘ ਕੁਲਾਨਾ ਨੇ ਦੱਸਿਆ ਕਿ ਛੇਤੀ ਹੀ ਬੁਢਲਾਡਾ ਵਿਖੇ ਵੀ ਇੱਕ ਬਹੁਤ ਵੱਡੀ ਪੌਦਿਆਂ ਦੀ ਛਬੀਲ ਲਾਈ ਜਾਵੇਗੀ।ਅੱਜ ਦੇ ਸਮੇਂ ਵੱਧ ਤੋਂ ਵੱਧ ਰੁੱਖ ਲਾਉਣ ਦੀ ਅਤੇ ਉਨ੍ਹਾਂ ਦੀ ਸੰਭਾਲ ਕਰਨ ਦੀ ਲੋੜ ਹੈ, ਜਿੱਥੇ ਆਈਆਂ ਸੰਗਤਾਂ ਵੱਲੋਂ ਸੰਸਥਾ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ, ਉੱਥੇ ਪਰਵਾਰ ਵੱਲੋਂ ਸੰਸਥਾ ਦਾ ਧੰਨਵਾਦ ਕੀਤਾ ਗਿਆ ਤੇ ਸੰਸਥਾ ਦੇ ਨਵੇਂ ਦਫ਼ਤਰ ਲਈ ਇੱਕ ਨਵੀਂ ਐਲ ਈ ਡੀ ਮਾਤਾ ਜੀ ਦੀ ਯਾਦ ਵਿੱਚ ਦਿੱਤੀ ਗਈ।

## ਛਾਜਲੀ ਦੀ ਪੰਚਾਇਤ ਨੂੰ ਗ੍ਰਾਂਟਾਂ ਦੇ ਗੱਫੇ ਦਿੱਤੇ



**ਦਿੜ੍ਹਬਾ (ਜਸਵੀਰ ਲਾਡੀ)**-ਹਲਕਾ ਦਿੜ੍ਹਬਾ ਦੇ ਸਭ ਤੋਂ ਵੱਡੇ ਪਿੰਡ ਛਾਜਲੀ 'ਤੇ ਪੰਜਾਬ ਸਰਕਾਰ ਦੇ ਖ਼ਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਮਿਹਰਬਾਨ ਹੋਏ। ਛਾਜਲੀ ਦੇ ਸਰਪੰਚ ਗੁਰਬਿਆਸ ਸਿੰਘ ਖੰਗੂੜਾ ਨੇ ਦੱਸਿਆ ਕਿ ਚੀਮਾ ਸਾਹਿਬ ਪਹਿਲਾਂ ਹੀ ਪਿੰਡ ਨੂੰ ਗ੍ਰਾਂਟਾਂ ਦੇ ਗੱਫੇ ਦੇ ਰਹੇ।ਪਹਿਲਾਂ ਵੀ ਪਿੰਡ ਦੀ ਸਹੂਲਤ ਲਈ ਐਬੂਲੈਂਸ ਦਿੱਤੀ ਹੈ ਤੇ ਦੋ ਵਾਟਰ ਵਰਕਸ ਲਈ ਗ੍ਰਾਂਟ ਜਾਰੀ ਕਰ ਦਿੱਤੀ ਹੈ। ਸਰਪੰਚੀ ਦੀ ਚੋਣ ਵੇਲੇ ਕੀਤੇ ਵਾਅਦਿਆਂ ਵਿੱਚੋਂ ਇੱਕ ਹੋਰ ਵਾਅਦਾ ਪੂਰਾ ਕਰ ਦਿੱਤਾ ਹੈ, ਜੋ ਪਿਛਲੇ 17 ਸਾਲਾਂ ਤੋਂ ਲਮਕਦਾ ਆ ਰਿਹਾ ਸੀ।ਪਿੰਡ ਛਾਜਲੀ ਤੋਂ ਜਵੰਦੇ ਪਿੰਡ ਨੂੰ ਜਾਂਦੇ ਕੱਚੇ ਪਹੇ ਨੂੰ ਸੜਕ ਬਣਾ ਦਿੱਤਾ ਹੈ।ਪਹਿਲਾਂ ਪਹੇ ਦੀ ਨਿਸ਼ਾਨਦੇਹੀ ਕੀਤੀ ਗਈ ਤੇ ਹੁਣ ਸੜਕ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਸੀ।

## ਬੰਦ ਬਿਜਲੀ ਮੁੜ ਚਾਲੂ ਕਰਨ ਲਈ ਲੱਗ ਰਹੇ 3 ਘੰਟੇ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿੱਚ ਗ਼ਰਮੀ ਤੇ ਝੋਨੇ ਦੇ ਸੀਜ਼ਨ ਦੌਰਾਨ ਬਿਜਲੀ ਬੰਦ ਦੀਆਂ ਸ਼ਿਕਾਇਤਾਂ ਵਧ ਰਹੀਆਂ ਹਨ।ਬੰਦ ਬਿਜਲੀ ਸਪਲਾਈ ਨੂੰ ਦਰੁਸਤ ਕਰਕੇ ਮੁੜ ਬਹਾਲ ਕਰਨ ਲਈ ਔਸਤਨ ਤਿੰਨ ਘੰਟੇ ਦਾ ਸਮਾਂ ਲੱਗ ਰਿਹਾ ਹੈ, ਜਿਸ ਕਰਕੇ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਵੀ ਕਰਨਾ ਪੈਂਦਾ ਹੈ।ਦਿਲਚਸਪ ਹੈ ਕਿ ਨਾਰਥ, ਸਾਊਥ ਤੇ ਵੈਸਟ ਜ਼ੋਨ 'ਚ ਜਿੱਥੇ ਬਿਜਲੀ ਬੰਦ ਦੀ ਇਕ ਸ਼ਿਕਾਇਤ ਦਾ ਨਿਪਟਾਰਾ ਕਰਨ ਵਿਚ ਤਿੰਨ ਘੰਟੇ ਤੋਂ ਵੱਧ ਦਾ ਸਮਾਂ ਲੱਗ ਰਿਹਾ ਹੈ, ਉਥੇ ਹੀ ਬਾਰਡਰ ਜ਼ੋਨ ਤੇ ਸੈਂਟਰਲ ਜ਼ੋਨ ਅਧੀਨ ਇਲਾਕਿਆਂ ਵਿੱਚ ਇੱਕ ਸ਼ਿਕਾਇਤ ਦਾ ਨਿਪਟਾਰਾ ਔਸਤਨ ਦੋ ਘੰਟੇ ਵਿੱਚ ਹੀ ਹੋ ਰਿਹਾ ਹੈ।ਸੈਂਟਰਲ ਜ਼ੋਨ ਵਿੱਚ ਲੁਧਿਆਣਾ ਪੱਛਮੀ ਹਲਕਾ ਵੀ ਆਉਂਦਾ ਹੈ ਜਿੱਥੇ ਚੋਣਾਂ ਦਾ ਮਾਹੌਲ ਭਖਿਆ ਹੋਇਆ ਹੈ ਤੇ ਇੱਥੇ ਬਿਜਲੀ ਦੀ ਸ਼ਿਕਾਇਤ ਦਾ ਨਿਪਟਾਰਾ ਸਭ ਤੋਂ ਵੱਧ ਤੇਜ਼ੀ ਨਾਲ ਹੋ ਰਿਹਾ ਹੈ। ਐਤਵਾਰ ਨੂੰ ਪੰਜਾਬ ਭਰ ਤੋਂ ਕੁੱਲ 1,13,450 ਸ਼ਿਕਾਇਤਾਂ ਦਰਜ ਹੋਈਆਂ, ਇਨ੍ਹਾਂ ਵਿੱਚੋਂ 1,02,865 ਦਾ ਨਿਪਟਾਰਾ ਕੀਤਾ ਗਿਆ ਤੇ ਬਾਕੀ 'ਤੇ ਸੋਮਵਾਰ ਦੁਪਹਿਰ ਤੱਕ ਕੰਮ ਜਾਰੀ ਰਿਹਾ ਹੈ।ਇਨ੍ਹਾਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਔਸਤਨ ਤਿੰਨ ਘੰਟੇ ਤੋਂ ਵੱਧ ਦਾ ਸਮਾਂ ਲੱਗਾ ਹੈ।ਅੰਕੜਿਆਂ ਅਨੁਸਾਰ ਬਾਰਡਰ ਜ਼ੋਨ ਅਧੀਨ ਅੰਮ੍ਰਿਤਸ਼ਰ ਸ਼ਹਿਰੀ, ਗੁਰਦਾਸਪੁਰ, ਸਬ ਅਰਬਨ, ਤਰਨਤਾਰਨ ਤੋਂ ਐਤਵਾਰ ਨੂੰ ਕੁੱਲ 12907 ਸ਼ਿਕਾਇਤਾਂ ਮਿਲੀਆਂ, ਜਿਨ੍ਹਾਂ ਨੂੰ ਠੀਕ ਕਰਨ ਵਿੱਚ 2 ਘੰਟੇ 16 ਮਿੰਟ ਦਾ ਔਸਤਨ ਸਮਾਂ ਲੱਗਾ ਹੈ।ਇਸੇ ਤਰ੍ਹਾਂ ਸੈਂਟਲਰ ਜ਼ੋਨ ਅਧੀਨ ਪੂਰਬੀ ਲੁਧਿਆਣਾ, ਪੱਛਮੀ ਲੁਧਿਆਣਾ, ਖੰਨਾ ਤੇ ਸਬ ਅਰਬਨ ਲੁਧਿਆਣਾ ਤੋਂ ਕੁੱਲ 34,515 ਸ਼ਿਕਾਇਤਾਂ ਮਿਲੀਆਂ, ਜਿਨ੍ਹਾਂ ਵਿੱਚੋਂ 31678 ਦਾ ਨਿਪਟਾਰਾ ਕਰਨ ਲਈ ਔਸਤਨ 2 ਘੰਟੇ 16 ਮਿੰਟ ਦਾ ਸਮਾਂ ਲੱਗਿਆ ਹੈ। ਉਕਤ ਦੋਵੇਂ ਜ਼ੋਨਾਂ ਵਿਚ ਸਭ ਤੋਂ ਵੱਧ ਸ਼ਿਕਾਇਤਾਂ ਲੁਧਿਆਣਾ ਪੱਛਮੀ ਤੋਂ ਦਰਜ ਹੋਈਆਂ ਤੇ ਸਭ ਤੋਂ ਵੱਧ ਤੇਜ਼ੀ ਨਾਲ ਠੀਕ ਵੀ ਹੋਈਆਂ ਹਨ। ਲੁਧਿਆਣਾ ਵੈਸਟ ਦੀਆਂ 16733 ਸ਼ਿਕਾਇਤਾਂ ਵਿੱਚੋਂ 15609 ਦਾ ਨਿਪਟਾਰਾ ਕਰਨ ਲਈ 1 ਘੰਟੇ 57 ਮਿੰਟ ਵਿਚ ਹੋਇਆ, ਜਦੋਂਕਿ ਬਾਕੀ ਇਲਾਕਿਆਂ ਵਿਚ ਬਿਜਲੀ ਠੀਕ ਕਰਨ ਲਈ 2 ਘੰਟੇ 23 ਮਿੰਟ ਤੋਂ ਲੈ ਕੇ 2 ਘੰਟੇ 41 ਮਿੰਟ ਦਾ ਸਮਾਂ ਲੱਗਾ ਹੈ।ਪ੍ਰਾਪਤ ਅੰਕੜਿਆਂ ਅਨੁਸਾਰ ਪੀਐੱਸਪੀਸੀਐੱਲ ਦੇ ਨੋਰਥ ਜ਼ੋਨ ਅਧੀਨ ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਤੇ ਨਵਾਂਸ਼ਹਿਰ ਤੋਂ ਕੁੱਲ 18010 ਸ਼ਿਕਾਇਤਾਂ ਮਿਲੀਆਂ ਜਿਨ੍ਹਾਂ ਵਿੱਚੋਂ 17104 ਦਾ ਟਿਪਟਾਰਾ ਕੀਤਾ ਗਿਆ ਤੇ ਬਾਕੀ 'ਤੇ ਕੰਮ ਜਾਰੀ ਰਿਹਾ।ਇਨ੍ਹਾਂ ਸ਼ਿਕਾਇਤਾਂ ਨੂੰ ਠੀਕ ਕਰਨ ਲਈ ਔਸਤਨ 2.53 ਘੰਟੇ ਦਾ ਸਮਾਂ ਲੱਗਾ ਹੈ।ਸਾਊਥ ਜ਼ੋਨ ਅਧੀਨ ਬਰਨਾਲਾ, ਮੋਹਾਲੀ, ਪਟਿਆਲਾ, ਰੋਪੜ ਤੇ ਸੰਗਰੂਰ ਤੋਂ ਕੁੱਲ 35715 ਸ਼ਿਕਾਇਤਾਂ ਦਰਜ ਹੋਈਆਂ।ਇਨ੍ਹਾਂ ਵਿੱਚੋਂ 30924 ਦਾ ਨਿਪਟਾਰਾ ਔਸਤਨ 4.35 ਘੰਟੇ ਵਿਚ ਹੋਇਆ ਹੈ।ਵੈਸਟ ਜ਼ੋਨ ਅਧੀਨ ਬਠਿੰਡਾ, ਫ਼ਰੀਦਕੋਟ, ਫ਼ਿਰੋਜ਼ਪੁਰ ਤੇ ਮੁਕਤਸਰ ਸਾਹਿਬ ਤੋਂ ਕੁੱਲ 12303 ਸ਼ਿਕਾਇਤਾਂ ਮਿਲੀਆਂ, ਇਨ੍ਹਾਂ ਵਿੱਚੋਂ 11081 ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਔਸਤ 6.35 ਘੰਟੇ ਦਾ ਸਮਾਂ ਲੱਗਿਆ ਹੈ।

## ਬਲਾਕ ਕਾਂਗਰਸ ਕਮੇਟੀ ਨਿਹਾਲ ਸਿੰਘ ਵਾਲਾ ਦੀ ਮਹੀਨਾਵਾਰ ਮੀਟਿੰਗ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਸ੍ਰ. ਅਮਰਿੰਦਰ ਸਿੰਘ ਰਾਜਾ ਵੜਿੰਗ ਪ੍ਰਧਾਨ ਪੰਜਾਬ ਪ੍ਰਦੇਸ ਕਾਂਗਰਸ ਕਮੇਟੀ ਦੀਆਂ ਹਦਾਇਤਾਂ ਅਨੁਸਾਰ ਬਲਾਕ ਕਾਂਗਰਸ ਕਮੇਟੀ ਨਿਹਾਲ ਸਿੰਘ ਵਾਲਾ ਦੀ ਮਹੀਨਾਵਾਰ ਮੀਟਿੰਗ ਸ੍ਰ. ਭੁਪਿੰਦਰ ਸਿੰਘ ਸਾਹੋਕੇ ਹਲਕਾ ਇੰਚਾਰਜ ਦੀ ਅਗਵਾਈ ਹੇਠ ਰੁਪਿੰਦਰ ਸਿੰਘ ਦੀਨਾ ਪ੍ਰਧਾਨ ਬਲਾਕ ਕਾਂਗਰਸ ਕਮੇਟੀ ਵੱਲੋਂ ਕਾਂਗਰਸ ਦਫਤਰ ਨਿਹਾਲ ਸਿੰਘ ਵਾਲਾ ਵਿਖੇ ਰੱਖੀ ਗਈ। ਮੀਟਿੰਗ ਵਿੱਚ ਹਲਕੇ ਨਾਲ ਸੰਬੰਧਤ ਸਾਰੇ ਜ਼ਿਲ੍ਹਾ ਕਾਂਗਰਸ ਕਮੇਟੀ ਤੇ ਬਲਾਕ ਕਾਂਗਰਸ ਕਮੇਟੀ ਦੇ ਅਹੁਦੇਦਾਰ ਅਤੇ ਵੱਖ ਵੱਖ ਵਿੰਗਾਂ ਦੇ ਪ੍ਰਧਾਨ ਤੇ ਮੈਂਬਰ, ਮੰਡਲ ਕਮੇਟੀਆਂ ਦੇ ਪ੍ਰਧਾਨ ਤੇ ਸਰਪੰਚ, ਪੰਚ, ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸਾਹਿਬਾਨ ਹਾਜ਼ਰ ਹੋਏ ਅਤੇ ਪਾਰਟੀ ਵੱਲੋਂ ਨਿਯੁਕਤ ਕੀਤੇ ਗਏ ਹਲਕਾ ਕੋਆਡੀਨੇਟਰ ਕੇ ਕੇ ਤਿਵਾੜੀ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਧਰਮਪਾਲ ਸਿੰਘ ਡੀ ਪੀ ਸੀਨੀਅਰ ਆਗੂ, ਸਵਰਨ ਸਿੰਘ ਆਦੀਵਾਲ, ਜਸਵਿੰਦਰ ਸਿੰਘ ਕੁੱਸਾ, ਪ੍ਰਧਾਨ ਜਸਵੰਤ ਸਿੰਘ ਪੱਪੀ ਰਾਊਕੇ ਨੇ ਮੀਟਿੰਗ ਨੂੰ ਸੰਬੋਧਨ ਕੀਤਾ। ਇਸ ਮੌਕੇ ਰੂਪ ਲਾਲ ਮਿੱਤਲ ਸ਼ਹਿਰੀ ਪ੍ਰਧਾਨ, ਗੁਰਮੇਲ ਸਿੰਘ ਖਾਈ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਸਰਪੰਚ ਸਿੰਦਰਪਾਲ ਸਿੰਘ ਰਣਸੀਂਹ ਖੁਰਦ, ਮਹਿੰਦਰ ਸਿੰਘ ਮਾਨ ਰਾਮਾ ਸਤਵੰਤ ਸਿੰਘ ਕਾਲਾ ਰਣਸੀਂਹ, ਗੁਰਪ੍ਰੀਤ ਸਿੰਘ ਰਣਸੀਂਹ ਕਲਾਂ, ਗੋਬਿੰਦ ਸਿੰਘ ਰਣਸੀਂਹ, ਸਰਪੰਚ ਅਮਰਜੀਤ ਸਿੰਘ ਪੱਤੋ, ਸਰਪੰਚ ਜਸਪਾਲ ਸਿੰਘ ਪੱਤੋ ਦੀਦਾਰ ਸਿੰਘ ਪ੍ਰਧਾਨ ਕਿਸਾਨ ਵਿੰਗ, ਨੰਬਰਦਾਰ ਗੁਰਪ੍ਰੀਤ ਸਿੰਘ ਬਾਰੇਵਾਲਾ, ਪ੍ਰਧਾਨ ਅਮਨਦੀਪ ਸਿੰਘ ਅਮਨਾ ਪੱਤੋ, ਬੂਟਾ ਸਿੰਘ ਰਣੀਆ, ਨੰਬਰਦਾਰ ਮਨਜੀਤ ਸਿੰਘ ਜੀਤੀ ਰੌਂਤਾ, ਕੁਲਦੀਪ ਸਿੰਘ ਰਣੀਆ, ਝਿਰਮਲ ਸਿੰਘ ਰਣੀਆ, ਜਗਸੀਰ ਸਿੰਘ ਸਰਪੰਚ ਮੀਨੀਆ, ਬੇਅੰਤ ਸਿੰਘ ਮੀਨੀਆ, ਗੁਰਦੀਪ ਸਿੰਘ ਮਾਣੂੰਕੇ ਸੀਨੀਅਰ ਮੀਤ ਪ੍ਰਧਾਨ ਬਲਾਕ, ਹਰਨੇਕ ਸਿੰਘ ਬਰਾੜ, ਵਿਜੇ ਮੰਤਰੀ, ਸੋਨੀ ਨਿਹਾਲ ਸਿੰਘ ਵਾਲਾ, ਪ੍ਰਧਾਨ ਹਰਫੂਲ ਸਿੰਘ ਮਾਣੂੰਕੇ, ਗੁਰਦੀਪ ਸਿੰਘ ਮਾਣੂੰਕੇ ਸੀਨੀਅਰ ਮੀਤ ਪ੍ਰਧਾਨ, ਯੂਥ ਪ੍ਰਧਾਨ ਪਰਮਵੀਰ ਸਿੰਘ ਮਾਣੂੰਕੇ, ਗੋਪਾਲ ਮਿੱਤਲ ਯੂਥ ਪ੍ਰਧਾਨ ਨਿਹਾਲ ਸਿੰਘ ਵਾਲਾ, ਜਗਦੇਵ ਸਿੰਘ ਮਾਣੂੰਕੇ, ਇੰਦਰਜੀਤ ਸਿੰਘ ਬਾਰੇਵਾਲਾ ਮੀਤ ਪ੍ਰਧਾਨ ਬਲਾਕ, ਸਰਪੰਚ ਗੁਰਪ੍ਰੀਤ ਸਿੰਘ ਨਵਾਂ ਮਾਛੀਕੇ, ਸਰਪੰਚ ਜਸਵੀਰ ਸਿੰਘ ਜੱਸਾ ਬੌਡੇ, ਗੁਰਦੀਪ ਸਿੰਘ ਬੱਧਨੀ ਖੁਰਦ ਮੀਤ ਪ੍ਰਧਾਨ ਬਲਾਕ, ਪ੍ਰਧਾਨ ਗੁਰਪ੍ਰੀਤ ਸਿੰਘ ਬੱਧਨੀ ਕਲਾਂ, ਬਲਰਾਜ ਖਾਨ ਰਾਮਾ ਯੂਥ ਪ੍ਰਧਾਨ, ਨੰਬਰਦਾਰ ਅਜਮੇਰ ਸਿੰਘ ਖਾਈ ਮੀਤ ਪ੍ਰਧਾਨ, ਪ੍ਰਧਾਨ ਲਖਵੀਰ ਸਿੰਘ ਘੋਲੀਆ ਖੁਰਦ, ਗੁਰਸੇਵਕ ਸਿੰਘ ਮੀਨੀਆ ਬਲਾਕ ਸੰਮਤੀ ਮੈਂਬਰ, ਪ੍ਰਧਾਨ ਰਣਜੀਤ ਸਿੰਘ ਦੀਨਾ, ਮਨਪ੍ਰੀਤ ਸਿੰਘ ਬਰਾੜ ਬੱਧਨੀ ਖੁਰਦ ਯੂਥ ਆਗੂ, ਗੀਤਕਾਰ ਲੱਖੀ ਗਾਜੀਆਣਾ, ਬਲਦੇਵ ਸਿੰਘ ਸਰਪੰਚ ਰਣਸੀਹ ਡਾਇਰੈਕਟਰ, ਜਗਰੂਪ ਸਿੰਘ ਮੈਂਬਰ ਮੀਨੀਆ, ਬਲਵੀਰ ਸਿੰਘ ਦਫਤਰ ਇੰਚਾਰਜ ਆਦਿ ਹਾਜ਼ਰ ਸਨ।

## ਸਮਾਜ ਸੇਵੀ ਜਗਜੀਤ ਜੱਸਲ ਦਾ ਸੰਗਰੂਰ ਸੋਸ਼ਲ ਵੈੱਲਫੇਅਰ ਐਸੋ. ਵੱਲੋਂ ਸਨਮਾਨ



**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਜ਼ਿਲ੍ਹਾ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਵੱਖ-ਵੱਖ ਸਰਕਾਰੀ, ਅਰਧ-ਸਰਕਾਰੀ, ਜੁਡੀਸ਼ਰੀ ਤੇ ਬੈਂਕਾਂ ਵਿੱਚੋਂ ਸੇਵਾ ਮੁਕਤ ਹੋਏ ਅਧਿਕਾਰੀਆਂ ਤੇ ਕਰਮਚਾਰੀਆਂ ਦੀ ਸਮਾਜ ਸੇਵੀ ਸੰਸਥਾ ਸੰਗਰੂਰ ਸੋਸ਼ਲ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਇੱਕ ਯਾਦਗਾਰੀ ਸਨਮਾਨ ਤੇ ਸੱਭਿਆਚਾਰਕ ਸਮਾਗਮ ਐਸੋਸੀਏਸ਼ਨ ਦੇ ਪ੍ਰਧਾਨ ਤੇ ਸੂਬਾਈ ਪੈਨਸ਼ਨਰ ਆਗੂ ਸ੍ਰੀ ਰਾਜ ਕੁਮਾਰ ਅਰੋੜਾ ਦੀ ਅਗਵਾਈ ਵਿੱਚ ਸੰਪੰਨ ਹੋਇਆ।ਇਸ ਸਮਾਗਮ ਦੇ ਮੁੱਖ ਮਹਿਮਾਨ ਦੇ ਤੌਰ 'ਤੇ ਸੀਨੀਅਰ ਸਿਟੀਜਨ ਭਲਾਈ ਸੰਸਥਾ ਦੇ ਜਨਰਲ ਸਕੱਤਰ ਤੇ ਸਾਬਕਾ ਬੈਂਕ ਅਧਿਕਾਰੀ ਜਗਜੀਤ ਸਿੰਘ ਜੱਸਲ ਵੱਲੋਂ ਸ਼ਿਰਕਤ ਕੀਤੀ ਗਈ, ਜਦੋਂਕਿ ਸਮਾਗਮ ਦੀ ਪ੍ਰਧਾਨਗੀ ਸੀਨੀਅਰ ਸਿਟੀਜਨ ਭਲਾਈ ਸੰਸਥਾ ਦੇ ਪ੍ਰਧਾਨ ਤੇ ਸਾਬਕਾ ਡੀਨ ਕੁਰੂਕਸ਼ੇਤਰਾ ਯੂਨੀਵਰਸਿਟੀ ਵੱਲੋਂ ਕੀਤੀ ਗਈ।ਉਨ੍ਹਾਂ ਨਾਲ ਪ੍ਰਧਾਨਗੀ ਮੰਡਲ ਵਿੱਚ ਐਸੋਸੀਏਸ਼ਨ ਦੇ ਚੇਅਰਮੈਨ ਰਵਿੰਦਰ ਸਿੰਘ ਗੁੱਡੂ, ਸਰਪ੍ਰਸਤ ਪ੍ਰੋ. ਸੁਰੇਸ਼ ਗੁੱਪਤਾ, ਸੀਨੀਅਰ ਮੀਤ ਪ੍ਰਧਾਨ ਕਰਨੈਲ ਸਿੰਘ ਸੇਖੋਂ, ਓ. ਪੀ. ਖਿੱਪਲ, ਜਸਵੀਰ ਸਿੰਘ ਖ਼ਾਲਸਾ, ਕਿਸ਼ੋਰੀ ਲਾਲ, ਡਾ. ਮਨਮੋਹਨ ਸਿੰਘ ਸੀਨੀਅਰ ਸਿਟੀਜਨ ਭਲਾਈ ਸੰਸਥਾ ਦੇ ਵਿੱਤ ਸਕੱਤਰ ਸ਼ਕਤੀ ਮਿੱਤਲ, ਐਸੋਸੀਏਸ਼ਨ ਦੇ ਮੀਤ ਪ੍ਰਧਾਨ ਜਨਕ ਰਾਜ ਜੋਸੀ, ਰਜਿੰਦਰ ਸਿੰਘ ਚੰਗਾਲ (ਤੱਗੜ), ਜਨਰਲ ਸਕੱਤਰ ਕੰਵਲਜੀਤ ਸਿੰਘ ਤੇ ਵਿੱਤ ਸਕੱਤਰ ਸੁਰਿੰਦਰ ਸਿੰਘ ਸੋਢੀ, ਸਕੱਤਰ ਜਰਨਲ ਤਿਲਕ ਰਾਜ ਸਤੀਜਾ, ਆਰਗੇਨਾਈਜ਼ਰ ਰਾਜ ਕੁਮਾਰ ਬਾਂਸਲ, ਸਾਬਕਾ ਬੈਂਕ ਅਧਿਕਾਰੀ ਵਿਪਨ ਮਲਿਕ, ਜਗਦੀਸ਼ ਕਾਲੜਾ, ਅਸ਼ੋਕ ਨਾਗਪਾਲ ਜੁਡੀਸ਼ਰੀ ਤੋਂ ਮੰਗਤ ਰਾਜ ਸਖੀਜਾ, ਮਦਨ ਗੋਪਾਲ ਅਤੇ ਗੌਰਮਿੰਟ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਸੰਗਰੂਰ ਦੇ ਜਨਰਲ ਸਕੱਤਰ ਅਵਿਨਾਸ਼ ਸ਼ਰਮਾ ਮੌਜੂਦ ਸਨ। ਪ੍ਰਧਾਨ ਰਾਜ ਕੁਮਾਰ ਅਰੋੜਾ ਵੱਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਸਮਾਜ ਸੇਵਾ, ਲੋਕ ਭਲਾਈ ਤੇ ਬਜ਼ੁਰਗਾਂ ਦੇ ਸਤਿਕਾਰ ਨੂੰ ਸਮਰਪਤ ਹੈ।ਸ੍ਰ. ਜਗਜੀਤ ਸਿੰਘ ਜੱਸਲ ਜੋ ਕਿ ਇੱਕ ਬੈਂਕ ਅਧਿਕਾਰੀ ਦੇ ਤੌਰ 'ਤੇ ਸੇਵਾਮੁਕਤ ਹੋਏ ਨੌਕਰੀ ਦੌਰਾਨ ਆਲ ਇੰਡੀਆ ਪੱਧਰ 'ਤੇ ਬੈਂਕ ਅਧਿਕਾਰੀਆਂ ਦੀ ਜਥੇਬੰਦੀ ਦੇ ਪ੍ਰਧਾਨ ਰਹੇ ਤੇ ਬੈਂਕ ਮੁਲਾਜ਼ਮਾਂ ਦੀਆਂ ਮੰਗਾਂ ਦੇ ਨਾਲ-ਨਾਲ ਸਮਾਜ ਸੇਵਾ ਦੇ ਕੰਮ ਵੀ ਕਰਦੇ ਰਹੇ ਅਤੇ ਹੁਣ ਸੀਨੀਅਰ ਸਿਟੀਜਨ ਭਲਾਈ ਸੰਸਥਾ ਜੋ ਬਜ਼ੁਰਗਾਂ ਤੇ ਲੋੜਵੰਦਾਂ ਦੀ ਭਲਾਈ ਨੂੰ ਸਮਰਪਤ ਹੈ, ਦੇ ਜਨਰਲ ਸਕੱਤਰ ਹਨ ਅਤੇ ਬਜ਼ੁਰਗਾਂ ਦੀ ਭਲਾਈ ਲਈ ਕੰਮ ਕਰ ਰਹੇ ਹਨ। ਉਨ੍ਹਾਂ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਲਈ ਐਸੋਸੀਏਸ਼ਨ ਵੱਲੋਂ ਉਨ੍ਹਾਂ ਦੇ 73ਵੇਂ ਜਨਮ ਦਿਨ 'ਤੇ ਸ਼ੁਭ-ਕਾਮਨਾਵਾਂ ਦਿੱਤੀਆਂ ਗਈਆਂ ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸੱਭਿਆਚਾਰਕ ਸਮਾਗਮ ਦੌਰਾਨ ਵਾਸਦੇਵ ਸ਼ਰਮਾ, ਮਹੇਸ਼ ਜੌਹਰ, ਗੋਬਿੰਦਰ ਸ਼ਰਮਾ, ਡਾ. ਸੁਰਿੰਦਰ ਸ਼ੋਰੀ, ਮੁਕੇਸ਼ ਕੁਮਾਰ ਹਾਕਮ ਸਿੰਘ ਵੈਦ, ਗਿਰਧਾਰੀ ਲਾਲ, ਰਕੇਸ਼ ਗੁਪਤਾ ਆਦਿ ਨੇ ਸੱਭਿਆਚਾਰਕ ਗੀਤਾਂ ਨਾਲ ਹਾਜ਼ਰੀਨ ਦਾ ਮਨੋਰੰਜਨ ਕੀਤਾ ਤੇ ਆਪਣੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਵੱਡੀ ਗਿਣਤੀ ਵਿੱਚ ਐਸੋਸੀਏਸ਼ਨ ਦੇ ਮੈਂਬਰ ਹਾਜ਼ਰ ਸਨ।

## ਸਰਬੱਤ ਦਾ ਭਲਾ ਟਰੱਸਟ ਵੱਲੋਂ ਲੋੜਵੰਦ ਪਰਵਾਰਾਂ ਨੂੰ ਸਹਾਇਤਾ ਰਾਸ਼ੀ ਦੇ ਚੈੱਕ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੇਵੀਅਰ ਸਿੰਘ ਵਜੋਂ ਜਾਣੇ ਜਾਂਦੇ ਉੱਘੇ ਸਮਾਜਸੇਵੀ ਤੇ ਦੁਬੱਈ ਦੇ ਉਘੇ ਕਾਰੋਬਾਰੀ ਡਾ. ਸੁਰਿੰਦਰਪਾਲ ਓਬਰਾਏ ਵੱਲੋਂ ਅਤੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ ਦੀ ਯੋਗ ਅਗਵਾਈ ਵਿਚ ਚਲਾਈ ਜਾ ਰਹੀ ਸਮਾਜਸੇਵੀ ਸੰਸਥਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਤਲਵੰਡੀ ਭਾਈ ਵਿਚ ਕਰਵਾਏ ਗਏ ਇੱਕ ਸਾਦੇ ਸਮਾਗਮ ਦੌਰਾਨ ਤਲਵੰਡੀ ਭਾਈ ਅਤੇ ਮੁੱਦਕੀ ਇਲਾਕਿਆਂ ਨਾਲ ਸਬੰਧਤ 15 ਜ਼ਰੂਰਤਮੰਦ, ਵਿਧਵਾਵਾਂ ਅਤੇ ਅੰਗਹੀਣ ਪਰਵਾਰਾਂ ਨੂੰ ਆਰਥਿਕ ਸਹਾਇਤਾ ਰਾਸ਼ੀ ਦੇ ਚੈੱਕ ਵੰਡੇ ਗਏ ਅਤੇ ਜ਼ਿਲ੍ਹਾ ਟੀਮ ਵਿਚ ਸ਼ਾਮਲ ਕੀਤੇ ਗਏ ਮੈਂਬਰ ਪਾਲ ਸਿੰਘ ਨੂੰ ਜ਼ਿਲ੍ਹਾ ਜਨਰਲ ਸਕੱਤਰ ਦੇ ਅਹੁਦੇ ਲਈ ਨਿਯੁਕਤ ਕੀਤੇ ਜਾਣ ਅਤੇ ਜਸਪ੍ਰੀਤ ਕੌਰ, ਰਣਧੀਰ ਜੋਸ਼ੀ ਅਤੇ ਪ੍ਰੇਮ ਮਨਚੰਦਾ ਮੁੱਦਕੀ ਨੂੰ ਜ਼ਿਲ੍ਹਾ ਮੈਂਬਰ ਨਿਯੁਕਤ ਕੀਤੇ ਜਾਣ 'ਤੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ ਵੱਲੋਂ ਸਨਮਾਨ ਵਜੋਂ ਸਿਰੋਪਾਉ ਭੇਟ ਕੀਤਾ ਗਿਆ ਅਤੇ ਨਿਯੁਕਤ ਕੀਤੇ ਗਏ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ ਗਈ।

ਚੁਣੇ ਗਏ ਮੈਂਬਰਾਂ ਵੱਲੋਂ ਡਾ. ਓਬਰਾਏ ਦਾ ਟੀਮ ਵਿਚ ਸ਼ਾਮਲ ਕਰਨ 'ਤੇ ਧੰਨਵਾਦ ਕੀਤਾ ਗਿਆ ਅਤੇ ਕਿਹਾ ਕਿ ਡਾ. ਓਬਰਾਏ ਨਾਲ ਸੇਵਾਵਾਂ ਨਿਭਾਉਣਾ ਸਾਡੀ ਖੁਸ਼ਕਿਸਮਤੀ ਹੈ। ਮਹੀਨਾਵਾਰ ਪੈਨਸ਼ਨਾਂ ਦੇ ਚੈੱਕ ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਪਾਲ ਸਿੰਘ ਅਤੇ ਮਹਾਵੀਰ ਸਿੰਘ ਵੱਲੋਂ ਵੰਡੇ ਗਏ। ਸੰਸਥਾ ਦੇ ਜ਼ਿਲ੍ਹਾ ਮੀਤ ਪ੍ਰਧਾਨ ਦਵਿੰਦਰ ਸਿੰਘ ਛਾਬੜਾ ਅਤੇ ਜਸਪ੍ਰੀਤ ਕੌਰ ਇੰਚਾਰਜ ਤਲਵੰਡੀ ਭਾਈ ਨੇ ਦੱਸਿਆ ਕਿ ਸੰਸਥਾ ਦੇ ਬਾਨੀ ਡਾ. ਓਬਰਾਏ ਵੱਲੋਂ ਲੋਕ ਭਲਾਈ ਦੇ ਕਈ ਹੋਰ ਕਾਰਜ ਸ਼ੁਰੂ ਕੀਤੇ ਹੋਏ ਹਨ। ਜਿਨ੍ਹਾਂ ਵਿਚ ਫਿਰੋਜ਼ਪੁਰ ਜ਼ਿਲ੍ਹੇ ਅੰਦਰ ਲੋੜਵੰਦਾਂ, ਅੰਗਹੀਣਾਂ ਅਤੇ ਵਿਧਵਾਵਾਂ ਨੂੰ 1 ਲੱਖ 37 ਹਜ਼ਾਰ ਰਾਸ਼ੀ ਦੇ ਮਹੀਨਾਵਾਰ ਪੈਨਸ਼ਨਾਂ ਦੇ ਚੈੱਕ, ਅੱਖਾਂ ਦੇ ਫ੍ਰੀ ਕੈਂਪ, ਹੁਸ਼ਿਆਰ ਅਤੇ ਲੋੜਵੰਦ ਵਿਦਿਆਰਥੀਆਂ ਦੀਆਂ ਫੀਸਾਂ, ਮੈਡੀਕਲ ਸਹਾਇਤਾ, ਕਈ ਤਰ੍ਹਾਂ ਦੇ ਹੱਥੀਂ ਹੁਨਰ ਵਾਲੇ ਸਿਖਲਾਈ ਕੋਰਸ ਸਕੂਲਾਂ ਅਤੇ ਜਨਤਕ ਸਥਾਨਾਂ 'ਤੇ ਸਾਫ਼ ਪਾਣੀ ਵਾਲੇ ਆਰ ਓ ਲਗਾਏ ਜਾਂਦੇ ਹਨ।

ਉਨ੍ਹਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਪਾਰਕ ਤਲਵੰਡੀ ਭਾਈ ਵਿਖੇ ਬਹੁਤ ਹੀ ਘੱਟ ਰੇਟਾਂ 'ਤੇ ਚੱਲ ਰਹੀ ਸੰਨੀ ਓਬਰਾਏ ਲੈਬੋਰਟਰੀ ਦਾ ਇਲਾਕਾ ਨਿਵਾਸੀਆਂ ਨੂੰ ਬਹੁਤ ਵੱਡਾ ਫਾਇਦਾ ਹੋ ਰਿਹਾ ਹੈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਮਰਜੀਤ ਕੌਰ ਛਾਬੜਾ, ਜ਼ਿਲ੍ਹਾ ਜਨਰਲ ਸਕੱਤਰ ਪਾਲ ਸਿੰਘ, ਇੰਚਾਰਜ ਤਲਵੰਡੀ ਭਾਈ ਜਸਪ੍ਰੀਤ ਕੌਰ, ਪ੍ਰੇਮ ਮਨਚੰਦਾ ਹਾਜ਼ਰ ਸਨ।

## 6 ਕਰੋੜ 73 ਲੱਖ ਰੁਪਏ ਦੀ ਲਾਗਤ ਨਾਲ ਵਾਟਰ ਸਪਲਾਈ ਪ੍ਰੋਜੈਕਟ ਸ਼ੁਰੂ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਵਾਟਰ ਸਪਲਾਈ ਪਾਇਪ ਲਾਇਨ ਪਾਉਣ ਤੇ 03 ਨਵੇਂ ਟਿਊਬਵੈਲ ਲਗਾਉਣ ਦੀ ਚਿਰੋਕਣੀ ਮੰਗ ਨੂੰ ਪੂਰਾ ਕਰਦੇ ਹੋਏ 6 ਕਰੋੜ 73 ਲੱਖ ਰੁਪਏ ਦੀ ਲਾਗਤ ਨਾਲ ਇਹ ਕੰਮ ਸ਼ੁਰੂ ਕਰਾ ਦਿੱਤਾ ਹੈ।ਇਸ ਪ੍ਰੋਜੈਕਟ ਅਧੀਨ ਸ਼ਹਿਰ ਦੇ ਜ਼ਿਆਦਾਤਰ ਬਾਹਰੀ ਖੇਤਰ ਤੇ ਕੁੱਝ ਅੰਦਰਲੇ ਵਾਰਡਾਂ ਵਿੱਚ ਲਗਭਗ 18 ਕਿਲੋਮੀਟਰ ਵਾਟਰ ਸਪਲਾਈ ਪਾਇਪ ਲਾਇਨ ਪਾਈ ਜਾਵੇਗੀ ਤੇ ਸ਼ਹਿਰ ਅੰਦਰ ਵੱਖ-ਵੱਖ ਜਗ੍ਹਾ 3 ਨਵੇਂ ਟਿਊਬਵੈਲ ਲਾਏ ਜਾਣਗੇ।ਇਸ ਨਾਲ ਸ਼ਹਿਰ ਵਾਸੀਆਂ ਨੂੰ ਆਉਣ ਵਾਲੇ ਸਮੇਂ ਵਿੱਚ ਪੀਣ ਵਾਲੇ ਪਾਣੀ ਦੀ ਕੋਈ ਸਮੱਸਿਆ ਨਹੀਂ ਆਵੇਗੀ।ਮੁੱਖ ਮੰਤਰੀ ਕੈਂਪਸ ਦਫਤਰ ਦੇ ਇੰਚਾਰਜ ਤੇ ਪੰਜਾਬ ਲਘੂ ਉਦਯੋਗ ਵਿਕਾਸ ਨਿਗਮ ਦੇ ਚੇਅਰਮੈਨ ਦਲਬੀਰ ਸਿੰਘ ਢਿੱਲੋਂ, ਇੰਚਾਰਜ ਤੇ ਮਾਰਕਿਟ ਕਮੇਟੀ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਤੇ ਨਗਰ ਕੌਂਸਲ ਦੀ ਪ੍ਰਧਾਨ ਪੁਸ਼ਪਾ ਰਾਣੀ ਤਾਇਲ ਨੇ ਕੀਤੀ, ਜਦਕਿ ਇਸੇ ਦੌਰਾਨ ਬੱਸ ਸਟੈਂਡ ਵਿਖੇ ਲੱਗਣ ਵੇਲੇ ਟਿਊਬਵੈਲ ਦੇ ਕੰਮ ਦੀ ਸ਼ੁਰੂਆਤ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਤੇ ਨਗਰ ਕੌਂਸਲ ਦੀ ਪ੍ਰਧਾਨ ਪੁਸ਼ਪਾ ਰਾਣੀ ਤਾਇਲ ਨੇ ਸਾਂਝੇ ਤੌਰ 'ਤੇ ਕੀਤੀ।ਆਗੂਆਂ ਨੇ ਕਿਹਾ ਕਿ ਇਸ ਪਾਈਪ ਲਾਈਨ ਦੇ ਚਾਲੂ ਹੋਣ ਨਾਲ 3145 ਘਰਾਂ ਨੂੰ ਨਵੇਂ ਪਾਣੀ ਕੁਨੈਕਸ਼ਨ ਜਾਰੀ ਕੀਤੇ ਜਾਣਗੇ, ਜਿਸ ਨਾਲ ਤਕਰੀਬਨ ਸਾਰੇ ਸ਼ਹਿਰ ਨੂੰ ਸ਼ੁੱਧ ਪੀਣ ਵਾਲਾ ਪਾਣੀ ਮਿਲਣ ਲੱਗੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਧੂਰੀ ਵਿੱਚ ਵਿਕਾਸ ਕਾਰਜ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ।ਪੂਰੇ ਹਲਕੇ ਵਿੱਚ ਵੱਖ ਵੱਖ ਵਿਭਾਗਾਂ ਰਾਹੀਂ ਬਹੁਤ ਤੇਜ਼ੀ ਨਾਲ ਵਿਕਾਸ ਕਾਰਜ ਕੀਤੇ ਜਾ ਰਹੇ ਹਨ।ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵਿਕਾਸ ਕਾਰਜ ਸ਼ੁਰੂ ਕੀਤੇ ਜਾ ਰਹੇ ਹਨ, ਜਿਸ ਨਾਲ ਬਿਲਕੁਲ ਹਲਕੇ ਦੀ ਨੁਹਾਰ ਬਦਲ ਜਾਵੇਗੀ।ਵਿਕਾਸ ਕਾਰਜਾਂ 'ਚ ਲੋਕ ਵੀ ਸਰਕਾਰ ਦਾ ਬਹੁਤ ਸਾਥ ਦੇ ਰਹੇ ਹਨ।

ਸਰਕਾਰ ਵੱਲੋਂ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਸਕੂਲਾਂ ਵਿੱਚ ਵੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਵੀ ਬਹੁਤ ਹੁੰਗਾਰਾ ਮਿਲ ਰਿਹਾ ਹੈ ਤੇ ਇਸ ਮੁਹਿੰਮ ਤਹਿਤ ਪਿੰਡ-ਪਿੰਡ ਜਾ ਕੇ ਪ੍ਰੋਗਰਾਮਾਂ/ਕੈਂਪਾਂ ਰਾਹੀਂ ਲੋਕਾਂ ਨੂੰ ਜਾਗ੍ਰਿਤ ਕੀਤਾ ਜਾ ਰਿਹਾ ਹੈ।ਸਰਕਾਰ ਹਰ ਇੱਕ ਪਹਿਲੂ ਤੇ ਬਹੁਤ ਬਾਰੀਕੀ ਤੇ ਕਾਮਯਾਬੀ ਨਾਲ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਹਲਕੇ ਦੇ ਜ਼ਿਆਦਾਤਰ ਪਿੰਡਾਂ ਨੂੰ ਨਹਿਰੀ ਪਾਣੀ ਮੁਹੱਈਆ ਕਰਾਇਆ ਜਾ ਚੁੱਕਿਆ ਹੈ ਤੇ ਬਾਕੀ ਪਿੰਡਾਂ ਵਿੱਚ ਵੀ ਜਲਦੀ ਹੀ ਨਹਿਰੀ ਪਾਣੀ ਲਈ ਪਾਇਪ ਲਾਇਨ ਪਾਉਣ ਦੀ ਵਿਵਸਥਾ ਕੀਤੀ ਜਾ ਰਹੀ ਹੈ।ਇਸ ਮੌਕੇ ਉਤੇ ਪ੍ਰਧਾਨ ਨਗਰ ਕੌਂਸਲ ਪੁਸ਼ਪਾ ਰਾਣੀ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਪੀਣ ਵਾਲਾ ਸਾਫ਼ ਪਾਣੀ ਮੁਹੱਈਆ ਕਰਾਉਣਾ ਸਰਕਾਰ ਦੀ ਸੰਵੇਦਨਸ਼ੀਲਤਾ ਨੂੰ ਦਰਸਾਉਂਦਾ ਹੈ।

## ਲੋਕ 'ਆਪ' ਨੂੰ ਰਾਜ ਸੱਤਾ 'ਚ ਲਿਆ ਕੇ ਪਛਤਾ ਰਹੇ : ਗਿੱਲ

### ਬਲਾਕ ਕਾਂਗਰਸ ਮਲੌਦ ਦੀ ਮਹੀਨਾਵਾਰ ਮੀਟਿੰਗ



**ਦੋਰਾਹਾ (ਹਰਮਿੰਦਰ ਸੇਠ)**-ਬਲਾਕ ਕਾਂਗਰਸ ਮਲੌਦ ਦੀ ਮਹੀਨਾਵਾਰ ਮੀਟਿੰਗ ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਗੁਰਮੇਲ ਸਿੰਘ ਗਿੱਲ ਬੇਰਕਲਾਂ ਦੀ ਯੋਗ ਅਗਵਾਈ ਹੇਠ ਸ਼ਹਿਰੀ ਕਾਂਗਰਸ ਦੇ ਪ੍ਰਧਾਨ ਸੁਰਿੰਦਰ ਕੁਮਾਰ ਢੀਂਗਰਾ ਦੇ ਪੋਲਟੀਫਾਰਮ 'ਤੇ ਹੋਈ, ਜਿਸ ਵਿੱਚ ਬਲਾਕ ਕਾਂਗਰਸ ਮਲੌਦ ਦੇ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ। ਮੀਟਿੰਗ ਦੀ ਸ਼ੁਰੂਆਤ ਕਰਦੇ ਹੋਏ ਬਲਾਕ ਕਾਂਗਰਸ ਪ੍ਰਧਾਨ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਮੀਟਿੰਗ ਦਾ ਏਜੰਡਾ ਦੱਸਦੇ ਹੋਏ ਕਿਹਾ ਕਿ ਕਾਂਗਰਸ ਪਾਰਟੀ ਨੂੰ ਬੂਥ ਪੱਧਰ 'ਤੇ ਮਜ਼ਬੂਤ ਕਰਨ ਲਈ ਇੱਕ ਬੂਥ 'ਤੇ 22 ਮੈਂਬਰ ਬਣਾਉਣੇ ਹਨ, ਜੋ ਕਿ ਮਲੌਦ ਬਲਾਕ ਅਧੀਨ ਆਉਂਦੇ ਪਿੰਡਾਂ ਵਿੱਚ ਕਾਂਗਰਸੀ ਆਗੂ ਤੇ ਸਰਗਰਮ ਵਰਕਰ ਜਲਦੀ ਤੋਂ ਜਲਦੀ ਬਣਾਉਣ। ਉਨ੍ਹਾ ਕਿਹਾ ਕਿ ਪੰਜਾਬ ਦੇ ਲੋਕ ਨਿਕੰਮੀ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਬਣਾ ਕੇ ਹੁਣ ਪਛਤਾ ਰਹੇ ਹਨ ਤੇ ਕਾਂਗਰਸ ਪਾਰਟੀ ਦੇ ਰਾਜਭਾਗ ਨੂੰ ਚੇਤੇ ਕਰ ਰਹੇ ਹਨਕ, ਜਿਸ ਨੇ ਹਰ ਵਰਗ ਨੂੰ ਸਹੂਲਤਾਂ ਦਿੱਤੀਆਂ। ਪ੍ਰਧਾਨ ਗਿੱਲ ਬੇਰਕਲਾਂ ਨੇ ਕਿਹਾ ਕਿ ਬਦਲਾਅ ਵਾਲੀ ਪਹਿਲੀ ਸਰਕਾਰ ਅਜਿਹੀ ਵੇਖੀ ਹੈ, ਜੋ ਸਿੱਖਿਆ ਕ੍ਰਾਂਤੀ ਤਹਿਤ ਬਾਥਰੂਮਾਂ ਦਾ ਵੀ ਉਦਘਾਟਨ ਕਰ ਰਹੀ ਹੈ, ਜਦੋਂਕਿ ਆਮ ਆਦਮੀ ਪਾਰਟੀ ਨੂੰ ਸ਼ਰਮ ਆਉਣੀ ਚਾਹੀਦੀ ਹੈ ਕਿ ਪਿੰਡ ਦਾ ਸਰਪੰਚ ਵੀ ਬਾਥਰੂਮ ਦਾ ਉਦਘਾਟਨ ਨਹੀਂ ਕਰਦਾ। ਉਨ੍ਹਾ ਕਿਹਾ ਕਿ ਆਉਣ ਵਾਲੀ ਸਰਕਾਰ ਕਾਂਗਰਸ ਪਾਰਟੀ ਦੀ ਬਣਨੀ ਨਿਸ਼ਚਿਤ ਹੈ, ਕਿਉਂਕਿ ਪੰਜਾਬ ਦੇ ਲੋਕ ਕਾਂਗਰਸ ਪਾਰਟੀ ਦੇ ਹੱਥਾਂ ਵਿੱਚ ਹੀ ਪੰਜਾਬ ਨੂੰ ਸੁਰੱਖਿਅਤ ਵੇਖ ਸਕਦੇ ਹਨ। ਪ੍ਰਧਾਨ ਗਿੱਲ ਬੇਰਕਲਾਂ ਨੇ ਕਿਹਾ ਕਿ ਆਉਣ ਵਾਲੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲਈ ਵੀ ਕਾਂਗਰਸੀ ਆਗੂ ਤੇ ਵਰਕਰ ਤਿਆਰ ਰਹਿਣ, ਕਿਉਂਕਿ ਇਹ ਚੋਣਾਂ ਜਿੱਤਣ ਤੋਂ ਬਾਅਦ ਆਮ ਆਦਮੀ ਪਾਰਟੀ ਦਾ ਜਾਣਾ ਵੀ ਤੈਅ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਰਿੰਦਰ ਕੁਮਾਰ ਢੀਂਗਰਾ ਸ਼ਹਿਰੀ ਪ੍ਰਧਾਨ, ਬਲਵਿੰਦਰ ਸਿੰਘ ਸੀਹਾ ਦੋਦ ਮੀਤ ਪ੍ਰਧਾਨ, ਕ੍ਰਿਸ਼ਨ ਦੇਵ ਜੋਗੀਮਾਜਰਾ ਮੀਤ ਪ੍ਰਧਾਨ, ਗੁਰਮੁੱਖ ਸਿੰਘ ਗੋਮੀ ਸਿਆੜ ਬੁਲਾਰਾ, ਬਲਵੀਤ ਰਾਮ ਪੱਪੂ ਮੀਤ ਪ੍ਰਧਾਨ, ਜਤਿੰਦਰ ਸਿੰਘ ਚੋਮੋ ਚੇਅਰਮੈਨ ਕਿਸਾਨ ਸੈੱਲ ਤੇ ਗੁਰਪ੍ਰੀਤ ਸਿੰਘ ਚੋਪੜਾ ਮੀਡੀਆ ਕੁਆਰਡੀਨੇਟਰ ਨੇ ਵੀ ਆਪਣੇ ਵਿਚਾਰ ਰੱਖੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਂਗਰਸ ਦੇ ਵੱਡੀ ਗਿਣਤੀ 'ਚ ਲੀਡਰ ਤੇ ਵਰਕਰ ਸ਼ਾਮਲ ਹੋਏ।

## ਸਰਹੱਦੀ ਪਿੰਡ ਮਾਛੀਵਾੜਾ ਦੇ ਖੇਤਾਂ 'ਚੋਂ ਡਰੋਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਸਰਹੱਦੀ ਪਿੰਡ ਮਾਛੀਵਾੜਾ ਦੇ ਖੇਤਾਂ ਵਿੱਚ ਬੀਐੱਸਐੱਫ ਦੇ ਜਵਾਨਾਂ ਨੂੰ ਸਰਚ ਦੌਰਾਨ ਇੱਕ ਮਾਕਰੋ ਡਰੋਨ 3 ਕਲਾਸਿਕ ਬਰਾਮਦ ਹੋਇਆ। ਇਸ ਸੰਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਇੰਸਪੈਕਟਰ ਰਾਮ ਨਿਵਾਸ ਯਾਦਵ 115 ਬੀਐੱਨ, ਬੀਐੱਸਐੱਫ ਬੀਓਪੀ ਜਗਦੀਸ਼ ਫਿਰੋਜ਼ਪੁਰ ਵੱਲੋਂ ਇਕ ਪੱਤਰ ਨੰਬਰ ਐੱਫ/ਓਪੀਐੱਸ/ਐੱਫਆਈਆਰ/155/2025/292 ਮਿਤੀ 18 ਜੂਨ 2025 ਵੱਲੋਂ 155 ਬੀਐੱਨ ਬੀਐੱਸਐੱਫ ਬੀਓਪੀ ਜਗਦੀਸ਼ ਮੌਸੂਲ ਹੋਇਆ ਕਿ ਅੱਜ ਸਵੇਰੇ 11 ਵਜੇ ਦੇ ਕਰੀਬ ਪਿੰਡ ਮਾਛੀਵਾੜਾ ਦੇ ਖੇਤਾਂ ਵਿੱਚ ਬੀਐੱਸਐੱਫ ਦੀ ਪਾਰਟੀ ਨੂੰ ਇਕ 1 ਮਾਕਰੋ ਡਰੋਨ 3 ਕਲਾਸਿਕ ਰੰਗ ਗਰੇਅ ਬਰਾਮਦ ਹੋਇਆ। ਜਾਣਕਾਰੀ ਸੁਖਬੀਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।


**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਸੀਨੀ.ਮੰਡਲ ਵਿਦਯੁਤ ਇੰਜੀਨੀਅਰ/ਸਾਮਾਨਯ, ਉੱਤਰ ਰੇਲਵੇ ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ ਟੈਂਡਰਾ (www.ireps.gov.in) ਮੰਗ ਕੀਤੀ ਜਾਂਦੀ ਹੈ। ਟੈਂਡਰਕਾਰ ਆਪਣੇ ਮੂਲ/ਸੰਸ਼ੋਧਿਤ ਟੈਂਡਰਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (₹) | ਬਿਆਨਾ ਰਾਸ਼ੀ (₹) | ਕੰਮ ਦਾ ਸਮਾਂ | ਟੈਂਡਰ ਖੁੱਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| 251-ਵਿਦਯੁਤ T-08-2025-26 | ਫਿਰੋਜ਼ਪੁਰ ਮੰਡਲ ਵਿਚ ਐਲਐਚਬੀ ਏਸੀ ਕੋਚਾਂ ਦੇ ਲਈ ਛੱਤ ਉਤੇ ਲਗੇ ਏਸੀ ਪੈਕੇਜ ਯੂਨਿਟ ਦੇ ਲਈ ਕੰਡੇਨਸਰ ਅਤੇ ਵਾਸ਼ਪੀਕਰਣ ਕੋਇਲ ਦੇ ਪ੍ਰਾਵਧਾਨ ਦੇ ਸੰਬਧ ਵਿਚ ਵਿਦਯੁਤ ਕੰਮ। | Rs. 33,88,896.00p | Rs. 67,800.00p | 06 ਮਹੀਨੇ | 08.07.2025 15:00 ਵਜੇ ਦੇ ਬਾਦ | www.ireps.gov.in |

ਨੰ: 251-ਵਿਦਯੁਤ-ਟੈਂਡਰ ਨੋਟਿਸ ਨੰ: 08-ਵਿਦਯੁਤ/2025-26 ਮਿਤੀ : 17.06.2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1821/25

# ਸੀ ਐੱਮ ਦੀ ਯੋਗਸ਼ਾਲਾ ਪ੍ਰੋਗਰਾਮ 'ਚ 21000 ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਨੇ ਨਵਾਂ ਰਿਕਾਰਡ ਕੀਤਾ ਕਾਇਮ

**ਜਲੰਧਰ (ਸ਼ੈਲੀ ਐਲਬਰਟ)** ਜਲੰਧਰ ਸ਼ਹਿਰ ਵਿੱਚ ਅੱਜ ਯੋਗ ਪ੍ਰਤੀ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। 21,000 ਤੋਂ ਵੱਧ ਯੋਗਾ ਪ੍ਰੇਮੀਆਂ ਨੇ ਸੀ.ਐਮ. ਦੀ ਯੋਗਸ਼ਾਲਾ ਪ੍ਰੋਗਰਾਮ ਵਿੱਚ ਹਿੱਸਾ ਲਿਆ, ਜੋ ਕਿ ਯੋਗ ਸਬੰਧੀ ਇਕ ਹੀ ਪ੍ਰੋਗਰਾਮ ਵਿੱਚ ਲੋਕਾਂ ਦੀ ਮੌਜੂਦਗੀ ਦਾ ਇੱਕ ਨਵਾਂ ਰਿਕਾਰਡ ਹੈ। ਸਮਾਗਮ ਵਿੱਚ 17,000 ਯੋਗ ਮੈਟਸ ਦਾ ਪ੍ਰਬੰਧ ਕੀਤਾ ਗਿਆ ਸੀ, ਪਰ ਲੋਕਾਂ ਦੇ ਭਰਵੇਂ ਹੁੰਗਾਰੇ ਸਦਕਾ ਜਨਤਕ ਸ਼ਮੂਲੀਅਤ ਦਾ ਅੰਕੜਾ ਸਭ ਦੀਆਂ ਉਮੀਦਾਂ ਨੂੰ ਪਾਰ ਕਰ ਗਿਆ।ਸਿਹਤਮੰਦ ਅਤੇ ਰੰਗਲੇ ਪੰਜਾਬ ਦੀ ਸਿਰਜਣਾ ਲਈ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਵੀਰਵਾਰ ਨੂੰ ਲੋਕਾਂ ਨੂੰ ਯੋਗ ਨੂੰ ਆਪਣੇ ਰੋਜ਼ਾਨਾ ਦੇ ਜੀਵਨ ਦਾ ਅਨਿੱਖੜਵਾਂ ਅੰਗ ਬਣਾਉਣ ਦਾ ਸੱਦਾ ਦਿੱਤਾ।ਪੀ.ਏ.ਪੀ. ਗਰਾਊਂਡ ਵਿਖੇ ਰਾਜ ਪੱਧਰੀ 'ਸੀ.ਐਮ. ਦੀ ਯੋਗਸ਼ਾਲਾ' ਸਮਾਗਮ ਦੌਰਾਨ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਸਿਹਤ ਮੰਤਰੀ ਨੇ ਕਿਹਾ ਕਿ ਇਸ ਵਿਸ਼ਾਲ ਸਮਾਗਮ ਵਿੱਚ ਹਰ ਵਰਗ ਦੇ ਲੋਕਾਂ ਨੂੰ ਉਤਸ਼ਾਹ ਨਾਲ ਹਿੱਸਾ ਲੈਂਦੇ ਦੇਖਣਾ ਬਹੁਤ ਖੁਸ਼ੀ ਦੀ ਗੱਲ ਹੈ। ਉਨ੍ਹਾਂ ਕਿਹਾ ਕਿ 'ਸੀ.ਐਮ. ਦੀ ਯੋਗਸ਼ਾਲਾ' ਸਿਹਤਮੰਦ ਅਤੇ ਵਧੇਰੇ ਊਰਜਾਵਾਨ ਪੰਜਾਬ ਦੇ ਨਿਰਮਾਣ ਦੀ ਦਿਸ਼ਾ ਵਿੱਚ ਇੱਕ ਕਦਮ ਹੈ। ਡਾ. ਬਲਬੀਰ ਸਿੰਘ ਨੇ ਇਸ ਗੱਲ 'ਤੇ ਮਾਣ ਪ੍ਰਗਟ ਕੀਤਾ ਕਿ ਹਜ਼ਾਰਾਂ ਪੰਜਾਬੀ ਇਸ ਨੇਕ ਕਾਰਜ ਵਿੱਚ ਸੂਬਾ ਸਰਕਾਰ ਨਾਲ ਜੁੜੇ ਹਨ। ਉਨ੍ਹਾਂ ਕਿਹਾ ਕਿ ਉਹ ਦਿਨ ਦੂਰ ਨਹੀਂ, ਜਦੋਂ ਸੂਬਾ ਇੱਕ ਸਿਹਤਮੰਦ ਅਤੇ ਰੰਗਲੇ ਪੰਜਾਬ ਵਜੋਂ ਆਪਣੀ ਪੁਰਾਣੀ ਸ਼ਾਨ ਮੁੜ ਹਾਸਲ ਕਰੇਗਾ।ਡਾ. ਬਲਬੀਰ ਸਿੰਘ, ਜਿਨ੍ਹਾਂ ਨਾਲ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੁਲਸ ਕਮਿਸ਼ਨਰ



ਧਨਪ੍ਰੀਤ ਕੌਰ ਮੌਜੂਦ ਸਨ, ਨੇ ਕਿਹਾ ਕਿ ਉਨ੍ਹਾਂ ਨੂੰ ਸੀ.ਐਮ. ਦੀ ਯੋਗਸ਼ਾਲਾ ਦੇ ਮਾਧਿਅਮ ਨਾਲ ਹਜ਼ਾਰਾਂ ਲੋਕਾਂ ਨੂੰ ਸਰਕਾਰ ਨਾਲ ਜੁੜਦੇ ਦੇਖ ਕੇ ਬਹੁਤ ਖੁਸ਼ੀ ਹੋਈ ਹੈ। ਸਿਹਤ ਮੰਤਰੀ ਨੇ ਅੱਗੇ ਕਿਹਾ ਕਿ ਯੋਗ ਸਿਖਾਉਣ ਲਈ ਸਿਖ਼ਲਾਈ ਪ੍ਰਾਪਤ ਯੋਗਾ ਇੰਸਟ੍ਰਕਟਰ ਨਿਯੁਕਤ ਕੀਤੇ ਗਏ ਹਨ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਤਣਾਅ ਦਾ ਵਧਦਾ ਪੱਧਰ ਵੱਡੀ ਚਿੰਤਾ ਦਾ ਵਿਸ਼ਾ ਹੈ ਅਤੇ ਯੋਗ ਇਸ ਸਮੱਸਿਆ ਨਾਲ ਨਜਿੱਠਣ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਅ ਸਕਦਾ ਹੈ।ਸਿਹਤ ਮੰਤਰੀ ਨੇ ਕਿਹਾ ਕਿ ਸੀ.ਐਮ. ਦੀ ਯੋਗਸ਼ਾਲਾ ਅਭਿਆਨ ਦਿੱਲੀ ਦੇ ਮੁੱਖ ਮੰਤਰੀ ਹੁੰਦਿਆਂ ਅਰਵਿੰਦ ਕੇਜਰੀਵਾਲ ਵੱਲੋਂ ਦਿੱਲੀ ਵਿੱਚ ਸ਼ੁਰੂ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਨੇ ਕੌਮੀ ਰਾਜਧਾਨੀ ਵਿੱਚ ਬਹੁਤ ਪ੍ਰਸਿੱਧੀ ਹਾਸਲ ਕੀਤੀ, ਜਿਸ ਨਾਲ ਆਬਾਦੀ ਦੇ ਵੱਡੇ ਹਿੱਸੇ ਨੂੰ ਲਾਭ ਪ੍ਰਾਪਤ ਹੋਇਆ। ਇਸਦੀ ਸਫ਼ਲਤਾ ਤੋਂ ਪ੍ਰੇਰਿਤ ਹੋ ਕੇ ਭਗਵੰਤ ਮਾਨ ਜੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਲਈ ਵੀ ਇਸੇ ਤਰ੍ਹਾਂ ਦੇ ਲਾਭ ਯਕੀਨੀ ਬਣਾਉਣ ਲਈ ਇਸ ਯੋਜਨਾ ਨੂੰ ਲਾਗੂ ਕੀਤਾ ਗਿਆ। ਕੈਬਨਿਟ ਮੰਤਰੀ ਨੇ ਕਿਹਾ ਕਿ ਯੋਗਾ ਰਾਹੀਂ ਨਸ਼ੇ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਨੂੰ ਇਸ ਅਲਾਮਤ ਤੋਂ ਨਿਜਾਤ ਦਿਵਾਉਣ ਲਈ ਮਾਨਸਿਕ ਤੌਰ 'ਤੇ ਮਜ਼ਬੂਤ ਬਣਾਇਆ ਜਾ ਰਿਹਾ ਹੈ।ਇਸ ਤੋਂ ਪਹਿਲਾਂ ਜਲੰਧਰ ਦੇ ਮੇਅਰ ਵਨੀਤ ਧੀਰ ਨੇ ਪਤਵੰਤਿਆਂ ਦਾ ਸਵਾਗਤ ਕੀਤਾ ਜਦਕਿ ਉੱਘੇ ਉਦਯੋਗਪਤੀ ਅਤੇ 'ਆਪ' ਆਗੂ ਨਿਤਿਨ ਕੋਹਲੀ ਨੇ ਧੰਨਵਾਦ ਕੀਤਾ। ਇਸ ਮੌਕੇ ਮੇਅਰ ਜਲੰਧਰ ਵਨੀਤ ਧੀਰ, ਆਪ ਆਗੂ ਨਿਤਿਨ ਕੋਹਲੀ ਅਤੇ ਪ੍ਰਿੰਸੀਪਲ ਪ੍ਰੇਮ ਕੁਮਾਰ, ਸਿਹਤ ਸਕੱਤਰ ਕੁਮਾਰ ਰਾਹੁਲ, ਵਾਈਸ ਚਾਂਸਲਰ ਸ੍ਰੀ ਗੁਰੂ ਰਵਿਦਾਸ ਆਯੁਰਵੇਦ ਯੂਨੀਵਰਸਿਟੀ ਹੁਸ਼ਿਆਰਪੁਰ ਡਾ. ਸੰਜੀਵ ਸੂਦ, ਡਾਇਰੈਕਟਰ ਰਜਿੰਦਰ ਸਿੰਘ ਰਿਹਾਲ, ਵਧੀਕ ਡਾਇਰੈਕਟਰ ਜਨਰਲ ਪੁਲਸ ਸਟੇਟ ਆਰਮਡ ਪੁਲਸ ਜਲੰਧਰ ਐਮ.ਐਫ. ਫਾਰੂਕੀ, ਏ.ਡੀ.ਜੀ.ਪੀ. ਨਰੇਸ਼ ਅਰੋੜਾ, ਡੀ.ਆਈ. ਜੀ. ਨਵੀਨ ਸਿੰਗਲਾ ਆਦਿ ਵੀ ਮੌਜੂਦ ਸਨ।

# ਮਨਜੀਤ ਸਿੰਘ ਮੋਹਾਲੀ ਨੂੰ ਰਾਸ਼ਟਰੀ ਲੋਕ ਦਲ ਪਾਰਟੀ ਦਾ ਪੰਜਾਬ ਪ੍ਰਧਾਨ ਥਾਪਿਆ

**ਮੋਹਾਲੀ (ਗੁਰਜੀਤ ਬਿੱਲਾ)**— ਦੇਸ਼ ਦੀ ਕੌਮੀ ਰਾਜਨੀਤਕ ਪਾਰਟੀ ਰਾਸ਼ਟਰੀ ਲੋਕ ਦਲ ਵੱਲੋਂ ਮੋਹਾਲੀ ਵਿਚ ਕੀਤੀ ਇਕ ਪ੍ਰੈੱਸ ਕਾਨਫਰੰਸ ਦੌਰਾਨ ਮਨਜੀਤ ਸਿੰਘ ਮੋਹਾਲੀ ਨੂੰ ਪੰਜਾਬ ਦਾ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਉਹਨਾਂ ਦੀ ਇਹ ਨਿਯੁਕਤੀ ਪਾਰਟੀ ਦੇ ਕੌਮੀ ਜਨਰਲ ਸਕੱਤਰ (ਸੰਗਠਨ) ਤਿਰਲੋਕ ਤਿਆਗੀ ਨੇ ਉਹਨਾਂ ਨੂੰ ਸਿਰੋਪਾਓ ਪਾ ਕੇ ਕੀਤੀ।ਦੱਸਣਯੋਗ ਹੈ ਕਿ ਇਹ ਫੈਸਲਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਅਤੇ ਕੇਂਦਰੀ ਮੰਤਰੀ ਜਿਯੰਤ ਚੌਧਰੀ ਸਮੇਤ ਸੀਨੀਅਰ ਨੇਤਾਵਾਂ ਦੀ ਰਜ਼ਾਮੰਦੀ ਨਾਲ ਲਿਆ ਗਿਆ ਹੈ, ਜੋ ਕਿ ਪੰਜਾਬ ਵਿਚ ਪਾਰਟੀ ਦੇ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਤੰਤਰਕ ਕਦਰਾਂ-ਕੀਮਤਾਂ ਨੂੰ ਅੱਗੇ ਵਧਾਉਣ ਵੱਲ ਇਕ ਮਹੱਤਵਪੂਰਨ ਕਦਮ ਹੈ।ਇਸ ਦੌਰਾਨ ਤਿਰਲੋਕ ਤਿਆਗੀ ਨੇ ਕਿਹਾ ਕਿ ਮਨਜੀਤ ਸਿੰਘ ਮੋਹਾਲੀ ਤ੍ਰਿਣਾਮੂਲ ਕਾਂਗਰਸ ਦੇ ਪੰਜਾਬ ਪ੍ਰਧਾਨ ਰਹਿ ਚੁੱਕੇ ਹਨ, ਜੋ ਆਪਣੀ ਪੂਰੀ ਟੀਮ ਨਾਲ ਰਾਸ਼ਟਰੀ ਲੋਕ ਦਲ ਪਾਰਟੀ ਵਿੱਚ ਸ਼ਾਮਿਲ ਹੋਏ ਹਨ। ਉਹਨਾਂ ਕਿਹਾ ਕਿ ਮਨਜੀਤ ਸਿੰਘ ਮੋਹਾਲੀ, ਲੋਕਾਂ ਨਾਲ ਜ਼ਮੀਨੀ ਪੱਧਰ 'ਤੇ ਜੁੜੇ ਹੋਏ ਹਨ। ਉਨ੍ਹਾਂ ਕੋਲ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਲੰਮਾ ਤਜਰਬਾ ਹੈ। ਉਹਨਾਂ ਕਿਹਾ ਕਿ ਸਾਨੂੰ ਭਰੋਸਾ ਹੈ ਕਿ ਮਨਜੀਤ ਸਿੰਘ ਮੋਹਾਲੀ ਪੰਜਾਬ ਵਿਚ ਰਾਸ਼ਟਰੀ ਲੋਕ ਦਲ ਪਾਰਟੀ ਦੀ ਆਵਾਜ਼ ਨੂੰ ਮਜ਼ਬੂਤ ਕਰਦੇ ਹੋਏ ਲੋਕਤੰਤਰ, ਕਿਸਾਨਾਂ, ਗਰੀਬਾਂ ਅਤੇ ਮਜਦੂਰਾਂ ਦੇ ਸਨਮਾਨ ਦੀ ਰੱਖਿਆ ਲਈ ਪੂਰੀ ਨਿਸ਼ਠਾ ਨਾਲ



ਕੰਮ ਕਰਨਗੇ। ਉਹਨਾਂ ਅੱਗੇ ਕਿਹਾ ਕਿ ਪਾਰਟੀ ਦੀ ਸੂਬਾ ਇਕਾਈ ਦਾ ਗਠਨ ਜਲਦ ਹੀ ਕੀਤਾ ਜਾਵੇਗਾ।ਇਸ ਦੌਰਾਨ ਤਿਆਗੀ ਨੇ ਰਾਸ਼ਟਰੀ ਲੋਕ ਦਲ ਪਾਰਟੀ, ਪੰਜਾਬ ਵਿਚ ਕਿਸਾਨੀ ਦੇ ਭੱਖਦੇ ਮੁੱਦਿਆਂ ਨੂੰ ਹੱਲ ਕਰਵਾਉਣ ਲਈ ਕੇਂਦਰ ਅਤੇ ਪੰਜਾਬ ਵਿਚ ਪੁੱਲ ਦਾ ਕੰਮ ਕਰੇਗੀ। ਉਹਨਾਂ ਕਿਹਾ ਕਿ ਪੰਜਾਬ ਦੀ ਕਿਸਾਨੀ ਨੂੰ ਉਪਰ ਚੁੱਕਣ ਲਈ ਪਾਰਟੀ ਜ਼ਮੀਨੀ ਪੱਧਰ 'ਤੇ ਕਿਸਾਨਾਂ ਨਾਲ ਖੜ੍ਹੀ ਹੈ। ਨਸ਼ਿਆਂ ਬਾਰੇ ਗੱਲਬਾਤ ਕਰਦਿਆਂ ਤਿਆਗੀ ਨੇ ਕਿਹਾ ਕਿ ਨਸ਼ੇ ਦੀ ਸਮੱਸਿਆ ਨਾਲ ਇਕੱਲਾ ਪੰਜਾਬ ਹੀ ਨਹੀਂ ਸਗੋਂ ਪੂਰਾ ਦੇਸ਼ ਇਸ ਨਾਲ ਜੂਝ ਰਿਹਾ ਹੈ। ਪੰਜਾਬ ਨੂੰ ਤਾਂ ਕੁਝ ਰਾਜਨੀਤਕ ਲੋਕਾਂ ਨੇ ਆਪਣੇ ਲਾਹੇ ਲਈ ਬਦਨਾਮ ਕਰ ਰਹੇ ਹਨ। ਨਸ਼ਾ ਰੋਕਣਾ ਕੇਂਦਰ ਅਤੇ ਸੂਬਾ ਸਰਕਾਰਾਂ ਦਾ ਕੰਮ ਹੈ। ਉਹਨਾਂ ਕਿਹਾ ਕਿ ਸਾਡੀ ਪਾਰਟੀ ਕੇਂਦਰ ਸਰਕਾਰ ਦੀ ਭਾਈਵਾਲ ਪਾਰਟੀ ਹੈ ਅਤੇ ਇਹ ਵਚਨਬੱਧਤਾ ਦੁਹਰਾਉਂਦੇ ਹਾਂ ਕਿ ਅਸੀਂ ਕੇਂਦਰ ਨਾਲ ਗੱਲਬਾਤ ਕਰਕੇ ਉਪਰੋਕਤ ਮੁੱਦਿਆਂ ਨੂੰ ਪਹਿਲ ਦੇ ਆਧਾਰ ਉਤੇ ਚੁੱਕਾਂਗੇ। ਨਾਲ ਹੀ ਉਹਨਾਂ ਕਿਸਾਨੀ ਸੰਦਾਂ ਉਤੇ ਲੱਗੇ ਜੀਐਸਟੀ ਨੂੰ ਵੀ ਘੱਟ ਕਰਨ ਦੀ ਗੱਲ ਕਹੀ।ਇਸ ਮੌਕੇ ਦਿਲਪ੍ਰੀਤ ਸਿੰਘ ਜਨਰਲ ਸਕੱਤਰ (ਯੂ.ਪੀ.), ਵਿਨੈ ਪ੍ਰਧਾਨ ਪ੍ਰਭਾਰੀ ਜੰਮੂ ਅਤੇ ਕਸ਼ਮੀਰ ਤੋਂ ਇਲਾਵਾ ਮਨਜੀਤ ਸਿੰਘ ਮੋਹਾਲੀ, ਅਨਿਲ ਕੁਮਾਰ ਗਰਗ, ਅਸ਼ੋਕ ਕੁਮਾਰ ਸ਼ਰਮਾ, ਮਹੰਤ ਭੰਗੂ ਸਵਾਮੀ, ਭੋਲਾ ਸਿੰਘ ਝੁਨੀਰ, ਇਕਬਾਲ ਸਿੰਘ ਤੁੰਗ (ਸਾਬਕਾ ਨਿੱਜੀ ਸਕੱਤਰ, ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ), ਬਲਦੇਵ ਸਿੰਘ ਬਠੋਈ, ਸ੍ਰੀਮਤੀ ਰੀਮਾ ਅਗਰਵਾਲ, ਸ੍ਰੀਮਤੀ ਜਸਵਿੰਦਰ ਕੌਰ, ਸ੍ਰੀਮਤੀ ਗੁਰਪ੍ਰੀਤ ਸੇਖੋਂ, ਗੁਰਪ੍ਰੀਤ ਸਿੰਘ ਚੌਹਾਨ, ਸੁਰਿੰਦਰ ਸਿੰਘ, ਦਵਿੰਦਰ ਸਿੰਘ, ਅਸ਼ਵਨੀ ਕੁਮਾਰ ਸ਼ਰਮਾ, ਜਗਤਾਰ ਸਿੰਘ ਭੁੱਲਰ, ਬਚਿੱਤਰ ਸਿੰਘ ਆਦਿ ਹਾਜ਼ਰ ਸਨ।

## ਗੁਰਦੁਆਰਾ ਸ਼ਹੀਦ ਬਾਬਾ ਗੋਦੜੀਆ ਸਿੰਘ ਤਲਵੰਡੀ ਜੱਟਾਂ ਵਿਖੇ ਸ਼ਹੀਦੀ ਸਮਾਗਮ ਮਨਾਇਆ

**ਬੰਗਾ (ਅਵਤਾਰ ਕਲੇਰ)** ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਗੋਦੜੀਆ ਸਿੰਘ ਜੀ ਤਲਵੰਡੀ ਜੱਟਾਂ ਵਿਖੇ ਪ੍ਰਬੰਧਕ ਕਮੇਟੀ, ਐਨ ਆਰ ਆਈ ਵੀਰਾਂ ਅਤੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਦੇ



ਸਹਿਯੋਗ ਨਾਲ ਮਹਾਨ ਸ਼ਹੀਦੀ ਸਮਾਗਮ ਮਨਾਇਆ ਗਿਆ। ਇਸ ਤਿੰਨ ਦਿਨਾਂ ਸਮਾਗਮ 'ਚ ਪਹਿਲੇ ਦਿਨ ਸ੍ਰੀ ਅਖੰਡ ਪਾਠ ਸਾਹਿਬ ਆਰੰਭੇ ਗਏ। ਦੂਸਰੇ ਦਿਨ ਨਿਸ਼ਾਨ ਸਾਹਿਬ ਜੀ ਨੂੰ ਚੋਲੇ ਪਹਿਨਾਏ ਗਏ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਮਹਾਨ ਨਗਰ ਕੀਰਤਨ ਸਜਾਏ ਗਏ। ਤੀਸਰੇ ਦਿਨ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਕੀਰਤਨ ਦੀਵਾਨ ਸਜਾਏ ਗਏ। ਰਾਗੀ, ਢਾਡੀਆਂ ਵਲੋਂ ਸੰਗਤਾਂ ਨੂੰ ਬਾਣੀ ਨਾਲ ਜੋੜਿਆ ਅਤੇ ਮਹਾਨ ਸ਼ਹੀਦਾਂ ਦੀਆਂ ਵਾਰਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਸ਼ਹੀਦੀ ਸਮਾਗਮ ਦੌਰਾਨ ਮੈਡੀਕਲ ਕੈਂਪ, ਖੂਨਦਾਨ ਕੈਂਪ ਲਗਾਇਆ ਗਿਆ। ਪ੍ਰਬੰਧਕ ਕਮੇਟੀ ਵਲੋਂ ਰਾਗੀਆਂ ,ਢਾਡੀਆਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ ਗਿਆ।ਇਸ ਮੌਕੇ 'ਤੇ ਪ੍ਰਧਾਨ ਜਗਤਾਰ ਸਿੰਘ ਚਾਹਲ, ਸੂਬੇਦਾਰ ਗੁਰਮੇਲ ਸਿੰਘ, ਬੂਟਾ ਸਿੰਘ ਸਿੱਧੂ, ਕੈਪਟਨ ਸਰਦੂਲ ਸਿੰਘ ਫਰਵਾਲਾ, ਲਖਵਿੰਦਰ ਸਿੰਘ ਸਿੱਧੂ ਜਨਰਲ ਸਕੱਤਰ, ਅਮਰਜੀਤ ਸਿੰਘ ਸਿੱਧੂ, ਜਸਵਿੰਦਰ ਸਿੰਘ ਚਾਹਲ, ਗੁਰਨੇਕ ਸਿੰਘ ਸਿੱਧੂ, ਹਰਮੇਸ਼ ਕੌਸ਼ਲ, ਬੂਟਾ ਸਿੰਘ ਚਾਹਲ, ਬਲਵੀਰ ਸਿੰਘ ਸਿੱਧੂ, ਮਨਦੀਪ ਸਿੰਘ ਸਿੱਧੂ, ਜਗਜੀਤ ਸਿੰਘ ਚਾਹਲ, ਅਮਨਦੀਪ ਕਲਸੀ, ਕੁਲਦੀਪ ਕਲਸੀ, ਜਤਿੰਦਰ ਸਿੰਘ ਲੁਧਿਆਣਾ, ਮਾਸਟਰ ਪਰਮਜੀਤ ਸਿੰਘ, ਸਤਵਿੰਦਰ ਸਿੰਘ ਪੰਚ, ਬਲਵੀਰ ਸਿੰਘ ਪੰਚ,ਸੁਖਦੀਪ ਸਿੰਘ, ਜਸਵੰਤ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਸਿੱਧੂ, ਬਲਦੇਵ ਸਿੰਘ ਆਦਿ ਸਮੂਹ ਇਲਾਕਾ ਨਿਵਾਸੀ ਸੰਗਤਾਂ ਹਾਜ਼ਰ ਸਨ।

# ਬੱਲਾਂ ਵਿਖੇ ਗ੍ਰਾਮ ਪੰਚਾਇਤ ਨੇ ਆਮ ਅਜਲਾਸ ਕਰਵਾਇਆ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਪਿੰਡ ਬੱਲਾਂ ਵਿਖੇ ਹਲਕਾ ਵਿਧਾਇਕ ਬਲਕਾਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੀਡੀਪੀਓ ਬੈਸਟ ਬਲਾਕ ਸੇਵਾ ਸਿੰਘ ਦੀ ਅਗਵਾਈ ਹੇਠ ਜੀਆਰਐਸ ਸੰਦੀਪ ਕਲੇਰ ਅਤੇ ਸਰਪੰਚ ਸ਼੍ਰੀਮਤੀ ਰਾਜ ਕੁਮਾਰੀ ਦੀ ਸਰਪ੍ਰਸਤੀ ਹੇਠ ਮਨਰੇਗਾ ਵਰਕਰਾਂ ਅਤੇ ਸਮੂਹ ਨਗਰ ਨਿਵਾਸੀਆਂ ਦਾ ਆਮ ਇਜਲਾਸ ਕਰਵਾਇਆ ਗਿਆ! ਇਸ ਮੌਕੇ ਦੇ ਜੀਆਰਐਸ ਸੰਦੀਪ ਕਲੇਰ ਨੇ ਸੰਬੋਧਨ



ਕਰਦੇ ਹੋਏ ਕਿਹਾ ਕਿ ਪਿੰਡ ਵਿੱਚ ਨਸ਼ਾ ਕਰਨ ਵਾਲੇ ਵਿਅਕਤੀਆਂ ਦੀ ਗਿਣਤੀ ਸਬੰਧੀ, ਕਿਸ ਕਿਸਮ ਦਾ ਨਸ਼ਾ ਕਰਦੇ ਹਨ, ਨਸ਼ਾ ਕਰਨ ਵਾਲਾ ਕੋਈ ਸਥਾਨ , ਪੁਲਸ ਜਾਂ ਕਿਸੇ ਹੋਰ ਸਿਆਸੀ ਵਿਅਕਤੀ ਦੀ ਸ਼ਹਿ 'ਤੇ ਨਸ਼ਾ ਵੇਚਣ ਵਾਲਿਆਂ ਸਬੰਧੀ ਜਾਣਕਾਰੀ ਅਤੇ ਜੋ ਨਸ਼ਾ ਛੱਡਣਾ ਚਾਹੁੰਦੇ ਹਨ, ਉਹਨਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਜਾਵੇ! ਸਰਪੰਚ ਸ਼੍ਰੀਮਤੀ ਰਾਜ ਕੁਮਾਰੀ ਤੇ ਸਮੂਹ ਗ੍ਰਾਮ ਪੰਚਾਇਤ ਨਗਰ ਨਿਵਾਸੀਆਂ ਨੇ ਦੱਸਿਆ ਕਿ ਪਿੰਡ ਦੇ ਵਿੱਚ ਕੁਝ 10 –15 ਨਸ਼ਾ ਕਰਨ ਵਾਲੇ ਵਿਅਕਤੀਆਂ ਸਬੰਧੀ, ਨਸ਼ਾ ਵੇਚਣ ਵਾਲਿਆਂ ਸਬੰਧੀ, ਕਿਸ ਕਿਸਮ ਦਾ ਨਸ਼ਾ ਕਰਦੇ ਹਨ ਸਬੰਧੀ ਜਾਣਕਾਰੀ ਦਿੱਤੀ ਗਈ ਅਤੇ ਉਹਨਾਂ ਦੱਸਿਆ ਕਿ ਪਿੰਡ ਵਿੱਚ ਅਜਿਹੀ ਕੋਈ ਸਥਾਨ ਨਹੀਂ ਹੈ ਜਿੱਥੇ ਨਸ਼ੇੜੀ ਨਸ਼ਾ ਕਰਦੇ ਹਨ! ਸਮੂਹ ਪੰਚਾਇਤ ਨਗਰ ਨਿਵਾਸੀਆਂ ਨੇ ਕਿਹਾ ਜੋ ਵਿਅਕਤੀ ਨਸ਼ਾ ਛੱਡਣਾ ਚਾਹੁੰਦੇ ਹਨ ਉਨਾਂ ਨੂੰ ਨਸ਼ਾ ਛੱਡਣ ਸਬੰਧੀ ਜਾਗਰੂਕ ਕੀਤਾ ਜਾਵੇਗਾ ਅਤੇ ਉਨਾਂ ਦਾ ਮੁਫਤ ਇਲਾਜ ਵੀ ਕਰਵਾਇਆ ਜਾਵੇਗਾ! ਗ੍ਰਾਮ ਪੰਚਾਇਤ ਦੇ ਪਿੰਡ ਵਾਸੀਆਂ ਨੇ ਕਿਹਾ ਕਿ ਪਿੰਡ ਵਿੱਚ ਬੇਰੁਜ਼ਗਾਰ ਲੜਕੇ ਲੜਕੀਆਂ ਰੁਜ਼ਗਾਰ ਦੇਣ ਸਬੰਧੀ, ਪਿੰਡ ਦੇ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸਾਹਿਤ ਕਰਨ ਲਈ ਉਹਨਾਂ ਨੂੰ ਸਪੋਰਟਸ ਕਿੱਟਾਂ ਦਿੱਤੀਆਂ ਜਾਣ ਅਤੇ ਪਿੰਡ ਦੇ ਆਲੇ ਦੁਆਲੇ ਹਰਿਆ ਭਰਿਆ ਵਾਤਾਵਰਨ ਰੱਖਣ ਲਈ ਛਾਂਦਾਰ ਅਤੇ ਫਲਾ ਵਾਲੇ ਪੌਦੇ ਮਨਰੇਗਾ ਵਰਕਰਾਂ ਦੁਆਰਾ ਲਗਵਾਏ ਜਾਣ! ਇਸ ਮੌਕੇ 'ਤੇ ਸਰਪੰਚ ਸ਼੍ਰੀਮਤੀ ਰਾਜਕੁਮਾਰੀ, ਕਰਨ ਭਾਰਗਵ, ਅਰਵਿੰਦਰ ਵਿਰਦੀ, ਅਮੀਰ ਚੰਦ, ਸੂਬੇਦਾਰ ਰਣਜੀਤ ਸਿੰਘ, ਅਜੀਤ ਸਿੰਘ, ਸਰਬਜੀਤ ਕੌਰ( ਸਾਰੇ ਪੰਚ ), ਬਸਪਾ ਆਗੂ ਸ਼ਾਦੀ ਲਾਲ , ਲੰਬੜਦਾਰ ਸੰਦੀਪ ਵਿਰਦੀ, ਸਾਬਕਾ ਸਰਪੰਚ ਪ੍ਰਦੀਪ ਕੁਮਾਰ, ਕੁਲਵਿੰਦਰ ਸਿੰਘ, ਸੁਖਬੀਰ ਸਿੰਘ ਬਿੱਟੂ, ਰਕੇਸ਼ ਭਾਰਗਵ, ਮਿਹਰ ਚੰਦ, ਸੰਤੋਸ਼ ਕੁਮਾਰੀ, ਰਾਜ ਰਾਣੀ, ਰੀਨਾ ਕੁਮਾਰੀ, ਜਗੀਰ ਕੌਰ, ਬਲਜੀਤ ਕੌਰ ਆਦਿ ਵੀ ਹਾਜ਼ਰ ਸਨ।

## ਸੂੰਢ-ਮਕਸੂਦਪੁਰ ਵਿਖੇ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)** ਦਰਬਾਰ ਪੀਰ ਬਾਬਾ ਸੁਜਾਫਰ ਦੁੱਲੋ ਸ਼ਾਹ ਕਾਦਰੀ ਜੀ ਪਿੰਡ ਸੂੰਢ- ਮਕਸੂਦਪੁਰ ਵਿਖੇ ਸਾਲਾਨਾ ਮੇਲਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤਾਂ, ਐਨ ਆਰ ਆਈ ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਖ ਵੱਖ ਦਰਬਾਰਾਂ ਤੋਂ ਸਾਈਂ ਉਮਰੇ ਸ਼ਾਹ ਕਾਦਰੀ ਗੱਦੀ ਨਸ਼ੀਨ ਰੋਜ਼ਾ ਸ਼ਰੀਫ਼ ਮੰਢਾਲੀ, ਸਾਈਂ ਜੀਤ ਸ਼ਾਹ ਰੁੜਕਾ ਕਲਾਂ, ਸਾਈਂ ਪੱਪਲ ਸ਼ਾਹ ਭਰੋਮਜਾਰਾ ਪ੍ਰਧਾਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ ਸਾਈਂ ਫੱਕਰ ਸ਼ਾਹ ਕਾਦਰੀ ਦਾਦੂਵਾਲ, ਬਾਬਾ ਸਾਧੂ ਸ਼ਾਹ ਚਿਸ਼ਤੀ ਕਟਾਰੀਆਂ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ।ਮੇਲੇ 'ਚ ਚੌਧਰੀ ਤਰਲੋਚਨ ਸਿੰਘ ਸੂੰਢ ਸਾਬਕਾ ਵਿਧਾਇਕ ਬੰਗਾ, ਕੁਲਵਰਨ ਸਿੰਘ ਥਾਂਦੀਆ, ਰਾਮ ਦਾਸ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ। ਸੰਗਤਾਂ ਨੂੰ ਸੰਬੋਧਨ ਕਰਦਿਆਂ ਚੌਧਰੀ ਤਰਲੋਚਨ ਸਿੰਘ ਸੂੰਢ ਨੇ ਕਿਹਾ ਕਿ ਮੇਲੇ ਆਪਸੀ ਭਾਈਚਾਰਕ ਸਾਂਝ ਦਾ ਪ੍ਰਤੀਕ ਹਨ। ਮਹਾਂਪੁਰਸ਼ਾਂ ਦੇ ਲੜ ਲੱਗ ਕੇ ਆਪਣਾ ਜੀਵਨ ਸਫ਼ਲ ਕਰਨਾ ਚਾਹੀਦਾ ਹੈ। ਉਹਨਾਂ ਕਿਹਾ ਕਿ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਈਏ ਤਾਂ ਉਹ ਆਪਣੇ ਜੀਵਨ 'ਚ ਸਫਲ ਹੋ



ਸਕਦੇ ਹਨ। ਪੰਜਾਬ ਦੇ ਮਸ਼ਹੂਰ ਕਲਾਕਾਰਾਂ, ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਮੁੱਖ ਸੇਵਾਦਾਰ ਬਾਬਾ ਚੈਨ ਰਾਮ,ਹਰਬੰਸ ਹੀਰਾ, ਕੁਲਦੀਪ ਕੌਰ ਸਰਪੰਚ ਸੂੰਢ, ਕੁਲਵਿੰਦਰ ਕੌਰ ਸਰਪੰਚ ਮਕਸੂਦਪੁਰ, ਸੱਤੀ ਭਲਵਾਨ ਜੇ ਈ, ਰੇਸ਼ਮ ਲਾਲ ਠੇਕੇਦਾਰ, ਜੋਗਿੰਦਰ ਰਾਮ ਪੰਚ, ਬਲਦੇਵ ਸਿੰਘ, ਸਤਨਾਮ ਸਿੰਘ, ਹਰਪਾਲ ਸਿੰਘ, ਮਾਸਟਰ ਸੁਖਦੇਵ ਰਾਜ, ਐਡਵੋਕੇਟ ਪਰਮਜੀਤ ਸਰੋਆ, ਜੈ ਪਾਲ,ਦੇਵ ਰਾਮ, ਪਰਮਜੀਤ ਸੂੰਢ ਆਦਿ ਹਾਜ਼ਰ ਸਨ।

## ਹੈੱਲਥ ਇੰਸਪੈਕਟਰ ਵੱਲੋਂ ਘਮੌਰ ਵਿਖੇ ਡੇਂਗੂ ਸਰਵੇ



**ਬਲਾਚੌਰ (ਜਸਵਿੰਦਰ ਬੈਂਸ)** ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਪਿੰਡ ਘਮੌਰ ਵਿੱਖੇ ਡੇਂਗੂ ਸਰਵੇ ਕਰ ਰਹੀ ਟੀਮ ਦੀ ਸੁਪਰਵੀਜਨ ਕੀਤੀ ਅਤੇ ਘਰ ਘਰ ਜਾ ਕੇ ਡੇਂਗੂ ਫੈਲਾਉਣ ਵਾਲੇ ਮੱਛਰਾਂ ਦਾ ਲਾਰਵਾ ਚੈੱਕ ਕੀਤਾ। ਡੇਂਗੂ ਤੋਂ ਬਚਾਅ ਅਤੇ ਲੱਛਣਾਂ ਸਬੰਧੀ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ ਖੜ੍ਹੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦਾ ਹੈ ਅਤੇ ਇਹ ਹਫ਼ਤੇ ਵਿੱਚ ਅੰਡੇ ਤੋਂ ਪੂਰਾ ਮੱਛਰ ਬਣਦਾ ਹੈ, ਇਸ ਲਈ ਸਾਨੂੰ ਆਪਣੇ ਘਰਾਂ ਦੇ ਆਲੇ ਦੁਆਲੇ ਸਾਫ਼ ਸਫ਼ਾਈ ਰੱਖਣੀ ਚਾਹੀਦੀ ਹੈ, ਕੂਲਰਾਂ, ਗਮਲਿਆਂ, ਫਰਿੱਜਾਂ ਦੀਆਂ ਟਰੇਆਂ ਵਿੱਚ ਖੜ੍ਹੇ ਪਾਣੀ ਨੂੰ ਹਫ਼ਤੇ ਵਿੱਚ ਇੱਕ ਵਾਰ ਸਾਫ਼ ਕਰਕੇ ਸੁਕਾਉਣਾ ਚਾਹੀਦਾ ਹੈ, ਛੱਤਾਂ 'ਤੇ ਪਈਆਂ ਪਾਣੀ ਦੀਆਂ ਟੈਂਕੀਆਂ ਨੂੰ ਚੰਗੀ ਤਰ੍ਹਾਂ ਢੱਕ ਕੇ ਰੱਖੋ, ਟਾਇਰਾਂ ਅਤੇ ਟੁੱਟੇ ਬਰਤਨਾਂ ਨੂੰ ਖੁੱਲੇ ਵਿੱਚ ਨਾ ਰੱਖੋ, ਕੱਪੜੇ ਅਜਿਹੇ ਪਹਿਨੋ ਜਿਸ ਨਾਲ ਸਰੀਰ ਪੂਰੀ ਤਰ੍ਹਾਂ ਢੱਕਿਆ ਹੋਇਆ ਹੋਵੇ। ਡੇਂਗੂ ਬੁਖਾਰ ਦੇ ਲੱਛਣਾਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਿੱਚ ਤੇਜ਼ ਬੁਖਾਰ ਹੋਣ, ਸਿਰ ਦਰਦ ਹੋਣਾ, ਮਾਸਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ ਹੋਣਾ, ਜੀ ਕੱਚਾ ਹੋਣਾ, ਅਤੇ ਹਾਲਤ ਖ਼ਸਤਾ ਹੋਣ ਤੇ ਨੱਕ ਮੂੰਹ ਤੇ ਮਸੂੜਿਆਂ ਵਿੱਚੋਂ ਖੂਨ ਦਾ ਵਗਣਾ ਹੋ ਸਕਦੇ ਹਨ। ਜੇਕਰ ਅਜਿਹੇ ਲੱਛਣ ਦਿਖਾਈ ਦੇਣ ਤਾਂ ਤੁਰੰਤ ਨੇੜੇ ਦੇ ਸਰਕਾਰੀ ਹਸਪਤਾਲ ਵਿੱਚ ਖੂਨ ਦੀ ਜਾਂਚ ਜ਼ਰੂਰ ਕਰਵਾਓ। ਡੇਂਗੂ ਦਾ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲ ਵਿੱਚ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ 'ਤੇ ਮਲਟੀਪਰਪਜ ਹੈਲਥ ਵਰਕਰ ਜਸਵਿੰਦਰ ਕੁਮਾਰ, ਪਵਨਦੀਪ ਕੌਰ ਆਸ਼ਾ ਵਰਕਰ ਅਤੇ ਪੇਂਡੂ ਸਿਹਤ ਸਫ਼ਾਈ ਸੰਮਤੀ ਦੇ ਮੈਂਬਰ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਵੱਲੋਂ ਲੂਅ ਤੋਂ ਬਚਣ ਲਈ ਲੋਕਾਂ ਨੂੰ ਸਾਵਧਾਨੀਆਂ ਵਰਤਣ ਦੀ ਅਪੀਲ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਗਰਮੀ ਦੇ ਮੌਸਮ ਦੇ ਮੱਦੇਨਜ਼ਰ ਜ਼ਿਲ੍ਹੇ ਦੇ ਲੋਕਾਂ ਨੂੰ ਲੂਅ ਤੋਂ ਬਚਣ ਲਈ ਸਾਵਧਾਨੀਆਂ ਵਰਤਣ ਦੀ ਅਪੀਲ ਕੀਤੀ ਹੈ।ਡਾ. ਅਗਰਵਾਲ ਨੇ ਕਿਹਾ ਕਿ ਜੁਲਾਈ ਤੱਕ ਚੱਲਣ ਵਾਲੀਆਂ ਗਰਮ ਹਵਾਵਾਂ ਤੋਂ ਬਚਣ ਲਈ ਜਾਗਰੂਕਤਾ ਤੇ ਸਾਵਧਾਨੀ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜ਼ਿਆਦਾ ਗਰਮੀ ਹੋਣ 'ਤੇ ਸਾਡਾ ਸਰੀਰ ਪਸੀਨੇ ਦੇ ਰੂਪ ਵਿੱਚ ਗਰਮੀ ਬਾਹਰ ਕੱਢਦਾ ਹੈ ਅਤੇ ਤਾਪਮਾਨ ਨੂੰ ਨਿਯੰਤਰਿਤ ਰੱਖਦਾ ਹੈ, ਜਿਸ ਨਾਲ ਸਰੀਰ ਵਿੱਚ ਪਾਣੀ ਦੀ ਕਮੀ ਹੋ ਜਾਂਦੀ ਹੈ। ਇੱਕ ਨਿਸ਼ਚਿਤ ਸੀਮਾ ਤੋਂ ਬਾਅਦ ਸਾਡੇ ਸਰੀਰ ਦਾ ਇਹ ਸਿਸਟਮ ਕੰਮ ਕਰਨਾ ਬੰਦ ਕਰ ਦਿੰਦਾ ਹੈ ਅਤੇ ਸਰੀਰ ਬਾਹਰ ਦੇ ਤਾਪਮਾਨ ਦੇ ਸਮਾਨ ਗਰਮ ਹੋ ਜਾਂਦਾ ਹੈ। ਜਿਸ ਨੂੰ ਲੂਅ ਲੱਗਣਾ ਕਹਿੰਦੇ ਜਾਂ ਫਿਰ ਹੀਟ ਸਟ੍ਰੋਕ ਕਹਿੰਦੇ ਹਨ।ਉਨ੍ਹਾਂ ਕਿਹਾ ਕਿ ਆਮ ਤੌਰ 'ਤੇ ਲੋਕ ਇਸਨੂੰ ਹਲਕੇ ਵਿਚ ਲੈਂਦੇ ਹਨ ਪਰ ਲੂਅ ਲੱਗਣਾ (ਹੀਟ ਸਟ੍ਰੋਕ) ਬਹੁਤ ਖਤਰਨਾਕ ਹੈ। ਬੱਚਿਆਂ ਅਤੇ ਬਜ਼ੁਰਗਾਂ, ਗਰਭਵਤੀ ਔਰਤਾਂ, ਮੋਟਾਪੇ ਤੋਂ ਪੀੜਤ ਲੋਕ, ਦਿਲ ਦੇ ਮਰੀਜ਼, ਸਰੀਰਕ ਰੂਪ ਨਾਲ ਕਮਜ਼ੋਰ ਲੋਕਾਂ ਨੂੰ ਗਰਮੀ ਲੱਗਣ ਦਾ ਜ਼ਿਆਦਾ ਖਤਰਾ ਹੁੰਦਾ ਹੈ। ਇਸ ਤੋਂ ਇਲਾਵਾ ਮਜ਼ਦੂਰ ਵਰਗ, ਦਿਹਾੜੀਦਾਰ ਅਤੇ ਬੇਘਰ ਹੋ ਕੇ ਸੜਕਾਂ ਆਦਿ ਉੱਤੇ ਰਹਿਣ ਵਾਲੇ ਲੋਕ ਇਸ ਦਾ ਜਲਦ ਸ਼ਿਕਾਰ ਹੋ ਜਾਂਦੇ ਹਨ। ਉਨ੍ਹਾਂ ਕਿਹਾ ਕਿ ਲੂਅ ਲੱਗਣ ਨਾਲ ਸਰੀਰ ਨੂੰ ਬੇਚੈਨੀ ਅਤੇ ਘਬਰਾਹਟ ਹੋ ਸਕਦੀ ਹੈ ਅਤੇ ਜ਼ਿਆਦਾ ਸਮਾਂ ਧੁੱਪ ਵਿਚ ਰਹਿਣ ਨਾਲ ਅੱਖਾਂ ਦੇ ਸਾਹਮਣੇ ਹਨੇਰਾ ਛਾ ਜਾਣਾ, ਚੱਕਰ ਖਾ ਕੇ ਡਿੱਗ ਪੈਣਾ, ਗੱਲ ਸਮਝਣ ਵਿਚ ਮੁਸ਼ਕਲ ਆਉਣੀ, ਚਿੜਚਿੜਾਪਣ, ਜ਼ੁਬਾਨ ਦਾ ਲੜਖੜਾਉਣਾ, ਤੁਰਨ ਸਮੇਂ ਲੜਖੜਾਉਣਾ, ਦੌਰਾ ਪੈਣਾ ਆਦਿ ਹੋ ਸਕਦੇ ਹਨ। ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਗਰਮੀ 'ਚ ਲੂਅ ਤੋਂ ਬਚਣ ਦੇ ਲਈ ਸਾਨੂੰ ਸਾਵਧਾਨੀਆਂ ਵਰਤਣ ਦੀ ਲੋੜ ਹੈ ਜਿਵੇਂ ਕਿ ਜਦੋਂ ਵੀ ਘਰ ਤੋਂ ਬਾਹਰ ਜਾਣਾ ਹੋਵੇ ਤਾਂ ਜ਼ਿਆਦਾ ਮਾਤਰਾ ਵਿੱਚ ਪਾਣੀ ਪੀਤਾ ਜਾਵੇ, ਸੂਤੀ, ਹਲਕੇ ਅਤੇ ਆਰਾਮਦਾਇਕ ਕੱਪੜੇ ਪਾ ਕੇ ਅਤੇ ਸਿਰ ਨੂੰ ਢੱਕ ਕੇ ਰੱਖਿਆ ਜਾਵੇ, ਤਰਲ ਪਦਾਰਥਾਂ ਜਿਵੇਂ ਪਾਣੀ, ਨਿੰਬੂ ਪਾਣੀ, ਲੱਸੀ, ਓ.ਆਰ.ਐੱਸ. ਦੇ ਘੋਲ ਦਾ ਵੱਧ ਤੋਂ ਵੱਧ ਸੇਵਨ ਕੀਤਾ ਜਾਵੇ ਅਤੇ ਦੁਪਹਿਰ ਦੇ ਵੇਲੇ ਘਰ ਤੋਂ ਬਾਹਰ ਬਹੁਤ ਜ਼ਿਆਦਾ ਜ਼ਰੂਰੀ ਹੋਣ 'ਤੇ ਹੀ ਨਿਕਲਿਆ ਜਾਵੇ।ਡਿਪਟੀ ਕਮਿਸ਼ਨਰ ਨੇ ਅਪੀਲ ਕਰਦਿਆਂ ਕਿਹਾ ਕਿ ਸਾਵਧਾਨੀ ਵਰਤ ਕੇ ਜ਼ਿਲ੍ਹਾ ਵਾਸੀ ਲੂਅ ਤੋਂ ਆਪਣਾ ਬਚਾਅ ਕਰ ਸਕਦੇ ਹਨ।

# ਹੈਰੋਇਨ ਸਮੇਤ ਔਰਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**— ਪੁਲਸ ਵਲੋਂ ਇਕ ਔਰਤ ਨੂੰ 4.5 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ । ਪੁਲਸ ਥਾਣਾ ਸਦਰ ਨਵਾਂਸ਼ਹਿਰ ਦੇ ਐੱਸਐੱਚਓ ਅਸ਼ੋਕ ਕੁਮਾਰ ਨੇ ਦੱਸਿਆ ਕਿ ਏਐੱਸਆਈ ਰਸ਼ਪਾਲ ਰਾਮ ਨੂੰ ਸਮੇਤ ਸਾਥੀ ਕਰਮਚਾਰੀਆਂ ਦੇ ਗਸ਼ਤ ਦੌਰਾਨ ਕੱਚੇ ਰਸਤੇ ਇੱਕ ਔਰਤ ਖੜੀ ਦਿਖਾਈ ਦਿੱਤੀ। ਜਿਸ ਨੇ ਪੁਲਸ ਪਾਰਟੀ ਦੀ ਗੱਡੀ ਵਿਚ ਨੂੰ ਦੇਖ ਕੇ ਯਕਦਮ ਘਬਰਾ ਕੇ ਆਪਣੇ ਖੱਬੇ ਹੱਥ ਵਿਚ ਫੜੀ ਮੋਮੀ ਲਿਫਾਫੀ ਪਾਰਦਰਸ਼ੀ ਕੱਚੇ ਰਸਤੇ ਦੇ ਕਿਨਾਰੇ ਘਾਹ ਫੂਸ ਵਿਚ ਸੁੱਟ ਦਿੱਤੀ ਅਤੇ ਆਪ ਤੇਜ ਕਦਮੀ ਕੱਚੇ ਰਸਤੇ ਵੱਲ ਨੂੰ ਚੱਲ ਪਈ। ਜਿਸ ਨੂੰ ਸ਼ੱਕ ਦੀ ਬਿਨਾਹ ਪਰ ਮਹਿਲਾ ਕਰਮਚਾਰੀ ਦੀ ਮੱਦਦ ਨਾਲ ਕਾਬੂ ਕਰਕੇ ਨਾਂਅ ਤੇ ਪਤਾ ਪੁੱਛਿਆ।ਜਿਸ ਨੇ ਆਪਣਾ ਨਾਂਅ ਪਰਮਜੀਤ ਪਤਨੀ ਮੁਖਤਿਆਰ ਰਾਮ ਉਰਫ ਭੀਮਾ ਵਾਸੀ ਲੰਗੜੋਆ ਦੱਸਿਆ। ਉਸ ਵੱਲੋਂ ਸੁੱਟੀ ਪਾਰਦਰਸ਼ੀ ਮੋਮੀ ਲਿਫਾਫੀ ਦੀ ਤਲਾਸ਼ੀ ਦੌਰਾਨ 4.5 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਪੁਲਸ ਨੇ ਐਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

## ਭਲਕੇ ਮਨਾਇਆ ਜਾਵੇਗਾ ਅੰਤਰਰਾਸ਼ਟਰੀ ਯੋਗ ਦਿਵਸ : ਆਸ਼ਿਕਾ ਜੈਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)** ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ 11ਵੇਂ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ 21 ਜੂਨ ਨੂੰ ਸਵੇਰੇ 5 ਵਜੇ ਤੋਂ 7 ਵਜੇ ਤੱਕ ਪੁਲਸ ਲਾਈਨ ਗਰਾਊਂਡ ਹੁਸ਼ਿਆਰਪੁਰ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਜਾਵੇਗਾ। ਇਸ ਮੌਕੇ ਉਨ੍ਹਾਂ ਦੱਸਿਆ ਕਿ ਰਜਿਸਟ੍ਰੇਸ਼ਨ ਸਵੇਰੇ 5 ਵਜੇ ਸ਼ੁਰੂ ਹੋਵੇਗੀ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਯੋਗ ਦਿਵਸ ਮੌਕੇ ਪੁਲਸ ਲਾਈਨ ਵਿੱਚ ਵੱਖ-ਵੱਖ ਟ੍ਰੇਨਰਾਂ ਵੱਲੋਂ ਯੋਗਾ ਕਰਵਾਇਆ ਜਾਵੇਗਾ ਅਤੇ ਯੋਗ



ਆਸਣਾਂ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਸਮਾਜ ਸੇਵੀ ਸੰਸਥਾਵਾਂ, ਪੁਲਸ ਵਿਭਾਗ, ਪੀ.ਆਰ.ਟੀ.ਸੀ. ਜਹਾਨ ਖੇਲਣ, ਬੀ.ਐਸ.ਐਫ ਕੈਂਪ ਖੜਕਣ ਸਮੇਤ ਸਾਰੇ ਵਿਭਾਗਾਂ ਦੇ ਮੁਖੀਆਂ, ਕਾਲਜ ਦੇ ਵਿਦਿਆਰਥੀਆਂ, ਯੂਥ ਕਲੱਬ ਦੇ ਮੈਂਬਰਾਂ ਅਤੇ ਯੋਗ ਪ੍ਰੇਮੀਆਂ ਨੂੰ ਅਪੀਲ ਕੀਤੀ ਕਿ ਉਹ 21 ਜੂਨ, 2025 ਨੂੰ ਸਵੇਰੇ 5 ਵਜੇ ਪੁਲਸ ਲਾਈਨ ਗਰਾਊਂਡ ਹੁਸ਼ਿਆਰਪੁਰ ਪਹੁੰਚ ਕੇ ਵੱਡੀ ਗਿਣਤੀ ਵਿੱਚ ਇਸ ਜ਼ਿਲ੍ਹਾ ਪੱਧਰੀ ਯੋਗ ਦਿਵਸ ਵਿੱਚ ਭਾਗ ਲੈਣ।

## ਗੁਰਜੀਤ ਕੌਰ ਦੇ ਗਏ ਦੋ ਲੋਕਾਂ ਦੇ ਜੀਵਨ 'ਚ ਰੌਸ਼ਨੀ

**ਡੇਰਾਬੱਸੀ (ਵਿਨੈ ਕੁਮਾਰ ਜੈਨ)**— 72 ਸਾਲਾਂ ਦੀ ਗੁਰਜੀਤ ਕੌਰ, ਪਤਨੀ ਕ੍ਰਿਸ਼ਨ ਲਾਲ, ਨਿਵਾਸੀ ਗਲੀ ਨੰਬਰ 6, ਪ੍ਰੀਤ ਨਗਰ, ਗੁਲਾਬਗੜ੍ਹ ਰੋਡ, ਡੇਰਾਬੱਸੀ, ਮਰਨ ਤੋਂ ਬਾਅਦ ਨੇਤ੍ਰਦਾਨ ਕਰਕੇ ਦੋ ਲੋਕਾਂ ਦੇ ਹਨੇਰੇ



ਜੀਵਨ ਵਿੱਚ ਰੌਸ਼ਨੀ ਦੇ ਗਏ। ਸ੍ਰੀਮਤੀ ਗੁਰਜੀਤ ਕੌਰ ਪਿਛਲੇ ਕੁਝ ਸਮੇਂ ਤੋਂ ਬੀਮਾਰ ਚੱਲ ਰਹੀ ਸੀ। ਲਾਇਨਜ਼ ਕਲੱਬ ਦੇ ਉਪ ਪ੍ਰਧਾਨ ਉਪੇਸ਼ ਬੰਸਲ ਨੇ ਦੱਸਿਆ ਕਿ ਗੁਰਜੀਤ ਕੌਰ ਦੇ ਪਰਵਾਰਕ ਮੈਂਬਰਾਂ ਦੀ ਸਹਿਮਤੀ ਨਾਲ ਪੀ ਜੀ ਆਈ ਤੋਂ ਆਏ ਡਾਕਟਰਾਂ ਵੱਲੋਂ ਇਹ ਨੇਤ੍ਰਦਾਨ ਦੀ ਪ੍ਰਕਿਰਿਆ ਪੀਰੀ ਕੀਤੀ ਗਈ।ਗੁਰਜੀਤ ਕੌਰ ਆਪਣੇ ਪਿੱਛੇ ਪੁੱਤਰ ਨਰੇਸ਼ ਕੁਮਾਰ ਅਤੇ ਧੀ ਸੁਦੇਸ਼ ਰਾਣੀ ਸਮੇਤ ਪਰਵਾਰ ਛੱਡ ਗਏ ਹਨ। ਨਰੇਸ਼ ਕੁਮਾਰ ਪ੍ਰਾਈਵੇਟ ਨੌਕਰੀ ਕਰਦੇ ਹਨ। ਗੁਰਜੀਤ ਕੌਰ ਦਾ ਅੰਤਿਮ ਸੰਸਕਾਰ ਸ਼ਿਵ ਧਾਮ, ਬਰਵਾਲਾ ਰੋਡ ਉੱਤੇ ਕੀਤਾ ਗਿਆ, ਜਿਸ ਵਿੱਚ ਡੇਰਾਬੱਸੀ ਤੋਂ ਕਾਫੀ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਰਹੇ। ਲਾਇਨਜ਼ ਕਲੱਬ ਦੇ ਪ੍ਰਧਾਨ ਨਿਤਿਨ ਜਿੰਦਲ ਨੇ ਇਸ ਮਹਾਨ ਕੰਮ ਲਈ ਪਰਵਾਰ ਦਾ ਧੰਨਵਾਦ ਕੀਤਾ।

## ਸ਼ਹਿਰੀਕਰਨ ਦੇ ਨਾਂਅ 'ਤੇ ਵਾਹੀਯੋਗ ਜ਼ਮੀਨਾਂ ਐਕਵਾਇਰ ਕਰਨ ਦੀ ਨਿਖੇਧੀ

**ਕਾਲਾ ਸੰਘਿਆਂ (ਮਨਜੀਤ ਮਾਨ)**— ਕਿਰਤੀ ਕਿਸਾਨ ਯੂਨੀਅਨ ਪੰਜਾਬ ਜ਼ਿਲ੍ਹਾ ਕਪੂਰਥਲਾ ਦੀ ਮੀਟਿੰਗ ਬਲਵਿੰਦਰ ਸਿੰਘ ਬਾਜਵਾ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸੰਤ ਬਾਬਾ ਕਾਹਨ ਦਾਸ ਕਾਲਾ ਸੰਘਿਆਂ ਵਿਖੇ ਹੋਈ। ਮੀਟਿੰਗ ਵਿੱਚ ਕਿਸਾਨ ਆਗੂਆਂ ਵੱਲੋਂ ਜ਼ਮੀਨੀ ਮਸਲਿਆਂ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ ਗਏ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਕੀਮਤੀ ਉਪਜਾਊ ਤੇ ਦੋ ਫ਼ਸਲੀ ਜ਼ਮੀਨ ਐਕਵਾਇਰ ਕਰਨ ਦਾ ਵਿਰੋਧ ਕਰਨ ਦਾ ਫੈਸਲਾ ਕੀਤਾ ਗਿਆ ਬਾਜਵਾ ਨੇ ਕਿਹਾ ਕਿ ਲੋਕਾਂ ਨੂੰ ਦੋ ਵੇਲੇ ਦੀ



ਰੋਟੀ ਦੇਣ ਲਈ ਵਾਹੀਯੋਗ ਜ਼ਮੀਨ ਕਾਰਪੋਰੇਟੀ ਗਿਰਝਾਂ ਤੋਂ ਬਚਾਅ ਕੇ ਰੱਖਣਾ ਬਹੁਤ ਜ਼ਰੂਰੀ ਹੈ। ਜਿਸ ਤਰ੍ਹਾਂ ਦੇਸ਼ ਚ ਖੇਤੀ ਗੰਭੀਰ ਸੰਕਟ ਚ ਫਸੀ ਹੋਈ ਹੈ ਸਰਕਾਰ ਖੇਤੀ ਸੰਕਟ ਦਾ ਹੱਲ ਕਰਨਾ ਨਹੀਂ ਚਾਹੁੰਦੀ ਇਨ੍ਹਾਂ ਹਲਾਤਾਂ 'ਚ ਜ਼ਮੀਨ ਨੂੰ ਬਚਾਅ ਕੇ ਰੱਖਣਾ ਬਹੁਤ ਜ਼ਰੂਰੀ ਹੈ ਭਾਰਤ ਸਰਕਾਰ ਦੇ ਨੀਤੀ ਅਯੋਗ ਦਾ ਤਾਂ ਇਹ ਫੈਸਲਾ ਹੈ ਕਿ ਕਿਸਾਨਾਂ ਨੂੰ ਖੇਤੀ ਵਿੱਚੋਂ ਬਾਹਰ ਕਰਨਾ ਬਹੁਤ ਜ਼ਰੂਰੀ ਹੈ ਤਾਂ ਕਿ ਕਿਸਾਨਾਂ ਨੂੰ ਉਜਾੜ ਕੇ ਜ਼ਮੀਨ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕੀਤੀ ਜਾਵੇ ਕਿਉਂਕਿ ਕਾਰਪੋਰੇਟ ਘਰਾਣੇ ਪੈਸਾ ਹੀ ਪੂੰਜੀ ਰਾਹੀਂ ਕਮਾ ਰਹੇ ਹਨ ਨਿਰਮਾਣ ਕਾਰਜ ਤਾਂ ਕੋਈ ਹੋ ਨਹੀਂ ਰਿਹਾ ਪੰਜਾਬ ਸਰਕਾਰ ਦੀ ਨੀਤੀ ਅਯੋਗ ਦੇ ਫੈਸਲੇ ਹੀ ਲਾਗੂ ਕਰ ਰਹੀ ਹੈ ਨਹੀਂ ਤਾਂ ਪੰਜਾਬ ਸਰਕਾਰ ਕਿਸਾਨਾਂ ਦੀ ਜ਼ਬਰੀ ਜ਼ਮੀਨਾਂ ਐਕਵਾਇਰ ਕਰਕੇ ਕਿਸਾਨਾਂ ਨੂੰ ਬੇਰੁਜ਼ਗਾਰ ਤੇ ਨਿਹੱਥੇ ਬਣਾ ਰਹੀ ਹੈ ਜਿਸ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ, ਬਾਜਵਾ ਨੇ ਹੋਰ ਕਿਹਾ ਕਿ ਸੂਬੇ ਦੇ ਲੋਕ ਭਾਵੇਂ ਭੁਖਮਰੀ ਨਾਲ ਮਰ ਜਾਣ ਪਰ ਕਾਰਪੋਰੇਟ ਘਰਾਣਿਆਂ ਨੂੰ ਘਾਟਾ ਨਹੀਂ ਪਵੇਗਾ ਈਸਟ ਇੰਡੀਆ ਕੰਪਨੀ ਨੇ ਬੰਗਾਲ ਚ ਕਾਲ ਨਾਲ ਇੱਕ ਕਰੋੜ ਲੋਕਾਂ ਨੂੰ ਭੁਖਮਰੀ ਨਾਲ ਮਾਰ ਮੁਕਾਇਆ ਸੀ ਪਰ ਕਾਰਪੋਰੇਟ ਘਰਾਣਿਆਂ ਨੇ ਆਪਣੇ ਮੁਨਾਫ਼ਿਆਂ ਤੇ ਕੋਈ ਵੀ ਆਚ ਨਹੀਂ ਆਉਣ ਦਿੱਤੀ ਸੀ ਉਨ੍ਹਾਂ ਕਿਹਾ ਕਿ ਪਿੰਡ ਪਿੰਡ ਵਿੱਚ ਮੀਟਿੰਗਾਂ ਕੀਤੀਆਂ ਜਾਣਗੀਆਂ ਤੇ ਅਗਸਤ 2025 ਵਿੱਚ ਜ਼ਿਲ੍ਹਾ ਪੱਧਰੀ ਕਾਨਫਰੰਸ ਕੀਤੀ ਜਾਵੇਗੀ ਲੈਂਡ ਪੂਲਿੰਗ ਮਸਲੇ ਤੇ ਸਰਕਾਰ ਦਾ ਹਰ ਪੱਧਰ ਤੇ ਵਿਰੋਧ ਕੀਤਾ ਜਾਵੇਗਾ ਇਸ ਮੌਕੇ ਰਸ਼ਪਾਲ ਸਿੰਘ ਸੂਬਾ ਜਨਰਲ ਸਕੱਤਰ, ਰਘਬੀਰ ਸਿੰਘ ਸੂਬਾ ਮੀਤ ਪ੍ਰਧਾਨ, ਬਲਵਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਬਲਾਕ ਕਾਲਾ ਸੰਘਿਆਂ ਦੇ ਪ੍ਰਧਾਨ ਪਲਵਿੰਦਰ ਸਿੰਘ ਸੰਘਾ, ਡਾਕਟਰ ਸੁਖਦੇਵ ਸਿੰਘ ਪ੍ਰਧਾਨ ਇਲਾਕਾ ਕਪੂਰਥਲਾ, ਭਗਵੰਤ ਸਿੰਘ ਸਕੱਤਰ ਇਲਾਕਾ ਕਪੂਰਥਲਾ, ਬਲਵੀਰ ਸਿੰਘ ਸਰਪੰਚ ਮੁਰਾਦਪੁਰ ,ਮੰਗਲ ਸਿੰਘ ਮੁਰਾਦਪੁਰ, ਨਿਸ਼ਾਨ ਸਿੰਘ ਮੁਰਾਦਪੁਰ, ਬਲਜਿੰਦਰ ਸਿੰਘ, ਰਾਜਿੰਦਰ ਸਿੰਘ ਪੱਪੂ, ਕਸ਼ਮੀਰ ਸਿੰਘ ਸੋਢੀ, ਪਰਮਜੀਤ ਪੰਮੀ, ਕੁਲਦੀਪ ਚੰਦ, ਕੁਲਦੀਪ ਚੰਦ ਦੀਪਾ ਤੇ ਪਿਆਰਾ ਲਾਲ, ਕੁਲਵਿੰਦਰ ਸਿੰਘ, ਮਲਕੀਤ ਸਿੰਘ,ਪਰਗਨ ਸਿੰਘ ਸੰਘਾ ਆਦਿ ਆਗੂ ਵੀ ਇਸ ਮੌਕੇ 'ਤੇ ਹਾਜਰ ਸਨ।

## ਤੀਸਰਾ ਮੇਲਾ ਸਾਈਆਂ ਦਾ 22 ਨੂੰ

**ਆਦਮਪੁਰ (ਪਰਮਜੀਤ ਸਿੰਘ)**- ਬ੍ਰਹਮਲੀਨ ਸ੍ਰੀ 108 ਸੰਤ ਗੁਰਬਚਨ ਦਾਸ ਦੀ ਸਰਪ੍ਰਸਤੀ ਹੇਠ ਤੀਸਰਾ ਮੇਲਾ ਸਾਈਆਂ



ਦਾ ਮਿਤੀ 22 ਜੂਨ ਦਿਨ ਐਤਵਾਰ ਨੂੰ ਪਿੰਡ ਰਾਮ ਨਗਰ ਆਦਮਪੁਰ ਵਿਖੇ ਬਹੁਤ ਹੀ ਸ਼ਰਧਾ ਪੂਰਵਕ ਮਨਾਇਆ ਜਾ ਰਿਹਾ ਹੈ। ਮੁੱਖ ਸੇਵਾਦਾਰ ਬੀਬੀ ਰੁਪਿੰਦਰ ਕੌਰ ਨੇ ਦੱਸਿਆ ਕਿ 21 ਜੂਨ ਨੂੰ ਮਹਿੰਦੀ ਦੀ ਰਸਮ ਅਦਾ ਕੀਤੀ ਜਾਵੇਗੀ। 22 ਜੂਨ ਦਿਨ ਨੂੰ ਸਵੇਰੇ 10.00 ਵਜੇ ਤੋਂ ਸੂਫੀਆਨਾ ਮਹਿਫਿਲ ਸਜਾਈ ਜਾਵੇਗੀ, ਜਿਸ ਦੌਰਾਨ ਸੂਫੀ ਕਲਾਕਾਰ ਪ੍ਰਵੇਜ਼ ਆਲਮ, ਅਮਾਨ ਅਲੀ ਅਤੇ ਰਾਜ ਗੁਲਜਾਰ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰਨਗੇ ਅਤੇ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕਰਨਗੇ। ਲੰਗਰ ਅਤੁੱਟ ਵਰਤਾਇਆ ਜਾਵੇਗਾ।

## ਰੋਪੜ ਟੂ ਰੂਪਨਗਰ ਨਾਂਅ ਵਾਲਾ ਗਠਤ ਹੋਇਆ ਚਿੰਤਕ ਵਰਗ ਦਾ ਨਵਾਂ ਸੰਗਠਨ

**ਰੂਪਨਗਰ (ਰਜਿੰਦਰ ਸੈਣੀ)** ਰੂਪਨਗਰ ਸ਼ਹਿਰ ਦੇ ਚਿੰਤਕ ਵਰਗ ਨੂੰ ਇੱਕਠੇ ਕਰਕੇ ਰੋਪੜ ਟੂ ਰੂਪਨਗਰ ਵੱਲ ਲੈ ਕੇ ਜਾਣ ਦਾ ਇੱਕ ਸ਼ਾਨਦਾਰ ਯਤਨ ਕੀਤਾ ਗਿਆ ਹੈ। ਇਸ ਸੋਚ ਨੂੰ ਰੂਪਨਗਰ ਸ਼ਹਿਰ ਦੀ ਇੰਨਰਵੀਲ੍ਹ ਕਲੱਬ ਨੇ ਸ਼ਹਿਰ ਦੇ ਉਘੇ ਸਮਾਜਸੇਵੀ ਡਾ. ਆਰ. ਐਸ. ਪਰਮਾਰ ਦੀ ਪ੍ਰੇਰਣਾ ਨਾਲ ਉਜਾਗਰ ਕੀਤਾ ਗਿਆ ਹੈ।ਇਸ ਚਿੰਤਕ ਗਰੁਪ ਵਿੱਚ ਰੂਪਨਗਰ ਸ਼ਹਿਰ 'ਚ



ਸਰਗਰਮ ਵੱਖ ਵੱਖ ਸੰਸਥਾਵਾਂ ਦੇ ਪ੍ਰਤੀਨਿਧ ਸ਼ਾਮਲ ਕੀਤੇ ਗਏ ਹਨ ਜੋ ਆਪਣੇ ਨਿੱਜੀ ਅਤੇ ਰਾਜਨੀਤਕ ਪਹਿਲੂ ਤੋਂ ਉਪਰ ਉਠਕੇ ਸ਼ਹਿਰ ਦੇ ਰੂਪ ਨੂੰ ਸੁੰਦਰ ਬਣਾਉਣ ਲਈ ਆਪਣਾ ਯੋਗਦਾਨ ਪਾਉਣਗੇ। ਰੋਪੜ ਤੋ ਰੂਪਨਗਰ ਦੇ ਇਸ ਗਰੁੱਪ ਦੀ ਪਲੇਠੀ ਮੀਟਿੰਗ ਗੁਰਦੁਆਰਾ ਸਿੰਘ ਸਭਾ ਵਿਖੇ ਅਰਦਾਸ ਕਰਨ ਉਪਰੰਤ ਸੰਤ ਬਾਬਾ ਅਵਤਾਰ ਸਿੰਘ ਹੈਡ ਦਰਬਾਰ ਵਾਲੇ ਦੀ ਅਗਵਾਈ ਹੇਠ ਹੋਈ। ਮੀਟਿੰਗ ਦੇ ਅਰੰਭ ਵਿੱਚ ਇੰਨਰਵੀਲ੍ਹ ਕਲੱਬ ਦੀ ਪ੍ਰਧਾਨ ਬਲਵਿੰਦਰ ਕੌਰ ਨੇ ਨਵੀਂ ਗਠਤ ਸੰਸਥਾ ਦੇ ਉਦੇਸ਼ਾਂ 'ਤੇ ਚਾਨਣਾ ਪਾਇਆ ਅਤੇ ਬੇਨਤੀ ਕੀਤੀ ਕਿ ਅਸੀ ਸਭ ਨੇ ਮਿਲਕੇ ਸ਼ਹਿਰ ਨੂੰ ਰੋਪੜ ਟੂ ਰੂਪਨਗਰ ਬਣਾਉਣ ਲਈ ਵਿਆਪਕ ਮੁਹਿੰਮ ਨੂੰ ਸਫਲ ਬਨਾਉਣ ਲਈ ਆਪਣਾ ਯੋਗਦਾਨ ਪਾਉਣਾ ਹੈ। ਅਸੀਂ ਸਭ ਨੇ ਸ਼ਹਿਰ ਨੂੰ ਕੂੜਾ ਮੁਕਤ, ਪਲਾਸਟਿਕ ਮੁਕਤ, ਪਾਣੀ ਦੀ ਬਚਤ ਆਦਿ ਕਰਨ ਲਈ ਹਰ ਇਕ ਘਰ ਨੂੰ ਜਾਗਰੂਕ ਕਰਨਾ ਹੈ ਅਤੇ ਇਸ ਕੰਮ ਲਈ ਸ਼ਹਿਰ ਦੇ ਹਰ ਇਕ ਵਰਗ ਸੰਗਠਨ, ਸਮਾਜਿਕ, ਧਾਰਮਿਕ, ਰਾਜਨੀਤਕ ਮੁਖੀਆਂ, ਵਿਉਪਾਰ ਮੰਡਲ ਨੂੰ ਨਾਲ ਲੈ ਕੇ ਸ਼ਹਿਰ ਦੇ ਭਲੇ ਲਈ ਇਕ ਸੋਚ ਅਪਨਾਉਣ ਲਈ ਪ੍ਰੇਰਤ ਕਰਨਾ ਹੈ।ਸੰਤ ਬਾਬਾ ਅਵਤਾਰ ਸਿੰਘ ਨੇ ਕਿਹਾ ਕਿ ਅਗਰ ਅਸੀ ਸ਼ਹਿਰ ਨਿਵਾਸੀ ਆਪਣੀ ਸੋਚ ਨੂੰ ਚੰਗੇ ਉਦੇਸ਼ ਨਾਲ ਮਿਲੇ ਅਗੇ ਵਧਾਂਗੇ ਤਾ ਇਹ ਕੋਈ ਵੱਡਾ ਕੰਮ ਨਹੀਂ। ਡਾ. ਪਰਮਾਰ ਨੇ ਆਸ ਪ੍ਰਗਟ ਕੀਤੀ ਕਿ ਚੰਗੀ ਸੋਚ ਨਾਲ ਹੀ ਅਸੀ ਸ਼ਹਿਰ ਨੂੰ ਚੰਗਾ ਬਣਾ ਸਕਦੇ ਹਨ ਅਤੇ ਉਨ੍ਹਾਂ ਕਿਹਾ ਕਿ ਕੋਈ ਵੀ ਕਾਰਜ਼ ਦੀ ਸਫਲਤਾ ਲਈ ਪ੍ਰਸ਼ਾਸਨ ਦਾ ਸਹਿਯੋਗ ਵੀ ਜਰੂਰੀ ਹੈ ਅਤੇ ਇਹ ਮੰਚ ਜ਼ਿਲ੍ਹਾ ਪ੍ਰਸ਼ਾਸਨ ਤੇ ਨਗਰ ਕੌਂਸਲ ਤੋਂ ਹਰ ਸਭਵ ਸਹਿਯੋਗ ਲੈਣ ਲਈ ਉਨ੍ਹਾਂ ਨਾਲ ਵੀ ਸੰਪਰਕ ਕਰੇਗਾ।ਪਲੇਠੀ ਮੀਟਿੰਗ ਵਿੱਚ ਇਸ ਸੰਗਠਨ ਦੀ ਹਰ ਮਹੀਨੇ ਦੇ ਦੂਜੇ ਬੁੱਧਵਾਰ ਨੂੰ ਮੀਟਿੰਗ ਕਰਨ, ਸਫਾਈ ਪ੍ਰਤੀ ਜਾਗਰੂਕ ਕਰਨ ਲਈ ਇਕ ਖਾਸ ਖੇਤਰ ਨੂੰ ਚੁਣ ਕੇ ਦੁਕਾਨਾ ਤੇ ਘਰਾਂ ਤੱਕ ਪਹੁੰਚ ਕਰਨ, ਸਥਾਨਿਕ ਵਿਧਾਇਕ, ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ, ਨਗਰ ਕੌਂਸਲ ਪ੍ਰਧਾਨ ਤੱਕ ਪਹੁੰਚ ਕਰਨ, ਮੁਹਲਾ ਤੇ ਭਲਾਈ ਕਮੇਟੀਆ ਨੂੰ ਨਾਲ ਜੋੜਣ, ਸਕੂਲਾਂ ਦੇ ਵਿਦਿਆਰਥੀਆ ਨੂੰ ਜਾਗਰੂਕ ਕਰਨ ਆਦਿ ਦਾ ਫੈਸਲਾ ਕੀਤਾ ਗਿਆ। ਮੀਟਿੰਗ ਵਿੱਚ ਇੰਨਰਵੀਲ੍ਹ ਦੇ ਪਾਸਟ ਗਵਰਨਰ ਮੈਡਮ ਬ੍ਰਿਜ ਪਰਮਾਰ, ਰੋਟਰੀ ਦੇ ਪਾਸਟ ਗਵਰਨਰ ਚੇਤਨ ਅਗਰਵਾਲ, ਐਡਵੋਕੇਟ ਡੀ. ਐਸ. ਦਿਉਲ, ਲਾਇਨ ਕਲੱਬ ਤੋਂ ਸੁਰਜੀਤ ਕੁਮਾਰ, ਸੁਰਜਨ ਸਿੰਘ, ਬਜ਼ੁਰਗਾਂ ਦੇ ਆਪਣਾ ਘਰ ਦੇ ਪ੍ਰਧਾਨ ਰਾਜਿੰਦਰ ਸੈਣੀ, ਸੀਨੀਅਰ ਸਿਟੀਜ਼ਨ ਤੋਂ ਪੀਬੀਐਸ ਚੀਮਾ, ਗੁਰਦੁਆਰਾ ਸਿੰਘ ਸਭਾ ਦੇ ਪ੍ਰਧਾਨ ਚਰਨਜੀਤ ਸਿੰਘ ਭਾਟੀਆ, ਟਰੇਡ ਯੂਨਅਨ ਆਗੂ ਬੀ. ਐਸ. ਸੈਣੀ, ਦਸਮੇਸ ਯੂਥ ਕਲੱਬ ਤੋਂ ਗੁਰਪ੍ਰੀਤ ਸਿੰਘ, ਇੰਨਰਵੀਲ੍ਹ ਦੀਆਂ ਅਹੁਦੇਦਾਰ ਅਸਿਮਾ ਅਗਰਵਾਲ, ਗੁਰਮੀਤ ਕੌਰ, ਮੋਨਿਕਾ ਉਭਰਾਏ, ਪਰਮਿੰਦਰ ਕੌਰ ਪੰਦੋਹਲ, ਭਾਰਤ ਸਕਾਉਟ ਤੋਂ ਸੁਰਿੰਦਰ ਸਿੰਘ, ਹਜੂਰਾ ਸਿੰਘ, ਕਰਮ ਸਿੰਘ, ਸੁਧੀਰ ਸ਼ਰਮਾ, ਕਮਲਜੀਤ ਸਿੰਘ ਬਾਬਾ ਆਦਿ ਹਾਜ਼ਰ ਸਨ।

# ਸਿਹਤ ਮੰਤਰੀ ਨੇ ਕੁਦਰਤੀ ਭੋਜਨ ਅਭਿਆਸਾਂ ਨੂੰ ਅਪਣਾਉਣ 'ਤੇ ਦਿੱਤਾ ਜ਼ੋਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸਿਹਤਮੰਦ ਸਮਾਜ ਸਿਰਜਣ ਅਤੇ ਸੂਬੇ ਨੂੰ ਮੁੜ 'ਰੰਗਲਾ ਪੰਜਾਬ' ਬਣਾਉਣ ਦੇ ਸੁਪਨੇ ਨੂੰ ਸਾਕਾਰ ਕਰਨ ਦੇ ਉਦੇਸ਼ ਨਾਲ, ਪੰਜਾਬ ਦੇ ਸਿਹਤ ਅਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਬੁੱਧਵਾਰ ਨੂੰ ਕੁਦਰਤੀ ਖੇਤੀ ਅਭਿਆਸਾਂ ਵੱਲ ਮੁੜ ਪਰਤਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪਹਿਲੇ ਸਮਿਆਂ ਵਿੱਚ ਰਸਾਇਣਕ ਕੀਟਨਾਸ਼ਕਾਂ ਅਤੇ ਖਾਦਾਂ ਨੂੰ ਬਿਨਾਂ ਵਰਤਿਆਂ ਫਸਲਾਂ ਦੇ ਵਾਧੇ ਅਤੇ ਪੌਸ਼ਟਿਕ ਭੋਜਨ ਪੈਦਾ ਕਰਨ ਲਈ ਖੇਤਾਂ ਵਿੱਚ ਗੰਡੋਏ ਅਤੇ ਡੱਡੂ ਹੀ ਕੁਦਰਤੀ ਖਾਦ ਵਜੋਂ ਕੰਮ ਕਰਦੇ ਸਨ ।ਸਿਹਤ ਮੰਤਰੀ, ਫੂਡ ਐਂਡ ਡਰੱਗਜ਼ ਐਡਮਿਨਿਸਟਰੇਸ਼ਨ (ਐਫ.ਡੀ.ਏ.) ਪੰਜਾਬ ਵੱਲੋਂ 'ਵਿਸ਼ਵ ਫੂਡ ਸੇਫਟੀ ਡੇ-2025' ਮਨਾਉਣ ਲਈ ਇਸ ਸਾਲ ਦੇ ਗਲੋਬਲ ਥੀਮ "ਫੂਡ ਸੇਫਟੀ: ਸਾਇੰਸ ਇਨ ਐਕਸ਼ਨ" ਤਹਿਤ ਕਰਵਾਏ ਗਏ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ।ਮਹਾਤਮਾ ਗਾਂਧੀ ਇੰਸਟੀਚਿਊਟ ਆਫ਼ ਪਬਲਿਕ ਐਡਮਿਨਿਸਟਰੇਸ਼ਨ (ਮਗਸੀਪਾ) ਵਿਖੇ ਕਰਵਾਏ ਇਸ ਸਮਾਗਮ ਵਿੱਚ ਮਾਹਿਰਾਂ ਦੀ ਅਗਵਾਈ ਵਾਲੇ ਕਈ ਸੈਸ਼ਨ ਕਰਵਾਏ ਗਏ, ਜਿਸ ਦੌਰਾਨ ਪੰਜਾਬ ਦੇ ਸੰਦਰਭ ਵਿੱਚ ਫੂਡ ਸੇਫਟੀ ਦੇ ਵੱਖ-ਵੱਖ ਪਹਿਲੂਆਂ 'ਤੇ ਚਾਨਣਾ ਪਾਇਆ ਗਿਆ।ਆਪਣੇ ਸੰਬੋਧਨ ਦੌਰਾਨ ਮਿੱਟੀ ਦੀ ਸਿਹਤ ਅਤੇ ਮਨੁੱਖੀ ਤੰਦਰੁਸਤੀ ਦਰਮਿਆਨ ਪਰਸਪਰ ਸਬੰਧਾਂ 'ਤੇ ਜ਼ੋਰ ਦਿੰਦੇ ਹੋਏ, ਡਾ. ਬਲਬੀਰ ਸਿੰਘ ਨੇ ਤਾਜ਼ੇ ਅਤੇ ਜੈਵਿਕ ਭੋਜਨ ਦੀ ਵਕਾਲਤ ਕੀਤੀ ਅਤੇ ਇਸਨੂੰ ਚੰਗੀ ਸਿਹਤ ਦਾ ਆਧਾਰ ਦੱਸਿਆ। ਸਾਫ਼-ਸੁਥਰੇ ਖਾਣ-ਪੀਣ ਪ੍ਰਤੀ ਆਪਣੀ ਨਿੱਜੀ ਵਚਨਬੱਧਤਾ ਸਾਂਝੀ ਕਰਦੇ ਹੋਏ, ਉਨ੍ਹਾਂ ਦੱਸਿਆ ਕਿ ਰਸਾਇਣ-ਮੁਕਤ ਅਤੇ ਪੌਸ਼ਟਿਕ ਤੱਤਾਂ ਨਾਲ ਭਰਪੂਰ ਭੋਜਨ ਲਈ ਉਹ ਖੁਦ ਆਪਣੇ ਘਰ ਵਿੱਚ ਬਾਗਬਾਨੀ ਕਰਦੇ ਹਨ। ਉਨ੍ਹਾਂ ਨੇ ਗੰਦਗੀ ਅਤੇ ਭੋਜਨ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਣ ਲਈ ਸਾਫ਼-ਸੁਥਰਾ ਖਾਣਾ ਪਕਾਉਣ ਅਤੇ ਪੌਸ਼ਟਿਕ ਭੋਜਨ ਤਿਆਰ ਕਰਨ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਫੂਡ ਐਂਡ ਡਰੱਗਜ਼ ਐਡਮਿਨਿਸਟਰੇਸ਼ਨ (ਐਫ.ਡੀ.ਏ.) ਦੀ ਜ਼ਿੰਮੇਵਾਰੀ ਨੂੰ ਰੇਖਾਂਕਿਤ ਕਰਦੇ ਹੋਏ ਮੰਤਰੀ ਨੇ ਅਧਿਕਾਰੀਆਂ ਨੂੰ, ਲੈਬਜ਼ ਨੂੰ ਅਪਗ੍ਰੇਡ ਕਰਨ ਅਤੇ ਮਿਲਾਵਟਖੋਰੀ ਵਿਰੁੱਧ ਸਖ਼ਤ ਕਵਾਇਦਾਂ ਨੂੰ ਯਕੀਨੀ ਬਣਾ ਕੇ ਫੂਡ ਸੇਫਟੀ ਵਿਧੀਆਂ ਨੂੰ ਮਜ਼ਬੂਤ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ, "ਸਿਰਫ਼ ਭੋਜਨ ਦੇ ਨਮੂਨੇ ਇਕੱਠੇ ਕਰਨਾ ਕਾਫ਼ੀ ਨਹੀਂ ਹੈ; ਐਫਡੀਏ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਹਰ ਨਾਗਰਿਕ ਨੂੰ ਸ਼ੁੱਧ ਅਤੇ ਮਿਲਾਵਟ ਰਹਿਤ ਭੋਜਨ ਮਿਲੇ" । ਉਨ੍ਹਾਂ ਨੇ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਭੋਜਨ ਵਿਕਰੇਤਾਵਾਂ ਨੂੰ ਸਫਾਈ ਦੇ ਮਿਆਰ ਬਣਾਈ ਰੱਖਣ ਲਈ ਨਿਯਮਤ ਰੂਪ ਵਿੱਚ ਜਾਗਰੂਕਤਾ ਮੁਹਿੰਮਾਂ ਚਲਾਉਂਦੇ ਰਹਿਣ।ਲੋਕਾਂ ਨੂੰ, ਭੋਜਨ ਸੁਰੱਖਿਆ ਯਕੀਨੀ ਬਣਾਉਣ ਲਈ ਸਸ਼ਕਤ ਬਣਾਉਣ ਦੇ ਮੱਦੇਨਜ਼ਰ ਡਾ. ਬਲਬੀਰ ਸਿੰਘ ਨੇ ਉਨ੍ਹਾਂ ਨੂੰ ਮੋਬਾਈਲ ਫੂਡ ਟੈਸਟਿੰਗ ਵੈਨਾਂ ਦੀ ਵੱਧ ਤੋਂ ਵੱਧ



ਵਰਤੋਂ ਕਰਨ ਲਈ ਪ੍ਰੇਰਿਆ, ਜਿਨ੍ਹਾਂ ਵਿੱਚ ਦੁੱਧ, ਪਨੀਰ, ਮਸਾਲੇ ਅਤੇ ਹੋਰ ਰੋਜ਼ਾਨਾ ਵਰਤੋਂ ਵਾਲੀਆਂ ਚੀਜ਼ਾਂ ਦੇ 150 ਤੋਂ ਵੱਧ ਮਾਪਦੰਡਾਂ ਦੀ ਜਾਂਚ ਕਰਨ ਦੀ ਸਹੂਲਤ ਹੈ। ਉਨ੍ਹਾਂ ਕਿਹਾ, "ਇਹ ਵੈਨਾਂ ਭੋਜਨ ਮਿਲਾਵਟ ਵਿਰੁੱਧ ਸਾਡੀ ਲੜਾਈ ਵਿੱਚ ਇੱਕ ਮਹੱਤਵਪੂਰਨ ਸਾਧਨ ਹਨ - ਮੈਂ ਹਰੇਕ ਵਿਅਕਤੀ ਨੂੰ ਆਪਣੇ ਭੋਜਨ ਦੀ ਜਾਂਚ ਕਰਵਾਉਣ ਦੀ ਅਪੀਲ ਕਰਦਾ ਹਾਂ,"।ਮੰਤਰੀ ਨੇ ਸੰਤੁਲਿਤ ਖੁਰਾਕ ਅਤੇ ਸੂਚਿਤ ਖੁਰਾਕ ਵਿਕਲਪਾਂ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ, ਐਫਡੀਏ ਨੂੰ ਪੋਸ਼ਣ ਤੇ ਅਧਾਰਤ ਜਨਤਕ ਸਿੱਖਿਆ ਮੁਹਿੰਮਾਂ ਅਤੇ ਸਰਕਾਰੀ ਸਿਹਤ ਪਹਿਲਕਦਮੀਆਂ ਵਿੱਚ ਤੇਜ਼ੀ ਲਿਆਉਣ ਦੀ ਵੀ ਅਪੀਲ ਕੀਤੀ।ਆਪਣੇ ਸਮਾਪਤੀ ਸੰਬੋਧਨ ਵਿੱਚ ਡਾ. ਬਲਬੀਰ ਸਿੰਘ ਨੇ ਸਾਰੇ ਪੰਜਾਬੀਆਂ ਨੂੰ "ਸਹੀ ਖਾਓ, ਸਿਹਤਮੰਦ ਰਹੋ" ਵਾਲੀ ਪਹੁੰਚ ਅਪਣਾਉਣ ਅਤੇ ਇੱਕ ਸਿਹਤਮੰਦ ਅਤੇ ਰਿਸ਼ਟਪੁਸ਼ਟ ਪੰਜਾਬ ਬਣਾਉਣ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ।ਇਸ ਤੋਂ ਪਹਿਲਾਂ, ਕਮਿਸ਼ਨਰ ਐਫਡੀਏ,ਪੰਜਾਬ ਦਿਲਰਾਜ ਸਿੰਘ ਨੇ ਵਿਗਿਆਨਕ ਲਾਗੂਕਰਨ ਅਤੇ ਜਨਤਕ ਜਾਗਰੂਕਤਾ ਰਾਹੀਂ ਭੋਜਨ ਸੁਰੱਖਿਆ ਨੂੰ ਉਤਸ਼ਾਹਿਤ ਕਰਨ ਵਿੱਚ ਵਿਭਾਗ ਦੇ ਚੱਲ ਰਹੇ ਯਤਨਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਗਡਵਾਸੂ ਦੇ ਵਾਈਸ ਚਾਂਸਲਰ ਡਾ. ਜੇ.ਪੀ.ਐਸ. ਗਿੱਲ ਨੇ ਆਪਣੇ ਸੰਬੋਧਨ ਦੌਰਾਨ ਲੰਬੇ ਸਮੇਂ ਦੀ ਸੁਰੱਖਿਆ ਅਤੇ ਸਥਿਰਤਾ ਨੂੰ ਯਕੀਨੀ ਬਣਾਉਣ ਲਈ ਸਥਾਨਕ ਭੋਜਨ ਪ੍ਰਣਾਲੀਆਂ ਨਾਲ ਵਿਗਿਆਨਕ ਅਭਿਆਸਾਂ ਦੇ ਸੁਮੇਲ 'ਤੇ ਜ਼ੋਰ ਦਿੱਤਾ।ਪੀਜੀਆਈ ਚੰਡੀਗੜ੍ਹ ਤੋਂ ਡਾ. ਪੂਨਮ ਖੰਨਾ ਨੇ ਪੰਜਾਬ ਵਿੱਚ ਮਰਦਾਂ, ਔਰਤਾਂ ਅਤੇ ਬੱਚਿਆਂ ਦੀ ਪੋਸ਼ਣ ਸਥਿਤੀ ਬਾਰੇ ਅੰਕੜੇ ਪੇਸ਼ ਕੀਤੇ, ਜਦੋਂ ਕਿ ਸਿਹਤ ਸੇਵਾਵਾਂ ਡਾਇਰੈਕਟੋਰੇਟ, ਪੰਜਾਬ ਤੋਂ ਡਾ. ਨਿਹਾਰਿਕਾ ਨੇ ਸੂਬੇ ਵਿੱਚ ਪੋਸ਼ਣ ਰਹਿਤ ਭੋਜਨ ਤੋਂ ਹੋਣ ਵਾਲੀਆਂ ਬਿਮਾਰੀਆਂ ਦੇ ਪ੍ਰਸਾਰ ਅਤੇ ਪ੍ਰਬੰਧਨ ਬਾਰੇ ਵਿਚਾਰ ਚਰਚਾ ਕੀਤੀ। ਗਡਵਾਸੂ ਦੇ ਸਹਾਇਕ ਪ੍ਰੋਫੈਸਰ ਡਾ. ਮਨਵੇਸ਼ ਨੇ ਦੁੱਧ ਅਤੇ ਦੁੱਧ ਉਤਪਾਦਾਂ ਵਿੱਚ ਮਿਲਾਵਟਖੋਰੀ ਸਬੰਧੀ ਚਿੰਤਾਵਾਂ ਤੋਂ ਜਾਣੂ ਕਰਵਾਇਆ ਅਤੇ ਇਸਨੂੰ ਵਿੱਚ ਭੋਜਨ ਸੁਰੱਖਿਆ ਸਬੰਧੀ ਇੱਕ ਪ੍ਰਮੁੱਖ ਮੁੱਦਾ ਦੱਸਿਆ।ਫੂਡ ਇੰਡਸਟਰੀ ਦੇ ਨੁਮਾਇੰਦਿਆਂ ਨੇ ਵੀ ਇਸ ਪ੍ਰੋਗਰਾਮ ਦੌਰਾਨ ਵਡਮੁੱਲੇ ਪੱਖ ਪੇਸ਼ ਕੀਤੇ, ਜਿਸ ਵਿੱਚ ਪੈਪਸੀਕੋ ਡਾਇਰੈਕਟਰ (ਸਾਇੰਟੀਫਿਕ ਅਤੇ ਰੈਗੂਲੇਟਰੀ ) ਸ਼ਮਿੰਦਰ ਪਾਲ ਸਿੰਘ ਅਤੇ ਨਿਕ ਬੇਕਰਜ਼ ਦੇ ਮੈਨੇਜਿੰਗ ਡਾਇਰੈਕਟਰ ਵਿਨੋਦ ਮਿੱਤਲ ਨੇ ਭੋਜਨ ਸੁਰੱਖਿਆ ਸਬੰਧੀ ਮਿਆਰਾਂ ਨੂੰ ਕਾਇਮ ਰੱਖਣ ਵਿੱਚ ਉਦਯੋਗ ਦੀਆਂ ਭੂਮਿਕਾਵਾਂ ਅਤੇ ਪਹਿਲਕਦਮੀਆਂ ਨੂੰ ਉਜਾਗਰ ਕੀਤਾ। ਇਸ ਸਮਾਗਮ ਦੌਰਾਨ ਹੈਲਦੀ ਅਰਥ ਦੇ ਮਿਲੇਟਸ-ਅਧਾਰਤ ਭੋਜਨ ਉੱਦਮੀਆਂ ਨਾਲ ਇੱਕ ਦਿਲਚਸਪ ਸੈਸ਼ਨ ਅਤੇ ਅੰਤਰਰਾਸ਼ਟਰੀ ਪੱਧਰ ਮਸ਼ਹੂਰ ਸ਼ੈੱਫ ਵਿਕਾਸ ਖੰਨਾ ਵੱਲੋਂ ਇੱਕ ਵਿਸ਼ੇਸ਼ ਗੱਲਬਾਤ ਵੀ ਕੀਤੀ ਗਈ।ਇਸ ਸਮਾਗਮ ਵਿੱਚ ਚੇਅਰਮੈਨ ਫੂਡ ਕਮਿਸ਼ਨ ਪੰਜਾਬ ਬਾਲ ਮੁਕੰਦ ਸ਼ਰਮਾ, ਜੁਆਇੰਟ ਕਮਿਸ਼ਨਰ ਫੂਡ ਸੇਫਟੀ ਡਾ. ਅਮਿਤ ਜੋਸ਼ੀ ਅਤੇ ਡਾਇਰੈਕਟਰ ਲੈਬਜ਼ ਫੂਡ ਸੇਫਟੀ ਪੰਜਾਬ ਰਵਨੀਤ ਕੌਰ ਸਮੇਤ ਹੋਰ ਪਤਵੰਤੇ ਸ਼ਾਮਲ ਹੋਏ।

20 Jun Page-9.qxd 6/19/2025 10:51 PM Page 1



# ਅੰਬੇਡਕਰ ਦੇ ਬੁੱਤ ਦੀ ਭੰਨਤੋੜ ਕਰਨ ਦੇ ਦੋਸ਼ ਹੇਠ ਐੱਸ ਐੱਫ ਜੇ ਦਾ ਕਾਰਕੁਨ ਗ੍ਰਿਫ਼ਤਾਰ

**ਚੰਡੀਗੜ੍ਹ (ਗੁਰਜੀਤ ਬਿੱਲਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਜਾਰੀ ਮੁਹਿੰਮ ਦੌਰਾਨ ਪੰਜਾਬ ਪੁਲਸ ਦੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਮੋਹਾਲੀ ਨੇ ਪਾਬੰਦੀਸ਼ੁਦਾ ਸੰਗਠਨ ਸਿੱਖਸ ਫਾਰ ਜਸਟਿਸ (ਐਸਐਫਜੇ) ਦੇ ਮੁੱਖ ਸੰਚਾਲਕ ਅਤੇ ਅਮਰੀਕਾ ਅਧਾਰਤ ਅੱਤਵਾਦੀ ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਦੇ ਨਜ਼ਦੀਕੀ ਸਹਿਯੋਗੀ ਰੇਸ਼ਮ ਸਿੰਘ ਨੂੰ ਫਿਲੌਰ ਵਿੱਚ ਡਾ. ਬੀਆਰ ਅੰਬੇਡਕਰ ਦੇ ਬੁੱਤ ਦੀ ਭੰਨਤੋੜ ਕਰਨ ਅਤੇ ਸੂਬੇ ਭਰ ਵਿੱਚ ਖਾਲਿਸਤਾਨ ਪੱਖੀ ਨਾਅਰੇ ਲਿਖਣ, ਚਿੱਤਰ ਬਣਾਉਣ ਅਤੇ ਪੋਸਟਰ ਲਾਉਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ।ਇਸ ਦੇ ਵੇਰਵੇ ਸਾਂਝੇ ਕਰਦਿਆਂ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਉਕਤ ਦੋਸ਼ੀ ਵਿਅਕਤੀ, ਜ਼ਿਲ੍ਹਾ ਬਰਨਾਲਾ ਦੇ ਪਿੰਡ ਹਮੀਦੀ ਦਾ ਰਹਿਣ ਵਾਲਾ ਹੈ— ਨੇ ਅਮਰੀਕਾ ਅਧਾਰਤ ਸੁਰਿੰਦਰ ਸਿੰਘ ਠੀਕਰੀਵਾਲ, ਜੋ ਯੂਏਪੀਏ ਦੇ ਕਈ ਮਾਮਲਿਆਂ ਵਿੱਚ ਲੋੜੀਂਦਾ ਅਪਰਾਧੀ ਹੈ, ਅਤੇ ਐਸਐਫਜੇ ਮੁਖੀ ਗੁਰਪਤਵੰਤ ਸਿੰਘ ਪੰਨੂ— ਦੇ ਨਿਰਦੇਸ਼ਾਂ 'ਤੇ ਕੰਮ ਕਰਦਿਆਂ ਜੂਨ 2025 ਦੇ ਪਹਿਲੇ ਹਫ਼ਤੇ ਫਿਲੌਰ ਦੇ ਨੰਗਲ ਵਿਖੇ ਡਾ. ਬੀ.ਆਰ. ਅੰਬੇਡਕਰ ਦੇ ਬੁੱਤ ਦੀ ਭੰਨਤੋੜ ਕੀਤੀ ਸੀ। ਉਨ੍ਹਾਂ ਕਿਹਾ ਕਿ ਮੁਲਜ਼ਮ ਰੇਸ਼ਮ ਸਿੰਘ, ਜਿਸ 'ਤੇ ਪਟਿਆਲਾ, ਫਰੀਦਕੋਟ, ਜਲੰਧਰ ਅਤੇ ਹੋਰ ਜ਼ਿਲ੍ਹਿਆਂ ਵਿੱਚ ਖਾਲਿਸਤਾਨ ਪੱਖੀ ਅਤੇ ਐਸਐਫਜੇ ਪੱਖੀ ਪੋਸਟਰ ਲਾ ਕੇ ਅਤੇ ਨਾਅਰੇ ਲਿਖ ਕੇ ਜਨਤਕ ਜਾਇਦਾਦ ਨੂੰ ਵਾਰ-ਵਾਰ ਨੁਕਸਾਨ ਪਹੁੰਚਾਉਣ ਦਾ ਵੀ ਦੋਸ਼ ਹੈ, ਉਕਤ ਘਟਨਾ ਨੂੰ ਅੰਜ਼ਾਮ ਦੇਣ ਤੋਂ ਬਾਅਦ ਫਰਾਰ ਸੀ।ਡੀਜੀਪੀ ਨੇ ਦੱਸਿਆ ਕਿ ਮਈ 2025 ਵਿੱਚ ਭਾਰਤ-ਪਾਕਿ ਤਣਾਅ ਦੌਰਾਨ ਰੇਸ਼ਮ ਸਿੰਘ ਨੇ ਲੋਕਾਂ ਅਤੇ ਦੇਸ਼ ਵਿਰੋਧੀ ਭਾਵਨਾਵਾਂ ਨੂੰ ਭੜਕਾਉਣ ਲਈ 'ਪਾਕਿਸਤਾਨ ਜ਼ਿੰਦਾਬਾਦ' ਅਤੇ 'ਖਾਲਿਸਤਾਨ ਜ਼ਿੰਦਾਬਾਦ' ਵਰਗੇ ਭੜਕਾਊ ਨਾਅਰੇ ਲਿਖੇ। ਉਨ੍ਹਾਂ ਦੱਸਿਆ ਕਿ ਸਬੂਤਾਂ ਤੋਂ ਇਹ ਵੀ ਪਤਾ ਚਲਦਾ ਹੈ ਕਿ ਮੁਲਜ਼ਮ ਨੂੰ ਇਨ੍ਹਾਂ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਵਿਦੇਸ਼ਾਂ ਤੋਂ ਫੰਡਿੰਗ ਹੋ ਰਹੀ ਸੀ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਨੂੰ ਪਹਿਲਾਂ ਦੇਸ਼ ਵਿਰੋਧੀ ਨਾਅਰੇ ਲਿਖਣ, ਕੰਧਾਂ 'ਤੇ ਚਿੱਤਰ ਬਣਾਉਣ ਅਤੇ ਪੋਸਟਰ ਲਾਉਣ ਦੇ ਦੋਸ਼ ਵਿਰੋਧੀ ਨਾਅਰੇ ਲਿਖਣ ਦੇ ਦੋ ਕੇਸਾਂ ਵਿੱਚ ਕਰਨਾਲ (ਹਰਿਆਣਾ) ਅਤੇ ਸੰਗਰੂਰ ਵਿਖੇ ਦਰਜ ਦੋ ਯੂਏਪੀਏ ਕੇਸਾਂ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਐਸਐਸਓਸੀ ਮੋਹਾਲੀ ਟੀਮ ਨੇ ਇੱਕ ਖੁਫੀਆ ਆਪ੍ਰੇਸ਼ਨ ਚਲਾਇਆ ਅਤੇ ਮੁਲਜ਼ਮ ਰੇਸ਼ਮ ਨੂੰ ਮੋਹਾਲੀ ਦੇ ਬਲਨਾਲਾ ਤੋਂ ਗ੍ਰਿਫ਼ਤਾਰ ਕਰ ਲਿਆ, ਜਿੱਥੇ ਉਸਨੂੰ ਉਸਦੇ ਹੈਂਡਲਰ ਸੁਰਿੰਦਰ ਠੀਕਰੀਵਾਲ ਨੇ ਲੁਕਣ ਲਈ ਟਿਕਾਣਾ ਦਿੱਤਾ ਹੋਇਆ ਸੀ।ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਤੋਂ ਪਤਾ ਲੱਗਾ ਹੈ ਕਿ ਹਰ ਕਾਰਵਾਈ ਨੂੰ ਅੰਜਾਮ ਦੇਣ ਤੋਂ ਬਾਅਦ ਦੋਸ਼ੀ ਰੇਸ਼ਮ ਵੀਡੀਓ ਰਿਕਾਰਡ ਕਰਕੇ ਆਪਣੇ ਵਿਦੇਸ਼ੀ ਹੈਂਡਲਰਾਂ ਨੂੰ ਭੇਜਦਾ ਸੀ, ਜੋ ਇਨ੍ਹਾਂ ਦੀ ਵਰਤੋਂ ਆਪਣੇ ਵੰਡਵਾਦੀ ਏਜੰਡੇ ਨੂੰ ਹਵਾ ਦੇਣ ਲਈ ਕਰਦੇ ਸਨ। ਇਸ ਵਿਰੁੱਧ ਪੁਲਸ ਥਾਣਾ ਐਸਐਸਓਸੀ, ਐਸਏਐਸ ਨਗਰ ਵਿਖੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀਆਂ ਧਾਰਾਵਾਂ 151, 196 ਅਤੇ 61(2) ਤਹਿਤ ਐਫਆਈਆਰ ਨੰਬਰ 08 ਮਿਤੀ 18.06.2025 ਅਧੀਨ ਕੇਸ ਦਰਜ ਕੀਤਾ ਗਿਆ ਹੈ।

# ਹਰਮਨਜੋਤ ਸਿੰਘ ਕਲੇਰ ਨੇ ਕੈਨੇਡਾ 'ਚ ਪ੍ਰੋਜੈਕਟ ਮੈਨੇਜਮੈਂਟ 'ਚ ਗ੍ਰੈਜੂਏਟ ਸਰਟੀਫਿਕੇਟ ਪ੍ਰਾਪਤ ਕੀਤਾ

**ਬਲਾਚੌਰ (ਜਸਵਿੰਦਰ ਬੈਂਸ)** ਹਰਮਨਜੋਤ ਸਿੰਘ ਕਲੇਰ ਸਪੁੱਤਰ ਜਤਿੰਦਰ ਪਾਲ ਸਿੰਘ ਕਲੇਰ ਨੇ ਅਲਗੋਮਾ ਯੂਨੀਵਰਸਿਟੀ ਬ੍ਰੈਂਪਟਨ ਕੈਨੇਡਾ ਤੋਂ ਪ੍ਰੋਜੈਕਟ ਮੈਨੇਜਮੈਂਟ ਵਿੱਚ ਗ੍ਰੈਜੂਏਟ ਸਰਟੀਫਿਕੇਟ



ਪ੍ਰਾਪਤ ਕਰਕੇ ਆਪਣੇ ਪਰਵਾਰ ਅਤੇ ਹਲਕੇ ਦਾ ਮਾਣ ਵਧਾਇਆ ਹੈ। ਇਥੇ ਵਰਨਣ ਯੋਗ ਹੈ ਕਿ ਕੈਨੇਡਾ ਜਾਣ ਤੋਂ ਪਹਿਲਾਂ ਇਲਾਕੇ ਦੇ ਮਸ਼ਹੂਰ ਰਿਆਤ ਕਾਲਜ ਤੋਂ ਬੀ ਟੈਕ ਕੰਪਿਊਟਰ ਸਾਇੰਸ ਵਿੱਚ ਫਸਟ ਕਲਾਸ ਦਰਜੇ ਵਿੱਚ ਕੀਤੀ ਸੀ, ਉਹ ਬਚਪਨ ਤੋਂ ਹੀ ਬਹੁਤ ਹੋਣਹਾਰ ਅਤੇ ਹੁਸ਼ਿਆਰ ਵਿਦਿਆਰਥੀ ਸੀ। ਉਸ ਨੇ ਆਪਣੀ ਮਿਹਨਤ ਨਾਲ ਸਫਲਤਾ ਪ੍ਰਾਪਤ ਕੀਤੀ। ਇਸ ਮੌਕੇ ਪ੍ਰੋਫੈਸਰ ਨਰਿੰਦਰ ਭੂੰਬਲਾ ਰਿਆਤ ਕਾਲਜ, ਮਾਸਟਰ ਰਵਿੰਦਰ ਸੁਰਾਪੁਰ, ਤੇਜ ਪ੍ਰਕਾਸ਼ ਖਾਸਾ ਪ੍ਰਧਾਨ ਭ੍ਰਿਸ਼ਟਾਚਾਰ ਨਿਰਮੂਲਨ ਸੰਸਥਾ ਭਾਰਤ,ਮੋਹਿਤ ਕੁਮਾਰ, ਦੀਦਾਰ ਸਿੰਘ ਬਲਾਚੌਰੀਆ,ਡਾ. ਭੁਪਿੰਦਰ ਜੋਤ ਸੂਰੀ, ਡਾ. ਤੇਜਿੰਦਰ ਸਿੰਘ ਜੋਤ, ਰਾਜੇਸ਼ ਸੋਨੂੰ ਕਾਠਗੜ੍ਹ ,ਮਨੋਰੰਜਨ ਕਾਲੀਆ ਨਵਾਂਸ਼ਹਿਰ,ਅਵਤਾਰ ਸਿੰਘ ਧੀਮਾਨ, ਸਮਰਦੀਪ ਸਿੰਘ ,ਯੋਗੇਸ਼ ਮਲਹੋਤਰਾ ਬਲਾਚੌਰ ਆਦਿ ਹਾਜਰ ਸਨ।

# ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਵੱਲੋਂ ਸੰਸਥਾ ਦੇ 24 ਸਾਬਕਾ ਕੈਡਿਟ 'ਅਚੀਵਰ ਐਵਾਰਡ' ਨਾਲ ਸਨਮਾਨਤ

**ਚੰਡੀਗੜ੍ਹ (ਗੁਰਜੀਤ ਬਿੱਲਾ)-** ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ (ਐਮ ਆਰ ਐਸ ਏ ਐਫ ਪੀ ਆਈ) ਐਸ.ਏ.ਐਸ. ਨਗਰ ਵੱਲੋਂ ਨੈਸ਼ਨਲ ਡਿਫੈਂਸ ਅਕੈਡਮੀ (ਐਨ ਡੀ ਏ) ਅਤੇ ਹੋਰ ਸੇਵਾਵਾਂ ਸਿਖਲਾਈ ਅਕੈਡਮੀਆਂ ਤੋਂ ਗ੍ਰੈਜੂਏਟ ਹੋ ਕੇ ਰੱਖਿਆ ਬਲਾਂ ਵਿੱਚ ਕਮਿਸ਼ਨ ਹਾਸਲ ਕਰਨ ਵਾਲੇ ਆਪਣੇ ਸਾਬਕਾ ਕੈਡਿਟਾਂ ਦੀਆਂ ਪ੍ਰਾਪਤੀਆਂ ਨੂੰ ਮਾਨਤਾ ਦਿੰਦਿਆਂ ਇੱਕ ਵਿਸ਼ੇਸ਼ ਸਮਾਗਮ ਦੌਰਾਨ ਉਨ੍ਹਾਂ ਨੂੰ ਵੱਕਾਰੀ 'ਅਚੀਵਰ ਐਵਾਰਡਜ਼' ਨਾਲ ਸਨਮਾਨਿਤ ਕੀਤਾ ਗਿਆ।ਇਸ ਸਮਾਰੋਹ ਦੀ ਪ੍ਰਧਾਨਗੀ ਸੰਸਥਾ ਦੇ ਸੰਸਥਾਪਕ ਡਾਇਰੈਕਟਰ ਅਤੇ ਗਵਰਨਿੰਗ ਬਾਡੀ ਦੇ ਮੈਂਬਰ ਮੇਜਰ ਜਨਰਲ (ਸੇਵਾਮੁਕਤ) ਬੀ ਐਸ ਗਰੇਵਾਲ, ਏ ਵੀ ਐਸ ਐਮ ਨੇ ਕੀਤੀ।ਸਮਾਰੋਹ ਵਿੱਚ ਏ ਐਫ ਪੀ ਆਈ ਦੇ 24 ਵਿਸ਼ੇਸ਼ ਸਾਬਕਾ ਕੈਡਿਟਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚੋਂ ਅੱਠ ਕੈਡਿਟਾਂ ਨੇ ਹਾਲ ਹੀ ਵਿੱਚ ਮਈ/ਜੂਨ 2025 'ਚ ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਕਮਿਸ਼ਨ ਪ੍ਰਾਪਤ ਕੀਤਾ ਹੈ।ਮੇਜਰ ਜਨਰਲ ਬੀ.ਐਸ. ਗਰੇਵਾਲ ਨੇ ਕਮਿਸ਼ਨ ਪ੍ਰਾਪਤ ਕਰਨ ਵਾਲੇ ਕੈਡਿਟਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ



ਐਮ.ਆਰ.ਐਸ. ਏ.ਐਫ.ਪੀ. ਆਈ. ਵਿਖੇ ਉਨ੍ਹਾਂ ਦੀ ਸਿਖਲਾਈ, ਉਨ੍ਹਾਂ ਦੇ ਕਰੀਅਰ ਲਈ ਲਾਂਚਪੈਡ ਵਜੋਂ ਕੰਮ ਕਰੇਗੀ। ਉਨ੍ਹਾਂ ਨੇ ਐਨ.ਡੀ.ਏ. ਗ੍ਰੈਜੂਏਟਸ ਨੂੰ ਅੱਗੇ ਦੀ ਸਿਖਲਾਈ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸ਼ਾਨਦਾਰ ਨਤੀਜੇ ਪ੍ਰਾਪਤ ਕਰਨ ਵਿੱਚ ਏ.ਐਫ.ਪੀ.ਆਈ. ਫੈਕਲਟੀ ਦੇ ਸਮਰਪਣ ਦੀ ਸ਼ਲਾਘਾ ਕੀਤੀ।ਸੰਸਥਾ ਦੀਆਂ ਮਹੱਤਵਪੂਰਨ ਪ੍ਰਾਪਤੀਆਂ ਨੂੰ ਸਾਂਝਾ ਕਰਦਿਆਂ ਐਮ.ਆਰ. ਐਸ. ਏ.ਐਫ.ਪੀ.ਆਈ. ਦੇ ਡਾਇਰੈਕਟਰ ਮੇਜਰ ਜਨਰਲ ਅਜੈ ਐਚ ਚੌਹਾਨ, ਵੀ. ਐਸ. ਐਮ. (ਸੇਵਾਮੁਕਤ) ਨੇ ਦੱਸਿਆ ਕਿ ਹੁਣ ਤੱਕ ਸੰਸਥਾ ਦੇ 255 ਕੈਡਿਟ ਐਨ.ਡੀ.ਏ. ਅਤੇ ਹੋਰ ਬਰਾਬਰ ਦੀਆਂ ਸਿਖਲਾਈ ਅਕੈਡਮੀਆਂ ਲਈ ਚੁਣੇ ਗਏ ਹਨ ਅਤੇ 178 ਕੈਡਿਟਾਂ ਨੇ ਰੱਖਿਆ ਸੇਵਾਵਾਂ ਵਿੱਚ ਕਮਿਸ਼ਨਡ ਅਫ਼ਸਰ ਵਜੋਂ ਜੁਆਇਨ ਕੀਤਾ ਹੈ। ਉਨ੍ਹਾਂ ਅੱਗੇ ਦੱਸਿਆ ਕਿ 15 ਕੈਡਿਟਾਂ ਨੂੰ ਪਹਿਲਾਂ ਹੀ ਐਨ.ਡੀ.ਏ./ਬਰਾਬਰ ਦੀਆਂ ਸਿਖਲਾਈ ਅਕੈਡਮੀਆਂ ਤੋਂ ਜੁਆਇਨਿੰਗ ਲੈਟਰ ਮਿਲ ਚੁੱਕੇ ਹਨ ਅਤੇ 11 ਹੋਰ ਕੈਡਿਟ ਆਪਣੇ ਜੁਆਇਨਿੰਗ ਲੈਟਰਾਂ ਦੀ ਉਡੀਕ ਕਰ ਰਹੇ ਹਨ। ਮੇਜਰ ਜਨਰਲ ਚੌਹਾਨ ਨੇ ਹਥਿਆਰਬੰਦ ਸੈਨਾਵਾਂ ਲਈ ਇੱਕ 'ਫੀਡਰ ਸੰਸਥਾ' ਵਜੋਂ ਐਮ ਆਰ ਐਸ ਏ ਐਫ ਪੀ ਆਈ ਇੰਸਟੀਚਿਊਟ ਦੀ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਦੀ ਅਗਵਾਈ ਹੇਠ ਇਹ ਸੰਸਥਾ ਸਫ਼ਲਤਾ ਦੀਆਂ ਵੱਡੀਆਂ ਪੁਲਾਂਘਾਂ ਪੁੱਟ ਰਹੀ ਹੈ, ਜਿਸ ਦੇ ਦੇਸ਼ ਭਰ ਵਿੱਚ ਸ਼ਾਨਦਾਰ ਨਤੀਜੇ ਸਾਹਮਣੇ ਆ ਰਹੇ ਹਨ।

# ਪੰਜਾਬ ਵੱਲੋਂ ਨਵਾਂ ਮੀਲ ਪੱਥਰ ਸਥਾਪਤ : ਸੇਵਾਵਾਂ ਦੀ ਪੈਂਡੈਂਸੀ ਦਰ ਦੇਸ਼ ਭਰ 'ਚ ਸਭ ਤੋਂ ਘੱਟ

**ਚੰਡੀਗੜ੍ਹ (ਗੁਰਜੀਤ ਬਿੱਲਾ)—** ਪੰਜਾਬ ਦੇ ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਅੱਜ ਦੱਸਿਆ ਕਿ ਪੰਜਾਬ ਸਰਕਾਰ ਨੇ ਨਾਗਰਿਕਾਂ ਨੂੰ ਤੈਅ ਸਮੇਂ ਦੇ ਅੰਦਰ 99.98 ਫੀਸਦ ਜ਼ਰੂਰੀ ਸੇਵਾਵਾਂ ਸਫ਼ਲਤਾਪੂਰਵਕ ਪ੍ਰਦਾਨ ਕਰ ਕੇ ਲੋਕ-ਪੱਖੀ ਪ੍ਰਸ਼ਾਸਨ ਦੀ ਦਿਸ਼ਾ ਵਿੱਚ ਇੱਕ ਅਹਿਮ ਮੀਲ ਪੱਥਰ ਹਾਸਲ ਕੀਤਾ ਹੈ ਜਿਸ ਨਾਲ ਪੰਜਾਬ ਦੇਸ਼ ਭਰ ਵਿੱਚ ਸੇਵਾ ਪ੍ਰਦਾਨ ਕਰਨ ਵਿੱਚ ਸਭ ਤੋਂ ਘੱਟ ਲੰਬਤਾ (ਪੈਂਡੈਂਸੀ) ਵਾਲਾ ਸੂਬਾ ਬਣ ਗਿਆ ਹੈ।ਵਿਭਾਗ ਦੇ ਸੀਨੀਅਰ ਅਧਿਕਾਰੀਆਂ ਅਤੇ ਡਿਪਟੀ ਕਮਿਸ਼ਨਰਾਂ ਨਾਲ ਇੱਥੇ ਮੈਗਸੀਪਾ ਵਿਖੇ ਸਮੀਖਿਆ ਮੀਟਿੰਗ ਉਪਰੰਤ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਸੇਵਾਵਾਂ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਅਹਿਮ ਪ੍ਰਾਪਤੀ ਦਰਜ ਕੀਤੀ ਹੈ, ਜਿਸ ਤਹਿਤ 18 ਜੂਨ, 2024 ਤੋਂ 17 ਜੂਨ, 2025 ਦੇ ਇੱਕ ਸਾਲ ਦੇ ਅਰਸੇ ਦਰਮਿਆਨ 48.85 ਲੱਖ ਤੋਂ ਵੱਧ ਨਾਗਰਿਕਾਂ ਨੇ ਵੱਖ-ਵੱਖ ਲੋਕ-ਪੱਖੀ ਸੇਵਾਵਾਂ ਦਾ ਲਾਭ ਉਠਾਇਆ ਹੈ। ਉਨ੍ਹਾਂ ਦੱਸਿਆ ਕਿ 99.88 ਫ਼ੀਸਦੀ ਸੇਵਾਵਾਂ ਨਿਰਧਾਰਤ ਸਮਾਂ-ਸੀਮਾ ਅੰਦਰ ਪ੍ਰਦਾਨ ਕੀਤੀਆਂ ਗਈਆਂ ਅਤੇ ਮਹਿਜ਼ 5868 ਸੇਵਾਵਾਂ (0.12 ਫ਼ੀਸਦੀ) ਦੀ ਡਿਲੀਵਰੀ ਵਿੱਚ ਨਿਰਧਾਰਤ ਸਮਾਂ-ਸੀਮਾ ਤੋਂ ਵੱਧ ਸਮਾਂ ਲੱਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਪ੍ਰਾਪਤੀ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਸੇਵਾਵਾਂ ਪ੍ਰਦਾਨ ਕਰਨ ਸਬੰਧੀ ਪ੍ਰਭਾਵੀ ਪ੍ਰਣਾਲੀ ਨੂੰ ਉਜਾਗਰ ਕਰਦੀ ਹੈ ਅਤੇ ਭਾਰਤ ਸਰਕਾਰ ਨੇ ਨਿਰਧਾਰਤ ਸਮਾਂ-ਸੀਮਾ ਅੰਦਰ ਸੇਵਾਵਾਂ ਪ੍ਰਦਾਨ ਕਰਨ ਵਿੱਚ ਪੰਜਾਬ ਨੂੰ ਪਹਿਲਾ ਦਰਜਾ ਦਿੱਤਾ ਸੀ।ਉਨ੍ਹਾਂ ਦੱਸਿਆ ਕਿ



ਸਰਕਾਰ ਵੱਲੋਂ ਜ਼ੀਰੋ ਪੈਂਡੈਂਸੀ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸਨਮਾਨਿਤ ਕਰਨ 'ਤੇ ਵਿਚਾਰ ਕੀਤਾ ਜਾ ਰਿਹਾ ਹੈ ਜਦੋਂ ਕਿ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਵਾਰ-ਵਾਰ ਦੇਰੀ ਕਰਨ ਵਾਲਿਆਂ ਅਤੇ ਬੇਲੋੜੇ ਇਤਰਾਜ਼ ਲਗਾਉਣ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ ਹਨ।ਸੇਵਾਵਾਂ ਪ੍ਰਦਾਨ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਦੇਰੀ ਅਤੇ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਅਤੇ ਸੇਵਾਵਾਂ ਪ੍ਰਦਾਨ ਕਰਨ ਵਿੱਚ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਇੱਕ ਹੋਰ ਪ੍ਰਮੁੱਖ ਪ੍ਰਾਜੈਕਟ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੂਬੇ ਨੇ ਸਰਟੀਫ਼ਿਕੇਟ ਸਬੰਧੀ ਅਰਜ਼ੀਆਂ ਦੀ ਡਿਜੀਟਲ ਤਸਦੀਕ ਕਰਨ ਲਈ ਲਗਭਗ 98 ਫੀਸਦ ਅਧਿਕਾਰੀਆਂ ਅਤੇ ਸਥਾਨਕ ਪ੍ਰਤੀਨਿਧੀਆਂ, ਜਿਨ੍ਹਾਂ ਵਿੱਚ ਪਟਵਾਰੀ, ਨਗਰ ਕੌਂਸਲਰ (ਐਮ.ਸੀ.), ਸਰਪੰਚ ਅਤੇ ਨੰਬਰਦਾਰ ਸ਼ਾਮਲ ਹਨ, ਦੀਆਂ ਲਾਗਇਨ ਆਈਡੀਜ਼ ਬਣਾ ਕੇ ਆਨਲਾਈਨ ਤਸਦੀਕ ਲਈ ਆਨਬੋਰਡ ਕਰ ਦਿੱਤਾ ਹੈ। ਇਸ ਪ੍ਰਾਜੈਕਟ ਦਾ ਉਦੇਸ਼ ਨਾਗਰਿਕਾਂ ਦੀ ਪਰੇਸ਼ਾਨੀ ਨੂੰ ਘਟਾਉਣਾ ਅਤੇ ਦਸਤਾਵੇਜ਼ਾਂ ਦੀ ਤਸਦੀਕ ਲਈ ਖੁਦ ਦਫਤਰਾਂ ਦੇ ਚੱਕਰ ਕੱਟਣ ਦੀ ਜ਼ਰੂਰਤ ਨੂੰ ਖਤਮ ਕਰਕੇ ਕੁਸ਼ਲਤਾ ਨੂੰ ਵਧਾਉਣਾ ਹੈ।ਅਰੋੜਾ ਨੇ ਪੰਜਾਬ ਦੀ ਸੇਵਾਵਾਂ ਪ੍ਰਦਾਨ ਕਰਨ ਸਬੰਧੀ ਪ੍ਰਣਾਲੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਲੋਕ-ਪੱਖੀ ਪ੍ਰਸ਼ਾਸਨ ਪ੍ਰਤੀ ਵਚਨਬੱਧਤਾ ਦਰਸਾਉਂਦੀ ਹੈ। ਉਨ੍ਹਾਂ ਨੇ ਡਿਪਟੀ ਕਮਿਸ਼ਨਰਾਂ ਅਤੇ ਵਿਭਾਗ ਦੀ ਟੀਮ ਨੂੰ ਇਸ ਪ੍ਰਾਪਤੀ ਲਈ ਉਨ੍ਹਾਂ ਦੇ ਅਣਥੱਕ ਯਤਨਾਂ ਲਈ ਵਧਾਈ ਵੀ ਦਿੱਤੀ। ਉਨ੍ਹਾਂ ਕਿਹਾ ਕਿ ਆਨਲਾਈਨ ਸੇਵਾਵਾਂ ਪ੍ਰਦਾਨ ਕਰਨ ਵਾਲੀ ਪ੍ਰਣਾਲੀ ਨੇ ਸੇਵਾ ਪ੍ਰਦਾਨ ਕਰਨ ਵਿੱਚ ਕ੍ਰਾਂਤੀ ਲਿਆ ਦਿੱਤੀ ਹੈ ਅਤੇ ਪਾਰਦਰਸ਼ਤਾ, ਜਵਾਬਦੇਹੀ ਤੇ ਨਿਰਧਾਰਤ ਸੀਮਾਂ-ਸੀਮਾਂ ਅੰਦਰ ਸੇਵਾਵਾਂ ਨੂੰ ਯਕੀਨੀ ਬਣਾਇਆ ਹੈ ਅਤੇ ਨਾਗਰਿਕਾਂ ਦੇ ਜੀਵਨ ਵਿੱਚ ਕ੍ਰਾਂਤੀਕਾਰੀ ਬਦਲਾਅ ਲਿਆਂਦਾ ਹੈ।ਇਸ ਤੋਂ ਪਹਿਲਾਂ ਮੀਟਿੰਗ ਦੌਰਾਨ ਅਰੋੜਾ ਨੇ ਸੁਚੱਜਾ ਪ੍ਰਸ਼ਾਸਨ ਤੇ ਸੂਚਨਾ ਤਕਨੀਕ ਵਿਭਾਗ ਦੇ ਅਧਿਕਾਰੀਆਂ ਨੂੰ ਨਾਗਰਿਕ ਸੇਵਾ ਡਿਲੀਵਰੀ ਪੋਰਟਲ (connect.punjab.gov.in) ਨੂੰ ਉਪਭੋਗਤਾਵਾਂ ਲਈ ਹੋਰ ਸੁਖਾਲਾ, ਕੁਸ਼ਲ ਅਤੇ ਆਸਾਨ ਪਹੁੰਚ ਵਾਲਾ ਬਣਾਉਣ ਦੇ ਨਿਰਦੇਸ਼ ਦਿੱਤੇ। ਇਸ ਪਹਿਲਕਦਮੀ ਦਾ ਉਦੇਸ਼ ਲੋਕਾਂ ਨੂੰ ਇੱਕ ਸਵੈ-ਸੇਵਾ ਪਲੇਟਫਾਰਮ ਪ੍ਰਦਾਨ ਕਰਨਾ ਹੈ ਤਾਂ ਜੋ ਉਨ੍ਹਾਂ ਨੂੰ ਕਿਸੇ ਸਰਕਾਰੀ ਦਫ਼ਤਰ ਜਾਂ ਵਿਭਾਗ ਵਿੱਚ ਜਾਣ ਦੀ ਲੋੜ ਨਾ ਪਵੇ ਸਗੋਂ ਉਹ ਆਪਣੇ ਘਰ ਬੈਠੇ ਆਨਲਾਈਨ ਸੇਵਾਵਾਂ ਹਾਸਲ ਕਰ ਸਕਣ। ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਵਿਕਾਸ ਪ੍ਰਤਾਪ ਨੇ ਕੈਬਨਿਟ ਮੰਤਰੀ ਨੂੰ ਭਰੋਸਾ ਦਿੱਤਾ ਕਿ ਇਸ ਪੋਰਟਲ ਨੂੰ ਜਲਦੀ ਮੁੜ ਡਿਜ਼ਾਈਨ ਕੀਤਾ ਜਾਵੇਗਾ ਅਤੇ ਜਨਤਕ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਕਰਨ ਲਈ ਮਜ਼ਬੂਤ ਜਨਤਕ ਸ਼ਿਕਾਇਤ ਨਿਵਾਰਣ ਵਿਧੀ ਨੂੰ ਯਕੀਨੀ ਬਣਾਇਆ ਜਾਵੇਗਾ।

# ਕ੍ਰਿਕਟ ਟੂਰਨਾਮੈਂਟ ਦਾ ਉਦਘਾਟਨ ਕੀਤਾ



**ਫਿਲੌਰ (ਹਰਜਿੰਦਰ ਕੌਰ ਚਾਹਲ)** ਕਾਮਰੇਡ ਬਲਵੀਰ ਸਿੰਘ ਗੋਗੀ ਅਤੇ ਮਰਹੂਮ ਅਜੇ ਮਹਿਰਾ ਗੋਲੂ ਦੀ ਯਾਦ ਵਿੱਚ ਕਰਵਾਏ ਜਾ ਰਹੇ ਵਿਸ਼ਾਲ ਕ੍ਰਿਕਟ ਟੂਰਨਾਮੈਂਟ ਦਾ ਉਦਘਾਟਨ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਤੇ ਜ਼ਿਲ੍ਹਾ ਸਕੱਤਰ ਐਡਵੋਕੇਟ ਫਿਲੌਰ ਅਤੇ ਬਾਰ ਐਸੋਸੀਏਸ਼ਨ ਫ਼ਿਲੌਰ ਦੇ ਪ੍ਰਧਾਨ ਅਮਰਿੰਦਰ ਸਿੰਘ ਨੇ ਸਾਂਝੇ ਤੌਰ 'ਤੇ ਰੀਬਨ ਕੱਟ ਕੇ ਕੀਤਾ। ਇਸ ਮੌਕੇ ਉਹਨਾਂ ਨਿਊ ਸਟਾਰ ਕ੍ਰਿਕਟ ਕਲੱਬ ਦੇ ਮੈਂਬਰਾਂ ਦਾ ਇਸ ਟੂਰਨਾਮੈਂਟ ਕਰਵਾਉਣ ਮੌਕੇ ਹੌਸਲਾ ਅਫਜਾਈ ਕੀਤੀ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਮੁੱਖ ਮੋੜ ਕੇ ਖੇਡਾਂ ਪ੍ਰਤੀ ਪ੍ਰੇਰਿਤ ਹੋਣ ਲਈ ਅਪੀਲ ਵੀ ਕੀਤੀ। ਉਹਨਾਂ ਕਿਹਾ ਕਿ ਅਜਿਹੇ ਟੂਰਨਾਮੈਂਟ ਹੋਣ ਨਾਲ ਨੌਜਵਾਨ ਆਪਣੀ ਸਰੀਰਕ ਸ਼ਕਤੀ ਨੂੰ ਖੇਡਾਂ ਵਿੱਚ ਲਗਾਉਂਦੇ ਹਨ। ਇਸ ਲਈ ਅਜਿਹੇ ਟੂਰਨਾਮੈਂਟ ਵੱਧ ਤੋਂ ਵੱਧ ਆਉਣੇ ਚਾਹੀਦੇ ਹਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲਾਂ ਕੀਤੀ ਕਿ ਉਹ ਨਸ਼ਿਆਂ ਵਰਗੀਆਂ ਅਲਾਮਤਾਂ ਨੂੰ ਛੱਡ ਕੇ ਖੇਡਾਂ ਵਿੱਚ ਵੱਧ ਤੋਂ ਵੱਧ ਰੁਚੀ ਦਿਖਾਉਣ। ਇਸ ਮੌਕੇ ਕਲੱਬ ਮੈਂਬਰ ਪਰਮਿੰਦਰ ਕੁਮਾਰ ਰਵੀ ਜਸਕਰਨ ਸਿੰਘ ਸਰਬਜੀਤ ਸਾਬੀ ਨਰੇਸ਼ ਕੁਮਾਰ ਗੁਰਦੀਪ ਸਿੰਘ ਸੁਖਵਿੰਦਰ ਸਿੰਘ ਆਦਿ ਨੌਜਵਾਨ ਵੀ ਹਾਜ਼ਰ ਸਨ।

# ਕਾਮਰੇਡ ਹਰਜੀਤ ਕੌਰ ਮੰਢਾਲੀ ਦਾ ਪਾਰਟੀ ਸਨਮਾਨਾਂ ਨਾਲ ਸਸਕਾਰ

**ਬੰਗਾ (ਅਵਤਾਰ ਕਲੇਰ)** ਸੀ ਪੀ ਆਈ (ਐਮ) ਦੇ ਪੁਰਾਣੇ ਆਗੂ ਕਾਮਰੇਡ ਪ੍ਰੇਮ ਸਿੰਘ ਮੰਢਾਲੀ ਦੀ ਜੀਵਨ ਸਾਥਣ ਬੀਬੀ ਹਰਜੀਤ ਕੌਰ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਬੱਚਿਆਂ ਦੇ ਵਿਦੇਸ਼ ਤੋਂ ਆਉਣ ਉਪਰੰਤ ਕਰ ਦਿੱਤਾ ਗਿਆ। ਜ਼ਿਕਰਯੋਗ ਹੈ ਕਿ ਬੀਬੀ ਹਰਜੀਤ ਕੌਰ ਦੀ ਮੌਤ ਤੋਂ ਤਕਰੀਬਨ ਇੱਕ ਮਹੀਨਾਂ ਪਹਿਲਾਂ ਕਾਮਰੇਡ ਪ੍ਰੇਮ ਸਿੰਘ ਮੰਢਾਲੀ ਦਾ ਫਿਰੌਤੀ ਲੈ ਕੇ ਕਤਲ ਕਰ ਦਿੱਤਾ ਗਿਆ ਸੀ।ਇਸੇ ਸਦਮੇ ਨੂੰ ਨਾ ਸਹਾਰਦਿਆਂ ਬੀਬੀ ਹਰਜੀਤ ਕੌਰ ਮੰਢਾਲੀ ਦੀ ਸੰਖੇਪ ਬਿਮਾਰੀ ਪਿੱਛੋਂ ਮੌਤ ਹੋ ਗਈ। ਉਨ੍ਹਾਂ ਦੀ ਮ੍ਰਿਤਕ ਦੇਹ 'ਤੇ ਪਾਰਟੀ ਦਾ ਲਾਲ ਝੰਡਾ ਪਾਇਆ ਗਿਆ। ਉਨ੍ਹਾਂ ਦਾ ਬੇਟਾ ਜਸਵੀਰ ਸਿੰਘ ਮੰਨਾ,ਨੂੰਹ ਅਤੇ ਵੱਡੀ ਬੇਟੀ ,ਜਵਾਈ ਭਰਾ ਕਸ਼ਮੀਰ ਸਿੰਘ ਬਦੇਸ਼ਾ ਤੋਂ ਇਲਾਵਾ ਸੀ ਪੀ ਆਈ ਐਮ ਦੇ ਸੂਬਾ ਕਮੇਟੀ ਮੈਂਬਰ ਕਾਮਰੇਡ ਰਾਮ ਸਿੰਘ ਨੂਰਪੁਰੀ, ਕਾਮਰੇਡ ਦਰਸ਼ਨ ਸਿੰਘ ਮੱਟੂ, ਜ਼ਿਲ੍ਹਾ ਸਕੱਤਰ ਕਾਮਰੇਡ ਚਰਨਜੀਤ ਸਿੰਘ ਦੌਲਤਪੁਰ ਤਹਿਸੀਲ ਸਕੱਤਰ ਕਾਮਰੇਡ ਜੋਗਿੰਦਰ ਲੜੋਆ, ਸੁਨੀਤਾ ਤਲਵੰਡੀ, ਗੁਰਦੀਪ ਸਿੰਘ ਗੁਲਾਟੀ,ਨਾਜਰ ਸਿੰਘ ਮੰਢਾਲੀ ਲੋਕ ਜਮਹੂਰੀ ਮੋਰਚੇ ਦੇ ਬੂਟਾ ਸਿੰਘ ਮਹਿਮੂਦਪੁਰ ਪਿੰਡ ਦੇ ਵਾਸੀ ਤੇ ਰਿਸ਼ਤੇਦਾਰ ਸ਼ਾਮਲ ਹੋਏ। ਬੀਬੀ ਹਰਜੀਤ ਕੌਰ ਦੀ ਅੰਤਿਮ ਅਰਦਾਸ 22 ਜੂਨ ਦਿਨ ਐਤਵਾਰ ਨੂੰ 12 ਵਜੇ ਉਨ੍ਹਾਂ ਦੇ ਨਿਵਾਸ ਸਥਾਨ ਪਿੰਡ ਮੰਢਾਲੀ ਵਿਖੇ ਹੋਵੇਗੀ।



# ਖੱਬੀਆਂ ਪਾਰਟੀਆਂ ਵੱਲੋਂ ਫਲਸਤੀਨ 'ਤੇ ਕੀਤੇ ਜਾ ਰਹੇ ਇਜ਼ਰਾਈਲੀ ਹਮਲਿਆਂ ਦੀ ਨਿੰਦਾ



**ਮਾਹਿਲਪੁਰ/ (ਸਫ਼ਰੀ)-** ਬਲਾਕ ਮਾਹਿਲਪੁਰ ਦੇ ਕਸਬਾ ਜੇਜੋਂ ਵਿਖੇ ਖੱਬੀਆਂ ਪਾਰਟੀਆਂ ਵਲੋਂ ਸਾਂਝੇ ਤੌਰ 'ਤੇ ਉਲੀਕੇ ਗਏ ਐਕਸ਼ਨ ਨੂੰ ਲਾਗੂ ਕਰਦੇ ਹੋਏ ਸਾਥੀ ਸ਼ੇਰ ਜੰਗ ਬਹਾਦਰ ਸਿੰਘ ਦੀ ਅਗਵਾਈ ਵਿਚ ਵੱਖ-ਵੱਖ ਖੱਬੀਆਂ ਪਾਰਟੀਆਂ ਦੇ ਕਾਰਕੁੰਨ ਇਕੱਤਰ ਹੋਏ ਅਤੇ ਇਜਰਾਇਲ ਵੱਲੋਂ ਫਲਸਤੀਨ 'ਤੇ ਕੀਤੇ ਜਾ ਰਹੇ ਮਿਜ਼ਾਈਲ ਹਮਲਿਆਂ ਦੀ ਨਿੰਦਾ ਕੀਤੀ। ਕੁਲਭੂਸ਼ਣ ਗੜ੍ਹਸ਼ੰਕਰ, ਬਲਵੰਤ ਸਿੰਘ ਗੜ੍ਹਸ਼ੰਕਰ ਕਾਮਰੇਡ ਦਵਿੰਦਰ ਗੜ੍ਹਸ਼ੰਕਰ, ਮਲਕੀਤ ਬਾਹੋਵਾਲ, ਰਵਿੰਦਰ ਜੋਸ਼ੀ, ਮੱਖਣ ਲੰਗੇਰਿ ਸੁਰਿੰਦਰ ਸਿੰਘ, ਕੁਲਭੂਸ਼ਨ ਕੁਮਾਰ, ਮਲਕੀਤ ਸਿੰਘ ਅਤੇ ਹੋਰ ਇਕੱਤਰ ਹੋਏ ਜੁਝਾਰੂ ਲੋਕਾਂ ਨੇ ਮੁਰਦਾਬਾਦ ਦੇ ਨਾਅਰੇ ਲਗਾਏ ।ਇਸ ਮੌਕੇ ਖੱਬੇਪੱਖੀ ਕਾਰਕੁੰਨਾਂ ਵਲੋਂ ਰੋਸ ਮਾਰਚ ਵੀ ਕੀਤਾ ਗਿਆ।ਅਖੀਰ ਵਿੱਚ ਸਾਥੀ ਜੰਗ ਬਹਾਦਰ ਸਿੰਘ ਮਾਹਿਲਪੁਰ ਨੇ ਧੰਨਵਾਦ ਕੀਤਾ।ਇਸ ਮੌਕੇ ਲਾਲ ਸਿੰਘ, ਚਾਨਣ ਰਾਮ , ਰਜਿੰਦਰ ਕੁਮਾਰ, ਦਵਿੰਦਰ ਰਾਣਾ, ਪਰਮਿੰਦਰ ਸਿੰਘ, ਗੁਰਮੀਤ ਸਿੰਘ, ਦਲੀਪ ਸਿੰਘ, ਜੰਜੂਆ, ਜਰਨੈਲ ਸਿੰਘ, ਗੁਰਦੀਪ ਸਿੰਘ ਹਾਜਰ ਸਨ ।

# ਭਾਰਤੀ ਚੋਣ ਕਮਿਸ਼ਨ ਤੇਜ਼ੀ ਨਾਲ ਕਰੇਗਾ ਵੋਟਰ ਫੋਟੋ ਪਹਿਚਾਣ ਪੱਤਰਾਂ ਦੀ ਡਿਲੀਵਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)—** ਚੋਣ ਸੂਚੀ ਵਿੱਚ ਨਵੇਂ ਵੋਟਰਾਂ ਦੇ ਨਾਂਅ ਦਰਜ ਕਰਨ ਜਾਂ ਮੌਜੂਦਾ ਵੋਟਰਾਂ ਦੀ ਜਾਣਕਾਰੀ 'ਚ ਕੋਈ ਤਬਦੀਲੀ ਹੋਣ ਦੀ ਸਥਿਤੀ ਵਿੱਚ ਵੋਟਰ ਫੋਟੋ ਪਹਿਚਾਣ ਪੱਤਰਾਂ ਦੀ ਤੇਜ਼ ਡਿਲਿਵਰੀ ਨੂੰ ਯਕੀਨੀ ਬਣਾਉਣ ਲਈ ਭਾਰਤੀ ਚੋਣ ਕਮਿਸ਼ਨ ਨੇ ਇੱਕ ਨਵੀਂ ਸਟੈਂਡਰਡ ਓਪਰੇਟਿੰਗ ਪ੍ਰਕਿਰਿਆ ਲਾਗੂ ਕੀਤੀ ਹੈ, ਜਿਸ ਤਹਿਤ ਵੋਟਰ ਫੋਟੋ ਪਹਿਚਾਣ ਪੱਤਰ 15 ਦਿਨਾਂ ਦੇ ਅੰਦਰ ਜਾਰੀ ਕੀਤਾ ਜਾਵੇਗਾ। ਇਹ ਪਹਿਲਕਦਮੀ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ, ਚੋਣ ਕਮਿਸ਼ਨਰ ਡਾ. ਸੁਖਬੀਰ ਸਿੰਘ ਸੰਧੂ ਅਤੇ ਡਾ. ਵਿਵੇਕ ਜੋਸ਼ੀ ਵੱਲੋਂ ਵੋਟਰਾਂ ਦੀ ਸਹੂਲਤਾਂ ਲਈ ਕੀਤੇ ਜਾ ਰਹੇ ਵੱਖ-ਵੱਖ ਉਪਾਵਾਂ ਦੇ ਹਿੱਸੇ ਵਜੋਂ ਸ਼ੁਰੂ ਕੀਤੀ ਗਈ ਹੈ।ਇਹ ਨਵੀਂ ਪ੍ਰਣਾਲੀ ਵੋਟਰ ਫੋਟੋ ਪਹਿਚਾਣ ਪੱਤਰ ਬਣਨ ਤੋਂ ਲੈ ਕੇ ਡਾਕ ਰਾਹੀਂ ਵੋਟਰ ਨੂੰ ਡਿਲੀਵਰੀ ਹੋਣ ਤੱਕ ਹਰੇਕ ਪੜਾਅ ਦੀ ਰੀਅਲ ਟਾਇਮ ਟਰੈਕਿੰਗ ਨੂੰ ਯਕੀਨੀ ਬਣਾਵੇਗੀ। ਵੋਟਰਾਂ ਨੂੰ ਹਰ ਪੜਾਅ 'ਤੇ ਐੱਸਐੱਮਐੱਸ ਰਾਹੀਂ ਸੂਚਨਾਵਾਂ ਵੀ ਪ੍ਰਾਪਤ ਹੋਣਗੀਆਂ, ਜਿਸ ਨਾਲ ਉਨ੍ਹਾਂ ਨੂੰ ਉਨ੍ਹਾਂ ਦੇ ਵੋਟਰ ਫੋਟੋ ਪਹਿਚਾਣ ਪੱਤਰ ਦੀ ਸਥਿਤੀ ਬਾਰੇ ਜਾਣਕਾਰੀ ਮਿਲੇਗੀ।ਇਸ ਉਦੇਸ਼ ਲਈ ਚੋਣ ਕਮਿਸ਼ਨ ਨੇ ਆਪਣੇ ਹਾਲ ਹੀ ਵਿੱਚ ਲਾਂਚ ਕੀਤੇ ਗਏ ਈਸੀਆਈ ਨੈੱਟ ਪਲੇਟਫਾਰਮ 'ਤੇ ਇੱਕ ਖਾਸ ਆਈਟੀ ਮਾਡਿਊਲ ਤਿਆਰ ਕੀਤਾ ਹੈ। ਨਵਾਂ ਆਈਟੀ ਪਲੇਟਫਾਰਮ ਮੌਜੂਦਾ ਪ੍ਰਣਾਲੀ ਦੀ ਥਾਂ ਲੈ ਕੇ ਕੰਮਕਾਜ ਨੂੰ ਹੋਰ ਤੇਜ਼ ਅਤੇ ਸੁਚਾਰੂ ਬਣਾਵੇਗਾ। ਡਾਕ ਵਿਭਾਗ ਦੇ ਐਪਲੀਕੇਸ਼ਨ ਪ੍ਰੋਗਰਾਮ ਇੰਟਰਫੇਸ ਨੂੰ ਸਹਿਜ ਡਿਲੀਵਰੀ ਲਈ ਈਸੀਆਈ ਨੈੱਟ ਨਾਲ ਜੋੜਿਆ ਜਾਵੇਗਾ। ਇਹ ਪਹਿਲਕਦਮੀ ਵੋਟਰਾਂ ਨੂੰ ਚੋਣ ਸੇਵਾਵਾਂ ਤੇਜ਼ੀ ਨਾਲ ਤੇ ਡਾਟਾ ਸੁਰੱਖਿਆ ਨੂੰ ਯਕੀਨੀ ਬਣਾਉਂਦੇ ਹੋਏ ਮੁਹੱਈਆ ਕਰਵਾਉਣ ਉੱਤੇ ਕੇਂਦ੍ਰਿਤ ਹੈ।ਭਾਰਤੀ ਚੋਣ ਕਮਿਸ਼ਨ ਦਾ ਮੁੱਖ ਉਦੇਸ਼ ਆਪਣੇ ਸਾਰੇ ਵੋਟਰਾਂ ਨੂੰ ਚੋਣ ਸੇਵਾਵਾਂ ਜਲਦੀ ਅਤੇ ਵਧੀਆ ਤਰੀਕੇ ਨਾਲ ਮੁਹੱਈਆ ਕਰਵਾਉਣਾ ਹੈ। ਜ਼ਿਕਰਯੋਗ ਹੈ ਕਿ ਪਿਛਲੇ ਚਾਰ ਮਹੀਨਿਆਂ ਦੌਰਾਨ ਚੋਣ ਕਮਿਸ਼ਨ ਵੱਲੋਂ ਵੋਟਰਾਂ ਅਤੇ ਹੋਰ ਹਿੱਸੇਦਾਰਾਂ ਦੇ ਹਿੱਤ ਵਿੱਚ ਕਈ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਗਈਆਂ ਹਨ।



# ਲੋੜਵੰਦ ਧੀਆਂ ਦੇ ਵਿਆਹ 11 ਅਕਤੂਬਰ ਨੂੰ

**ਫਗਵਾੜਾ (ਜਸਵਿੰਦਰ ਢੱਡਾ)** ਨੌਜਵਾਨ ਸਭਾ ਰਜਿ. ਫਗਵਾੜਾ ਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਰਜਿ. ਫਗਵਾੜਾ ਵੱਲੋਂ ਪ੍ਰਧਾਨ ਸੁਖਵਿੰਦਰ ਸਿੰਘ ਤੇ ਸਲਾਹਕਾਰ ਬੋਰਡ ਦੇ ਮੈਂਬਰ ਸੰਤੋਸ਼ ਕੁਮਾਰ ਗੋਗੀ ਦੀ ਅਗਵਾਈ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਕਰਵਾਏ ਜਾਣ ਵਾਲੇ 35ਵੇਂ ਸਾਲਾਨਾ ਲੋੜਵੰਦ ਧੀਆਂ ਦੇ ਵਿਆਹ ਜੋ ਕਿ 11 ਅਕਤੂਬਰ 2025, ਦਿਨ ਸ਼ਨੀਵਾਰ ਨੂੰ ਗੁਰਦੁਆਰਾ ਸਿੰਘ ਸਭਾ ਮਾਡਲ ਟਾਊਨ ਫਗਵਾੜਾ ਵਿਖੇ ਕਰਵਾਏ ਜਾਣੇ ਹਨ, ਦਾ ਸੱਦਾ ਪੱਤਰ ਉਂਕਾਰ ਸਿੰਘ ਬਰਾੜ ਡੀ. ਐਸ. ਪੀ. ਸ਼ਾਹਕੋਟ ਨੂੰ ਦਿੱਤਾ ਗਿਆ। ਇਸ ਮੌਕੇ ਉਂਕਾਰ ਸਿੰਘ ਬਰਾੜ ਡੀ. ਐਸ. ਪੀ. ਸ਼ਾਹਕੋਟ ਨੇ ਕਿਹਾ ਕਿ ਉਹ ਇਸ ਕੰਨਿਆਦਾਨ ਦੇ ਮਹਾਂਕੁੰਭ 'ਚ ਸ਼ਾਮਿਲ ਹੋ ਕੇ ਇਸ ਕਾਰਜ ਲਈ ਪਹਿਲਾਂ ਵੀ ਆਪਣਾ ਬਣਦਾ ਯੋਗਦਾਨ ਦਿੰਦੇ ਆ ਰਹੇ ਨੇ, ਤੇ ਇਸ ਵਾਰ ਵੀ ਆਪਣਾ ਬਣਦਾ ਯੋਗਦਾਨ ਦੇਣਗੇ।ਇਸ ਮੌਕੇ ਉਪ ਪ੍ਰਧਾਨ ਸਵਰਨ ਸਿੰਘ ਸਵਰਨ ਸਵੀਟ ਸ਼ਾਪ, ਸਲਾਹਕਾਰ ਰਾਕੇਸ਼ ਕੋਛੜ, ਸਮਾਜ ਸੇਵਕ ਮਦਨ ਲਾਲ ਕੋਰੋਟਾਨੀਆ ਤੇ ਗੁਰਪ੍ਰੀਤ ਸਿੰਘ ਹਾਜ਼ਰ ਸਨ।

# ਮੇਰੀਆਂ ਘਰੇਲੂ ਫ਼ੋਟੋਆਂ ਜਨਤਕ ਕਰਨ ਦੀ ਮਜੀਠੀਆ ਦੀ ਘਟੀਆ ਰਾਜਨੀਤੀ : ਰਵਜੋਤ

**ਜਲੰਧਰ (ਸ਼ੈਲੀ ਐਲਬਰਟ)-** ਆਮ ਆਦਮੀ ਪਾਰਟੀ (ਆਪ) ਦੇ ਮੰਤਰੀ ਡਾ. ਰਵਜੋਤ ਸਿੰਘ ਨੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਵੱਲੋਂ ਉਨ੍ਹਾਂ 'ਤੇ ਲਗਾਏ ਦੋਸ਼ਾਂ ਨੂੰ ਬੇਬੁਨਿਆਦ ਅਤੇ ਅਪਮਾਨਜਨਕ ਦੱਸਿਆ। ਉਨ੍ਹਾਂ ਦੇ ਨਾਲ ਆਪ ਪੰਜਾਬ ਦੇ ਜਨਰਲ ਸਕੱਤਰ ਦੀਪਕ ਬਾਲੀ ਅਤੇ ਆਪ ਨੇਤਾ ਤਰਨਦੀਪ ਸੰਨੀ ਵੀ ਮੌਜੂਦ ਸਨ।ਡਾ. ਰਵਜੋਤ ਨੇ ਸੋਸ਼ਲ ਮੀਡੀਆ 'ਤੇ ਇੱਕ ਸੰਪਾਦਿਤ ਫੋਟੋ ਪ੍ਰਸਾਰਿਤ ਕਰਕੇ ਉਨ੍ਹਾਂ ਦੀ ਨਿੱਜੀ ਅਤੇ ਰਾਜਨੀਤਿਕ ਸਾਖ ਨੂੰ ਬਦਨਾਮ ਕਰਨ ਦੀ ਜਾਣਬੁੱਝ ਕੇ ਕੀਤੀ ਗਈ ਕੋਸ਼ਿਸ਼ ਦੀ ਸਖ਼ਤ ਨਿੰਦਾ ਕੀਤੀ। ਉਨ੍ਹਾਂ ਇਸ ਕਾਰਵਾਈ ਨੂੰ ਪੰਜਾਬ ਦੀ ਰਾਜਨੀਤੀ ਵਿੱਚ ਸਭ ਤੋਂ ਘਟੀਆ ਦੱਸਿਆ, ਜਿਸ ਦਾ ਉਦੇਸ਼ ਔਰਤਾਂ ਦੇ ਮਾਣ ਨੂੰ ਢਾਹ ਲਗਾਉਣਾ ਅਤੇ ਦਲਿਤ (ਐਸ ਸੀ) ਭਾਈਚਾਰੇ ਦੇ ਆਗੂਆਂ ਨੂੰ ਨਿਸ਼ਾਨਾ ਬਣਾਉਣਾ ਹੈ।ਡਾ. ਰਵਜੋਤ, ਜੋ ਕਿ 2013 ਤੋਂ ਇੱਕ ਸਮਰਪਿਤ ਆਪ ਨੇਤਾ ਹਨ, ਨੇ ਹੁਸ਼ਿਆਰਪੁਰ ਵਿੱਚ ਇੱਕ ਸਿਹਤ ਸੰਭਾਲ ਪੇਸ਼ੇਵਰ ਵਜੋਂ ਆਪਣੀ ਦੋ ਦਹਾਕਿਆਂ ਦੀ ਸੇਵਾ ਅਤੇ ਪਾਰਟੀ ਦੀ ਤਰੱਕੀ ਵਿੱਚ ਉਨ੍ਹਾਂ ਦੇ ਯੋਗਦਾਨ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਲੁਧਿਆਣਾ ਪੱਛਮੀ ਚੋਣ ਪ੍ਰਚਾਰ ਦੇ ਅਖੀਰਲੇ ਦਿਨ ਹੀ ਸ਼ੁਰੂ ਕੀਤੀ ਗਈ ਰਾਜਨੀਤਿਕ ਤੌਰ 'ਤੇ ਪ੍ਰੇਰਿਤ ਬਦਨਾਮ ਕਰਨ ਵਾਲੀ ਮੁਹਿੰਮ 'ਤੇ ਡੂੰਘੀ ਨਿਰਾਸ਼ਾ ਪ੍ਰਗਟ ਕੀਤੀ।ਡਾ. ਰਵਜੋਤ ਨੇ ਕਿਹਾ ਕਿ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਗਈ ਫੋਟੋ ਜਨਤਾ ਨੂੰ ਗੁੰਮਰਾਹ ਕਰਨ ਅਤੇ ਮੈਨੂੰ ਬਦਨਾਮ ਕਰਨ ਦੀ ਇੱਕ ਘਿਣਾਉਣੀ ਅਤੇ ਅਨੈਤਿਕ ਕੋਸ਼ਿਸ਼ ਹੈ। ਇਹ ਔਰਤ



ਕਿਸੇ ਦੀ ਧੀ, ਮਾਂ ਜਾਂ ਭੈਣ ਹੈ। ਇਹ ਕਾਰਵਾਈ ਸਿਰਫ਼ ਮੇਰੇ 'ਤੇ ਹਮਲਾ ਨਹੀਂ ਹੈ, ਸਗੋਂ ਸਾਰੀਆਂ ਔਰਤਾਂ ਦਾ ਅਪਮਾਨ ਹੈ। ਇਸ ਤਰ੍ਹਾਂ ਦੀਆਂ ਚਾਲਾਂ ਅਜਿਹੇ ਆਗੂਆਂ ਦੁਆਰਾ ਕੀਤੀ ਜਾ ਰਹੀ ਰਾਜਨੀਤੀ ਦੇ ਸਭ ਤੋਂ ਹੇਠਲੇ ਪੱਧਰ ਦਾ ਪ੍ਰਤੀਬਿੰਬ ਹਨ।ਡਾ. ਰਵਜੋਤ ਨੇ ਮਜੀਠੀਆ 'ਤੇ ਦੋਸ਼ ਲਗਾਇਆ ਅਤੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੌਰਾਨ ਦਲਿਤ ਭਾਈਚਾਰਿਆਂ 'ਤੇ ਜ਼ੁਲਮ ਕਰਨ ਦਾ ਇਤਿਹਾਸ ਰਿਹਾ ਹੈ। ਉਨ੍ਹਾਂ ਕਿਹਾ ਕਿ ਆਪ ਸਰਕਾਰ ਅਨੁਸੂਚਿਤ ਜਾਤੀ ਅਤੇ ਦਲਿਤ ਭਾਈਚਾਰਿਆਂ ਦੀ ਸਮਰਥਕ ਰਹੀ ਹੈ, ਜਿਸ ਦਾ ਸਬੂਤ ਐਡਵੋਕੇਟ ਜਨਰਲ ਦਫ਼ਤਰ ਵਿੱਚ ਰਾਖਵਾਂਕਰਨ ਲਾਗੂ ਕਰਨ ਵਰਗੀਆਂ ਇਤਿਹਾਸਕ ਪਹਿਲਕਦਮੀਆਂ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਇਹ ਕਦਮ ਉਨ੍ਹਾਂ ਵਰਗੇ ਆਗੂਆਂ ਲਈ ਅਸਹਿਣਯੋਗ ਹਨ, ਜੋ ਭਾਈਚਾਰੇ ਦੀ ਤਰੱਕੀ ਨੂੰ ਸਵੀਕਾਰ ਨਹੀਂ ਕਰ ਸਕਦੇ।ਉਨ੍ਹਾਂ ਕਿਹਾ ਕਿ ਮੈਨੂੰ ਬਦਨਾਮ ਕਰਨ ਲਈ ਚਲਾਈ ਗਈ ਇਹ ਮੁਹਿੰਮ ਪੰਜਾਬ ਵਿੱਚ ਅਨੁਸੂਚਿਤ ਜਾਤੀ ਦੇ ਆਗੂਆਂ ਅਤੇ ਮੰਤਰੀਆਂ ਦੇ ਅਕਸ ਨੂੰ ਖਰਾਬ ਕਰਨ ਲਈ ਇੱਕ ਸੋਚੀ ਸਮਝੀ ਚਾਲ ਹੈ। ਮੰਤਰੀ ਰਵਜੋਤ ਨੇ ਕਿਹਾ ਇਹ ਦਲਿਤ ਭਾਈਚਾਰੇ ਦੇ ਆਗੂਆਂ ਦੇ ਮਾਣ-ਸਨਮਾਨ ਨੂੰ ਢਾਹ ਲਗਾਉਣ ਦੀ ਇੱਕ ਜਾਣਬੁੱਝ ਕੇ ਕੀਤੀ ਗਈ ਕੋਸ਼ਿਸ਼ ਹੈ। ਮਜੀਠੀਆ ਅਤੇ ਉਨ੍ਹਾਂ ਦੀ ਪਾਰਟੀ ਨੇ ਵਾਰ-ਵਾਰ ਸਾਡੇ ਆਗੂਆਂ ਨੂੰ ਨਿਸ਼ਾਨਾ ਬਣਾਇਆ ਹੈ। ਪਰ ਉਹ ਸਮਾਵੇਸ਼ੀ ਵਿਕਾਸ ਦੇ ਸਾਡੇ ਮਿਸ਼ਨ ਨੂੰ ਪਟੜੀ ਤੋਂ ਉਤਾਰਨ ਦੀਆਂ ਆਪਣੀਆਂ ਕੋਸ਼ਿਸ਼ਾਂ ਵਿੱਚ ਕਦੇ ਸਫਲ ਨਹੀਂ ਹੋਣਗੇ।ਡਾ. ਰਵਜੋਤ ਨੇ ਮਜੀਠੀਆ ਵਰਗੇ ਆਗੂਆਂ ਦੇ ਪਖੰਡ ਦਾ ਪਰਦਾਫਾਸ਼ ਕਰਦਿਆਂ ਕਿਹਾ, ਇਹ ਆਗੂ ਜਨਤਕ ਤੌਰ 'ਤੇ ਆਪਣੇ ਆਪ ਨੂੰ ਧਾਰਮਿਕ ਅਤੇ ਪਵਿੱਤਰ ਦੱਸਦੇ ਹਨ, ਪਰ ਬੰਦ ਕਮਰਿਆਂ ਵਿੱਚ ਉਹ ਇਸ ਤਰ੍ਹਾਂ ਦੇ ਸ਼ਰਮਨਾਕ ਕੰਮ ਕਰਦੇ ਹਨ। ਉਨ੍ਹਾਂ ਦੀਆਂ ਕਾਰਵਾਈਆਂ ਸਿੱਖ ਕਦਰਾਂ-ਕੀਮਤਾਂ ਅਤੇ ਨੈਤਿਕਤਾ 'ਤੇ ਧੱਬਾ ਹਨ।ਉਨ੍ਹਾਂ ਕਿਹਾ ਕਿ ਮਜੀਠੀਆ ਵਿਰੁੱਧ ਸ਼ਿਕਾਇਤ ਦਰਜ ਕਰ ਲਈ ਗਈ ਹੈ ਅਤੇ ਜਾਂਚ ਜਾਰੀ ਹੈ। ਉਨ੍ਹਾਂ ਅੱਗੇ ਕਿਹਾ, ਸਾਨੂੰ ਜਾਂਚ ਏਜੰਸੀਆਂ 'ਤੇ ਭਰੋਸਾ ਹੈ ਕਿ ਉਹ ਸਚਾਈ ਨੂੰ ਸਾਹਮਣੇ ਲਿਆਉਣਗੀਆਂ। ਇਹ ਸਿਰਫ਼ ਮੇਰੇ ਬਾਰੇ ਨਹੀਂ ਹੈ, ਇਹ ਇੱਕ ਉਦਾਹਰਨ ਸਥਾਪਤ ਕਰਨ ਬਾਰੇ ਹੈ ਕਿ ਪੰਜਾਬ ਦੀ ਰਾਜਨੀਤੀ ਵਿੱਚ ਅਜਿਹੇ ਮੰਦਭਾਗੇ ਪ੍ਰਚਾਰ ਬਰਦਾਸ਼ਤ ਨਹੀਂ ਕੀਤੇ ਜਾਣਗੇ।ਡਾ. ਰਵਜੋਤ ਨੇ ਰਾਜਨੀਤਿਕ ਆਗੂਆਂ ਨੂੰ ਨਿੱਜੀ ਹਮਲਿਆਂ ਵਿੱਚ ਸ਼ਾਮਲ ਹੋਣ ਦੀ ਬਜਾਏ ਜਨਤਕ ਵਿਕਾਸ ਦੇ ਮੁੱਦਿਆਂ 'ਤੇ ਧਿਆਨ ਕੇਂਦਰਿਤ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਇਸ ਤਰ੍ਹਾਂ ਦੀ ਰਾਜਨੀਤੀ ਸਮਾਜ ਨੂੰ ਗਲਤ ਸੁਨੇਹਾ ਦਿੰਦੀ ਹੈ ਅਤੇ ਸਾਡੀਆਂ ਲੋਕਤੰਤਰੀ ਪ੍ਰਕਿਰਿਆਵਾਂ ਦੀ ਪਵਿੱਤਰਤਾ ਨੂੰ ਕਮਜ਼ੋਰ ਕਰਦੀ ਹੈ। ਮੈਂ ਸਾਰਿਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਅਸਲ ਮੁੱਦਿਆਂ 'ਤੇ ਚਰਚਾ ਕਰਨ ਅਤੇ ਅਜਿਹੇ ਘਿਣਾਉਣੇ ਪੱਧਰ ਤੱਕ ਜਾਣ ਤੋਂ ਬਚਣ।

# ਡੱਡਲ ਮੁਹੱਲਾ 'ਚ ਨਵੇਂ ਟਿਊਬਵੈੱਲ ਦਾ ਉਦਘਾਟਨ

**ਫਗਵਾੜਾ (ਜਸਵਿੰਦਰ ਢੱਡਾ)** ਸ਼ਹਿਰੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਦੀ ਵਚਨਬੱਧਤਾ ਨੂੰ ਅਮਲ ਵਿੱਚ ਲਿਆਉਂਦਿਆਂ, ਹੁਸ਼ਿਆਰਪੁਰ ਤੋਂ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ, ਫਗਵਾੜਾ ਹਲਕੇ ਇੰਚਾਰਜ ਸਰਦਾਰ ਜੋਗਿੰਦਰ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸਰਦਾਰ ਸਰਬਜੀਤ ਸਿੰਘ ਲੁਬਾਣਾ ਨੇ ਡੱਡਲ ਮੁਹੱਲਾ ਵਿਖੇ ਨਵੇਂ ਮਨਜ਼ੂਰਸ਼ੁਦਾ ਟਿਊਬਵੈੱਲ ਦੇ ਕੰਮ ਦਾ ਸਾਂਝੇ ਤੌਰ 'ਤੇ ਉਦਘਾਟਨ ਕੀਤਾ। ਇਹ ਪ੍ਰੋਜੈਕਟ ਲਗਭਗ 20 ਲੱਖ ਦੀ ਲਾਗਤ ਨਾਲ ਪੂਰਾ ਹੋ ਰਿਹਾ ਹੈ, ਜੋ ਕਿ ਇਲਾਕੇ



ਵਿੱਚ ਲੰਮੇ ਸਮੇਂ ਤੋਂ ਚੱਲ ਰਹੀ ਪਾਣੀ ਦੀ ਕਮੀ ਨੂੰ ਦੂਰ ਕਰਨ ਲਈ ਸ਼ੁਰੂ ਕੀਤਾ ਗਿਆ ਹੈ।ਇਸ ਮੌਕੇ 'ਤੇ ਫਗਵਾੜਾ ਦੇ ਮੇਅਰ ਰਾਮਪਾਲ ਉੱਪਲ, ਮਿਊਂਸਿਪਲ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ (ਆਈ.ਏ.ਐਸ.), ਸੀਵਰੇਜ ਬੋਰਡ ਦੇ ਐਸ.ਡੀ.ਓ. ਰਾਜਵਿੰਦਰ ਸਿੰਘ ਗਿੱਲ ਅਤੇ ਜੂਨੀਅਰ ਇੰਜੀਨੀਅਰ ਅਮਿਤ ਕੁਮਾਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਭਾਸ਼ਣ ਦੌਰਾਨ ਜੋਗਿੰਦਰ ਸਿੰਘ ਮਾਨ ਨੇ ਦੱਸਿਆ ਕਿ ਡੱਡਲ ਮੁਹੱਲਾ, ਸੰਧੂਰਾ ਦੇਵੀ, ਪੂਰਬੀਆ ਮੁਹੱਲਾ ਅਤੇ ਨੇੜਲੇ ਇਲਾਕਿਆਂ ਦੇ ਨਿਵਾਸੀ ਪਿਛਲੇ ਕਈ ਮਹੀਨਿਆਂ ਤੋਂ ਪਾਣੀ ਦੀ ਭਾਰੀ ਕਮੀ ਦਾ ਸਾਹਮਣਾ ਕਰ ਰਹੇ ਸਨ। ਇਸ ਗੰਭੀਰ ਸਮੱਸਿਆ ਦਾ ਟਿਕਾਊ ਹੱਲ ਲੱਭਣ ਲਈ ਪ੍ਰਸ਼ਾਸਨ ਵੱਲੋਂ ਡੱਡਲ ਮੁਹੱਲਾ, ਸੰਧੂਰਾ ਦੇਵੀ, ਗੁਜਰਾਤੀਆਂ ਮੁਹੱਲਾ ਅਤੇ ਪੁਰਾਣੀ ਤਹਿਸੀਲ ਸਮੇਤ ਕੁੱਲ ਚਾਰ ਨਵੇਂ ਟਿਊਬਵੈੱਲ ਲਗਾਉਣ ਦੀ ਮਨਜ਼ੂਰੀ ਦਿੱਤੀ ਗਈ ਹੈ, ਜਿਨ੍ਹਾਂ ਦੀ ਕੁੱਲ ਲਾਗਤ ਲਗਭਗ ?67 ਲੱਖ ਹੋਵੇਗੀ।ਇਸ ਮੌਕੇ ਡਾ. ਰਾਜ ਕੁਮਾਰ ਚੱਬੇਵਾਲ ਨੇ ਆਮ ਆਦਮੀ ਪਾਰਟੀ ਦੀ ਲੋਕ-ਕੇਂਦਰਤ ਸ਼ਾਸਨ ਦੀ ਨੀਤੀ ਨੂੰ ਦੁਹਰਾਉਂਦਿਆਂ ਕਿਹਾ, ਇਹ ਲੋਕਾਂ ਦੀ ਆਪਣੀ ਸਰਕਾਰ ਹੈ ਅਤੇ ਹਰ ਹਕੀਕਤੀ ਮੁਸ਼ਕਿਲ ਦਾ ਹੱਲ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਕੀਤਾ ਜਾਵੇਗਾ। ਜਰੂਰਤ ਪੈਣ 'ਤੇ ਐਮ.ਪੀ. ਕੋਟੇ ਤੋਂ ਵੀ ਫੰਡ ਜਾਰੀ ਕਰਕੇ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੰਜਾਮ ਦਿੱਤਾ ਜਾਵੇਗਾ। ਪ੍ਰਸ਼ਾਸਨ ਵੱਲੋਂ ਇਹ ਭਰੋਸਾ ਦਿੱਤਾ ਗਿਆ ਕਿ ਫਗਵਾੜਾ ਦੀ ਸ਼ਹਿਰੀ ਤਰੱਕੀ ਅਤੇ ਲੋਕਾਂ ਦੀ ਜ਼ਿੰਦਗੀ ਦੇ ਮਿਆਰ ਨੂੰ ਬਹਿਤਰ ਬਣਾਉਣ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ।ਇਸ ਮੌਕੇ, ਸੀਨੀਅਰ ਡਿਪਟੀ ਮੇਅਰ ਸ਼੍ਰੀ ਤੇਜਪਾਲ ਬਸਰਾ, ਉਪ ਮੇਅਰ ਵਿੱਕੀ ਸੂਦ, ਹਰਜੀ ਮਾਨ, ਸਿੱਖਿਆ ਕੋਆਰਡੀਨੇਟਰ ਗੁਰਦੀਪ ਸਿੰਘ ਦੀਪਾ, ਫਤਿਹ ਸਿੰਘ, ਐਮ.ਸੀ. ਰਵੀ ਸਿੱਧੂ, ਬਲਵੀਰ ਠਾਕੁਰ, ਸਮਰ ਗੁਪਤਾ ਅਤੇ ਹੋਰ ਕਈ ਮਾਣਯੋਗ ਨਾਗਰਿਕ ਵੀ ਹਾਜ਼ਰ ਰਹੇ।

# ਨਸ਼ੇ ਦੇ ਮੁਕੰਮਲ ਖ਼ਾਤਮੇ ਲਈ ਸਾਰੇ ਵਿਭਾਗ ਆਪਸੀ ਤਾਲਮੇਲ ਨਾਲ ਕਰਨ ਕੰਮ : ਆਸ਼ਿਕਾ ਜੈਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-** ਜ਼ਿਲ੍ਹੇ ਵਿਚ ਨਸ਼ਿਆਂ ਦੀ ਪ੍ਰਭਾਵੀ ਰੋਕਥਾਮ ਲਈ ਗਠਿਤ ਐਨਕਾਰਡ ਕਮੇਟੀ ਦੀ ਮੀਟਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੌਕੇ ਉਨ੍ਹਾਂ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਵੱਲੋਂ ਨਸ਼ਿਆਂ ਦੀ ਰੋਕਥਾਮ ਅਤੇ ਇਸ ਦੇ ਮਾੜੇ ਪ੍ਰਭਾਵਾਂ ਦੀ ਸਮੀਖਿਆ ਕੀਤੀ ਅਤੇ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ।ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਸਪੱਸ਼ਟ ਕੀਤਾ ਕਿ ਨਸ਼ੇ ਦੀ




ਸਮੱਸਿਆ ਦਾ ਹੱਲ ਆਪਸੀ ਤਾਲਮੇਲ ਅਤੇ ਨਿਰੰਤਰ ਯਤਨਾਂ ਰਾਹੀਂ ਹੀ ਸੰਭਵ ਹੈ। ਉਨ੍ਹਾਂ ਕਿਹਾ ਕਿ ਪੁਲਸ, ਸਿਹਤ, ਸਿੱਖਿਆ ਅਤੇ ਹੋਰ ਸਬੰਧਤ ਵਿਭਾਗਾਂ ਨੂੰ ਮਿਲ ਕੇ ਸਮਰਪਿਤ ਭਾਵਨਾ ਨਾਲ ਕੰਮ ਕਰਨਾ ਚਾਹੀਦਾ ਹੈ ਤਾਂ ਜੋ ਨਸ਼ੇ ਦੀ ਜੜ੍ਹ ਤੱਕ ਪਹੁੰਚ ਕੇ ਇਸ ਨੂੰ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਹਦਾਇਤ ਕੀਤੀ ਕਿ ਸਿਵਲ ਅਤੇ ਪੁਲਸ ਪ੍ਰਸ਼ਾਸਨ ਸਮਾਜ ਭਲਾਈ ਸੰਸਥਾਵਾਂ ਦੀ ਮਦਦ ਨਾਲ ਨਿਯਮਤ ਤੌਰ 'ਤੇ ਜਨਤਕ ਜਾਗਰੂਕਤਾ ਮੁਹਿੰਮਾਂ ਅਤੇ ਜਾਂਚ ਮੁਹਿੰਮਾਂ ਨੂੰ ਮਜ਼ਬੂਤੀ ਨਾਲ ਅੱਗੇ ਵਧਾਉਣ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਉਨ੍ਹਾਂ ਨੂੰ ਖੇਡਾਂ ਅਤੇ ਰਚਨਾਤਮਕ ਗਤੀਵਿਧੀਆਂ ਵੱਲ ਆਕਰਸ਼ਿਤ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਉਨ੍ਹਾਂ ਦਾ ਧਿਆਨ ਨਕਾਰਾਤਮਕ ਪ੍ਰਵਿਰਤੀਆਂ ਤੋਂ ਹਟ ਜਾਵੇ। ਇਸ ਦੇ ਨਾਲ ਹੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣਾ ਲਾਜ਼ਮੀ ਬਣਾਇਆ ਜਾਵੇ। ਡਿਪਟੀ ਕਮਿਸ਼ਨਰ ਨੇ ਡਰੱਗ ਇੰਸਪੈਕਟਰ ਨੂੰ ਹਦਾਇਤ ਕੀਤੀ ਕਿ ਉਹ ਨਸ਼ਿਆਂ ਦੀ ਵਿਕਰੀ 'ਤੇ ਸਖ਼ਤ ਨਜ਼ਰ ਰੱਖਣ ਅਤੇ ਨਿਯਮਤ ਤੌਰ 'ਤੇ ਜਾਂਚ ਕਰਨ ਤਾਂ ਜੋ ਨਸ਼ਿਆਂ ਦੀ ਸਪਲਾਈ ਨੂੰ ਰੋਕਿਆ ਜਾ ਸਕੇ।ਇਸ ਮੌਕੇ ਐਸ.ਪੀ ਮੇਜਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਲਗਾਤਾਰ ਕਾਰਵਾਈ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਨਸ਼ਾ ਤਸਕਰਾਂ 'ਤੇ ਸਖ਼ਤ ਨਜ਼ਰ ਰੱਖੀ ਜਾ ਰਹੀ ਹੈ ਅਤੇ ਹੌਟਸਪੌਟ ਇਲਾਕਿਆਂ ਵਿੱਚ ਵਿਸ਼ੇਸ਼ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਪਿੰਡ ਜਾਂ ਮੁਹੱਲੇ ਵਿਚ ਕੋਈ ਵੀ ਵਿਅਕਤੀ ਨਸ਼ਾ ਵੇਚਦਾ ਹੈ ਤਾਂ ਤੁਰੰਤ ਇਸ ਬਾਰੇ ਪੁਲਸ ਨੂੰ ਸੂਚਿਤ ਕੀਤਾ ਜਾਵੇ। ਜਾਣਕਾਰੀ ਦੇਣ ਵਾਲੇ ਵਿਅਕਤੀ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਅਮਰਬੀਰ ਕੌਰ ਭੁੱਲਰ, ਐਸ.ਡੀ.ਐਮ ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ, ਸਹਾਇਕ ਕਮਿਸ਼ਨਰ ਓਇਸ਼ੀ ਮੰਡਲ, ਮੁੱਖ ਮੰਤਰੀ ਫੀਲਡ ਅਫ਼ਸਰ ਪਰਮਪ੍ਰੀਤ ਸਿੰਘ, ਆਰ.ਟੀ.ਓ ਸੰਜੀਵ ਕੁਮਾਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਨਸ਼ਾ ਪੀੜਤਾਂ ਨਾਲ ਹਮਦਰਦੀ ਭਰਿਆ ਰਵੱਈਆ ਰੱਖਿਆ ਜਾਵੇ : ਡਾ. ਹਰਪ੍ਰੀਤ ਸਿੰਘ

**ਬਲਾਚੌਰ (ਜਸਵਿੰਦਰ ਬੈਂਸ)-** ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੀ ਯੋਗ ਰਹਿਨੁਮਾਈ ਹੇਠ ਜ਼ਿਲ੍ਹਾ ਸਿਹਤ ਵਿਭਾਗ, ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਵਿੱਚ ਨਸ਼ਾ ਪੀੜਤਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ। ਇਸੇ ਕੜੀ ਤਹਿਤ ਡਿਪਟੀ ਮੈਡੀਕਲ ਕਮਿਸ਼ਨਰ



ਡਾ. ਹਰਪ੍ਰੀਤ ਸਿੰਘ ਨੇ ਬੁੱਧਵਾਰ ਨੂੰ ਸਿਹਤ ਬਲਾਕ ਬਲਾਚੌਰ ਵਿਖੇ ਇਲਾਵਾ ਰਹੇ ਨਸ਼ਾ ਪੀੜਤਾਂ ਦਾ ਹਾਲਚਾਲ ਪੁੱਛਿਆ। ਉਨ੍ਹਾਂ ਨੇ ਸਿਹਤ ਬਲਾਕ ਬਲਾਚੌਰ ਦਾ ਦੌਰਾ ਕਰਕੇ ਨਸ਼ਾ ਪੀੜਤਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨਸ਼ਾ ਪੀੜਤਾਂ ਲਈ ਇਲਾਜ ਪ੍ਰਬੰਧਾਂ ਲਈ ਐੱਸ.ਓ.ਪੀ. ਦੀ ਪਾਲਣਾ, ਪੀਣ ਵਾਲੇ ਪਾਣੀ ਦੀ ਵਿਵਸਥਾ, ਸਾਫ-ਸਫਾਈ ਦੇ ਪ੍ਰਬੰਧ ਤੇ ਮੈਡੀਕਲ ਰਿਕਾਰਡ ਨੂੰ ਵੀ ਦੇਖਿਆ। ਇਸ ਮੌਕੇ ਡਾ. ਹਰਪ੍ਰੀਤ ਸਿੰਘ ਨੇ ਸਟਾਫ ਨੂੰ ਹਦਾਇਤ ਕਰਦੇ ਹੋਏ ਕਿਹਾ ਕਿ ਸਾਨੂੰ ਨਸ਼ਿਆਂ ਤੋਂ ਪੀੜਤ ਵਿਅਕਤੀਆਂ ਨਾਲ ਹਮਦਰਦੀ ਭਰਿਆ ਰਵੱਈਆ ਅਪਣਾਉਣਾ ਚਾਹੀਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸਾਨੂੰ ਨਸ਼ਿਆਂ ਤੋਂ ਪੀੜਤ ਵਿਅਕਤੀਆਂ ਨੂੰ ਨਸ਼ਿਆਂ ਦੀ ਦਲਦਲ ਚੋਂ ਬਾਹਰ ਕੱਢਣ ਵਿੱਚ ਹਰ ਸੰਭਵ ਮਦਦ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਨਸ਼ੇ ਦਾ ਆਦੀ ਵਿਅਕਤੀ ਇਕ ਰੋਗੀ ਹੁੰਦਾ ਹੈ, ਜਿਸ ਦਾ ਇਲਾਜ ਸੰਭਵ ਹੈ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਨਸ਼ਾ ਪੀੜਤਾਂ ਨੂੰ ਬਿਹਤਰ ਇਲਾਜ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੈਡੀਕਲ ਅਫਸਰ ਡਾ. ਰਮਨ ਕੁਮਾਰ, ਨੀਰਜ ਕੁਮਾਰ, ਗੁਰਪ੍ਰੀਤ ਸਿੰਘ ਤੇ ਦੀਪਕ ਕੁਮਾਰ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।

# ਰਹੀਲਾ ਵਿਖੇ ਛੋਲਿਆਂ ਦਾ ਪ੍ਰਸ਼ਾਦਿ ਵਰਤਾਇਆ ਤੇ ਛਬੀਲ ਲਗਾਈ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਰਹੀਲਾ ਵਿਖੇ ਗੁਰਦੁਆਰਾ ਸ਼੍ਰੀ ਗੁਰੂ ਰਵਿਦਾਸ ਜੀ ਪ੍ਰਬੰਧਕ ਕਮੇਟੀ ਵੱਲੋਂ ਜਗਤ ਗੁਰੂ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੋਤੀ ਜੋਤ ਦਿਹਾੜੇ ਮੌਕੇ ਛੋਲਿਆਂ ਦੇ ਪ੍ਰਸ਼ਾਦਿ ਅਤੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ।



ਛਬੀਲ ਦੀ ਭਾਈ ਕ੍ਰਿਸ਼ਨ ਪਾਲ ਸਿੰਘ ਹੈਡ ਗ੍ਰੰਥੀ ਰਹੀਲਾ ਨੇ ਅਰਦਾਸ ਬੇਨਤੀ ਕਰਕੇ ਆਰੰਭਤਾ ਕੀਤੀ । ਰਾਹਗੀਰਾਂ ਨੂੰ ਛੋਲਿਆਂ ਦੇ ਪ੍ਰਸ਼ਾਦਿ ਅਤੇ ਠੰਢੇ ਮਿੱਠੇ ਜਲ ਦੀ ਛਬੀਲ ਛਕਾਈ ਗਈ। ਡਾਕਟਰ ਪਰਮਿੰਦਰ ਸੂਦ ਐੱਸ ਜੀ ਆਰ ਹਸਪਤਾਲ ਕੋਟ ਫਤੂਹੀ ਨੇ ਵਿਸ਼ੇਸ਼ ਤੌਰ 'ਤੇ ਪੁੱਜ ਕੇ ਹਾਜ਼ਰੀ ਭਰੀ ਅਤੇ ਸੇਵਾ ਕੀਤੀ।ਇਸ ਮੌਕੇ ਰਾਮ ਪ੍ਰਕਾਸ਼ ਸੂਦ ਰਹੀਲਾ, ਗੁਰਦੀਪ ਕੌਰ ਸੂਦ, ਗੁਲਸ਼ਨ ਕੋਮਲ ਸੂਦ, ਜੱਸ ਸੂਦ, ਦਿਵੇਸ਼ ਸੂਦ, ਦੀਪੂ ਰਹੀਲਾ, ਡਾਕਟਰ ਗਗਨਦੀਪ ਸਿੰਘ ਗੋਪਾਲੀਆ, ਡਾਕਟਰ ਭੁਪਿੰਦਰ ਕੁਮਾਰ, ਸਤਨਾਮ ਸਿੰਘ, ਕਾਕੂ, ਗਾਂਧੀ, ਘੁੱਗੀ, ਆਸ਼ਾ ਰਾਣੀ, ਬਿੰਦਰ ਕੌਰ, ਵਿਦਿਆ ਦੇਵੀ, ਬਿੱਲਾ, ਮੁਨੀਸ਼ ਕੁਮਾਰ, ਗੀਤੂ, ਸੰਤੋਸ਼ ਕੁਮਾਰੀ, ਕ੍ਰਿਸ਼ਨ ਲਾਲ, ਵੰਸ਼ ਹਰਮੀਤ ਕੌਰ ਆਦਿ ਹਾਜ਼ਰ ਸਨ।



ਏ ਐਸ ਆਈ ਪ੍ਰਿਤਪਾਲ ਸਿੰਘ ਦੇ ਸਬ-ਇੰਸਪੈਕਟਰ ਬਣਨ 'ਤੇ ਤਰੱਕੀ ਦੇ ਸਟਾਰ ਲਾਉਂਦੇ ਹੋਏ ਐੱਸ ਪੀ ਡਾਕਟਰ ਮੁਕੇਸ਼ ਕੁਮਾਰ ਅਤੇ ਜਸਵੀਰ ਕੌਰ ਇੰਸਪੈਕਟਰ ਹੁਸ਼ਿਆਰਪੁਰ। (ਫੋਟੋ ਤੇ ਵੇਰਵਾ :- **ਬਲਵੀਰ ਸਿੰਘ ਸੈਣੀ, ਹੁਸ਼ਿਆਰਪੁਰ**)

## ਪਤੰਜਲੀ ਯੋਗ ਪੀਠ ਵੱਲੋਂ ਚਾਰ ਦਿਨਾ ਯੋਗ ਕੈਂਪ ਸ਼ੁਰੂ



**ਭੀਖੀ (ਧਰਮਵੀਰ ਸ਼ਰਮਾ)**-ਯੋਗ ਸਾਧਕਾਂ ਦੇ ਸਹਿਯੋਗ ਨਾਲ ਪਤੰਜਲੀ ਯੋਗ ਪੀਠ ਹਰਿਦੁਆਰ ਵੱਲੋਂ ਲਾਲਾ ਦੌਲਤ ਮੱਲ ਮਿਊਂਸਪਲ ਪਾਰਕ ਵਿਖੇ 4 ਰੋਜ਼ਾ ਯੋਗ ਕੈਂਪ ਲਾ ਕੇ 21 ਜੂਨ ਨੂੰ ਵਿਸ਼ਵ ਯੋਗ ਦਿਵਸ ਧੂਮਧਾਮ ਨਾਲ ਮਨਾਇਆ ਜਾਵੇਗਾ। ਸਮਾਜ ਸੇਵੀ ਤੇ ਯੋਗ ਸਾਧਕ ਅਸ਼ੋਕ ਕੁਮਾਰ ਜੈਨ ਨੇ ਦੱਸਿਆ ਕਿ ਪਤੰਜਲੀ ਯੋਗ ਪੀਠ ਦੇ ਜ਼ਿਲ੍ਹਾ ਪ੍ਰਭਾਰੀ ਤੇ ਯੋਗ ਅਚਾਰੀਆ ਜੋਗਿੰਦਰ ਕਮਲ ਚਾਰ ਦਿਨ ਲਈ ਆਪਣੀਆਂ ਸੇਵਾਵਾਂ ਇਲਾਕੇ ਦੇ ਯੋਗ ਸਾਧਕਾਂ ਨੂੰ ਦੇਣਗੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਇਸ ਯੋਗ ਕੈਂਪ ਵਿੱਚ ਸ਼ਾਮਲ ਹੋ ਕੇ ਲਾਹਾ ਲੈਣ। ਇਸ ਮੌਕੇ ਯੋਗ ਅਚਾਰੀਆ ਜੋਗਿੰਦਰ ਕਮਲ ਨੇ ਦੱਸਿਆ ਕਿ ਇਸ ਕੈਂਪ ਦੌਰਾਨ ਜਿਥੇ ਕੌਮਾਂਤਰੀ ਯੋਗ ਦਿਵਸ ਧੂਮਧਾਮ ਨਾਲ ਮਨਾਇਆ ਜਾਵੇਗਾ ਉਥੇ ਯੋਗ ਸਾਧਕਾ ਨੂਮ ਯੋਗ ਆਸਨਾਂ ਦੇ ਨਾਲ ਨਾਲ ਮੈਡੀਟੇਸ਼ਨ ਦੇ ਵੱਖ-ਵੱਖ ਤਰੀਕੇ ਤੇ ਅੰਗਾਂ ਸਬੰਧੀ ਵੀ ਵਿਸਥਾਰ 'ਚ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅੱਜ ਮਾੜੇ ਖਾਣ ਪੀਣ ਨਾਲ ਮਨੁੱਖ ਜਿਥੇ ਵੱਖ-ਵੱਖ ਸਰੀਰਕ ਬਿਮਾਰੀਆਂ ਦਾ ਸ਼ਿਕਾਰ ਹੋ ਰਿਹਾ ਹੈ, ਉਥੇ ਮਾਨਸਿਕ ਦਬਾਅ ਤੇ ਵਿਰਲੇਪਨ ਕਾਰਨ ਵੀ ਮਨੁੱਖ ਆਪਣੇ ਆਪ ਕਈ ਅਣਚਾਹੀਆਂ ਬਿਮਾਰੀਆਂ ਸਹੇੜ ਰਿਹਾ ਹੈ, ਜਿਸ ਤੋਂ ਛੁਟਕਾਰੇ ਲਈ ਯੋਗ ਇੱਕ ਅਸਾਨ ਵਿਧੀ ਹੈ, ਜਿਸਦਾ ਸਭ ਨੂੰ ਭਰਪੂਰ ਫਾਇਦਾ ਚੁੱਕਣਾ ਚਾਹੀਦਾ ਹੈ।

## ਸੀ ਐਮ ਦੀ ਯੋਗਸ਼ਾਲਾ ਤਹਿਤ ਭਲਕੇ ਜ਼ਿਲ੍ਹੇ ਭਰ 'ਚ ਮਨਾਇਆ ਜਾਵੇਗਾ ਅੰਤਰਰਾਸ਼ਟਰੀ ਯੋਗ ਦਿਵਸ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਨਸ਼ਾ ਮੁਕਤ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਲਈ ਚਲਾਈ ਗਈ 'ਸੀ.ਐਮ. ਦੀ ਯੋਗਸ਼ਾਲਾ' ਤਹਿਤ 21 ਜੂਨ ਨੂੰ ਜ਼ਿਲ੍ਹਾ, ਤਹਿਸੀਲ ਅਤੇ ਬਲਾਕ ਪੱਧਰ 'ਤੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਜਾਵੇਗਾ। ਜ਼ਿਲ੍ਹਾ ਪੱਧਰ 'ਤੇ ਇਹ ਸਮਾਗਮ ਦਾ ਆਯੋਜਨ ਸਥਾਨਕ ਕੰਟੋਨਮੈਂਟ ਬੋਰਡ ਸਟੇਡੀਅਮ ਫਿਰੋਜ਼ਪੁਰ ਛਾਉਣੀ ਵਿਖੇ ਹੋਵੇਗਾ। ਇਹ ਜਾਣਕਾਰੀ ਸਹਾਇਕ ਕਮਿਸ਼ਨਰ ਹਰਜੋਤ ਕੌਰ ਨੇ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਦੀਪਸ਼ਿਖ਼ਾ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅੰਤਰਰਾਸ਼ਟਰੀ ਯੋਗ ਦਿਵਸ ਸਬੰਧੀ ਕੀਤੀਆਂ ਜਾਣ ਵਾਲੀਆਂ ਅਗਾਊਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਸਾਂਝੀ ਕੀਤੀ। ਸਹਾਇਕ ਕਮਿਸ਼ਨਰ ਨੇ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਤਹਿਤ ਪਹਿਲਾਂ ਤੋਂ ਹੀ ਰੋਜ਼ਾਨਾ ਪੂਰੇ ਜ਼ਿਲ੍ਹੇ ਵਿਚ ਵੱਖ-ਵੱਖ ਥਾਵਾਂ 'ਤੇ ਯੋਗ ਕਲਾਸਾਂ ਲਗਾਈਆਂ ਜਾ ਰਹੀਆਂ ਹਨ, ਜਿਸ ਵਿਚ ਵੱਡੀ ਗਿਣਤੀ ਵਿਚ ਲੋਕ ਸ਼ਮੂਲੀਅਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਦੀ ਭੱਜਦੌੜ ਭਰੀ ਜ਼ਿੰਦਗੀ ਵਿਚ ਲੋਕ ਸਰੀਰਕ ਤੰਦਰੁਸਤੀ ਨੂੰ ਪਹਿਲ ਦੇਣ ਲੱਗੇ ਹਨ, ਇਸੇ ਕਰਕੇ ਹੀ ਯੋਗ ਕਲਾਸਾਂ ਵਿਚ ਲੋਕਾਂ ਦੀ ਦਿਲਚਸਪੀ ਵਧ ਰਹੀ ਹੈ। ਉਨ੍ਹਾਂ ਕਿਹਾ ਕਿ 21 ਜੂਨ ਨੂੰ ਮਨਾਏ ਜਾ ਰਹੇ ਅੰਤਰਰਾਸ਼ਟਰੀ ਯੋਗ ਦਿਵਸ ਵਿਚ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਕਰਵਾਈ ਜਾਵੇ ਤਾਂ ਜੋ ਵੱਧ ਤੋਂ ਵੱਧ ਲੋਕ ਯੋਗ ਨਾਲ ਜੁੜ ਕੇ ਤੰਦਰੁਸਤ ਜੀਵਨਸ਼ੈਲੀ ਅਪਣਾ ਸਕਣ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵਧ ਚੜ੍ਹ ਕੇ ਅੰਤਰਰਾਸ਼ਟਰੀ ਯੋਗ ਦਿਵਸ 'ਚ ਸ਼ਮੂਲੀਅਤ ਕਰਨ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ.ਸਿੱ.) ਕੋਮਲ ਅਰੋੜਾ, ਜ਼ਿਲ੍ਹਾ ਕੋਆਰਡੀਨੇਟਰ ਸੀ.ਐਮ. ਦੀ ਯੋਗਸ਼ਾਲਾ ਅਮਨਪ੍ਰੀਤ ਕੌਰ ਤੋਂ ਇਲਾਵਾ ਵੱਖ-ਵੱਖ ਸੰਸਥਾਵਾਂ ਸਮੇਤ ਸਿਵਲ ਅਤੇ ਪੁਲਸ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

## ਸੰਧਵਾਂ ਵੱਲੋਂ ਹੁਸ਼ਿਆਰ ਤੇ ਹੋਣਹਾਰ ਬੱਚਿਆਂ ਦਾ ਸਨਮਾਨ 22 ਨੂੰ



**ਕੋਟਕਪੂਰਾ (ਰਛਪਾਲ ਭੁੱਲਰ)**-ਅਰੋੜਵੰਸ ਸਭਾ ਕੋਟਕਪੂਰਾ ਵੱਲੋਂ ਬਰਾਦਰੀ ਦੇ 8ਵੀਂ, 10ਵੀਂ ਤੇ 12ਵੀਂ ਵਿੱਚ 90 ਫੀਸਦੀ ਤੋਂ ਵੱਧ ਅੰਕ ਲੈਣ ਵਾਲੇ ਵਿਦਿਆਰਥੀ-ਵਿਦਿਆਰਥਣਾਂ ਦੇ ਸਨਮਾਨ ਸਮਾਰੋਹ ਲਈ ਰੱਖੇ ਪ੍ਰੋਗਰਾਮ ਦੌਰਾਨ 9 ਬੱਚਿਆਂ ਦੀ ਚੋਣ ਕੀਤੀ ਗਈ ਹੈ। ਸਭਾ ਦੇ ਪ੍ਰਧਾਨ ਮਨਿੰਦਰ ਸਿੰਘ ਮਿੱਕੂ ਮੱਕੜ, ਜਨਰਲ ਸਕੱਤਰ ਮਾ. ਕਰਨੈਲ ਸਿੰਘ ਤੇ ਪ੍ਰੋਜੈਕਟ ਇੰਚਾਰਜ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਦੱਸਿਆ ਕਿ 22 ਜੂਨ ਐਤਵਾਰ ਨੂੰ ਸਵੇਰੇ 9:30 ਵਜੇ ਅਰੋੜਵੰਸ ਧਰਮਸ਼ਾਲਾ ਜੈਤੋ ਰੋਡ ਕੋਟਕਪੂਰਾ ਵਿਖੇ ਮਾਨਯੋਗ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੋਂ ਰਮਨਦੀਪ ਕੌਰ, ਜਸਲੀਨ ਕੌਰ, ਰਮਜੋਤ ਕੌਰ, ਸ਼ਰਨਦੀਪ ਕੌਰ, ਸਮੀਖਸ਼ਾ, ਹਰਕੀਰਤ ਸਿੰਘ, ਸਿਮਰਜੀਤ ਸਿੰਘ, ਹਰਜਸ਼ਨ ਸਿੰਘ ਤੇ ਅਨਮੋਲ ਸਿੰਘ ਦਾ ਉਨ੍ਹਾਂ ਦੇ ਪਰਵਾਰਾਂ ਦੀ ਹਾਜ਼ਰੀ ਵਿੱਚ ਸਨਮਾਨ ਹੋਵੇਗਾ। ਧਰਮਵੀਰ ਸਿੰਘ ਰਾਜੂ ਮੱਕੜ, ਸੁਰਜੀਤ ਸਿੰਘ ਘੁਲਿਆਣੀ ਤੇ ਮਨਮੋਹਨ ਸਿੰਘ ਚਾਵਲਾ ਨੇ ਦੱਸਿਆ ਕਿ ਡਾ. ਮਨਜੀਤ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਹੋਣ ਵਾਲੇ ਉਕਤ ਸਮਾਗਮ ਦੌਰਾਨ ਇੱਕ ਵਰਤਮਾਨ ਸਰੋਕਾਰਾਂ ਨਾਲ ਜੁੜਿਆ ਸੈਮੀਨਾਰ ਵੀ ਕਰਵਾਇਆ ਜਾਵੇਗਾ, ਜਿਸ ਵਿੱਚ ਡਾ. ਕੁਲਵੰਤ ਕੌਰ ਪਟਿਆਲਾ ਤੇ ਬੀਬਾ ਪਵਨਪ੍ਰੀਤ ਕੌਰ ਹਾਜ਼ਰੀਨ ਨੂੰ ਵਰਤਮਾਨ ਸਰੋਕਾਰਾਂ ਨਾਲ ਸਬੰਧਤ ਮੁਸ਼ਕਲਾਂ, ਸਮੱਸਿਆਵਾਂ ਦੇ ਹੱਲ ਲਈ ਸਮਝਾਉਣਗੇ। ਪ੍ਰੈੱਸ ਸਕੱਤਰ ਗੁਰਮੀਤ ਸਿੰਘ ਮੀਤਾ ਮੁਤਾਬਕ ਇਸ ਮੌਕੇ ਅਰੋੜਵੰਸ ਸਭਾ ਕੋਟਕਪੂਰਾ ਦੇ ਸਮੂਹ ਅਹੁਦੇਦਾਰ ਤੇ ਮੈਂਬਰ ਆਪੋ ਆਪਣੇ ਪਰਵਾਰਾਂ ਸਮੇਤ ਸ਼ਾਮਲ ਹੋਣਗੇ।

## ਅੱਖਾਂ ਦਾ ਮੁਫਤ ਚੈੱਕਅੱਪ ਤੇ ਯੂਰੋਗਾਇਨੈਕੋਲੋਜੀ ਕੈਂਪ ਲਗਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਮਾਨਵਤਾ ਦੀ ਸੇਵਾ ਨੂੰ ਸਮਰਪਤ 202ਵਾਂ ਅੱਖਾਂ ਦਾ ਚੈੱਕਅਪ ਤੇ ਯੂਰੋਗਾਇਨੈਕੋਲੋਜੀ ਕੈਂਪ ਗੁਰਦੁਆਰਾ ਪਾਤਸ਼ਾਹੀ ਛੇਵੀਂ ਲਹਿਰਾ ਮੁਹੱਬਤ ਵਿਖੇ ਲਗਾਇਆ ਗਿਆ। ਇਸ ਕੈਂਪ ਵਿੱਚ ਡਾ. ਕਰਨ ਸਾਰਵਾਲ (ਐੱਮ. ਐੱਸ.) ਨਿਓ ਪੋਲਸ ਹੈਲਥ ਕੇਅਰ ਹਸਪਤਾਲ ਭਾਗੂ ਰੋਡ ਬਠਿੰਡਾ ਵੱਲੋਂ ਅੱਖਾਂ ਦਾ ਅਤੇ ਡਾ. ਮੋਹਿਨੀ ਅੱਗਰਵਾਲ ਐੱਮ. ਐੱਸ. (ਓ ਬੀ ਜੀ ਵਾਈ) ਡੀ ਐੱਨ ਬੀ ਵੱਲੋਂ ਪਿਸ਼ਾਬ ਸਬੰਧੀ ਬਿਮਾਰੀਆਂ ਦਾ ਚੈੱਕਅਪ ਕੀਤਾ ਗਿਆ। ਕੈਂਪ ਦੌਰਾਨ ਮਰੀਜ਼ਾਂ ਦੀ ਜਾਂਚ ਕਰਕੇ ਦਵਾਈਆਂ ਤੇ ਐਨਕਾਂ ਲਹਿਰਾ ਮੁਹੱਬਤ ਮਨੁੱਖਤਾ ਭਲਾਈ ਸੰਸਥਾ ਵੱਲੋਂ ਮੁਫ਼ਤ ਦਿੱਤੀਆਂ ਗਈਆਂ। ਇਸ ਕੈਂਪ ਦਾ ਉਦਘਾਟਨ ਮਨੁੱਖਤਾ ਭਲਾਈ ਸੰਸਥਾ ਦੇ ਸੀਨੀਅਰ ਮੈਂਬਰ ਹਰਵਿੰਦਰ ਸਿੰਘ (ਲੈਕ. ਇਤਿਹਾਸ) ਨੇ ਰਿਬਨ ਕੱਟ ਕੇ ਕੀਤਾ। ਅੱਖਾਂ ਦੇ ਚੈੱਕਅਪ ਲਈ 70 ਮਰੀਜ਼ਾਂ ਤੇ ਯੂਰੋਲੋਜੀ ਦੇ 20 ਮਰੀਜ਼ਾਂ ਦੀ ਓ ਪੀ ਡੀ ਹੋਈ। ਕੈਂਪ ਦੌਰਾਨ ਚਰਨਜੀਤ ਸਿੰਘ, ਗੁਰਪ੍ਰੀਤ ਸਿੰਘ, ਬਲਕਰਨ ਸਿੰਘ, ਸੁਖਪ੍ਰੀਤ ਸਿੰਘ, ਹਰਵਿੰਦਰ ਸਿੰਘ, ਗੁਰਸ਼ਰਨ ਸਿੰਘ, ਗੁਰਿੰਦਰ ਸਿੰਘ, ਲਖਵੀਰ ਸਿੰਘ ਸੋਨੂੰ ਤੇ ਲਖਵੀਰ ਸਿੰਘ ਲੱਖੀ ਆਦਿ ਨੇ ਡਾਕਟਰ ਸਾਹਿਬਾਨ ਤੇ ਚੈੱਕਅਪ ਲਈ ਆਏ ਮਰੀਜ਼ਾਂ ਦਾ ਸਹਿਯੋਗ ਕੀਤਾ। ਸੰਸਥਾ ਵੱਲੋਂ ਬਾਹਰੋਂ ਆਇਆਂ ਲਈ ਚਾਹ ਤੇ ਲੰਗਰ ਦਾ ਪ੍ਰਬੰਧ ਕੀਤਾ ਗਿਆ। ਐਡਵੋਕੇਟ ਹਰਦੀਪ ਸਿੰਘ ਗਿੱਲ (ਸਰਬਸੁੱਖ ਸੇਵਾ ਸੁਸਾਇਟੀ ਬਠਿੰਡਾ) ਵੱਲੋਂ ਕੈਂਪ ਦੇ ਸਹਾਇਕ ਪਬੰਧਕ ਵਜੋਂ ਸੇਵਾ ਨਿਭਾਈ ਗਈ।

## ਬਾਬਾ ਮੋਨੀ ਜੀ ਕਾਲਜ ਦਾ ਪੀ.ਜੀ.ਡੀ.ਸੀ.ਏ. ਦਾ ਨਤੀਜਾ ਸ਼ਾਨਦਾਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਿਛਲੇ ਦਿਨੀਂ ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਪੀ.ਜੀ.ਡੀ.ਸੀ.ਏ. (ਸਮੈਸਟਰ-ਪਹਿਲਾ) ਦੇ ਨਤੀਜੇ ਵਿੱਚ ਬਾਬਾ ਮੋਨੀ ਜੀ ਡਿਗਰੀ ਕਾਲਜ ਦਾ ਨਤੀਜਾ ਸ਼ਾਨਦਾਰ ਰਿਹਾ। ਕਾਲਜ ਦੇ ਵਿਦਿਆਰਥੀ ਗੁਰਸੇਵਕ ਸਿੰਘ (76.2%) ਪੁੱਤਰ ਗੁਰਬਖਸ਼ ਸਿੰਘ ਵਾਸੀ ਮੱਲਣ ਨੇ ਪਹਿਲਾ ਤੇ ਰਵਿੰਦਰ ਸਿੰਘ (74.8%) ਪੁੱਤਰ ਜਗਸੀਰ ਸਿੰਘ ਵਾਸੀ ਮੰਡੀ ਕਲਾਂ ਨੇ ਦੂਜਾ ਸਥਾਨ ਹਾਸਲ ਕਰਕੇ ਕਾਲਜ ਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ। ਕਾਲਜ ਦਾ ਨਤੀਜਾ ਸੌ ਫੀਸਦੀ ਰਿਹਾ ਤੇ ਸਾਰੇ ਹੀ ਵਿਦਿਆਰਥੀਆਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਇਸ ਮੌਕੇ ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ, ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਤੇ ਐਡਮਨਿਸਟ੍ਰੇਟਿਵ ਕੁਲਵੀਰ ਸਿੰਘ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ। ਡਿਗਰੀ ਕਾਲਜ ਦੇ ਪ੍ਰਿੰਸੀਪਲ ਰਵੀ ਕਾਂਤ ਤੇ ਸਮੂਹ ਸਟਾਫ ਨੇ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਹੋਰ ਵਧੇਰੇ ਮਿਹਨਤ ਕਰਕੇ ਤਰੱਕੀਆਂ ਹਾਸਲ ਕਰਨ ਦੀ ਪ੍ਰੇਰਨਾ ਦਿੱਤੀ।

## ਨਗਰ ਕੌਂਸਲ ਦੀ ਖਾਲੀ ਪਈ ਜਗ੍ਹਾ 'ਚ ਪੌਦੇ ਲਗਾਏ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਵਾਤਾਵਰਣ ਦੀ ਸ਼ੁੱਧਤਾ ਲਈ ਕਿਸਾਨ ਆਗੂ ਸੁਖਵਿੰਦਰ ਸਿੰਘ ਭੱਟੀਆਂ ਵੱਲੋਂ ਸਮਾਜ ਸੇਵੀ ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ ਪੌਦੇ ਲਗਾਏ ਗਏ। ਸੁਖਵਿੰਦਰ ਸਿੰਘ ਭੱਟੀਆਂ ਨੇ ਦੱਸਿਆ ਕਿ ਬਲੀਬੇਗ ਬਸਤੀ ਨੇੜੇ ਨਗਰ ਕੌਂਸਲ ਦੀ ਖਾਲੀ ਪਈ ਜਗ੍ਹਾ ਵਿੱਚ ਇਹ ਪੌਦੇ ਲਗਾਏ ਗਏ ਹਨ ਤਾਂ ਜੋ ਅਸੀਂ ਸ਼ਹਿਰ ਨੂੰ ਹਰਿਆ ਭਰਿਆ ਬਣਾ ਸਕੀਏ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਵੱਲੋਂ ਪੌਦੇ ਲਗਾਉਣ ਵਿੱਚ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ। ਇਸ ਮੌਕੇ ਕਿਸਾਨ ਆਗੂ ਮਨਜੀਤ ਸਿੰਘ ਪਵਾਤ, ਗੁਰਜੀਤ ਸਿੰਘ ਮੰਡ, ਜਸਪਿੰਦਰ ਸਿੰਘ ਧੁੱਲੇਵਾਲ, ਸ਼ਿਵ ਕੁਮਾਰ ਸ਼ਿਵਲੀ, ਰਾਜਵੰਤ ਸਿੰਘ ਗਿੱਲ, ਗੁਰਤੇਜ ਸਿੰਘ ਢਿੱਲੋਂ, ਅਵਰਾਜ ਸਿੰਘ ਗਿੱਲ, ਇੰਸਪੈਕਟਰ ਸੁਖਦੇਵ ਸਿੰਘ ਬਿੱਟੂ, ਸੁਪਰਵਾਈਜ਼ਰ ਜਸਵੀਰ ਸਿੰਘ ਮੌਜੂਦ ਸਨ।

## ਹਥਿਆਰ ਦੀ ਬਰਾਮਦਗੀ ਕਰਵਾਉਣ ਗਏ ਮੁਲਜ਼ਮ ਨੇ ਪੁਲਸ 'ਤੇ ਚਲਾਈ ਗੋਲ਼ੀ, ਐੱਸ ਐੱਚ ਓ ਸਣੇ ਮੁਲਜ਼ਮ ਜ਼ਖਮੀ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**
ਬੀਤੀ 15 ਜੂਨ ਰਾਤ 10 ਵਜੇ ਦੇ ਕਰੀਬ ਖੰਨਾ ਦੇ ਗਰੀਨਲੈਂਡ ਹੋਟਲ ਦੇ ਬਾਹਰ ਦੋ ਗੁੱਟਾਂ ਵਿਚਾਲੇ ਹੋਈ ਗੋਲੀਬਾਰੀ ਸਮੇਂ ਨਿਖਿਲ ਨਾਮ ਦਾ ਵਿਅਕਤੀ ਗੋਲੀ ਲੱਗਣ ਕਾਰਨ ਗੰਭੀਰ ਜ਼ਖ਼ਮੀ ਹੋ ਗਿਆ ਸੀ, ਜਿਸ ਨੂੰ ਖੰਨਾ ਦੇ ਸਿਵਲ ਹਸਪਤਾਲ ਵਿਖੇ ਇਲਾਜ ਲਈ ਲਿਆਂਦਾ ਗਿਆ ਸੀ। ਨਿਖਿਲ ਦੀ ਹਾਲਤ ਗੰਭੀਰ ਹੋਣ ਕਾਰਨ ਉਸ ਨੂੰ ਚੰਡੀਗੜ੍ਹ ਰੈਫਰ ਕੀਤਾ ਗਿਆ ਸੀ। ਇਸ ਤੋਂ ਬਾਅਦ ਖੰਨਾ ਪੁਲਸ ਵੱਲੋਂ ਵੱਖ-ਵੱਖ ਟੀਮਾਂ ਬਣਾ ਕੇ ਦੋਸ਼ੀਆਂ ਦੀ ਸੀ ਸੀ ਟੀ ਵੀ ਕੈਮਰੇ ਅਤੇ ਤਕਨੀਕੀ ਢੰਗ ਨਾਲ ਭਾਲ ਕੀਤੀ ਗਈ ਅਤੇ ਕੁਝ ਦੋਸ਼ੀਆਂ ਨੂੰ ਪੁਲਸ ਵੱਲੋਂ ਗ੍ਰਿਫਤਾਰ ਕੀਤਾ ਗਿਆ ਸੀ। ਐੱਸ ਐੱਸ ਪੀ ਖੰਨਾ ਡਾ. ਜਯੋਤੀ ਯਾਦਵ ਨੇ ਦੱਸਿਆ ਕਿ 15 ਜੂਨ ਨੂੰ ਕੁੜੀ ਨਾਲ ਦੋਸਤੀ ਦੇ ਮਾਮਲੇ ਵਿੱਚ ਦੋ ਗੁੱਟਾਂ ਵਿੱਚ ਗਰੀਨ ਲੈਂਡ ਹੋਟਲ ਖੰਨਾ ਦੇ ਸਾਹਮਣੇ ਗੋਲੀਬਾਰੀ ਹੋਈ ਸੀ, ਜਿਸ ਵਿੱਚ ਸਰਹਿੰਦ ਦਾ ਰਹਿਣ ਵਾਲਾ ਨਿਖਿਲ ਗੰਭੀਰ ਜ਼ਖਮੀ ਹੋ ਗਿਆ। ਉਸ ਦੀ ਹਾਲਤ ਅਜੇ ਵੀ ਨਾਜ਼ੁਕ ਹੈ। ਪੁਲਸ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਹ ਪੂਰੀ ਘਟਨਾ ਦੋ ਗੁੱਟਾਂ ਵਿੱਚ ਇੱਕ ਲੜਕੀ ਨਾਲ ਦੋਸਤੀ ਨੂੰ ਲੈ ਕੇ ਹੋਏ ਝਗੜੇ ਦਾ ਨਤੀਜਾ ਸੀ। ਐੱਸ ਐੱਸ ਪੀ ਡਾ. ਜਯੋਤੀ ਯਾਦਵ ਨੇ ਦੱਸਿਆ ਕਿ ਪੂਰੇ ਜ਼ਿਲ੍ਹੇ ਦੀ ਪੁਲਸ ਨੂੰ ਅਲਰਟ ਕਰ ਦਿੱਤਾ ਗਿਆ ਸੀ ਅਤੇ ਘਟਨਾ ਸਥਾਨ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਸੀ। ਸ਼ੁਰੂਆਤੀ ਜਾਂਚ ਵਿੱਚ ਪਤਾ ਲੱਗਾ ਹੈ ਕਿ ਇਸ ਲੜਾਈ ਦੀ ਜੜ੍ਹ ਪ੍ਰਭਜੋਤ ਤੇ ਤੇਜਵੀਰ ਨਾਮ ਦੇ ਦੋ ਨੌਜਵਾਨ ਹਨ, ਜਿਨ੍ਹਾਂ ਦਾ ਇੱਕ ਲੜਕੀ ਨਾਲ ਦੋਸਤੀ ਨੂੰ ਲੈ ਕੇ ਪੁਰਾਣਾ ਝਗੜਾ ਸੀ। ਤੇਜਵੀਰ ਨੇ ਇਸ ਲੜਾਈ ਬਾਰੇ ਆਪਣੇ ਸਾਲੇ ਗੈਰੀ ਲਲਤੋਂ ਨੂੰ ਦੱਸਿਆ, ਜਿਸ ਦੇ ਨਾਲ ਗਗਨਦੀਪ ਉਰਫ਼ ਰਾਵਣ ਉਰਫ਼ ਗੈਰੀ ਵੀ ਸਨ। ਦੂਜੇ ਪਾਸੇ, ਪ੍ਰਭਜੋਤ ਨੇ ਸੁਖਵੀਰ ਭੁੱਚੀ ਨੂੰ ਦੱਸਿਆ। ਮਾਮਲਾ ਇੰਨਾ ਵਧ ਗਿਆ ਕਿ ਦੋਵਾਂ ਧਿਰਾਂ ਨੇ ਆਪਸੀ ਸਮਝੌਤਾ ਕਰਨ ਦੀ ਕੋਸ਼ਿਸ਼ ਕੀਤੀ। ਇਸ ਲਈ ਫਤਿਹਗੜ੍ਹ ਸਾਹਿਬ ਵਿੱਚ ਦੋ ਮੀਟਿੰਗਾਂ ਵੀ ਹੋਈਆਂ, ਪਰ ਕੋਈ ਹੱਲ ਨਹੀਂ ਨਿਕਲ ਸਕਿਆ। ਐਤਵਾਰ ਰਾਤ ਨੂੰ ਦੋਵੇਂ ਧਿਰਾਂ ਗ੍ਰੀਨਲੈਂਡ ਹੋਟਲ ਦੇ ਨੇੜੇ ਇੱਕ ਖਾਲੀ ਜਗ੍ਹਾ 'ਤੇ ਸਮਝੌਤੇ ਦੀ ਇੱਕ ਹੋਰ ਕੋਸ਼ਿਸ਼ ਲਈ ਇਕੱਠੇ ਹੋਏ। ਗੱਲਬਾਤ ਦੌਰਾਨ ਮਾਮਲਾ ਫਿਰ ਵਿਗੜ ਗਿਆ ਤੇ ਬਹਿਸ ਹੱਥੋਪਾਈ ਵਿੱਚ ਬਦਲ ਗਈ। ਇਸ ਦੌਰਾਨ ਸੁਖਵੀਰ ਭੁੱਚੀ ਦੇ ਗਰੁੱਪ ਨੇ ਪਹਿਲਾਂ ਹਵਾ ਵਿੱਚ ਗੋਲੀਬਾਰੀ ਕੀਤੀ। ਜਵਾਬੀ ਕਾਰਵਾਈ ਵਿੱਚ ਗੈਰੀ ਲਲਤੋਂ ਦੇ ਗਰੁੱਪ ਨੇ ਸਿੱਧੀ ਗੋਲੀਬਾਰੀ ਸ਼ੁਰੂ ਕਰ ਦਿੱਤੀ। ਇਸ ਦੌਰਾਨ, ਨਿਖਿਲ, ਜੋ ਕਿ ਤੇਜਵੀਰ ਦਾ ਨੇੜਲਾ ਸਾਥੀ ਦੱਸਿਆ ਜਾਂਦਾ ਹੈ, ਉਹ ਗੋਲੀ ਦਾ ਸ਼ਿਕਾਰ ਹੋ ਗਿਆ। ਇੱਕ ਗੋਲੀ ਉਸ ਦੇ ਮੂੰਹ ਵਿੱਚ ਲੱਗੀ, ਜਿਸ ਕਾਰਨ ਉਹ ਗੰਭੀਰ ਜ਼ਖਮੀ ਹੋ ਗਿਆ। ਜ਼ਖਮੀ ਨਿਖਿਲ ਨੂੰ ਤੁਰੰਤ ਸਥਾਨਕ ਹਸਪਤਾਲ ਲਿਜਾਇਆ ਗਿਆ, ਜਿੱਥੋਂ ਉਸ ਨੂੰ ਚੰਡੀਗੜ੍ਹ ਰੈਫਰ ਕਰ ਦਿੱਤਾ ਗਿਆ। ਪ੍ਰੈੱਸ ਕਾਨਫਰੰਸ ਦੌਰਾਨ ਐੱਸ ਐੱਸ ਪੀ ਖੰਨਾ ਡਾ. ਜਯੋਤੀ ਯਾਦਵ ਨੇ ਦੱਸਿਆ ਕਿ ਇਨ੍ਹਾਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਲਈ ਖੰਨਾ ਪੁਲਸ ਵੱਲੋਂ ਵੱਖ ਵੱਖ ਟੀਮਾਂ ਬਣਾਈਆਂ ਗਈਆਂ। ਸੀ ਸੀ ਟੀ ਵੀ ਕੈਮਰੇ ਤੇ ਤਕਨੀਕੀ ਢੰਗ ਦੀ ਵਰਤੋਂ ਕਰਕੇ ਇਸ ਵਾਰਦਾਤ ਵਿੱਚ ਸ਼ਾਮਲ ਮੁਲਜ਼ਮ ਪ੍ਰਭਜੋਤ ਸਿੰਘ, ਗਗਨਦੀਪ ਸਿੰਘ, ਅਮਰਦਾਸ ਸਿੰਘ, ਪਵਨਦੀਪ ਸਿੰਘ ਤੇ ਗੁਰਪ੍ਰੀਤ ਸਿੰਘ ਨੂੰ ਗ੍ਰਿਫਤਾਰ ਕੀਤਾ ਗਿਆ। ਪੁਲਸ ਵੱਲੋਂ ਕਾਬੂ ਕੀਤੇ ਗਗਨਦੀਪ ਉਰਫ਼ ਰਾਵਣ ਉਰਫ਼ ਗੈਰੀ ਲਲਤੋਂ ਨੇ ਪੁੱਛਗਿੱਛ ਦੌਰਾਨ ਮੰਨਿਆ ਕਿ ਉਸ ਨੇ ਵਾਰਦਾਤ ਵਿੱਚ ਵਰਤਿਆ ਹਥਿਆਰ ਭੱਟੀਆਂ ਨੇੜੇ ਸੂਏ ਕੋਲ ਖ਼ਾਲੀ ਥਾਂ ਵਿੱਚ ਲੁਕਾ ਕੇ ਰੱਖਿਆ ਹੈ। ਅੱਜ ਸਵੇਰੇ ਪੁਲਸ ਜਦੋਂ ਗਗਨਦੀਪ ਉਰਫ਼ ਰਾਵਣ ਉਰਫ਼ ਗੈਰੀ ਲਲਤੋਂ ਨੂੰ ਹਥਿਆਰ ਦੀ ਬਰਾਮਦਗੀ ਲਈ ਮੌਕੇ ਉੱਤੇ ਲੈ ਕੇ ਗਈ ਤਾਂ ਉਸ ਨੇ ਲੁਕੋਇਆ ਹਥਿਆਰ ਕੱਢ ਕੇ ਪੁਲਸ ਉਤੇ ਗੋਲੀ ਚਲਾ ਦਿੱਤੀ। ਜਵਾਬੀ ਗੋਲੀ ਨਾਲ ਮੁਲਜ਼ਮ ਦੀ ਲੱਤ ਵਿੱਚ ਗੋਲੀ ਲੱਗਣ ਨਾਲ ਜ਼ਖਮੀ ਹੋ ਗਿਆ। ਇਸ ਘਟਨਾ ਮੌਕੇ ਖੰਨਾ ਸਿਟੀ 02 ਦੇ ਐੱਸ ਐੱਚ ਓ ਤਲਵਿੰਦਰ ਕੁਮਾਰ ਬੇਦੀ ਵੀ ਜ਼ਖ਼ਮੀ ਹੋਏ ਹਨ। ਜ਼ਖ਼ਮੀ ਮੁਲਜ਼ਮ ਨੂੰ ਕਾਬੂ ਕਰਕੇ ਖੰਨਾ ਦੇ ਸਿਵਲ ਹਸਪਤਾਲ ਦਾਖ਼ਲ ਕਰਵਾਇਆ ਗਿਆ, ਜਿਸ ਤੋਂ ਹੋਰ ਵੀ ਖ਼ੁਲਾਸੇ ਹੋਣ ਦੀ ਆਸ ਹੈ। ਇਹ ਮੁਲਜ਼ਮ ਕੁਝ ਦਿਨ ਪਹਿਲਾਂ ਹੀ ਗੋਇੰਦਵਾਲ ਦੀ ਜੇਲ੍ਹ ਵਿੱਚੋਂ ਬਾਹਰ ਆਇਆ ਸੀ।

## ਆਈ ਏ ਐੱਸ ਕੇਂਦਰ ਨੇ ਕੋਚਿੰਗ ਕਲਾਸਾਂ ਲਈ ਅਰਜ਼ੀਆਂ ਮੰਗੀਆਂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਆਈ.ਏ.ਐਸ. ਐਂਡ ਅਲਾਈਡ ਸਰਵਿਸਿਜ਼ ਟ੍ਰੇਨਿੰਗ ਸੈਂਟਰ ਵਿਖੇ ਕੋਚਿੰਗ ਕਲਾਸਾਂ ਸ਼ੁਰੂ ਹੋਣ ਜਾ ਰਹੀਆਂ ਹਨ। ਇਹ ਕਲਾਸਾਂ ਆਈ.ਏ.ਐਸ. (ਪ੍ਰੀ.) (ਰੈਗੂਲਰ/ਵੀਕਐਂਡ) ਯੂ.ਜੀ.ਸੀ./ਨੈਟ ਤੇ ਪੀ.ਸੀ.ਐਸ. (ਜੁਡੀਸ਼ੀਅਲ) ਦੀ ਤਿਆਰੀ ਲਈ ਹਨ। ਡਾਇਰੈਕਟਰ ਡਾ. ਅਮਰ ਇੰਦਰ ਸਿੰਘ ਨੇ ਦੱਸਿਆ ਕਿ ਵਿਭਾਗ ਪਿਛਲੇ ਲੰਬੇ ਸਮੇਂ ਤੋਂ ਵਿਦਿਆਰਥੀਆਂ ਨੂੰ ਬਹੁਤ ਹੀ ਘੱਟ ਫੀਸਾਂ ਉੱਤੇ ਉੱਚ ਸ਼੍ਰੇਣੀ ਦੀ ਸਿਖਲਾਈ ਪ੍ਰਦਾਨ ਕਰਦਾ ਆ ਰਿਹਾ ਹੈ। ਪੰਜਾਬੀ ਯੂਨੀਵਰਸਿਟੀ ਦੇ ਮਾਹਿਰ ਅਧਿਆਪਕ ਇੱਥੇ ਵਿਦਿਆਰਥੀਆਂ ਨੂੰ ਸਿਖਲਾਈ ਦਿੰਦੇ ਹਨ। ਵਿਭਾਗ ਵਿਖੇ ਉਪਲਬਧ ਵੱਡੀ ਲਾਇਬ੍ਰੇਰੀ ਅਤੇ ਹੋਰ ਲੋੜੀਂਦਾ ਸਾਜ਼ੋ-ਸਮਾਨ ਵਿਦਿਆਰਥੀਆਂ ਦੀ ਸਿਖਲਾਈ ਲਈ ਮਦਦਗਾਰ ਹੁੰਦਾ ਹੈ। ਇਨ੍ਹਾਂ ਟੈਸਟਾਂ ਦੀ ਤਿਆਰੀ ਕਰਨ ਦੇ ਚਾਹਵਾਨ ਵਿਦਿਆਰਥੀ ਇਸ ਕੇਂਦਰ ਨਾਲ ਜੁੜ ਕੇ ਲਾਭ ਉਠਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬੀ ਯੂਨੀਵਰਸਿਟੀ ਦੇ ਇਸ ਵਿਭਾਗ ਦੀ ਖਾਸੀਅਤ ਹੈ ਕਿ ਇਹ ਵਿਭਾਗ ਹਫ਼ਤੇ ਵਿੱਚ ਸੱਤ ਦਿਨ ਅਤੇ ਸਾਲ ਵਿੱਚ 365 ਦਿਨ ਸਵੇਰੇ 9 ਵਜੇ ਤੋਂ ਲੈ ਕੇ ਸ਼ਾਮ ਦੇ 5 ਵਜੇ ਤੱਕ ਖੁੱਲ੍ਹਾ ਰਹਿੰਦਾ ਹੈ। ਉਨ੍ਹਾਂ ਦੱਸਿਆ ਕਿ ਇਹਨਾਂ ਕਲਾਸਾਂ ਵਿੱਚ ਦਾਖ਼ਲਾ ਲੈਣ ਸਬੰਧੀ ਵਿਦਿਆਰਥੀ ਆਪਣੀਆਂ ਅਰਜ਼ੀਆਂ ਸਾਦੇ ਪੇਪਰ ਉੱਤੇ ਮਿਤੀ 30 ਜੂਨ 2025 ਤੱਕ (ਈ-ਮੇਲ iastraining-centrepbi@gmail.com ਰਾਹੀਂ ਵੀ) ਭੇਜ ਸਕਦੇ ਹਨ।

## ਹਰਮਨ ਇਲੈਕਟ੍ਰਾਨਿਕਸ ਦੇਵੀਗੜ੍ਹ ਦਾ ਵੱਡਾ ਧਮਾਕਾ ਇਲੈਕਟ੍ਰਾਨਿਕ ਆਈਟਮਾਂ 'ਤੇ ਦਿੱਤੀ ਜਾ ਰਹੀ ਹੈ ਭਾਰੀ ਛੂਟ



**ਪਟਿਆਲਾ/ਸਨੌਰ (ਰਜਿੰਦਰ ਥਿੰਦ)**-ਮੁਕਾਬਲੇ ਦੇ ਇਸ ਦੌਰ ਵਿੱਚ ਜਿੱਥੇ ਮਲਟੀਨੈਸ਼ਨਲ ਕੰਪਨੀਆਂ ਆਪਣੇ ਪ੍ਰੋਡਕਟਾਂ ਵੱਲ ਗਾਹਕਾਂ ਨੂੰ ਖਿੱਚਣ ਲਈ ਤਰ੍ਹਾਂ-ਤਰ੍ਹਾਂ ਦੀਆਂ ਛੋਟਾਂ, ਸਕੀਮਾਂ ਤੇ ਯੋਜਨਾਵਾਂ ਦੇ ਰਹੀਆਂ ਹਨ, ਉਥੇ ਹੀ ਹਰਮਨ ਇਲੈਕਟ੍ਰਾਨਿਕਸ ਦੇਵੀਗੜ੍ਹ ਵੱਲੋਂ ਆਪਣੇ ਗਾਹਕਾਂ ਨੂੰ ਖੁਸ਼ ਕਰਨ ਲਈ ਇਲੈਕਟ੍ਰਾਨਿਕ ਵਸਤਾਂ ਏ. ਸੀ., ਫਰਿਜ, ਐੱਲ. ਸੀ. ਡੀ., ਮਾਈਕਰੋਵੇਵ, ਵਾਸ਼ਿੰਗ ਮਸ਼ੀਨਾਂ, ਕੂਲਰ, ਸੀਲਿੰਗ ਤੇ ਟੇਬਲ ਫੈਨ, ਇਨਵਰਟਰ ਆਦਿ ਇਲੈਕਟ੍ਰਾਨਿਕਸ ਵਸਤਾਂ ਸ਼ਾਮਲ ਹਨ, ਤੋਂ ਇਲਾਵਾ ਵਧੀਆ ਕਿਸਮ ਦੇ ਫਰਨੀਚਰ, ਅਲਮਾਰੀਆਂ ਦੀ ਸੇਲ 'ਤੇ ਭਾਰੀ ਛੋਟ ਦਿੱਤੀ ਜਾ ਰਹੀ ਹੈ, ਜਿਸ ਕਾਰਨ ਗਾਹਕਾਂ ਦਾ ਰੁਝਾਨ ਖਰੀਦੋ ਫਰੋਖਤ ਲਈ ਹਰਮਨ ਇਲੈਕਟ੍ਰਾਨਿਕ ਵੱਲ ਵਹੀਰਾਂ ਘੱਤੀਆਂ ਜਾ ਰਹੀਆਂ ਹਨ। ਹਰਮਨ ਇਲੈਕਟ੍ਰਾਨਿਕਸ ਦੇ ਮੈਨੇਜਿੰਗ ਡਾਇਰੈਕਟਰ ਰਣਜੀਤ ਸਿੰਘ ਥਿੰਦ ਤੇ ਹਰਮਨ ਸਿੰਘ ਥਿੰਦ ਨੇ ਮੁਲਾਕਾਤ ਦੌਰਾਨ ਦੱਸਿਆ ਕਿ ਉਨ੍ਹਾਂ ਦੇ ਸ਼ੋਅਰੂਮ 'ਤੇ ਵੱਖ ਵੱਖ ਪ੍ਰਸਿੱਧ ਕੰਪਨੀਆਂ ਅਟੈਚੀ, ਅਕਾਈ, ਵੋਲਟਾਸ, ਲਲੋਇਡ, ਡੇਕਿਨ, ਓਨੀਡਾ, ਐੱਲ. ਜੀ., ਸੈਮਸੰਗ, ਹੁੰਡਈ, ਹਾਇਰ, ਸਿਗਮਾ ਦੇ ਉਤਪਾਦਾਂ ਲਈ ਗਾਹਕਾਂ ਦੀ ਸਹੂਲਤ ਵਾਸਤੇ ਬਜਾਜ ਫਾਇਨਾਂਸ ਵੱਲੋਂ ਲੋਨ ਸਹੂਲਤ ਦਿੱਤੀ ਜਾ ਰਹੀ ਹੈ, ਜਿਸ ਦੇ ਚਲਦਿਆਂ ਗਾਹਕਾਂ ਦੀ ਭੀੜ ਹਰਮਨ ਇਲੈਕਟ੍ਰਾਨਿਕਸ 'ਤੇ ਦਿਨੋਂ ਦਿਨ ਵਧਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਹਰ ਲੋੜਵੰਦ ਤੇ ਘੱਟ ਆਮਦਨ ਵਾਲੇ ਗਾਹਕ ਨੂੰ ਨਵੀਂ ਤਕਨੀਕ ਦੇ ਉਪਕਰਨ ਮੁਹੱਈਆ ਕਰਵਾਉਣਾ ਹੈ।

## ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਦਸ ਰੋਜ਼ਾ ਐੱਨ ਸੀ ਸੀ ਕੈਂਪ ਸ਼ੁਰੂ



**ਭੀਖੀ (ਗੁਰਿੰਦਰ ਸਿੰਘ ਔਲਖ)**-ਸਥਾਨਕ ਸਰਵਹਿੱਤਕਾਰੀ ਵਿੱਦਿਆ ਮੰਦਰ ਵਿਖੇ ਭਾਰਤੀ ਫੌਜ ਦੇ ਨੇਵਲ ਯੂਨਿਟ ਵੱਲੋਂ ਲਗਾਏ ਜਾ ਰਹੇ ਦਸ ਰੋਜ਼ਾ ਐੱਨ.ਸੀ.ਸੀ. ਕੈਂਪ ਦੀ ਸ਼ੁਰੂਆਤ ਕੀਤੀ ਗਈ। 3 ਪੰਜਾਬ ਨੇਵਲ ਯੂਨਿਟ ਬਠਿੰਡਾ ਵੱਲੋਂ ਇਹ ਸਿਖਲਾਈ ਕੈਂਪ 18 ਜੂਨ ਤੋਂ 27 ਜੂਨ 2025 ਤੱਕ ਸਕੂਲ ਕੈਂਪਸ ਵਿੱਚ ਕੀਤਾ ਜਾ ਰਿਹਾ ਹੈ। ਕੈਂਪ ਦੇ ਪਹਿਲੇ ਦਿਨ ਦੇ ਉਦਘਾਟਨੀ ਸਮਾਰੋਹ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਕੈਂਪ ਕਮਾਡੈਂਟ ਕੈਪਟਨ ਇਸ਼ਰਾਜ ਸਿੰਘ ਕਮਾਂਡਿੰਗ ਅਫਸਰ 3 ਪੰਜਾਬ ਨੇਵਲ ਯੂਨਿਟ ਬਠਿੰਡਾ ਨੇ ਸ਼ਿਰਕਤ ਕੀਤੀ। ਇਸ ਸਮਾਗਮ ਦੀ ਸ਼ੁਰੂਆਤ ਦੀਪ ਜੋਤੀ ਜਲਾ ਕੇ ਤੇ ਸਰਸਵਤੀ ਵੰਦਨਾ ਕਰਕੇ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਕੈਪਟਨ ਇਸ਼ਰਾਜ ਸਿੰਘ ਨੇ ਇਸ ਸਿਖਲਾਈ ਕੈਂਪ ਵਿੱਚ ਹਿੱਸਾ ਲੈ ਰਹੇ ਐੱਨ.ਸੀ.ਸੀ. ਕੈਡਿਟਾਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਇੱਕ ਨਾਗਰਿਕ ਲਈ ਦੇਸ਼ ਦੀ ਸੇਵਾ ਸਰਵਉੱਚ ਧਰਮ ਹੈ। ਭਾਰਤੀ ਫੌਜ ਦੇ ਜਵਾਨ ਦਿਨ-ਰਾਤ ਇੱਕ ਕਰਕੇ, ਆਪਣੀ ਜਾਨ ਤਲੀ ਉੱਤੇ ਰੱਖ ਕੇ ਦੇਸ਼ ਤੇ ਨਾਗਰਿਕਾਂ ਦੀ ਰੱਖਿਆ ਕਰਦੇ ਹਨ। ਵਿਦਿਆਰਥੀਆਂ ਦਾ ਫਰਜ਼ ਬਣਦਾ ਹੈ ਕਿ ਉਹ ਆਪਣਾ ਕਰਤੱਵ ਸਮਝਦੇ ਹੋਏ ਭਵਿੱਖ ਵਿੱਚ ਦੇਸ਼ ਦੀ ਰੱਖਿਆ ਵਿੱਚ ਯੋਗਦਾਨ ਪਾਉਣ। ਫੌਜ ਦੁਬਾਰਾ ਅਜਿਹੇ ਕੈਂਪ ਲਗਾ ਕੇ ਐੱਨ.ਸੀ.ਸੀ. ਕੈਡਿਟਾਂ ਨੂੰ ਸਿਖਲਾਈ ਦਿੱਤੀ ਜਾਂਦੀ ਹੈ ਤਾਂ ਕਿ ਉਹ ਵੀ ਭਵਿੱਖ ਵਿੱਚ ਫੌਜ ਵਿੱਚ ਸ਼ਾਮਲ ਹੋ ਕੇ ਬਿਹਤਰੀਨ ਢੰਗ ਨਾਲ ਦੇਸ਼ ਦੀ ਰੱਖਿਆ ਵਿੱਚ ਆਪਣਾ ਯੋਗਦਾਨ ਦੇ ਸਕਣ। ਇਸ ਸਮੇਂ ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਦੱਸਿਆ ਕਿ ਇਸ ਦਸ ਰੋਜ਼ਾ ਸਿਖਲਾਈ ਕੈਂਪ ਵਿੱਚ ਪੂਰੇ ਪੰਜਾਬ ਵਿੱਚੋਂ ਵੱਖ ਵੱਖ ਸਕੂਲਾਂ ਦੇ ਲਗਭਗ 600 ਕੈਡਿਟ ਹਿੱਸਾ ਲੈ ਰਹੇ ਹਨ। ਇਸ ਕੈਂਪ ਵਿੱਚ 3 ਪੰਜਾਬ ਨੇਵਲ ਯੂਨਿਟ ਬਠਿੰਡਾ ਦੇ ਜਵਾਨਾਂ ਵੱਲੋਂ ਐੱਨ ਸੀ ਸੀ ਕੈਡਿਟਾਂ ਨੂੰ ਡਰਿੱਲ, ਦੇਸ਼ ਦੇ ਵੱਖ-ਵੱਖ ਖੇਤਰਾਂ ਦੀ ਜਾਣਕਾਰੀ, ਆਪਾਤਕਾਲੀਨ ਸਥਿਤੀਆਂ ਨਾਲ ਨਜਿੱਠਣ, ਨੇਵੀ ਦੇ ਵੱਖ-ਵੱਖ ਰੈਂਕਾਂ ਦੀ ਜਾਣਕਾਰੀ, ਵੱਖ-ਵੱਖ ਕਿਸਮਾਂ ਦੇ ਹਥਿਆਰਾਂ ਦੇ ਸੰਚਾਲਨ ਤੇ ਰੱਖ ਰਖਾਅ ਤੇ ਨਿਸ਼ਾਨੇਬਾਜ਼ੀ ਆਦਿ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ।

ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇਜਿੰਦਰਪਾਲ ਜਿੰਦਲ, ਸੀਨੀ: ਮੀਤ ਪ੍ਰਧਾਨ ਪਰਸ਼ੋਤਮ ਗਰਗ, ਪ੍ਰਬੰਧਕ ਅੰਮ੍ਰਿਤ ਲਾਲ, ਮੱਖਣ ਲਾਲ, ਨਰਿੰਦਰ ਸਿੰਘ, ਗੋਬਿੰਦ ਰਾਮ ਸ਼ਰਮਾ, ਰਜਿੰਦਰ ਕੁਮਾਰ, ਤੁਸ਼ਾਰ ਕੁਮਾਰ, ਭੂਸ਼ਣ ਕੁਮਾਰ, ਸ਼੍ਰੀਮਤੀ ਪੱਲਵੀ, ਸੋਮਨਾਥ ਸ਼ਰਮਾ, ਬਿਸ਼ਨੂੰ, ਸਰਬਜੀਤ ਕੌਰ ਆਦਿ ਹਾਜ਼ਰ ਸਨ।

## ਥਾਪਰ ਯੂਨੀਵਰਸਿਟੀ ਵਿਖੇ 21 ਨੂੰ ਮਨਾਇਆ ਜਾਵੇਗਾ ਕੌਮਾਂਤਰੀ ਯੋਗ ਦਿਵਸ

**ਪਟਿਆਲਾ (ਥਿੰਦ)**-21 ਜੂਨ ਨੂੰ ਕੌਮਾਂਤਰੀ ਯੋਗ ਦਿਵਸ 'ਤੇ ਕਰਵਾਇਆ ਜਾਣ ਵਾਲਾ ਜ਼ਿਲ੍ਹਾ ਪੱਧਰੀ ਸਮਾਗਮ ਥਾਪਰ ਯੂਨੀਵਰਸਿਟੀ (ਸਾਹਮਣੇ ਸਪੋਰਟਸ ਆਫ਼ਿਸ, ਗਰਾਊਂਡ) ਵਿਖੇ ਸਵੇਰੇ 5:30 ਵਜੇ ਤੋਂ 7:30 ਵਜੇ ਤੱਕ ਮਨਾਇਆ ਜਾਵੇਗਾ। ਇਸ ਬਾਰੇ ਜਾਣਕਾਰੀ ਦਿੰਦਿਆਂ ਵਧੀਕ ਡਿਪਟੀ ਕਮਿਸ਼ਨਰ (ਜ) ਇਸ਼ਾ ਸਿੰਗਲ ਨੇ ਦੱਸਿਆ ਕਿ ਗਿਆਰਵੇਂ ਕੌਮਾਂਤਰੀ ਯੋਗ ਦਿਵਸ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫ਼ਸਰ, ਖੇਡ, ਸਿੱਖਿਆ, ਪੁਲਸ, ਰੈੱਡ ਕਰਾਸ, ਬਾਗਬਾਨੀ ਵਿਭਾਗ ਨੂੰ ਡਿਊਟੀਆਂ ਸੌਂਪੀਆਂ ਗਈ ਹਨ। ਏ ਡੀ ਸੀ ਨੇ ਦੱਸਿਆ ਕਿ ਅੰਤਰਰਾਸ਼ਟਰੀ ਯੋਗਾ ਦਿਵਸ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ 'ਚ ਵਿਦਿਆਰਥੀਆਂ ਸਮੇਤ ਵੱਡੀ ਗਿਣਤੀ ਖਿਡਾਰੀ ਵੀ ਹਿੱਸਾ ਲੈਣਗੇ। ਉਨ੍ਹਾਂ ਪਟਿਆਲਾ ਵਾਸੀਆਂ ਨੂੰ ਇਸ ਯੋਗ ਦਿਵਸ 'ਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਸਾਨੂੰ ਇਸ ਮੌਜੂਦਾ ਤੇਜ਼ ਰਫ਼ਤਾਰ ਜ਼ਿੰਦਗੀ 'ਚ ਤਣਾਅਗ੍ਰਸਤ ਦਿਮਾਗ ਤੇ ਸਰੀਰ ਨੂੰ ਦਵਾਈਆਂ ਤੋਂ ਬਗੈਰ ਤੰਦਰੁਸਤ ਰੱਖਣ ਲਈ ਯੋਗਾ ਅਪਣਾਉਣਾ ਚਾਹੀਦਾ ਹੈ, ਕਿਉਂਕਿ ਤੰਦਰੁਸਤ ਸਰੀਰ 'ਚ ਹੀ ਤੰਦਰੁਸਤ ਮਨ ਵਾਸ ਕਰਦਾ ਹੈ।

## ਸਾਈਬਰ ਕੈਫੇ ਦੀ ਵਰਤੋਂ ਵੇਲੇ ਪਛਾਣ ਪੱਤਰ ਲੈਣਾ ਜ਼ਰੂਰੀ : ਜ਼ਿਲ੍ਹਾ ਮੈਜਿਸਟ੍ਰੇਟ

**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਮੈਜਿਸਟਰੇਟ ਸ਼੍ਰ. ਕੁਲਵੰਤ ਸਿੰਘ, ਆਈ.ਏ.ਐੱਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਤਹਿਤ ਹੁਕਮ ਜਾਰੀ ਕਰਦਿਆਂ ਜ਼ਿਲ੍ਹੇ ਦੇ ਸਾਈਬਰ ਕੈਫੇ, ਐੱਸ.ਟੀ.ਡੀ. ਤੇ ਪੀ.ਸੀ.ਓ. ਮਾਲਕਾਂ ਨੂੰ ਹਦਾਇਤ ਕੀਤੀ ਹੈ ਕਿ ਅਣਜਾਣ ਵਿਅਕਤੀ ਨੂੰ ਬਿਨਾਂ ਪਹਿਚਾਣ ਪੱਤਰ ਦੇ ਸਾਈਬਰ ਕੈਫੇ, ਐੱਸ. ਟੀ. ਡੀ. ਤੇ ਪੀ. ਸੀ. ਓ. ਆਦਿ ਵਰਤਣ ਦੀ ਇਜਾਜ਼ਤ ਨਾ ਦਿੱਤੀ ਜਾਵੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਇਬਰ ਕੈਫੇ ਦੀ ਵਰਤੋਂ ਕਰਨ ਵਾਲੇ ਹਰੇਕ ਵਿਅਕਤੀ ਦਾ ਰਿਕਾਰਡ ਰੱਖਣ ਲਈ ਰਜਿਸਟਰ ਲਗਾਇਆ ਜਾਵੇ ਤੇ ਹਰੇਕ ਆਉਣ ਵਾਲੇ ਵਿਅਕਤੀ ਲਈ ਜ਼ਰੂਰੀ ਹੋਵੇਗਾ ਕਿ ਉਹ ਆਪਣਾ ਨਾਮ, ਪਤਾ, ਟੈਲੀਫੋਨ ਨੰਬਰ ਸਮੇਤ ਮੰਤਵ ਰਜਿਸਟਰ ਵਿੱਚ ਆਪਣੇ ਹੱਥ ਨਾਲ ਇੰਦਰਾਜ ਕਰਨ ਉਪਰੰਤ ਹਸਤਾਖ਼ਰ ਵੀ ਕਰੇ। ਉਨ੍ਹਾ ਕਿਹਾ ਕਿ ਕੈਫੇ ਦੀ ਵਰਤੋਂ ਕਰਨ ਵਾਲੇ ਵਿਅਕਤੀ ਦੀ ਪਹਿਚਾਣ ਕੈਫੇ ਮਾਲਕ ਵੱਲੋਂ ਉਸ ਦੇ ਪਹਿਚਾਣ ਪੱਤਰ, ਵੋਟਰ ਕਾਰਡ, ਡਰਾਈਵਿੰਗ ਲਾਇਸੰਸ, ਪਾਸਪੋਰਟ ਤੇ ਫੋਟੋ ਕਰੈਡਿਟ ਕਾਰਡ ਨਾਲ ਕੀਤੀ ਜਾਵੇ। ਹੁਕਮ ਅਨੁਸਾਰ ਐਕਟਿਵਟੀ ਸਰਵਰ ਦਾ ਮੁੱਖ ਸਰਵਰ ਵਿੱਚ ਰਿਕਾਰਡ ਘੱਟੋ-ਘੱਟ ਛੇ ਮਹੀਨੇ ਲਈ ਰੱਖਿਆ ਜਾਵੇ। ਕੈਫੇ ਵਿੱਚ ਆਉਣ ਵਾਲੇ ਕਿਸੇ ਵਿਅਕਤੀ 'ਤੇ ਸ਼ੱਕ ਹੋਣ 'ਤੇ ਕੈਫੇ ਮਾਲਕ ਤੁਰੰਤ ਸਬੰਧਤ ਥਾਣੇ ਜਾਂ ਚੌਕੀ ਨੂੰ ਸੂਚਿਤ ਕਰੇ। ਕਿਸੇ ਵੀ ਵਿਅਕਤੀ ਵੱਲੋਂ ਵਰਤੇ ਗਏ ਵਿਸ਼ੇਸ਼ ਕੰਪਿਊਟਰ ਬਾਰੇ ਰਿਕਾਰਡ ਨੂੰ ਸੰਭਾਲ ਕੇ ਰੱਖਣਾ ਵੀ ਲਾਜ਼ਮੀ ਹੋਵੇਗਾ। ਇਹ ਹੁਕਮ 31 ਜੁਲਾਈ 2025 ਤੱਕ ਲਾਗੂ ਰਹੇਗਾ।

## ਸ਼ੇਰਗੜ੍ਹ ਬੇਟ ਵਿਖੇ ਬਾਬਾ ਸੰਤੋਖ ਸਿੰਘ ਦੀ ਯਾਦ 'ਚ ਮੇਲਾ ਤੇ ਭੰਡਾਰਾ ਕਰਵਾਇਆ

### ਵੱਖ-ਵੱਖ ਕਲਾਕਾਰਾਂ ਨੇ ਬੰਨ੍ਹਿਆ ਰੰਗ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੇਟ ਇਲਾਕੇ ਦੇ ਪਿੰਡ ਸ਼ੇਰਗੜ੍ਹ ਬੇਟ-ਸ਼ੇਰਪੁਰ ਬਸਤੀ ਵਿਖੇ ਦਰਗਾਹ ਪੀਰ ਬਾਬਾ ਫਲਾਹੀ ਵਾਲਾ ਵਿਖੇ ਬਾਬਾ ਸੰਤੋਖ ਸਿੰਘ ਦੀ 11ਵੀਂ ਬਰਸੀ 'ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਮੁੱਖ ਸੇਵਾਦਾਰ ਬਾਬਾ ਦੀਪਾ ਜੀ ਦੀ ਅਗਵਾਈ ਵਿੱਚ ਤਿੰਨ ਦਿਨਾ ਮੇਲਾ ਤੇ ਭੰਡਾਰਾ ਕਰਵਾਇਆ ਗਿਆ।

ਮੇਲੇ ਦੇ ਪਹਿਲੇ ਦਿਨ ਪਿੰਡ ਦੇ ਗੁਰਦੁਆਰਾ ਸਾਹਿਬ ਵਿੱਚ ਬਾਬਾ ਸੰਤੋਖ ਸਿੰਘ ਦੀ ਯਾਦ ਵਿੱਚ ਪਾਠ ਦੇ ਭੋਗ ਪਾਏ ਗਏ ਤੇ ਬਾਬਾ ਪਰਮਪ੍ਰੀਤ ਸਿੰਘ ਖਾਲਸਾ ਨੱਥਮੱਲਪੁਰਾ ਵੱਲੋਂ ਸੰਗਤਾਂ ਨੂੰ ਗੁਰਬਾਣੀ ਵਿਚਾਰਾਂ ਨਾਲ ਨਿਹਾਲ ਕੀਤਾ। ਮੇਲੇ ਵਿੱਚ ਬਿੰਦਰ ਕੱਵਾਲ ਹੰਬੋਵਾਲ ਬੇਟ, ਗਾਇਕ ਜੱਸਾ ਫ਼ਤਹਿਪੁਰੀਆ ਨੇ ਸੂਫ਼ੀਆਨਾ ਕਲਾਮ ਸੁਣਾ ਕੇ ਹਾਜ਼ਰੀ ਲਵਾਈ। ਮੇਲੇ ਦੇ ਤੀਜੇ ਦਿਨ ਗਾਇਕ ਹਰਸ਼ ਧੀਰ, ਬਿੱਟੂ ਖੰਨੇਵਾਲਾ ਦੇ ਗੀਤਾਂ ਤੋਂ ਬਾਅਦ ਗਾਇਕ ਪੰਮਾ ਡੂਮੇਵਾਲ ਨੇ 'ਇੱਥੇ ਠੇਕੇ 'ਤੇ ਸ਼ਰਾਬ ਜਿੰਨੀ ਵਿਕਦੀ ਓਨਾ ਨੀਂ ਫਰੂਟ ਵਿਕਦਾ, ਕੋਈ ਵਿਰਲਾ ਹੀ ਹਊ ਗਾਹਕ ਸੱਚ ਦਾ ਹੱਥੋ ਹੱਥੀ ਝੂਠ ਵਿਕਦਾ' ਤੇ 'ਮਹਿਲਾਂ ਵਾਲੇ ਖਾਣ ਗੋਲੀਆਂ ਨੀਂਦ ਦੀਆਂ, ਕੁੱਲੀਆਂ ਵਾਲੇ ਬਿਨਾਂ ਬਿਸਤਰੇ ਸੌਂਦੇ ਦੇਖੇ ਮੈਂ' ਗਾ ਕੇ ਰੰਗ ਬੰਨ੍ਹਿਆ। ਮੇਲੇ ਵਿੱਚ ਉਚੇਚੇ ਤੌਰ 'ਤੇ ਪੁੱਜੇ ਗਾਇਕ ਕਾਂਸ਼ੀਨਾਥ ਨੇ 'ਮਾਛੀਵਾੜਾ ਦੇ ਜੰਗਲ ਵਿੱਚ ਸੌਂ ਗਿਆ ਸਾਰਾ ਪਰਵਾਰ ਵਾਰ ਕੇ', 'ਘਰ ਫੂਕ ਕੇ ਤਮਾਸ਼ਾ ਪੈਂਦਾ ਦੇਖਣਾ ਸੌਖੀ ਨਹੀਂ ਫਕੀਰੀ ਮਿਲਦੀ' ਸਮੇਤ ਅਨੇਕਾਂ ਗੀਤ ਗਾ ਕੇ ਮੇਲੀਆਂ ਨੂੰ ਝੂਮਣ ਲਗਾ ਦਿੱਤਾ। ਮੇਲੇ ਵਿੱਚ ਪੁੱਜੇ ਕਲਾਕਾਰਾਂ ਨੂੰ ਮੁੱਖ ਸੇਵਾਦਾਰ ਬਾਬਾ ਦੀਪਾ ਜੀ ਤੇ ਪ੍ਰਬੰਧਕ ਕਮੇਟੀ ਵੱਲੋਂ ਨਗਦ ਰਾਸ਼ੀ ਤੇ ਲੋਈਆਂ ਭੇਟ ਕਰਕੇ ਸਨਮਾਨਤ ਕੀਤਾ ਗਿਆ। ਮੇਲੇ ਦੇ ਅਖੀਰ 'ਚ ਬਾਬਾ ਦੀਪਾ ਜੀ ਨੇ ਆਈ ਸੰਗਤ ਦਾ ਧੰਨਵਾਦ ਕੀਤਾ। ਆਈਆਂ ਸੰਗਤਾਂ ਲਈ ਤਿੰਨੋਂ ਦਿਨ ਠੰਢੇ-ਮਿੱਠੇ ਜਲ ਦੀ ਛਬੀਲ ਤੇ ਅਤੁੱਟ ਲੰਗਰ ਵਰਤਾਏ ਗਏ।

## ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਏ ਡੀ ਸੀ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੰਭਾਵੀ ਹੜ੍ਹਾਂ ਦੀ ਸਥਿਤੀ ਨਾਲ ਨਜਿੱਠਣ ਲਈ ਡਿਪਟੀ ਕਮਿਸ਼ਨਰ ਦੀਪਸ਼ਿਖ਼ਾ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਵਧੀਕ ਡਿਪਟੀ ਕਮਿਸ਼ਨਰ (ਜ) ਦਮਨਜੀਤ ਸਿੰਘ ਮਾਨ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਡਰੇਨੇਜ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਡਰੇਨਾਂ ਅਤੇ ਨਾਲਿਆਂ ਦੀ ਸਫਾਈ ਮੁਕੰਮਲ ਤਰੀਕੇ ਨਾਲ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਉਕਤ ਕੰਮ ਜੇਕਰ ਸਮੇਂ ਸਿਰ ਮੁਕੰਮਲ ਕੀਤਾ ਜਾਵੇ ਤਾਂ ਹੜ੍ਹਾਂ ਨਾਲ ਹੋਣ ਵਾਲਾ ਵੱਡਾ ਖ਼ਤਰਾ ਟਾਲਿਆ ਜਾ ਸਕਦਾ ਹੈ। ਉਨ੍ਹਾਂ ਐਕਸੀਅਨ ਡਰੇਨਜ਼ ਨੂੰ ਹਦਾਇਤ ਕੀਤੀ ਕਿ ਉਹ ਧੁੱਸੀ ਬੰਨ੍ਹ ਤੇ ਐਡਵਾਂਸ ਬੰਨ੍ਹ ਨਾਲ ਲੱਗਦੇ ਸੰਵੇਦਨਸ਼ੀਲ ਸਥਾਨਾਂ 'ਤੇ ਚੱਲ ਰਹੇ ਹੜ੍ਹ ਰੋਕੂ ਕੰਮਾਂ ਨੂੰ ਮੁਕੰਮਲ ਕਰਨ ਅਤੇ ਡਰੇਨਾਂ ਦੀ ਸਫਾਈ ਨੂੰ ਹਰ ਹਾਲ ਵਿੱਚ ਯਕੀਨੀ ਬਣਾਇਆ ਜਾਵੇ। ਉਨ੍ਹਾਂ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੜਕਾਂ ਦੀ ਮੁਰੰਮਤ ਦਾ ਕੰਮ ਪੂਰਾ ਕੀਤਾ ਜਾਵੇ ਅਤੇ ਪੁਲੀਆਂ ਹੇਠੋਂ ਸਫਾਈ ਯਕੀਨੀ ਬਣਾਈ ਜਾਵੇ। ਸਿਹਤ ਵਿਭਾਗ ਨੂੰ ਨਿਰਦੇਸ਼ ਦਿੰਦਿਆਂ ਉਨ੍ਹਾਂ ਕਿਹਾ ਕਿ ਹੜ੍ਹਾਂ ਦੇ ਸੀਜ਼ਨ ਵਿੱਚ ਲੋੜੀਂਦੀਆਂ ਦਵਾਈਆਂ ਦੇ ਇੰਤਜ਼ਾਮ ਪੁਖਤਾ ਕੀਤੇ ਜਾਣ। ਇਸ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ ਵੱਲੋਂ ਮੀਟਿੰਗ ਵਿੱਚ ਪੁਲਸ, ਟਰਾਂਸਪੋਰਟ, ਹੋਮਗਾਰਡਜ਼, ਖ਼ੁਰਾਕ ਅਤੇ ਸਿਵਲ ਸਪਲਾਈ ਵਿਭਾਗ, ਲੋਕ ਨਿਰਮਾਣ ਵਿਭਾਗ, ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਪਸ਼ੂ ਪਾਲਣ ਵਿਭਾਗ, ਰੈੱਡ ਕ੍ਰਾਸ ਸੋਸਾਇਟੀ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਬਾਰੇ ਜਾਣੂ ਕਰਵਾਇਆ ਗਿਆ ਅਤੇ ਹੜ੍ਹ ਪ੍ਰਬੰਧਨ ਦੀਆਂ ਤਿਆਰੀਆਂ ਨੂੰ ਤਰਜੀਹ ਦੇਣ ਲਈ ਕਿਹਾ ਗਿਆ। ਬੀ ਡੀ ਪੀ ਓਜ਼ ਨੂੰ ਪੇਂਡੂ ਖੇਤਰਾਂ ਵਿਚ ਰਾਹਤ ਕਾਰਜਾਂ ਨੂੰ ਚਲਾਉਣ ਵਿਚ ਸਰਗਰਮ ਭੂਮਿਕਾ ਨਿਭਾਉਣ ਲਈ ਕਿਹਾ ਗਿਆ। ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਨੂੰ ਲੋੜ ਪੈਣ 'ਤੇ ਹੜ੍ਹ ਪ੍ਰਭਾਵਿਤ ਪਰਵਾਰਾਂ ਨੂੰ ਜ਼ਰੂਰੀ ਖਾਣ-ਪੀਣ ਦੀਆਂ ਵਸਤਾਂ ਅਤੇ ਹੋਰ ਜ਼ਰੂਰੀ ਸਾਮਾਨ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ। ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨੂੰ ਸਾਫ਼ ਪੀਣ ਵਾਲੇ ਪਾਣੀ ਅਤੇ ਸੈਨੀਟੇਸ਼ਨ ਨੂੰ ਯਕੀਨੀ ਬਣਾਉਣ ਲਈ ਕਿਹਾ ਗਿਆ। ਇਸੇ ਤਰ੍ਹਾਂ ਪਸ਼ੂ ਪਾਲਣ ਵਿਭਾਗ ਨੂੰ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਪਸ਼ੂਆਂ ਦੀ ਸੁਰੱਖਿਆ, ਸਿਹਤ ਸੇਵਾਵਾਂ ਅਤੇ ਚਾਰੇ ਦੀ ਉਪਲਬੱਧਤਾ ਨੂੰ ਯਕੀਨੀ ਬਣਾਉਣ ਲਈ ਕਿਹਾ ਗਿਆ, ਜਦੋਂ ਕਿ ਰੈੱਡ ਕ੍ਰਾਸ ਸੋਸਾਇਟੀ ਨੂੰ ਰਾਹਤ ਕਾਰਜਾਂ ਵਿਚ ਸਰਗਰਮੀ ਨਾਲ ਸਹਿਯੋਗ ਕਰਨ ਅਤੇ ਲੋੜਵੰਦਾਂ ਦੀ ਮਦਦ ਲਈ ਐਨ.ਜੀ.ਓਜ਼ ਅਤੇ ਹੋਰ ਸਮਾਜ ਸੇਵੀ ਸੰਸਥਾਵਾਂ ਨਾਲ ਰਾਬਤਾ ਰੱਖਣ ਲਈ ਕਿਹਾ। ਮੀਟਿੰਗ ਵਿਚ ਐੱਸ ਡੀ ਐੱਮ ਫ਼ਿਰੋਜ਼ਪੁਰ/ਜ਼ੀਰਾ ਗੁਰਮੀਤ ਸਿੰਘ ਮਾਨ, ਐੱਸ ਡੀ ਐੱਮ ਗੁਰੂਹਰਸਹਾਏ ਉਦੇਦੀਪ ਸਿੰਘ ਸਿੱਧੂ, ਡੀ ਆਰ ਓ ਮੇਜਰ ਗੁਰਜਿੰਦਰ ਸਿੰਘ ਬੈਨੀਪਾਲ, ਐੱਸ ਪੀ ਨਵੀਨ ਕੁਮਾਰ ਸਮੇਤ ਹੋਰਨਾਂ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

## ਨਸ਼ੀਲੇ 330 ਕੈਪਸੂਲਾਂ ਤੇ ਗੋਲੀਆਂ ਸਮੇਤ ਕਾਬੂ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਥਾਣਾ ਮਹਿਲ ਕਲਾਂ ਦੀ ਪੁਲਸ ਨੇ ਨਾਕਾਬੰਦੀ ਦੌਰਾਨ ਇੱਕ ਨੌਜਵਾਨ ਨੂੰ ਨਸ਼ੀਲੇ ਕੈਪਸੂਲਾਂ ਤੇ ਗੋਲੀਆਂ ਸਮੇਤ ਕਾਬੂ ਕੀਤਾ ਹੈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁੱਖ ਅਫ਼ਸਰ ਕਿਰਨਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ ਤਹਿਤ ਏ.ਐੱਸ.ਆਈ. ਕੁਲਦੀਪ ਸਿੰਘ ਦੀ ਦੇਖ-ਰੇਖ ਹੇਠ ਪੁਲਸ ਪਾਰਟੀ ਵੱਲੋਂ ਮਹਿਲ ਕਲਾਂ ਤੋਂ ਕਲਾਲ ਮਾਜਰਾ ਨੂੰ ਜਾਂਦੀ ਲਿੰਕ ਸੜਕ 'ਤੇ ਕੀਤੀ ਨਾਕਾਬੰਦੀ ਦੌਰਾਨ ਇੱਕ ਨੌਜਵਾਨ ਪੈਦਲ ਤੁਰਿਆ ਆਉਂਦਾ ਵੇਖਿਆ, ਜਦੋਂ ਰੋਕ ਕੇ ਉਸ ਦੀ ਤਲਾਸ਼ੀ ਕੀਤੀ ਤਾਂ ਉਸ ਕੋਲੋਂ 50 ਨਸ਼ੀਲੀਆਂ ਗੋਲੀਆਂ (ਖੁੱਲ੍ਹੀਆਂ) ਤੇ 22 ਪੱਤਿਆਂ ਵਿੱਚੋਂ 330 ਕੈਪਸੂਲ ਬਰਾਮਦ ਹੋਏ। ਮੌਕੇ 'ਤੇ ਗ੍ਰਿਫ਼ਤਾਰ ਕੀਤੇ ਗਏ ਨੌਜਵਾਨ ਦੀ ਪਛਾਣ ਮਨਪ੍ਰੀਤ ਸਿੰਘ ਮਨੀ ਵਾਸੀ ਝੋਰੜਾਂ ਵਜੋਂ ਹੋਈ ਹੈ। ਪੁਲਸ ਥਾਣਾ ਮਹਿਲ ਕਲਾਂ ਵਿਖੇ ਉਸ ਵਿਰੁੱਧ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

## ਮੀਂਹ ਦੇ ਪਾਣੀ ਦੀ ਨਿਕਾਸੀ ਲਈ ਸਰਕਾਰ ਨੇ ਨਹੀਂ ਕਰਵਾਈ ਡਰੇਨਾਂ ਦੀ ਸਫਾਈ : ਬੇਅੰਤ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੌਸਮ ਵਿਭਾਗ ਵੱਲੋਂ ਝੋਨੇ ਦੇ ਸੀਜ਼ਨ ਵਿੱਚ ਇਸ ਵਾਰ ਲਗਾਤਾਰ ਮੀਂਹ ਪੈਣ ਦੀ ਚੇਤਾਵਨੀ ਦਿੱਤੀ ਜਾ ਰਹੀ ਹੈ, ਪ੍ਰੰਤੂ ਉੱਥੇ ਹੀ ਬਲਾਕ ਨਿਹਾਲ ਸਿੰਘ ਵਾਲਾ ਦੀਆਂ ਜਿੰਨੀਆਂ ਵੀ ਡਰੇਨਾਂ ਮੀਂਹ ਦੇ ਪਾਣੀ ਦੇ ਨਿਕਾਸ ਲਈ ਬਣਾਈਆਂ ਗਈਆਂ ਹਨ, ਅੱਜ ਉਹ ਡਰੇਨਾਂ ਦੀ ਸਫ਼ਾਈ ਵੱਲ ਪੰਜਾਬ ਸਰਕਾਰ ਦਾ ਕੋਈ ਵੀ ਧਿਆਨ ਨਹੀਂ। ਡਰੇਨਾਂ ਦੀ ਸਫ਼ਾਈ ਨੂੰ ਲੈ ਕੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਆਗੂ ਤੇ ਬਲਾਕ ਪ੍ਰਧਾਨ ਬੇਅੰਤ ਸਿੰਘ ਮੱਲੇਆਣਾ, ਬਲਾਕ ਸਕੱਤਰ ਜਗਸੀਰ ਸਿੰਘ ਮਾਛੀਕੇ, ਬਲਾਕ ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਲੋਪੋ, ਬਲਾਕ ਮੀਤ ਪ੍ਰਧਾਨ ਬਲਦੇਵ ਸਿੰਘ ਭੰਗੂ ਬੱਧਨੀ ਕਲਾਂ, ਬਲਾਕ ਖਜ਼ਾਨਚੀ ਬਲਕਰਨ ਸਿੰਘ ਮੱਲੇਆਣਾ ਤੇ ਬਲਾਕ ਆਗੂ ਛਿੰਦਰ ਸਿੰਘ ਮੱਲੇਆਣਾ ਆਦਿ ਆਗੂਆਂ ਨੇ ਦੱਸਿਆ ਕਿ ਬਲਾਕ ਨਿਹਾਲ ਸਿੰਘ ਵਾਲਾ ਤੇ ਮੋਗਾ ਜ਼ਿਲ੍ਹੇ ਦੀਆਂ ਜਿੰਨੀਆਂ ਵੀ ਡਰੇਨਾਂ ਹਨ, ਸਾਰੀ ਵੇਲ ਬੂਟੀ ਤੇ ਘਾਹ-ਫੂਸ ਨਾਲ ਭਰ ਚੁੱਕੀਆਂ ਹਨ, ਪਰ ਪੰਜਾਬ ਸਰਕਾਰ ਇਸ ਪਾਸੇ ਕੋਈ ਧਿਆਨ ਨਹੀਂ ਦੇ ਰਹੀ, ਜਦੋਂਕਿ ਮੌਸਮ ਵਿਭਾਗ ਇਸ ਝੋਨੇ ਦੇ ਸੀਜ਼ਨ ਦੌਰਾਨ ਵੱਡੀ ਪੱਧਰ 'ਤੇ ਮੀਂਹਾਂ ਦੀ ਚੇਤਾਵਨੀ ਦੇ ਚੁੱਕਿਆ ਹੈ। ਇਸ ਲਈ ਝੋਨੇ ਦੇ ਸੀਜ਼ਨ ਤੋਂ ਪਹਿਲਾਂ ਡਰੇਨਾਂ ਦੀ ਸਫ਼ਾਈ ਜ਼ਰੂਰੀ ਸੀ, ਜਿਸ ਕਾਰਨ ਡਰੇਨਾਂ ਦਾ ਮੀਂਹ ਦੇ ਪਾਣੀ ਨਾਲ ਓਵਰ ਫਲੋਅ ਹੋਣਾ ਲਾਜ਼ਮੀ ਹੈ, ਕਿਉਂਕਿ ਸਫ਼ਾਈ ਵੱਲ ਸਰਕਾਰ ਦਾ ਕੋਈ ਧਿਆਨ ਨਹੀਂ ਤੇ ਡਰੇਨਾਂ ਨਾਲ ਲੱਗਣ ਵਾਲੀ ਹਜ਼ਾਰਾਂ ਏਕੜ ਝੋਨੇ ਦੀ ਫਸਲ ਦਾ ਨੁਕਸਾਨ ਹੋ ਸਕਦਾ ਹੈ। ਇਸ ਲਈ ਕਿਰਤੀ ਕਿਸਾਨ ਯੂਨੀਅਨ ਵੱਲੋਂ ਪੰਜਾਬ ਸਰਕਾਰ ਨੂੰ ਰਹਿੰਦੇ ਸਮੇਂ ਦੌਰਾਨ ਡਰੇਨਾਂ ਦੀ ਸਫ਼ਾਈ ਵੱਲ ਧਿਆਨ ਦੇਣਾ ਚਾਹੀਦਾ ਹੈ ਤੇ ਇਹ ਡਰੇਨਾਂ ਦੀ ਸਫ਼ਾਈ ਸਮੇਂ ਸਿਰ ਲਾਜ਼ਮੀ ਕਰਵਾਉਣੀ ਚਾਹੀਦੀ ਹੈ।

## ਤਨਖਾਹ ਨਾ ਮਿਲਣ 'ਤੇ ਮਨਰੇਗਾ ਕਰਮਚਾਰੀਆਂ ਵੱਲੋਂ ਕਲਮ ਛੋੜ ਹੜਤਾਲ, ਬੀ ਡੀ ਪੀ ਓ ਨੂੰ ਸੌਂਪਿਆ ਮੰਗ ਪੱਤਰ



**ਦੋਰਾਹਾ (ਹਰਮਿੰਦਰ ਸੇਠ)**-ਚਾਰ ਮਹੀਨੇ ਤੋਂ ਤਨਖਾਹਾਂ ਨਾ ਮਿਲਣ ਕਰਕੇ ਮਨਰੇਗਾ ਕਰਮਚਾਰੀਆਂ ਨੇ ਅਣਮਿੱਥੇ ਸਮੇਂ ਲਈ ਕਲਮ ਛੋੜ ਹੜਤਾਲ ਕਰ ਦਿੱਤੀ ਹੈ ਤੇ ਬੀਡੀਪੀਓ ਨੂੰ ਮੰਗ ਪੱਤਰ ਵੀ ਦਿੱਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੰਦੀਪ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਪਿਛਲੇ ਚਾਰ ਮਹੀਨੇ ਤੋਂ ਤਨਖਾਹ ਨਾ ਮਿਲਣ ਕਰਕੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਚੱਲ ਰਹੇ ਮਨਰੇਗਾ ਕਰਮਚਾਰੀ ਸਰਕਾਰ ਤੋਂ ਬਹੁਤ ਪ੍ਰੇਸ਼ਾਨ ਹਨ, ਕਿਉਂਕਿ ਸਰਕਾਰ ਵੱਲੋਂ ਨਰੇਗਾ ਕਰਮਚਾਰੀ ਨੂੰ ਪੱਕੇ ਕਰਨਾ ਤਾਂ ਦੂਰ ਦੀ ਗੱਲ ਤਨਖਾਹਾਂ ਵੀ ਨਹੀਂ ਦਿੱਤੀਆਂ ਜਾ ਰਹੀਆਂ, ਇਸ ਕਰਕੇ ਘਰਾਂ ਦੇ ਚੁੱਲ੍ਹੇ ਵੀ ਠੰਡੇ ਹੋ ਗਏ ਹਨ, ਮਜਬੂਰ ਹੋ ਕੇ ਕਲਮ ਛੋੜ ਹੜਤਾਲ ਦਾ ਫੈਸਲਾ ਲੈਣਾ ਪਿਆ ਅਤੇ ਪਿੰਡਾਂ ਵਿੱਚ ਕੰਮ ਕਰਦੀ ਲੇਬਰ ਦੀ ਮਜ਼ਦੂਰੀ ਵੀ ਪਿਛਲੇ ਚਾਰ ਮਹੀਨੇ ਤੋਂ ਨਹੀਂ ਪਈ, ਜਦੋਂਕਿ ਤਿੰਨ ਮਹੀਨੇ ਦਾ ਰੁਜ਼ਗਾਰ ਦੇਣਾ ਹੁੰਦਾ ਹੈ। ਇਸ ਕਰਕੇ ਪਿੰਡਾਂ ਦੀ ਲੇਬਰ ਵੀ ਡਾਢੀ ਪ੍ਰੇਸ਼ਾਨ ਹੈ, ਜੋ ਕਿ ਸਰਕਾਰ ਨੂੰ ਘੇਰਨ ਦੇ ਰੌਂਅ ਵਿੱਚ ਹੈ। ਇਸ ਮੌਕੇ ਸ੍ਰੀ ਈਸ਼ਵਰਪਾਲ ਸਿੰਘ ਸੀਨੀਅਰ ਮੀਤ ਪ੍ਰਧਾਨ ਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਬਲਾਕ ਦੋਰਾਹਾ ਦਾ ਸਮੂਹ ਸਟਾਫ, ਏਪੀਓ ਸੋਨੀਆ ਵੈਦ, ਦੀਪਕ ਭਾਟੀਆ, ਅਕਾਊਂਟੈਂਟ ਮਨਜੀਤ ਸਿੰਘ. ਸੀਏ ਹਰਵਿੰਦਰਜੀਤ ਸਿੰਘ, ਜੋਰਜੀਅਨ, ਮੁਕੇਸ਼ ਕੁਮਾਰ, ਜਸਵਿੰਦਰ ਸਿੰਘ ਤੇ ਗੁਰਪ੍ਰੀਤ ਸਿੰਘ ਲਾਡੀ ਬਲਾਕ ਪ੍ਰਧਾਨ ਦੋਰਾਹਾ ਸਮੇਤ ਸਮੁੱਚੇ ਸਟਾਫ ਨੇ ਬੀਡੀਪੀਓ ਨੂੰ ਮੰਗ ਪੱਤਰ ਦਿੱਤਾ।

## ਝੋਨੇ ਦੀ ਸਿੱਧੀ ਬਿਜਾਈ ਤੇ ਸਾਉਣੀ ਦੀਆਂ ਫ਼ਸਲਾਂ ਸਬੰਧੀ ਕਿਸਾਨ ਸਿਖਲਾਈ ਕੈਂਪ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮੁੱਖ ਖੇਤੀਬਾੜੀ ਅਫ਼ਸਰ ਡਾ. ਜਗਸੀਰ ਸਿੰਘ ਦੀ ਅਗਵਾਈ ਹੇਠ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਮਹਿਲ ਕਲਾਂ ਵੱਲੋਂ ਪਿੰਡ ਕੁਰੜ ਵਿੱਚ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਪਿੰਡ ਪੱਧਰ 'ਤੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਅਮਨਦੀਪ ਕੌਰ ਸਹਾਇਕ ਪ੍ਰੋਫੈਸਰ ਫਾਰਮ ਸਲਾਹਕਾਰ ਕੇਂਦਰ ਬਰਨਾਲਾ ਨੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਤੇ ਸਾਉਣੀ ਦੀਆਂ ਫਸਲਾਂ ਸਬੰਧੀ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਸ੍ਰੀ ਸਨਵਿੰਦਰਪਾਲ ਸਿੰਘ ਬਰਾੜ ਬਲਾਕ ਤਕਨੀਕੀ ਮੈਨੇਜਰ ਮਹਿਲ ਕਲਾਂ ਨੇ ਕਿਸਾਨਾਂ ਨੂੰ ਦਾਲਾਂ ਦੀ ਪ੍ਰੋਸੈਸਿੰਗ ਕਰਨ ਸਬੰਧੀ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਕਿਸਾਨਾਂ ਨੂੰ ਘਰ ਵਿੱਚ ਵਰਤੇ ਜਾਣ ਵਾਲੇ ਖਾਣ ਵਾਲੀਆਂ ਵਸਤੂਆਂ ਆਪਣੇ ਹੀ ਖੇਤਾਂ ਵਿੱਚ ਜੈਵਿਕ ਖੇਤੀ ਰਾਹੀਂ ਪੈਦਾ ਕਰਨ ਲਈ ਪ੍ਰੇਰਿਆ। ਇਸ ਮੌਕੇ ਉਨ੍ਹਾਂ ਵੱਲੋਂ ਪੰਜਾਬ ਸਰਕਾਰ ਦੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣ ਲਈ ਖੇਤੀਬਾੜੀ-ਸਹਾਇਕ ਧੰਦੇ, ਜਿਵੇਂ ਕਿ ਬੱਕਰੀ-ਪਾਲਣ, ਡੇਅਰੀ-ਪਾਲਣ, ਅਪਣਾਉਣ ਲਈ ਜਾਣਕਾਰੀ ਦਿੱਤੀ। ਸ੍ਰੀ ਹਰਪਾਲ ਸਿੰਘ ਏ.ਐੱਸ.ਆਈ. ਨੇ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਸਬੰਧੀ ਪੋਰਟਲ ਜਾਰੀ ਕੀਤਾ ਗਿਆ ਹੈ, ਇਸ ਵਿੱਚ ਕਿਸਾਨ ਆਪਣੀ ਡੀਟੇਲ ਰਜਿਸਟਰ ਕਰਨ ਤੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਖੇਤੀਬਾੜੀ ਵਿਭਾਗ ਦਾ ਸਾਥ ਦੇਣ। ਇਸ ਮੌਕੇ ਕੁਲਵੀਰ ਸਿੰਘ ਮਾਨ ਏ.ਟੀ.ਐੱਮ. ਨੇ ਕਿਸਾਨਾਂ ਨੂੰ ਆਤਮਾ ਪ੍ਰੋਜੈਕਟ ਵਿੱਚ ਚੱਲ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣੂ ਕਰਵਾਇਆ। ਇਸ ਦੌਰਾਨ ਹਰਪਿੰਦਰ ਸਿੰਘ ਸੈਕਟਰੀ, ਕੁਲਦੀਪ ਸਿੰਘ ਬੇਲਦਾਰ ਤੋਂ ਇਲਾਵਾ ਕਿਸਾਨ ਸੁਖਵੀਰ ਸਿੰਘ, ਮਨਪ੍ਰੀਤ ਸਿੰਘ, ਗੁਰਤੇਜ ਸਿੰਘ, ਬਲਜੀਤ ਸਿੰਘ ਆਦਿ ਹਾਜ਼ਰ ਸਨ।

## ਡੀ ਐੱਮ ਗਰੁੱਪ ਵੱਲੋਂ ਕੇਸ਼ਵ ਮਿੱਤਲ ਦਾ ਸੋਨ ਤਮਗੇ ਨਾਲ ਸਨਮਾਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਡੀ ਐੱਮ ਗਰੁੱਪ ਕਰਾੜਵਾਲਾ ਵਿੱਦਿਅਕ ਸੰਸਥਾ ਦੇ ਇੱਕ ਹੋਰ ਵਿਦਿਆਰਥੀ ਕੇਸ਼ਵ ਮਿੱਤਲ ਨੇ ਨਵਾਂ ਕੀਰਤੀਮਾਨ ਸਿਰਜਦਿਆਂ ਨੈਸ਼ਨਲ ਟੈਸਟਿੰਗ ਏਜੰਸੀ ਨੀਟ 2025 ਮੁਤਾਬਕ ਪੰਜਾਬ 'ਚੋਂ ਪਹਿਲਾ ਸਥਾਨ ਤੇ ਆਲ ਇੰਡੀਆ 'ਚੋਂ ਸੱਤਵਾਂ ਸਥਾਨ ਹਾਸਲ ਕਰਕੇ ਅੱਵਲ ਰਹਿਣ ਦਾ ਤਾਜ਼ ਆਪਣੇ ਸਿਰ ਸਜਾਉਣ 'ਚ ਕਾਮਯਾਬੀ ਹਾਸਲ ਕੀਤੀ ਹੈ। ਵਿਦਿਆਰਥੀ ਕੇਸ਼ਵ ਦੀ ਇਸ ਕਾਮਯਾਬੀ 'ਤੇ ਜਿੱਥੇ ਉਨ੍ਹਾਂ ਦੇ ਪਿਤਾ ਡਾਕਟਰ ਪ੍ਰਬੋਧ ਮਿੱਤਲ, ਮਾਤਾ ਸੁਨੀਤਾ ਮਿੱਤਲ ਤੋਂ ਇਲਾਵਾ ਖਾਸ ਕਰਕੇ ਉਨ੍ਹਾਂ ਦੇ ਦਾਦੀ ਜੀ ਸ਼ਾਰਦਾ ਮਿੱਤਲ ਦਾ ਚਾਅ ਨਹੀਂ ਝੱਲਿਆ ਜਾ ਰਿਹਾ, ਉੱਥੇ ਹੀ ਡੀ ਐੱਮ ਗਰੁੱਪ ਆਫ ਇੰਸਟੀਟਿਊਸ਼ਨ ਦੇ ਵਿਹੜੇ ਵਿੱਚ ਆਪਣੇ ਹੋਣਹਾਰ ਵਿਦਿਆਰਥੀ ਦੀ ਇਸ ਪ੍ਰਾਪਤੀ 'ਤੇ ਬਾਗੋ ਬਾਗ ਹੁੰਦਿਆਂ ਡੀ ਐੱਮ ਗਰੁੱਪ ਦੇ ਚੇਅਰਮੈਨ ਇੰਜੀ. ਅਵਤਾਰ ਸਿੰਘ ਢਿੱਲੋਂ ਨੇ ਕਿਹਾ ਕਿ ਭਾਵੇਂ ਸੰਸਥਾ ਦੇ ਵਿਦਿਆਰਥੀਆਂ ਦੀਆਂ ਦਿਨੋਂ ਦਿਨ ਕੀਤੀਆਂ ਜਾਣ ਵਾਲੀਆਂ ਪ੍ਰਾਪਤੀਆਂ ਦਾ ਸਿਲਸਿਲਾ ਕੋਈ ਨਵਾਂ ਨਹੀਂ ਹੈ, ਕਿਉਂਕਿ ਅਜੇ ਪਿਛਲੇ ਹੀ ਸਾਲ ਵਿਦਿਆਰਥੀ ਅਨੀਰੁਧ ਕਾਂਤ ਗਰਗ ਨੇ ਨੈਸ਼ਨਲ ਟੈਸਟਿੰਗ ਏਜੰਸੀ ਦੇ ਜੇ ਈ ਈ ਮੇਨ-1 ਦੀ ਪ੍ਰੀਖਿਆ ਵਿੱਚੋਂ 99.99% ਅੰਕ ਪ੍ਰਾਪਤ ਕਰਕੇ ਪੰਜਾਬ ਭਰ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ ਸੀ, ਇਹ ਸ਼ਾਨਾਮੱਤੀ ਇਤਿਹਾਸ ਨੂੰ ਦੁਹਰਾਉਂਦਿਆਂ ਵਿਦਿਆਰਥੀ ਕੇਸ਼ਵ ਨੇ ਸਖ਼ਤ ਮੁਕਾਬਲੇ ਦੀ ਪ੍ਰੀਖਿਆ ਵਿੱਚੋਂ ਔਖਾ ਮੀਲ ਪੱਥਰ ਸਰ ਕੀਤਾ ਹੈ। ਉਨ੍ਹਾਂ ਕਿਹਾ ਕਿ ਕੇਸ਼ਵ ਮਿੱਤਲ ਜਿਹੇ ਹੀਰੇ ਜਿੱਥੇ ਹੋਰਨਾਂ ਵਿਦਿਆਰਥੀਆਂ ਦਾ ਮਾਰਗ ਦਰਸ਼ਨ ਕਰਦੇ ਹਨ, ਉੱਥੇ ਹੀ ਉਨ੍ਹਾਂ ਲਈ ਰੋਲ ਮਾਡਲ ਦੀ ਭੂਮਿਕਾ ਵੀ ਨਿਭਾਉਂਦੇ ਹਨ। ਇਸ ਤੋਂ ਇਲਾਵਾ ਸਕੂਲ ਦੀਆਂ ਵਿਦਿਆਰਥਣਾਂ ਆਕ੍ਰਿਤੀ ਗੋਇਲ ਪਿਤਾ ਅਮਿਤ ਕੁਮਾਰ ਤੇ ਰੁਪਿੰਦਰ ਕੌਰ ਪਿਤਾ ਦਰਸ਼ਨ ਸਿੰਘ ਵਾਸੀ ਕਰਾੜਵਾਲਾ ਨੇ ਵੀ ਨੀਟ ਦੀ ਪ੍ਰੀਖਿਆ ਨੂੰ ਚੰਗੇ ਅੰਕਾਂ ਨਾਲ ਪਾਸ ਕੀਤਾ। ਇੰਜੀ. ਢਿੱਲੋਂ ਨੇ ਕਿਹਾ ਕਿ ਅਸੀਂ ਮੁਕਾਬਲੇ ਦੀਆਂ ਉੱਚ ਪੱਧਰੀ ਪ੍ਰੀਖਿਆਵਾਂ ਲਈ ਹੋਰ ਬਿਹਤਰ ਤੇ ਆਧੁਨਿਕ ਯੋਜਨਾਵਾਂ 'ਤੇ ਕੰਮ ਕਰ ਰਹੇ ਹਾਂ ਤਾਂ ਜੋ ਸਾਡੇ ਵਿਦਿਆਰਥੀ ਸਿਵਲ ਤੇ ਸੁਰੱਖਿਆ ਫੋਰਸਾਂ ਵਿੱਚ ਉੱਚ ਅਹੁਦਿਆਂ 'ਤੇ ਬਿਰਾਜ਼ਮਾਨ ਹੋ ਕੇ ਮਨੁੱਖਤਾ ਦੀ ਭਲਾਈ ਵਾਸਤੇ ਆਪਣਾ ਯੋਗਦਾਨ ਪਾ ਸਕਣ ਤੇ ਇਲਾਕੇ ਲਈ ਚਾਨਣ ਮੁਨਾਰਾ ਬਣ ਕੇ ਮਾਪਿਆਂ ਸਣੇ ਵਿੱਦਿਅਕ ਸੰਸਥਾਵਾਂ ਦਾ ਨਾਮ ਵੀ ਰੌਸ਼ਨ ਕਰਨ ਅਤੇ ਅਖੀਰ ਵਿੱਚ ਉਨ੍ਹਾਂ ਨੇ ਮੌਕੇ 'ਤੇ ਹਾਜ਼ਰ ਸਕੂਲ ਦੇ ਪ੍ਰਿੰਸੀਪਲ ਸੰਬੰਧਤ ਸਟਾਫ ਤੇ ਸਾਰੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਮੁਬਾਰਕਬਾਦ ਦਿੱਤੀ।

## ਸੈਣੀ ਗਰੁੱਪ ਦੇ ਸਾਥੀ ਪੀ ਡਬਲਯੂ ਡੀ ਯੂਨੀਅਨ 'ਚ ਸ਼ਾਮਲ



**ਲਹਿਰਾਗਾਗਾ (ਪਵਨ ਸ਼ਰਮਾ)**-ਪੀ ਡਬਲਯੂ ਡੀ ਫੀਲਡ ਵਰਕਰਜ਼ ਯੂਨੀਅਨ ਬਰਾਂਚ ਲਹਿਰਾ-ਮੂਨਕ ਨੂੰ ਉਸ ਸਮੇਂ ਹੁਲਾਰਾ ਮਿਲਿਆ, ਜਦੋਂ ਸੈਣੀ ਗਰੁੱਪ ਦੇ ਸਾਥੀਆਂ ਨੇ ਜਥੇਬੰਦੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਜਥੇਬੰਦੀ ਵਿੱਚ ਸ਼ਾਮਲ ਹੋਏ ਸਾਥੀਆਂ ਵਿੱਚੋਂ ਸਾਥੀ ਰਾਮਗੁਪਾਲ ਸ਼ਰਮਾ ਨੇ ਦੱਸਿਆ ਕਿ ਪਹਿਲਾਂ ਜਥੇਬੰਦੀ ਛੱਡਣਾ ਸਾਡੀ ਵੱਡੀ ਗਲਤੀ ਸੀ। ਹੁਣ ਅਸੀਂ ਆਪਣੇ ਘਰ ਵਾਪਸ ਆ ਕੇ ਸ਼ਾਂਤੀ ਮਹਿਸੂਸ ਕਰ ਰਹੇ ਹਾਂ। ਉਹਦੇ ਨਾਲ ਸ਼ਾਮਲ ਹੋਣ ਵਾਲਿਆਂ ਵਿੱਚ ਕਾਲਾ ਬਖਸ਼ੀਵਾਲਾ, ਕੁਲਦੀਪ ਦਾਸ, ਅਵਤਾਰ ਸਿੰਘ ਵੀ ਸ਼ਾਮਲ ਹੋਏ। ਇਨ੍ਹਾਂ ਸਾਥੀਆਂ ਦਾ ਸਵਾਗਤ ਸਾਥੀ ਭੋਲਾ ਸਿੰਘ ਭੱਠਲ ਬਾਂਚ ਪ੍ਰਧਾਨ ਮੂਨਕ ਲਹਿਰਾ ਤੇ ਜਨਰਲ ਸਕੱਤਰ ਸੁਖਪਾਲ ਬਰੇਟਾ ਨੇ ਕੀਤਾ। ਸਾਥੀਆਂ ਨੇ ਦੱਸਿਆ ਕਿ ਉਹ ਪਹਿਲਾਂ ਤੋਂ ਹੀ ਸੁਖਦੇਵ ਚੰਗਾਲੀਵਾਲਾ ਤੇ ਅਮਰੀਕ ਗੁਰਨੇ ਦੇ ਕੰਮ ਕਰਨ ਦੇ ਢੰਗਾਂ ਤੋਂ ਪ੍ਰਭਾਵਿਤ ਹਨ। ਸੁਖਦੇਵ ਸਿੰਘ ਚੰਗਾਲੀਵਾਲਾ ਨੇ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਜਥੇਬੰਦੀ ਵਿੱਚ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਤਰਸੇਮ ਦਾਸ ਛਾਜਲੀ ਤੇ ਹਰਬੰਸ ਚੰਗਾਲੀਵਾਲਾ ਹਾਜ਼ਰ ਸਨ।

# ਸਰਕਾਰੀ ਸਕੂਲਾਂ ਦੇ 61 ਬੱਚਿਆਂ ਨੇ ਨੀਟ ਦੀ ਪ੍ਰੀਖਿਆ ਪਾਸ ਕੀਤੀ : ਡੀ ਸੀ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)- ਸਿੱਖਿਆ ਕਮੇਟੀ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਹਾਲ ਹੀ ਵਿੱਚ ਐਲਾਨੇ ਗਏ ਨੀਟ ਦੇ ਨਤੀਜੇ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੇ ਪਾਸ ਹੋਏ 61 ਬੱਚਿਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹੋਏ ਵਿਭਾਗ ਦੇ ਅਧਿਕਾਰੀਆਂ ਅਤੇ ਅਧਿਆਪਕਾਂ ਨੂੰ ਸ਼ਾਬਾਸ਼ ਦਿੱਤੀ। ਉਹਨਾਂ ਦੱਸਿਆ ਕਿ ਇਸ ਸਾਲ ਨੀਟ ਤੋਂ ਇਲਾਵਾ ਜੇ ਈ ਈ ਦੀ ਪ੍ਰੀਖਿਆ ਵੀ ਸਰਕਾਰੀ ਸਕੂਲਾਂ ਦੇ 11 ਬੱਚਿਆਂ ਨੇ ਪਾਸ ਕੀਤੀ ਹੈ। ਉਹਨਾਂ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਪੜ੍ਹਾਈ ਵਿੱਚ ਕਮਜ਼ੋਰ ਬੱਚਿਆਂ ਦੀਆਂ ਵਾਧੂ ਕਲਾਸਾਂ ਲਗਾਉਣ।

ਡਿਪਟੀ ਕਮਿਸ਼ਨਰ ਨੇ ਗਰਮੀਆਂ ਦੀਆਂ ਇਹਨਾਂ ਛੁੱਟੀਆਂ ਵਿੱਚ ਸਕੂਲਾਂ ਵਿੱਚ ਲੱਗੀਆਂ ਸਾਰੀਆਂ ਪਾਣੀ ਦੀਆਂ ਟੈਂਕੀਆਂ ਸਾਫ ਕਰਨ ਦੀ ਹਦਾਇਤ ਕਰਦੇ ਕਿਹਾ ਕਿ ਛੁੱਟੀਆਂ ਤੋਂ ਤੁਰੰਤ ਬਾਅਦ ਸਕੂਲਾਂ ਦੇ ਪਾਣੀ ਦੇ ਨਮੂਨੇ ਲਏ ਜਾਣਗੇ ਅਤੇ ਯਕੀਨੀ ਬਣਾਇਆ ਜਾਵੇਗਾ ਕਿ ਬੱਚਿਆਂ ਨੂੰ ਸਾਫ ਪਾਣੀ ਮਿਲ ਰਿਹਾ ਹੈ। ਉਹਨਾਂ ਸਿੱਖਿਆ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਉਹ ਕੇਂਦਰ ਅਤੇ ਰਾਜ ਸਰਕਾਰਾਂ ਵੱਲੋਂ ਸਕੂਲਾਂ ਨੂੰ ਵੱਖ-ਵੱਖ ਕੰਮਾਂ ਲਈ ਮਿਲਣ ਵਾਲੀ ਗਰਾਂਟ ਕਿਸੇ ਵੀ ਹਾਲਤ ਵਿੱਚ ਬਿਨਾਂ ਵਰਤੋਂ ਤੋਂ ਵਾਪਸ ਨਹੀਂ ਜਾਣੀ ਚਾਹੀਦੀ ਅਤੇ ਇਹ ਇੱਕ-ਇੱਕ ਪੈਸਾ ਬੱਚਿਆਂ ਦੀ ਭਲਾਈ ਲਈ ਲੱਗਣਾ ਚਾਹੀਦਾ ਹੈ।ਇਸ ਮੌਕੇ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਕੂਲਾਂ ਵਿੱਚ ਵਧੀਆ ਕਾਰਗੁਜ਼ਾਰੀ ਲਈ ਸਕੂਲ ਪ੍ਰਿੰਸੀਪਲਾਂ, ਮੁੱਖ ਅਧਿਆਪਕਾਂ ਅਤੇ ਅਧਿਆਪਕਾਂ ਦੇ ਨਾਲ ਨਾਲ ਸਕੂਲਾਂ ਦੀਆਂ ਕਮੇਟੀਆਂ ਮੈਂਬਰਾਂ ਦੇ ਉਨ੍ਹਾਂ ਕਰਮਚਾਰੀਆਂ ਨੂੰ ਵੀ ਸਨਮਾਨਤ ਕੀਤਾ ਜੋ ਕਿ ਮਿਡ ਡੇਅ ਮੀਲ ਵਿੱਚ ਬਹੁਤ ਵਧੀਆ ਕੰਮ ਕਰ ਰਹੇ ਹਨ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਡੇ ਲਈ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਸਰਕਾਰੀ ਸਕੂਲਾਂ ਦੇ 24 ਬੱਚਿਆਂ ਨੇ ਵੱਖ-ਵੱਖ ਖੇਡਾਂ ਵਿੱਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਜ਼ਿਲ੍ਹੇ ਦੀ ਨੁਮਾਇੰਦਗੀ ਕੀਤੀ ਹੈ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਕੰਵਲਜੀਤ ਸਿੰਘ ਨੇ ਦੱਸਿਆ ਕਿ ਸਾਡੇ ਇੱਕ ਬੱਚੇ ਵਿਕਾਸ ਕੁਮਾਰ ਨੇ ਇੰਟਿਟ ਚੁੱਕਣ ਲਈ ਜੋ ਡਵਾਈਸ ਬਣਾਈ ਹੈ ਉਸ ਦੀ ਪੇਟੈਂਟ ਦਾ ਅਧਿਕਾਰ ਵੀ ਉਹਨਾਂ ਨੂੰ ਮਿਲਿਆ ਹੈ ਅਤੇ ਸਰਕਾਰ ਨੇ ਇਸ ਲਈ 30 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਵੀ ਉਹਨਾਂ ਨੂੰ ਦਿੱਤੀ ਹੈ। ਡਿਪਟੀ ਕਮਿਸ਼ਨਰ ਨੇ ਬੱਚਿਆਂ ਦੀਆਂ ਇਹਨਾਂ ਪ੍ਰਾਪਤੀਆਂ ਉੱਤੇ ਖੁਸ਼ ਹੁੰਦੇ ਹੋਏ ਕਿਹਾ ਕਿ ਛੁੱਟੀਆਂ ਤੋਂ ਬਾਅਦ ਉਹ ਪੜ੍ਹਾਈ ਦੇ ਨਾਲ ਨਾਲ ਖੇਡਾਂ ਅਤੇ ਸਹਾਇਕ ਗਤੀਵਿਧੀਆਂ ਵਿੱਚੋਂ ਮੋਹਰੀ ਰਹੇ ਬੱਚਿਆਂ ਨੂੰ ਵਿਸ਼ੇਸ਼ ਤੌਰ 'ਤੇ ਮਿਲ ਕੇ ਸਨਮਾਨਤ ਕਰਨ ਦੀ ਖੁਸ਼ੀ ਵੀ ਲੈਣਗੇ। ਉਹਨਾਂ ਸਿੱਖਿਆ ਅਧਿਕਾਰੀਆਂ ਨੂੰ ਕਿਹਾ ਕਿ ਉਹ ਬੱਚਿਆਂ ਨੂੰ ਆਪਣੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਚਲਦੇ ਵੱਖ ਵੱਖ ਪ੍ਰੋਜੈਕਟਾਂ ਦਾ ਦੌਰਾ ਕਰਾ ਕੇ ਉਹਨਾਂ ਤੋਂ ਵੀ ਜਾਣੂ ਕਰਵਾਉਣ ਤਾਂ ਜੋ ਉਹਨਾਂ ਦੇ ਗਿਆਨ ਵਿੱਚ ਵਾਧਾ ਹੋ ਸਕੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਜੋਤੀ ਬਾਲਾ, ਜ਼ਿਲ੍ਹਾ ਸਿੱਖਿਆ ਅਧਿਕਾਰੀ ਕੰਵਲਜੀਤ ਸਿੰਘ, ਡਿਪਟੀ ਡੀ ਓ ਰਜੇਸ਼ ਕੁਮਾਰ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਸ਼ਹਿਰ ਨਿਵਾਸੀ 31 ਜੁਲਾਈ ਤੱਕ ਬਿਨਾਂ ਜੁਰਮਾਨੇ ਤੇ ਵਿਆਜ ਤੋਂ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣ : ਈ ਓ

ਫਤਿਹਗੜ੍ਹ ਚੂੜੀਆਂ (ਜੇ ਐੱਸ ਮਾਨ)- ਪੰਜਾਬ ਸਰਕਾਰ ਵੱਲੋਂ ਜਾਇਦਾਦਾਂ 'ਤੇ ਲੱਗਣ ਵਾਲੇ ਪ੍ਰਾਪਰਟੀ ਟੈਕਸ ਉਪਰ ਪੈਂਦੇ ਵਿਆਜ ਅਤੇ ਜੁਰਮਾਨੇ ਤੋਂ ਛੋਟ ਦਿੰਦਿਆਂ ਲੋਕਾਂ ਨੂੰ ਰਾਹਤ ਦਿੱਤੀ ਗਈ ਹੈ । ਇਸ ਸਬੰਧੀ ਜਾਣਕਾਰੀ ਦਿੰਦਿਆਂ ਨਗਰ ਕੌਂਸਲ ਫ਼ਤਿਹਗੜ੍ਹ ਚੂੜੀਆਂ ਦੇ ਈ.ਓ ਕਿਰਨ ਮਹਾਜਨ ਨੇ ਕਿਹਾ ਹੈ ਕਿ ਵਨ ਟਾਈਮ ਸੈਟਲਮੈਂਟ ਸਕੀਮ ਤਹਿਤ ਪੰਜਾਬ ਸਰਕਾਰ ਵੱਲੋਂ ਕਮਰਸ਼ੀਅਲ ਅਤੇ ਰਿਹਾਇਸ਼ੀ ਜਾਇਦਾਦਾਂ 'ਤੇ ਲੱਗਣ ਵਾਲੇ ਪ੍ਰਾਪਰਟੀ ਟੈਕਸ ਉਪਰ 31 ਜੁਲਾਈ ਤੱਕ ਕੋਈ ਜੁਰਮਾਨਾ ਜਾਂ ਵਿਆਜ ਨਹੀਂ ਵਸੂਲਿਆ ਜਾਵੇਗਾ ਅਤੇ ਬਣਦੀ ਰਕਮ ਹੀ ਟੈਕਸ ਦੇ ਰੂਪ ਵਿੱਚ ਲਈ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਮੌਕਾ ਉਨ੍ਹਾਂ ਲੋਕਾਂ ਲਈ ਵਰਦਾਨ ਸਾਬਿਤ ਹੋਵੇਗਾ, ਜਿਨ੍ਹਾਂ ਵੱਲੋਂ ਅੱਜ ਤੱਕ ਆਪਣੀਆਂ ਜਾਇਦਾਦਾਂ ਦਾ ਟੈਕਸ ਨਗਰ ਕੌਂਸਲ ਦਫ਼ਤਰ ਵਿੱਚ ਜਮ੍ਹਾਂ ਨਹੀਂ ਕਰਵਾਇਆ ਗਿਆ । ਈ.ਓ ਕਿਰਨ ਮਹਾਜਨ ਨੇ ਕਿਹਾ ਕਿ ਜੇਕਰ 31 ਜੁਲਾਈ ਤੋਂ ਬਾਅਦ ਕੋਈ ਸ਼ਹਿਰ ਨਿਵਾਸੀ ਆਪਣੀ ਜਾਇਦਾਦ ਦਾ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਏਗਾ ਤਾਂ ਉਸ ਨੂੰ ਪਿਛਲੇ ਸਾਲਾਂ 'ਤੇ ਵਿਆਜ ਸਮੇਤ ਜੁਰਮਾਨਾ ਪਵੇਗਾ ਅਤੇ ਸਿਰਫ਼ ਮੌਜੂਦਾ ਸਾਲ 'ਤੇ 10 ਫ਼ੀਸਦੀ ਛੋਟ ਮਿਲੇਗੀ ।



ਉਨ੍ਹਾਂ ਸ਼ਹਿਰ ਨਿਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਹੜੇ ਵਿਅਕਤੀਆਂ ਨੇ ਅਜੇ ਤੱਕ ਆਪਣੀਆਂ ਜਾਇਦਾਦਾਂ ਦਾ ਪ੍ਰਾਪਰਟੀ ਟੈਕਸ ਕਿਸੇ ਕਾਰਨ ਜਮ੍ਹਾਂ ਨਹੀਂ ਕਰਵਾਇਆ, ਉਹ ਬਿਨਾਂ ਕਿਸੇ ਦੇਰੀ ਦੇ ਆਪਣਾ ਪ੍ਰਾਪਰਟੀ ਟੈਕਸ ਦਫ਼ਤਰ ਹਾਜ਼ਰ ਹੋ ਕੇ ਜਾਂ ਸੈਲਫ ਅਸੈਸਮੈਂਟ ਪ੍ਰਣਾਲੀ ਰਾਹੀਂ ਜਮ੍ਹਾਂ ਕਰਵਾ ਕੇ ਰਸੀਦ ਹਾਸਲ ਕਰਨ । ਉਨ੍ਹਾਂ ਇਹ ਵੀ ਕਿਹਾ ਕਿ ਜਿਹੜੇ ਵਿਅਕਤੀਆਂ ਨੇ ਬਾਹਰਲੇ ਰਾਜਾਂ ਤੋਂ ਆਕੇ ਜਾਂ ਹੋਰ ਵਿਅਕਤੀਆਂ ਨੂੰ ਆਪਣੀਆਂ ਦੁਕਾਨਾਂ ਕਿਰਾਏ 'ਤੇ ਦਿੱਤੀਆਂ ਹਨ, ਉਨ੍ਹਾਂ ਲਈ ਵੀ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣਾ ਲਾਜ਼ਮੀ ਹੈ ।ਉਨ੍ਹਾਂ ਕਿਹਾ ਕਿ ਪ੍ਰਾਪਰਟੀ ਟੈਕਸ ਜਮ੍ਹਾਂ ਨਾ ਕਰਵਾਉਣ ਵਾਲੇ ਵਿਅਕਤੀਆਂ ਵਿਰੁੱਧ ਬਣਦੀ ਕਾਨੂੰਨੀ ਅਮਲ ਵਿੱਚ ਲਿਆ ਕੇ ਉਨ੍ਹਾਂ ਦੀਆਂ ਜਾਇਦਾਦਾਂ ਨੂੰ ਸੀਲ ਕਰ ਦਿੱਤਾ ਜਾਵੇਗਾ।

# ਛੱਤੀਸਗੜ੍ਹ ਪੁਲਸ ਗ੍ਰਿਫ਼ਤਾਰ ਕੀਤੇ ਮਾਓਵਾਦੀ ਆਗੂਆਂ ਨੂੰ ਝੂਠੇ ਮੁਕਾਬਲਿਆਂ 'ਚ ਮਾਰਨਾ ਬੰਦ ਕਰੇ : ਜਮਹੂਰੀ ਫਰੰਟ

ਅੰਮ੍ਰਿਤਸਰ (ਜਸਵੰਤ ਸਿੰਘ ਪੱਟੀ)-ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ.ਕੇ.ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਛੱਤੀਸਗੜ੍ਹ ਪੁਲਸ ਵੱਲੋਂ ਹਿਰਾਸਤ ਵਿਚ ਲਏ ਮਾਓਵਾਦੀ ਪਾਰਟੀ ਦੇ ਕੇਂਦਰੀ ਕਮੇਟੀ ਮੈਂਬਰ ਗਜਰਾਲਾ ਰਵੀ ਅਤੇ ਦੋ ਔਰਤ ਮਾਓਵਾਦੀ ਆਗੂਆਂ ਨੂੰ ਛੱਤੀਸਗੜ੍ਹ-ਆਂਧਰਾ ਪ੍ਰਦੇਸ਼ ਸਰਹੱਦੀ ਜ਼ਿਲ੍ਹੇ ਵਿਚ ਝੂਠਾ ਮੁਕਾਬਲਾ ਬਣਾ ਕੇ ਮਾਰਨ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਮਨੁੱਖੀ ਤੇ ਜਮਹੂਰੀ ਹੱਕਾਂ ਦੀਆਂ ਜਥੇਬੰਦੀਆਂ ਅਤੇ ਹੋਰ ਲੋਕਪੱਖੀ ਤਾਕਤਾਂ ਵਾਰ-ਵਾਰ ਮੰਗ ਕਰ ਰਹੀਆਂ ਹਨ ਕਿ ਜੋ ਮਾਓਵਾਦੀ ਆਗੂ ਅਤੇ ਕਾਰਕੁੰਨ ਗ੍ਰਿਫ਼ਤਾਰ ਕੀਤੇ ਗਏ ਹਨ, ਉਨ੍ਹਾਂ ਨੂੰ ਤੁਰੰਤ ਅਦਾਲਤ ਵਿਚ ਪੇਸ਼ ਕੀਤਾ ਜਾਵੇ ਕਿਉਂਕਿ ਪਹਿਲਾਂ ਬਣਾਏ ਝੂਠੇ ਮੁਕਾਬਲਿਆਂ ਦੀ ਤਰ੍ਹਾਂ ਇਨ੍ਹਾਂ ਆਗੂਆਂ ਨੂੰ ਵੀ 'ਮੁਕਾਬਲੇ' ਬਣਾ ਕੇ ਮਾਰ ਦਿੱਤੇ ਜਾਣ ਦਾ ਖ਼ਦਸ਼ਾ ਹੈ। ਕੁਝ ਦਿਨ ਪਹਿਲਾਂ ਹੀ ਸੀ ਪੀ ਆਈ (ਮਾਓਵਾਦੀ) ਦੀ ਕੇਂਦਰੀ ਕਮੇਟੀ ਦੇ ਮੈਂਬਰ ਸੁਧਾਕਰ ਅਤੇ ਇਕ ਹੋਰ ਸੀਨੀਅਰ ਆਗੂ ਭਾਸਕਰ ਨੂੰ ਇਸੇ ਤਰ੍ਹਾਂ ਜ਼ਿੰਦਾ ਗ੍ਰਿਫ਼ਤਾਰ ਕਰਨ ਤੋਂ ਬਾਅਦ ਮੁਕਾਬਲੇ ਵਿਚ ਮਰੇ ਦਿਖਾ ਦਿੱਤਾ ਗਿਆ ਸੀ। ਉਨ੍ਹਾਂ ਕੇਂਦਰ ਸਰਕਾਰ ਉਤੇ ਦੋਸ਼ ਲਾਇਆ ਕਿ ਜਨਵਰੀ 2025 ਤੋਂ ਲੈ ਕੇ ਹੁਣ ਤੱਕ ਇਕੱਲੇ ਬਸਤਰ ਖੇਤਰ ਵਿਚ 200 ਦੇ ਕਰੀਬ ਮਾਓਵਾਦੀਆਂ ਦੇ ਇਸੇ ਤਰ੍ਹਾਂ 'ਮੁਕਾਬਲੇ' ਬਣਾਏ ਗਏ ਹਨ। ਫਰੰਟ ਦੇ ਆਗੂਆਂ ਨੇ ਮੰਗ ਕੀਤੀ ਕਿ ਗ੍ਰਿਫ਼ਤਾਰ ਕੀਤੇ ਮਾਓਵਾਦੀ ਆਗੂਆਂ ਅਤੇ ਕਾਰਕੁੰਨਾਂ ਦਾ ਤੁਰੰਤ ਮੈਡੀਕਲ ਕਰਵਾ ਕੇ ਉਨ੍ਹਾਂ ਨੂੰ ਅਦਾਲਤ ਵਿਚ ਪੇਸ਼ ਕੀਤਾ ਜਾਵੇ ਅਤੇ ਉਨ੍ਹਾਂ ਦੀ ਜ਼ਿੰਦਗੀ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ। ਜੇਕਰ ਉਨ੍ਹਾਂ ਵਿਰੁੱਧ ਕੋਈ ਫ਼ੌਜਦਾਰੀ ਕੇਸ ਹਨ ਤਾਂ ਕਾਨੂੰਨੀ ਪ੍ਰਕਿਰਿਆ ਰਾਹੀਂ ਉਨ੍ਹਾਂ ਦਾ ਦੋਸ਼ ਸਾਬਤ ਕੀਤਾ ਜਾਵੇ ਅਤੇ ਪੁਲਸ ਵੱਲੋਂ ਖ਼ੁਦ ਹੀ ਜੱਜ ਅਤੇ ਜਲਾਦ ਬਣ ਕੇ ਗ਼ੈਰ-ਅਦਾਲਤੀ ਕਤਲ ਕਰਨੇ ਬੰਦ ਕੀਤੇ ਜਾਣ।ਆਗੂਆਂ ਨੇ ਜ਼ੋਰਦਾਰ ਮੰਗ ਕੀਤੀ ਕਿ ਨਾਗਰਿਕਾਂ ਦੀ ਜ਼ਿੰਦਗੀ ਦੀ ਸੁਰੱਖਿਆ ਦੀ ਗੰਭੀਰਤਾ ਦੇ ਮੱਦੇਨਜ਼ਰ ਸੁਪਰੀਮ ਕੋਰਟ ਅਤੇ ਰਾਸ਼ਟਰਪਤੀ ਇਨ੍ਹਾਂ ਝੂਠੇ ਮੁਕਾਬਲਿਆਂ ਦਾ ਤੁਰੰਤ ਨੋਟਿਸ ਲੈ ਕੇ ਛੱਤੀਸਗੜ੍ਹ ਅਤੇ ਤੇਲੰਗਾਨਾ ਪੁਲਸ ਨੂੰ ਕਤਲੇਆਮ ਬੰਦ ਕਰਨ ਦਾ ਆਦੇਸ਼ ਦੇਣ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਓਪਰੇਸ਼ਨ ਕਗਾਰ ਅਤੇ ਹੋਰ ਨਾਵਾਂ ਹੇਠ ਓਪਰੇਸ਼ਨ ਬੰਦ ਕੀਤੇ ਜਾਣ, ਭਾਰਤ ਸਰਕਾਰ ਫ਼ੌਜੀ ਤਾਕਤ ਦੇ ਜ਼ੋਰ ਲੋਕ ਵਿਰੋਧੀ ਅਤੇ ਨੰਗੇ-ਚਿੱਟੇ ਤੌਰ 'ਤੇ ਕਾਰਪੋਰੇਟ ਪੱਖੀ 'ਵਿਕਾਸ' ਮਾਡਲ ਥੋਪਣਾ ਬੰਦ ਕਰੇ, ਮੁਕਾਬਲਿਆਂ ਰਾਹੀਂ ਕਤਲਾਂ ਦੀ ਨੀਤੀ ਬੰਦ ਕੀਤੀ ਜਾਵੇ ਅਤੇ ਲੋਕਾਂ ਦੇ ਬੁਨਿਆਦੀ ਮਸਲਿਆਂ ਦੇ ਹੱਲ ਲਈ ਸਰਕਾਰ ਵਿਰੋਧੀ ਸੰਘਰਸ਼ਸ਼ੀਲ ਲਹਿਰਾਂ ਨਾਲ ਗੱਲਬਾਤ ਦਾ ਅਮਲ ਸ਼ੁਰੂ ਕਰੇ।

# ਆਈ ਐੱਸ ਐੱਮ ਐਜੂਟੈਕ ਨੇ ਨਵੀਂ ਸ਼ਾਖਾ ਦਾ ਕੀਤਾ ਉਦਘਾਟਨ

ਪਠਾਨਕੋਟ (ਦਵਿੰਦਰ ਸਿੰਘ)-ਭਾਰਤ ਦੀ ਮੋਹਰੀ ਮੈਡੀਕਲ ਸਿੱਖਿਆ ਸਲਾਹਕਾਰ ਕੰਪਨੀ, ਆਈ ਐਸ ਐਮ ਐਜੂਟੈਕ ਨੇ ਪਠਾਨਕੋਟ ਵਿੱਚ ਆਪਣੀ ਨਵੀਂ ਸ਼ਾਖਾ ਦਾ ਉਦਘਾਟਨ ਕੀਤਾ ਹੈ, ਜੋ ਕਿ ਸਿਟੀ ਸੈਂਟਰ ਮਾਲ, ਪਠਾਨਕੋਟ ਦੀ ਦੂਜੀ ਮੰਜ਼ਿਲ 'ਤੇ ਸਥਿਤ ਹੈ। ਇਸ ਸ਼ਾਖਾ ਦਾ ਸੰਚਾਲਨ ਇੰਪੀਰੀਅਲ ਓਵਰਸੀਜ਼ ਕੰਸਲਟੈਂਟਸ ਦੁਆਰਾ ਕੀਤਾ ਜਾਵੇਗਾ।ਆਈ ਐਸ ਐਮ ਐਜੂਟੈਕ ਨੇ ਹੁਣ ਤੱਕ 3500 ਤੋਂ ਵੱਧ ਐਮ ਬੀ ਬੀ ਐਸ ਵਿਦਿਆਰਥੀਆਂ ਨੂੰ ਜਾਰਜੀਆ, ਕਜ਼ਾਕਿਸਤਾਨ, ਕਿਰਗਿਸਤਾਨ, ਬਾਰਬਾਡੋਸ ਅਤੇ ਤਾਜਿਕਸਤਾਨ ਵਿੱਚ ਐਮ ਬੀ ਬੀ ਐਸ ਕਰਨ ਲਈ ਵਿਦੇਸ਼ ਭੇਜਿਆ ਹੈ। ਕੰਪਨੀ ਕੋਲ 10000 ਤੋਂ ਵੱਧ ਸਾਬਕਾ ਡਾਕਟਰ ਵਿਦਿਆਰਥੀ ਹਨ ਜਿਨ੍ਹਾਂ ਨੇ ਆਪਣੀਆਂ ਭਾਈਵਾਲ ਯੂਨੀਵਰਸਿਟੀਆਂ ਤੋਂ ਐਮ ਬੀ ਬੀ ਐਸ ਡਿਗਰੀ ਪ੍ਰਾਪਤ ਕੀਤੀ ਹੈ ਅਤੇ ਭਾਰਤ ਵਿੱਚ ਐਫ ਐਮ ਜੀ ਈ ਪ੍ਰੀਖਿਆ ਪਾਸ ਕਰਨ ਤੋਂ ਬਾਅਦ ਡਾਕਟਰ ਵਜੋਂ ਅਭਿਆਸ ਕਰਨ ਦਾ ਲਾਇਸੈਂਸ ਪ੍ਰਾਪਤ ਕੀਤਾ ਹੈ।



ਆਈ ਐਸ ਐਮ ਐਜੂਟੈਕ ਦੇ ਮੈਨੇਜਿੰਗ ਡਾਇਰੈਕਟਰ ਰੂਪਲ ਨਜਵਾਨ ਨੇ ਸ਼ਾਖਾ ਦਾ ਉਦਘਾਟਨ ਕੀਤਾ ਅਤੇ ਕਿਹਾ ਕਿ ਕੰਪਨੀ ਮਜ਼ਬੂਤ ਨੈਤਿਕਤਾ ਨਾਲ ਕੰਮ ਕਰਦੀ ਹੈ ਅਤੇ ਆਪਣੇ ਵਿਦਿਆਰਥੀਆਂ ਨੂੰ ਪੂਰਾ ਸਮਰਥਨ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਕੰਪਨੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਐਫ ਐਮ ਜੀ ਈ ਪ੍ਰੀਖਿਆ ਲਈ ਤਿਆਰ ਕਰਨਾ ਹੈ ਤਾਂ ਜੋ ਉਹ ਆਪਣੀ ਐਮ ਬੀ ਬੀ ਐਸ ਡਿਗਰੀ ਪੂਰੀ ਕਰਨ ਤੋਂ ਬਾਅਦ ਜਲਦੀ ਤੋਂ ਜਲਦੀ ਐਫ ਐਮ ਜੀ ਈ ਪ੍ਰੀਖਿਆ ਪਾਸ ਕਰ ਸਕਣ। ਰੂਪਲ ਨੇ ਕਿਹਾ ਕਿ ਜਾਰਜੀਆ, ਕਜ਼ਾਕਿਸਤਾਨ, ਕਿਰਗਿਸਤਾਨ, ਬਾਰਬਾਡੋਸ ਅਤੇ ਤਾਜਿਕਸਤਾਨ ਵਿੱਚ ਐਮ ਬੀ ਬੀ ਐਸ ਕਰਨ ਦੀ ਲਾਗਤ ਭਾਰਤ ਦੇ ਪ੍ਰਾਈਵੇਟ ਮੈਡੀਕਲ ਕਾਲਜਾਂ ਨਾਲੋਂ ਬਹੁਤ ਘੱਟ ਹੈ, ਜਦੋਂ ਕਿ ਇਨ੍ਹਾਂ ਦੇਸ਼ਾਂ ਵਿੱਚ ਬੁਨਿਆਦੀ ਢਾਂਚਾ, ਸਹੂਲਤਾਂ, ਅਕਾਦਮਿਕ ਉੱਤਮਤਾ, ਤਕਨਾਲੋਜੀ ਅਤੇ ਹਸਪਤਾਲ ਅੰਤਰਰਾਸ਼ਟਰੀ ਮਾਪਦੰਡਾਂ ਦੀ ਪਾਲਣਾ ਕਰਦੇ ਹਨ।ਉਨ੍ਹਾਂ ਕਿਹਾ ਕਿ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਜੰਮੂ ਅਤੇ ਕਸ਼ਮੀਰ ਦੇ ਐਮ ਬੀ ਬੀ ਐਸ ਉਮੀਦਵਾਰਾਂ ਨੂੰ ਹੁਣ ਦਿੱਲੀ ਅਤੇ ਚੰਡੀਗੜ੍ਹ ਵਰਗੇ ਸ਼ਹਿਰਾਂ ਦੀ ਯਾਤਰਾ ਕਰਨ ਦੀ ਜ਼ਰੂਰਤ ਨਹੀਂ ਹੈ ਕਿਉਂਕਿ ਆਈ ਐਸ ਐਮ ਐਜੂਟੈਕ ਦੀ ਅਧਿਕਾਰਤ ਸ਼ਾਖਾ ਹੁਣ ਪਠਾਨਕੋਟ ਵਿੱਚ ਖੁੱਲ੍ਹ ਗਈ ਹੈ।

# ਕਲਾਨੌਰ 'ਚ ਮਿਲੀ ਅਣਪਛਾਤੇ ਵਿਅਕਤੀ ਦੀ ਗਲੀ ਸੜੀ ਲਾਸ਼

ਕਲਾਨੌਰ (ਮਨਦੀਪ ਕੋਹਲੀ)- ਸਥਾਨਕ ਪੁਲਸ ਥਾਣਾ ਕਲਾਨੌਰ ਵਿੱਚ ਕਲਾਨੌਰ ਬਟਾਲਾ ਰੋਡ 'ਤੇ ਕਰੀਬ ਦੋ ਕੁ ਕਿਲੋਮੀਟਰ ਅੱਗੇ ਗੰਨੇ ਦੇ ਖੇਤਾਂ ਵਿੱਚੋਂ ਇੱਕ ਵਿਅਕਤੀ ਦੀ ਗਲੀ ਸੜੀ ਲਾਸ਼ ਮਿਲਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਕਲਾਨੌਰ ਬਟਾਲਾ ਰੋਡ 'ਤੇ ਬਲਹੋਤਰਾ ਫੀਲਿੰਗ ਸਟੇਸ਼ਨ ਤੋਂ ਥੋੜ੍ਹੀ ਦੂਰ ਅੱਗੇ ਗੰਨੇ ਦੇ ਖੇਤਾਂ ਵਿੱਚੋਂ ਇੱਕ ਗਲੀ ਸੜੀ ਲਾਸ਼ ਮਿਲੀ, ਜਿਸ ਨੂੰ ਕਲਾਨੌਰ ਪੁਲਸ ਵੱਲੋਂ ਐਸ ਐਸ ਪੀ ਗੁਰਦਾਸਪੁਰ ਅਤੇ ਕਲਾਨੌਰ ਦੇ ਐਸ ਐਚ ਓ ਸੁਰਿੰਦਰ ਪਾਲ ਸਿੰਘ ਦੀ ਹਾਜ਼ਰੀ ਵਿੱਚ ਪੁਲਸ ਪਾਰਟੀ ਵੱਲੋਂ ਕਬਜ਼ੇ ਵਿੱਚ ਲੈ ਲਿਆ ਗਿਆ ਹੈ ਅਤੇ ਉਸ ਨੂੰ ਗੁਰਦਾਸਪੁਰ ਮੁਰਦਾਘਰ ਵਿੱਚ ਰੱਖ ਦਿੱਤਾ ਗਿਆ ਹੈ।

ਲਾਸ਼ ਇੰਨੀ ਗਲੀ ਜਿਹੜੀ ਸੀ ਕਿ ਉਸ ਦੀ ਪਹਿਚਾਣ ਹੋਣਾ ਵੀ ਮੁਸ਼ਕਲ ਲੱਗ ਰਿਹਾ ਸੀ। ਇਸ ਮੌਕੇ ਫੋਰੈਂਸਿਕ ਟੀਮਾਂ ਵੱਲੋਂ ਵੀ ਪਹੁੰਚ ਕੇ ਜਾਇਜ਼ਾ ਲਿਆ ਗਿਆ ।

# ਪੰਜਾਬ ਸਰਕਾਰ ਮਹਿਲਾਵਾਂ, ਬਜ਼ੁਰਗਾਂ ਤੇ ਬੱਚਿਆਂ ਦੀ ਭਲਾਈ ਲਈ ਗੰਭੀਰ : ਸ਼ੈਰੀ ਕਲਸੀ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਵਰਗ, ਵਿਸ਼ੇਸ਼ ਕਰਕੇ ਮਹਿਲਾਵਾਂ, ਬਜ਼ੁਰਗਾਂ ਅਤੇ ਬੱਚਿਆਂ ਦੀ ਭਲਾਈ ਲਈ ਗੰਭੀਰ ਤੇ ਨਿਰੰਤਰ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਸਮਾਜ ਦੀ ਤਰੱਕੀ ਉਸ ਦੇ ਗਰੀਬ, ਬਜ਼ੁਰਗ ਅਤੇ ਨਾਰੀ ਵਰਗ ਦੀ ਸਮਾਜਿਕ ਸੁਰੱਖਿਆ, ਸਿਹਤ ਅਤੇ ਸਿੱਖਿਆ ਉੱਤੇ ਨਿਰਭਰ ਕਰਦੀ ਹੈ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਰਾਜ ਸਰਕਾਰ ਵਲੋਂ ਹਰੇਕ ਵਰਗ ਦੇ ਹਿੱਤ ਵਿੱਚ ਵੱਡੇ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਲੋਕ ਭਲਾਈ ਸਕੀਮ ਨੂੰ ਹੇਠਲੇ ਪੱਧਰ ਤੱਕ ਲਾਗੂ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਸਖਤ ਨਿਰਦੇਸ਼ ਦਿੱਤੇ ਗਏ ਹਨ ਕਿ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਮਾਜ ਭਲਾਈ ਸਕੀਮਾਂ ਦਾ ਲਾਭ ਲੋੜਵੰਦ ਲੋਕਾਂ ਤੱਕ ਪਾਰਦਰਸ਼ੀ ਅਤੇ ਸਮੇਂ ਸਿਰ ਪਹੁੰਚਾਇਆ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਝੋਨੇ ਦੀ ਫਸਲ ਲਾਉਣ ਲਈ ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਈ ਗਈ ਹੈ। ਖੇਤਾਂ ਤੱਕ ਨਹਿਰੀ ਪਾਣੀ ਨੂੰ ਪਹੁੰਚਾਉਣ ਵਿੱਚ ਸਰਕਾਰ ਵਲੋਂ ਸ਼ਲਾਘਾਯੋਗ ਕਦਮ ਚੁੱਕੇ ਗਏ ਹਨ। ਲੋਕਾਂ ਤੱਕ ਪਹੁੰਚ ਕਰਕੇ ਉਨਾਂ ਦੀਆਂ ਮੁਸ਼ਕਲਾਂ ਹੱਲ ਕਰਨ ਨੂੰ ਪਹਿਲ ਦਿੱਤੀ ਗਈ ਹੈ ਅਤੇ ਸਰਕਾਰ ਹਰੇਕ ਵਰਗ ਦੀ ਭਲਾਈ ਲਈ ਨਿਰੰਤਰ ਯਤਨਸ਼ੀਲ ਹੈ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਮਹਿਲਾ ਸਸ਼ਕਤੀਕਰਨ, ਬਜ਼ੁਰਗ ਸੰਭਾਲ ਅਤੇ ਬਾਲ ਵਿਕਾਸ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਹ ਯਤਨ ਰੰਗਲਾ ਪੰਜਾਬ ਦੇ ਸੁਪਨੇ ਨੂੰ ਹਕੀਕਤ ਬਣਾਉਣ ਵੱਲ ਇੱਕ ਵਧੀਆ ਕਦਮ ਹੋਵੇਗਾ।



# ਵਿਦਿਆਰਥੀ ਦੀ ਦਰੱਖਤ 'ਤੇ ਟੰਗੀ ਲਾਸ਼ ਮਿਲੀ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਗਿਆਰ੍ਹਵੀਂ ਵਿੱਚ ਪੜ੍ਹਦੇ ਵਿਦਿਆਰਥੀ ਦਾ ਸੜਕ ਕਿਨਾਰੇ ਦਰੱਖਤ ਨਾਲ ਉਸ ਦੀ ਲਾਸ਼ ਨੂੰ ਟੰਗ ਕੇ ਕਤਲ ਕੀਤੇ ਜਾਣ ਦੀ ਖਬਰ ਮਿਲੀ ਹੈ। ਜਾਣਕਾਰੀ ਅਨੁਸਾਰ ਜਸਕਰਨ ਸਿੰਘ ਪੁੱਤਰ ਰਾਜਿੰਦਰ ਸਿੰਘ (17) ਵਾਸੀ ਬੇਰੀ ਥਾਣਾ ਕਾਹਨੂੰਵਾਨ ਰਹਿਣ ਵਾਲਾ ਸੀ। ਬੀਤੀ ਰਾਤ ਪਿੰਡ ਬੇਰੀ ਤੋਂ ਜਸਕਰਨ ਸਿੰਘ ਫੋਟੋ ਸਟੇਟ ਕਾਪੀ ਕਰਾਉਣ ਲਈ ਘਰੋਂ ਗਿਆ ਸੀ। ਜਸਕਰਨ ਸਿੰਘ +1 ਵਿੱਚ ਹੋਲੀ ਫੈਮਲੀ ਸੀਨੀਅਰ ਸੈਕੰਡਰੀ ਸਕੂਲ ਸ੍ਰੀ ਹਰਗੋਬਿੰਦਪੁਰ ਲਾਈਟਾਂ ਵਾਲੇ ਚੌਕ 'ਚ ਪੜ੍ਹਦਾ ਸੀ। ਗਰਮੀਆਂ ਦੀਆਂ ਛੁੱਟੀਆਂ ਹੋਣ ਕਾਰਨ ਸਕੂਲ ਨਹੀਂ ਸੀ ਜਾ ਰਿਹਾ। ਰਾਤ ਤੱਕ ਪਰਵਾਰਕ ਮੈਂਬਰਾਂ ਵੱਲੋਂ ਆਪਣੇ ਬੱਚੇ ਦੀ ਭਾਲ ਕਰਨੀ ਸ਼ੁਰੂ ਕਰ ਦਿੱਤੀ ਗਈ ਪਰ ਨਹੀਂ ਲੱਭਿਆ। ਉਸ ਦਾ ਫੋਨ ਨੰਬਰ ਬੰਦ ਆ ਰਿਹਾ ਸੀ। ਜਦ ਸਵੇਰ ਸਮੇਂ ਥਾਣਾ ਦਸੂਹਾ ਮਕੇਰੀਆਂ ਪਿੰਡ ਚਕਰਾ ਦੇ ਨਜ਼ਦੀਕ ਰਸਤੇ ਰਾਹਗੀਰਾਂ ਨੇ ਲਾਸ਼ ਨੂੰ ਦਰੱਖਤ ਉੱਤੇ ਟੰਗੀ ਦੇਖਿਆ ਤਾਂ ਉਨ੍ਹਾਂ ਤੁਰੰਤ ਪੁਲਸ ਨੂੰ ਸੂਚਿਤ ਕੀਤਾ। ਕਰਾਈਮ ਬਰਾਂਚ ਵੱਲੋਂ ਇਸ ਦੀ ਤਸਵੀਰ ਪਛਾਣ ਲਈ ਵੱਖ ਵੱਖ ਵਟਸਅਪ ਗਰੁੱਪਾਂ ਵਿੱਚ ਪਾ ਕੇ ਲੋਕਾਂ ਨੂੰ ਪਛਾਣ ਲਈ ਪੁੱਛਿਆ ਗਿਆ। ਜਦੋਂ ਇਸ ਘਟਨਾ ਬਾਰੇ ਇਸ ਦੇ ਪਰਵਾਰਕ ਮੈਂਬਰਾਂ ਨੂੰ ਪਤਾ ਲੱਗਿਆ ਤਾਂ ਉਨ੍ਹਾਂ ਤੁਰੰਤ ਥਾਣਾ ਦਸੂਹਾ ਮਕੇਰੀਆ ਪਹੁੰਚ ਕੇ ਬੱਚੇ ਦੀ ਪਛਾਣ ਕੀਤੀ ਗਈ। ਪਰਵਾਰਕ ਮੈਂਬਰਾਂ ਨੇ ਦੋਸ਼ ਲਗਾਇਆ ਹੈ ਕਿ ਉਹਨਾਂ ਦੇ ਬੱਚੇ ਦਾ ਕਤਲ ਹੋਇਆ ਹੈ। ਨੌਜਵਾਨ ਦੀ ਅਜਿਹੇ ਭੇਦਭਰੇ ਹਾਲਾਤ ਵਿੱਚ ਲਾਸ਼ ਮਿਲਣ ਤੋਂ ਬਾਅਦ ਪਿੰਡ ਬੇਰੀ 'ਚ ਸੋਗ ਦੀ ਲਹਿਰ ਫੈਲ ਗਈ। ਪੁਲਸ ਦੇ ਵੱਲੋਂ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪਰਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ 'ਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



# ਵੱਡੀ ਸੰਵਿਧਾਨ ਬਚਾਓ ਰੈਲੀ ਨੇ ਛੇੜੀ ਸਿਆਸੀ ਹਲਕਿਆਂ 'ਚ ਚਰਚਾ : ਭੀਲੋਵਾਲ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਪੰਜਾਬ ਦੇ ਸਿਆਸੀ ਗਲਿਆਰਿਆਂ ਵਿੱਚ ਹਮੇਸ਼ਾ ਚਰਚਾ ਵਿੱਚ ਰਹਿੰਦੇ ਹਲਕਾ ਮਜੀਠੇ ਦੇ ਪਿੰਡ ਕੱਥੂਨੰਗਲ ਵਿੱਚ ਕਾਂਗਰਸ ਪਾਰਟੀ ਦੇ ਹਲਕਾ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਦੀ ਅਗਵਾਈ ਵਿੱਚ ਹੋਈ ਭਰ ਗਰਮੀ ਤੇ ਬਿਜਾਈ ਦੇ ਸੀਜ਼ਨ ਵਿੱਚ ਸੰਵਿਧਾਨ ਬਚਾਓ ਰੈਲੀ ਨੇ ਸਿਆਸੀ ਗਲਿਆਰਿਆਂ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸਾਬਕਾ ਚੇਅਰਮੈਨ ਬਲਾਕ ਸੰਮਤੀ ਗੁਰਮੀਤ ਸਿੰਘ ਭੀਲੋਵਾਲ ਨੇ ਕਾਂਗਰਸੀ ਵਰਕਰਾਂ ਨਾਲ ਮੀਟਿੰਗ ਕਰਨ ਉਪਰੰਤ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਮਜੀਠਾ ਹਲਕੇ ਦੇ ਲੋਕਾਂ ਨੇ ਹਲਕੇ ਵਿੱਚ ਪਿਛਲੇ 30-32 ਸਾਲ ਤੋਂ ਕੱਥੂਨੰਗਲ 'ਤੇ ਸੱਚਰ ਪਰਵਾਰ ਵੱਲੋਂ ਕੀਤੀ ਜਾ ਰਹੀ ਬੇਦਾਗ਼ ਸੇਵਾ 'ਤੇ ਮੋਹਰ ਲਗਾ ਦਿੱਤੀ। ਪੰਜਾਬ ਕਾਂਗਰਸ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਨੇ ਇੱਕ ਮੱਤ ਹੋ ਕੇ ਜਿਸ ਤਰ੍ਹਾਂ ਅਗਾਮੀ ਸਮੇਂ , 2027 ਦੀਆਂ ਵਿਧਾਨ ਸਭਾ ਚੋਣਾਂ ਦਾ ਜ਼ਿਕਰ ਕਰਦਿਆਂ ਭਗਵੰਤ ਪਾਲ ਸਿੰਘ ਸੱਚਰ ਦੇ ਮੋਢਿਆਂ 'ਤੇ ਵੱਡੀ ਜ਼ਿੰਮੇਵਾਰੀ ਪਾ ਕੇ ਤੇ ਹਰ ਵਾਰ ਦਲਬਦਲੂਆਂ ਦੀ ਐਂਟਰੀ 'ਤੇ ਵਿਸ਼ਰਾਮ ਲਗਾਉਂਦਿਆਂ ਸਾਫ਼ ਸਾਫ਼ ਕਿਹਾ ਕਿ ਜਿਹੜੇ ਵਿਅਕਤੀ ਨੇ ਔਖੇ ਸਮੇਂ ਵਿੱਚ ਪਾਰਟੀ ਦਾ ਝੰਡਾ ਚੁੱਕੀ ਰੱਖਿਆ, ਉਹੀ ਹੁਣ ਹਲਕੇ ਦਾ ਆਗੂ ਹੋਵੇਗਾ। ਸਾਬਕਾ ਉੱਪ ਮੁੱਖ ਮੰਤਰੀ ਤੇ ਮੈਂਬਰ ਲੋਕ ਸਭਾ ਸੁਖਜਿੰਦਰ ਸਿੰਘ ਰੰਧਾਵਾ ਨੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਸੀ ਕਿ ਇਸ ਵਾਰ ਜਿੱਥੇ ਲੋਕ ਆਮ ਆਦਮੀ ਪਾਰਟੀ ਦੀਆਂ ਜ਼ਮਾਨਤਾਂ ਜ਼ਬਤ ਕਰਵਾਉਣਗੇ ਓਥੇ ਇਸ ਹਲਕੇ ਵਿੱਚ ਅਕਾਲੀ ਦਲ ਦਾ ਵੀ ਸਫ਼ਾਇਆ ਕਰਾਂਗੇ, ਜਿੱਥੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਮੈਂਬਰ ਲੋਕ ਸਭਾ ਗੁਰਜੀਤ ਸਿੰਘ ਔਜਲਾ ਤੇ ਇਸ ਹਲਕੇ ਦੇ ਸਾਬਕਾ ਵਿਧਾਇਕ ਸਵਿੰਦਰ ਸਿੰਘ ਕੱਥੂਨੰਗਲ ਨੇ ਵੀ ਆਪਣੇ ਭਤੀਜੇ ਭਗਵੰਤ ਪਾਲ ਸੱਚਰ ਦੇ ਸਿਰ 'ਤੇ ਹੱਥ ਰੱਖਦਿਆਂ ਸਮੁੱਚੀ ਹਾਈਕਮਾਂਡ ਤੇ ਲੋਕਾਂ ਨੂੰ ਯਕੀਨ ਦਿਵਾਇਆ ਕਿ 2002 ਤੋਂ ਬਾਅਦ ਕਾਂਗਰਸ ਪਾਰਟੀ ਨੂੰ ਬੂਰ ਨਹੀਂ ਪਿਆ ਪਰ ਇਸ ਵਾਰ ਫਿਰ ਅਸੀਂ ਆਪਣੇ ਬੱਚੇ ਸੱਚਰ ਦੀ ਅਗਵਾਈ 'ਚ ਜਿੱਤ ਦੀ ਝੰਡਾ ਗੱਡਾਂਗੇ, ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਵਾਰ ਵਾਰ ਸੱਚਰ ਦੇ ਮੋਢਿਆਂ 'ਤੇ ਹੱਥ ਰੱਖ ਕੇ ਥਾਪੜਾ ਦੇਂਦਿਆਂ ਕਿਹਾ ਕਿ ਜੇਕਰ ਮੇਰ ਗਿੱਦੜਬਾਹਾ ਹਲਕੇ ਵਿੱਚ ਬਾਦਲ ਪਰਿਵਾਰ ਦੇ ਜੱਦੀ ਹਲਕੇ ਵਿੱਚ 46 ਸਾਲ ਬਾਅਦ ਕਾਂਗਰਸ ਦਾ ਬੂਟਾ ਹਰਾ ਹੋ ਸਕਦਾ ਹੈ ਤੇ ਸੱਚਰ ਸਾਹਿਬ ਮਜੀਠਾ ਹਲਕੇ ਵਿੱਚ ਕਿਉਂ ਨਹੀਂ, ਤੁਸੀਂ ਤਗੜੇ ਹੋਵੋ ਮਜੀਠੇ ਹਲਕੇ ਵਿੱਚ ਵੀ ਜਿੱਤ ਦਾ ਝੰਡਾ ਗੱਡੋਗੇ, ਚੇਅਰਮੈਨ ਭੀਲੋਵਾਲ ਨੇ ਕਿਹਾ ਕਿ ਇਸ ਰੈਲੀ ਨਾਲ ਜਿੱਥੇ ਕਾਂਗਰਸੀ ਵਰਕਰਾਂ ਦੇ ਚਿਹਰੇ ਖਿੜੇ ਨਜ਼ਰ ਆ ਰਹੇ ਹਨ, ਓਥੇ ਸਾਡੀਆਂ ਰਾਜਸੀ ਵਿਰੋਧੀ ਪਾਰਟੀਆਂ ਦੇ ਵਰਕਰਾਂ ਦੇ ਮਨਾਂ ਵਿੱਚ ਵੀ ਕਾਂਗਰਸੀ ਆਗੂ ਸੱਚਰ ਪ੍ਰਤੀ ਰੁਝਾਨ ਵਧਿਆ ਹੈ। ਇਸ ਮੌਕੇ ਬਲਾਕ ਕਾਂਗਰਸ ਤਰਸਿੱਕਾ ਦੇ ਪ੍ਰਧਾਨ ਸਤਨਾਮ ਸਿੰਘ ਕਾਜ਼ੀਕੋਟ, ਪਰਮਜੀਤ ਸਿੰਘ ਭੋਏਵਾਲ, ਜਰਨੈਲ ਸਿੰਘ ਰਾਮਦਿਵਾਲੀ, ਸਾਬਕਾ ਸਰਪੰਚ ਮਨਜੀਤ ਸਿੰਘ ਬੱਲੋਵਾਲੀ , ਅਸ਼ੋਕ ਕੁਮਾਰ ਮੱਤੇਵਾਲ, ਸੁਰਜੀਤ ਸਿੰਘ ਭੀਲੋਵਾਲ, ਸੋਨੀ ਭੋਏਵਾਲ, ਹਰਮਨ ਟਾਹਲੀ ਸਾਹਿਬ, ਮੁਕੇਸ਼ ਕੁਮਾਰ ਭਨੋਟ, ਵਿਨੋਦ ਕੁਮਾਰ ਸਾਬੀ, ਵੀਰ ਸਿੰਘ ਚਾਟੀਵਿੰਡ, ਸਾਬਕਾ ਸਰਪੰਚ ਸਵਿੰਦਰ ਸਿੰਘ ਤਨੇਲ, ਹਰਜੀਤ ਸਿੰਘ ਤਨੇਲ ਨਵਾਂ ਤੇ ਹੋਰ ਵੀ ਆਗੂ ਹਾਜ਼ਰ ਸਨ ।



# ਜਲ ਸ਼ਕਤੀ ਮਿਸ਼ਨ ਅਭਿਆਨ ਦੀ ਟੀਮ ਨੇ ਵਾਟਰ ਟ੍ਰੀਟਮੈਂਟ ਪਲਾਂਟ ਦਾ ਕੀਤਾ ਦੌਰਾ

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)-ਕੇਂਦਰ ਸਰਕਾਰ ਦੇ ਜਲ ਸ਼ਕਤੀ ਮੰਤਰਾਲੇ ਵਲੋਂ ਚਲਾਏ ਜਾ ਰਹੇ ਜਲ ਸ਼ਕਤੀ ਅਭਿਆਨ ਦੀ ਇੱਕ ਟੀਮ ਨੇ ਪੰਜਾਬ ਸਰਕਾਰ ਵਲੋਂ ਸ਼ਹਿਰ ਦੇ ਲੋਕਾਂ ਨੂੰ ਸਾਫ ਪਾਣੀ ਦੀ ਨਿਰੰਤਰ ਸਪਲਾਈ ਯਕੀਨੀ ਬਣਾਉਣ ਲਈ ਸ਼ੁਰੂ ਕੀਤੇ ਗਏ ਅੰਮ੍ਰਿਤਸਰ ਬਲਕ ਵਾਟਰ ਸਪਲਾਈ ਸਕੀਮ (ਏ.ਬੀ.ਡਬਲਯੂ.ਐਸ.ਐਸ) ਪ੍ਰੋਜੈਕਟ ਦਾ ਜਾਇਜ਼ਾ ਲੈਣ ਲਈ ਵੱਲਾ ਵਿੱਚ ਬਣਾਏ ਜਾ ਰਹੇ ਵਾਟਰ ਟ੍ਰੀਟਮੈਂਟ ਪਲਾਂਟ ਦਾ ਦੌਰਾ ਕੀਤਾ। ਤਿੰਨ ਮੈਂਬਰੀ ਟੀਮ ਵਿੱਚ ਜਲ ਸ਼ਕਤੀ ਅਭਿਆਨ ਦੇ ਡਿਪਟੀ ਮੁੱਖ ਕਾਰਜਕਾਰੀ ਅਧਿਕਾਰੀ ਭਾਰਤ ਭੂਸ਼ਣ ਵਰਮਾ, ਵਿਗਿਆਨੀ ਡਾ. ਸ਼ਸ਼ੀਕਾਂਤ ਅਤੇ ਜ਼ਿਲ੍ਹਾ ਨੋਡਲ ਅਧਿਕਾਰੀ ਸਤਨਾਮ ਸਿੰਘ ਸ਼ਾਮਲ ਸਨ। ਇਸ ਮੌਕੇ ਸੀਨੀਅਰ ਨਿਰਮਾਣ ਮੈਨੇਜਰ ਅਸ਼ਵਨੀ ਸ਼ਰਮਾ ਨੇ ਕਿਹਾ ਕਿ ਏ.ਬੀ.ਡਬਲਯੂ.ਐਸ.ਐਸ ਪ੍ਰੋਜੈਕਟ ਤਹਿਤ ਆਉਣ ਵਾਲੇ ਸਮੇਂ ਵਿੱਚ ਅੱਪਰ ਬਾਰੀ ਦੁਆਬ ਨਹਿਰ ਦਾ ਪਾਣੀ ਸਾਫ ਕਰਕੇ ਸ਼ਹਿਰ ਦੇ ਹਰ ਘਰ ਤੱਕ ਪਹੁੰਚਾਇਆ ਜਾਵੇਗਾ। ਜਿਸ ਲਈ ਇੱਕ ਆਧੁਨਿਕ ਵਾਟਰ ਟ੍ਰੀਟਮੈਂਟ ਪਲਾਂਟ ਅਤੇ 45 ਪਾਣੀ ਦੀਆਂ ਟੈਂਕੀਆਂ ਦੀ ਉਸਾਰੀ ਦੇ ਨਾਲ-ਨਾਲ 112 ਕਿਲੋਮੀਟਰ ਲੰਬੀ ਪਾਈਪਲਾਈਨ ਵਿਛਾਉਣ ਦਾ ਕੰਮ ਚੱਲ ਰਿਹਾ ਹੈ। ਇਸ ਮੌਕੇ ਭਾਰਤ ਭੂਸ਼ਣ ਵਰਮਾ ਨੇ ਕਿਹਾ ਕਿ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦਾ ਪੱਧਰ ਬਹੁਤ ਤੇਜ਼ੀ ਨਾਲ ਡਿਗ ਰਿਹਾ ਹੈ ਅਤੇ ਪੰਜਾਬ ਦੇ 153 ਬਲਾਕਾਂ ਵਿੱਚੋਂ 117 ਨੂੰ ਡਾਰਕ ਜ਼ੋਨ ਐਲਾਨਿਆ ਗਿਆ ਹੈ, ਜਿਨ੍ਹਾਂ ਵਿੱਚੋਂ ਅੰਮ੍ਰਿਤਸਰ ਦੇ ਸਾਰੇ ਦਸ ਬਲਾਕ ਵੀ ਡਾਰਕ ਜ਼ੋਨ ਵਿੱਚ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸ਼ਹਿਰ ਵਿੱਚ ਪਾਣੀ ਦੀ ਸਪਲਾਈ ਏ.ਬੀ.ਡਬਲਯੂ.ਐਸ.ਐਸ ਪ੍ਰੋਜੈਕਟ ਰਾਹੀਂ ਧਰਤੀ ਹੇਠਲੇ ਪਾਣੀ ਦੀ ਥਾਂ ਸਤਹੀ ਪਾਣੀ ਤੋਂ ਕੀਤੀ ਜਾਵੇਗੀ। ਇਸ ਨਾਲ ਨਾ ਸਿਰਫ ਧਰਤੀ ਹੇਠਲੇ ਪਾਣੀ ਦਾ ਪੱਧਰ ਉੱਚਾ ਚੁੱਕਣ ਵਿੱਚ ਮਦਦ ਮਿਲੇਗੀ, ਸਗੋਂ ਸ਼ਹਿਰ ਦੇ ਲੋਕਾਂ ਨੂੰ ਇਸ ਪ੍ਰੋਜੈਕਟ ਦਾ ਲੰਬੇ ਸਮੇਂ ਤੱਕ ਫਾਇਦਾ ਹੋਵੇਗਾ। ਪ੍ਰੋਜੈਕਟ ਤਹਿਤ 51 ਨਵੀਂਆਂ ਪਾਣੀ ਦੀਆਂ ਟੈਂਕੀਆਂ ਬਣਾਈਆਂ ਜਾ ਰਹੀਆਂ ਹਨ। ਜਿਸ ਵਿੱਚ ਦਸ ਲੱਖ ਲੀਟਰ ਦੀਆਂ 9 ਟੈਂਕੀਆਂ, ਪੰਦਰਾਂ ਲੱਖ ਲੀਟਰ ਦੀਆਂ 9 ਅਤੇ ਵੀਹ ਲੱਖ ਲੀਟਰ ਦੀਆਂ 27 ਟੈਂਕੀਆਂ ਉਸਾਰੀ ਅਧੀਨ ਹਨ। ਇਸ ਪ੍ਰੋਜੈਕਟ ਤਹਿਤ 24 ਪੁਰਾਣੀਆਂ ਟੈਂਕੀਆਂ ਦਾ ਨਵੀਨੀਕਰਨ ਵੀ ਕੀਤਾ ਜਾ ਰਿਹਾ ਹੈ। ਵੱਲਾ ਦੇ ਨੇੜੇ 44 ਕਰੋੜ ਲੀਟਰ ਪ੍ਰਤੀ ਦਿਨ ਦੀ ਸਮਰੱਥਾ ਵਾਲਾ ਇੱਕ ਆਧੁਨਿਕ ਵਾਟਰ ਟ੍ਰੀਟਮੈਂਟ ਪਲਾਂਟ ਉਸਾਰੀ ਅਧੀਨ ਹੈ। ਪ੍ਰੋਜੈਕਟ ਤਹਿਤ ਸ਼ਹਿਰ ਵਾਸੀਆਂ ਨੂੰ ਸਾਫ ਪਾਣੀ ਦੀ ਨਿਰੰਤਰ ਸਪਲਾਈ ਮਿਲੇਗੀ, ਜੋ ਕਿ ਇਸ ਵੇਲੇ ਸਿਰਫ਼ 10-12 ਘੰਟੇ ਲਈ ਕੀਤੀ ਜਾ ਰਹੀ ਹੈ। ਇਸ ਪ੍ਰੋਜੈਕਟ ਦੇ ਤਹਿਤ, ਸ਼ਹਿਰ ਵਿੱਚ 10500-2012 ਮਿਆਰਾਂ ਦੇ ਪਾਣੀ ਦੀ ਗੁਣਵੱਤਾ ਦੀ ਸਪਲਾਈ ਕੀਤੀ ਜਾਵੇਗੀ। ਪ੍ਰੋਜੈਕਟ ਤਹਿਤ ਆਧੁਨਿਕ ਸਕਾਡਾ ਸਿਸਟਮ ਤਹਿਤ ਕੰਟਰੋਲ ਰੂਮ ਤੋਂ ਸ਼ਹਿਰ ਦੀ ਜਲ ਸਪਲਾਈ ਪ੍ਰਣਾਲੀ ਦੀ ਆਨਲਾਈਨ ਨਿਗਰਾਨੀ ਕੀਤੀ ਜਾਵੇਗੀ ਅਤੇ ਕਿਸੇ ਵੀ ਸਮੱਸਿਆ ਦਾ ਸਮੇਂ ਸਿਰ ਪਤਾ ਲਗਾ ਕੇ ਤੁਰੰਤ ਠੀਕ ਕੀਤਾ ਜਾਵੇਗਾ।



# ਪ੍ਰਭ ਆਸ਼ਰਮ ਹਰਚੋਵਾਲ ਵਿਖੇ ਨਸ਼ਾ ਛਡਾਊ ਤੇ ਜਨਰਲ ਮੈਡੀਕਲ ਕੈਂਪ ਅੱਜ

ਧਾਰੀਵਾਲ/ਹਰਚੋਵਾਲ (ਮਨਦੀਪ ਸਿੰਘ ਵਿੱਕੀ)- ਰੈੱਡ ਕਰਾਸ ਨਸ਼ਾ ਛਡਾਊ ਅਤੇ ਪੁਨਰਵਾਸ ਕੇਂਦਰ ਗੁਰਦਾਸਪੁਰ ਵੱਲੋਂ ਪ੍ਰਭ ਆਸ਼ਰਮ ਹਰਚੋਵਾਲ ਵਿਖੇ ਸਰਬ ਸੇਵਾ ਟਰੱਸਟ ਹਰਚੋਵਾਲ ਅਤੇ ਬਾਪੂ ਬਾਲਾ ਸਿੰਘ ਵੈੱਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਨਸ਼ਾ ਛਡਾਊ ਅਤੇ ਜਨਰਲ ਮੈਡੀਕਲ ਕੈਂਪ 20 ਜੂਨ ਨੂੰ ਸਵੇਰੇ 10 ਵਜੇ ਲਗਾਇਆ ਜਾ ਰਿਹਾ ਹੈ। ਇਹ ਜਾਣਕਾਰੀ ਸਰਬ ਸੇਵਾ ਟਰੱਸਟ ਦੇ ਚੇਅਰਮੈਨ ਡਾਕਟਰ ਭੁਪਿੰਦਰ ਸਿੰਘ ਗਿੱਲ, ਪ੍ਰਭ ਆਸ਼ਰਮ ਦੇ ਸੰਚਾਲਕ ਭਾਈ ਮਨਿੰਦਰ ਸਿੰਘ ਅਤੇ ਰੀਜਨਲ ਯੂਥ ਕਲੱਬ ਪੰਡੋਰੀ ਬੈਂਸਾਂ ਦੇ ਪ੍ਰਧਾਨ ਮਾਸਟਰ ਛਤਰਪਾਲ ਸਿੰਘ ਨੇ ਦੱਸਿਆ ਕਿ ਇਸ ਕੈਂਪ ਵਿੱਚ ਗੁਰਦਾਸਪੁਰ ਤੋਂ ਮਾਹਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦਾ ਚੈੱਕਅਪ ਕਰਕੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਜਾਣਗੀਆਂ। ਉਹਨਾਂ ਨੇ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਕੈਂਪ ਦਾ ਵਧੇਰੇ ਲਾਭ ਲਿਆ ਜਾਵੇ।




## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਕੰਮ ਕਰਨ ਵਾਲੇ ਸੀਨੀਅਰ ਡੀਐਸਟੀਈ/ਜੇਏਟੀ https://www.ireps.gov.in 'ਤੇ ਈ-ਨਿਵਿਦਾਵਾਂ ਦੀ ਮੰਗ ਕਰਦੇ ਹਨ। ਨਿਵਿਦਾ ਸੂਚਨਾ ਨੰਬਰ 433-Sig-JAT-6-25-26 ਦੇ ਵਿਰੁਧ ਅੰਤਮ ਮਿਤੀ/ਸਮਾਂ 07.07.2025 15:00 ਵਜੇ। ਬੋਲੀਦਾਤਾ ਆਪਣੀ ਮੂਲ/ ਸੰਸ਼ੋਧਿਤ ਬੋਲੀਆਂ ਅੰਤਮ ਮਿਤੀ ਅਤੇ ਸਮੇਂ ਤਕ ਹੀ ਜਮ੍ਹਾ ਕਰ ਸਕਣਗੇ। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਆਫਰ ਦੀ ਇਜਾਜਤ ਨਹੀਂ ਹੈ, ਅਤੇ ਪ੍ਰਾਪਤ ਐਸੇ ਕਿਸੇ ਵੀ ਮੈਨੂੰਅਲ ਆਫਰ ਨੂੰ ਅਣਦੇਖਾ ਕਰ ਦਿਤਾ ਜਾਵੇਗਾ। ਠੇਕੇਦਾਰਾਂ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਦਸਤਾਵੇਜ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟ ਤੇ ਉਪਲਬਧ ਆਨਲਾਈਨ ਭੁਗਤਾਨ ਮੋਡ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਕਰੇਡਿਟ ਕਾਰਡ ਆਦਿ ਦੇ ਮਾਧਿਅਮ ਨਾਲ ਕਰਨ ਦੀ ਇਜਾਜਤ ਹੈ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਜਮ੍ਹਾ ਰਸੀਦਾਂ, ਐਫਡੀਆਰ ਆਦਿ ਦੇ ਮਾਧਿਅਮ ਨਾਲ ਮੈਨੂੰਅਲ ਦੀ ਇਜਾਜਤ ਨਹੀਂ ਹੈ।

ਐਨਆਈਟੀ ਹੇਡਰ

| | | | |
|---|---|---|---|
| ਕਰਾਰ ਦਾ ਪ੍ਰਕਾਰ | ਕੰਮ ਕਰਦਾ ਹੈ | | |
| ਕੰਮ ਦਾ ਨਾਮ | ਜੰਮੂ ਸੰਪਾਵ ਦੇ BRML-SGDN ਸੈਕਸ਼ਨ ਦੇ 18 ਸਟੇਸ਼ਨਾਂ ਤੇ ਸਥਾਪਿਤ ਹਿਤਾਚੀ ਮੇਕ ਇਲੈਕਟ੍ਰਾਨਿਕ ਇੰਟਰਲਾਕਿੰਗ ਸਿਸਟਮ ਦਾ ਤਿੰਨ (03) ਸਾਲਾਂ ਦੇ ਲਈ ਵਿਆਪਕ ਸਲਾਨਾ ਰਖਰਖਾਅ ਕਾਂਟਰੇਕਟ (ਏਐਮਸੀ) | | |
| ਨਿਵਿਦਾ ਸਮਾਪਤੀ ਮਿਤੀ ਸਮਾਂ | 07.07.2025 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 14.06.2025 13:58 |
| ਵਿਗਿਆਪਤ ਮੂਲ (ਰੂ.) | 21683389.89 | ਆਈਆਰਈਪੀਐਸ ਦੇ ਅਨੁਸਾਰ ਬੋਲੀ ਸ਼ੁਰੂ ਮਿਤੀ | 14.06.2025 |
| ਬਿਆਨਾ ਰਾਸ਼ੀ (ਰੂ) | 258400.00 | ਸਮਾਪਤੀ ਦਾ ਸਮਾਂ | 36 ਮਹੀਨੇ |

ਨਿਵਿਦਾ ਸੂਚਨਾ ਨੰ. :- 433-Sig-JAT-6-25-26 ਮਿਤੀ- 17.06.2025 ਸਮਾਪਤੀ ਮਿਤੀ/ ਸਮਾਂ: 07.07.2025 15:00

1843/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਐਨ ਸੀ ਸੀ ਕੈਡੇਟਾਂ ਨੇ ਵੇਸਟ ਮੈਨੇਜਮੈਂਟ 'ਤੇ ਪ੍ਰਭਾਵਸ਼ਾਲੀ ਸੈਸ਼ਨ 'ਚ ਹਿੱਸਾ ਲਿਆ

ਪਠਾਨਕੋਟ (ਦਵਿੰਦਰ ਸਿੰਘ)- ਪੰਜਾਬ ਨੇਵਲ ਯੂਨਿਟ ਐਨ ਸੀ ਸੀ, ਅੰਮ੍ਰਿਤਸਰ ਦੁਆਰਾ ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵਿਖੇ ਆਯੋਜਿਤ 10 ਦਿਨਾ ਰਿਹਾਇਸ਼ੀ ਟ੍ਰੇਨਿੰਗ ਕੈਂਪ ਦੇ ਤਹਿਤ ਕੈਡੇਟਾਂ ਦੇ ਸਮੁੱਚੇ ਵਿਕਾਸ ਨੂੰ ਧਿਆਨ ਵਿੱਚ ਰੱਖਦੇ ਹੋਏ ਕੂੜਾ ਪ੍ਰਬੰਧਨ (ਵੇਸਟ ਮੈਨੇਜਮੈਂਟ) 'ਤੇ ਇੱਕ ਪ੍ਰਭਾਵਸ਼ਾਲੀ ਸੈਸ਼ਨ ਆਯੋਜਿਤ ਕੀਤਾ ਗਿਆ। ਇਹ ਸੈਸ਼ਨ ਪਠਾਨਕੋਟ ਨਗਰ ਨਿਗਮ ਦੇ ਸੰਦੀਪ ਗੌਤਮ ਦੁਆਰਾ ਲਿਆ ਗਿਆ, ਜਿਨ੍ਹਾਂ ਨੇ ਕੈਡੇਟਾਂ ਨੂੰ ਟਿਕਾਊ ਕੂੜਾ ਪ੍ਰਬੰਧਨ ਦੀਆਂ ਤਕਨੀਕਾਂ, ਜੈਵਿਕ ਅਤੇ ਅਜੈਵਿਕ ਕੂੜੇ ਦੇ ਵਖਰੇਵੇਂ ਅਤੇ ਗਲਤ ਕੂੜਾ ਨਿਪਟਾਰੇ ਦੇ ਵਾਤਾਵਰਣੀ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ। ਸੈਸ਼ਨ ਤੋਂ ਬਾਅਦ ਕੈਡੇਟਾਂ ਨੂੰ ਸਰਨਾ ਸਥਿਤ ਮਟੀਰੀਅਲ ਰਿਕਵਰੀ ਫੈਸਿਲਿਟੀ ਦਾ ਵਿੱਦਿਅਕ ਦੌਰਾ ਵੀ ਕਰਵਾਇਆ ਗਿਆ, ਜਿੱਥੇ ਉਨ੍ਹਾਂ ਦੇਖਿਆ ਕਿ ਕੂੜੇ ਦੀ ਪ੍ਰੋਸੈਸਿੰਗ ਕਿਵੇਂ ਕੀਤੀ ਜਾਂਦੀ ਹੈ।



ਕੈਡੇਟਾਂ ਨੇ ਕੂੜੇ ਦੀ ਛਾਂਟੀ, ਰੀਸਾਈਕਲਿੰਗ ਅਤੇ ਖਾਦ ਬਣਾਉਣ ਦੀਆਂ ਪ੍ਰਕਿਰਿਆਵਾਂ ਨੂੰ ਨਜ਼ਦੀਕੀ ਤੋਂ ਸਮਝਿਆ। ਇੱਕ ਪ੍ਰਮੁੱਖ ਪਹਿਲੂ ਇਹ ਸੀ ਕਿ ਜੈਵਿਕ ਕੂੜੇ ਨੂੰ ਕਿਵੇਂ ਜੈਵਿਕ ਖਾਦ ਵਿੱਚ ਬਦਲਿਆ ਜਾਂਦਾ ਹੈ, ਜਿਸ ਨਾਲ ਵਾਤਾਵਰਣੀ ਸਥਿਰਤਾ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ। ਇਸ ਪਹਿਲ ਦਾ ਉਦੇਸ਼ ਕੈਡੇਟਾਂ ਵਿੱਚ ਵਾਤਾਵਰਣੀ ਜ਼ਿੰਮੇਵਾਰੀ ਦੀ ਭਾਵਨਾ ਵਿਕਸਿਤ ਕਰਨਾ ਅਤੇ ਉਨ੍ਹਾਂ ਨੂੰ ਜਾਗਰੂਕ ਅਤੇ ਜ਼ਿੰਮੇਵਾਰ ਨਾਗਰਿਕ ਬਣਨ ਦੀ ਦਿਸ਼ਾ ਵਿੱਚ ਸਿੱਖਿਅਤ ਕਰਨਾ ਸੀ। ਕਮਾਂਡਿੰਗ ਅਫ਼ਸਰ ਕਮਾਂਡਰ ਐਨ. ਨਿਸ਼ਾਂਤ ਨੇ ਕਿਹਾ ਕਿ ਅੱਜ ਦੇ ਦੌਰ ਵਿੱਚ ਵਾਤਾਵਰਣੀ ਜਾਗਰੂਕਤਾ ਓਨੀ ਹੀ ਜ਼ਰੂਰੀ ਹੈ ਜਿੰਨੀ ਸਰੀਰਕ ਸਿਖਲਾਈ। ਇਹ ਸੈਸ਼ਨ ਅਤੇ ਫੀਲਡ ਵਿਜ਼ਿਟ ਕੈਡੇਟਾਂ ਨੂੰ ਵਾਤਾਵਰਣ ਸੁਰੱਖਿਆ ਵਿੱਚ ਆਪਣੀ ਭੂਮਿਕਾ ਨੂੰ ਸਮਝਣ ਅਤੇ ਇੱਕ ਪਰਿਵਰਤਨਕਾਰੀ ਬਣਨ ਦੀ ਦਿਸ਼ਾ ਵਿੱਚ ਪ੍ਰੇਰਿਤ ਕਰਦਾ ਹੈ।

ਪ੍ਰਤਾਪ ਵਰਲਡ ਸਕੂਲ ਦੇ ਡਾਇਰੈਕਟਰ ਸੰਨੀ ਮਹਾਜਨ ਨੇ ਕਿਹਾ ਕਿ ਅਸੀਂ ਪ੍ਰਤਾਪ ਵਰਲਡ ਸਕੂਲ ਵਿੱਚ ਸਿਰਫ਼ ਬੌਧਿਕ ਵਿਕਾਸ ਹੀ ਨਹੀਂ, ਸਗੋਂ ਜੀਵਨ ਮੁੱਲਾਂ ਦੇ ਪੋਸ਼ਣ ਵਿੱਚ ਵੀ ਵਿਸ਼ਵਾਸ ਰੱਖਦੇ ਹਾਂ। ਇਸ ਤਰ੍ਹਾਂ ਦੇ ਵਿਦਿਅਕ ਅਨੁਭਵ ਵਿਦਿਆਰਥੀਆਂ ਨੂੰ ਕਲਾਸ ਤੋਂ ਪਰੇ ਸੋਚਣ ਅਤੇ ਜਾਗਰੂਕ ਨੇਤ੍ਰਤਵ ਲਈ ਪ੍ਰੇਰਿਤ ਕਰਦੇ ਹਨ।ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਕਿਹਾ ਕਿ ਸਾਨੂੰ ਗਰਵ ਹੈ ਕਿ ਅਸੀਂ ਇਸ ਤਰ੍ਹਾਂ ਦੇ ਪ੍ਰਯਾਸਾਂ ਦਾ ਹਿੱਸਾ ਬਣੇ ਹਾਂ ਜੋ ਵਾਤਾਵਰਣੀ ਸਿੱਖਿਆ ਨੂੰ ਉਤਸ਼ਾਹਿਤ ਕਰਦੇ ਹਨ।

# ਐੱਨ ਸੀ ਸੀ ਕੈਡੇਟਾਂ ਵੱਲੋਂ 'ਇੱਕ ਧਰਤੀ, ਇੱਕ ਸਿਹਤ ਲਈ ਯੋਗ' ਦੇ ਆਧਾਰ 'ਤੇ ਮਨਾਇਆ ਅੰਤਰਰਾਸ਼ਟਰੀ ਯੋਗ ਦਿਵਸ ਸਮਾਰੋਹ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਅੰਤਰਰਾਸ਼ਟਰੀ ਯੋਗ ਦਿਵਸ 2025 ਨੇ ਯੋਗ ਦੇ ਸਿਹਤ ਲਾਭਾਂ ਨੂੰ ਰੇਖਾਂਕਿਤ ਕਰਨ ਅਤੇ ਜਨਤਾ ਨੂੰ ਯੋਗ ਦਾ ਪਿੱਛਾ ਕਰਨ ਲਈ ਪ੍ਰੇਰਿਤ ਕਰਨ ਦਾ ਇੱਕ ਮੌਕਾ ਪੇਸ਼ ਕੀਤਾ। ਅੰਤਰਰਾਸ਼ਟਰੀ ਯੋਗ ਦਿਵਸ ਦਾ ਥੀਮ 'ਇੱਕ ਧਰਤੀ, ਇੱਕ ਸਿਹਤ ਲਈ ਯੋਗ' ਹੈ। ਅੰਤਰਰਾਸ਼ਟਰੀ ਯੋਗ ਦਿਵਸ ਮਨਾਉਣ ਲਈ ਐੱਨ ਸੀ ਸੀ ਗਰੁੱਪ ਹੈਡਕੁਆਟਰ ਅੰਮ੍ਰਿਤਸਰ ਨੇ ਗੁਰਦਾਸਪੁਰ ਦੇ ਸੁਖਜਿੰਦਰਾ ਗਰੁੱਪ ਆਫ਼ ਇੰਸਟੀਚਿਊਟਸ ਵਿਖੇ ਇੱਕ ਵੱਡੇ ਪੱਧਰ 'ਤੇ ਯੋਗ ਸਮਾਗਮ ਦੀ ਮੇਜ਼ਬਾਨੀ ਕੀਤੀ। ਇਸ ਸਮਾਗਮ ਵਿੱਚ ਗੁਰਦਾਸਪੁਰ, ਪਠਾਨਕੋਟ ਅਤੇ ਅੰਮ੍ਰਿਤਸਰ ਜ਼ਿਲ੍ਹਿਆਂ ਦੇ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ 400 ਤੋਂ ਵੱਧ ਕੈਡਿਟਾਂ ਨੇ ਹਿੱਸਾ ਲਿਆ।



ਅੰਤਰਰਾਸ਼ਟਰੀ ਯੋਗ ਦਿਵਸ ਦੀ ਸ਼ੁਰੂਆਤ ਐੱਨ ਸੀ ਸੀ ਗਰੁੱਪ ਹੈਡਕੁਆਟਰ ਅੰਮ੍ਰਿਤਸਰ ਨੇ ਐੱਨ ਸੀ ਸੀ ਕੈਡਿਟਾਂ ਦੇ ਪੱਧਰ 'ਤੇ ਭਾਗੀਦਾਰੀ ਲਈ ਆਪਣੀ ਕਾਰਜ ਯੋਜਨਾ ਤਿਆਰ ਕੀਤੀ, ਜਿਸ ਵਿੱਚ ਆਈ ਡੀ ਵਾਈ 2025 ਬਾਰੇ ਚਰਚਾ ਹੋਈ, ਕੈਡਿਟਾਂ ਨੇ ਆਪਣੇ ਸਾਲਾਨਾ ਟ੍ਰਿਗ ਕੈਂਪਾਂ ਦੌਰਾਨ ਯੋਗ ਯੋਗ ਸਮਾਗਮਾਂ ਵਿੱਚ ਹਿੱਸਾ ਲਿਆ, ਕੁਇਜ਼ ਮੁਕਾਬਲੇ ਕਰਵਾਏ ਅਤੇ ਕਾਲਜਾਂ ਅਤੇ ਸਕੂਲਾਂ ਵਿੱਚ ਬਹਿਸਾਂ ਕੀਤੀਆਂ। ਇਸ ਮੌਕੇ ਕੈਡਿਟਾਂ ਨੇ ਵੱਡੀ ਗਿਣਤੀ ਵਿੱਚ ਪਰਿਵਾਰਕ ਮੈਂਬਰਾਂ ਅਤੇ ਦੋਸਤਾਂ ਨੂੰ ਅੰਤਰਰਾਸ਼ਟਰੀ ਯੋਗ ਦਿਵਸ 2025 ਵਿੱਚ ਹਿੱਸਾ ਲੈਣ ਅਤੇ ਇਸਨੂੰ ਆਪਣੀ ਰੋਜ਼ਾਨਾ ਦੀ ਰੁਟੀਨ ਦਾ ਹਿੱਸਾ ਬਣਾਉਣ ਲਈ ਸਫਲਤਾਪੂਰਵਕ ਪ੍ਰੇਰਿਤ ਕੀਤਾ।

# ਜ਼ਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਅੱਜ ਲਗਾਇਆ ਜਾਵੇਗਾ ਪਲੇਸਮੈਂਟ ਕੈਂਪ

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਅਤੇ ਸਵੈ-ਰੋਜ਼ਗਾਰ ਦੇ ਕਾਬਿਲ ਬਣਾਉਣ ਲਈ ਹਰ ਸੰਭਵ ਉਪਰਾਲੇ ਕੀਤੇ ਜਾ ਰਹੇ ਹਨ। ਇਹਨਾਂ ਸ਼ਬਦਾ ਦਾ ਪ੍ਰਗਟਾਵਾ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ)-ਕਮ-ਮੁੱਖ ਕਾਰਜਕਾਰੀ ਅਫ਼ਸਰ ਡੀ.ਬੀ.ਈ.ਈ. ਅੰਮ੍ਰਿਤਸਰ ਸ਼੍ਰੀ ਮੇਜਰ ਅਮਿਤ ਸਰੀਨ ਨੇ ਦੱਸਿਆ ਕਿ 20 ਜੂਨ 2025 ਦਿਨ ਸ਼ੁੱਕਰਵਾਰ ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਅੰਮ੍ਰਿਤਸਰ ਵੱਲੋਂ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਜਾਣਕਾਰੀ ਦਿੰਦੇ ਹੋਏ ਰੁਜ਼ਗਾਰ ਅਫ਼ਸਰ ਸ਼੍ਰੀ ਮੁਕੇਸ਼ ਸਾਰੰਗਲ ਨੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਵਰਧਮਾਨ ਯਰਨਜ਼ ਅਤੇ ਥਰੈਡਜ਼ ਅਧਾਰਿਤ ਕੰਪਨੀ ਵੱਲੋਂ ਮਸ਼ੀਨ ਆਪਰੇਟਰ ਦੀ ਅਸਾਮੀ ਲਈ ਲੜਕੇ/ਲੜਕੀਆਂ ਦੀ ਚੋਣ ਕੀਤੀ ਜਾਵੇਗੀ। ਇਸ ਅਸਾਮੀ ਲਈ ਯੋਗਤਾ ਘੱਟੋ-ਘੱਟ ਮੈਟ੍ਰਿਕ ਪਾਸ ਹੋਣੀ ਜ਼ਰੂਰੀ ਹੈ। ਇਸ ਅਸਾਮੀ ਲਈ ਉਮਰ ਹੱਦ 18 ਤੋਂ 27 ਸਾਲ ਰਹੇਗੀ। ਮਸ਼ੀਨ ਆਪਰੇਟਰ ਦੀ ਅਸਾਮੀ ਲਈ ਤਨਖਾਹ ਪ੍ਰਤੀ ਮਹੀਨਾ 12500 ਰੁ. +ਬੋਨਸ + ਪੀ ਐਫ + ਈ ਐਸ ਆਈ + ਪ੍ਰੋਤਸਾਹਨ ਅਤੇ ਕਮਾਈ ਛੁੱਟੀ,ਅਚਨਚੇਤ ਛੁੱਟੀ ਅਤੇ ਗ੍ਰੁਜੂਏਟੀ ਦੀ ਸਹੂਲਤ ਮਿਲਣਯੋਗ ਹੋਵੇਗੀ। ਡਿਪਟੀ ਸੀ.ਓ ਸ੍ਰੀ ਤੀਰਥਪਾਲ ਸਿੰਘ ਨੇ ਦੱਸਿਆ ਕਿ ਇਹਨਾਂ ਅਸਾਮੀਆਂ ਲਈ ਨੌਕਰੀ ਕਰਨ ਦੀ ਲੋਕੇਸ਼ਨ ਅੰਮ੍ਰਿਤਸਰ ਆਸ-ਪਾਸ ਰਹੇਗੀ। ਪ੍ਰਾਰਥੀ ਆਪਣੇ ਨਾਲ ਆਪਣਾ ਬਾਇਓਡਾਟਾ, ਵਿਦਿਅਕ ਯੋਗਤਾ ਦੇ ਸਰਟੀਫਿਕੇਟ, ਅਧਾਰ ਕਾਰਡ, ਪਾਸਪੋਰਟ ਸਾਈਜ਼ ਫੋਟੋ, ਪੈਨ ਕਾਰਡ ਆਦਿ ਲੈ ਕੇ 20 ਜੂਨ ਨੂੰ ਸਵੇਰੇ 10.00 ਵਜੇ, ਜ਼ਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ, ਅੰਮ੍ਰਿਤਸਰ ਵਿਖੇ ਪਹੁੰਚ ਸਕਦੇ ਹਨ। ਪ੍ਰਬੰਧਕੀ ਸ਼ਾਖਾ ਤੋਂ ਸ੍ਰੀ ਹਰਜੀਤ ਸਿੰਘ ਨੰਗਲ ਸੋਹਲ ਨੇ ਦੱਸਿਆ ਕਿ ਵਧੇਰੇ ਜਾਣਕਾਰੀ ਲਈ ਦਫਤਰ ਦੇ ਮੋਬਾਇਲ ਨੰਬਰ 9915789068 ਤੇ ਸੰਪਰਕ ਕੀਤਾ ਜਾ ਸਕਦਾ ਹੈ।


## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

[ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (1) ਅਧੀਨ]

ਜਦੋਂਕਿ, ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ, 2002 ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 23.09.2022 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਮੈਸ: ਮਲਹੋਤਰਾ ਫੈਬਰਿਕਸ, ਸ੍ਰੀਮਤੀ ਸ਼ਿਆਮਲੀ ਮਲਹੋਤਰਾ ਪਤਨੀ ਅਕਾਸ਼ ਮਲਹੋਤਰਾ, ਸ੍ਰੀ ਕੇਵਲ ਕ੍ਰਿਸ਼ਨ ਮਲਹੋਤਰਾ ਪੁੱਤਰ ਚੂਨੀ ਲਾਲ ਮਲਹੋਤਰਾ, ਸ੍ਰੀ ਅਕਾਸ਼ ਮਲਹੋਤਰਾ ਪੁੱਤਰ ਕੇਵਲ ਕ੍ਰਿਸ਼ਨ ਮਲਹੋਤਰਾ, ਸ੍ਰੀਮਤੀ ਰੇਨੂ ਸਚਦੇਵਾ ਪਤਨੀ ਰਵਿੰਦਰ ਕੁਮਾਰ, ਸ੍ਰੀਮਤੀ ਸੰਦੀਪ ਮਲਹੋਤਰਾ ਪਤਨੀ ਅਨਿਲ ਖੋਸਲਾ, ਸ੍ਰੀਮਤੀ ਅੰਜੂ ਵੋਹਰਾ ਪਤਨੀ ਵਿਜੇ ਕੁਮਾਰ ਵੋਹਰਾ, ਸ੍ਰੀਮਤੀ ਮੰਜੂ ਪਤਨੀ ਸ੍ਰੀ ਗੁਲਸ਼ਨ, ਸ੍ਰੀਮਤੀ ਦਮਨ ਮਲਹੋਤਰਾ ਪਤਨੀ ਕੇਵਲ ਕ੍ਰਿਸ਼ਨ ਮਲਹੋਤਰਾ, ਸ੍ਰੀਮਤੀ ਸੰਦੀਪਕਾ ਮਲਹੋਤਰਾ ਪਤਨੀ ਸੁਭਾਸ਼ ਚੰਦਰ, ਸ੍ਰੀਮਤੀ ਸੰਜਨਾ ਖੋਸਲਾ ਨੂੰ ਡਿਮਾਂਡ ਨੋਟਿਸ 'ਚ ਦਰਸਾਏ ਨੋਟਿਸ ਅਨੁਸਾਰ ਮਿਤੀ 01.09.2022 ਨੂੰ ਬਕਾਇਆ ਨਿਕਲਦੀ ਰਾਸ਼ੀ ਰੁਪਏ 7,16,49,550/- (ਸੱਤ ਕਰੋੜ ਸੋਲਾਂ ਲੱਖ ਉਨੰਜਾ ਹਜ਼ਾਰ ਪੰਜ ਸੌ ਪੰਜਾਹ ਰੁਪਏ ਕੇਵਲ) ਸਮੇਤ ਭਵਿੱਖੀ ਵਿਆਜ ਅਤੇ ਅਚਨਚੇਤੀ ਖਰਚੇ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਿਹਾ ਹੈ, ਇਸ ਲਈ ਕਰਜ਼ਦਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 8 ਅਤੇ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਖੁਦ ਨੂੰ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 12 ਜੂਨ 2025 ਨੂੰ ਹੇਠਾਂ ਦੱਸੀ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਮਿਤੀ 01.09. 2022 ਅਨੁਸਾਰ ਬਕਾਇਆ ਨਿਕਲਦੀ ਰਕਮ ਰੁਪਏ 7,16,49,550/- (ਸੱਤ ਕਰੋੜ ਸੋਲਾਂ ਲੱਖ ਉਨੰਜਾ ਹਜ਼ਾਰ ਪੰਜ ਸੌ ਪੰਜਾਹ ਰੁਪਏ ਕੇਵਲ) ਭਵਿੱਖੀ ਵਿਆਜ, ਲਾਗਤ ਅਤੇ ਅਚਨਚੇਤੀ ਖਰਚਿਆਂ ਸਮੇਤ ਦਰਸਾਏ ਨੋਟਿਸ ਦੀ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਅਦਾਇਗੀ ਦਾ ਵਿਸ਼ਾ ਹੋਵੇਗੀ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

### ਅਚੱਲ ਜਾਇਦਾਦ ਦਾ ਵੇਰਵਾ

(1) ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਜਾਇਦਾਦ ਰਕਬਾ (ਕੁੱਲ 1270 ਵਰਗ ਗਜ਼) ਦੇ ਨਾਲ ਸੰਬੰਧਤ ਸਭ ਕੁੱਝ। (ਏ) ਬੈਨਾਮਾ ਵਸੀਕਾ ਨੰ. 2626 ਮਿਤੀ 08.05.2017, ਬੈਨਾਮਾ ਵਸੀਕਾ ਨੰ. 2621 ਮਿਤੀ 08.05.2017, ਬੈਨਾਮਾ ਵਸੀਕਾ ਨੰ. 4305 ਮਿਤੀ 30.05.2017 ਅਤੇ ਤਬਾਦਲਾ ਬੈਨਾਮਾ ਵਸੀਕਾ ਨੰ. 2021-22/106/1/21683 ਮਿਤੀ 11.03.2022 ਅਨੁਸਾਰ ਅਕਾਸ਼ ਮਲਹੋਤਰਾ ਪੁੱਤਰ ਕੇਵਲ ਕ੍ਰਿਸ਼ਨ ਮਲਹੋਤਰਾ ਦੀ ਮਲਕੀਅਤ ਜਾਇਦਾਦ ਰਕਬਾ 952.50 ਵਰਗ ਗਜ਼, ਪਿੰਡ ਮੇਹਰਬਾਨ, ਨੇੜੇ ਪੁਲਸ ਸਟੇਸ਼ਨ ਰੋਡ, ਰਾਹੋਂ ਰੋਡ, ਜ਼ਿਲ੍ਹਾ ਲੁਧਿਆਣਾ। (ਬੀ) ਬੈਨਾਮਾ ਵਸੀਕਾ ਨੰ. 4304 ਮਿਤੀ 30.05.2017 ਅਨੁਸਾਰ ਸ਼ਿਆਮਲੀ ਮਲਹੋਤਰਾ ਪਤਨੀ ਅਕਾਸ਼ ਮਲਹੋਤਰਾ ਦੀ ਮਲਕੀਅਤ ਜਾਇਦਾਦ 317.50 ਵਰਗ ਗਜ਼ , ਪਿੰਡ ਮੇਹਰਬਾਨ, ਨੇੜੇ ਪੁਲਸ ਸਟੇਸ਼ਨ ਰੋਡ, ਰਾਹੋਂ ਰੋਡ, ਜ਼ਿਲ੍ਹਾ ਲੁਧਿਆਣਾ।

(2) ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਵਸੀਕਾ ਨੰ. 2019-20/106/1/14940 ਮਿਤੀ 25.09.2019 ਅਨੁਸਾਰ ਅਕਾਸ਼ ਮਲਹੋਤਰਾ ਪੁੱਤਰ ਕੇਵਲ ਕ੍ਰਿਸ਼ਨ ਮਲਹੋਤਰਾ ਦੀ ਮਲਕੀਅਤ ਜਾਇਦਾਦ ਰਕਬਾ 29 ਮਰਲੇ, ਪਿੰਡ ਮੇਹਰਬਾਨ, ਨੇੜੇ ਪੁਲਸ ਸਟੇਸ਼ਨ ਰੋਡ, ਰਾਹੋਂ ਰੋਡ, ਲੁਧਿਆਣਾ ਨਾਲ ਸੰਬੰਧਤ ਸਭ ਕੁਝ।

ਮਿਤੀ : 12.06.2025 ਸਥਾਨ : ਮਾਛੀਵਾੜਾ (ਅਧਿਕਾਰਤ ਅਫਸਰ)


# .ਗਦਰੀ ਸ਼ਹੀਦ ਭਾਈ ਵੀਰ ਸਿੰਘ ਤੇ ਸਾਥੀਆਂ ਨੂੰ ਸ਼ਰਧਾਂਜਲੀ

ਮਾਹਿਲਪੁਰ/(ਸਫ਼ਰੀ)-ਗ਼ਦਰੀ ਬਾਬਿਆਂ ਤੇ ਸਮੂਹ ਆਜ਼ਾਦੀ ਸੰਗਰਾਮੀਆਂ ਨੇ ਦੇਸ਼ ਤੇ ਦੁਨੀਆਂ ਨੂੰ ਸਾਮਰਾਜੀ ਡਕੈਤਾਂ ਅਤੇ ਜੰਗਬਾਜ਼ਾਂ ਤੋਂ ਮੁਕਤ ਕਰਾਉਣ ਲਈ ਅਣਗਿਣਤ ਕੁਰਬਾਨੀਆਂ ਦਿੱਤੀਆਂ। ਅਕਹਿ ਤੇ ਅਸਹਿ ਕਸ਼ਟ ਝੱਲੇ। ਘਰ-ਬਾਰ ਕੁਰਕ ਕਰਵਾਏ ਅਤੇ ਜਲਾਵਤਨ ਹੋਏ।ਇਨ੍ਹਾਂ ਸੂਰਬੀਰ ਯੋਧਿਆਂ ਵਿੱਚ ਭਾਈ ਬੀਰ ਸਿੰਘ ਬਾਹੋਵਾਲ ( ਹੁਸ਼ਿਆਰਪੁਰ) ਦੀ ਮਹਾਨ ਕੁਰਬਾਨੀ ਵੀ ਹਮੇਸ਼ਾ ਆਉਣ ਵਾਲੀਆਂ ਪੀੜ੍ਹੀਆਂ ਨੂੰ ਪੂਰਨ ਆਜ਼ਾਦੀ ਤੇ ਬਰਾਬਰੀ ਦੇ ਹੱਕ ਦਿਵਾਉਣ ਲਈ ਸੰਘਰਸ਼ੀ ਲੋਕਾਂ ਨੂੰ ਪ੍ਰੇਰਿਤ ਕਰਕੇ ਸੰਘਰਸਾਂ ਦੇ ਮੈਦਾਨ 'ਚ ਜੂਝਣ ਲਈ ਥਾਪੜਾ ਬਖਸ਼ਦੀ ਰਹੇਗੀ। ਸ਼ਹੀਦ ਭਾਈ ਬੀਰ ਸਿੰਘ ਬਾਹੋਵਾਲ ( ਹੁਸ਼ਿਆਰਪੁਰ ) ਸਮੇਤ ਸ਼ਹੀਦ ਈਸ਼ਰ ਸਿੰਘ ਢੁੱਡੀਕੇ (ਮੋਗਾ), ਸ਼ਹੀਦ ਉੱਤਮ ਸਿੰਘ ਹਾਂਸ (ਲੁਧਿਆਣਾ),ਸ਼ਹੀਦ ਅਰੂੜ ਸਿੰਘ ਤਲਵੰਡੀ ਭੁੰਗੇਰੀਆਂ (ਮੋਗਾ) ਦੀ ਮਹਾਨ ਸ਼ਹਾਦਤ ਨੂੰ ਸਿਜਦਾ ਕਰਨ ਲਈ ਸੰਘਰਸ਼ੀ ਲੋਕ ਭਾਈ ਬੀਰ ਸਿੰਘ ਬਾਹੋਵਾਲ ਦੀ ਯਾਦਗਾਰ 'ਤੇ ਪੁੱਜੇ।ਸ਼ਰਧਾਂਜਲੀ ਭੇਂਟ ਕਰਦਿਆਂ ਮਹਾਨ ਸ਼ਹੀਦਾਂ ਦੀਆਂ ਪਾਈਆਂ ਪੈੜਾਂ 'ਤੇ ਚੱਲਣ ਦਾ ਅਹਿਦ ਕੀਤਾ ਗਿਆ। ਵਿਦਵਾਨ ਲੇਖਕ ਵਿਜੇ ਬੰਬੇਲੀ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸ਼ਹੀਦੀ ਸਮਾਰੋਹ ਸਬੰਧੀਂ ਪਿੰਡ ਅਤੇ ਇਲਾਕਾ ਨਿਵਾਸੀ ਉੱਦਮ ਕਰਿਆ ਕਰਨਗੇ ਤਾਂ ਦੇਸ਼ ਭਗਤ ਯਾਦਗਾਰ ਕਮੇਟੀ ਦਾ ਵਫ਼ਦ ਵੀ ਇਲਾਕਾ ਨਿਵਾਸੀਆਂ ਦੇ ਬੁਲਾਵੇ 'ਤੇ ਆਇਆ ਕਰੇਗਾ।ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਨੇ ਕਿਹਾ ਕਿ ਸਾਡੇ ਇਲਾਕੇ ਮਾਹਿਲਪੁਰ ਦੀ ਧਰਤੀ ਨੂੰ ਸ਼ਹੀਦ ਕਰਤਾਰ ਸਿੰਘ ਸਰਾਭਾ ਤੇ ਗ਼ਦਰੀ ਵੀਰਾਂਗਣਾਂ ਬੀਬੀ ਗੁਲਾਬ ਕੌਰ ਵਰਗੇ ਮਹਾਨ ਦੇਸ਼ ਭਗਤ ਸ਼ਹੀਦਾਂ ਦੀ ਚਰਨ ਛੋਹ ਪ੍ਰਾਪਤ ਹੈ ਤੇ ਅਨੇਕਾਂ ਰੂਪੋਸ਼ ਦੇਸ਼ ਭਗਤਾਂ ਨੂੰ ਪਨਾਹ ਦੇਣ ਵਾਲੀ ਇਹ ਧਰਤੀ ਦਾ ਚੱਪਾ ਚੱਪਾ ਪੂਜਣਯੋਗ ਹੈ। ਸਾਨੂੰ ਰਸਮੀ ਅਤੇ ਲਫਾਜੀ ਭਾਸ਼ਣ ਦੀ ਬਜਾਏ ਧਰਤੀ ਨਾਲ ਆਤਮਸਾਤ ਹੋ ਕੇ ਅਤੇ ਲੋਕਾਂ ਦੀ ਨਬਜ਼ ਤੇ ਹੱਥ ਰੱਖ ਕੇ ਘਰ ਘਰ ਗਲੀ ਗਲੀ ਗਹਿਰਾਈ ਨਾਲ ਕੰਮ ਕਰਨ ਦੀ ਲੋੜ ਹੈ। ਮੌਜੂਦਾ ਸੰਕਟਮਈ ਸਥਿਤੀ 'ਚੋਂ ਦੇਸ਼ ਤੇ ਦੁਨੀਆਂ ਨੂੰ ਕੱਢਣ ਲਈ ਮਹਾਨ ਸ਼ਹੀਦਾਂ ਦੀਆਂ ਪਾਈਆਂ ਪੈੜਾਂ 'ਤੇ ਚੱਲਦਿਆਂ ਪੂਰਨ ਆਜ਼ਾਦੀ ਲਈ ਹਰ ਪਿੰਡ ਹਰ ਘਰ ਹਰ ਨਾਗਰਿਕ ਤੱਕ ਸ਼ਹੀਦਾਂ ਦਾ ਸੰਦੇਸ਼ ਪਹੁੰਚਾਉਣਾ ਪਵੇਗਾ। ਮੁਲਾਜ਼ਮ ਆਗੂ ਮਲਕੀਤ ਸਿੰਘ ਬਾਹੋਵਾਲ ਨੇ ਬੜੀ ਸੂਝ ਬੂਝ ਨਾਲ ਗ਼ਦਰੀ ਬਾਬਿਆਂ ਦੇ ਅਧੂਰੇ ਸੁਪਨਿਆਂ ਨੂੰ ਪੂਰਾ ਕਰਨ ਦਾ ਸੁਨੇਹਾ ਦਿੱਤਾ।ਇਸ ਮੌਕੇ ਪਿੰਡ ਬਾਹੋਵਾਲ ਦੇ ਨੌਜਵਾਨ ਸਰਪੰਚ ਹਰਦੀਪ ਸਿੰਘ ਨੇ ਪੂਰੀ ਪੰਚਾਇਤ ਸਮੇਤ ਪਹੁੰਚ ਕੇ ਸਿਜਦਾ ਕਰਦਿਆਂ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਤੇ ਪਿੰਡ ਵਿੱਚ ਭਾਈ ਬੀਰ ਸਿੰਘ ਸਮੇਤ 13 ਦੇਸ਼ ਭਗਤਾਂ ਦੀ ਵਿਰਾਸਤ ਨੂੰ ਸੰਭਾਲਣ ਲਈ ਲਾਇਬ੍ਰੇਰੀ ਖੋਲ੍ਹਣ ਦਾ ਭਰੋਸਾ ਦਿਵਾਇਆ। ਇਸ ਮੌਕੇ 'ਤੇ ਸ਼ਹੀਦ ਭਾਈ ਬੀਰ ਸਿੰਘ ਦੇ ਪਿੰਡ ਰਹਿੰਦੇ ਪਰਵਾਰਕ ਮੈਂਬਰਾਂ ਨੇ ਵੀ ਹਾਜ਼ਰੀ ਲਗਵਾਈ।ਇਸ ਸ਼ਹੀਦੀ ਸਮਾਰੋਹ ਵਿੱਚ ਸੁਰਜੀਤ ਸਿੰਘ ਬਾਹੋਵਾਲ,ਮਲਕੀਤ ਸਿੰਘ ਬਾਹੋਵਾਲ, ਲਹਿੰਬਰ ਸਿੰਘ ਬਾਹੋਵਾਲ,ਰਾਮ ਆਸਰਾ ਚੰਦੇਲੀ,ਅਰਸ਼ ਮਹੇ, ਲਖਵੀਰ ਕੌਰ,ਦਲਜੀਤ ਕੌਰ,ਮਮਤਾ ਦੇਵੀ,ਬਲਵੀਰ ਕੌਰ ਨੇ ਸ਼ਮੂਲੀਅਤ ਕੀਤੀ ਤੇ ਜੁਲਾਈ ਮਹੀਨੇ ਗ਼ਦਰੀ ਬੀਬੀ ਗੁਲਾਬ ਕੌਰ ਦੇ ਸ਼ਤਾਬਦੀ ਸਮਾਰੋਹ ਲਈ ਸਾਂਝਾ ਉੱਦਮ ਜੁਟਾਉਣ ਦਾ ਭਰੋਸਾ ਦਿਵਾਇਆ।



# ਜ਼ਮੀਨੀ ਝਗੜੇ ਨੂੰ ਲੈ ਕੇ ਪੀੜਤ ਪਰਵਾਰ ਨੇ ਲਗਾਈ ਇਨਸਾਫ ਦੀ ਗੁਹਾਰ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਬਟਾਲਾ ਕਾਦੀਆਂ ਰੋਡ ਪਿੰਡ ਡੱਲਾ ਅਧੀਨ ਜ਼ਮੀਨੀ ਝਗੜੇ ਦੌਰਾਨ ਪੀੜਤ ਪਰਵਾਰ ਵੱਲੋਂ ਪੁਲਸ ਅਤੇ ਪ੍ਰਸ਼ਾਸਨ ਕੋਲੋਂ ਇਨਸਾਫ ਦੀ ਗੁਹਾਰ ਲਗਾਉਂਦਿਆਂ ਮੰਗ ਕੀਤੀ ਗਈ ਕਿ ਸਾਡੇ ਪਰਵਾਰ ਦੇ ਨਾਲ ਧੱਕਾ ਕੀਤਾ ਜਾ ਰਿਹਾ ਹੈ ਅਤੇ ਸਾਡੀ ਜ਼ਮੀਨ ਵਿੱਚ ਲੱਗੇ ਫਲਦਾਰ ਬੂਟੇ ਅਤੇ ਮੱਝਾਂ ਦੇ ਚਾਰੇ ਨੂੰ ਦੂਸਰੀ ਧਿਰ ਵੱਲੋਂ ਨਸ਼ਟ ਕੀਤਾ ਗਿਆ। ਜਿਸ ਸਬੰਧੀ ਉਨ੍ਹਾਂ ਨੇ ਪੁਲਸ ਨੂੰ ਸੂਚਿਤ ਕੀਤਾ ਹੈ। ਇਸ ਸਬੰਧੀ ਪੀੜਤ ਪਰਵਾਰ ਵਿੱਚ ਮੰਗਲ ਸਿੰਘ ਪੁੱਤਰ ਵਸਨ ਸਿੰਘ ਪਿੰਡ ਡੱਲਾ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਅਨੁਸਾਰ ਦੱਸਿਆ ਕਿ ਮੈਂ ਜ਼ਮੀਨ ਦਾ ਮਾਲਕ ਹਾਂ ਤੇ ਕਾਦੀਆਂ ਦੇ ਇੱਕ ਵਿਅਕਤੀ ਵੱਲੋਂ ਮੇਰੇ ਭਰਾ ਬਲਦੇਵ ਸਿੰਘ ਤੋਂ ਰਜਿਸਟਰੀ ਕਰਵਾਈ ਹੈ ਪਰ ਖਰੀਦਦਾਰ ਆਪਣੇ ਸਾਥੀਆਂ ਦੇ ਨਾਲ ਆਏ ਅਤੇ ਬਟਾਲਾ ਰੋਡ ਉੱਪਰ ਨਾਲ ਲੱਗਦੀ ਜ਼ਮੀਨ ਵਿੱਚ ਮੇਰੀ ਵਰਕਸ਼ਾਪ ਬਣੀ ਹੋਈ ਹੈ। ਬਾਕੀ ਵਿੱਚ ਮੈਂ ਪਸ਼ੂਆਂ ਲਈ ਚਾਰਾ ਆਦਿ ਬੀਜਦਾ ਹਾਂ। ਇਸ ਜਗ੍ਹਾ ਦਾ ਮਾਨਯੋਗ ਅਦਾਲਤ ਬਟਾਲਾ ਵਿੱਚ ਕੇਸ ਚੱਲਦਾ ਹੈ ਤੇ ਕੋਰਟ ਵੱਲੋਂ ਮੈਨੂੰ ਸਟੇਅ ਮਿਲਿਆ ਹੋਇਆ ਹੈ। ਉਕਤ ਜਗ੍ਹਾ ਦਾ ਮਾਨਯੋਗ ਅਦਾਲਤ ਸਬ ਤਹਿਸੀਲ ਕਾਦੀਆਂ ਵਿੱਚ ਤਕਸੀਮ ਦਾ ਕੇਸ ਵੀ ਚੱਲਦਾ ਹੈ। ਇਹ ਸਭ ਦੇ ਬਾਵਜੂਦ ਸਬੰਧਤ ਵਿਅਕਤੀ ਮੇਰੀ ਜਗ੍ਹਾ 'ਤੇ ਧੱਕੇ ਨਾਲ ਕਬਜ਼ਾ ਕਰਨ ਦੀ ਕੋਸ਼ਿਸ਼ ਕਰਦੇ ਹਨ ਅਤੇ ਜ਼ਮੀਨ ਵਿੱਚ ਮੇਰੇ ਪਸ਼ੂਆਂ ਲਈ ਬੀਜਿਆ ਚਾਰਾ ਅਤੇ ਮੇਰੀ ਜ਼ਮੀਨ ਵਿੱਚ ਲੱਗੇ ਫਲਦਾਰ ਬੂਟਿਆਂ ਨੂੰ ਬੁਰੀ ਤਰ੍ਹਾਂ ਨੁਕਸਾਨ ਪਹੁੰਚਾ ਗਏ ਹਨ। ਜਿਸ ਨਾਲ ਉਸ ਦੇ ਫਲਦਾਰ ਬੂਟਿਆਂ ਸਮੇਤ ਪਸ਼ੂਆਂ ਦੇ ਚਾਰੇ ਦਾ ਕਰੀਬ ਘੱਟੋ ਘੱਟ ਢਾਈ ਲੱਖ ਰੁਪਏ ਦਾ ਨੁਕਸਾਨ ਹੋਇਆ ਹੈ। ਪੀੜਤ ਪਰਵਾਰ ਨੇ ਮੰਗ ਕੀਤੀ ਕਿ ਸਬੰਧਤ ਵਿਅਕਤੀਆਂ ਖਿਲਾਫ ਕਾਰਵਾਈ ਕਰਕੇ ਮੈਨੂੰ ਅਤੇ ਮੇਰੇ ਪਰਵਾਰ ਨੂੰ ਇਨਸਾਫ ਦਿੱਤਾ ਜਾਵੇ। ਉਧਰ ਦੂਜੇ ਪਾਸੇ ਜਦੋਂ ਇਸ ਮਾਮਲੇ ਸਬੰਧੀ ਦੂਸਰੀ ਧਿਰ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਦੱਸਿਆ ਕਿ ਅਸੀਂ ਪ੍ਰੋਪਰਟੀ ਡੀਲਰ ਦਾ ਕੰਮ ਕਰਦੇ ਹਾਂ ਅਤੇ ਅਸੀਂ ਇਹ ਜ਼ਮੀਨ ਕਾਦੀਆਂ ਦੇ ਇੱਕ ਪਰਵਾਰ ਨੂੰ ਦਿਵਾਈ ਹੈ, ਜਿਸ ਦਾ ਬਿਆਨਾ ਹੋ ਚੁੱਕਿਆ ਹੈ। ਬਾਕੀ ਸਾਡੇ ਉੱਪਰ ਮੰਗਲ ਸਿੰਘ ਵੱਲੋਂ ਲਗਾਏ ਜਾ ਰਹੇ ਸਾਰੇ ਹੀ ਇਲਜ਼ਾਮ ਝੂਠੇ ਹਨ। ਉਧਰ ਇਸ ਸਾਰੇ ਮਾਮਲੇ ਸਬੰਧੀ ਜਦੋਂ ਪੁਲਸ ਥਾਣਾ ਕਾਦੀਆਂ ਦੇ ਐਸ ਐਚ ਓ ਇੰਸਪੈਕਟਰ ਗੁਰਮੀਤ ਸਿੰਘ ਦੇ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਦੱਸਿਆ ਕਿ ਇਹ ਮਾਮਲਾ ਉਹਨਾਂ ਦੇ ਧਿਆਨ ਵਿੱਚ ਹੈ ਅਤੇ ਉਹਨਾਂ ਨੇ ਸਬੰਧਤ ਵਿਅਕਤੀ ਮੰਗਲ ਸਿੰਘ ਨੂੰ ਅਤੇ ਉਨ੍ਹਾਂ ਦੀ ਜਥੇਬੰਦੀ ਨੂੰ ਦੱਸਿਆ ਹੋਇਆ ਹੈ। ਬਾਕੀ ਇਸ ਜ਼ਮੀਨ ਸਬੰਧੀ ਮਾਨਯੋਗ ਅਦਾਲਤ ਵਿੱਚ ਕੇਸ ਚੱਲ ਰਿਹਾ ਹੈ। ਜੋ ਵੀ ਮਾਨਯੋਗ ਅਦਾਲਤ ਵੱਲੋਂ ਫੈਸਲਾ ਆਵੇਗਾ ਉਸ ਦੇ ਅਧਾਰ 'ਤੇ ਅਗਲੀ ਕਾਨੂੰਨੀ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ।



# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 2 ਔਰਤਾਂ ਸਮੇਤ 4 ਕਾਬੂ

ਫਿਲੌਰ (ਨਿਰਮਲ)- ਥਾਣਾ ਮੁਖੀ ਫਿਲੌਰ ਇੰਸਪੈਕਟਰ ਸੰਜੀਵ ਕਪੂਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਫਿਲੌਰ ਪੁਲਸ ਵੱਲੋਂ ਗਸ਼ਤ ਦੌਰਾਨ ਥਾਣੇਦਾਰ



ਰਵਿੰਦਰ ਸਿੰਘ ਨੇ ਸਾਥੀ ਪੁਲਸ ਕਰਮਚਾਰੀਆਂ ਨਾਲ ਇਕ ਮੋਟਰਸਾਈਕਲ 'ਤੇ ਸਵਾਰ ਦੋ ਵਿਅਕਤੀਆਂ ਰਣਜੀਤ ਸਿੰਘ ਪੁੱਤਰ ਸ਼ਿੰਦਾ ਸਿੰਘ ਵਾਸੀ ਰੁੜਕਾਂ ਕਲ੍ਹਾਂ (ਗੁਰਾਇਆਂ) ਅਤੇ ਕੁਲਦੀਪ ਸਿੰਘ ਉਰਫ਼ ਦੀਪਾ ਪੁੱਤਰ ਅਮਰੀਕ ਸਿੰਘ ਵਾਸੀ ਰੈਪਾ (ਮੁਕੰਦਪੁਰ) ਨੂੰ ਤਲਾਸ਼ੀ ਦੌਰਾਨ ਇਨ੍ਹਾਂ ਪਾਸੋਂ 110 ਪਾਬੰਦੀਸ਼ੁਦਾ ਨਸ਼ੀਲੀਆਂ ਗੋਲੀਆਂ ਅਤੇ 5 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਇਨ੍ਹਾਂ ਵਿਰੁੱਧ ਥਾਣਾ ਫਿਲੌਰ ਵਿਖੇ ਮੁਕੱਦਮਾ ਨੰਬਰ 183 ਧਾਰਾ 21ਬੀ/22-61-85 ਐਨ.ਡੀ.ਪੀ ਐਸ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਥਾਣੇਦਾਰ ਕਾਬਲ ਸਿੰਘ ਨੇ ਪੁਲਸ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਇਕ ਔਰਤ ਰਮਨਦੀਪ ਕੌਰ ਪੁੱਤਰੀ ਕੁਲਵਿੰਦਰ ਰਾਮ ਵਾਸੀ ਖਾਨਪੁਰ (ਫਿਲੌਰ) ਨੂੰ ਤਲਾਸ਼ੀ ਦੌਰਾਨ ਇਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਥਾਣੇਦਾਰ ਕਾਬਲ ਸਿੰਘ ਨੇ ਇਕ ਵਿਅਕਤੀ ਕਿਰਪਾਲ ਸਿੰਘ ਉਰਫ਼ ਲਾਡੀ ਪੁੱਤਰ ਗੁਲਜ਼ਾਰ ਸਿੰਘ ਵਾਸੀ ਇੰਦਰਾ ਕਾਲੋਨੀ ਤੇਹਿੰਗ (ਫਿਲੌਰ) ਨੂੰ ਕਾਬੂ ਕਰਕੇ ਉਸ ਕੋਲੋਂ 145 ਪਾਬੰਦੀਸ਼ੁਦਾ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਇਕ ਹੋਰ ਵਿਅਕਤੀ ਬੋਵਨ ਕੁਮਾਰ ਉਰਫ਼ ਬੋਬੀ ਪੁੱਤਰ ਬਲਜੀਤ ਸਿੰਘ ਵਾਸੀ ਸਲੇਮ ਟਾਬਰੀ (ਲੁਧਿਆਣਾ) ਤੋਂ 35 ਪਾਬੰਦੀਸ਼ੁਦਾ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ। ਥਾਣਾ ਮੁਖੀ ਫਿਲੌਰ ਇੰਸਪੈਕਟਰ ਸੰਜੀਵ ਕਪੂਰ ਨੇ ਜਾਣਕਾਰੀ ਦਿੰਦਿਆਂ ਅੱਗੇ ਦੱਸਿਆ ਕਿ ਥਾਣੇਦਾਰ ਸੁਭਾਸ਼ ਚੰਦਰ ਨੇ ਸ਼ੀਲੋ ਦੇਵੀ ਪਤਨੀ ਕਸ਼ਮੀਰੀ ਲਾਲ ਵਾਸੀ ਗੰਨਾ ਪਿੰਡ (ਫਿਲੌਰ) ਨੂੰ ਕਾਬੂ ਕਰਕੇ ਉਸ ਪਾਸੋਂ 50 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਕੀਤੀਆਂ ਹਨ। ਇਨ੍ਹਾਂ ਵਿਰੁੱਧ ਥਾਣਾ ਫਿਲੌਰ ਵਿਖੇ ਮੁਕੱਦਮਾ ਨੰਬਰ 186 ਧਾਰਾ 61/1/14 ਐਕਸਾਈਜ਼ ਐਕਟ ਤਹਿਤ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਜਾਰੀ ਹੈ।

# ਟਰੱਕ, ਕੈਂਟਰ ਤੇ ਟਾਟਾ ਏਸ ਯੂਨੀਅਨਾਂ ਵਿਖੇ ਟ੍ਰੈਫਿਕ ਪੁਲਸ ਵੱਲੋਂ ਵਿਸ਼ੇਸ਼ ਸੈਮੀਨਾਰ

ਬਲਾਚੌਰ (ਜਸਵਿੰਦਰ ਬੈਂਸ) ਵਾਹਨ ਚਾਲਕਾਂ, ਸਹਿ ਚਾਲਕਾਂ ਅਤੇ ਗੱਡੀਆਂ ਮੋਟਰਾਂ ਦੇ ਮਾਲਕਾਂ ਨੂੰ ਸੜਕ ਸੁਰੱਖਿਆ ਨਿਯਮਾਂ ਸੰਬੰਧੀ ਜਾਣਕਾਰੀ ਪ੍ਰਦਾਨ ਕਰਨ ਲਈ ਟ੍ਰੈਫਿਕ ਵਿੰਗ ਦੇ ਇੰਚਾਰਜ ਏ .ਐ ਸ .ਆ ਈ ਜੋਗਿੰਦਰ ਪਾਲ ਵਲੋਂ ਪਬਲਿਕ ਕਰੀਅਰ ਟਰੱਕ ਆਪ੍ਰੇਟਰ ਯੂਨੀਅਨ ਬਲਾਚੌਰ, ਮਾਤਾ ਬਾਲਾ ਸੁੰਦਰੀ ਕੇਂਟਰ ਯੂਨੀਅਨ ਬਲਾਚੌਰ ਅਤੇ ਗੁਰੂ ਨਾਨਕ ਟਾਟਾ ਏਸ ਯੂਨੀਅਨ ਭੱਦੀ ਰੋਡ ਬਲਾਚੌਰ ਵਿਖੇ ਵਿਸ਼ੇਸ਼ ਸੈਮੀਨਾਰ ਕਰਵਾਏ ਗਏ। ਇਸ ਮੌਕੇ ਟ੍ਰੈਫਿਕ ਇੰਚਾਰਜ ਏ.ਐਸ.ਆਈ ਜੋਗਿੰਦਰ ਪਾਲ ਨੇ ਵੱਖ-ਵੱਖ ਥਾਈਂ ਹਾਜ਼ਰੀਨ ਨੂੰ ਟ੍ਰੈਫਿਕ ਨਿਯਮਾਂ ਦੀ ਮਹੱਤਤਾ ਅਤੇ ਅਤੇ ਉਨ੍ਹਾਂ ਦੀ ਪਾਲਣਾ ਕਰਨ ਦੀ ਜ਼ਰੂਰਤ ਬਾਰੇ ਵੀ ਜਾਣਕਾਰੀ ਦਿੱਤੀ।ਇਸ ਮੌਕੇ ਉਨ੍ਹਾਂ ਕਿਹਾ ਕਿ ਗੱਡੀਆਂ ਚਲਾਉਣ ਸਮੇਂ ਸ਼ਰਾਬ ਸਮੇਤ ਕਿਸੀ ਵੀ ਤਰ੍ਹਾਂ ਦੇ ਨਸ਼ੇ ਦਾ ਸੇਵਨ ਨਹੀਂ ਕਰਨਾ ਚਾਹੀਦਾ।ਇਸ ਮੌਕੇ



ਮੱਖਣ ਸਿੰਘ ਨਾਗਰਾ ਸਟਾਫ਼ ਟ੍ਰੈਫਿਕ ਵਿੰਗ ਤੋਂ ਇਲਾਵਾ ਦੀ ਪਬਲਿਕ ਕੈਰੀਅਰ ਟਰੱਕ ਯੂਨੀਅਨ ਬਲਾਚੌਰ ਦੇ ਪ੍ਰਧਾਨ ਸ਼ਾਮ ਲਾਲ ਕਟਾਰੀਆ, ਹਰਬੰਸ ਸਿੰਘ ਉਪ ਪ੍ਰਧਾਨ, ਸੰਜੀਵ ਕੁਮਾਰ, ਮੱਖਣ ਸਿੰਘ, ਜੀਵਨ ਲਾਲ, ਤਰਨਜੋਤ ਸਿੰਘ, ਬਲਵੰਤ ਸਿੰਘ, ਪਰਮਜੀਤ ਸਿੰਘ, ਨਵੀਨ ਕੁਮਾਰ ਪਿੰਕਾ ਲਾਲਾ, ਪਵਨ ਕੁਮਾਰ ਤੇ ਮੁਨਸ਼ੀ ਰਾਜ ਕੁਮਾਰ, ਬਾਲਾ ਸੁੰਦਰੀ ਕੈਂਟਰ ਯੂਨੀਅਨ ਦੇ ਪ੍ਰਧਾਨ ਕੇਵਲ ਕ੍ਰਿਸ਼ਨ, ਸਾਗਰ, ਚੇਤਕ ਰਾਣਾ, ਲੱਕੀ, ਮਨੋਹਰ ਲਾਲ, ਸੰਦੀਪ ਸਿੰਘ, ਰਾਜ ਸਿੰਘ ਅਤੇ ਮੰਗਤ ਕੁਮਾਰ ਅਤੇ ਗੁਰੂ ਨਾਨਕ ਟਾਟਾ ਐਸ ਯੂਨੀਅਨ ਬਲਾਚੌਰ ਦੇ ਪ੍ਰਧਾਨ ਨਿਰਮਲ ਸਿੰਘ, ਉਪ ਪ੍ਰਧਾਨ ਰਾਣਾ ਨਿਰਮਲ, ਮਨਜੀਤ ਸਿੰਘ, ਜਗਤਾਰ ਸਿੰਘ, ਅਸ਼ਵਨੀ, ਕੁਲਦੀਪ ਸਿੰਘ, ਨਰੇਸ਼, ਬ੍ਰਹਮ ਦੇਵ, ਬੁੱਧ ਸਿੰਘ, ਮੋਹਨ ਲਾਲ ਅਤੇ ਕੁਲਵੰਤ ਸਿੰਘ ਆਦਿ ਹਾਜ਼ਰ ਸਨ।

# ਸਮੂਹ ਸੈਕਟਰ ਸੁਪਰਵਾਈਜ਼ਰਾਂ ਨੂੰ ਐੱਸ ਡੀ ਐੱਮ ਦਫ਼ਤਰ ਵਿਖੇ ਦਿੱਤੀ ਟ੍ਰੇਨਿੰਗ

ਸ਼ਹੀਦ ਭਗਤ ਸਿੰਘ ਨਗਰ (ਮਨੋਜ ਲਾਡੀ)- ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਚੋਣ ਹਲਕਾ 047- ਨਵਾਂਸ਼ਹਿਰ -ਕਮ-ਉਪ -ਮੰਡਲ ਮੈਜਿਸਟ੍ਰੇਟ ਨਵਾਂਸ਼ਹਿਰ ਅਨਮਜੋਤ ਕੌਰ ਦੀਆਂ ਹਦਾਇਤਾਂ ਅਨੁਸਾਰ ਐਸ ਡੀ ਐਮ ਦਫਤਰ ਨਵਾਂਸ਼ਹਿਰ ਵਿਖੇ ਡਿਪਟੀ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ /ਸਵੀਪ ਨੋਡਲ ਅਫਸਰ ਤਰਸੇਮ ਲਾਲ ਨੇ ਵਿਸਥਾਰ ਪੂਰਵਕ ਟ੍ਰੇਨਿੰਗ ਦਿੱਤੀ ਗਈ।ਤਰਸੇਮ ਲਾਲ ਨੇ ਦੱਸਿਆ ਕਿ ਅੱਜ ਭਾਰਤ ਚੋਣ ਕਮਿਸ਼ਨ ਵਲੋਂ ਜਾਰੀ ਨਵੀਆਂ ਹਿਦਾਇਤਾਂ ਅਨੁਸਾਰ ਸੈਕਟਰ ਸੁਪਰਵਾਈਜ਼ਰ ਨਾਲ ਵਿਚਾਰ ਵਟਾਂਦਰਾ ਕਰਦਿਆਂ ਟ੍ਰੇਨਿੰਗ ਦਿੱਤੀ ਗਈ। ਸੈਕਟਰ ਸੁਪਰਵਾਈਜ਼ਰ ਨੂੰ ਆਪਣੇ ਆਪਣੇ ਸੈਕਟਰ ਦੇ ਬੀ ਐਲ ਓਜ਼ ਨੂੰ ਵੋਟਰਾਂ ਦੇ ਨਵੀਂ ਵੋਟ ਬਣਾਉਣ ਲਈ ਫ਼ਾਰਮ ਨੰਬਰ 6, ਫਾਰਮ ਨੰਬਰ 6 ਏ ,ਵੋਟ ਕਟਵਾਉਣ ਲਈ ਫਾਰਮ ਨੰਬਰ 7 ਅਤੇ ਵੋਟ ਵਿੱਚ ਸੋਧ ਕਰਵਾਉਣ ਲਈ ਫਾਰਮ ਨੰਬਰ 8 ,ਆਨਲਾਈਨ ਬੀ. ਐਲ .ਓ. ਐਪ ਤੇ ਫਾਰਮ ਭਰਨ ਸਬੰਧੀ ਟ੍ਰੇਨਿੰਗ ਦਿੱਤੀ ਗਈ।ਤਰਸੇਮ ਲਾਲ ਨੇ ਆਏ ਹੋਏ ਸੁਪਰਵਾਈਜਰਸ ਨੂੰ ਜਿੱਥੇ ਆਪਣੇ ਸੈਕਟਰ ਦੀਆਂ ਵੋਟਾਂ ਅਪਡੇਟ ਕਰਵਾਉਣ , ਬੀ ਐਲ ਓਜ਼ ਨੂੰ ਚੈਕ ਲਿਸਟ ਹਰ ਰੋਜ ਚੈਕ ਕਰਨ,ਡੋਰ ਟੂ ਡੋਰ ਸਰਵੇ ਆਦਿ ਸਬੰਧੀ ਜਾਣਕਾਰੀ ਦਿੱਤੀ ਗਈ ।ਇਸ ਦੇ ਨਾਲ ਹੀ ਉਨ੍ਹਾਂ ਨੇ ਚੱਲ ਰਹੀ ਖੂਨਦਾਨ ਮੁਹਿਮ ਤਹਿਤ ਸਿਹਤ ਸਿੱਖਿਆ ਦਿੰਦਿਆਂ ਕਿਹਾ ਕਿ ਆਉ ਆਪਾਂ ਆਪਣੇ ਆਪਣੇ ਸੈਕਟਰਾਂ ਵਿੱਚ ਖੂਨ ਦਾਨ ਕਰਨ ਲਈ ਨੌਜਵਾਨਾਂ ਨੂੰ ਜਾਗਰੂਕ ਕਰਦਿਆਂ ਖੂਨਦਾਨ ਕਰਨ ਲਈ ਪ੍ਰੇਰਿਤ ਕਰੀਏ ਤਾਂ ਜੋ ਕੀਮਤੀ ਜਾਨਾਂ ਬਚਾਈਆਂ ਜਾ ਸਕਣ।ਇਸ ਮੌਕੇ ਰਣਜੀਤ ਸਿੰਘ , ਅਲਕਾ ਧੀਮਾਨ,ਦਫ਼ਤਰ ਐਸ਼ ਡੀ ਐਮ ਨਵਾਂਸ਼ਹਿਰ ਦੇ ਸਟਾਫ ਅਤੇ ਦੇਵ ਮਿੱਤਰ, ਹਰੀਸ਼ ਕੁਮਾਰ,ਮਦਨ ਲਾਲ, ਪ੍ਰਸੰਨ ਦੀਪ ਸਿੰਘ, ਨਵਜੋਤ ਸਿੰਘ, ਅਵਤਾਰ ਸਿੰਘ, ਅਸ਼ਵਨੀ ਕੁਮਾਰ, ਨਰਿੰਦਰ ਸਿੰਘ, ਗੁਰਮੇਲ ਸਿੰਘ, ਬਲਜਿੰਦਰ ਸਿੰਘ, ਵਿਵੇਕ ਸੂਦ ਬਲਜੀਤ ਸਿੰਘ,ਦੀਵਾਸ਼ੂ ਸੋਹਲ, ਪ੍ਰਦੀਪ ਸਿੰਘ, ਕੁਲਦੀਪ ਸਿੰਘ,ਰਮਨ ਕੁਮਾਰ, ਸੁਖਵਿੰਦਰ ਸਿੰਘ ਤੂਰ ਸੂਪਰਵਾਈਜਰਸ ਵਲੋਂ ਸੰਪੂਰਨ ਸਹਿਯੋਗ ਦਿੱਤਾ ਗਿਆ।



# ਲਾਇਨ ਭੁਪਿੰਦਰ ਕੁਮਾਰ ਸਿਰ ਸਜਿਆ ਲਾਇਨ ਕਲੱਬ ਦੀ ਪ੍ਰਧਾਨਗੀ ਦਾ ਤਾਜ



ਬਿਲਗਾ (ਵਿਜੇ ਕੁਮਾਰ) ਨਗਰ ਬਿਲਗਾ ਦੇ ਬਲਿਊ ਮੂਨ ਰੈਸਟੋਰੈਂਟ ਵਿਖੇ ਇੰਟਰਨੈਸ਼ਨ ਲਾਇਨ ਕਲੱਬ ਬਿਲਗਾ ਆਸਥਾ ਦੀ ਇਕ ਵਿਸ਼ੇਸ਼ ਮੀਟਿੰਗ ਲਾਇਨ ਸੁਖਰਾਮ ਦੀ ਪ੍ਰਧਾਨਗੀ ਹੇਠ ਪਰੇਅਰ ਕਰਨ ਉਪਰੰਤ ਸ਼ੁਰੂ ਹੋਈ। ਬੀਤੇ ਸਾਲ ਵਿੱਚ ਕਲੱਬ ਵੱਲੋਂ ਕੀਤੇ ਗਏ ਕੰਮਾਂ ਦੀ ਸਮੀਖਿਆ ਕੀਤੀ ਗਈ ਅਤੇ ਸਰਬ ਸੰਮਤੀ ਨਾਲ ਲਾਈਨ ਭੁਪਿੰਦਰ ਕੁਮਾਰ ਨੂੰ ਸਾਲ 2025 -26 ਲਈ ਪ੍ਰਧਾਨ ਚੁਣਿਆ ਗਿਆ। ਇਸ ਦੇ ਨਾਲ ਹੀ ਬਾਕੀ ਟੀਮ ਲਾਇਨ ਬਹਾਦਰ ਸਿੰਘ ਸੈਕਟਰੇਟਰੀ, ਲਾਈਨ ਤੀਰਥ ਰਾਮ ਕੈਸ਼ੀਅਰ ,ਸਤੀਸ਼ ਕੁਮਾਰ ਸਹਾਇਕ ਕੈਸ਼ੀਅਰ ਅਤੇ ਲਾਇਨ ਸੁਖ ਰਾਮ ਨੂੰ ਪੀਆਰਓ ਚੁਣਿਆ ਗਿਆ। ਕਲੱਬ ਦੇ ਬਾਕੀ ਮੈਂਬਰਾਂ ਲਾਇਨ ਪ੍ਰਿੰਸੀਪਲ ਰਵੀ ਸ਼ਰਮਾ, ਲਾਇਨ ਕਮਲਜੀਤ ਕਾਲੀਆ, ਲਾਇਨ ਪੁਸ਼ਕਰ ਕੁਮਾਰ, ਲਾਇਨ ਵਿਜੇ ਕੁਮਾਰ ਲਾਇਨ ਕਸ਼ਮੀਰੀ ਲਾਲ, ਲਾਇਨ ਦੀਪਕ ਕੁਮਾਰ ਅਤੇ ਲਾਈਨ ਜਤਿੰਦਰ ਕੁਮਾਰ ਨੇ ਨਵੀਂ ਚੁਣੀ ਗਈ ਟੀਮ ਨੂੰ ਵਧਾਈ ਦਿੱਤੀ। ਇਸ ਮੌਕੇ ਨਵੇਂ ਚੁਣੇ ਗਏ ਪ੍ਰਧਾਨ ਲਾਈਨ ਭੁਪਿੰਦਰ ਕੁਮਾਰ ਨੇ ਕਿਹਾ ਕਿ ਉਨ੍ਹਾਂ ਨੂੰ ਜੋ ਜਿੰਮੇਵਾਰੀ ਸੌਂਪੀ ਗਈ ਹੈ ਉਹ ਉਸ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਵੱਧ ਤੋਂ ਵੱਧ ਪ੍ਰੋਜੈਕਟ ਕਰਨਗੇ ਸਾਰੇ ਮੈਂਬਰਾਂ ਨੂੰ ਨਾਲ ਲੈ ਕੇ ਚੱਲਣਗੇ। ਲਾਇਨ ਪ੍ਰਿੰਸੀਪਲ ਰਵੀ ਸ਼ਰਮਾ ਨੇ ਸਾਰਿਆਂ ਦਾ ਧੰਨਵਾਦ ਕੀਤਾ ਰਾਸ਼ਟਰੀ ਗਾਨ ਕਰਕੇ ਮੀਟਿੰਗ ਸਮਾਪਤ ਕੀਤੀ।



# ਲੋੜਵੰਦ ਨੂੰ ਸਿਲਾਈ ਮਸ਼ੀਨ ਦੇ ਕੇ ਕੀਤੀ ਮਦਦ

ਲੋਹੀਆਂ ਖਾਸ (ਯੋਗੇਸ਼ਵਰ, ਗੀਨਾ ਸ਼ਰਮਾ) ਗੁਰੂ ਨਾਨਕ ਮੋਦੀਖਾਨਾ ਚੈਰੀਟੇਬਲ ਟਰੱਸਟ ਲੋਹੀਆਂ ਖ਼ਾਸ, ਗੁ: ਸਿੱਖ ਸੈਂਟਰ ਆਫ਼ ਸਿਆਟਲ ਅਤੇ ਸੋਚ ਸੈਂਟਰ ਸਿਆਟਲ ਅਮਰੀਕਾ ਵੱਲੋਂ 'ਮਿਸ਼ਨ: ਆਤਮ ਨਿਰਭਰਤਾ' ਤਹਿਤ ਲੋੜਵੰਦਾਂ ਲਈ ਰੁਜ਼ਗਾਰ ਸ਼ੁਰੂ ਕਰਕੇ ਉਨਾਂ ਮਦਦ ਦੇ ਉਪਰਾਲੇ ਲਗਾਤਾਰ ਜਾਰੀ ਹਨ। ਪਿੰਡ ਫ਼ਰੀਦ ਸਰਾਏ ਦੀ ਰਹਿਣ ਵਾਲ਼ੀ ਕੁਲਵਿੰਦਰ ਕੌਰ ਦੇ ਪਤੀ ਰਾਜਵਿੰਦਰ ਦੇ ਚੂਲ੍ਹੇ 'ਤੇ ਸੱਟ ਲੱਗਣ ਕਾਰਨ ਵਕਤੀ ਤੌਰ 'ਤੇ ਕੰਮ ਕਾਜ ਕਰਨ ਤੋਂ ਅਸਮਰਥ ਹੋਣ ਤੇ ਕੁਲਵਿੰਦਰ ਕੌਰ ਨੂੰ ਮਸ਼ੀਨ ਅਤੇ ਕੱਪੜੇ ਸਿਉਣ ਵਾਸਤੇ ਲੋੜੀਂਦਾ ਹੋਰ ਸਾਰਾ ਸਮਾਨ ਵੀ ਦਿੱਤਾ ਗਿਆ। ਇਸ ਮੌਕੇ ਟਰੱਸਟ ਵੱਲੋਂ ਸਤਿੰਦਰ ਸਿੰਘ ਖ਼ਾਲਸਾ, ਮਾਸਟਰ ਪਰਮਿੰਦਰ ਸਿੰਘ, ਸੁਖਜੀਤ ਸਿੰਘ ਸੋਢੀ, ਪ੍ਰਦੀਪ ਕੁਮਾਰ ਵਰਮਾਂ, ਪੱਤਰਕਾਰ ਹਰਜਿੰਦਰ ਸਿੰਘ ਬੱਬੂ, ਸੁਭਾਸ਼ ਸੱਦੀ ਅਤੇ ਅਤੇ ਦਫ਼ਤਰ ਇੰਚਾਰਜ ਦੀਕਸ਼ਾ ਹਾਜ਼ਰ ਸਨ।

# ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਟੈਕਨੀਕਲ ਯੋਗਤਾ ਵਾਲੇ ਪ੍ਰਾਰਥੀਆਂ ਲਈ ਰਜਿਸਟ੍ਰੇਸ਼ਨ ਕੈਂਪ ਅੱਜ

ਐਸ ਏ ਐਸ ਨਗਰ (ਗੁਰਜੀਤ ਬਿੱਲਾ)- ਪੰਜਾਬ ਸਰਕਾਰ ਦੇ ਮਿਸ਼ਨ ਘਰ-ਘਰ ਰੋਜ਼ਗਾਰ ਤਹਿਤ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ 20 ਜੂਨ ਨੂੰ ਟੈਕਨੀਕਲ ਯੋਗਤਾ ਵਾਲੇ ਪ੍ਰਾਰਥੀਆਂ ਲਈ ਰਜਿਸਟ੍ਰੇਸ਼ਨ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਦਾ ਸਮਾਂ ਸਵੇਰੇ 10:00 ਵਜੇ ਤੋਂ ਦੁਪਹਿਰ 03:00 ਵਜੇ ਤੱਕ ਦਾ ਹੋਵੇਗਾ। ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਐਸ.ਏ.ਐਸ ਨਗਰ ਦੇ ਡਿਪਟੀ ਡਾਇਰੈਕਟਰ, ਹਰਪ੍ਰੀਤ ਸਿੰਘ ਮਾਨਸ਼ਾਹੀਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦੇ ਉਪਰਾਲੇ ਨੂੰ ਮੁੱਖ ਰੱਖਦੇ ਹੋਏ ਸਰਕਾਰੀ/ਪ੍ਰਾਈਵੇਟ ਨੌਕਰੀ ਦੀ ਭਾਲ ਵਾਲੇ ਪ੍ਰਾਰਥੀਆਂ ਦੀ ਬਿਊਰੋ ਵਿਖੇ ਪਹੁੰਚ ਬਣਾਉਣ ਲਈ ਰਜਿਸਟ੍ਰੇਸ਼ਨ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ, ਜਿਸ ਵਿੱਚ 20 ਜੂਨ ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਐਸ.ਏ.ਐਸ ਨਗਰ ਵਿਖੇ ਰਜਿਸਟ੍ਰੇਸ਼ਨ ਕੈਂਪ ਦਾ ਆਯੋਜਨ ਕੀਤਾ ਜਾਣਾ ਹੈ। ਕੈਂਪ ਵਿੱਚ ਆਈ.ਟੀ.ਆਈ. ਦੀਆਂ ਟਰੇਡਾਂ ਜਿਵੇਂ ਕਿ ਵੈਲਡਰ, ਫਿਟਰ, ਪੈਲੰਬਰ, ਇਲੈਕਟ੍ਰਿਸ਼ਨ, ਕੋਪਾ, ਡਿਪਲੋਮਾ, ਪੋਲੀਟੈਕਨਿਕ (ਸਾਰੇ ਟਰੇਡ) ਅਤੇ ਬੀ-ਟੈੱਕ (ਸਾਰੇ ਟਰੇਡ) ਵਾਲੇ ਨੌਜਵਾਨ ਪ੍ਰਾਰਥੀ ਆਪਣੀ ਯੋਗਤਾ ਦੇ ਅਸਲ ਸਰਟੀਫਿਕੇਟ, ਆਧਾਰ ਕਾਰਡ, ਜਾਤੀ ਸਰਟੀਫਿਕੇਟ ਨਾਲ ਲੈ ਕੇ ਇਸ ਕੈਂਪ ਵਿੱਚ ਹਿੱਸਾ ਲੈ ਸਕਦੇ ਹਨ। ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਐਸ.ਏ.ਐਸ ਨਗਰ ਵਿਖੇ ਰਜਿਸਟ੍ਰੇਸ਼ਨ ਕੈਂਪ ਸਰਕਾਰੀ ਅਤੇ ਪ੍ਰਾਈਵੇਟ ਨੌਕਰੀਆਂ ਪ੍ਰਾਪਤ ਕਰਨ ਲਈ ਰਜਿਸਟਰ ਹੋ ਸਕਦੇ ਹਨ। ਇਸ ਤੋਂ ਇਲਾਵਾ ਪ੍ਰਾਰਥੀ ://./3348 ਲਿੰਕ 'ਤੇ ਆਪਣੇ ਆਪ ਨੂੰ ਰਜਿਸਟਰ ਕਰ ਸਕਦੇ ਹਨ। ਉਨ੍ਹਾਂ ਉਮੀਦਵਾਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਸ ਮੌਕੇ ਦਾ ਵੱਧ ਤੋਂ ਵੱਧ ਲਾਹਾ ਲਿਆ ਜਾਵੇ।

# ਅਲਾਇੰਸ ਕਲੱਬ ਨੇ ਐਲੀ ਪ੍ਰੋਫੈਸਰ ਦਲਜੀਤ ਰਾਏ ਨੂੰ ਪ੍ਰਧਾਨ ਚੁਣਿਆ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਇੱਥੇ ਅਲਾਇੰਸ ਕਲੱਬ ਹੁਸ਼ਿਆਰਪੁਰ ਯੂਨੀਕ ਦੀ ਮੀਟਿੰਗ ਐਲੀ ਐਡਵੋਕੇਟ ਐਸ.ਪੀ.ਰਾਣਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਜਿਸ ਵਿੱਚ ਪਾਸਟ ਡਿਸਟ੍ਰਿਕ ਗਵਰਨਰ ਐਲੀ ਰਮੇਸ਼ ਕੁਮਾਰ ਅਤੇ ਇੰਟਰਨੈਸ਼ਨਲ ਡਾਇਰੈਕਟਰ ਐਲੀ ਅਸ਼ੋਕ ਪੁਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਮੀਟਿੰਗ ਵਿੱਚ 2025-26 ਲਈ ਐਲੀ ਪ੍ਰੋਫੈਸਰ ਦਲਜੀਤ ਰਾਏ ਨੂੰ ਪ੍ਰਧਾਨ ਚੁਣਿਆ ਗਿਆ। ਹੁਸ਼ਿਆਰਪੁਰ ਯੂਨੀਕ ਕਲੱਬ ਦੇ ਪ੍ਰਧਾਨ ਦੀ ਚੋਣ ਵਿੱਚ ਐਲੀ ਬੰਦਨਾ ਰਾਣਾ ਅਤੇ ਐਲੀ ਖੁਸ਼ਬੂ ਸ਼ਰਮਾ ਨੇ ਵਿਸ਼ੇਸ਼ ਯੋਗਦਾਨ ਪਾਇਆ। ਉਨ੍ਹਾਂ ਵਿਦਿਆ ਦੇ ਖੇਤਰ ਵਿੱਚ ਅਹਿਮ ਸਥਾਨ ਪ੍ਰਾਪਤ ਕਰ ਚੁੱਕੇ ਪ੍ਰੋ.ਦਲਜੀਤ ਰਾਏ ਜੋ ਕਿ ਪਿਛਲੇ ਪੰਜ ਸਾਲਾਂ ਤੋਂ ਅਲਾਇੰਸ ਕਲੱਬ ਦੀਆਂ ਗਤੀਵਿਧੀਆਂ ਨਾਲ ਜੁੜੇ ਹੋਏ ਹਨ, ਦਾ ਨਾਂਅ ਪ੍ਰਪੋਜ਼ ਕੀਤਾ ਜਿਸ ਨੂੰ ਹਾਜ਼ਰ ਨੁਮਾਇੰਦਿਆ ਅਤੇ ਮੈਂਬਰਾਂ ਨੇ ਪਾਸ ਕੀਤਾ। ਇਸ ਮੌਕੇ 'ਤੇ ਪ੍ਰੋ.ਦਲਜੀਤ ਰਾਏ ਨੇ ਦੱਸਿਆ ਕਿ ਹੁਸ਼ਿਆਰਪੁਰ ਯੂਨੀਕ ਵੱਲੋਂ ਪਿਛਲੇ ਸਾਲਾਂ ਦੀ ਤਰ੍ਹਾਂ ਖ਼ੂਨਦਾਨ, ਅੱਖਾਦਾਨ, ਸਰੀਰਦਾਨ ਦੇ ਨਾਲ-ਨਾਲ ਲੋੜਵੰਦ ਲੋਕਾਂ ਦੀ ਸਹਾਇਤਾ ਕਰਨ ਲਈ ਕੰਮ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਵਿੱਦਿਆ ਦੇ ਖੇਤਰ ਵਿੱਚ ਇਸ ਸਾਲ ਕਲੱਬ ਵੱਲੋਂ ਵਿਸ਼ੇਸ਼ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾਵੇਗਾ। ਇਸ ਮੌਕੇ ਤੇ ਐਲੀ ਅਸ਼ੋਕ ਪੁਰੀ ਅਤੇ ਐਲੀ ਰਮੇਸ਼ ਕੁਮਾਰ ਨੇ ਐਡਵੋਕੇਟ ਐਸ.ਪੀ.ਰਾਣਾ ਨੂੰ ਇਸ ਕਲੱਬ ਲਈ ਸ਼ੁਭਕਾਮਨਾਵਾਂ ਅਤੇ ਮੁਬਾਰਕਬਾਦ ਦਿੱਤੀ। ਐਲੀ ਅਸ਼ੋਕ ਪੁਰੀ ਨੇ ਪ੍ਰੋ.ਦਲਜੀਤ ਰਾਏ ਨੂੰ ਇੰਟਰਨੈਸ਼ਨਲ ਪ੍ਰੈਜ਼ੀਡੈਂਟ ਦੀ ਪਿੰਨ ਨਾਲ ਸਨਮਾਨਤ ਕੀਤਾ।

# ਅਣਪਛਾਤੇ ਦੀ ਮਿਲੀ ਲਾਸ਼

ਫਿਲੌਰ (ਨਿਰਮਲ)- ਪੁਲਸ ਚੌਂਕੀ ਗੰਨਾ ਪਿੰਡ (ਫਿਲੌਰ) ਦੇ ਇੰਚਾਰਜ ਥਾਣੇਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਫਿਲੌਰ ਤੋਂ ਗੰਨਾ ਪਿੰਡ ਮਾਉਂ ਸਾਹਿਬ ਸੜਕ ਦੇ ਕਿਨਾਰੇ ਤੋਂ ਇਕ 40-42 ਸਾਲਾਂ ਮੋਨੇ ਵਿਅਕਤੀ ਦੀ ਲਾਸ਼ ਮਿਲੀ ਹੈ। ਮ੍ਰਿਤਕ ਦੀ ਪਹਿਚਾਣ ਨਹੀਂ ਹੋ ਸਕੀ। ਮ੍ਰਿਤਕ ਦੀ ਸੱਜੀ ਬਾਂਹ 'ਤੇ ਮੁਨਾ ਕੁਮਾਰ ਲਿਖਿਆ ਹੋਇਆ ਹੈ ਅਤੇ ਹਰੇ ਰੰਗ ਦੀ ਟੀ ਸ਼ਰਟ, ਕਾਲੇ ਰੰਗ ਦਾ ਪਜ਼ਾਮਾ ਪਾਇਆ ਹੋਇਆ ਹੈ। ਮ੍ਰਿਤਕ ਦੀ ਲਾਸ਼ ਪਹਿਚਾਣ ਵਾਸਤੇ ਸਿਵਲ ਹਸਪਤਾਲ ਫਿਲੌਰ ਰੱਖ ਕੇ ਉਸ ਦੇ ਵਾਰਸਾਂ ਦੀ ਭਾਲ ਜਾਰੀ ਹੈ।



# ਆਟਿਸਟਿਕ ਪ੍ਰਾਈਡ ਡੇ ਸਿਰਫ਼ ਇੱਕ ਦਿਨ ਨਹੀਂ, ਸਗੋਂ ਇੱਕ ਲਹਿਰ ਹੈ : ਸੰਗੀਤਾ ਮਿੱਤਲ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਆਟਿਸਟਿਕ ਪ੍ਰਾਈਡ ਡੇ ਦੀ ਪੂਰਵ ਸੰਧਿਆ 'ਤੇ ਉੱਤਰੀ ਭਾਰਤ ਵਿੱਚ ਨੰਬਰ ਇੱਕ ਆਰਆਰਐਮ ਔਟਿਜ਼ਮ ਸੈਂਟਰ ਦੀ ਮੁੱਖ ਅਧਿਆਤਮਿਕ ਮਾਰਗਦਰਸ਼ਕ ਤੇ ਪ੍ਰਸਿੱਧ ਸਮਾਜਿਕ ਕਾਰਕੁਨ ਸ਼੍ਰੀਮਤੀ ਸੰਗੀਤਾ ਮਿੱਤਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਾਰੇ ਮਾਪੇ ਅਜੇ ਬੱਚਿਆਂ ਵਿੱਚ ਔਟਿਜ਼ਮ ਬਾਰੇ ਪੂਰੀ ਤਰ੍ਹਾਂ ਜਾਣੂ ਨਹੀਂ ਹਨ, ਪਰ ਜਾਗਰੂਕਤਾ ਅਤੇ ਪ੍ਰਵਾਨਗੀ ਦਾ ਸਮਾਂ ਆ ਗਿਆ ਹੈ। ਪਿਛਲੇ ਕੁਝ ਸਾਲਾਂ ਤੋਂ ਅਸੀਂ 18 ਜੂਨ ਨੂੰ ਔਟਿਜ਼ਮ ਪ੍ਰਾਈਡ ਡੇ ਵਜੋਂ ਮਨਾਉਣਾ ਸ਼ੁਰੂ ਕੀਤਾ ਹੈ ਅਤੇ ਇਹ ਦਿਨ ਉਨ੍ਹਾਂ ਬੱਚਿਆਂ ਅਤੇ ਵਿਅਕਤੀਆਂ ਦਾ ਸਨਮਾਨ ਕਰਨ ਲਈ ਹੈ ਜੋ ਔਟਿਜ਼ਮ ਸਪੈਕਟ੍ਰਮ 'ਤੇ ਹਨ। ਇਹ ਦਿਨ ਸਾਨੂੰ ਯਾਦ ਦਿਵਾਉਂਦਾ ਹੈ ਕਿ ਔਟਿਜ਼ਮ ਇੱਕ ਚੁਣੌਤੀ ਹੋ ਸਕਦਾ ਹੈ, ਪਰ ਇਸ ਵਿੱਚ ਹੈਰਾਨੀਜਨਕ ਪ੍ਰਤਿਭਾ ਅਤੇ ਵਿਸ਼ੇਸ਼ਤਾਵਾਂ ਛੁਪੀਆਂ ਹੋਈਆਂ ਹਨ, ਜੋ ਦੁਨੀਆ ਨੂੰ ਬਦਲ ਸਕਦੀਆਂ ਹਨ। ਹਰ ਮਨ ਦੀ ਆਪਣੀ ਚਮਕ ਹੁੰਦੀ ਹੈ, ਬੱਸ ਬੱਚਿਆਂ ਨੂੰ ਇਹ ਮਹਿਸੂਸ ਕਰਵਾਓ ਕਿ ਅਸੀਂ ਤੁਹਾਨੂੰ ਉਸੇ ਤਰ੍ਹਾਂ ਸਵੀਕਾਰ ਕਰਦੇ ਹਾਂ ਜਿਵੇਂ ਤੁਸੀਂ ਹੋ ਅਤੇ ਸਾਨੂੰ ਤੁਹਾਡੇ 'ਤੇ ਮਾਣ ਹੈ। ਜੇਕਰ ਅਸੀਂ ਉਨ੍ਹਾਂ ਦੀ ਗੱਲ ਸੁਣਦੇ ਹਾਂ, ਉਨ੍ਹਾਂ ਨੂੰ ਸਮਝਦੇ ਹਾਂ ਅਤੇ ਉਨ੍ਹਾਂ 'ਤੇ ਵਿਸ਼ਵਾਸ ਕਰਦੇ ਹਾਂ ਤਾਂ ਉਹ ਦੁਨੀਆ ਨੂੰ ਬਦਲ ਸਕਦੇ ਹਨ। ਹਰ ਬੱਚਾ



ਬ੍ਰਹਿਮੰਡ ਦਾ ਇੱਕ ਕੀਮਤੀ ਹਿੱਸਾ ਹੈ। ਹਰ ਵਿਸ਼ੇਸ਼ ਬੱਚਾ ਭਾਵੇਂ ਉਹ ਬੋਲਦਾ ਹੋਵੇ ਜਾਂ ਨਾ, ਤੇਜ਼ ਦੌੜਦਾ ਹੋਵੇ ਜਾਂ ਹੌਲੀ-ਹੌਲੀ ਤੁਰਦਾ ਹੋਵੇ, ਆਪਣੇ ਅੰਦਰ ਅਜੂਬਿਆਂ ਦੀ ਇੱਕ ਦੁਨੀਆਂ ਲੈ ਕੇ ਆਉਂਦਾ ਹੈ। ਸਾਲਾਂ ਦੌਰਾਨ, ਬਹੁਤ ਸਾਰੇ ਔਟਿਸਟਿਕ ਬੱਚਿਆਂ ਨੇ ਆਪਣੀ ਪ੍ਰਤਿਭਾ ਨਾਲ ਦੁਨੀਆ ਨੂੰ ਹੈਰਾਨ ਕੀਤਾ ਹੈ ਅਤੇ ਸਾਰਿਆਂ ਦਾ ਦਿਲ ਜਿੱਤਿਆ ਹੈ। ਭਾਰਤ ਵਿੱਚ ਵੀ ਜਾਗਰੂਕਤਾ ਵਧ ਰਹੀ ਹੈ, ਅਤੇ ਮਾਪੇ, ਅਧਿਆਪਕ ਅਤੇ ਸਮਾਜ ਔਟਿਸਟਿਕ ਬੱਚਿਆਂ ਨੂੰ ਸਮਝਣ, ਸਵੀਕਾਰ ਕਰਨ ਅਤੇ ਪਾਲਣ-ਪੋਸ਼ਣ ਲਈ ਇਕੱਠੇ ਕੰਮ ਕਰ ਰਹੇ ਹਨ। ਇਸ ਲਈ ਔਟਿਸਟਿਕ ਬੱਚਿਆਂ ਨੂੰ ਸਮਝਣਾ, ਸਵੀਕਾਰ ਕਰਨਾ ਅਤੇ ਉਤਸ਼ਾਹਿਤ ਕਰਨਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ।ਉਨ੍ਹਾਂ ਨੂੰ ਸਕੂਲਾਂ ਵਿੱਚ ਸਮਾਵੇਸ਼ੀ ਸਿੱਖਿਆ, ਘਰ ਵਿੱਚ ਸਮਰਥਨ ਅਤੇ ਪਿਆਰ ਮਿਲਣਾ ਚਾਹੀਦਾ ਹੈ ਅਤੇ ਸਮਾਜ ਨੂੰ ਉਨ੍ਹਾਂ ਨੂੰ ਵਿਸ਼ੇਸ਼ ਸਮਝਣਾ ਚਾਹੀਦਾ ਹੈ, ਵੱਖਰਾ ਨਹੀਂ, ਕਿਉਂਕਿ ਹਰ ਬੱਚਾ ਆਪਣੀ ਰੋਸ਼ਨੀ ਲੈ ਕੇ ਆਉਂਦਾ ਹੈ। ਔਟਿਸਟਿਕ ਪ੍ਰਾਈਡ ਡੇ ਸਾਨੂੰ ਸਿਖਾਉਂਦਾ ਹੈ ਕਿ ਸਾਨੂੰ ਔਟਿਸਟਿਕ ਬੱਚਿਆਂ ਨੂੰ ਸਮਝਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ, ਉਨ੍ਹਾਂ ਨੂੰ ਬਦਲਣ ਦੀ ਨਹੀਂ। ਸਾਨੂੰ ਉਨ੍ਹਾਂ ਲਈ ਇੱਕ ਅਜਿਹਾ ਮਾਹੌਲ ਬਣਾਉਣਾ ਚਾਹੀਦਾ ਹੈ ਜਿੱਥੇ ਉਹ ਸੁਰੱਖਿਅਤ ਮਹਿਸੂਸ ਕਰਨ, ਸਿੱਖ ਸਕਣ ਅਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਸਕਣ। ਉਨ੍ਹਾਂ ਨੂੰ ਸਕੂਲਾਂ, ਘਰਾਂ ਅਤੇ ਸਮਾਜ ਵਿੱਚ ਸਤਿਕਾਰ ਅਤੇ ਸਮਰਥਨ ਮਿਲਣਾ ਚਾਹੀਦਾ ਹੈ। ਆਪਣੇ ਅੰਤਮ ਸੰਦੇਸ਼ ਵਿੱਚ ਸ਼੍ਰੀਮਤੀ ਮਿੱਤਲ, ਜੋ ਸੋਨਾਲੀਕਾ ਦੇ ਸੀਐਸਆਰ ਪ੍ਰੋਜੈਕਟਾਂ ਸੰਜੀਵਨੀ ਸ਼ਰਣਮ, ਆਰਆਰਐਮ ਹੋਲਿਸਟਿਕ ਕਲੀਨਿਕ ਅਤੇ ਆਰਆਰਐਮ ਔਟਿਜ਼ਮ ਸੈਂਟਰ ਦੀ ਡਾਇਰੈਕਟਰ ਵੀ ਹਨ, ਨੇ ਕਿਹਾ ਕਿ ਔਟਿਸਟਿਕ ਪ੍ਰਾਈਡ ਡੇ ਸਿਰਫ਼ ਇੱਕ ਦਿਨ ਨਹੀਂ ਹੈ, ਇਹ ਇੱਕ ਲਹਿਰ ਹੈ - ਸਮਝ ਵੱਲ, ਪਿਆਰ ਵੱਲ, ਅਤੇ ਨਵੇਂ ਦ੍ਰਿਸ਼ਟੀਕੋਣਾਂ ਵੱਲ। ਆਓ ਅਸੀਂ ਭਾਰਤ ਅਤੇ ਦੁਨੀਆ ਦੇ ਇਨ੍ਹਾਂ ਵਿਸ਼ੇਸ਼ ਬੱਚਿਆਂ ਨੂੰ ਉਹ ਸਥਾਨ ਦੇਈਏ ਜਿਸਦੇ ਉਹ ਹੱਕਦਾਰ ਹਨ, ਕਿਉਂਕਿ ਜਦੋਂ ਅਸੀਂ ਵੱਖਰੇ ਢੰਗ ਨਾਲ ਸੋਚਦੇ ਹਾਂ ਤਾਂ ਹੀ ਦੁਨੀਆ ਬਦਲਦੀ ਹੈ।ਹਰ ਕਿਸੇ ਨੂੰ ਇੱਕੋ ਜਿਹਾ ਸੋਚਣ ਦੀ ਲੋੜ ਨਹੀਂ ਹੈ, ਹਰ ਕਿਸੇ ਨੂੰ ਸੋਚਣ ਦਾ ਅਧਿਕਾਰ ਮਿਲਣਾ ਚਾਹੀਦਾ ਹੈ।

# ਬੀ. ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ ਵਿਖੇ 'ਸਮਰਪੂਲ ਸਪਲੈਸ਼ ਡੇ'




ਲੋਹੀਆਂ ਖਾਸ (ਯੋਗੇਸ਼ਵਰ) ਬੀ.ਕੇ ਇੰਟਰਨੈਸ਼ਨਲ ਕਾਨਵੈਂਟ ਸਕੂਲ, ਵਾੜਾ ਜੋਧ ਸਿੰਘ ਵਿਖੇ 'ਸਮਰਪੂਲ ਸਪਲੈਸ਼ ਡੇ' ਦਾ ਆਯੋਜਨ ਕੀਤਾ ਗਿਆ ।ਇਸ ਵਿੱਚ ਵਿਦਿਆਰਥੀਆਂ ਨੇ ਗਰਮੀ ਦੇ ਮੌਸਮ ਵਿੱਚ ਪੂਲ ਮਸਤੀ ਕਰਕੇ ਆਪਣੇ ਆਪ ਨੂੰ ਤਰੋ ਤਾਜ਼ਾ ਕੀਤਾ। ਵਿਦਿਆਰਥੀਆਂ ਨੇ ਬੱਚਿਆਂ ਨਾਲ ਸੰਬੰਧਿਤ ਮਸਤੀ ਭਰੇ ਸੰਗੀਤ ਤੇ ਖੂਬ ਡਾਂਸ ਕੀਤਾ ਅਤੇ ਪੂਲ ਗੇਮਜ਼ ਖੇਡ ਕੇ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਇਸ ਮੌਕੇ ਸਕੂਲ ਐਮ ਡੀ ਸੱਦਾਮ ਖਾਨ, ਪ੍ਰਿੰਸੀਪਲ ਸ਼੍ਰੀਮਤੀ ਨੀਤੀਮਾ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਨੂੰ ਮਾਨਸਿਕ ਅਤੇ ਸਰੀਰਕ ਤੌਰ 'ਤੇ ਤਰੋ ਤਾਜ਼ਾ ਕਰਨ ਲਈ ਲਾਜ਼ਮੀ ਹਨ। ਸਕੂਲ ਪੜ੍ਹਾਈ ਦੇ ਨਾਲ ਮਨੋਰੰਜਕ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ।

# ਪੇਂਡੂ ਮਜ਼ਦੂਰਾਂ ਦੇ ਤਿੱਖੇ ਵਿਰੋਧ ਸਦਕਾ ਦਲਿਤ ਮਜ਼ਦੂਰਾਂ ਦਾ ਉਜਾੜਾ ਟਲਿਆ

ਕਰਤਾਰਪੁਰ (ਨ ਜ਼ ਸ) ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਤਿੱਖੇ ਵਿਰੋਧ ਕਾਰਨ ਪੰਚਾਇਤ ਵਿਭਾਗ ਜਾਂ ਮਾਲ ਮਹਿਕਮੇ ਦਾ ਕੋਈ ਵੀ ਅਧਿਕਾਰੀ ਮਿੱਥੇ ਪ੍ਰੋਗਰਾਮ ਅਨੁਸਾਰ ਪਿੰਡ ਬੱਖੂਨੰਗਲ ਵਿਖੇ ਦਲਿਤ ਮਜ਼ਦੂਰਾਂ ਤੋਂ ਪੰਚਾਇਤੀ ਜ਼ਮੀਨ ਦਾ ਕਬਜ਼ਾ ਲੈਣ ਲਈ ਜ਼ਮੀਨ 'ਚ ਪੈਰ ਨਹੀਂ ਧਰ ਸਕਿਆ। ਜਿਸ ਕਾਰਨ ਅੱਜ ਇੱਕ ਵਾਰ ਫਿਰ ਦਲਿਤ ਮਜ਼ਦੂਰਾਂ ਦਾ ਹੋਣ ਵਾਲਾ ਉਜਾੜਾ ਰੁਕ ਗਿਆ। ਯੂਨੀਅਨ ਦੇ ਡੰਡਿਆਂ ਚ ਸੂਹੇ ਝੰਡੇ ਹੱਥਾਂ ਵਿੱਚ ਲੈ ਕੇ ਪੇਂਡੂ ਮਜ਼ਦੂਰ ਸਾਰਾ ਦਿਨ ਜ਼ਮੀਨ ਵਿੱਚ ਡਟੇ ਰਹੇ। ਇਸ ਮੌਕੇ ਗਰਮੀ ਦੇ ਪ੍ਰਕੋਪ 'ਚ ਅੱਗ ਉਗਲਦੇ ਨਾਅਰੇ ਮਾਰਦਿਆਂ ਕਿਹਾ ਕਿ ਦਲਿਤ ਮਜ਼ਦੂਰਾਂ ਦਾ ਉਜਾੜਾ ਨਹੀਂ ਮਾਲਕੀ ਹੱਕ ਦਿਓ।ਇਸ ਮੌਕੇ ਯੂਨੀਅਨ ਦੇ ਯੂਥ ਵਿੰਗ ਦੇ ਸੂਬਾ ਆਗੂ ਗੁਰਪ੍ਰੀਤ ਸਿੰਘ ਚੀਦਾ, ਤਹਿਸੀਲ ਪ੍ਰਧਾਨ ਕੇ ਐੱਸ ਅਟਵਾਲ, ਸਕੱਤਰ ਸਰਬਜੀਤ ਕੌਰ ਕੁੱਦੋਵਾਲ, ਤਹਿਸੀਲ ਆਗੂ ਪਰਮਜੀਤ ਕੌਰ ਮੀਕੋ ਅਤੇ ਬਲਵਿੰਦਰ ਕੌਰ ਦਿਆਲਪੁਰ ਨੇ ਦੁਹਰਾਇਆ ਕਿ ਕਿਸੇ ਵੀ ਪਿੰਡ ਵਿੱਚ ਪੰਚਾਇਤੀ ਜ਼ਮੀਨ 'ਚੋਂ ਦਲਿਤ ਮਜ਼ਦੂਰਾਂ ਨੂੰ ਉਜਾੜਨ ਦੀ ਭਗਵੰਤ ਮਾਨ ਸਰਕਾਰ ਨੂੰ ਆਗਿਆ ਨਹੀਂ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਪਿੰਡ ਬੱਖੂਨੰਗਲ ਵਿਖੇ ਹੋਰਨਾਂ ਪਿੰਡਾਂ ਵਾਂਗ ਕਈ ਵਾਰ ਗ੍ਰਾਮ ਸਭਾ ਅਜਲਾਸਾਂ ਵਿੱਚ 5-5 ਮਰਲੇ ਦੇ ਪਲਾਟ ਅਲਾਟ ਕਰਨ ਦੇ ਪਾਸ ਮਤਿਆਂ ਉੱਪਰ ਕਾਰਵਾਈ ਨਾ ਕਰਨ ਤੋਂ ਅੱਕੇ ਦਲਿਤ ਮਜ਼ਦੂਰਾਂ ਵਲੋਂ 7 ਏਕੜ ਪੰਚਾਇਤੀ ਜ਼ਮੀਨ ਵਿੱਚ ਡੇਰਾ ਜਮਾਉਣ ਉਪਰੰਤ ਪੱਕੀ ਉਸਾਰੀ ਕਰ ਲਈ ਗਈ। ਸਾਲ 2021 ਦੌਰਾਨ ਜ਼ਿਲ੍ਹਾ ਕੁਲੈਕਟਰ ਕਮ ਜ਼ਿਲਾ ਵਿਕਾਸ ਤੇ ਪੰਚਾਇਤ ਅਫ਼ਸਰ ਜਲੰਧਰ ਦੀ ਅਦਾਲਤ ਚੋਂ ਸਰਪੰਚ ਬੱਖੂਨੰਗਲ ਨੇ ਇਹਨਾਂ ਮਜ਼ਦੂਰਾਂ ਨੂੰ ਬੇਦਖ਼ਲ ਕਰਨ ਲਈ ਬੇਖਖਲੀ ਵਾਰੰਟ ਹਾਸਿਲ ਕਰ ਲਏ ਪ੍ਰੰਤੂ ਉਸ ਦਿਨ ਤੋਂ ਹੀ ਯੂਨੀਅਨ ਦੀ ਅਗਵਾਈ ਹੇਠ ਪੇਂਡੂ ਮਜ਼ਦੂਰ ਮਜ਼ਦੂਰਾਂ ਦੇ ਉਜਾੜੇ ਦਾ ਵਿਰੋਧ ਕਰਦੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸਭ ਸਰਕਾਰਾਂ ਦਲਿਤ ਮਜ਼ਦੂਰ ਵਿਰੋਧੀ ਹਨ।ਉਨ੍ਹਾਂ ਕਿਹਾ ਕਿ ਸੰਘਰਸ਼ਾਂ ਦੌਰਾਨ ਪੰਜਾਬ ਸਰਕਾਰ ਦੀ ਕੈਬਨਿਟ ਮੰਤਰੀਆਂ ਦੀ ਸਬ ਕਮੇਟੀ ਵਲੋਂ ਕੈਬਨਿਟ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ, ਕੁਲਦੀਪ ਸਿੰਘ ਧਾਲੀਵਾਲ ਅਤੇ ਅਮਨ ਅਰੋੜਾ ਵਲੋਂ ਪੇਂਡੂ ਅਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂਆਂ ਨਾਲ ਕੀਤੀਆਂ ਗਈਆਂ ਮੀਟਿੰਗਾਂ ਵਿੱਚ ਇਹ ਮੰਗ ਮੰਨੀ ਗਈ ਸੀ ਕਿ ਜਿੱਥੇ ਗ੍ਰਾਮ ਸਭਾ ਦੇ ਅਜਲਾਸ ਕਰਕੇ ਲੋੜਵੰਦ ਪਰਵਾਰਾਂ ਨੂੰ ਰਿਹਾਇਸ਼ੀ ਪਲਾਟ ਦੇਣ ਦੇ ਮਤੇ ਪਾਸ ਕੀਤੇ ਗਏ ਹਨ, ਉਹਨਾਂ ਪਿੰਡਾਂ ਵਿੱਚ ਪਲਾਟ ਅਲਾਟ ਕਰ ਦਿੱਤੇ ਜਾਣਗੇ ਅਤੇ ਪੰਚਾਇਤੀ ਤੇ ਸਾਂਝੀਆਂ ਥਾਵਾਂ ਉੱਪਰ ਘਰ ਬਣਾ ਕੇ ਬੈਠੇ ਮਜ਼ਦੂਰਾਂ ਨੂੰ ਉਜਾੜਿਆਂ ਨਹੀਂ ਜਾਵੇਗਾ, ਉਹਨਾਂ ਨੂੰ ਮਾਲਕੀ ਦੇ ਹੱਕ ਦਿੱਤੇ ਜਾਣਗੇ। ਇਸਦੇ ਬਾਵਜੂਦ ਮੰਤਰੀਆਂ ਦੀ ਸਬ ਕਮੇਟੀ ਦੇ ਫ਼ੈਸਲੇ ਨੂੰ ਪੰਚਾਇਤ ਵਿਭਾਗ ਦੀ ਅਫ਼ਸਰਸ਼ਾਹੀ ਟਿੱਚ ਜਾਣਦੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਮਜ਼ਦੂਰਾਂ ਦੇ ਕਬਜ਼ੇ ਹੇਠਲੀਆਂ ਪੰਚਾਇਤੀ ਜ਼ਮੀਨਾਂ ਇੱਕ ਕਾਰਖਾਨੇਦਾਰ ਨੂੰ ਦੇਣ ਦੀ ਸਾਜ਼ਿਸ਼ ਘੜੀ ਗਈ ਹੈ। ਜਿਸਨੂੰ ਸਫ਼ਲ ਨਹੀਂ ਹੋਣ ਦਿੱਤਾ ਜਾਵੇਗਾ।ਇਸ ਮੌਕੇ ਯੂਨੀਅਨ ਵਲੋਂ ਸੰਗਰੂਰ ਪੁਲਿਸ ਪ੍ਰਸ਼ਾਸਨ ਅਤੇ ਭਗਵੰਤ ਮਾਨ ਸਰਕਾਰ ਦਾ ਪੁਤਲਾ ਸਾੜ ਕੇ ਨਾਅਰੇਬਾਜ਼ੀ ਕਰਦਿਆਂ ਜੇਲ੍ਹ ਡੱਕੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂ ਬਿੱਕਰ ਸਿੰਘ ਹਥੋਆ ਅਤੇ ਸ਼ਾਦੀਹਰੀ ਪਿੰਡ ਦੇ ਮਜ਼ਦੂਰਾਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ ਗਈ।

# ਸਕੂਟੀ ਡਿਵਾਈਡਰ 'ਚ ਵੱਜਣ ਨਾਲ ਚਾਲਕ ਗੰਭੀਰ ਜ਼ਖ਼ਮੀ

ਬਲਾਚੌਰ (ਜਸਵਿੰਦਰ ਬੈਂਸ) ਰੋਪੜ-ਬਲਾਚੌਰ ਨੈਸ਼ਨਲ ਹਾਈਵੇ 'ਤੇ ਪਿੰਡ ਸੁੱਧਾਮਾਜਰਾ ਦੇ ਕੋਲ ਸਕੂਟੀ ਦਾ ਐਕਸੀਡੈਂਟ ਹੋ ਗਿਆ।ਐਸ ਐਸ ਐਫ ਟੀਮ ਦੇ ਇੰਚਾਰਜ ਏ ਐਸ ਆਈ ਕੁਲਦੀਪ ਕੁਮਾਰ ਨੇ ਦੱਸਿਆ ਕਿ ਇਕ ਸਕੂਟੀ ਨੰਬਰ ਆਰ ਜੇ 1572, ਜਿਸ ਨੂੰ ਹਰਪ੍ਰੀਤ ਸਿੰਘ ਪੁੱਤਰ ਪ੍ਰਕਾਸ਼ ਸਿੰਘ ਵਾਸੀ ਸੁੱਧਾਮਾਜਰਾ ਚਲਾ ਰਿਹਾ ਸੀ ਤੇ ਬਲਾਚੌਰ ਤੋਂ ਸੁੱਧਾ ਮਾਜਰਾ ਨੂੰ ਆਪਣੇ ਪਿੰਡ ਜਾ ਰਿਹਾ ਸੀ। ਜਦੋਂ ਇਹ ਪਿੰਡ ਸੁੱਧਾਮਾਜਰਾ ਦੇ ਮੋੜ



ਕੋਲ ਪਹੁੰਚਿਆ ਤਾਂ ਅਚਾਨਕ ਸਕੂਟੀ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਡਿਵਾਈਡਰ ਨਾਲ ਜਾ ਟਕਰਾਈ। ਜਿਸ ਕਾਰਨ ਉਹ ਗੰਭੀਰ ਜ਼ਖਮੀ ਹੋ ਗਿਆ ।ਐਸ ਐਸ ਐਸ ਐਫ ਟੀਮ ਨੇ ਨੈਸ਼ਨਲ ਹਾਈਵੇ ਅਥਾਰਟੀ ਦੀ ਐਂਬੂਲੈਂਸ ਦੀ ਮਦਦ ਨਾਲ ਇਲਾਜ ਲਈ ਸਿਵਲ ਹਸਪਤਾਲ ਬਲਾਚੌਰ ਦਾਖਲ ਕਰਵਾ ਦਿੱਤਾ।

# ਸਰਕਾਰ ਟਾਲ-ਮਟੋਲ ਤੇ ਲਾਰਿਆਂ ਰਾਹੀਂ ਡੰਗ ਟਪਾਉਣ 'ਤੇ ਆਈ : ਭੂੰਗਰਨੀ

ਮੇਹਟਿਆਣਾ/ਜਲੰਧਰ (ਜਗਤਰ ਸਿੰਘ ਭੂੰਗਰਨੀ/ਰਾਜੇਸ਼ ਥਾਪਾ) ਪੰਜਾਬ ਪੈਨਸ਼ਨਰ ਯੂਨੀਅਨ ਜ਼ਿਲ੍ਹਾ ਜਲੰਧਰ ਬ੍ਰਾਂਚ ਦੀ ਮਹੀਨਾਵਾਰ ਮੀਟਿੰਗ ਕਾਮਰੇਡ ਜਸਵੰਤ ਸਿੰਘ ਸਮਰਾ ਯਾਦਗਾਰੀ ਹਾਲ ਜਲੰਧਰ ਨਜ਼ਦੀਕ ਜਨਰਲ ਬੱਸ ਸਟੈਂਡ ਲਾਗੇ ਹੋਈ। ਜਿਸ ਦੀ ਪ੍ਰਧਾਨਗੀ ਚੇਅਰਮੈਨ ਕਾਮਰੇਡ ਮਦਨ ਲਾਲ ਚੀਮਾ ਨੇ ਕੀਤੀ । ਮੀਟਿੰਗ ਦੀ ਸ਼ੁਰੂਅਤ ਮੌਕੇ ਸਭ ਤੋਂ ਪਹਿਲਾਂ ਪਿਛਲੇ ਦਿਨੀ ਅਹਿਮਦਾਬਾਦ ਹਵਾਈ ਹਾਦਸੇ ਵਿਚ ਗਈਆਂ ਲਗਭਗ 275 ਜਾਨਾਂ ਗਈਆਂ , ਕਾਮਰੇਡ ਗੁਰਮੀਤ ਸਿੰਘ ਸ਼ੁਗਲੀ ਟਰੱਸਟੀ ਨਵਾਂ ਜ਼ਮਾਨਾ ਅਖ਼ਬਾਰ ਜਲੰਧਰ ਦਾ ਸਦੀਵੀ ਵਿਛੋੜਾ ਦੇ ਜਾਣਾ ਅਤੇ ਕੇਦਾਰਨਾਥ ਹੈਲੀਕਪਟਰ ਹਾਦਸੇ ਵਿਚ ਗਈਆਂ ਜਾਨਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਸਾਥੀ ਜਗਤਾਰ ਸਿੰਘ ਭੰਗਰਨੀ ਨੇ ਦੱਸਿਆ ਕਿ ਪੰਜਾਬ ਸਰਕਾਰ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਮੰਨਣ ਤੋਂ ਟਾਲ ਮਟੋਲ ਕਰ ਰਹੀ ਹੈ ।ਸਰਕਾਰ ਕਈ ਵਾਰ ਮੰਗਾਂ ਦੀ ਪਰਵਾਨਗੀ ਦੇ ਭਰੋਸੇ ਦੇਣ ਦੇ ਬਾਵਜੂਦ ਕੋਈ ਇਨਸਾਫ ਨਹੀ ਕਰ ਰਹੀ । ਸਰਕਾਰ ਖਜਾਨਾ ਦਫਤਰਾਂ 'ਤੇ ਐਲਾਨੀ ਰੋਕ ਨੂੰ ਤੁਰੰਤ ਹਟਾਵੇ।ਪੈਨਸ਼ਨਰ ਦੇ ਜੋ ਖਜਾਨੇ ਦਫ਼ਤਰ ਬਿੱਲ ਗਏ ਹੋਏ ਹਨ ਤੁਰੰਤ ਭੁਗਤਾਨ ਕਰੇ। 27 ਜੂਨ ਨੂੰ ਮੋਗਾ ਵਿਖੇ ਕਾਮਰੇਡ ਬਲਵਿੰਦਰ ਸਿੰਘ ਸੰਧੂ ਦੀ ਬਰਸੀ ਦੀ ਤੇ ਵੱਡੀ ਗਿਣਤੀ ਵਿਚ ਸ਼ਾਮਲ ਹੋਣ ਦੀ ਅਪੀਲ ਕੀਤੀ । ਮੀਟਿੰਗ ਵਿਚ ਤਿੰਨ ਸਾਥੀਆਂ ਦਰਸ਼ਨ ਸਿੰਘ 70 ਸਾਲ, ਕ੍ਰਿਪਾਲ ਸਿੰਘ 70 ਸਾਲ ਅਤੇ ਸੰਤੋਖ ਸਿੰਘ ਕੈਸ਼ੀਅਰ 65 ਦੀ ਉਮਰ ਪੂਰੀ ਕਰਨ 'ਤੇ ਜਥੇਬੰਦੀ ਵਲੋਂ ਸਨਮਾਨ ਚਿੰਨ੍ਹ



ਅਤੇ ਇਕ ਲੋਈ ਦੇ ਕੇ ਲੰਬੀ ਉਮਰ ਦੀ ਕਾਮਨਾ ਕਰਦੇ ਹੋਏ ਸਨਮਾਨਿਤ ਕੀਤੇ ਗਏ। ਜਥੇਬੰਦਕ ਸਾਥੀ ਅਵਤਾਰ ਸਿੰਘ ਤਾਰੀ, ਜਨਰਲ ਸਕੱਤਰ ਵਿਜੈ ਕੁਮਾ ਸ਼ਰਮਾ , ਵਾਈਸ ਪ੍ਰਧਾਨ ਦਵਿੰਦਰਪਾਲ ਸਿੰਘ ਜਗੀਰ ਸਿੰਘ ,ਸੰਤ ਸਿੰਘ ,ਗੁਰਦਿਆਲ ਸਿੰਘ ਜਲਵੇਹੜਾ ਕੇਸ਼ਵ ਸ਼ਰਮਾ ਜੀ ,ਅੰਮ੍ਰਿਤਪਾਲ ਸਿੰਘ ,ਹਰਿੰਦਰ ਚੀਮਾ , ਸੁਭਾਮ ਮੱਟੂ ,ਗੁਰਮੁੱਖ ਸਿੰਘ,ਮੁੱਖ ਸਲਾਹਕਾਰ ਹਰਿੰਦਰ ਸਿੰਘ ਢਿਲਵਾਂ ਨੇ ਵਿਚਾਰ ਪ੍ਰਗਟ ਕੀਤੇ ਅਤੇ ਸਾਥੀਆਂ ਨੂੰ ਆਉਣ ਆਉਂਣ ਵਾਲੇ ਸੰਘਰਸ਼ਾਂ ਵਿੱਚ ਵੱਧ ਤੋਂ ਵੱਧ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ ਗਈ ।

# ਸਰਕਾਰੀ ਸਕੂਲਾਂ 'ਚ ਵੀ ਦਾਖਲ ਕਰਵਾਏ ਸਿਆਸੀ ਲੋਕ : ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ

ਜਲੰਧਰ (ਰਾਜੇਸ਼ ਥਾਪਾ) ਪੰਜਾਬ ਭਰ ਦੇ ਲਗਭਗ 14000 ਸਕੂਲਾਂ ਵਿੱਚ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਭੇਜੀਆਂ ਜਾਂਦੀਆਂ ਗਰਾਂਟਾਂ ਨੂੰ ਸਹੀ ਢੰਗ ਨਾਲ ਖਰਚਣ ਲਈ ਐਸ.ਐਮ.ਸੀ ਮੈਂਬਰਾਂ ਦੀ ਇੱਕ ਕਮੇਟੀ ਬਣੀ ਹੁੰਦੀ ਹੈ। ਜਿਸ ਦੀ ਚੋਣ ਸਕੂਲ ਵਿੱਚ ਪੜ੍ਹਦੇ ਬੱਚਿਆਂ ਦੇ ਮਾਪਿਆਂ ਦੁਆਰਾ ਕੀਤੀ ਜਾਂਦੀ ਹੈ ਇਸ ਕਮੇਟੀ ਦੇ ਮੈਂਬਰ ਵੀ ਸਕੂਲ ਵਿੱਚ ਪੜ੍ਹਦੇ ਬੱਚਿਆਂ ਦੇ ਮਾਪਿਆਂ ਵਿੱਚੋਂ ਹੀ ਚੁਣੇ ਜਾਂਦੇ ਹਨ । ਚੇਅਰਮੈਨ ਦੀ ਚੋਣ ਵੀ ਬੱਚਿਆਂ ਦੇ ਮਾਪਿਆਂ ਦੁਆਰਾ ਬੱਚਿਆਂ ਦੇ ਮਾਪਿਆਂ ਵਿੱਚੋਂ ਹੀ ਕੀਤੀ ਜਾਂਦੀ ਹੈ। ਇਹ ਚੁਣੀ ਕਮੇਟੀ ਸਹੀ ਢੰਗ ਨਾਲ ਸਕੂਲ ਦੇ ਅਧਿਆਪਕਾਂ ਦੀ ਗਰਾਂਟ ਖਰਚ ਵਿੱਚ ਮਿਲ ਕੇ ਕੰਮ ਕਰਦੀ ਹੈ। ਪਰ ਹੁਣ ਅਖੌਤੀ ਬਦਲਾਅ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਕੂਲਾਂ ਦਾ ਰਾਜਨੀਤਕ ਕਰਨਾ ਸ਼ੁਰੂ ਕਰ ਦਿੱਤਾ ਹੈ।ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਅਤੇ ਸਹਾਇਕ ਪ੍ਰੈਸ ਸਕੱਤਰ ਗਣੇਸ਼ ਭਗਤ ਨੇ ਦੱਸਿਆ ਕਿ ਅਖੌਤੀ ਬਦਲਾਅ ਵਾਲੀ ਸਰਕਾਰ ਦੇ ਸੁਪਰੀਮੋ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੇ ਵੋਟਾਂ ਤੋਂ ਪਹਿਲਾਂ ਸਰਕਾਰੀ ਸਕੂਲਾਂ ਦੀ ਦਸ਼ਾ ਤੇ ਦਿਸ਼ਾ ਸੁਧਾਰਨ ਦਾ ਇੱਕ ਵੱਡਾ ਵਾਅਦਾ ਕੀਤਾ ਸੀ। ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਦਾ ਨਾਅਰਾ ਲਾ ਕੇ ਆਈ ਇਹ ਸਰਕਾਰ ਹੁਣ ਆਪ ਹੀ ਸਕੂਲਾਂ ਦਾ ਰਾਜਨੀਤਿਕ ਕਰਨ ਸ਼ੁਰੂ ਕਰ ਰਹੀ ਹੈ। ਉਹਨਾਂ ਦੱਸਿਆ ਕਿ ਜੋ ਐਸ.ਐਮ.ਸੀ ਕਮੇਟੀਆਂ ਲੰਬੇ ਸਮੇਂ ਤੋਂ ਸਕੂਲਾਂ ਵਿੱਚ ਸੁਚੱਜੇ ਢੰਗ ਨਾਲ ਕੰਮ ਕਰ ਰਹੀਆਂ ਸਨ ਉਹਨਾਂ ਦਾ ਹੁਣ ਰਾਜਨੀਤੀਕਰਨ ਸ਼ੁਰੂ ਕਰ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਇਹਨਾਂ ਐਸ.ਐਮ.ਸੀ ਕਮੇਟੀਆਂ ਵਿੱਚ ਰਾਜਨੀਤਿਕ ਲੀਡਰਾਂ ਦੇ ਕਹਿਣ ਤੇ ਆਪਣੀ ਹੀ ਪਾਰਟੀ ਦੇ ਵਰਕਰ ਮੈਂਬਰ ਬਣਾਉਣ ਲਈ ਸਕੂਲ ਦੇ ਮੁੱਖ ਅਧਿਆਪਕਾਂ ,ਸਕੂਲ ਦੇ ਪ੍ਰਿੰਸੀਪਲਾਂ ਨੂੰ ਹੁਕਮ ਜਾਰੀ ਕਰ ਦਿੱਤੇ ਗਏ ਹਨ। ਉਹਨਾਂ ਕਿਹਾ ਕਿ ਇੱਕ ਰਾਜਨੀਤਕ ਮੈਂਬਰ ਐਸ.ਐਮ.ਸੀ ਕਮੇਟੀ ਵਿੱਚ 10-10 ਸਕੂਲਾਂ ਦੇ ਕਮੇਟੀਆਂ ਦਾ ਮੈਂਬਰ ਹੋਵੇਗਾ। ਉਹਨਾਂ ਕਿਹਾ ਕਿ ਇੱਕ ਤਾਂ ਇਹ ਅਸੰਭਵ ਹੈ ਕਿ ਇੱਕ ਮੈਂਬਰ ਇੱਕੋ ਦਿਨ ਦਸ ਸਕੂਲਾਂ ਵਿੱਚ ਕਿਵੇਂ ਹਾਜ਼ਰ ਹੋਵੇਗਾ। ਉਹਨਾਂ ਕਿਹਾ ਕਿ ਇਹਨਾਂ ਰਾਜਨੀਤਿਕ ਲੋਕਾਂ ਨੂੰ ਸਕੂਲਾਂ ਵਿੱਚ ਕਮੇਟੀਆਂ ਰਾਹੀ ਭੇਜ ਕੇ ਇਸ ਪਿੱਛੇ ਸਰਕਾਰ ਦੀ ਕੋਈ ਹੋਰ ਮਨਸ਼ਾ ਵੀ ਹੋ ਸਕਦੀ ਹੈ। ਉਹਨਾਂ ਸਰਕਾਰ ਨੂੰ ਆਪਣੇ ਕੀਤੇ ਹੋਏ ਸਿੱਖਿਆ ਕ੍ਰਾਂਤੀ ਦੇ ਵਾਅਦੇ 'ਤੇ ਅਟੱਲ ਰਹਿਣ ਲਈ ਅਪੀਲ ਕੀਤੀ। ਉਹਨਾਂ ਕਿਹਾ ਕਿ ਉਹ ਇਹਨਾਂ ਲੋਕਾਂ ਨੂੰ ਸਕੂਲਾਂ ਵਿੱਚ ਭੇਜ ਕੇ ਸਕੂਲਾਂ ਦਾ ਰਾਜਨੀਤੀਕਰਨ ਨਾ ਕਰਨ। ਸਕੂਲਾਂ ਨੂੰ ਸਕੂਲ ਹੀ ਰਹਿਣ ਦਿੱਤਾ ਜਾਵੇ ਤਾਂ ਜੋ ਸਹੀ ਤੇ ਸੁਚੱਜੇ ਢੰਗ ਨਾਲ ਸਕੂਲਾਂ ਦਾ ਪ੍ਰਬੰਧ ਕਰਕੇ ਬੱਚਿਆਂ ਦੀ ਪੜ੍ਹਾਈ ਵਧੀਆ ਕਰਵਾਈ ਜਾ ਸਕੇ।

# ਗੁ. ਸਿੰਘ ਸ਼ਹੀਦਾਂ ਸੋਹਾਣਾ ਵਿਖੇ ਦਾਨੀ ਸੱਜਣ ਵੱਲੋਂ 'ਹੀਰੋ ਡੀਲਕਸ' ਮੋਟਰਸਾਈਕਲ ਭੇਟ



ਐੱਸ.ਏ.ਐੱਸ. ਨਗਰ (ਗੁਰਜੀਤ ਬਿੱਲਾ) ਇੱਥੋਂ ਨੇੜਲੇ ਪਿੰਡ ਸੋਹਾਣਾ ਵਿੱਚ ਸਥਿੱਤ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਕਾਰ ਸੇਵਾ ਲਈ ਦਾਨੀ ਸੱਜਣ ਵੱਲੋਂ 'ਹੀਰੋ ਡੀਲਕਸ' ਮੋਟਰ ਸਾਈਕਲ ਭੇਂਟ ਕੀਤਾ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਦਾਨੀ ਸੱਜਣ ਮੋਟਰਸਾਈਕਲ ਗੁਰਦੁਆਰਾ ਸਾਹਿਬ ਜੀ ਵਿਖੇ ਨਿਸ਼ਾਨ ਸਾਹਿਬ ਦੇ ਬਿਲਕੁੱਲ ਨੇੜੇ ਖੜ੍ਹਾ ਕਰਕੇ ਪ੍ਰਬੰਧਕ ਕਮੇਟੀ ਨੂੰ ਚਾਬੀਆਂ ਸੌਂਪ ਕੇ ਚਲਾ ਗਿਆ।ਸਾਰੇ ਕਾਗਜਾਤ, ਬੀਮਾ ਆਦਿ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਨਾਂਅ 'ਤੇ ਹਨ ਪ੍ਰਬੰਧਕ ਕਮੇਟੀ ਅਤੇ ਸੇਵਾਦਾਰਾਂ ਵੱਲੋਂ ਇਕੱਠੇ ਹੋ ਕੇ ਕੜਾਹ ਪ੍ਰਸ਼ਾਦਿ ਦੀ ਦੇਗ ਸਜਾ ਕੇ ਅਰਦਾਸੀਆ ਸਿੰਘ ਤੋਂ ਦਾਨੀ ਸੱਜਣ ਦੀ ਚੜ੍ਹਦੀ ਕਲਾ ਲਈ ਅਰਦਾਸ ਕਰਵਾ ਦਿੱਤੀ ਗਈ ਹੈ ।

# ਐੱਲ ਪੀ ਯੂ ਨੇ ਟਾਪ 50 'ਚ ਦਾਖਲ ਹੋਣ ਵਾਲੀਆਂ ਪਹਿਲੀਆਂ ਭਾਰਤੀ 'ਵਰਸਿਟੀਆਂ 'ਚੋਂ ਇੱਕ ਵਜੋਂ ਰਚਿਆ ਇਤਿਹਾਸ

ਜਲੰਧਰ (ਸ਼ੈਲੀ ਐਲਬਰਟ) ਜਲੰਧਰ; ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਨੇ ਪ੍ਰਤਿਸ਼ਠਾਵਾਨ ਟਾਈਮਜ਼ ਹਾਇਰ ਐਜੂਕੇਸ਼ਨ (85) ਇਮਪੈਕਟ ਰੈਂਕਿੰਗਜ਼ 2025 ਵਿੱਚ ਗਲੋਬਲ ਟਾਪ 50 ਵਿੱਚ ਦਾਖਲ ਹੋਣ ਵਾਲੀਆਂ ਪਹਿਲੀਆਂ ਭਾਰਤੀ ਯੂਨੀਵਰਸਿਟੀਆਂ ਵਿੱਚੋਂ ਇੱਕ ਵਜੋਂ ਉੱਭਰ ਕੇ ਇਤਿਹਾਸ ਰਚਿਆ ਹੈ। ਵਿਸ਼ਵ ਪੱਧਰ 'ਤੇ 48ਵੇਂ ਸਥਾਨ 'ਤੇ, ਐਲਪੀਯੂ ਇੱਕ ਅਜਿਹੀ ਯੂਨੀਵਰਸਿਟੀ ਬਣ ਗਈ ਹੈ ਜੋ ਭਾਰਤ ਦੇ ਉੱਚ ਸਿੱਖਿਆ ਖੇਤਰ ਵਿੱਚ ਅੱਗੇ ਵੱਧਣ ਦੀ ਆਪਣੀ ਸੀਮਾਵਾਂ ਨੂੰ ਅੱਗੇ ਵਧਾਉਂਦੀ ਰਹਿੰਦੀ ਹੈ ਅਤੇ ਵਿਸ਼ਵ ਪੱਧਰ 'ਤੇ ਭਾਰਤੀ ਯੂਨੀਵਰਸਿਟੀਆਂ ਕੀ ਪ੍ਰਾਪਤ ਕਰ ਸਕਦੀਆਂ ਹਨ ਨੂੰ ਮੁੜ ਪਰਿਭਾਸ਼ਿਤ ਕਰਦੀ ਹੈ। ਇਹ ਪਹਿਲੀ ਵਾਰ ਹੈ ਜਦੋਂ ਭਾਰਤੀ ਯੂਨੀਵਰਸਿਟੀਆਂ ਇਨ੍ਹਾਂ ਗਲੋਬਲ ਰੈਂਕਿੰਗਜ਼ ਵਿੱਚ ਚੋਟੀ ਦੀਆਂ 50 ਵਿੱਚ ਜਗ੍ਹਾ ਬਣਾਉਣ ਵਿੱਚ ਕਾਮਯਾਬ ਹੋਈਆਂ ਹਨ। ਐਲਪੀਯੂ ਨੇ ਮੈਸੇਚਿਉਸੇਟਸ ਇੰਸਟੀਚਿਊਟ ਆਫ਼ ਟੈਕਨਾਲੋਜੀ (ਐਮਆਈਟੀ), ਆਇਓਵਾ ਸਟੇਟ ਯੂਨੀਵਰਸਿਟੀ, ਨੌਰਥ ਕੈਰੋਲੀਨਾ ਸਟੇਟ ਯੂਨੀਵਰਸਿਟੀ ਦੇ ਨਾਲ-ਨਾਲ ਆਈਆਈਟੀ ਗਾਂਧੀਨਗਰ, ਆਈਆਈਟੀ ਮੰਡੀ, ਆਈਆਈਟੀ ਗੁਹਾਟੀ ਅਤੇ ਆਈਆਈਐਮ ਇੰਦੌਰ ਵਰਗੇ ਚੋਟੀ ਦੇ ਭਾਰਤੀ ਸੰਸਥਾਨਾਂ ਸਮੇਤ ਕਈ ਵਿਸ਼ਵਵਿਆਪੀ ਸੰਸਥਾਵਾਂ ਨੂੰ ਪਛਾੜ ਦਿੱਤਾ ਹੈ। ਐਲਪੀਯੂ ਨੇ ਲਗਾਤਾਰ ਦੂਜੇ ਸਾਲ ਭਾਰਤ ਦੀਆਂ ਜਨਤਕ ਅਤੇ ਨਿੱਜੀ ਯੂਨੀਵਰਸਿਟੀਆਂ ਦੋਵਾਂ ਵਿੱਚ ਆਪਣਾ ਦੂਜਾ ਸਥਾਨ ਬਰਕਰਾਰ ਰੱਖਿਆ ਹੈ, ਜਿਸ ਨਾਲ ਭਾਰਤ ਅਤੇ ਵਿਸ਼ਵ ਪੱਧਰ 'ਤੇ ਉੱਚ ਸਿੱਖਿਆ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ ਐਲਪੀਯੂ ਦੀ ਲੀਡਰਸ਼ਿਪ ਭੂਮਿਕਾ ਨੂੰ ਹੋਰ ਮਜ਼ਬੂਤੀ ਮਿਲੀ ਹੈ। ਗੁਣਵੱਤਾ ਸਿੱਖਿਆ (ਐਸਡੀਜੀ 4) ਦੀ ਸ਼੍ਰੇਣੀ ਵਿੱਚ, ਐਲਪੀਯੂ ਨੇ ਵਿਸ਼ਵ ਪੱਧਰ 'ਤੇ 18ਵਾਂ ਰੈਂਕ ਪ੍ਰਾਪਤ ਕੀਤਾ ਹੈ, ਜੋ ਸਾਰਿਆਂ ਲਈ ਬਰਾਬਰ, ਪ੍ਰਭਾਵਸ਼ਾਲੀ ਅਤੇ ਉੱਚ-ਗੁਣਵੱਤਾ ਵਾਲੀ ਸਿੱਖਿਆ ਪ੍ਰਤੀ ਆਪਣੀ ਵਚਨਬੱਧਤਾ ਦੀ ਉਦਾਹਰਣ ਦਿੰਦਾ ਹੈ। ਦ ਇਮਪੈਕਟ ਰੈਂਕਿੰਗ ਇਹ ਮੁਲਾਂਕਣ ਕਰਦੀ ਹੈ ਕਿ ਦੁਨੀਆ ਭਰ ਦੀਆਂ ਯੂਨੀਵਰਸਿਟੀਆਂ ਸੰਯੁਕਤ ਰਾਸ਼ਟਰ ਦੇ 17 ਸਸਟੇਨੇਬਲ ਡਿਵੈਲਪਮੈਂਟ ਟੀਚਿਆਂ (ਐਸਡੀਜੀ) ਵਿੱਚ ਕਿਵੇਂ ਯੋਗਦਾਨ ਪਾਉਂਦੀਆਂ ਹਨ। ਐਲਪੀਯੂ ਨੇ 92.6 ਦਾ ਪ੍ਰਭਾਵਸ਼ਾਲੀ ਸਮੁੱਚਾ ਸਕੋਰ ਪ੍ਰਾਪਤ ਕੀਤਾ, ਜੋ ਪਿਛਲੇ ਸਾਲ ਦੇ 86.2 ਤੋਂ ਕਾਫ਼ੀ ਜ਼ਿਆਦਾ ਹੈ; ਜਿਸ ਨਾਲ ਯੂਨੀਵਰਸਿਟੀ 2024 ਵਿੱਚ 101-200 ਗਲੋਬਲ ਬੈਂਡ ਤੋਂ 2025 ਵਿੱਚ ਚੋਟੀ ਦੇ 50 ਗਲੋਬਲ ਲੀਗ ਵਿੱਚ ਪਹੁੰਚ ਗਈ।ਡਾ. ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ



ਸੰਸਥਾਪਕ ਚਾਂਸਲਰ ਨੇ ਕਿਹਾ, ਇਹ ਗਲੋਬਲ ਮੀਲ ਪੱਥਰ ਨਾ ਸਿਰਫ਼ ਐਲਪੀਯੂ ਲਈ ਸਗੋਂ ਭਾਰਤੀ ਉੱਚ ਸਿੱਖਿਆ ਲਈ ਵੀ ਇੱਕ ਮਾਣ ਵਾਲਾ ਪਲ ਹੈ। ਸਾਨੂੰ ਭਾਰਤ ਦੀਆਂ ਪਹਿਲੀਆਂ ਯੂਨੀਵਰਸਿਟੀਆਂ ਵਿੱਚੋਂ ਇੱਕ ਹੋਣ ਦਾ ਮਾਣ ਪ੍ਰਾਪਤ ਹੈ ਜੋ ਵਿਸ਼ਵ ਪੱਧਰ 'ਤੇ ਚੋਟੀ ਦੀਆਂ 50 ਵਿੱਚ ਦਰਜਾ ਪ੍ਰਾਪਤ ਕਰਦੀਆਂ ਹਨ। ਇਹ ਐਲਪੀਯੂ ਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ ਕਿ ਯੂਨੀਵਰਸਿਟੀਆਂ ਨੂੰ ਵਿਸ਼ਵ ਪੱਧਰ 'ਤੇ ਪ੍ਰਤੀਯੋਗੀ ਅਤੇ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਹੋਣਾ ਚਾਹੀਦਾ ਹੈ। ਸੰਯੁਕਤ ਰਾਸ਼ਟਰ ਦੇ ਟਿਕਾਊ ਵਿਕਾਸ ਟੀਚਿਆਂ (ਐਸਡੀਜੀ) ਪ੍ਰਤੀ ਐਲਪੀਯੂ ਦੀ ਵਚਨਬੱਧਤਾ ਨੂੰ ਵੀ ਮਹੱਤਵਪੂਰਨ ਮਾਨਤਾ ਮਿਲੀ ਹੈ, ਜਿਸ ਵਿੱਚ ਯੂਨੀਵਰਸਿਟੀ ਕਿਫਾਇਤੀ ਅਤੇ ਸਾਫ਼ (ਐਸਡੀਜੀ 7) ਲਈ 5ਵੇਂ, ਜ਼ੀਰੋ ਹੰਗਰ (ਐਸਡੀਜੀ 2) ਲਈ 8ਵੇਂ, ਟਿਕਾਊ ਸ਼ਹਿਰਾਂ ਅਤੇ ਭਾਈਚਾਰਿਆਂ (ਐਸਡੀਜੀ 11) ਲਈ 6ਵੇਂ ਅਤੇ ਸਾਫ਼ ਪਾਣੀ ਅਤੇ ਸੈਨੀਟੇਸ਼ਨ (ਐਸਡੀਜੀ 6) ਲਈ 16ਵੇਂ ਸਥਾਨ 'ਤੇ ਹੈ। ਇਸ ਤੋਂ ਇਲਾਵਾ, ਐਲਪੀਯੂ ਨੂੰ ਛੇ ਐਸਡੀਜੀ- ਜ਼ੀਰੋ ਹੰਗਰ (ਐਸਡੀਜੀ 2), ਵਧੀਆ ਕੰਮ ਅਤੇ ਆਰਥਿਕ ਵਿਕਾਸ (ਐਸਡੀਜੀ 8), ਟਿਕਾਊ ਸ਼ਹਿਰਾਂ ਅਤੇ ਭਾਈਚਾਰਿਆਂ (ਐਸਡੀਜੀ 11), ਜ਼ਿੰਮੇਵਾਰ ਖਪਤ ਅਤੇ ਉਤਪਾਦਨ (ਐਸਡੀਜੀ 12), ਜ਼ਮੀਨ 'ਤੇ ਜੀਵਨ (ਐਸਡੀਜੀ 15), ਅਤੇ ਟੀਚਿਆਂ ਲਈ ਭਾਈਵਾਲੀ (ਐਸਡੀਜੀ 17) ਵਿੱਚ ਭਾਰਤ ਵਿੱਚ ਪਹਿਲੇ ਸਥਾਨ 'ਤੇ ਰੱਖਿਆ ਗਿਆ ਹੈ।ਇਹ ਸ਼ਾਨਦਾਰ ਪ੍ਰਾਪਤੀ ਐਲਪੀਯੂ ਨੂੰ ਵਿਸ਼ਵਵਿਆਪੀ ਉੱਤਮਤਾ ਅਤੇ ਉਦੇਸ਼-ਅਧਾਰਤ ਸਿੱਖਿਆ ਦੇ ਇੱਕ ਪ੍ਰਕਾਸ਼ਮਾਨ ਵਜੋਂ ਸਥਾਪਿਤ ਕਰਦੀ ਹੈ। ਇਹ ਦਰਜਾਬੰਦੀ ਭਾਰਤ ਭਰ ਦੇ ਸੰਸਥਾਨਾਂ ਲਈ ਇੱਕ ਉਦਾਹਰਣ ਸਥਾਪਤ ਕਰਦੀ ਹੈ ਅਤੇ ਵਿਸ਼ਵਵਿਆਪੀ ਸਿੱਖਿਆ ਖੇਤਰ ਵਿੱਚ ਦੇਸ਼ ਦੀ ਉੱਭਰ ਰਹੀ ਲੀਡਰਸ਼ਿਪ ਨੂੰ ਮਜ਼ਬੂਤੀ ਦਿੰਦੀ ਹੈ।

# ਬੱਚਿਆਂ ਨੂੰ ਸੋਸ਼ਲ ਤੇ ਇਮੋਸ਼ਨਲ ਇੰਟੈਲੀਜੈਂਸ ਦੀ ਸਿੱਖਿਆ ਦੇਣੀ ਜ਼ਰੂਰੀ : ਸਰਗਮ ਥਿੰਦ

ਲੋਹੀਆ ਖ਼ਾਸ (ਯੋਗੇਸ਼ਵਰ) : ਆਪਣਾ ਪੰਜਾਬ ਫਾਊਂਡੇਸ਼ਨ ਤੇ ਫੈਪ ਵੱਲੋਂ ਅੰਤਰਰਾਸ਼ਟਰੀ ਸਿੱਖਿਆ ਸੰਮੇਲਨਾਂ ਦੀ ਲੜੀ ਵਜੋਂ ਤੀਜਾ ਸੰਮੇਲਨ ਮਲੇਸ਼ੀਆ ਸ਼ਹਿਰ ਕੁਆਲਾ ਲੰਪੁਰ ਵਿਖੇ ਸਫਲਤਾਪੂਰਵਕ ਸੰਪੰਨ ਹੋਇਆ।ਇਸ




ਐਜੂਕੇਸ਼ਨਲ ਕਾਨਫਰੰਸ ਨੂੰ ਸੰਬੋਧਨ ਕਰਦੇ ਬਾਬੇ ਕੇ ਗਰੁੱਪ ਆਫ ਇੰਸਟੀਚਿਊਟਸ ਦੇ ਪ੍ਰਤੀਨਿਧੀ ਵਜੋਂ ਪੁੱਜੇ ਡਿਪਟੀ ਡਾਇਰੈਕਟਰ ਸਰਗਮ ਥਿੰਦ ਨੇ ਕਿਹਾ ਕਿ ਆਉਣ ਵਾਲੇ ਸਮੇਂ ਲਈ ਬੱਚਿਆ ਨੂੰ ਤਿਆਰ ਕਰਨ ਲਈ ਤਕਨਾਲੋਜੀ ਦੇ ਨਾਲ ਨਾਲ ਬੱਚਿਆ ਨੂੰ ਸੋਸ਼ਲ ਅਤੇ ਇਮੋਸ਼ਨਲ ਇੰਟੈਲੀਜੈਂਸ ਦੀ ਸਿੱਖਿਆ ਦੇਣਾ ਬਹੁਤ ਜ਼ਰੂਰੀ ਹੈ। ਇਸਦੇ ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆ ਨੂੰ 'ਆਜੀਵਨ ਸਿੱਖਿਆ' ਦੀ ਅਹਿਮੀਅਤ ਦੱਸਣ ਬਾਰੇ ਵੀ ਜ਼ੋਰ ਦਿੱਤਾ।ਆਪਣਾ ਪੰਜਾਬ ਫਾਊਂਡੇਸ਼ਨ ਦੇ ਡਾਇਰੈਕਟਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ 2023 ਵਿੱਚ ਇਹ ਇਹ ਸਿੱਖਿਆ ਸੰਮੇਲਨ ਡੁਬਈ ਵਿਖੇ ਅਤੇ 2024 ਵਿੱਚ ਵੀਅਤਨਾਮ ਦੇ ਸ਼ਹਿਰ ਹਨੋਈ ਵਿਖੇ ਹੋਇਆ ਸੀ। ਇਸ ਵਾਰ ਭਾਰਤ ਅਤੇ ਬਾਹਰਲੇ ਦੇਸ਼ਾਂ ਤੋਂ ਆਏ 75 ਡੈਲੀਗੇਟਾਂ ਨੇ ਕੁਆਲਾਲੰਪੁਰ ਵਿਖੇ ਹੋਏ ਸੰਮੇਲਨ ਵਿੱਚ ਭਾਗ ਲਿਆ। ਡਾ . ਜਗਜੀਤ ਸਿੰਘ ਧੂਰੀ ਇਸ ਸੰਮੇਲਨ ਦੇ ਮੁੱਖ ਬੁਲਾਰੇ ਸਨ। ਜਿਨ੍ਹਾਂ ਨੇ ਸੰਮੇਲਨ ਦੇ ਮੁੱਖ ਵਿਸ਼ੇ 'ਐਂਜੁਪਿਰੀਨਿਓਰਲ ਏਕੋਸਿਸਟਮ ਫਿਊਚਰ ਪਰੂਫਿੰਗ ਦ ਐਜੂਕੇਸ਼ਨ' ਦੇ ਸੰਬੰਧ ਵਿੱਚ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਸੰਮੇਲਨ ਵਿੱਚ ਡੇਲੀਗੇਟ ਦੇ ਤੌਰ ਤੇ ਪੁੱਜੇ ਮੈਡਮ ਸਰਗਮ ਥਿੰਦ ਨੂੰ 'ਐਵਾਰਡ ਆਫ਼ ਆਨਰ' ਸਨਮਾਨ ਨਾਲ ਨਿਵਾਜਿਆ ਗਿਆ। ਬਾਬਾ ਨਾਹਰ ਸਿੰਘ ਦੇ ਆਸ਼ੀਰਵਾਦ ਅਤੇ ਬਾਬਾ ਕਪੂਰ ਸਿੰਘ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਾਬੇ ਕੇ ਗਰੁੱਪ ਆਫ ਇੰਸਟੀਚਿਊਟਸ ਦੇ ਚੇਅਰਮੈਨ ਇੰਦਰਪਾਲ ਸਿੰਘ, ਵਾਇਸ ਚੇਅਰਮੈਨ ਸੁਖਚੈਨ ਸਿੰਘ ,ਜਨਰਲ ਸਕੱਤਰ ਪਰਮਿੰਦਰ ਸਿੰਘ, ਡਾਇਰੈਕਟਰ ਰਾਘਵ ਲੰਘੇ ਅਤੇ ਡਾਇਰੈਕਟਰ(ਬਾਬੇ ਕੇ/ਬੀ.ਕੇ) ਸਦਾਮ ਖਾਨ ਨੇ ਮੈਡਮ ਸਰਗਮ ਥਿੰਦ ਨੂੰ ਇਸ ਮੌਕੇ ਵਧਾਈ ਅਤੇ ਸ਼ੁੱਭਕਾਮਨਾਵਾਂ ਦਿੱਤੀਆਂ।

ਵਰ੍ਹੇਗੰਢ ਮੁਬਾਰਕ



ਗੁਰਪ੍ਰੀਤ ਕੁਮਾਰ ਤੇ ਰਬੀਕਾ ਵਾਸੀ ਕਪੂਰਥਲਾ ਨੇ ਆਪਣੇ ਵਿਆਹ ਦੀ ਚੌਥੀ ਵਰ੍ਹੇਗੰਢ ਮਨਾਈ।